ਵੀਰਵਾਰ, 13 ਜੁਲਾਈ, 2023
29 ਹਾੜ੍ਹ { ਨਾਨਕਸ਼ਾਹੀ 555 / ਬਿਕਰਮੀ 2080
ਜਿਲਦ/VOL. : 72
ਅੰਕ/NO. : 42

# ਨਵਾਂ ਜ਼ਮਾਨਾ

DAILY NAWAN ZAMANA • THURSDAY, 13 JULY, 2023 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : Pb/JL-123/2021-23, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਬੇਂਗਲੁਰੂ ਮੀਟਿੰਗ ਲਈ 8 ਹੋਰ ਪਾਰਟੀਆਂ ਨੇ ਭਰੀ ਹਾਮੀ

## ਸੋਨੀਆ ਨੇ ਕੇਜਰੀਵਾਲ ਸਣੇ ਸਾਰੇ ਆਗੂਆਂ ਨੂੰ ਡਿਨਰ 'ਤੇ ਸੱਦਿਆ

**ਨਵੀਂ ਦਿੱਲੀ** : ਲੋਕ ਸਭਾ ਚੋਣਾਂ ਵਿਚ ਭਾਜਪਾ ਨੂੰ ਸੱਤਾ ਤੋਂ ਬੇਦਖਲ ਕਰਨ ਦੇ ਆਪੋਜ਼ੀਸ਼ਨ ਆਗੂਆਂ ਦੇ ਜਤਨਾਂ ਨੂੰ ਤਾਕਤ ਮਿਲੀ, ਜਦੋਂ 17-18 ਜੁਲਾਈ ਨੂੰ ਬੇਂਗਲੁਰੂ ਵਿਚ ਹੋਣ ਵਾਲੀ ਦੂਜੀ ਮੀਟਿੰਗ 'ਚ 8 ਹੋਰ ਪਾਰਟੀਆਂ ਨੇ ਹਿੱਸਾ ਲੈਣ ਦੀ ਹਾਮੀ ਭਰੀ। ਇਸ ਤਰ੍ਹਾਂ ਮੀਟਿੰਗ 'ਚ 25 ਪਾਰਟੀਆਂ ਦੇ ਆਗੂਆਂ ਦੇ ਹਿੱਸਾ ਲੈਣ ਦੀ ਸੰਭਾਵਨਾ ਹੈ। ਮੀਟਿੰਗ ਦੇ ਪਹਿਲੇ ਦਿਨ ਸੋਨੀਆ ਗਾਂਧੀ ਨੇ ਆਮ ਆਦਮੀ ਪਾਰਟੀ ਸਣੇ ਸਾਰੀਆਂ ਪਾਰਟੀਆਂ ਦੇ ਆਗੂਆਂ ਨੂੰ ਰਾਤ ਦੇ ਖਾਣੇ ਦੀ ਦਾਅਵਤ 'ਤੇ ਸੱਦਿਆ ਹੈ।

ਬਿਹਾਰ ਦੇ ਮੁੱਖ ਮੰਤਰੀ ਨਿਤੀਸ਼ ਕੁਮਾਰ ਨੇ ਪਹਿਲੀ ਮੀਟਿੰਗ 23 ਜੂਨ ਨੂੰ ਪਟਨਾ 'ਚ ਸੱਦੀ ਸੀ। ਇਸ 'ਚ ਆਮ ਆਦਮੀ ਪਾਰਟੀ ਨੇ ਦਿੱਲੀ 'ਚ ਅਫਸਰਾਂ ਦੀ ਟਰਾਂਸਫਰ-ਪੋਸਟਿੰਗ ਨੂੰ ਲੈ ਕੇ ਕੇਂਦਰ ਦੇ ਆਰਡੀਨੈਂਸ ਖਿਲਾਫ ਕਾਂਗਰਸ ਦੇ ਸਟੈਂਡ ਨੂੰ ਲੈ ਕੇ ਨਾਰਾਜ਼ਗੀ ਜ਼ਾਹਰ ਕੀਤੀ ਸੀ। ਇਸ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਕਿਹਾ ਸੀ ਕਿ ਕਾਂਗਰਸ ਨੇ ਹਮਾਇਤ ਨਾ ਦਿੱਤੀ ਤਾਂ ਉਹ ਦੂਜੀ ਮੀਟਿੰਗ 'ਚ ਸ਼ਾਮਲ ਨਹੀਂ ਹੋਣਗੇ।

ਪਟਨਾ ਦੀ ਮੀਟਿੰਗ 'ਚ 17 ਪਾਰਟੀਆਂ ਸ਼ਾਮਲ ਹੋਈਆਂ ਸਨ। ਬੇਂਗਲੁਰੂ ਮੀਟਿੰਗ ਲਈ ਮਰੂਮਲਾਰਚੀ ਦ੍ਰਾਵਿੜ ਮੁਨੇਤਰ ਕੜਗਮ (ਐੱਮ ਡੀ ਐੱਮ ਕੇ), ਕੋਂਗੂ ਦੇਸਾ ਮੱਕਲ ਕਾਚੀ (ਕੇ ਡੀ ਐੱਮ ਕੇ), ਵਿਦੁਥਲਾਈ ਚਿਰੂਥਿਗਲ ਕਾਚੀ (ਵੀ ਸੀ ਕੇ), ਰੈਵੋਲਿਊਸ਼ਨਰੀ ਸੋਸ਼ਲਿਸਟ ਪਾਰਟੀ (ਆਰ ਐੱਸ ਪੀ), ਆਲ ਇੰਡੀਆ ਫਾਰਵਰਡ ਬਲਾਕ, ਇੰਡੀਅਨ ਯੂਨੀਅਨ ਮੁਸਲਿਮ ਲੀਗ, ਕੇਰਲਾ ਕਾਂਗਰਸ (ਜੋਸੇਫ) ਤੇ ਕੇਰਲਾ ਕਾਂਗਰਸ (ਮਣੀ) ਨੇ ਹਾਮੀ ਭਰੀ ਹੈ। ਇਨ੍ਹਾਂ ਵਿੱਚੋਂ ਕੇ ਡੀ ਐੱਮ ਕੇ ਤੇ ਐੱਮ ਡੀ ਐੱਮ ਕੇ ਨੇ 2014 ਦੀਆਂ ਲੋਕ ਸਭਾ ਚੋਣਾਂ ਭਾਜਪਾ ਨਾਲ ਮਿਲ ਕੇ ਲੜੀਆਂ ਸਨ।

ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਆਗੂਆਂ ਨੂੰ ਅਗਲੀ ਮੀਟਿੰਗ ਵਿਚ ਸ਼ਾਮਲ ਹੋਣ ਦਾ ਸੱਦਾ ਘੱਲਿਆ ਹੈ। ਖੜਗੇ ਨੇ ਆਪਣੀ ਚਿੱਠੀ ਵਿਚ ਲਿਖਿਆ ਹੈ—ਪਟਨਾ ਦੀ ਮੀਟਿੰਗ ਸਾਡੇ ਲਈ ਵੱਡੀ ਸਫਲਤਾ ਸੀ, ਕਿਉਂਕਿ ਅਸੀਂ ਆਪਣੀ ਜਮਹੂਰੀ ਸਿਆਸਤ ਨੂੰ ਖਤਰੇ ਵਿਚ ਪਾਉਣ ਵਾਲੇ ਮੁੱਦਿਆਂ 'ਤੇ ਚਰਚਾ ਕਰ ਸਕੇ ਅਤੇ ਅਗਲੀਆਂ ਚੋਣਾਂ ਇਕਜੁਟ ਹੋ ਕੇ ਲੜਨ ਲਈ ਸਹਿਮਤ ਹੋਏ। ਇਸ ਲਈ ਅਸੀਂ ਜੁਲਾਈ 'ਚ ਫਿਰ ਮਿਲਣ 'ਤੇ ਵੀ ਸਹਿਮਤ ਹੋਏ। ਮੇਰੀ ਰਾਇ ਹੈ ਕਿ ਇਨ੍ਹਾਂ ਚਰਚਿਆਂ ਨੂੰ ਜਾਰੀ ਰੱਖਣਾ ਅਤੇ ਅਸੀਂ ਜਿਹੜੀ ਰਫਤਾਰ ਦਿੱਤੀ ਹੈ, ਉਸ ਨੂੰ ਬਰਕਰਾਰ ਰੱਖਣਾ ਬਹੁਤ ਜ਼ਰੂਰੀ ਹੈ। ਜਿਨ੍ਹਾਂ ਵੰਗਾਰਾਂ ਦਾ ਦੇਸ਼ ਸਾਹਮਣਾ ਕਰ ਰਿਹਾ ਹੈ, ਸਾਨੂੰ ਉਨ੍ਹਾਂ ਦਾ ਹੱਲ ਲੱਭਣ ਲਈ ਮਿਲ ਕੇ ਕੰਮ ਕਰਨ ਦੀ ਲੋੜ ਹੈ। ਮੈਂ ਤੁਹਾਨੂੰ ਬੇਨਤੀ ਕਰਦਾ ਹਾਂ ਕਿ 17 ਜੁਲਾਈ ਨੂੰ ਸ਼ਾਮ 6 ਵਜੇ ਬੇਂਗਲੁਰੂ ਵਿਚ ਰਾਤ ਦੀ ਦਾਅਵਤ ਦੇ ਬਾਅਦ ਹੋਣ ਵਾਲੀ ਮੀਟਿੰਗ ਵਿਚ ਸ਼ਾਮਲ ਹੋਵੋ। ਮੀਟਿੰਗ 18 ਜੁਲਾਈ ਨੂੰ ਸਵੇਰੇ 11 ਵਜੇ ਤੋਂ ਜਾਰੀ ਰਹੇਗੀ। ਬੇਂਗਲੁਰੂ ਵਿਚ ਤੁਹਾਨੂੰ ਮਿਲਣ ਲਈ ਉਤਸੁਕ ਹਾਂ।

# ਕਈ ਬੰਨ੍ਹਾਂ 'ਚ ਪਾੜ ਨਾਲ ਹੜ੍ਹ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਘੱਗਰ ਦਰਿਆ ਵਿਚ ਆਏ ਭਿਆਨਕ ਹੜ੍ਹਾਂ ਨੇ ਤਿੰਨ ਦਹਾਕੇ ਪਹਿਲਾਂ ਦੀਆਂ ਯਾਦਾਂ ਤਾਜ਼ਾ ਕਰਵਾ ਦਿੱਤੀਆਂ ਹਨ। ਸਾਲ 1993 ਵਿੱਚ ਆਏ ਭਿਆਨਕ ਹੜ੍ਹਾਂ ਦਾ ਮੰਜਰ ਹਾਲੇ ਤੱਕ ਲੋਕਾਂ ਦੇ ਦਿਲਾਂ ਵਿੱਚ ਵਸਿਆ ਹੋਇਆ ਹੈ। ਘੱਗਰ ਦਰਿਆ ਵਿੱਚ ਆਏ ਭਿਆਨਕ ਹੜ੍ਹਾਂ ਨੇ ਹਲਕਾ ਸ਼ੁਤਰਾਣਾ ਵਿੱਚ ਤਬਾਹੀ ਮਚਾ ਕੇ ਰੱਖ ਦਿੱਤੀ ਹੈ। ਇੱਕ ਪਾਸੇ ਜਿੱਥੇ ਦਰਜਨ ਦੇ ਕਰੀਬ ਪਿੰਡਾਂ ਦੀਆਂ ਲਿੰਕ ਸੜਕਾਂ ਉੱਤੇ ਪਾਣੀ ਭਰ ਜਾਣ ਕਰਕੇ ਸੰਪਰਕ ਟੁੱਟ ਗਿਆ ਹੈ, ਉਥੇ ਬਾਦਸ਼ਾਹਪੁਰ ਦੇ ਬਿਜਲੀ ਗਰਿਡ ਵਿੱਚ ਪਾਣੀ ਭਰ ਜਾਣ ਕਰਕੇ ਬਿਜਲੀ ਸਪਲਾਈ ਠੱਪ ਹੋ ਕੇ ਰਹਿ ਗਈ ਹੈ। ਇਸੇ ਦੌਰਾਨ ਲੋਕਾਂ ਦੀ ਜਾਨ-ਮਾਲ ਦੀ ਰਾਖੀ ਲਈ ਪੁਲਸ ਤੇ ਸਿਵਲ ਪ੍ਰਸ਼ਾਸਨ ਵੱਲੋਂ ਜਿੱਥੇ ਵੱਡੇ ਪੱਧਰ ਉੱਤੇ ਪ੍ਰਬੰਧ ਕੀਤੇ ਗਏ ਹਨ, ਉਥੇ ਹੜ੍ਹ ਦੇ ਪਾਣੀ ਵਿੱਚ ਘਿਰੇ ਲੋਕਾਂ ਨੂੰ ਕੱਢਣ ਲਈ ਕਿਸ਼ਤੀਆਂ ਦਾ ਪ੍ਰਬੰਧ ਕਰਨ ਦੇ ਨਾਲ-ਨਾਲ ਫੌਜ ਦੀ ਮਦਦ ਮੰਗ ਲਈ ਗਈ ਹੈ। ਕੇਂਦਰੀ ਰਾਹਤ ਫੋਰਸ ਦੀਆਂ ਟੀਮਾਂ ਵੀ ਇਲਾਕੇ ਵਿੱਚ ਪਹੁੰਚ ਗਈਆਂ ਹਨ।

ਮੰਗਲਵਾਰ ਘੱਗਰ ਦਰਿਆ ਵਿੱਚ ਪਿੰਡ ਹਰਚੰਦਪੁਰਾ ਅਤੇ ਬਾਦਸ਼ਾਹਪੁਰ ਸਮੇਤ ਹਰਿਆਣਾ ਦੀ ਮੁਸਤਫਾਪੁਰ ਝੀਲ ਤੋਂ ਆਉਣ ਵਾਲੀ ਨਹਿਰ ਵਿੱਚ ਪਏ ਪਾੜਾਂ ਉਪਰੰਤ ਮੰਗਲਵਾਰ ਦੇਰ ਸ਼ਾਮ ਪਿੰਡ ਰਸੋਲੀ, ਅਰਨੇਟੂ, ਸਧਾਰਨਪੁਰ, ਨਾਈਵਾਲਾ ਅਤੇ ਸ਼ੁਤਰਾਣਾ ਵਿੱਚ ਕਈ ਥਾਵਾਂ ਉੱਤੇ ਪਾੜ ਪੈ ਜਾਣ ਕਰਕ ਦਰਜਨਾਂ ਪਿੰਡ, ਜਿਨ੍ਹਾਂ ਵਿਚ ਹਰਚੰਦਪੁਰਾ, ਬਾਦਸ਼ਾਹਪੁਰ, ਸਿਉਨਾ, ਜਲਾਲਪੁਰ, ਅਰਨੇਟੂ, ਉੱਗੋਕੇ, ਧੂੜੀਆਂ, ਨਵਾਂ ਪਿੰਡ ਕਲਵਾਨੂੰ, ਰਾਮਪੁਰ ਪੜਤਾ, ਸਧਾਰਨਪੁਰ, ਝੀਲ, ਭੂੰਡ ਥੇਹ, ਕਰਤਾਰਪੁਰ, ਚਿੱਚੜਵਾਲਾ, ਰਸੋਲੀ, ਸ਼ੁਤਰਾਣਾ, ਨਾਈਵਾਲਾ, ਜੋਗੇਵਾਲ ਤੇ ਗੁਲਾੜ ਆਦਿ ਦੀਆਂ ਫਸਲਾਂ ਡੁੱਬ ਗਈਆਂ ਅਤੇ ਪਾਣੀ ਕਈ ਪਿੰਡਾਂ ਵਿਚ ਵੜ ਰਿਹਾ ਹੈ, ਜਿਸ ਨਾਲ ਭਾਰੀ ਮਾਲੀ ਨੁਕਸਾਨ ਦਾ ਖਤਰਾ ਮੰਡਰਾਉਣ ਲੱਗਾ ਹੈ, ਜਦਕਿ ਹੜ੍ਹ ਦੇ ਪਾਣੀ ਵਿੱਚ ਘਿਰੇ ਮਾਲ ਡੰਗਰ ਅਤੇ ਇਨਸਾਨੀ ਜਾਨਾਂ ਨੂੰ ਬਚਾਉਣ ਲਈ ਪ੍ਰਸ਼ਾਸਨ ਵੱਲੋਂ ਫੌਜ ਦੀ ਮਦਦ ਮੰਗ ਲਈ ਗਈ ਹੈ।

ਪਾਣੀ ਨੇ ਹਲਕਾ ਸ਼ੁਤਰਾਣਾ ਦੇ ਤਕਰੀਬਨ ਪੰਜਾਹ ਹਜ਼ਾਰ ਏਕੜ ਵਿਚ ਫਸਲਾਂ ਡੁਬੋਣ ਦੇ ਨਾਲ ਦਰਜਨ ਭਰ ਪਿੰਡਾਂ ਦਾ ਸੜਕੀ ਸੰਪਰਕ ਤੋੜ ਦਿੱਤਾ ਹੈ। ਪਾਣੀ ਦਾ ਵਹਾਅ ਏਨਾ ਤੇਜ਼ ਹੈ ਕਿ ਪਿੰਡਾਂ ਤੋਂ ਬਾਹਰ ਡੇਰਿਆਂ 'ਤੇ ਬੈਠੇ ਲੋਕਾਂ ਨੂੰ ਮਾਲ ਡੰਗਰ ਵੀ ਸੰਭਾਲਣ ਨਹੀਂ ਦਿੱਤਾ ਅਤੇ ਹੁਣ ਲੋਕ ਜਾਨ ਜੋਖਮ ਵਿਚ ਪਾ ਕੇ ਮਾਲ ਡੰਗਰ ਅਤੇ ਕੀਮਤੀ ਸਮਾਨ ਸੁਰੱਖਿਅਤ ਥਾਵਾਂ 'ਤੇ ਲਿਜਾਣ ਲਈ ਮਜਬੂਰ ਹਨ। ਮੰਡੀ ਬਾਦਸ਼ਾਹਪੁਰ ਵਿਚ ਲੱਗੇ ਬਿਜਲੀ ਗਰਿੱਡ ਵਿਚ ਪਾਣੀ ਭਰਨ ਨਾਲ ਬਿਜਲੀ ਸਪਲਾਈ ਵੀ ਬੰਦ ਹੋ ਗਈ, ਜਿਸ ਨਾਲ ਗਰਿਡ ਤੋਂ ਸਪਲਾਈ ਪ੍ਰਾਪਤ ਕਰਨ ਵਾਲੇ ਪਿੰਡਾਂ ਦੇ ਲੋਕਾਂ ਨੂੰ ਪੀਣ ਵਾਲੇ ਪਾਣੀ ਦੀ ਕਮੀ ਤੋਂ ਇਲਾਵਾ ਹਨੇਰੇ ਵਿਚ ਰਾਤਾਂ ਕੱਟਣ ਲਈ ਮਜਬੂਰ ਹੋਣਾ ਪੈ ਰਿਹਾ ਹੈ।

ਡੀ ਐੱਸ ਪੀ ਪਾਤੜਾਂ ਗੁਰਦੀਪ ਸਿੰਘ ਦਿਉਲ ਨੇ ਦੱਸਿਆ ਕਿ ਪਾਣੀ ਦੇ ਪੱਧਰ ਵਿੱਚ ਵਾਧਾ ਹੋਣ ਅਤੇ ਕਿਸੇ ਸੰਭਾਵੀ ਖਤਰੇ ਤੋਂ ਬਚਾਉਣ ਲਈ ਪ੍ਰਸ਼ਾਸਨ ਵੱਲੋਂ ਕਿਸ਼ਤੀਆਂ ਅਤੇ ਲੰਗਰ ਦੇ ਪ੍ਰਬੰਧ ਸਮੇਤ ਪਸ਼ੂਆਂ ਲਈ ਚਾਰੇ ਦਾ ਪ੍ਰਬੰਧ ਕੀਤਾ ਗਿਆ ਹੈ ਅਤੇ ਫੌਜ ਦੀ ਮਦਦ ਮੰਗੀ ਹੈ, ਤਾਂ ਕਿ ਪਾਣੀ ਵਿਚ ਫਸੇ ਲੋਕਾਂ ਨੂੰ ਸਹੀ-ਸਲਾਮਤ ਸੁਰੱਖਿਅਤ ਥਾਵਾਂ 'ਤੇ ਲਿਜਾਇਆ ਜਾ ਸਕੇ।

ਐੱਸ ਡੀ ਐੱਮ ਪਾਤੜਾਂ ਨਵਦੀਪ ਕੁਮਾਰ ਨੇ ਦੱਸਿਆ ਕਿ ਫਸਲਾਂ ਦਾ ਨੁਕਸਾਨ ਹੋਣਾ ਸੁਭਾਵਿਕ ਹੈ, ਪਰ ਉਨ੍ਹਾਂ ਦੀ ਪਹਿਲ ਮਨੁੱਖੀ ਅਤੇ ਜਾਨਵਰਾਂ ਦੀ ਜ਼ਿੰਦਗੀ ਬਚਾਉਣਾ ਹੈ।

ਫੌਜ ਦੀ ਮਦਦ ਲੈਣ ਦੇ ਨਾਲ-ਨਾਲ ਕਿਸ਼ਤੀਆਂ ਨੀਵੇਂ ਇਲਾਕਿਆਂ ਵਿਚ ਭੇਜ ਦਿੱਤੀਆਂ ਗਈਆਂ ਹਨ। ਹੰਗਾਮੀ ਹਾਲਤਾਂ ਨਾਲ ਨਜਿੱਠਣ ਲਈ ਬੱਸਾਂ ਤੇ ਟਰੱਕਾਂ ਦਾ ਪ੍ਰਬੰਧ ਕੀਤਾ ਗਿਆ ਹੈ। ਇਲਾਕੇ ਵਿਚ ਚਾਰ ਥਾਵਾਂ ਉੱਤੇ ਲੋਕਾਂ ਨੂੰ ਸੁਰੱਖਿਅਤ ਥਾਵਾਂ ਉੱਤੇ ਠਹਿਰਾਉਣ ਲਈ ਸ਼ੈਲਟਰ ਹਾਊਸ ਬਣਾਏ ਗਏ ਹਨ। ਉਨ੍ਹਾ ਲੋਕਾਂ ਨੂੰ ਅਪੀਲ ਕੀਤੀ ਕਿ ਅਫਵਾਹਾਂ ਉਤੇ ਯਕੀਨ ਨਾ ਕਰਨ ਅਤੇ ਨੀਵੀਆਂ ਥਾਵਾਂ ਉੱਤੇ ਰਹਿਣ ਵਾਲੇ ਲੋਕ ਉੱਚੀਆਂ ਥਾਵਾਂ ਉੱਤੇ ਚਲੇ ਜਾਣ। ਪ੍ਰਸ਼ਾਸਨ ਵੱਲੋਂ ਤਹਿਸੀਲਦਾਰ ਪਾਤੜਾਂ ਮਨਦੀਪ ਕੌਰ, ਨਾਇਬ ਤਹਿਸੀਲਦਾਰ ਭੀਮ ਸੈਨ ਤੇ ਬੀ ਡੀ ਪੀ ਓ ਪਰਮਜੀਤ ਕੌਰ ਦੀ ਅਗਵਾਈ ਵਿੱਚ ਵੱਖ-ਵੱਖ ਟੀਮਾਂ ਦਾ ਗਠਨ ਕਰਕੇ ਸਥਿਤੀ ਉੱਤੇ ਲਗਾਤਾਰ ਨਜ਼ਰ ਰੱਖੀ ਜਾ ਰਹੀ ਹੈ।

ਇਸੇ ਦੌਰਾਨ ਭਾਖੜਾ-ਬਿਆਸ ਮੈਨੇਜਮੈਂਟ ਭਾਖੜਾ ਡੈਮ ਤੋਂ ਵਾਧੂ ਪਾਣੀ ਤਿੰਨ ਦਿਨ ਤੱਕ ਨਾ ਛੱਡਣ ਲਈ ਮੰਨ ਗਈ ਹੈ। ਇਹ ਜਾਣਕਾਰੀ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਦਿੱਤੀ। ਪਾਕਿਸਤਾਨ ਸਰਹੱਦ ਕੋਲ ਬਣਿਆ ਇਕ ਬੰਨ੍ਹ ਟੁੱਟਣ ਨਾਲ ਸਰਹੱਦੀ ਪਿੰਡਾਂ ਵਿਚ ਪਾਣੀ ਵੜ ਗਿਆ ਹੈ।

ਇਸੇ ਦੌਰਾਨ ਪੌਂਗ ਡੈਮ ਦੇ ਫਲੱਡ ਗੇਟ ਬੁੱਧਵਾਰ ਖੋਲ੍ਹ ਦਿੱਤੇ ਗਏ। ਨੰਗਲ ਡੈਮ ਤੋਂ 20 ਹਜ਼ਾਰ ਕਿਊਸਿਕ ਪਾਣੀ ਛੱਡਿਆ ਜਾਣਾ ਸੀ, ਜਿਸ ਨੇ ਰਾਤ ਤੱਕ ਗੁਰਦਾਸਪੁਰ, ਅੰਮ੍ਰਿਤਸਰ ਤੇ ਤਰਨ ਤਾਰਨ ਪੁੱਜ ਜਾਣਾ ਸੀ। ਇਸ ਨਾਲ ਬਿਆਸ ਦਰਿਆ 'ਚ ਪਾਣੀ ਦਾ ਪੱਧਰ ਵਧ ਸਕਦਾ ਹੈ। ਦਰਿਆ ਦੇ ਨਾਲ ਲਗਦੇ ਨੀਵੇਂ ਇਲਾਕਿਆਂ ਨੂੰ ਅਲਰਟ ਕਰ ਦਿੱਤਾ ਗਿਆ ਹੈ। ਲੁਧਿਆਣਾ 'ਚ ਬੁੱਢਾ ਦਰਿਆ ਦਾ ਬੰਨ੍ਹ ਟੁੱਟਣ ਨਾਲ ਪਾਣੀ ਲਾਗਲੇ ਇਲਾਕਿਆਂ ਵਿਚ ਵੜ ਗਿਆ ਹੈ। ਤਾਜਪੁਰ 'ਚ ਕਈ ਡੇਅਰੀਆਂ ਡੁੱਬ ਗਈਆਂ ਹਨ। ਗੁਰਦਾਸਪੁਰ ਦੇ ਹਲਕਾ ਡੇਰਾ ਬਾਬਾ ਨਾਨਕ ਵਿਚ ਰਾਵੀ ਦੇ ਹੜ੍ਹ ਕਾਰਨ ਆਖਰੀ ਸਰਹੱਦੀ ਪਿੰਡ ਘਣੀਏ ਕੇ ਬੇਟ ਦਾ ਸੰਪਰਕ ਬਾਕੀ ਹਿੱਸਿਆਂ ਨਾਲੋਂ ਕੱਟ ਗਿਆ ਹੈ। ਫੌਜੀਆਂ ਨੇ ਬੱਚਿਆਂ ਸਣੇ ਕਰੀਬ 450 ਲੋਕਾਂ ਨੂੰ ਪਿੰਡ ਵਿੱਚੋਂ ਕੱਢਿਆ।

## ਭਾਜਪਾ ਵਿਧਾਇਕ ਰਾਹੁਲ ਤੋਂ ਪਹਿਲਾਂ ਸੁਪਰੀਮ ਕੋਰਟ ਪੁੱਜਾ

**ਨਵੀਂ ਦਿੱਲੀ** : ਰਾਹੁਲ ਗਾਂਧੀ ਖਿਲਾਫ ਮਾਣਹਾਨੀ ਦੇ ਮਾਮਲੇ 'ਚ ਸ਼ਿਕਾਇਤਕਰਤਾ ਭਾਜਪਾ ਵਿਧਾਇਕ ਪੂਰਨੇਸ਼ ਮੋਦੀ ਨੇ ਸੁਪਰੀਮ ਕੋਰਟ 'ਚ ਕੈਵੀਏਟ ਦਾਇਰ ਕੀਤੀ ਹੈ। ਕੈਵੀਏਟ 'ਚ ਬੇਨਤੀ ਕੀਤੀ ਹੈ ਕਿ ਜੇ ਰਾਹੁਲ ਗਾਂਧੀ ਮੋਦੀ ਗੋਤ ਵਾਲੀ ਟਿੱਪਣੀ ਦੇ ਮਾਮਲੇ 'ਚ ਹਾਈ ਕੋਰਟ ਦੇ ਫੈਸਲੇ ਨੂੰ ਚੁਣੌਤੀ ਦੇਣ ਵਾਲੀ ਪਟੀਸ਼ਨ ਦਾਇਰ ਕਰਦੇ ਹਨ ਤਾਂ ਉਸ ਦਾ ਪੱਖ ਵੀ ਸੁਣਿਆ ਜਾਵੇ। 7 ਜੁਲਾਈ ਨੂੰ ਗੁਜਰਾਤ ਹਾਈ ਕੋਰਟ ਨੇ ਦੋ ਸਾਲ ਦੀ ਸਜ਼ਾ 'ਤੇ ਰੋਕ ਲਾਉਣ ਦੀ ਮੰਗ ਕਰਦੀ ਰਾਹੁਲ ਦੀ ਪਟੀਸ਼ਨ ਨੂੰ ਖਾਰਜ ਕਰ ਦਿੱਤਾ ਸੀ। ਸੁਪਰੀਮ ਕੋਰਟ ਦੀ ਵੈੱਬਸਾਈਟ ਮੁਤਾਬਕ ਪੂਰਨੇਸ਼ ਮੋਦੀ ਨੇ ਐਡਵੋਕੇਟ ਪੀ ਐੱਸ ਸੁਧੀਰ ਰਾਹੀਂ ਉਸੇ ਦਿਨ ਸੁਪਰੀਮ ਕੋਰਟ 'ਚ ਕੈਵੀਏਟ ਦਾਇਰ ਕੀਤੀ।

## ਤੁਰੰਤ ਸੁਣਵਾਈ ਤੋਂ ਨਾਂਹ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਵਿਵਾਦਗ੍ਰਸਤ ਫਿਲਮ 'ਆਦਿਪੁਰਸ਼' ਦੇ ਨਿਰਮਾਤਾਵਾਂ ਵੱਲੋਂ ਅਲਾਹਾਬਾਦ ਹਾਈ ਕੋਰਟ ਦੇ 27 ਜੁਲਾਈ ਨੂੰ ਪੇਸ਼ ਹੋਣ ਦੇ ਹੁਕਮ ਵਿਰੁੱਧ ਦਾਇਰ ਪਟੀਸ਼ਨ ਦੀ ਤੁਰੰਤ ਸੁਣਵਾਈ ਤੋਂ ਬੁੱਧਵਾਰ ਇਨਕਾਰ ਕਰ ਦਿੱਤਾ। ਫਿਲਮ ਰਿਲੀਜ਼ ਹੋਣ ਤੋਂ ਬਾਅਦ ਤੋਂ ਹੀ ਵਿਵਾਦਾਂ 'ਚ ਘਿਰੀ ਹੋਈ ਹੈ, ਕਿਉਂਕਿ ਲੋਕਾਂ ਨੇ ਇਸ ਦੇ ਸੰਵਾਦਾਂ ਅਤੇ ਕਿਰਦਾਰਾਂ 'ਤੇ ਇਤਰਾਜ਼ ਜਤਾਇਆ ਹੈ। 30 ਜੂਨ ਨੂੰ ਹਾਈ ਕੋਰਟ ਨੇ ਫਿਲਮ ਦੇ ਨਿਰਮਾਤਾਵਾਂ ਨੂੰ 27 ਜੁਲਾਈ ਨੂੰ ਪੇਸ਼ ਹੋਣ ਦਾ ਨਿਰਦੇਸ਼ ਦਿੱਤਾ ਸੀ।

## ਫਰਾਂਸ ਤੋਂ ਵਾਪਸੀ 'ਤੇ ਮੋਦੀ ਆਬੂ ਧਾਬੀ ਜਾਣਗੇ

**ਨਵੀਂ ਦਿੱਲੀ** : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਫਰਾਂਸ ਦਾ ਦੋ ਦਿਨਾ ਦੌਰਾ ਪੂਰਾ ਕਰਨ ਤੋਂ ਬਾਅਦ 15 ਜੁਲਾਈ ਨੂੰ ਆਬੂ ਧਾਬੀ ਜਾਣਗੇ। ਉਹ ਫਰਾਂਸ ਦੇ ਰਾਸ਼ਟਰਪਤੀ ਇਮੈਨੂਅਲ ਮੈਕਰੋਨ ਦੇ ਸੱਦੇ 'ਤੇ 13-14 ਜੁਲਾਈ ਨੂੰ ਫਰਾਂਸ 'ਚ ਹੋਣਗੇ। 14 ਜੁਲਾਈ ਨੂੰ ਬੈਸਟਿਲ ਦਿਵਸ ਸਮਾਰੋਹ 'ਚ ਮਹਿਮਾਨ ਵਜੋਂ ਸ਼ਾਮਲ ਹੋਣਗੇ। ਇਸ 'ਚ ਭਾਰਤੀ ਫੌਜ ਦੇ ਤਿੰਨੋਂ ਅੰਗਾਂ ਦੀ ਟੁਕੜੀ ਵੀ ਹਿੱਸਾ ਲੈ ਰਹੀ ਹੈ।

## ਬਰਨਾਲਾ 'ਚ ਸ਼ਰਾਰਤ

**ਬਰਨਾਲਾ** : ਡੀ ਸੀ ਦੇ ਦਫਤਰ ਅਤੇ ਰਿਹਾਇਸ਼ ਦੇ ਬਾਹਰ ਖਾਲਿਸਤਾਨ ਜ਼ਿੰਦਾਬਾਦ ਦੇ ਨਾਅਰੇ ਲਿਖੇ ਮਿਲੇ। ਜੰਗਲਾਤ ਵਿਭਾਗ ਦੀ ਇਮਾਰਤ ਅਤੇ ਮੁੱਖ ਮੰਤਰੀ ਭਗਵੰਤ ਮਾਨ ਦੇ ਬੈਨਰ 'ਤੇ ਵੀ ਇਹ ਨਾਅਰੇ ਲਿਖੇ ਮਿਲੇ। ਸਿੱਖਸ ਫਾਰ ਜਸਟਿਸ ਦੇ ਗੁਰਪਤਵੰਤ ਪਨੂੰ ਨੇ ਇਸ ਦੀ ਜ਼ਿੰਮੇਦਾਰੀ ਲੈਂਦਿਆਂ ਵੀਡੀਓ ਜਾਰੀ ਕੀਤੀ ਹੈ। ਉਸ ਨੇ ਕੈਨੇਡਾ 'ਚ ਹਰਦੀਪ ਸਿੰਘ ਨਿੱਝਰ ਦੀ ਮੌਤ ਦਾ ਬਦਲਾ ਲੈਣ ਦੀ ਗੱਲ ਕਰਦੇ ਹੋਏ ਭਾਰਤ 'ਚ ਹੋਣ ਵਾਲੇ ਕ੍ਰਿਕਟ ਵਿਸ਼ਵ ਕੱਪ ਨੂੰ ਰੋਕਣ ਦੀ ਧਮਕੀ ਦਿੱਤੀ ਹੈ। ਪਨੂੰ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਗ੍ਰਿਹ ਮੰਤਰੀ ਅਮਿਤ ਸ਼ਾਹ ਨੂੰ ਵੀ ਚਿਤਾਵਨੀ ਦਿੱਤੀ ਹੈ। ਉਸ ਵੱਲੋਂ ਜਾਰੀ ਵੀਡੀਓ 'ਚ 'ਮੋਦੀ ਸ਼ਾਹ ਠੋਕੋ, ਵਰਲਡ ਕੱਪ ਰੋਕੋ' ਦਾ ਨਾਅਰਾ ਦਿੱਤਾ ਗਿਆ ਹੈ। ਪ੍ਰਸ਼ਾਸਨ ਨੇ ਦਿਨ ਚੜ੍ਹਨ ਤੋਂ ਪਹਿਲਾਂ ਹੀ ਨਾਅਰਿਆਂ 'ਤੇ ਪੇਂਟ ਕਰ ਦਿੱਤਾ। ਡੀ ਸੀ ਦਫਤਰ ਅਤੇ ਰਿਹਾਇਸ਼ ਦੇ ਬੋਰਡਾਂ ਨੂੰ ਚਿੱਟਾ ਰੰਗ ਦਿੱਤਾ।

## ਦਿੱਲੀ ਵਾਲਿਆਂ ਦਾ ਖਾਸ ਖਿਆਲ

**ਨਵੀਂ ਦਿੱਲੀ** : ਕੇਂਦਰ ਨੇ ਨੈਫੈੱਡ ਤੇ ਐੱਨ ਸੀ ਸੀ ਐੱਫ ਨੂੰ ਆਂਧਰਾ, ਕਰਨਾਟਕ ਅਤੇ ਮਹਾਰਾਸ਼ਟਰ ਤੋਂ ਟਮਾਟਰਾਂ ਦੀ ਖਰੀਦ ਕਰਨ ਅਤੇ ਵੱਡੇ ਖਪਤ ਕੇਂਦਰਾਂ ਨੂੰ ਵੰਡਣ ਦੇ ਨਿਰਦੇਸ਼ ਦਿੱਤੇ ਹਨ। ਟਮਾਟਰ ਸ਼ੁੱਕਰਵਾਰ ਤੋਂ ਦਿੱਲੀ-ਐੱਨ ਸੀ ਆਰ ਖੇਤਰ 'ਚ ਖਪਤਕਾਰਾਂ ਨੂੰ ਰਿਆਇਤੀ ਕੀਮਤਾਂ 'ਤੇ ਪ੍ਰਚੂਨ ਦੁਕਾਨਾਂ ਰਾਹੀਂ ਵੇਚੇ ਜਾਣਗੇ।

# ਭਾਰੀ ਮੀਂਹ ਕਾਰਨ ਹੋਏ ਨੁਕਸਾਨ ਦੇ ਇੱਕ-ਇੱਕ ਪੈਸੇ ਦੀ ਭਰਪਾਈ ਕਰਾਂਗੇ : ਮੁੱਖ ਮੰਤਰੀ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਸੂਬੇ ਭਰ ਵਿੱਚ ਪਏ ਮੋਹਲੇਧਾਰ ਮੀਂਹ ਕਾਰਨ ਲੋਕਾਂ ਦੇ ਹੋਏ ਨੁਕਸਾਨ ਦੇ ਇਕ-ਇਕ ਪੈਸੇ ਦੀ ਪੂਰਤੀ ਕਰਨ ਦੀ ਸੂਬਾ ਸਰਕਾਰ ਦੀ ਵਚਨਬੱਧਤਾ ਦੁਹਰਾਈ। ਇੱਥੇ ਜਾਰੀ ਇਕ ਬਿਆਨ ਵਿੱਚ ਮੁੱਖ ਮੰਤਰੀ ਨੇ ਕਿਹਾ ਕਿ ਉਹ ਹਾਲਾਤ ਉਤੇ ਪਲ-ਪਲ ਨਜ਼ਰ ਰੱਖ ਰਹੇ ਹਨ ਅਤੇ ਸੂਬੇ ਭਰ ਤੋਂ ਬਾਕਾਇਦਾ ਰਿਪੋਰਟ ਲੈ ਰਹੇ ਹਨ। ਉਨ੍ਹਾਂ ਕਿਹਾ ਕਿ ਜ਼ਿਲ੍ਹਿਆਂ ਵਿੱਚ ਚੱਲ ਰਹੇ ਰਾਹਤ ਕਾਰਜਾਂ ਅਤੇ ਪਾਣੀ ਦੇ ਪੱਧਰ ਬਾਰੇ ਸੂਬੇ ਭਰ ਵਿੱਚ ਜ਼ਿਲ੍ਹਾ ਪ੍ਰਸ਼ਾਸਨਾਂ ਰਾਹੀਂ ਨਿਗਰਾਨੀ ਰੱਖੀ ਜਾ ਰਹੀ ਹੈ। ਭਗਵੰਤ ਮਾਨ ਨੇ ਕਿਹਾ ਕਿ ਮੁਸ਼ਕਲ ਦੀ ਇਸ ਘੜੀ ਵਿੱਚ ਲੋਕਾਂ ਦੀ ਮਦਦ ਕਰਨਾ ਸੂਬਾ ਸਰਕਾਰ ਦਾ ਫ਼ਰਜ਼ ਬਣਦਾ ਹੈ ਅਤੇ ਇਸ ਕਾਰਜ ਦੀ ਪੂਰਤੀ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਦੇ ਦੂਰ-ਦੁਰਾਡੇ ਇਲਾਕਿਆਂ ਵਿੱਚ ਬੈਠੇ ਆਖ਼ਰੀ ਵਿਅਕਤੀ ਤੱਕ ਰਾਹਤ ਪਹੁੰਚਾਈ ਜਾਵੇਗੀ। ਉਨ੍ਹਾਂ ਕਿਹਾ ਕਿ ਸੂਬੇ ਦੇ ਸਭ ਤੋਂ ਵੱਧ ਪ੍ਰਭਾਵਿਤ ਇਲਾਕਿਆਂ ਵਿੱਚ ਰਾਹਤ ਪੁੱਜਣੀ ਯਕੀਨੀ ਬਣਾਉਣ ਉਤੇ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ ਤਾਂ ਕਿ ਲੋਕਾਂ ਨੂੰ ਕਿਸੇ ਤਰ੍ਹਾਂ ਦੀ ਮੁਸ਼ਕਲ ਪੇਸ਼ ਨ ਾ

● ਬਾਕੀ ਸਫ਼ਾ 2 'ਤੇ

# ਦਿੱਲੀ 'ਚ ਯਮੁਨਾ ਨੇ ਰਿਕਾਰਡ ਤੋੜਿਆ



**ਨਵੀਂ ਦਿੱਲੀ** : ਭਾਰੀ ਮੀਂਹ ਕਾਰਨ ਆਏ ਹੜ੍ਹ ਕਾਰਨ ਦਿੱਲੀ 'ਚ ਯਮੁਨਾ ਨਦੀ ਦੇ ਪਾਣੀ ਦਾ ਪੱਧਰ ਰਿਕਾਰਡ 207.55 ਮੀਟਰ ਹੋ ਗਿਆ ਹੈ, ਜੋ 1978 'ਚ ਦਰਜ ਕੀਤੇ ਗਏ ਸਭ ਤੋਂ ਉੱਚੇ ਪੱਧਰ 207.49 ਮੀਟਰ ਤੋਂ ਵੱਧ ਹੈ। ਕੇਂਦਰੀ ਜਲ ਕਮਿਸ਼ਨ ਦੇ ਹੜ੍ਹ-ਨਿਗਰਾਨੀ ਪੋਰਟਲ ਅਨੁਸਾਰ ਪੁਰਾਣੇ ਰੇਲਵੇ ਪੁਲ 'ਤੇ ਯਮੁਨਾ ਦੇ ਪਾਣੀ ਦਾ ਪੱਧਰ 2013 ਤੋਂ ਬਾਅਦ ਪਹਿਲੀ ਵਾਰ ਤੜਕੇ 4 ਵਜੇ 207 ਮੀਟਰ ਪਾਰ ਕਰ ਗਿਆ ਅਤੇ ਸਵੇਰੇ 8 ਵਜੇ ਵਧ ਕੇ 207.25 ਮੀਟਰ ਹੋ ਗਿਆ ਤੇ ਫਿਰ 207.71 ਮੀਟਰ ਤੱਕ ਪੁੱਜ ਗਿਆ। ਇਸ ਦੌਰਾਨ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਹਾਲਾਤ ਦਾ ਜਾਇਜ਼ਾ ਲੈਣ ਲਈ ਹੰਗਾਮੀ ਮੀਟਿੰਗ ਸੱਦੀ ਤੇ ਕੇਂਦਰ ਨੂੰ ਇਸ ਮਾਮਲੇ 'ਚ ਦਖਲ ਦੇਣ ਦੀ ਮੰਗ ਕੀਤੀ।

## ਪ੍ਰੋਫੈਸਰ ਦਾ ਹੱਥ ਵੱਢਣ ਦੇ ਮਾਮਲੇ 'ਚ 6 ਦੋਸ਼ੀ ਕਰਾਰ

**ਕੋਚੀ** : ਇਥੇ ਕੌਮੀ ਜਾਂਚ ਏਜੰਸੀ (ਐੱਨ ਆਈ ਏ) ਦੀ ਵਿਸ਼ੇਸ਼ ਅਦਾਲਤ ਨੇ 2010 'ਚ ਕੇਰਲਾ ਦੇ ਕਾਲਜ ਪ੍ਰੋਫੈਸਰ ਦਾ ਹੱਥ ਵੱਢਣ ਦੇ ਮਾਮਲੇ 'ਚ ਬੁੱਧਵਾਰ ਛੇ ਮੁਲਜ਼ਮਾਂ ਨੂੰ ਦੋਸ਼ੀ ਕਰਾਰ ਦਿੱਤਾ।

ਇਹ ਸਾਰੇ ਦੋਸ਼ੀ ਪਾਬੰਦੀਸ਼ੁਦਾ ਕੱਟੜਪੰਥੀ ਇਸਲਾਮਿਕ ਸੰਗਠਨ ਪਾਪੂਲਰ ਫਰੰਟ ਆਫ ਇੰਡੀਆ ਦੇ ਕਥਿਤ ਮੈਂਬਰ ਹਨ। ਦੋਸ਼ੀਆਂ ਨੂੰ ਵੀਰਵਾਰ ਨੂੰ ਸਜ਼ਾ ਸੁਣਾਈ ਜਾਵੇਗੀ। ਹਮਲੇ ਦੇ ਸ਼ਿਕਾਰ ਪ੍ਰੋਫੈਸਰ ਟੀ ਜੇ ਜੋਸਫ ਨੇ ਕਿਹਾ ਕਿ ਜਿਹੜੇ ਫੜੇ ਗਏ ਅਤੇ ਜਿਨ੍ਹਾਂ ਨੂੰ ਸਜ਼ਾ ਦਿੱਤੀ ਗਈ, ਉਹ 'ਸਿਰਫ ਹਥਿਆਰ' ਸਨ, ਜਦ ਕਿ ਇਸ ਘਟਨਾ ਦੇ ਅਸਲ ਦੋਸ਼ੀਆਂ ਨੂੰ ਲੱਭਣਾ ਬਾਕੀ ਹੈ।

# ਮਨੀ ਲਾਂਡਰਿੰਗ ਰੋਕੂ ਐਕਟ 'ਚ ਕੀਤੀਆਂ ਸੋਧਾਂ ਨੂੰ ਤੁਰੰਤ ਵਾਪਸ ਲਿਆ ਜਾਵੇ : ਚੀਮਾ

**ਚੰਡੀਗੜ੍ਹ, (ਗੁਰਜੀਤ ਬਿੱਲਾ)**-ਪੰਜਾਬ ਦੇ ਵਿੱਤ, ਯੋਜਨਾਬੰਦੀ, ਆਬਕਾਰੀ ਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਬੁੱਧਵਾਰ ਕਿਹਾ ਕਿ ਕੇਂਦਰੀ ਵਿੱਤ ਮੰਤਰਾਲੇ ਨੂੰ ਵਸਤਾਂ ਤੇ ਸੇਵਾਵਾਂ ਕਰ ਨੈੱਟਵਰਕ (ਜੀ ਐੱਸ ਟੀ ਐੱਨ) ਨੂੰ ਮਨੀ ਲਾਂਡਰਿੰਗ ਰੋਕੂ ਕਾਨੂੰਨ (ਪੀ ਐੱਮ ਐੱਲ ਏ) ਅਧੀਨ ਲਿਆਉਣ ਵਾਲੀਆਂ ਸੋਧਾਂ ਨੂੰ ਤੁਰੰਤ ਵਾਪਸ ਲੈਣਾ ਚਾਹੀਦਾ ਹੈ, ਕਿਉਂਕਿ ਇਨ੍ਹਾਂ ਸੋਧਾਂ ਅਨੁਸਾਰ ਇਨਫੋਰਸਮੈਂਟ ਡਾਇਰੈਕਟੋਰੇਟ (ਈ ਡੀ) ਨਾਲ ਜੀ ਐੱਸ ਟੀ ਡਾਟਾ ਸਾਂਝਾ ਕੀਤਾ ਜਾਵੇਗਾ। ਉਨ੍ਹਾ ਕਿਹਾ ਕਿ ਇਸ ਕਦਮ ਦੇ ਗੰਭੀਰ ਸਿੱਟੇ ਨਿਕਲ ਸਕਦੇ ਹਨ ਅਤੇ ਟੈਕਸ ਅਦਾ ਕਰਨ ਵਾਲੇ ਇਮਾਨਦਾਰ ਵਪਾਰੀਆਂ ਲਈ 'ਕਰ ਅੱਤਵਾਦ' ਵਰਗੀ ਸਥਿਤੀ ਬਣ ਸਕਦੀ ਹੈ।

ਜਾਰੀ ਬਿਆਨ ਵਿੱਚ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਮੰਗਲਵਾਰ ਨੂੰ ਨਵੀਂ ਦਿੱਲੀ ਵਿਖੇ ਹੋਈ ਜੀ ਐੱਸ ਟੀ ਕੌਂਸਲ ਦੀ ਮੀਟਿੰਗ ਦੌਰਾਨ ਈ ਡੀ ਨਾਲ ਜੀ ਐੱਸ ਟੀ ਡਾਟਾ ਸਾਂਝਾ ਕਰਨ ਦੇ ਮੁੱਦੇ 'ਤੇ ਵੀ ਸਖਤ ਵਿਰੋਧ ਜ਼ਾਹਰ ਕੀਤਾ ਹੈ। ਉਨ੍ਹਾ ਕਿਹਾ ਕਿ ਪੰਜਾਬ ਸਰਕਾਰ ਸਮੇਤ ਹੋਰ ਹਮਖਿਆਲੀ ਸੂਬੇ ਇਸ ਵਪਾਰੀ ਵਿਰੋਧੀ ਕਦਮ ਨੂੰ ਵਾਪਸ ਲੈਣ ਲਈ ਕੇਂਦਰੀ ਵਿੱਤ ਮੰਤਰਾਲੇ 'ਤੇ ਦਬਾਅ ਪਾਉਣਗੇ।

ਉਹਨਾ ਕਿਹਾ ਕਿ ਈ ਡੀ ਦੇਸ਼ ਭਰ ਦੇ ਕਿਸੇ ਵੀ ਕਾਰੋਬਾਰੀ ਦੀ ਬਾਂਹ ਮਰੋੜਨ ਲਈ ਆਪਣੀ ਇਸ 'ਨਵੀਂ ਤਾਕਤ' ਦੀ ਦੁਰਵਰਤੋਂ ਕਰ ਸਕਦੀ ਹੈ। ਉਨ੍ਹਾ ਕਿਹਾ ਕਿ ਇੱਕ ਵਪਾਰੀ, ਜੋ ਇਮਾਨਦਾਰੀ ਨਾਲ ਜੀ ਐੱਸ ਟੀ ਦਾ ਭੁਗਤਾਨ ਕਰ ਰਿਹਾ ਹੈ, ਹਮੇਸ਼ਾ ਇਸ ਗੱਲੋਂ ਚਿੰਤਤ ਰਹੇਗਾ ਕਿ ਉਸ ਦੀ ਮਾਮੂਲੀ ਗਲਤੀ ਕਾਰਨ ਉਸ ਨੂੰ ਈ ਡੀ ਵੱਲੋਂ ਪ੍ਰੇਸ਼ਾਨ ਕੀਤਾ ਜਾ ਸਕਦਾ ਹੈ ਅਤੇ ਜੇਕਰ ਉਸ ਨੂੰ ਗ੍ਰਿਫਤਾਰ

● ਬਾਕੀ ਸਫ਼ਾ 2 'ਤੇ

## ਭਾਰਤ ਤੇ ਪਾਕਿਸਤਾਨ ਵਿਚਾਲੇ ਕ੍ਰਿਕਟ ਮੈਚ ਸ੍ਰੀਲੰਕਾ 'ਚ ਹੋਵੇਗਾ

**ਨਵੀਂ ਦਿੱਲੀ** : ਭਾਰਤ ਅਤੇ ਪਾਕਿਸਤਾਨ ਵਿਚਾਲੇ ਏਸ਼ੀਆ ਕੱਪ ਦਾ ਮੁਕਾਬਲਾ ਸ੍ਰੀਲੰਕਾ ਵਿਚ ਹੋਵੇਗਾ, ਕਿਉਂਕਿ ਰੋਹਿਤ ਸ਼ਰਮਾ ਦੀ ਕਪਤਾਨੀ ਵਾਲੀ ਭਾਰਤੀ ਟੀਮ ਪਾਕਿਸਤਾਨ ਦਾ ਦੌਰਾ ਨਹੀਂ ਕਰੇਗੀ। ਆਈ ਪੀ ਐੱਲ ਦੇ ਚੇਅਰਮੈਨ ਅਰੁਣ ਧੂਮਲ ਨੇ ਬੁੱਧਵਾਰ ਇਸ ਦੀ ਪੁਸ਼ਟੀ ਕੀਤੀ। ਧੂਮਲ ਇਸ ਸਮੇਂ ਆਈ ਸੀ ਸੀ ਦੇ ਮੁੱਖ ਕਾਰਜਕਾਰੀਆਂ ਦੀ ਬੈਠਕ ਲਈ ਡਰਬਨ 'ਚ ਹਨ। ਉਨ੍ਹਾ ਕਿਹਾ ਕਿ ਬੀ ਸੀ ਸੀ ਆਈ ਸਕੱਤਰ ਜੈ ਸ਼ਾਹ ਅਤੇ ਪੀ ਸੀ ਬੀ ਮੁਖੀ ਜ਼ਕਾ ਅਸ਼ਰਫ ਨੇ ਏਸ਼ੀਆ ਕੱਪ ਦੇ ਪ੍ਰੋਗਰਾਮ ਨੂੰ ਅੰਤਮ ਰੂਪ ਦੇਣ ਲਈ ਵੀਰਵਾਰ ਹੋਣ ਵਾਲੀ ਆਈ ਸੀ ਸੀ ਬੋਰਡ ਦੀ ਮੀਟਿੰਗ ਤੋਂ ਪਹਿਲਾਂ ਮੁਲਾਕਾਤ ਕੀਤੀ ਤੇ ਦੋਵਾਂ ਨੇ ਏਸ਼ੀਆ ਕੱਪ ਦੇ ਪ੍ਰੋਗਰਾਮ ਨੂੰ ਅੰਤਮ ਰੂਪ ਦੇ ਦਿੱਤਾ।

## ਜੂਨ 'ਚ ਮਹਿੰਗਾਈ ਵਧੀ



**ਨਵੀਂ ਦਿੱਲੀ** : ਸਰਕਾਰ ਦੇ ਅੰਕੜਿਆਂ ਮੁਤਾਬਕ ਦੇਸ਼ 'ਚ ਜੂਨ ਮਹੀਨੇ ਮਹਿੰਗਾਈ ਵਧ ਕੇ 4.81 ਫੀਸਦੀ ਹੋ ਗਈ, ਜੋ ਕਿ ਮਈ 'ਚ 4.31 ਫੀਸਦੀ ਸੀ। ਸਬਜ਼ੀ ਦੀਆਂ ਕੀਮਤਾਂ ਕਾਰਨ ਮਹਿੰਗਾਈ ਵਧੀ ਹੈ। ਸ਼ਹਿਰਾਂ 'ਚ ਮਹਿੰਗਾਈ ਵਧ ਕੇ 4.96 ਫੀਸਦੀ ਤੇ ਪਿੰਡਾਂ 'ਚ 4.72 ਫੀਸਦੀ ਤੱਕ ਪੁੱਜ ਗਈ।

## ਮਹਿਲਾ ਕਾਰਕੁਨਾਂ 'ਤੇ ਕੇਸ ਦਰਜ ਕਰਨਾ ਗੈਰ-ਜਮਹੂਰੀ : ਪੰਜਾਬ ਇਸਤਰੀ ਸਭਾ

**ਅੰਮ੍ਰਿਤਸਰ**—ਪੰਜਾਬ ਇਸਤਰੀ ਸਭਾ ਦੀ ਸੂਬਾ ਜਨਰਲ ਸਕੱਤਰ ਰਜਿੰਦਰਪਾਲ ਕੌਰ, ਪ੍ਰਧਾਨ ਕੁਸ਼ਲ ਭੌਰਾ ਤੇ ਸਰਪ੍ਰਸਤ ਨਰਿੰਦਰਪਾਲ ਨੇ ਇਕ ਸਾਂਝੇ ਬਿਆਨ ਵਿੱਚ ਮਨੀਪੁਰ ਸਰਕਾਰ ਵੱਲੋਂ ਐੱਨ ਐੱਫ ਆਈ ਡਬਲਿਊ ਦੀ ਕੌਮੀ ਜਨਰਲ ਸਕੱਤਰ ਐਨੀ ਰਾਜਾ, ਸਕੱਤਰ ਨਿਸ਼ਾ ਸਿੱਧੂ ਤੇ ਸੁਪਰੀਮ ਕੋਰਟ ਦੀ ਵਕੀਲ ਦੀਕਸ਼ਾ ਦਿਵੇਦੀ ਉੱਤੇ ਕੇਸ ਦਰਜ ਕਰਨ ਦੀ ਨਿਖੇਧੀ ਕੀਤੀ ਹੈ। ਤਿੰਨ ਕੌਮੀ ਕਾਰਕੁਨਾਂ ਨੇ ਹਿੰਸਾ ਗ੍ਰਸਤ ਰਾਜ ਮਨੀਪੁਰ ਵਿੱਚ ਸਥਿਤੀ ਦਾ ਜਾਇਜ਼ਾ ਲਿਆ। ਉਹ ਪੀੜਤ ਲੋਕਾਂ ਨੂੰ ਮਿਲੀਆਂ ਸਨ ਤੇ ਕੈਂਪਾਂ ਦਾ ਵੀ ਦੌਰਾ ਕੀਤਾ ਸੀ। ਉਹਨਾਂ ਵਾਪਸ ਆ ਕੇ ਸਰਕਾਰ ਕੋਲੋਂ ਮਨੀਪੁਰ ਵਿੱਚ ਸ਼ਾਂਤੀ ਬਹਾਲ ਕਰਵਾਉਣ ਦੀ ਮੰਗ ਕੀਤੀ ਅਤੇ ਪੀੜਤ ਲੋਕਾਂ ਦੀ ਸਹਾਇਤਾ ਵਾਸਤੇ ਮੁਹਿੰਮ ਵੀ ਚਲਾਈ। ਮਨੀਪੁਰ ਪੁਲਸ ਮੁਖੀ ਦੀ ਸ਼ਿਕਾਇਤ 'ਤੇ ਇਹਨਾਂ ਆਗੂਆਂ 'ਤੇ ਕੇਸ ਦਰਜ ਕਰ ਲਿਆ ਗਿਆ ਅਤੇ ਕਿਹਾ ਗਿਆ ਕਿ ਇਹਨਾਂ ਆਗੂਆਂ ਨੇ ਸਰਕਾਰ 'ਤੇ ਦੰਗੇ ਕਰਵਾਉਣ ਦਾ ਦੋਸ਼ ਲਗਾਇਆ ਹੈ ਅਤੇ ਮੁੱਖ ਮੰਤਰੀ ਦੇ ਅਸਤੀਫੇ ਨੂੰ ਡਰਾਮਾ ਦੱਸਿਆ ਹੈ।

# ਅਖੇ, ਹੁਣ ਢੇਡ ਵੀ ਸਾਨੂੰ ਸਵਾਲ ਕਰਨਗੇ ?



ਬੀ ਡੀ ਪੀ ਓ ਖੂਈਆਂ ਸਰਵਰ ਗਗਨਦੀਪ ਕੌਰ ਨਾਲ ਗੱਲਬਾਤ ਕਰਦੇ ਹੋਏ ਮਜ਼ਦੂਰ ਆਗੂ।

**ਸ਼ਾਹਕੋਟ (ਗਿਆਨ ਸੈਦਪੁਰੀ)**-ਸਰਕਾਰਾਂ ਵੱਲੋਂ ਗਰੀਬ ਲੋਕਾਂ ਦੇ ਭਲੇ ਲਈ ਚਲਾਈਆਂ ਜਾਂਦੀਆਂ ਵੱਖ-ਵੱਖ ਸਕੀਮਾਂ ਨੂੰ ਲਾਗੂ ਕਰਨ ਦੌਰਾਨ ਹੁੰਦੇ ਘਪਲੇ ਅਕਸਰ ਚਰਚਾ 'ਚ ਰਹਿੰਦੇ ਹਨ। ਬੇਘਰੇ ਤੇ ਬੇਜ਼ਮੀਨੇ ਗਰੀਬਾਂ ਨੂੰ 5-5 ਮਰਲੇ ਦੇ ਪਲਾਟ ਦੇਣ ਦੀ ਸਕੀਮ ਵੀ ਸਰਕਾਰ ਵੱਲੋਂ ਚਲਾਈ ਜਾ ਰਹੀ ਹੈ। ਇਸ ਸਕੀਮ ਅੰਦਰ ਵੀ ਪੇਂਡੂ ਧਨਾਢਾਂ ਦਾ ਗਰੀਬਾਂ ਤੇ ਖਾਸ ਕਰਕੇ ਦਲਿਤਾਂ 'ਤੇ ਦਾਬੇ ਦੀ ਸਿਆਸਤ ਦਾ ਵਰਤਾਰਾ ਵੇਖਣ-ਸੁਣਨ ਨੂੰ ਮਿਲ ਜਾਂਦਾ ਹੈ। ਇਸ ਵਰਤਾਰੇ ਦਾ ਇੱਕ ਨਮੂਨਾ ਜ਼ਿਲ੍ਹਾ ਫਾਜ਼ਿਲਕਾ ਦੇ ਬਲਾਕ ਖੂਈਆਂ ਸਰਵਰ ਦੇ ਪਿੰਡ ਬੋਦੀਵਾਲਾ ਪਿੱਥਾ ਵਿੱਚ ਸਾਹਮਣੇ ਆਇਆ ਹੈ। ਇੱਥੇ ਬਹੁਤ ਸਾਰੇ ਲਾਭਪਤਾਰੀਆਂ ਨੂੰ ਸਾਰਟੀਫਿਕੇਟ ਤਾਂ 5-5 ਮਰਲੇ ਦੇ ਜਾਰੀ ਕੀਤੇ ਗਏ ਹਨ, ਪਰ ਮਿਣਤੀ ਵਿੱਚ ਇਹ ਸਾਢੇ ਤਿੰਨ-ਤਿੰਨ ਮਰਲੇ ਹਨ। ਦੱਸਣਯੋਗ ਹੈ ਕਿ ਪੰਜਾਬ ਸਰਕਾਰ ਵੱਲੋਂ 14- 12- 2022 ਨੂੰ ਗਠਿਤ ਕੀਤੀ ਗਈ ਸਬ-ਕਮੇਟੀ ਨਾਲ ਲੰਘੇ ਜੂਨ ਮਹੀਨੇ ਵਿੱਚ ਪੰਜਾਬ ਭਵਨ ਚੰਡੀਗੜ੍ਹ ਵਿੱਚ ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੀ ਮੀਟਿੰਗ ਹੋਈ ਸੀ। ਮੀਟਿੰਗ ਵਿੱਚ ਖਜ਼ਾਨਾ ਮੰਤਰੀ ਹਰਪਾਲ ਸਿੰਘ ਚੀਮਾ, ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਅਤੇ ਉੱਚ ਅਧਿਕਾਰੀ ਸ਼ਾਮਲ ਸਨ। ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ 15 ਨੁਮਾਇੰਦਿਆਂ ਨੇ ਇਸ ਮੀਟਿੰਗ ਵਿੱਚ ਹਿੱਸਾ ਲਿਆ ਸੀ। ਮੀਟਿੰਗ ਵਿੱਚ ਜਥੇਬੰਦੀਆਂ ਦੀਆਂ ਮੰਗਾਂ 'ਤੇ ਵਿਸਥਾਰ ਨਾਲ ਚਰਚਾ ਹੋਈ ਸੀ।

**ਮਾਮਲਾ 5-5 ਮਰਲੇ ਦੇ ਪਲਾਟਾਂ ਦਾ**

ਇਸ ਮੀਟਿੰਗ ਵਿੱਚ ਪੰਜਾਬ ਖੇਤ ਮਜ਼ਦੂਰ ਸਭਾ ਦੇ ਜਨਰਲ ਸਕੱਤਰ ਦੇਵੀ ਕੁਮਾਰੀ ਸਰਹਾਲੀ ਕਲਾਂ ਨੇ ਧਿਆਨ ਵਿੱਚ ਲਿਆਂਦਾ ਸੀ ਕਿ ਫਾਜ਼ਿਲਕਾ ਦੇ ਬਲਾਕ ਖੂਈਆਂ ਸਰਵਰ ਦੇ ਪਿੰਡ ਬੋਦੀਵਾਲਾ ਪਿੱਥਾ ਵਿੱਚ ਮਜ਼ਦੂਰਾਂ ਨੂੰ 5-5 ਮਰਲੇ ਦੀ ਥਾਂ ਸਾਢੇ ਤਿੰਨ-ਤਿੰਨ ਮਰਲੇ ਦੇ ਪਲਾਟ ਦਿੱਤੇ ਗਏ ਹਨ। ਸਬ-ਕਮੇਟੀ ਦੇ ਮੈਂਬਰ ਹਰਪਾਲ ਸਿੰਘ ਚੀਮਾ ਨੇ ਉੱਚ ਅਧਿਕਾਰੀਆਂ ਨੂੰ ਹਦਾਇਤ ਕੀਤੀ ਸੀ ਕਿ ਫਾਜ਼ਿਲਕਾ ਦੇ ਸੰਬੰਧਤ ਅਧਿਕਾਰੀਆਂ ਪਾਸੋਂ ਮਾਮਲੇ ਦੀ ਜਾਣਕਾਰੀ ਲੈ ਕੇ ਲੋੜੀਂਦੀ ਕਾਰਵਾਈ ਕੀਤੀ ਜਾਵੇ।

ਕਾਫੀ ਸਮਾਂ ਬੀਤ ਜਾਣ 'ਤੇ

● ਬਾਕੀ ਸਫ਼ਾ 2 'ਤੇ

## ਅੱਜ-ਨਾਮਾ

ਵਧ ਗਿਆ ਏਨਾ ਬੱਸ ਭਾਅ ਟਮਾਟਰਾਂ ਦਾ,
ਨਹੀਂ ਹਨ ਕਾਬੂ ਸਰਕਾਰ ਦੇ ਆਏ ਬੇਲੀ।
ਹਾਸੋਹੀਣੀ ਜਿਹੀ ਕਿਤੋਂ ਬੱਸ ਖਬਰ ਪਹੁੰਚੀ,
ਬਾਊਂਸਰ ਟਮਾਟਰ ਦੇ ਰਾਖੇ ਬਿਠਾਏ ਬੇਲੀ।
ਲੁੱਟਿਆ ਏ ਕਿਸੇ ਥਾਂ ਟਰੱਕ ਟਮਾਟਰਾਂ ਦਾ,
ਲੁਟੇਰਿਆਂ ਏਦਾਂ ਵੀ ਹੱਥ ਅਜ਼ਮਾਏ ਬੇਲੀ।
ਪੜ੍ਹ ਕੇ ਖਬਰ ਨਹੀਂ ਲੋਕ ਵਿਸ਼ਵਾਸ ਕਰਦੇ,
ਰੰਗ ਇਹ ਮੁਲਕ ਨੇ ਕਿਹੜੇ ਵਿਖਾਏ ਬੇਲੀ।
ਜਦ ਜਦ ਵਧਿਆ ਪਿਆਜ਼ ਦਾ ਭਾਅ ਪਹਿਲਾਂ,
ਪਲਟ ਗਈ ਦੇਸ਼ ਵਿੱਚ ਸਦਾ ਸਰਕਾਰ ਬੇਲੀ।
ਅੱਜਕੱਲ੍ਹ ਟਮਾਟਰ ਨੂੰ ਜਿੱਦਾਂ ਹੈ ਚੜ੍ਹੀ ਲਾਲੀ,
ਪਤਾ ਨਹੀਂ ਕਰੂਗੀ ਕਿੱਧਰ ਇਹ ਮਾਰ ਬੇਲੀ।

-ਤੀਸ ਮਾਰ ਖਾਂ

# ਸਰਕਾਰੀ ਹਮਲੇ ਨੂੰ ਕਿਰਤੀ ਲੋਕਾਂ ਦਾ ਏਕਾ ਤੇ ਸੰਘਰਸ਼ ਹੀ ਪਛਾੜ ਸਕਦੈ : ਜਗਰੂਪ

**ਮੋਗਾ (ਅਮਰਜੀਤ ਬੱਬਰੀ)**- 'ਨਰੇਗਾ ਦੀ ਰਾਖੀ ਕਰਨ ਲਈ ਲਾਮਬੰਦੀ ਕਰਨੀ ਮਜ਼ਦੂਰਾਂ ਦੀ ਅੱਜ ਦੇ ਸਮੇਂ ਦੀ ਮੁੱਖ ਲੋੜ ਹੈ।' ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਪੰਜਾਬ (ਏਟਕ) ਦੇ ਮੁੱਖ ਸਲਾਹਕਾਰ ਸਾਥੀ ਜਗਰੂਪ ਨੇ ਕਸ਼ਮੀਰ ਸਿੰਘ ਗਦਾਈਆ ਦੀ ਪ੍ਰਧਾਨਗੀ ਹੇਠ ਹੋਈ ਸੂਬਾ ਕਮੇਟੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਕੀਤਾ। ਉਹਨਾ ਕਿਹਾ ਕਿ ਕੇਂਦਰ ਅਤੇ ਰਾਜ ਸਰਕਾਰਾਂ ਪੇਂਡੂ ਕਿਰਤੀਆਂ ਦੇ ਹੱਕ ਵਿੱਚ ਬਣੇ ਇਸ ਕਾਨੂੰਨ ਨੂੰ ਖਤਮ ਕਰਨ ਲਈ ਇੱਕੋ ਜਿੰਨੀਆਂ ਉਤਾਵਲੀਆਂ ਦਿਖਾਈ ਦੇ ਰਹੀਆਂ ਹਨ। ਇਹਨਾਂ ਲੋਕ ਵਿਰੋਧੀ ਸਰਕਾਰਾਂ ਦੇ ਹਮਲੇ ਨੂੰ ਕਿਰਤੀ ਲੋਕਾਂ ਦਾ ਏਕਾ ਅਤੇ ਸਹੀ ਦਿਸ਼ਾ ਵੱਲ ਕੀਤਾ ਸੰਘਰਸ਼ ਹੀ ਪਛਾੜ ਸਕਦਾ ਹੈ।

ਜਥੇਬੰਦੀ ਦੇ ਸੂਬਾ ਜਨਰਲ ਸਕੱਤਰ ਜਗਸੀਰ ਖੋਸਾ ਨੇ ਕਿਹਾ ਕਿ ਸਰਕਾਰ ਸਰਕਾਰ ਅਤੇ ਅਫਸਰਸਾਹੀ ਨਰੇਗਾ ਨੂੰ ਕਾਨੂੰਨੀ ਤਰੀਕੇ ਨਾਲ ਚਲਾਉਣ ਦੀ ਬਜਾਏ ਆਪਣੇ ਹੀ ਤਰੀਕੇ ਨਾਲ ਚਲਾਉਣ ਦੀ ਕੋਸ਼ਿਸ਼ ਕਰ ਰਹੀਆਂ ਹਨ, ਜਿਸ ਕਾਰਨ ਨਰੇਗਾ ਮਜ਼ਦੂਰਾਂ ਦਾ ਨੁਕਸਾਨ ਹੋ ਰਿਹਾ ਹੈ। ਉਹਨਾ ਕਿਹਾ ਕਿ ਜੇਕਰ ਸਰਕਾਰ ਨੇ ਮੀਂਹ ਦੇ ਦਿਨਾਂ ਤੋਂ ਪਹਿਲਾਂ ਹੀ ਅਗਾਊਂ ਪ੍ਰਬੰਧ ਕਰਦਿਆਂ ਡਰੇਨਾਂ, ਛੱਪੜਾਂ ਆਦਿ ਦੀ ਸਫਾਈ ਕੀਤੀ ਹੁੰਦੀ ਤਾਂ ਜਿਥੇ ਇਸ ਨਾਲ ਨਰੇਗਾ ਮਜ਼ਦੂਰਾਂ ਨੂੰ ਕੰਮ ਮਿਲਦਾ, ਉਥੇ ਇਸ ਸਥਿਤੀ ਤੋਂ ਵੀ ਕਾਫੀ ਹੱਦ ਤੱਕ ਬਚਿਆ ਜਾ ਸਕਦਾ ਸੀ, ਪਰ ਅਫਸੋਸ ਨਾਲ ਕਹਿਣਾ ਪੈ ਰਿਹਾ ਹੈ ਕਿ ਸਰਕਾਰ ਅਤੇ ਪ੍ਰਸ਼ਾਸਨ ਦਾ ਇਸ ਪਾਸੇ ਪਹਿਲਾਂ ਕੋਈ ਧਿਆਨ ਨਹੀਂ ਹੁੰਦਾ, ਬਲਕਿ ਨੁਕਸਾਨ ਕਰਵਾ ਕੇ ਹੀ ਇਹਨਾਂ ਦੀ ਅੱਖ ਖੁੱਲ੍ਹਦੀ ਹੈ। ਮੀਟਿੰਗ ਦੌਰਾਨ ਵਿਚਾਰਿਆ ਗਿਆ ਕਿ ਪਿਛਲੇ ਦਿਨੀਂ ਯੂਨੀਅਨ ਦੇ ਸੂਬਾ ਪ੍ਰਧਾਨ ਕਸ਼ਮੀਰ ਸਿੰਘ ਗਦਾਈਆ 'ਤੇ ਹੋਏ ਹਮਲੇ ਅਤੇ ਬੋਲੇ ਜਾਤੀਸੂਚਕ ਸ਼ਬਦਾਂ ਦੇ ਸੰਬੰਧ ਵਿੱਚ ਜੇਕਰ ਪ੍ਰਸ਼ਾਸਨ ਦੋਸ਼ੀਆਂ ਖਿਲਾਫ ਕਾਰਵਾਈ ਕਰਨ ਵਿੱਚ ਟਾਲ-ਮਟੋਲ ਕਰਦਾ ਹੈ ਤਾਂ ਇਸ ਸੰਬੰਧੀ ਪੰਜਾਬ ਪੱਧਰੀ ਐਕਸ਼ਨ ਕੀਤਾ ਜਾਵੇਗਾ। ਮੀਟਿੰਗ ਦੌਰਾਨ 25-26



ਕਸ਼ਮੀਰ ਸਿੰਘ ਗਦਾਈਆ ਦੀ ਪ੍ਰਧਾਨਗੀ ਹੇਠ ਮੀਟਿੰਗ ਕਰਦੇ ਹੋਏ ਸੂਬਾ ਕਮੇਟੀ ਦੇ ਮੈਂਬਰ।

● ਬਾਕੀ ਸਫ਼ਾ 2 'ਤੇ

## ਡਾ. ਹਰਵਿੰਦਰ ਸਿੰਘ ਨੇ ਬਤੌਰ ਡੀ ਡੀ ਓ ਸਰਕਾਰੀ ਰਣਬੀਰ ਕਾਲਜ ਵਿਖੇ ਕਾਰਜਭਾਰ ਸੰਭਾਲਿਆ

**ਸੰਗਰੂਰ (ਪ੍ਰਵੀਨ ਸਿੰਘ)** ਡਾ. ਹਰਵਿੰਦਰ ਸਿੰਘ ਪ੍ਰਿੰਸੀਪਲ ਸ਼ਹੀਦ ਉਧਮ ਸਿੰਘ ਸਰਕਾਰੀ ਕਾਲਜ ਸੁਨਾਮ ਨੇ ਬਤੌਰ ਡੀ ਡੀ ਓ ਸਰਕਾਰੀ ਰਣਬੀਰ ਕਾਲਜ ਸੰਗਰੂਰ ਵਿਖੇ ਕਾਰਜਭਾਰ ਸੰਭਾਲਿਆ ਅਤੇ ਉਹਨਾਂ ਨੇ ਕਾਲਜ ਦੀ ਬੇਹਤਰੀ ਲਈ ਕੰਮ ਕਰਨ ਅਤੇ ਕਾਲਜ ਨੂੰ ਹੋਰ ਸ਼ਿਖਰਾਂ ਤੇ ਲਿਜਾਉਣ ਸਬੰਧੀ ਆਪਣੀ ਵਚਨਬੱਧਤਾ ਦਰਸ਼ਾਈ। ਇਸ ਮੌਕੇ ਕਾਲਜ ਵਿਖੇ ਪ੍ਰੋ : ਹਰਦੀਪ ਸਿੰਘ, ਪ੍ਰੋ : ਜਗਸੀਰ ਸਿੰਘ, ਪ੍ਰੋ : ਰੁਪਿੰਦਰ ਕੁਮਾਰ ਸ਼ਰਮਾ , ਪ੍ਰੋ : ਵਿਭਾ ਗੁਪਤਾ, ਪ੍ਰੋ : ਨਿਤਿਸ਼ ਅਰੋੜਾ, ਪ੍ਰੋ : ਰਵਿੰਦਰਪਾਲ ਸਿੰਘ, ਪ੍ਰੋ : ਦਵਿੰਦਰ ਕੁਮਾਰ, ਸ਼੍ਰੀ ਤਰਸੇਮ ਤਾਂਗੜੀ (ਦਫਤਰ ਸੁਪਰਡੈਂਟ), ਸ਼੍ਰੀ ਦੀਪ ਇੰਦਰ ਸਿੰਘ, ਸ਼੍ਰੀ ਸੁਰਜੀਤ ਸਿੰਘ, ਸ਼੍ਰੀ ਪੁਨੀਤ ਕੁਮਾਰ, ਸ਼੍ਰੀ ਪ੍ਰਵੀਨ ਕੁਮਾਰ, ਸ਼੍ਰੀ ਮਨਦੀਪ ਕੁਮਾਰ, ਸ਼੍ਰੀ ਲਕਸ਼ੈ, ਸ਼ਹੀਦ ਉਧਮ ਸਿੰਘ ਸਰਕਾਰੀ ਕਾਲਜ, ਸੁਨਾਮ ਦੇ ਸਟਾਫ਼ ਮੈਂਬਰ ਅਤੇ ਪੰਜਾਬ ਸਰਕਾਰ ਦੇ ਲੋਕਲ ਨੁਮਾਇੰਦੇ ਵੀ ਮੌਜੂਦ ਸਨ।

## ਟਰਾਂਸਫਾਰਮਰ 'ਚੋਂ ਤਾਂਬਾ ਚੋਰੀ, ਕਿਸਾਨ ਪ੍ਰੇਸ਼ਾਨ

**ਦੋਦਾ, (ਵਕੀਲ ਬਰਾੜ)**-ਚੋਰਾਂ ਦੇ ਹੌਸਲੇ ਦਿਨੋ ਦਿਨ ਵਧਦੇ ਜਾ ਰਹੇ ਹਨ,ਜਿਸ ਦੀ ਤਾਜ਼ਾ ਮਿਸਾਲ ਬੀਤੀ ਰਾਤ ਦੋਦਾ ਦੇ ਕਿਸਾਨ ਇੰਦਰਜੀਤ ਸਿੰਘ ਰੋਮਾਣਾ ਪੁੱਤਰ ਮਲਕੀਤ ਸਿੰਘ ਦੇ ਟਿਊਬਵੈਲ, ਮੁਕਤਸਰ-ਬਠਿੰਡਾ ਸੜਕ ਦੇ ਨਾਲ ਲੱਗੇ ਟਰਾਂਸਫਾਰਮਰ ਵਿਚੋਂ ਚੋਰਾਂ ਨੇ ਤਾਂਬਾ ਚੋਰੀ ਕਰ ਲਿਆ। ਕਿਸਾਨ ਨੇ ਦੱਸਿਆ ਕਿ ਸ਼ਾਮ ਨੂੰ ਅਸੀਂ ਰੋਜ਼ਾਨਾ ਦੀ ਤਰਾਂ ਘਰ ਗਏ ਹਾਂ ਅਤੇ ਸਵੇਰੇ ਜਦ ਆ ਕੇ ਦੇਖਿਆ ਤਾਂ ਬਿਜਲੀ ਵਾਲੇ ਖੰਭੇ ਤੋਂ ਲਾਹ ਕੇ ਚੋਰਾਂ ਵੱਲੋਂ ਟਰਾਂਸਫਾਰਮਰ ਵਿਚੋਂ ਤਾਂਬਾ ਚੋਰੀ ਕਰ ਲਿਆ, ਜਦ ਕਿ ਖੇਤਾਂ ਨੂੰ ਪਾਣੀ ਲਾਉਣ ਲਈ ਮੋਟਰ ਦੀ ਸਖਤ ਜ਼ਰੂਰਤ ਹੈ। ਉਨਾਂ ਪੁਲਸ ਦੇ ਉਚ ਅਧਿਕਾਰੀਆਂ ਤੋਂ ਮੰਗ ਕੀਤੀ ਹੈ ਕਿ ਚੋਰਾਂ ਨੂੰ ਜਲਦੀ ਨੱਥ ਪਾਈ ਜਾਵੇ।

## ਜ਼ਿਲ੍ਹਾ ਸਿਹਤ ਵਿਭਾਗ ਦੀ ਟੀਮ ਨੇ ਖਾਧ ਪਦਾਰਥਾਂ ਦੇ ਭਰੇ ਸੈਂਪਲ

**ਸਮਾਣਾ ( ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਜ਼ਿਲ੍ਹੇ ਵਿੱਚ ਲੋਕਾਂ ਨੂੰ ਸਾਫ ਸੁਥਰਾ ਖਾਧ ਪਦਾਰਥ ਮੁਹੱਈਆ ਕਰਵਾਉਣ ਅਤੇ ਖਾਧ ਪਦਾਰਥਾਂ ਵਿੱਚ ਹੁੰਦੀ ਮਿਲਾਵਟਖੋਰੀ ਨੂੰ ਰੋਕਣ ਲਈ ਸਿਵਲ ਸਰਜਨ ਡਾ. ਰਮਿੰਦਰ ਕੌਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਸਿਹਤ ਵਿਭਾਗ ਦੀ ਟੀਮ ਵੱਲੋਂ ਪਿੰਡ ਕਾਦਰਾਬਾਦ ਵਿਖੇ ਖਾਣ ਪੀਣ ਵਾਲੀਆਂ ਵਸਤਾਂ ਦੀ ਵਿੱਕਰੀ ਕਰ ਰਹੇ ਦੁਕਾਨਦਾਰਾਂ ਦੀ ਚੈਕਿੰਗ ਕਰਕੇ ਦੁੱਧ ਦੇ ਸੈਂਪਲ ਭਰੇ ਗਏ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਸਿਹਤ ਅਫਸਰ ਡਾ. ਵਿਜੈ ਕੁਮਾਰ ਜਿੰਦਲ ਨੇ ਦੱਸਿਆ ਕਿ ਉਨ੍ਹਾਂ ਦੀ ਟੀਮ ਵਿੱਚ ਫੂਡ ਸੇਫਟੀ ਅਫਸਰ ਜਸਵਿੰਦਰ ਸਿੰਘ ਵੀ ਸ਼ਾਮਲ ਸਨ ਤੇ ਉਨ੍ਹਾਂ ਵੱਲੋਂ ਸਮਾਣਾ ਦੇ ਨਜ਼ਦੀਕ ਪਿੰਡ ਕਾਦਰਾਬਾਦ ਵਿਖੇ ਦੁੱਧ ਦੀਆਂ ਡਾਇਰੀਆਂ ਦੀ ਚੈਕਿੰਗ ਕਰਕੇ ਦੁੱਧ ਦੇ ਚਾਰ ਸੈਂਪਲ ਭਰੇ ਗਏ। ਉਹਨਾਂ ਦੱਸਿਆ ਕਿ ਭਰੇ ਗਏ ਇਹਨਾਂ ਸੈਂਪਲਾਂ ਨੂੰ ਲੈਬਾਰਟਰੀ ਵਿਖੇ ਜਾਂਚ ਲਈ ਭੇਜਿਆ ਜਾਵੇਗਾ ਅਤੇ ਲੈਬਾਰਟਰੀ ਜਾਂਚ ਤੋਂ ਬਾਅਦ ਜੇਕਰ ਸੈਂਪਲ ਫੇਲ੍ਹ ਪਾਏ ਗਏ ਤਾਂ ਸੰਬੰਧਤ ਮਾਲਕਾਂ ਖਿਲਾਫ ਫੂਡ ਸੇਫਟੀ ਐਕਟ ਤਹਿਤ ਬਣਦੀ ਕਾਰਵਾਈ ਕੀਤੀ ਜਾਵੇਗੀ। ਇਸ ਮੌਕੇ ਫੂਡ ਸੇਫਟੀ ਅਫਸਰਾਂ ਵੱਲੋਂ ਦੁਕਾਨਦਾਰਾਂ ਨੂੰ ਵਸਤਾਂ ਦਾ ਉਤਪਾਦ ਕਰਨ ਅਤੇ ਵਿੱਕਰੀ ਸਮੇਂ ਸਾਫ ਸਫਾਈ ਦਾ ਖਾਸ ਧਿਆਨ ਰੱਖਣ ਦੀਆਂ ਹਦਾਇਤਾਂ ਵੀ ਦਿੱਤੀਆਂ।

## ਰਜਨੀਸ਼ ਮਿੱਤਲ ਸੈਂਟੀ ਚੇਅਰਮੈਨ ਤੇ ਕ੍ਰਿਸ਼ਨ ਮੰਗਲਾ ਸਰਬਸੰਮਤੀ ਨਾਲ ਪ੍ਰਧਾਨ ਚੁਣੇ

**ਨਾਭਾ, (ਵਰਿੰਦਰ ਵਰਮਾ)** ਨਾਭਾ ਉਤਸਵ ਸੰਮਤੀ ਨਾਭਾ ਦੀ ਪ੍ਰਧਾਨਗੀ ਨੂੰ ਲੈ ਕੇ ਮਾਤਾ ਰਾਣੀ ਮੰਦਿਰ ਭਿੱਖੀ ਮੋੜ ਵਿਖੇ ਮੀਟਿੰਗ ਹੋਈ। ਇਸ ਮੌਕੇ ਸਹਿਰ ਦੀਆਂ ਵੱਖ ਵੱਖ ਧਾਰਮਕ-ਸਮਾਜਕ ਸੰਸਥਾਵਾਂ ਦੇ ਪ੍ਰਧਾਨ ਅਤੇ ਮੈਂਬਰ ਵੱਡੀ ਗਿਣਤੀ ਵਿੱਚ ਹਾਜ਼ਰ ਸਨ। ਜਿਸ ਵਿਚ ਸਰਬਸੰਮਤੀ ਨਾਲ ਸਾਬਕਾ ਨਗਰ ਕੌਂਸਲ ਪ੍ਰਧਾਨ ਰਜਨੀਸ਼ ਮਿੱਤਲ ਸੈਂਟੀ ਨੂੰ ਮੁੜ ਚੇਅਰਮੈਨ ਚੁਣਿਆ ਗਿਆ ਅਤੇ ਸ੍ਰੀ ਦੁਰਗਾ ਸੇਵਾ ਮੰਡਲ ਦੇ ਪ੍ਰਧਾਨ ਕ੍ਰਿਸ਼ਨ ਮੰਗਲਾ ਕੁੱਕੀ ਨੂੰ ਪ੍ਰਧਾਨ ਚੁਣਿਆ ਗਿਆ। ਇਸ ਮੌਕੇ ਨਵ ਨਿਯੁਕਤ ਚੇਅਰਮੈਨ ਰਜਨੀਸ਼ ਮਿੱਤਲ ਸੈਂਟੀ ਤੇ ਨਵ-ਨਿਯੁਕਤ ਪ੍ਰਧਾਨ ਕ੍ਰਿਸ਼ਨ ਮੰਗਲਾ ਕੁੱਕੀ, ਜਰਨਲ ਸਕੱਤਰ ਓਮ ਪ੍ਰਕਾਸ਼ ਗਰਗ ਅਤੇ ਕੈਸ਼ੀਅਰ ਸੁਮਿਤ ਗੋਇਲ ਸੈਂਟੀ ਨੇ ਸਮੂਹ ਕਮੇਟੀ ਦੇ ਅਹੁਦੇਦਾਰਾਂ ਅਤੇ ਮੈਂਬਰਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਕਿਹਾ ਕਿ ਜੋ ਜ਼ਿੰਮੇਵਾਰੀ ਉਨ੍ਹਾਂ ਨੂੰ ਦਿੱਤੀ ਗਈ ਹੈ ਉਸ ਨੂੰ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣਗੇ। ਉਨ੍ਹਾਂ ਕਿਹਾ ਕਿ ਇਸ ਵਾਰ ਭਗਵਾਨ ਵਾਮਨ ਅਵਤਾਰ ਦਾ ਦਿਹਾੜਾ ਬੜੀ ਧੂਮਧਾਮ ਨਾਲ ਮਨਾਇਆ ਜਾਵੇਗਾ। ਇਸ ਮੌਕੇ ਸ਼ਾਨਦਾਰ ਸ਼ੋਭਾ ਯਾਤਰਾ ਸ਼ਹਿਰ ਦੇ ਵੱਖ-ਵੱਖ ਬਜ਼ਾਰਾਂ ਅਤੇ ਮੁਹੱਲਿਆ ਵਿਚੋਂ ਕੱਢੀ ਜਾਵੇਗੀ। ਇਸ ਸ਼ੋਭਾ ਯਾਤਰਾ ਵਿਚ 50 ਦੇ ਕਰੀਬ ਸੁੰਦਰ ਝਾਕੀਆਂ ਦਾ ਪ੍ਰਦਰਸ਼ਨ ਕੀਤਾ ਜਾਵੇਗਾ। ਇਸ ਮੌਕੇ ਹਰਿ ਕ੍ਰਿਸ਼ਨ ਸੇਠ, ਅਮਨ ਗੁਪਤਾ, ਚਰਨਜੀਤ ਬਾਤਿਸ਼, ਸਾਬਕਾ ਪ੍ਰਧਾਨ ਜਗਦੀਸ਼ ਮੱਗੋ, ਓਮ ਪ੍ਰਕਾਸ਼ ਗਰਗ, ਐਡਵੋਕੇਟ ਰੋਹਿਤ ਜਿੰਦਲ, ਐਡਵੋਕੇਟ ਨਿਤਿਨ ਜੈਨ, ਪ੍ਰਵੀਨ ਮਿੱਤਲ ਗੋਗੀ, ਰਵਨੀਸ਼ ਗੋਇਲ, ਮੋਹਿਤ ਅਰੋੜਾ, ਵਿਨੋਦ ਕਾਲੜਾ, ਸੰਭੂ ਨਾਥ ਬਿਰਦੀ, ਸ਼ਿਵ ਜਿੰਦਲ, ਮੋਹਨ ਲਾਲ ਮਿੱਤਲ, ਪ੍ਰਮੋਦ ਜਿੰਦਲ, ਸੰਜੇ ਮੱਗੋ, ਪ੍ਰਿੰਸ ਸ਼ਰਮਾ, ਵਿਕਾਸ ਮਿੱਤਲ, ਅਸ਼ੋਕ ਕੁਮਾਰ ਕਾਲਾ, ਸਤਪਾਲ ਬਾਤਿਸ਼, ਭੂਵੇਸ ਬਾਂਸਲ, ਅਭਿਸ਼ੇਕ ਬਾਂਸਲ, ਕ੍ਰਿਸ਼ਨ ਕੌਮੀ, ਰਾਜੇਸ਼ ਗੁਪਤਾ, ਸੰਜੀਵ ਜਿੰਦਲ, ਗੌਤਮ ਬਾਤਿਸ਼, ਪ੍ਰਮੋਦ ਜਿੰਦਲ, ਸਤਪਾਲ ਬਾਤਿਸ਼, ਐਡਵੋਕੇਟ ਸੰਦੀਪ ਸਿੰਗਲਾ, ਪੰਕਜ ਜੈਨ ਆਦਿ ਮੈਂਬਰਾਂ ਵੱਲੋਂ ਨਵ ਨਿਯੁਕਤ ਚੇਅਰਮੈਨ ਰਜਨੀਸ਼ ਮਿੱਤਲ ਸੈਂਟੀ ਤੇ ਨਵ-ਨਿਯੁਕਤ ਪ੍ਰਧਾਨ ਕ੍ਰਿਸ਼ਨ ਮੰਗਲਾ ਦਾ ਸਨਮਾਨ ਕੀਤਾ ਗਿਆ।

## ਭਾਰਤ-ਪਾਕਿ ਸਰਹੱਦ 'ਤੇ ਬੀ ਐੱਸ ਐੱਫ ਨੇ ਸੰਭਾਲਿਆ ਹੜ੍ਹ ਰਾਹਤ ਕੰਮਾਂ ਦਾ ਮੋਰਚਾ

**ਫਾਜ਼ਿਲਕਾ (ਨਿਸ਼ਾ ਸ਼ਰਮਾ)** ਫਾਜ਼ਿਲਕਾ-ਭਾਰਤ-ਪਾਕਿ ਸੀਮਾ ਦੇ ਨਾਲ ਲਗਦੇ ਖੇਤਰ ਵਿਚ ਖੇਤਰ 'ਚ ਭਿਆਨਕ ਹੜ੍ਹਾਂ ਨੂੰ ਰੋਕਣ ਲਈ ਸੀਮਾ ਸੁਰੱਖਿਆ ਬਲ ਵੀ ਦਿਨ-ਰਾਤ ਕੰਮ ਕਰ ਰਿਹਾ ਹੈ। ਬੀਤੀ ਸਾਮ ਬੀ ਐਸ ਐਫ ਦੀ 66ਵੀਂ ਬਟਾਲੀਅਨ ਦੇ ਡਿਪਟੀ ਕਮਾਂਡੈਂਟ ਸੁਰਿੰਦਰ ਕੁਮਾਰ ਬੋਹਟਾ ਦੀ ਅਗਵਾਈ ਵਿੱਚ ਬੀ ਐਸ ਐਫ ਦੇ ਅਧਿਕਾਰੀਆਂ ਅਤੇ ਜਵਾਨਾਂ ਨੇ ਸਰਹੱਦ ਨੇੜੇ ਕੰਡਿਆਲੀ ਤਾਰ ਕੋਲ ਸਤਲੁਜ ਦਰਿਆ ਤੋਂ ਵੱਧ ਰਹੇ ਪਾਣੀ ਨੂੰ ਰੋਕਣ ਲਈ ਬੰਨ੍ਹ ਨੂੰ ਮਜਬੂਤ ਕਰਨ ਦਾ ਕੰਮ ਕੀਤਾ। ਇਸ ਮੌਕੇ ਉਨ੍ਹਾਂ ਨਾਲ ਬਾਰਡਰ ਏਰੀਆ ਵਿਕਾਸ ਫਰੰਟ ਦੇ ਪ੍ਰਧਾਨ ਅਤੇ ਬੀਐਸਐਫ ਦੇ ਕੋਆਰਡੀਨੇਟਰ ਲੀਲਾਧਰ ਸਰਮਾ ਵੀ ਮੌਜੂਦ ਸਨ। ਉਨ੍ਹਾਂ ਦੱਸਿਆ ਕਿ ਸਰਹੱਦ ਦੀ ਰਾਖੀ ਕਰਨ ਦੇ ਨਾਲ-ਨਾਲ ਬੀ.ਐਸ.ਐਫ ਵੀ ਹਮੇਸਾ ਦੀ ਤਰ੍ਹਾਂ ਸਰਹੱਦੀ ਪਿੰਡਾਂ ਦੇ ਸਮਾਜ ਸੇਵੀ ਕੰਮਾਂ ਵਿੱਚ ਅੱਗੇ ਹੋ ਕੇ ਰਾਹਤ ਕਾਰਜਾਂ ਵਿੱਚ ਲੱਗੀ ਹੋਈ ਹੈ। ਇਸ ਤੋਂ ਪਹਿਲਾਂ ਵੀ 1985 ਅਤੇ 1996 ਵਿੱਚ ਆਏ ਭਿਆਨਕ ਹੜ੍ਹਾਂ ਦੌਰਾਨ ਬੀਐਸਐਫ ਦੇ ਜਵਾਨਾਂ ਨੇ ਰਾਹਤ ਕਾਰਜਾਂ ਦੇ ਹਿੱਸੇ ਵਜੋਂ ਸੈਂਕੜੇ ਪਿੰਡ ਵਾਸੀਆਂ ਨੂੰ ਸੁਰੱਖਿਅਤ ਥਾਵਾਂ 'ਤੇ ਪਹੁੰਚਾਉਣ ਵਿੱਚ ਮਦਦ ਕੀਤੀ ਸੀ। ਰਾਹਤ ਕਾਰਜਾਂ ਵਿੱਚ ਪਿੰਡ ਦੀਆਂ ਔਰਤਾਂ ਵੀ ਆਪਣੇ ਪਿੰਡ ਨੇੜੇ ਬੰਨ੍ਹ ਨੂੰ ਮਜਬੂਤ ਕਰਨ ਵਿੱਚ ਜੁਟੀਆਂ ਰਹੀਆਂ।

## ਕਾਂਵੜ ਸੰਘ ਦੇ ਜੱਥੇ ਨੂੰ ਕ੍ਰਿਸ਼ਨ ਗੋਪਾਲ ਟੀਟੀ ਨੇ ਦਿੱਤੀ ਹਰੀ ਝੰਡੀ

**ਬਾਘਾ ਪੁਰਾਣਾ, (ਮਨੀ ਸਿਗਲਾ)** ਸਾਉਣ ਮਹੀਨੇ ਦੀ ਸ਼ਿਵਰਾਤਰੀ 15 ਜੁਲਾਈ ਨੂੰ ਬਹੁਤ ਹੀ ਧੂਮ-ਧਾਮ ਨਾਲ ਮਨਾਈ ਜਾ ਰਹੀ ਹੈ, ਜਿਸ ਦੇ ਸੰਬੰਧ 'ਚ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਹਰ ਹਰ ਮਹਾਂਦੇਵ ਕਾਂਵੜ ਸੰਘ ਦਾ 23ਵਾਂ ਜੱਥਾ ਪਵਿੱਤਰ ਗੰਗਾ ਜਲ ਲੈਣ ਲਈ ਹਰਿਦੁਆਰ ਲਈ ਸ਼੍ਰੀ ਸ਼ਿਵ ਮੰਦਰ ਮੋਗਾ ਰੋਡ ਤੋਂ ਰਵਾਨਾ ਹੋਇਆ। ਰਵਾਨਾ ਹੋਣ ਤੋਂ ਪਹਿਲਾ ਮੰਦਰ ਵਿਖੇ ਪੰਡਤ ਜੀ ਦੁਆਰਾ ਪੂਜਨ ਕਰਵਾਇਆ ਗਿਆ ਅਤੇ ਕਾਂਵੜ ਸੰਘ ਦੇ ਜੱਥੇ ਨੂੰ ਹਰੀ ਝੰਡੀ ਦੇਣ ਦੀ ਰਸਮ ਕ੍ਰਿਸ਼ਨ ਗੋਪਾਲ ਟੀਟੀ ਅਤੇ ਸੋਨੇ ਸਿਗਲਾ ਨੇ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਇਸ ਮੌਕੇ ਪ੍ਰਬੰਧਕ ਕਮੇਟੀ ਵੱਲੋਂ ਸਿੰਗਲਾ ਪਰਿਵਾਰ ਨੂੰ ਸਨਮਾਨਿਤ ਕਰ ਕੇ ਧੰਨਵਾਦ ਕੀਤਾ ਗਿਆ। ਹਰ ਹਰ ਮਹਾਂਦੇਵ ਦਾ ਜੱਥਾ 15 ਜੁਲਾਈ ਨੂੰ ਬਾਘਾ ਪੁਰਾਣਾ ਵਿਖੇ ਪਹੁੰਚੇਗਾ ਅਤੇ ਪਵਿੱਤਰ ਗੰਗਾ ਜਲ ਸ਼ਿਵਲਿੰਗ 'ਤੇ ਚੜਾਇਆ ਜਾਵੇਗਾ। ਇਸ ਮੌਕੇ ਸ਼੍ਰੀ ਸ਼ਿਵ ਮੰਦਰ ਕਮੇਟੀ ਦੇ ਪ੍ਰਧਾਨ ਬਲਵਿੰਦਰ ਗਰਗ, ਕ੍ਰਿਸ਼ਨ ਗਰਗ, ਸ਼੍ਰੀ ਸਾਲਾਸਰ ਬਾਲਾ ਜੀ ਸੇਵਾ ਮੰਡਲ ਦੇ ਪ੍ਰਧਾਨ ਵਿਜੇ ਗੁਪਤਾ, ਗਰੀਨ ਸਿਟੀ ਕਲੱਬ ਦੇ ਪ੍ਰਧਾਨ ਸੁਰੇਸ਼ ਗੋਇਲ, ਰਾਮ ਸੇਵਕ ਬਾਬਾ, ਜਤਿਨ ਗੋਇਲ, ਸ਼੍ਰੀ ਰਾਮ ਲੀਲਾ ਉਤਸ਼ਵ ਕਮੇਟੀ ਦੇ ਪ੍ਰਧਾਨ ਦੀਪਕ ਗਰਗ ਬੋਬੀ, ਸੰਦੀਪ ਠੰਡੂ, ਜੁਗਨੂੰ ਜਿੰਦਲ, ਨਿਤੀਸ ਅਰੋੜਾ,ਮੋਨੂੰ ਸਿੰਗਲਾ, ਹੇਮਰਾਜ ਫਰਡ, ਪ੍ਰਸਿੰਨ ਕੁਮਾਰ, ਵਿਜੇ ਸ਼ਰਮਾ, ਵਿੱਕੀ, ਵਿਪਨ ਕੁਮਾਰ ਨਿਹਾਲ ਸਿੰਘ ਵਾਲਾ, ਅਸ਼ਵਨੀ ਸ਼ਰਮਾਂ ਅਤੇ ਹੋਰ ਹਾਜ਼ਰ ਸਨ।

## ਸ੍ਰੀ ਨੈਣਾ ਦੇਵੀ ਮੰਦਰ 'ਚ 34ਵਾਂ ਭੰਡਾਰਾ ਲਾਉਣ ਸੰਬੰਧੀ ਫੈਸਲਾ

**ਤਪਾ ਮੰਡੀ (ਅਰੁਣ ਗੋਇਲ)**-ਢਿਲਵਾਂ ਰੋਡ ਸਥਿਤ ਸ੍ਰੀ ਨੈਣਾ ਦੇਵੀ ਮੰਦਰ ਕਮੇਟੀ (ਰਜਿ) ਤਪਾ ਦੀ ਬੈਠਕ ਪ੍ਰਧਾਨ ਜਤਿੰਦਰ ਟੌਨੀ ਢਿੱਲਵਾਂ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਸ੍ਰੀ ਨੈਣਾ ਦੇਵੀ ਮੰਦਰ (ਹਿਮਾਚਲ) ਵਿਖੇ 34ਵਾਂ ਹਰ ਸਾਲ ਦੀ ਤਰ੍ਹਾਂ ਲਗਾਏ ਜਾਂਦੇ ਭੰਡਾਰੇ ਸੰਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਜਿਸ ਵਿੱਚ ਸਰਬਸੰਮਤੀ ਨਾਲ ਫੈਸਲਾ ਲਿਆ ਗਿਆ ਕਿ ਸ੍ਰੀ ਨੈਣਾ ਦੇਵੀ ਮੰਦਰ (ਹਿਮਾਚਲ) ਵਿਖੇ 16 ਅਗਸਤ ਤੋਂ 26 ਅਗਸਤ ਤੱਕ ਲਗਾਇਆ ਜਾਵੇਗਾ ਅਤੇ 12 ਅਗਸਤ ਨੂੰ ਮਹਾਂਮਾਈ ਦਾ ਵਿਸ਼ਾਲ ਜਾਗਰਣ, ਅਗਰਵਾਲ ਧਰਮਸ਼ਾਲਾ ਤਪਾ ਵਿਖੇ ਹੋਵੇਗਾ। ਮੀਟਿੰਗ 'ਚ ਸਰਪ੍ਰਸਤ ਜੀਵਨ ਕੁਮਾਰ ਭੂਤ, ਵਾਈਸ ਚੇਅਰਮੈਨ ਸੀਤਾ ਰਾਮ, ਬੰਤ ਸਿੰਘ ਮੀਤ ਪ੍ਰਧਾਨ, ਸਨਰਲ ਸਕੱਤਰ ਸੁਰਿੰਦਰ ਕੁਮਾਰ ਗਰਗ, ਜੁਆਇੰਟ ਸਕੱਤਰ ਹਰਵਿੰਦਰ ਪਾਲ ਮਿੱਤਲ, ਕੈਸ਼ੀਅਰ ਅੱਛਰੂ ਰਾਮ, ਉਪ ਖਜਾਨਚੀ ਸੰਜੀਵ ਕੁਮਾਰ, ਸੁਰੇਸ਼ ਕੁਮਾਰ, ਮਨੋਜ ਕੁਮਾਰ, ਬੁੱਕਣ ਸਿੰਘ, ਸ਼ਿਵ ਦਿਆਲ, ਲਛਮਣ ਦਾਸ਼, ਅੰਕੁਸ਼, ਕਮਲ ਦਾਸ, ਗਿਆਨ ਚੰਦ, ਮੁਨੀਸ਼ ਚੱਕੀ ਵਾਲਾ, ਮੱਖਣ ਡੀਪੂ ਵਾਲਾ, ਜੰਟਾ ਹਲਵਾਈ, ਕ੍ਰਿਸ਼ਨ ਲਾਲ ਭਦੌੜ, ਖੁਸ਼ਦੀਪ ਪੱਖੋ, ਰਾਜੂ ਮਾਰਕੰਡਾ ਆਦਿ ਮੈਂਬਰ ਹਾਜ਼ਰ ਸਨ।

## ਐੱਸ ਡੀ ਐੱਮ ਗਿਦੜਬਾਹਾ ਨੇ ਸਮਾਜ ਸੇਵੀ ਸੰਸਥਾ ਦੇ ਨੁਮਾਇੰਦਿਆਂ ਨਾਲ ਕੀਤੀ ਮੀਟਿੰਗ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)** ਜਸ਼ਨਜੀਤ ਸਿੰਘ ਐਸ ਡੀ ਐਮ ਗਿਦੜਬਾਹਾ ਨੇ ਐਸ.ਡੀ.ਐਮ ਦਫਤਰ ਗਿਦੜਬਾਹਾ ਵਿਖੇ ਸ਼ਹਿਰ ਦੀਆਂ ਵੱਖ ਵੱਖ ਸਮਾਜ ਸੇਵੀ ਸੰਸਥਾਵਾ ਦੇ ਮੁੱਖੀਆਂ ਨਾਲ ਇਲਾਕੇ ਵਿਚ ਸੰਭਾਵਿਤ ਹੜ੍ਹਾਂ ਵਰਗੀ ਸਥੀਤੀ ਨਾਲ ਨਜਿੱਠਣ ਲਈ ਮੀਟਿੰਗ ਕੀਤੀ। ਇਸ ਮੌਕੇ ਐਸ ਡੀ ਐਮ ਨੇ ਸਮਾਜ ਸੇਵੀ ਸੰਸਥਾਵਾਂ ਅਤੇ ਇਲਾਕਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਸੰਭਾਵਿਤ ਹੜ੍ਹਾਂ ਦੀ ਸਥੀਤੀ ਵਿਚ ਪ੍ਰਸ਼ਾਸ਼ਨ ਨੂੰ ਸਹਿਯੋਗ ਕਰਨ ਤਾਂ ਜ਼ੋ ਇਲਾਕਾ ਨਿਵਾਸੀਆਂ ਨੂੰ ਮੁਸ਼ਕਿਲ ਪੇਸ਼ ਨਾ ਆਵੇ ਅਤੇ ਹੜ੍ਹਾਂ ਦੇ ਪਾਣੀ ਨਾਲ ਹੋਣ ਵਾਲੇ ਜਾਨੀ ਅਤੇ ਮਾਲੀ ਨੁਕਸਾਨ ਤੋਂ ਬਚਾਇਆ ਜਾ ਸਕੇ। ਉਹਨਾਂ ਇਲਾਕੇ ਦੇ ਦਾਨੀ ਸੱਜਣਾਂ ਨੂੰ ਅਪੀਲ ਕੀਤੀ ਜੇਕਰ ਸੰਭਾਵਿਤ ਹੜ੍ਹਾਂ ਦੀ ਸਥੀਤੀ ਬਣਦੀ ਹੈ ਤਾਂ ਉਹ ਆਪਸੀ ਵੈਰ ਵਿਰੋਧ ਭੁਲਾ ਕੇ ਇਕ ਦੂਜੇ ਦੀ ਵੱਧ ਤੋਂ ਵੱਧ ਮਦਦ ਕਰਨ। ਇਸ ਮੌਕੇ ਸਮਾਜ ਸੇਵੀ ਸੰਸ਼ਥਾਵਾਂ ਦੇ ਨੁਮਾਇੰਦਿਆਂ ਨੇ ਅਸ਼ਵਾਸ਼ਨ ਦਿਤਾ ਕਿ ਸੰਭਾਵਿਤ ਹੜ੍ਹਾਂ ਦੀ ਸਥੀਤੀ ਵਿਚ ਉਹ ਜਿਲ੍ਹਾ ਪ੍ਰਸ਼ਾਸ਼ਨ ਦਾ ਪੂਰਨ ਸਹਿਯੋਗ ਕਰਨਗੇ।

## ਹੜ੍ਹ ਪ੍ਰਭਾਵਿਤ ਲੋਕਾਂ ਦੀ ਮਦਦ ਲਈ ਹਮੇਸ਼ਾ ਹਾਜ਼ਰ ਰਹਾਂਗੇ : ਜਸਪ੍ਰੀਤ ਛਾਬੜਾ

**ਮੁਕਤਸਰ (ਸ਼ਮਿੰਦਰਪਾਲ /ਪੂਜਾ)**-ਫ੍ਰੀਡਮ ਫਾਈਟਰ ਉਤਰਾਅਧਿਕਾਰੀ ਜਸਪ੍ਰੀਤ ਸਿੰਘ ਛਾਬੜਾ ਨੇ ਕਿਹਾ ਕਿ ਖਰਾਬ ਮੌਸਮ ਦੇ ਕਰਕੇ ਹੜ੍ਹ ਪ੍ਰਭਾਵਿਤ ਇਲਾਕਿਆਂ ਲਈ ਮੁਕਤੀਸਰ ਵੈਲਫੇਅਰ ਕਲੱਬ ਹਮੇਸ਼ਾਂ ਹਾਜ਼ਰ ਰਹੇਗੀ। ਉਹਨਾਂ ਪੁਲਸ ਪ੍ਰਸ਼ਾਸਨ ਦੇ ਉੱਚ ਅਧਿਕਾਰੀਆਂ ਨਾਲ ਮੀਟਿੰਗ ਕਰਦੇ ਹੋਏ ਕਿਹਾ ਕਿ ਪਰਮਾਤਮਾ ਨਾ ਕਰੇ ਕਿ ਸ੍ਰੀ ਮੁਕਤਸਰ ਸਾਹਿਬ ਦੇ ਲੋਕਾਂ ਨੂੰ ਹੜ੍ਹ ਵਰਗੀ ਸਥਿਤੀ ਤੋਂ ਲੰਘਣਾ ਪਵੇ। ਜੇਕਰ ਕੁਦਰਤੀ ਤੌਰ 'ਤੇ ਇਹੋ ਜਿਹੀ ਸਥਿਤੀ ਆਉਂਦੀ ਹੈ ਤਾਂ ਮੁਕਤੀਸਰ ਵੈਲਫੇਅਰ ਕਲੱਬ ਦੀ ਟੀਮ ਹਮੇਸ਼ਾ ਲੋਕਾਂ ਦੀ ਮਦਦ ਲਈ 24 ਘੰਟੇ ਹਾਜ਼ਰ ਰਹੇਗੀ।

# 25 ਗ੍ਰਾਮ ਹੈਰੋਇਨ, 7 ਹਜ਼ਾਰ ਰੁਪਏ ਡਰੱਗ ਮਨੀ ਸਮੇਤ 2 ਕਾਬੂ

**ਜਲਾਲਾਬਾਦ, (ਜੀਤ ਕੁਮਾਰ)**-ਥਾਣਾ ਸਿਟੀ ਅਤੇ ਥਾਣਾ ਵੈਰੋਕੇ ਦੀ ਪੁਲਸ ਵੱਲੋਂ 25 ਗ੍ਰਾਮ ਹੈਰੋਇਨ, 7 ਹਜ਼ਾਰ ਰੁਪਏ ਡਰੱਗ ਮਨੀ ਅਤੇ ਇਕ ਮੋਟਰਸਾਈਕਲ ਸਣੇ 2 ਵਿਅਕਤੀਆਂ ਨੂੰ ਕਾਬੂ ਕੀਤਾ ਗਿਆ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਸਹਾਇਕ ਥਾਣੇਦਾਰ ਹੁਸ਼ਿਆਰ ਚੰਦ ਅਤੇ ਸਹਾਇਕ ਥਾਣੇਦਾਰ ਮੁਖਤਿਆਰ ਸਿੰਘ ਜੋ ਕਿ ਪੁਲਸ ਪਾਰਟੀ ਸਮੇਤ ਗਸ਼ਤ ਦੌਰਾਨ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਕਰਦੇ ਹੋਏ ਜਲਾਲਾਬਾਦ ਸ਼ਹਿਰ ਵਿਚ ਸੇਠੀ ਹਸਪਤਾਲ ਦੇ ਨਜ਼ਦੀਕ ਦੇਰ ਰਾਤ ਕਰੀਬ ਸਾਢੇ 9 ਵਜੇ ਪੁੱਜੇ ਤਾਂ ਇਸ ਦੌਰਾਨ ਇਕ ਵਿਅਕਤੀ, ਜਿਸ ਨੇ ਪੁਲਸ ਪਾਰਟੀ ਨੂੰ ਵੇਖ ਕੇ ਆਪਣੀ ਲੋਅਰ ਦੀ ਸੱਜੀ ਜੇਬ ਵਿਚੋਂ ਲਿਫਾਫਾ ਕੱਢ ਕੇ ਸੁੱਟ ਦਿੱਤਾ ਅਤੇ ਤੇਜ਼ੀ ਨਾਲ ਪੈਦਲ ਚੱਲ ਕੇ ਗਲੀ ਵਿਚ ਜਾਣ ਲੱਗਿਆ। ਪੁਲਸ ਪਾਰਟੀ ਨੂੰ ਇਸ ਵਿਅਕਤੀ ਵੱਲੋਂ ਸੁੱਟੇ ਲਿਫਾਫੇ ਵਿਚ ਕੋਈ ਨਸ਼ੀਲੀ ਵਸਤੂ ਹੋਣ ਦਾ ਸ਼ੱਕ ਹੋਣ 'ਤੇ ਪੁਲਸ ਨੇ ਇਸ ਵਿਅਕਤੀ ਨੂੰ ਕਾਬੂ ਕਰਕੇ ਸੁੱਟੇ ਲਿਫਾਫੇ ਦੀ ਚੈਕਿੰਗ ਕੀਤੀ ਤਾਂ ਉਸ ਵਿਚੋਂ 5 ਗ੍ਰਾਮ ਹੈਰੋਇਨ ਬਰਾਮਦ ਹੋਈ। ਜਿਸ 'ਤੇ ਪੁਲਸ ਨੇ ਇਸ ਵਿਅਕਤੀ ਨੂੰ ਹੈਰੋਇਨ ਸਣੇ ਕਾਬੂ ਕਰ ਲਿਆ। ਪੁਲਸ ਪੁਛਗਿੱਛ ਦੌਰਾਨ ਇਸ ਵਿਅਕਤੀ ਦੀ ਪਹਿਚਾਣ ਜਸਵਿੰਦਰ ਸਿੰਘ ਉਰਫ ਨਿੰਮਾ ਪੁੱਤਰ ਸ਼ਾਮ ਸਿੰਘ ਵਾਸੀ ਕਨਲਾ ਵਾਲੇ ਝੁੱਗੇ ਵਜੋਂ ਹੋਈ ਹੈ। ਉਧਰ, ਸਹਾਇਕ ਥਾਣੇਦਾਰ ਅਮਰੀਕ ਸਿੰਘ ਅਤੇ ਸਹਾਇਕ ਥਾਣੇਦਾਰ ਸਤਪਾਲ ਸਮੇਤ ਪੁਲਸ ਪਾਰਟੀ ਦੇ ਨਾਲ ਗਸ਼ਤ ਕਰਦੇ ਹੋਏ ਪਿੰਡ ਕਾਠਗੜ੍ਹ ਤੋਂ ਨਹਿਰ ਦੀ ਪਟੜੀ ਤੇ ਪਿੰਡ ਤਾਰੇਵਾਲਾ ਨੂੰ ਜਾ ਰਹੇ ਸੀ ਤਾਂ ਸਾਹਮਣੇ ਤੋਂ ਇਕ ਮੋਟਰਸਾਈਕਲ ਪਲਟੀਨਾ ਬਿਨਾਂ ਨੰਬਰੀ ਆਉਂਦਾ ਦਿਖਾਈ ਦਿੱਤਾ, ਜਿਸ ਨੂੰ ਇਕ ਵਿਅਕਤੀ ਚਲਾ ਰਿਹਾ ਸੀ ਅਤੇ ਪੁਲਸ ਪਾਰਟੀ ਨੂੰ ਵੇਖ ਕੇ ਪਿੱਛੇ ਵੱਲ ਮੁੜਨ ਲੱਗਿਆ, ਪਰ ਪੁਲਸ ਪਾਰਟੀ ਨੇ ਸ਼ੱਕ ਦੇ ਅਧਾਰ 'ਤੇ ਇਸ ਵਿਅਕਤੀ ਨੂੰ ਕਾਬੂ ਕਰਕੇ ਉਸ ਦੀ ਚੈਕਿੰਗ ਕੀਤੀ ਗਈ ਤਾਂ ਉਸ ਪਾਸੋਂ 20 ਗ੍ਰਾਮ ਹੈਰੋਇਨ ਅਤੇ 7 ਹਜ਼ਾਰ ਰੁਪਏ ਡਰੱਗ ਮਨੀ ਬਰਮਾਦ ਹੋਈ। ਇਸ ਵਿਅਕਤੀ ਦੀ ਪਹਿਚਾਣ ਕਸ਼ਮੀਰ ਸਿੰਘ ਉਰਫ ਸ਼ੀਰਾ ਪੁੱਤਰ ਭਗਵਾਨ ਸਿੰਘ ਵਾਸੀ ਢਾਣੀ ਅੰਬਾਂ ਵਾਲੀ ਦਾਖਲੀ ਕਾਠਗੜ੍ਹ ਵਜੋਂ ਹੋਈ ਹੈ। ਉਪਰੋਕਤ ਕਾਬੂ ਕੀਤੇ ਗਏ ਦੋਵਾਂ ਵਿਅਕਤੀਆਂ ਖਿਲਾਫ ਥਾਣਾ ਸਿਟੀ ਅਤੇ ਥਾਣਾ ਵੈਰੋਕੇ ਵਿਖੇ ਪਰਚਾ ਦਰਜ ਕਰਕੇ ਪੁਲਸ ਵਲੋਂ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ।

## ਕੌੜੀ 'ਚ ਡੇਂਗੂ ਵਿਰੋਧੀ ਜਾਗਰੂਕਤਾ ਕੈਂਪ



**ਖੰਨਾ, (ਸੁਖਵਿੰਦਰ ਸਿੰਘ ਭਾਦਲਾ, ਪਰਮਿੰਦਰ ਸਿੰਘ ਮੋਨੂੰ)**- ਸਿਵਲ ਸਰਜਨ ਲੁਧਿਆਣਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਸੀਨੀਅਰ ਮੈਡੀਕਲ ਅਫਸਰ ਸੀ. ਐਚ. ਸੀ ਮਾਨੂੰਪੁਰ ਡਾ. ਰਵੀ ਦੱਤ ਦੀ ਯੋਗ ਅਗਵਾਈ ਹੇਠ ਤੰਦਰੁਸਤੀ ਸਿਹਤ ਕੇਂਦਰ ਪਿੰਡ ਕਲਾਲ ਮਾਜਰਾ ਦੀ ਟੀਮ ਵੱਲੋਂ ਪਿੰਡ ਕੌੜੀ ਵਿਖੇ ਡੇਂਗੂ ਵਿਰੋਧੀ ਜਾਗਰੂਕਤਾ ਕੈਂਪ ਲਗਾਇਆ। ਇਸ ਕੈਂਪ ਨੂੰ ਸੰਬੋਧਨ ਕਰਦਿਆਂ ਸਿਹਤ ਸੁਪਰਵਾਈਜ਼ਰ ਜਰਨੈਲ ਸਿੰਘ ਮੀਰਪੁਰ ਨੇ ਦੱਸਿਆ ਕਿ ਡੇਂਗੂ ਬੁਖਾਰ ਏਡੀਜ਼ ਐਜੀਪਟੀ ਮੱਛਰ ਦੇ ਕੱਟਣ ਨਾਲ ਫੈਲਦਾ ਹੈ । ਇਹ ਮੱਛਰ ਸਾਫ ਅਤੇ ਖੜ੍ਹੇ ਪਾਣੀ ਵਿੱਚ ਪੈਦਾ ਹੁੰਦਾ ਹੈ। ਇਹ ਮੱਛਰ ਦੀ ਪੈਦਾਇਸ਼ ਰੋਕਣ ਲਈ ਆਪਣੇ ਘਰਾਂ ਨੇੜੇ ਅਤੇ ਘਰਾਂ ਦੀਆਂ ਛੱਤਾਂ ਉਪਰ ਟੁੱਟੇ ਬਰਤਨ, ਪੁਰਾਣੇ ਟਾਇਰ ਨਾ ਰੱਖੋ , ਘਰਾਂ ਵਿੱਚ ਚੱਲ ਰਹੇ ਕੂਲਰ, ਫਰਿਜ ਦੀਆਂ ਟਰੇਆਂ ਆਦਿ ਵਿੱਚ ਪਾਣੀ ਨਾ ਜਮ੍ਹਾਂ ਹੋਣ ਦਿੱਤਾ ਜਾਵੇ। ਕੂਲਰ ਦਾ ਪਾਣੀ ਹਫਤੇ ਵਿਚ ਦੋ ਵਾਰ ਬਦਲੋ। ਸੀ ਐਚ ਓ ਕੁਲਜੀਤ ਕੌਰ ਨੇ ਦੱਸਿਆ ਕਿ ਇਸ ਮੱਛਰ ਦੇ ਕੱਟਣ ਨਾਲ ਪੀੜਤ ਮਰੀਜ਼ ਦਾ ਸਿਰਦਰਦ, ਮਾਸਪੇਸ਼ੀਆਂ ਵਿੱਚ ਦਰਦ ਆਦਿ ਲੱਛਣ ਪਾਏ ਜਾਂਦੇ ਹਨ। ਗੰਭੀਰ ਅਵਸਥਾ ਵਿੱਚ ਮਰੀਜ਼ ਦੇ ਸਰੀਰ ਉਪਰ ਦਾਣੇ, ਮਸੂੜਿਆਂ ਅਤੇ ਪਿਸ਼ਾਬ ਰਾਹੀਂ ਖੂਨ ਆਉਣਾ ਇਸ ਦੀਆਂ ਨਿਸ਼ਾਨੀਆਂ ਹਨ। ਇਸ ਮੌਕੇ ਸਿਹਤ ਕਰਮਚਾਰੀ ਕੁਲਬੀਰ ਸਿੰਘ ਈਸੜੂ ਅਤੇ ਮਨਜੀਤ ਕੌਰ ਨੇ ਕਿਹਾ ਕਿ ਜੇਕਰ ਮਰੀਜ਼ ਵਿਚ ਅਜਿਹੇ ਲੱਛਣ ਪਾਏ ਜਾਣ ਤਾਂ ਪੀੜਤ ਨੂੰ ਤੁਰੰਤ ਨੇੜੇ ਦੇ ਸਿਵਲ ਹਸਪਤਾਲ ਜਾਂ ਸਰਕਾਰੀ ਸਿਹਤ ਸੰਸਥਾਵਾਂ ਨਾਲ ਸੰਪਰਕ ਕਰਨਾ ਚਾਹੀਦਾ ਹੈ। ਪੂਰੇ ਤਨ ਨੂੰ ਢਕਣ ਵਾਲੇ ਕੱਪੜੇ ਪਹਿਨਣੇ ਚਾਹੀਦੇ ਹਨ। ਮੱਛਰ ਭਜਾਓ ਕਰੀਮਾਂ ਅਤੇ ਮੱਛਰਦਾਨੀ ਦਾ ਇਸਤੇਮਾਲ ਕਰਨਾ ਚਾਹੀਦਾ ਹੈ। ਇਸ ਮੌਕੇ ਬਲਵਿੰਦਰ ਕੌਰ ਅਤੇ ਰਾਜਵੰਤ ਕੌਰ ਵੀ ਹਾਜ਼ਰ ਸਨ।

# 14 ਸਾਲਾ ਲੜਕੀ ਦਾ ਬੇਰਹਿਮੀ ਨਾਲ ਕਤਲ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**- ਸ਼ਹਿਰ ਦੀ ਇੱਕ ਬਸਤੀ 'ਚ ਬੀਤੀ ਦੇਰ ਰਾਤ 14 ਸਾਲਾ ਲੜਕੀ ਦਾ ਬੇਰਹਿਮੀ ਨਾਲ ਕਤਲ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਪੁਲਸ ਨੇ ਮ੍ਰਿਤਕ ਲੜਕੀ ਦੇ ਮਾਪਿਆਂ ਦੀ ਸ਼ਿਕਾਇਤ ਦੇ ਆਧਾਰ 'ਤੇ ਗੁਆਂਢੀ ਨੌਜਵਾਨ ਖਿਲਾਫ ਬਲਾਤਕਾਰ ਅਤੇ ਕਤਲ ਦੀਆਂ ਧਾਰਾਵਾਂ ਤਹਿਤ ਮਾਮਲਾ ਦਰਜ ਕਰ ਲਿਆ ਹੈ। ਘਟਨਾ ਦਾ ਪਤਾ ਲੱਗਦਿਆਂ ਹੀ ਡੀ ਐਸ ਪੀ ਪਾਤੜਾਂ ਗੁਰਦੀਪ ਸਿੰਘ ਦਿਓਲ ਅਤੇ ਥਾਣਾ ਸਦਰ ਹਰਮਨਪ੍ਰੀਤ ਸਿੰਘ ਚੀਮਾ ਮੌਕੇ 'ਤੇ ਪੁੱਜੇ ਅਤੇ ਲਾਸ਼ ਨੂੰ ਕਬਜ਼ੇ ਵਿੱਚ ਲੈ ਕੇ ਪੋਸਟਮਾਰਟਮ ਲਈ ਸਿਵਲ ਹਸਪਤਾਲ ਸਮਾਣਾ ਭੇਜ ਦਿੱਤਾ। ਇਸੇ ਦੌਰਾਨ ਮ੍ਰਿਤਕ ਲੜਕੀ ਦੇ ਵਾਰਸਾਂ ਨੇ ਦਿੱਲੀ-ਸੰਗਰੂਰ ਕੌਮੀ ਮਾਰਗ 'ਤੇ ਆਵਾਜਾਈ ਠੱਪ ਕਰਕੇ ਇਨਸਾਫ ਦੀ ਮੰਗ ਕੀਤੀ ਹੈ। ਰੋਸ ਪ੍ਰਦਰਸ਼ਨ ਦੀ ਅਗਵਾਈ ਕਰ ਰਹੇ ਬਸਪਾ ਆਗੂ ਸਰਦੀਪ ਗਾਂਗਟ, ਡਾਕਟਰ ਗੁਰਸੇਵਕ ਸਿੰਘ, ਖੁਸ਼ੀ ਸ਼ੇਰਗੜ੍ਹ, ਮਨਪ੍ਰੀਤ ਸਿੰਘ ਹਾਮਝੇੜੀ, ਸੋਨੀ ਹਰਿਆਊ, ਦੀਪਾ ਚੁਪਕੀ ਅਤੇ ਗੁਰਸੇਵਕ ਸਿੰਘ ਭੂੰਦੜ ਭੈਣੀ ਨੇ ਕਿਹਾ ਕਿ ਕਾਨੂੰਨ ਵਿਵਸਥਾ ਦੀ ਮਾੜੀ ਹਾਲਤ ਦੇ ਚਲਦਿਆਂ ਸੂਬੇ ਵਿੱਚ ਧੀਆਂ ਸੁਰੱਖਿਅਤ ਨਹੀਂ ਹਨ। ਉਹਨਾਂ ਕਿਹਾ ਕਿ ਇੱਕ ਦਰਿੰਦਾ ਸਰੇਆਮ ਨੌਜਵਾਨ ਲੜਕੀ ਨੂੰ ਗੁੰਮਰਾਹ ਕਰਕੇ ਕਤਲ ਕਰ ਦਿੰਦਾ ਹੈ ਪਰ ਪੁਲਸ ਸਾਰੇ ਸਬੂਤਾਂ ਦੇ ਬਾਵਜੂਦ ਕਾਰਵਾਈ ਵਿੱਚ ਢਿੱਲ ਵਰਤ ਰਹੀ ਹੈ। ਇਸ ਦੌਰਾਨ ਮੌਕੇ 'ਤੇ ਪਹੁੰਚੇ ਥਾਣਾ ਮੁਖੀ ਪਾਤੜਾਂ ਹਰਮਨਪ੍ਰੀਤ ਸਿੰਘ ਚੀਮਾ ਅਤੇ ਚੌਕੀ ਇੰਚਾਰਜ ਬਲਜੀਤ ਸਿੰਘ ਵੱਲੋਂ ਕਥਿਤ ਦੋਸ਼ੀ ਖਿਲਾਫ ਕਤਲ ਅਤੇ ਬਲਾਤਕਾਰ ਦੀਆਂ ਧਾਰਾਵਾਂ ਤਹਿਤ ਦਰਜ ਕੀਤੇ ਗਏ ਪਰਚੇ ਦੀ ਐਫ ਆਈ ਆਰ ਦੀ ਕਾਪੀ ਵਾਰਸਾਂ ਨੂੰ ਸੌਂਪੇ ਜਾਣ ਮਗਰੋਂ ਪਰਵਾਰਕ ਮੈਂਬਰ ਅਤੇ ਰਿਸ਼ਤੇਦਾਰ ਸ਼ਾਂਤ ਹੋਏ। ਡੀ ਐਸ ਪੀ ਗੁਰਦੀਪ ਸਿੰਘ ਦਿਓਲ ਨੇ ਦੱਸਿਆ ਕਿ ਬੀਤੀ ਰਾਤ 8 ਵਜੇ ਦੇ ਕਰੀਬ ਮ੍ਰਿਤਕ ਦੇ ਵਾਰਸਾਂ ਨੇ ਪੁਲਸ ਨੂੰ ਸੂਚਨਾ ਦਿੱਤੀ ਕਿ ਉਨ੍ਹਾਂ ਦੀ ਲੜਕੀ ਪਿਛਲੇ ਕੁਝ ਸਮੇਂ ਤੋਂ ਲਾਪਤਾ ਹੈ ਤਾਂ ਮਹਿਸੂਸ ਹੋਇਆ ਕਿ ਕੋਈ ਨੌਜਵਾਨ ਲੜਕੀ ਨੂੰ ਆਪਣੇ ਨਾਲ ਲੈ ਕੇ ਜਾ ਰਿਹਾ ਹੈ। ਇਧਰ-ਉਧਰ ਤਲਾਸ਼ੀ ਲੈਣ 'ਤੇ ਮ੍ਰਿਤਕ ਲੜਕੀ ਦੀ ਲਾਸ਼ ਸਰਕਾਰੀ ਐਲੀਮੈਂਟਰੀ ਸਕੂਲ ਦੀ ਇਮਾਰਤ ਦੇ ਪਿੱਛੇ ਸੁੰਨਸਾਨ ਥਾਂ 'ਤੇ ਪਈ ਮਿਲੀ। ਮ੍ਰਿਤਕ ਦੇ ਚਿਹਰੇ ਦੀ ਹਾਲਤ ਬਹੁਤ ਖਤਰਨਾਕ ਸੀ, ਜਿਸ ਨੂੰ ਪੁਲਸ ਨੇ ਕਬਜ਼ੇ 'ਚ ਲੈ ਕੇ ਪੋਸਟਮਾਰਟਮ ਕਰਵਾਉਣ ਤੋਂ ਬਾਅਦ ਵਾਰਸਾਂ ਹਵਾਲੇ ਕਰ ਦਿੱਤਾ। ਉਨ੍ਹਾਂ ਦੱਸਿਆ ਕਿ ਪੁਲਸ ਨੇ ਜਬਰ-ਜਨਾਹ ਅਤੇ ਕਤਲ ਦੀਆਂ ਧਾਰਾਵਾਂ ਤਹਿਤ ਕੇਸ ਦਰਜ ਕਰ ਲਿਆ ਹੈ ਅਤੇ ਮੁਲਜ਼ਮਾਂ ਨੂੰ ਜਲਦੀ ਗ੍ਰਿਫਤਾਰ ਕਰ ਲਿਆ ਜਾਵੇਗਾ।

## ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਜ਼ਿਲ੍ਹਾ ਪੱਧਰੀ ਕਮੇਟੀ ਦੀ ਮੀਟਿੰਗ

**ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ /ਪੂਜਾ)** ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਜ਼ਿਲ੍ਹਾ ਪੱਧਰੀ ਕਮੇਟੀ ਦੀ ਮੀਟਿੰਗ ਸ੍ਰੀ ਬਿਕਮਰਜੀਤ ਸਿੰਘ ਸ਼ੇਰਗਿੱਲ ਵਧੀਕ ਡਿਪਟੀ ਕਮਿਸ਼ਨਰਸ੍ਰੀ ਮੁਕਤਸਰ ਸਾਹਿਬ ਦੀ ਪ੍ਰਧਾਨਗੀ ਹੇਠ ਦਫਤਰ ਡਿਪਟੀ ਕਮਿਸਨਰ ਵਿਖੇ ਹੋਈ। ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਵਧੀਕ ਡਿਪਟੀ ਕਮਿਸ਼ਨਰ ਨੇ ਪੁਲਸ ਵਿਭਾਗ ਅਤੇ ਸਿਹਤ ਵਿਭਾਗ ਨੂੰ ਹਦਾਇਤ ਕੀਤੀ ਕਿ ਸਕੂਲਾਂ ਅਤੇ ਕਾਲਜਾਂ ਅਤੇ ਧਾਰਮਿਕ ਸੰਸਥਾਵਾਂ ਦੇ 100 ਮੀਟਰ ਦੇ ਘੇਰੇ ਅੰਦਰ ਸਿਗਰਟ ਅਤੇ ਤੰਬਾਕੂ ਦੀ ਵਿਕਰੀ ਤੇ ਪੂਰਨ ਤੌਰ ਤੇ ਰੋਕਣ ਲਈ ਅਭਿਆਨ ਚਲਾਇਆ। ਇਸ ਮੌਕੇ ਪੰਕਜ ਕੁਮਾਰ ਜਿਲ੍ਹਾ ਸਮਾਜਿਕ ਸੁਰੱਖਿਆ ਅਫਸਰ, ਸ੍ਰੀ ਮੁਕਤਸਰ ਸਾਹਿਬ ਨੇ ਦੱਸਿਆ ਗਿਆ ਕਿ ਮਨਿਸਟਰੀ ਆਫ ਸੋਸ਼ਲ ਜਸਟਿਸ ਐਂਡ ਇੰਮਪਾਵਰਮੈਂਟ ਭਾਰਤ ਸਰਕਾਰ ਵੱਲੋਂ ਨਸ਼ਾ ਮੁਕਤ ਭਾਰਤ ਅਭਿਆਨ ਅਧੀਨ ਪੂਰੇ ਭਾਰਤ 'ਚ 272 ਡਿਸਟ੍ਰਿਕਟ ਦੀ ਚੋਣ ਹੋਈ ਹੈ ਅਤੇ ਜਿਸ ਵਿੱਚ ਪੰਜਾਬ ਦੇ 18 ਜਿਲ੍ਹੇ ਹਨ ਅਤੇ ਜਿਲ੍ਹਾ ਸ੍ਰੀ ਮੁਕਤਸਰ ਸਾਹਿਬ ਵੀ ਇਸ ਵਿੱਚ ਸ਼ਾਮਲ ਹੈ। ਇਸ ਮੁਹਿੰਮ ਤਹਿਤ ਪੁਲਿਸ ਵਿਭਾਗ, ਸਿਹਤ ਵਿਭਾਗ, ਸਿੱਖਿਆ ਵਿਭਾਗ ਅਤੇ ਸਮਾਜਿਕ ਸੁਰੱਖਿਆ ਵਿਭਾਗ ਵੱਲੋਂ ਐਨ.ਜੀ.ਉਜ ਦੇ ਸਹਿਯੋਗ ਨਾਲ ਸਕੂਲਾਂ ਅਤੇ ਕਾਲਜਾਂ ਵਿੱਚ ਜਾਗਰੂਕਤਾਂ ਪ੍ਰੋਗਰਾਮ ਆਯੋਜਿਤ ਕੀਤੇ ਜਾਣੇ ਹਨ ਅਤੇ ਇਸ ਤੋਂ ਇਲਾਵਾ ਇੱਕ ਜਿਲ੍ਹਾ ਪੱਧਰੀ ਅਤੇ 2 ਬਲਾਕ ਪੱਧਰੀ ਸੈਮੀਨਾਰ ਆਯੋਜਿਤ ਕੀਤੇ ਜਾਣੇ ਹਨ। ਪੁਲਸ ਵਿਭਾਗ ਅਤੇ ਸਿਹਤ ਵਿਭਾਗ ਵੱਲੋਂ ਸਕੂਲਾਂ ਅਤੇ ਕਾਲਜਾਂ ਅਤੇ ਧਾਰਮਿਕ ਸੰਸਥਾਵਾਂ ਦੇ 100 ਮੀਟਰ ਦੇ ਘੇਰੇ ਅੰਦਰ ਸਿਗਰਟ/ਤੰਬਾਕੂ ਦੀ ਵਿਕਰੀ ਤੇ ਪੂਰਨ ਤੌਰ ਤੇ ਪਾਬੰਦੀ ਲਈ ਅਭਿਆਨ ਚਲਾਇਆ ਜਾਵੇਗਾ। ਇਸ ਮੌਕੇ ਡਾ. ਭੁਪਿੰਦਰਜੀਤ ਕੌਰ, ਜਿਲ੍ਹਾ ਮੈਡੀਕਲ ਕਮਿਸ਼ਨਰ, ਪੰਕਜ ਕੁਮਾਰ, ਜਿਲ੍ਹਾ ਸਮਾਜਿਕ ਸੁਰੱਖਿਆ ਅਫਸਰ, ਦਿਨੇਸ਼ ਕੁਮਾਰ, ਇੰਨਸਪੈਕਟਰ, ਐਸ ਐਸ ਪੀ ਦਫਤਰ, ਸ੍ਰੀਮਤੀ ਰਾਜਵੰਤ ਕੌਰ, ਸੀ ਡੀ ਪੀ ਓ ਗਿੱਦੜਬਾਹਾ, ਸ੍ਰੀਮਤੀ ਰਣਜੀਤ ਕੌਰ ਬੇਦੀ, ਸੀ.ਡੀ.ਪੀ.ਓ, ਲੰਬੀ, ਸ੍ਰੀਮਤੀ ਨਿਸ਼ਾ ਰਾਣੀ, ਸੁਪਰਵਾਈਜਰ, ਮੇਹਰ ਚੰਦ, ਸਟੈਨੋ, ਜਿਲ੍ਹਾ ਲੋਕ ਸੰਪਰਕ ਅਫਸਰ, ਕਪਿਲ ਸ਼ਰਮਾਂ, ਉਪ-ਜਿਲ੍ਹਾ ਸਿੱਖਿਆ ਅਫਸਰ (ਸੈ.ਸਿ.), ਡਾ. ਨਰੇਸ਼ ਪਰੂਥੀ, ਜਿਲ੍ਹਾ ਕੋਆਰਡੀਨੇਟਰ, ਐਨ.ਜੀ.ਉਜ., ਜਸਪ੍ਰੀਤ ਛਾਬੜਾ, ਮੁਕਤੀਸਰ ਵੈੱਲਫੇਅਰ ਕਲੱਬ, ਸਰਬਜੀਤ ਸਿੰਘ ਦਰਦੀ, ਪ੍ਰਧਾਨ, ਬਿਰਧ ਆਸ਼ਰਮ, ਬੂਟਾ ਰਾਮ ਕਮਰਾ, ਮੈਂਬਰ, ਆਸ਼ੀਰਵਾਦ ਕਲੱਬ, ਬਲਜਿੰਦਰ ਸਿੰਘ, ਮੁਨੀਸ਼ ਵਧਵਾ ਆਦਿ ਹਾਜ਼ਰ ਸਨ।

## ਸੀਟੀ 'ਵਰਸਿਟੀ ਨੂੰ ਮਿਲਿਆ 'ਪੰਜਾਬ ਦੀ ਸਰਵੋਤਮ ਉਭਰਦੀ ਪ੍ਰਾਈਵੇਟ 'ਵਰਸਿਟੀ ਦਾ ਖਿਤਾਬ

**ਜਗਰਾਉਂ, (ਸੰਜੀਵ ਅਰੋੜਾ)**-ਪੀ ਐਚ ਡੀ ਚੈਂਬਰ ਆਫ ਕਾਮਰਸ ਐਂਡ ਇੰਡਸਟਰੀ ਦਿੱਲੀ ਵਿਖੇ 'ਪੰਜਾਬ ਦੀ ਸਰਵੋਤਮ ਉਭਰਦੀ ਪ੍ਰਾਈਵੇਟ ਯੂਨੀਵਰਸਿਟੀ 2023' ਨਾਲ ਸਨਮਾਨਿਤ ਕੀਤਾ ਗਿਆ। ਇਹ ਐਵਾਰਡ ਸਿੱਖਿਆ ਦੇ ਖੇਤਰ 'ਚ ਸੀਟੀ ਯੂਨੀਵਰਸਿਟੀ ਨੂੰ ਸ਼ਾਨਦਾਰ ਅਕਾਦਮਿਕ ਤਜ਼ਰਬੇ ਪ੍ਰਦਾਨ ਕਰਨ ਅਤੇ ਵਿਦਿਆਰਥੀਆਂ ਨੂੰ ਉਨ੍ਹਾਂ ਹੁਨਰਾਂ ਅਤੇ ਗਿਆਨ ਨਾਲ ਸਮਰੱਥ ਬਣਾਉਣ ਲਈ ਯੂਨੀਵਰਸਿਟੀ ਦੀ ਅਟੁੱਟ ਵਚਨਬੱਧਤਾ ਲਈ ਪੀਐਚਡੀ ਚੈਂਬਰ ਆਫ਼ ਕਾਮਰਸ ਐਂਡ ਇੰਡਸਟਰੀਜ਼ ਦੇ ਸਹਿਯੋਗ ਨਾਲ ਡਾਇਲਾਗ ਇੰਡੀਆ ਅਤੇ ਬਿਜ਼ਨਸ ਕਨੈਕਟ ਮੈਗਜ਼ੀਨ ਵੱਲੋਂ ਪ੍ਰਮਾਣ ਵਜੋਂ ਦਿੱਤਾ ਗਿਆ। ਇਸ ਮੌਕੇ ਚਾਂਸਲਰ ਚਰਨਜੀਤ ਸਿੰਘ ਨੇ ਧੰਨਵਾਦ ਪ੍ਰਗਟਾਉਂਦਿਆਂ ਕਿਹਾ ਕਿ ਪੰਜਾਬ ਦੀ ਸਰਵੋਤਮ ਉਭਰਦੀ ਪ੍ਰਾਈਵੇਟ ਯੂਨੀਵਰਸਿਟੀ ਵਜੋਂ ਇਹ ਵੱਕਾਰੀ ਮਾਨਤਾ ਪ੍ਰਾਪਤ ਕਰਕੇ ਬਹੁਤ ਹੀ ਮਾਣ ਮਹਿਸੂਸ ਹੋ ਰਿਹਾ ਹੈ। ਇਹ ਪ੍ਰਾਪਤੀ ਸਾਡੇ ਸਮਰਪਿਤ ਫੈਕਲਟੀ, ਮਿਹਨਤੀ ਵਿਦਿਆਰਥੀਆਂ ਅਤੇ ਸਹਿਯੋਗੀ ਸਟਾਫ਼ ਦੇ ਅਣਥੱਕ ਯਤਨਾਂ ਦਾ ਨਤੀਜਾ ਹੈ। ਪ੍ਰੋ ਚਾਂਸਲਰ ਡਾ. ਮਨਬੀਰ ਸਿੰਘ ਨੇ ਅੱਗੇ ਕਿਹਾ ਕਿ ਇਹ ਖਿਤਾਬ ਸਾਡੇ ਦ੍ਰਿਸ਼ਟੀਕੋਣ ਦੀ ਇਕ ਸੱਚੀ ਪ੍ਰਮਾਣਿਕਤਾ ਹੈ, ਜੋ ਨਵੀਨਤਾ, ਅਕਾਦਮਿਕ ਵਿਕਾਸ ਅਤੇ ਸੰਪੂਰਨ ਵਿਕਾਸ ਨੂੰ ਉਤਸ਼ਾਹਿਤ ਕਰਦਾ ਹੈ। ਉਨ੍ਹਾਂ ਨੇ ਇਸ ਮੌਕੇ ਡਾਇਲਾਗ ਇੰਡੀਆ ਅਤੇ ਬਿਜ਼ਨਸ ਕਨੈਕਟ ਮੈਗਜ਼ੀਨ ਦਾ ਧੰਨਵਾਦ ਕੀਤਾ।

**ਦਫਤਰ ਸੀਨੀਅਰ ਮੈਡੀਕਲ ਅਫਸਰ ਇੰ: ਐੱਸ ਡੀ ਐੱਚ ਸਰਦੂਲਗੜ੍ਹ**

**ਥੋੜ੍ਹੇ ਸਮੇਂ ਦਾ ਟੈਂਡਰ ਨੋਟਿਸ**

**ਸਿਵਲ ਹਸਪਤਾਲ ਸਰਦੂਲਗੜ੍ਹ, ਜ਼ਿਲ੍ਹਾ ਮਾਨਸਾ ਵੱਲੋਂ ਕੰਟੀਨ ਅਤੇ ਐੱਸ ਡੀ ਐੱਚ ਸਰਦੂਲਗੜ੍ਹ ਵਿਖੇ ਚੱਲ ਰਹੀਆਂ ਵੱਖ-ਵੱਖ ਸਕੀਮਾਂ ਅਤੇ ਡਰੱਗ ਸਟੋਰ ਦੀ ਜ਼ਰੂਰਤ ਅਨੁਸਾਰ Ehtical/Branded ਦਵਾਈਆਂ ਦੀ ਐਮਰਜੈਂਸੀ ਰਿਟੇਲ ਲੈਬ/ਰੀਜੈਂਟ/ਜਨਰਿਕ ਮੈਡੀਸਨ ਸਰਜੀਕਲ ਸਾਜ਼ੋ-ਸਮਾਨ/ਪ੍ਰਿੰਟਿੰਗ ਮਟੀਰੀਅਲ/ਬਿਜਲੀ ਦਾ ਸਾਮਾਨ, ਸੈਨੇਟਰੀ ਦਾ ਸਾਮਾਨ, ਏ ਸੀ, ਰੈਜਫਰੀਜਰੇਟਰ ਸਰਵਿਸ ਰਿਪੇਅਰ, ਗਰਭਵਤੀ ਔਰਤਾਂ ਅਤੇ ਜੇ ਐੱਸ ਐੱਸ ਕੇ ਅਧੀਨ ਅਲਟਰਾਸਾਊਂਡ ਅਤੇ ਗਰਭਵਤੀ ਔਰਤਾਂ ਦੇ ਖਾਣ ਲਈ ਡਾਈਟ ਦਾ ਟੈਂਡਰ ਵਿੱਤੀ ਸਾਲ 2023-24 ਲਈ ਟੈਂਡਰ ਫਾਰਮ ਮਿਤੀ 20.7.2023 ਦੁਪਹਿਰ 2.00 ਵਜੇ ਤੱਕ ਜਮ੍ਹਾਂ ਕਰਵਾਏ ਜਾ ਸਕਦੇ ਹਨ। ਮਿਤੀ 21.7.2023 ਨੂੰ ਟੈਂਡਰ ਕਮੇਟੀ ਵੱਲੋਂ ਸਵੇਰੇ 10.00 ਵਜੇ ਖੋਲ੍ਹੇ ਜਾਣਗੇ। ਟੈਂਡਰ ਫਾਰਮ ਖਰੀਦਣ ਉਪਰੰਤ ਕਮਰਾ ਨੰ: 101 ਵਿੱਚੋਂ ਸ਼ਰਤਾਂ ਦੀ ਕਾਪੀ ਪ੍ਰਾਪਤ ਕੀਤੀ ਜਾ ਸਕਦੀ ਹੈ। ਟੈਂਡਰ ਫਾਰਮ ਦੀ ਫੀਸ 500/- ਹੈ ਜੋ ਕਿ ਨਾ-ਮੋੜਨਯੋਗ ਹੈ। ਟੈਂਡਰ ਫਾਰਮ ਦੇ ਨਾਲ ਡਰਾਫਟ ਰਕਮ ਦੇਣੀ ਜ਼ਰੂਰੀ ਹੈ। ਟੈਂਡਰ ਪਾਸ ਅਤੇ ਰੱਦ ਕਰਨ ਦਾ ਅਧਿਕਾਰ ਕਮੇਟੀ ਪਾਸ ਰਾਖਵਾਂ ਹੋਵੇਗਾ।**

**ਸੀਨੀਅਰ ਮੈਡੀਕਲ ਅਫਸਰ ਇੰਜ:**
**ਐੱਸ ਡੀ ਐੱਚ ਸਰਦੂਲਗੜ੍ਹ**

## ਮਾਸੂਮ ਬੱਚੇ ਦੀ ਕੁੱਟਮਾਰ ਕਰਨ ਦੇ ਦੋਸ਼ 'ਚ 4 ਵਿਰੁੱਧ ਪਰਚਾ ਦਰਜ

**ਜਲਾਲਾਬਾਦ, (ਜੀਤ ਕੁਮਾਰ )** - ਪਿੰਡ ਚੱਕ ਸੋਤਰੀਆ ਉਰਫ ਬੰਦੀਵਾਲਾ ਵਿਖੇ ਡੇਰਾ ਭੂੰਮਣ ਸ਼ਾਹ ਵਿਚੋਂ ਜਾਮਣ ਲੈਣ ਗਏ 11 ਸਾਲ ਮਾਸੂਮ ਬੱਚੇ ਦੀ ਕੁੱਟਮਾਰ ਕਰਨ ਦੇ ਦੋਸ਼ ਵਿਚ 4 ਲੋਕਾਂ ਖਿਲਾਫ ਥਾਣਾ ਵੈਰੋਕੇ ਦੀ ਪੁਲਸ ਵੱਲੋਂ ਮੁਕੱਦਮਾ ਦਰਜ ਕੀਤਾ ਗਿਆ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਮੁੱਦਈ ਨਵਪ੍ਰੀਤ ਸਿੰਘ (11) ਪੁੱਤਰ ਗੁਰਦਿੱਤਾ ਸਿੰਘ ਵਾਸੀ ਚੱਕ ਸੋਤਰੀਆ ਉਰਫ ਬੰਦੀਵਾਲਾ ਨੇ ਪੁਲਸ ਕੋਲ ਬਿਆਨ ਦਰਜ ਕਰਵਾਏ ਹਨ ਕਿ 2 ਜੁਲਾਈ ਨੂੰ ਉਹ ਆਪਣੇ ਪਿੰਡ ਦੇ ਡੇਰੇ ਭੂੰਮਣ ਸ਼ਾਹ ਵਿਚੋਂ ਜਾਮਣ ਲੈਣ ਲਈ ਗਿਆ ਸੀ, ਜਿੱਥੇ ਨੰਨੂ ਪੁੱਤਰ ਗੁਰਬਚਨ ਸਿੰਘ, ਜੋਤੀ ਪੁੱਤਰੀ ਗੁਰਬਚਨ ਸਿੰਘ, ਪ੍ਰੀਤੋ ਬਾਈ ਪਤਨੀ ਗੁਰਬਚਨ ਸਿੰਘ ਅਤੇ ਪ੍ਰਿੰਸ ਪੁੱਤਰ ਗੁਰਬਚਨ ਸਿੰਘ ਵਾਸੀਆਨ ਚੱਕ ਸੋਤਰੀਆ ਉਰਫ ਬੰਦੀਵਾਲਾ ਨੇ ਉਸ ਦੀ ਕੱਟਮਾਰ ਕੀਤੀ, ਜਿਸ ਦੇ ਬਾਅਦ ਉਹ ਆਪਣੇ ਘਰ ਦੌੜ ਗਿਆ ਪਰ ਉਕਤ ਲੋਕਾਂ ਨੇ ਉਸ ਦੇ ਘਰ ਵਿਚ ਆ ਕੇ ਉਸ ਦੀ ਅਤੇ ਉਸ ਦੇ ਦਾਦਾ ਲਾਭ ਸਿੰਘ ਦੀ ਕੁੱਟਮਾਰ ਕਰਕੇ ਉਸ ਦੀਆਂ ਦੋਵਾਂ ਬਾਹਾਂ ਤੋੜ ਦਿੱਤੀ ਅਤੇ ਲੋਕਾਂ ਦਾ ਇਕੱਠ ਹੁੰਦਾ ਵੇਖ ਕੇ ਉਕਤ ਵਿਅਕਤੀ ਮੌਕੇ ਤੋਂ ਭੱਜ ਗਏ। ਪੁਲਸ ਨੇ ਮੁੱਦਈ ਨਵਪ੍ਰੀਤ ਸਿੰਘ ਦੇ ਬਿਆਨਾਂ ਦੇ ਅਧਾਰ 'ਤੇ ਨੰਨੂ, ਜੋਤੀ, ਪ੍ਰੀਤੋ ਬਾਈ ਅਤੇ ਪ੍ਰਿੰਸ ਦੇ ਖਿਲਾਫ ਮੁਕੱਦਮਾ ਦਰਜ ਕੀਤਾ ਹੈ।

## ਆਈ ਆਈ ਐੱਮ ਸੀ ਦੇ ਵਿਦਿਆਰਥੀਆਂ ਤੋਂ ਬਿਨਾਂ ਭਾਰਤੀ ਪੱਤਰਕਾਰੀ ਅਧੂਰੀ : ਪ੍ਰੋ. ਦਿਵੇਦੀ



**ਜੈਤੋ (ਸਤੀਸ਼ ਕੁਮਾਰ ਭੀਰੀ)** ਇੰਡੀਅਨ ਇੰਸਟੀਚਿਊਟ ਆਫ ਮਾਸ ਕਮਿਊਨੀਕੇਸ਼ਨ ਦੇ ਡਾਇਰੈਕਟਰ ਜਨਰਲ ਪ੍ਰੋ. (ਡਾ.) ਸੰਜੇ ਦਿਵੇਦੀ ਦਾ ਵਿਦਾਇਗੀ ਸਮਾਗਮ ਕਰਵਾਇਆ ਗਿਆ। ਇਸ ਮੌਕੇ ਪ੍ਰੋ. ਦਿਵੇਦੀ ਨੇ ਕਿਹਾ ਕਿ ਆਈ ਆਈ ਐਮ ਸੀ ਦੇ ਅਧਿਆਪਕ ਅਤੇ ਵਿਦਿਆਰਥੀ ਮਿਲ ਕੇ ਪੱਤਰਕਾਰੀ ਦਾ ਨਵਾਂ ਅਧਿਆਏ ਲਿਖ ਸਕਦੇ ਹਨ। ਭਾਰਤੀ ਪੱਤਰਕਾਰੀ ਦਾ ਇਤਿਹਾਸ ਆਈ ਆਈ ਐੱਮ ਸੀ ਦੇ ਵਿਦਿਆਰਥੀਆਂ ਤੋਂ ਬਿਨਾਂ ਅਧੂਰਾ ਹੈ। ਆਪਣੀ ਪ੍ਰਤਿਭਾ ਨਾਲ ਇੰਡੀਅਨ ਇੰਸਟੀਚਿਊਟ ਆਫ ਮਾਸ ਕਮਿਊਨੀਕੇਸ਼ਨ ਦੇ ਵਿਦਿਆਰਥੀਆਂ ਨੇ ਪੂਰੀ ਦੁਨੀਆਂ ਵਿੱਚ ਸੰਸਥਾ ਦਾ ਨਾ ਰੌਸ਼ਨ ਕੀਤਾ ਹੈ। ਵਧੀਕ ਡਾਇਰੈਕਟਰ ਜਨਰਲ ਡਾ. ਨਿਮਿਸ਼ ਰੁਸਤਗੀ ਅਤੇ ਡੀਨ (ਅਕਾਦਮਿਕ) ਪ੍ਰੋ. ਗੋਵਿੰਦ ਸਿੰਘ ਸਮੇਤ ਸਮੂਹ ਫੈਕਲਟੀ ਮੈਂਬਰ, ਅਧਿਕਾਰੀ ਅਤੇ ਕਰਮਚਾਰੀ ਹਾਜ਼ਰ ਸਨ। ਇੰਡੀਅਨ ਇੰਸਟੀਚਿਊਟ ਆਫ ਮਾਸ ਕਮਿਊਨੀਕੇਸ਼ਨ (ਆਈ.ਆਈ.ਐੱਮ.ਸੀ.) ਨਵੀਂ ਦਿੱਲੀ ਨੂੰ ਦੇਸ ਦੇ ਸਰਵੋਤਮ ਮੀਡੀਆ ਇੰਸਟੀਚਿਊਟ ਵਜੋਂ ਬਰਕਰਾਰ ਰੱਖਣ ਦੇ ਉਦੇਸ ਨਾਲ ਡਾਇਰੈਕਟਰ ਜਨਰਲ ਪ੍ਰੋ. ਸੰਜੇ ਦਿਵੇਦੀ ਦੇ ਕਾਰਜਕਾਲ ਨੂੰ ਯਾਦ ਕੀਤਾ ਜਾਵੇਗਾ। ਉਹ ਤਿੰਨ ਸਾਲਾਂ ਲਈ ਸੰਸਥਾ ਦੇ ਡਾਇਰੈਕਟਰ ਜਨਰਲ ਰਹੇ ਹਨ।

**SMFG** IndiaCredit

**SMFG INDIA CREDIT COMPANY LIMITED**
**(formerly Fullerton India Credit Company Limited)**
**Corporate Office:** 10th Floor, Office No. 101,102 & 103, 2 North Avenue, Maker Maxity, Bandra Kurla Complex, Bandra (E), Mumbai - 400051.

**ਅਚੱਲ ਜਾਇਦਾਦ ਦੀ ਵਿਕਰੀ ਲਈ ਵਿਕਰੀ ਨੋਟਿਸ**

ਸਕਿਊਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੀਆਂ ਵਿਵਸਥਾਵਾਂ ਅਧੀਨ ਰੂਲ 8 ਅਤੇ 9 ਨਾਲ ਪੜ੍ਹੇ ਜਾਂਦੇ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐਸਟਸ ਐਂਡ ਇਨਫੋਰਸਮੈਂਟ ਆਫ ਸਕਿਊਰਿਟੀ ਇੰਟਰੈਸਟ ਐਕਟ 2002 ਤਹਿਤ ਅਚੱਲ ਅਸਾਸਿਆਂ ਦੀ ਵਿਕਰੀ ਲਈ 15 ਦਿਨਾਂ ਦਾ ਨਿਲਾਮੀ ਨੋਟਿਸ।

ਆਮ ਕਰਕੇ ਜਨਤਾ ਅਤੇ ਖਾਸ ਕਰਕੇ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਇਸ ਦੁਆਰਾ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਵਰਨਿਤ ਅਚੱਲ ਜਾਇਦਾਦਾਂ ਸਕਿਉਰਡ ਕ੍ਰੈਡਿਟਰ ਕੋਲ ਗਿਰਵੀ/ਚਾਰਜਡ ਹਨ, ਜਿਸ ਦਾ ਐੱਸ ਐੱਮ ਐੱਫ ਜੀ ਇੰਡੀਆ ਕ੍ਰੈਡਿਟ ਕੰਪਨੀ ਲਿਮ: (ਪਹਿਲਾਂ ਫੁਲਰਟੋਨ ਇੰਡੀਆ ਕ੍ਰੈਡਿਟ ਕੰਪ: ਲਿਮ:) ਸਕਿਉਰਡ ਕ੍ਰੈਡਿਟਰ ਦਾ ਭੌਤਿਕ ਕਬਜ਼ਾ ਲੈ ਲਿਆ ਹੈ ਅਤੇ ਇਹਨਾਂ ਨੂੰ 'ਜਿਵੇਂ ਹੈ ਜਿੱਥੇ ਹੈ', 'ਉੱਥੇ ਜੋ ਵੀ ਹੈ ਜਿਵੇਂ ਹੈ' ਅਤੇ 'ਉੱਥੇ ਜੋ ਵੀ ਹੈ' 31.7.2023 ਨੂੰ ਸਵੇਰੇ 11.00 ਵਜੇ ਤੋਂ ਦੁਪਹਿਰ 1.00 ਵਜੇ (ਹਰੇਕ ਪੰਜ ਮਿੰਟ ਦੇ ਅਸੀਮਤ ਵਾਧੇ ਨਾਲ) 69,87,109 (ਰੁਪਏ ਉਨੱਤਰ ਲੱਖ ਸਤਾਸੀ ਹਜ਼ਾਰ ਇੱਕ ਸੌ ਨੌਂ ਰੁਪਏ ਕੇਵਲ) 14.3.2022 ਤੱਕ ਬਕਾਇਆ ਅਤੇ ਉਸ ਤੋਂ ਪ੍ਰਾਪਤ ਹੋਣ ਦੀ ਮਿਤੀ ਤੱਕ ਹੋਰ ਵਿਆਜ ਤੇ ਹੋਰ ਖਰਚਿਆਂ ਸਮੇਤ ਫੁਲਰਟੋਨ ਇੰਡੀਆ ਕ੍ਰੈਡਿਟ ਇੰਡੀਆ ਲਿਮ:/ਸਕਿਉਰਡ ਕ੍ਰੈਡਿਟਰ ਨੂੰ ਕਰਜ਼ਦਾਰਾਂ ਅਤੇ ਗਰੰਟਰਾਂ ਅਰਥਾਤ 1) ਐੱਸ ਕੇ ਲਖਨਪਾਲ ਨਿਟਵੀਅਰਜ਼ 2) ਸੰਜੀਵ ਕੁਮਾਰ 3) ਰਜਨੀ ਲਖਨਪਾਲ 4) ਪੁਸ਼ਪਾ ਦੇਵੀ 5) ਸ਼ਿਵ ਕੁਮਾਰ ਨੂੰ ਅਦਾ ਕਰਨੇ ਹੋਣਗੇ। ਰਾਖਵੀਂ ਕੀਮਤ ਆਈ ਐੱਨ ਆਰ 71,75,925/- (ਰੁਪਏ ਇਕੱਤਰ ਲੱਖ, ਪਝੱਤਰ ਹਜ਼ਾਰ ਨੌਂ ਸੌ ਪੱਚੀ ਕੇਵਲ) ਅਤੇ ਰਕਮ ਬਿਆਨਾ ਜਮ੍ਹਾਂ (ਈ ਐੱਮ ਡੀ) 7,17,593 (ਰੁਪਏ ਸੱਤ ਲੱਖ ਸਤਾਰਾਂ ਹਜ਼ਾਰ ਪੰਜ ਸੌ ਤਿਰਾਨਵੇਂ ਕੇਵਲ) ਹੋਵੇਗੀ।

ਈ ਐੱਮ ਡੀ ਜਮ੍ਹਾਂ ਕਰਨ ਦੀ ਆਖਰੀ ਮਿਤੀ 28.7.2023 ਹੈ, ਹੋਰ ਜਾਣਕਾਰੀ ਲਈ ਕਿਰਪਾ ਕਰਕੇ ਅਮੀਨ ਕੁਮਾਰ ameen.kumar@ fullertonindia.com +91 8685987810 ਅਤੇ ਹਰਮਨੀ ਜੌਲੀ Harmani.jolly@fullertonindia.com + 91 8655901470 'ਤੇ ਸੰਪਰਕ ਕੀਤਾ ਜਾਵੇ।

**ਅਚੱਲ ਜਾਇਦਾਦ ਦਾ ਵੇਰਵਾ** : ਮਕਾਨ ਨੰ: ਬੀ- VI-208 ਵਾਕਿਆ ਗਲੀ ਨੰ: 5, ਨੇੜੇ ਰਾਮ ਮੰਦਰ, ਪੁਰਾਣਾ ਮਾਧੋਪੁਰੀ ਲੁਧਿਆਣਾ, ਪੰਜਾਬ -141008 ਨਾਲ ਸੰਬੰਧਤ ਸਭ ਕੁਝ। ਬੈਨਾਮੇ ਮੁਤਾਬਕ ਹੱਦਾਂ : ਪੂਰਬ : ਗੁਆਂਢੀ, ਪੱਛਮ : ਸੜਕ, ਉੱਤਰ : ਅਮਰ ਨਾਥ, ਦੱਖਣ : ਪ੍ਰਿਥੀਰਾਜ।

ਵਿਕਰੀ ਦੇ ਨਿਯਮ ਅਤੇ ਸ਼ਰਤਾਂ ਲਈ ਕ੍ਰਿਪਾ ਕਰਕੇ ਫੁਲਰਟੋਨ ਇੰਡੀਆ ਕ੍ਰੈਡਿਟ ਕੰਪਨੀ ਲਿਮ:/ਸਕਿਉਰਡ ਕ੍ਰੈਡਿਟਰ ਦੀ ਵੈੱਬਸਾਈਟ www.fullertonindia.com ਦੇ ਲਿੰਕ ਦਾ ਹਵਾਲਾ ਲਿਆ ਜਾ ਸਕਦਾ ਹੈ।

ਸਥਾਨ : ਲੁਧਿਆਣਾ
ਮਿਤੀ : 13.7.2023

ਸਹੀ/-ਅਧਿਕਾਰਤ ਅਫਸਰ
ਐੱਸ ਐੱਮ ਐੱਫ ਜੀ ਇੰਡੀਆ ਕ੍ਰੈਡਿਟ ਕੰਪਨੀ ਲਿਮ:
(ਪਹਿਲਾਂ ਫੁਲਰਟੋਨ ਇੰਡੀਆ ਕ੍ਰੈਡਿਟ ਕੰਪ: ਲਿਮ:)

### ...ਸ.ਫ਼ਾ 1 ਦੇ ਬਾਕੀ

## ਸਰਕਾਰੀ ਹਮਲੇ ਨੂੰ ...

ਜੁਲਾਈ ਨੂੰ ਨਰੇਗਾ ਵਰਕਰ ਫੈਡਰੇਸਨ (ਏਟਕ) ਦੀ ਚੰਡੀਗੜ੍ਹ ਵਿਖੇ ਹੋ ਰਹੀ ਨੈਸ਼ਨਲ ਕਮੇਟੀ ਦੀ ਮੀਟਿੰਗ ਦੀਆਂ ਤਿਆਰੀਆਂ ਲਈ ਸਾਥੀਆਂ ਦੀਆਂ ਡਿਊਟੀਆਂ ਲਾਈਆਂ ਗਈਆਂ। ਅਗਸਤ ਵਿੱਚ ਜ਼ਿਲ੍ਹਿਆਂ ਤੱਕ ਦੀਆਂ ਕਾਨਫਰੰਸਾਂ ਮੁਕੰਮਲ ਕਰਨ ਦਾ ਫੈਸਲਾ ਕੀਤਾ ਗਿਆ। ਇਸ ਦੇ ਨਾਲ ਹੀ ਨਰੇਗਾ ਨੂੰ ਪਾਰਦਰਸ਼ੀ ਢੰਗ ਨਾਲ ਲਾਗੂ ਕਰਵਾਉਣ, ਨਰੇਗਾ ਤਹਿਤ 200 ਦਿਨਾਂ ਦੀ ਗਰੰਟੀ ਕਰਨ, ਦਿਹਾੜੀ ਰੇਟ 700 ਕਰਵਾਉਣ, ਕੰਮ ਵਾਲੀ ਥਾਂ 'ਤੇ ਫਸਟ ਏਡ ਬਾਕਸ, ਛਾਂ ਦਾ ਪ੍ਰਬੰਧ ਅਤੇ ਪੀਣ ਵਾਲੇ ਸਾਫ ਪਾਣੀ ਦਾ ਪ੍ਰਬੰਧ ਨੂੰ ਅਮਲੀ ਰੂਪ ਵਿਚ ਲਾਗੂ ਕਰਵਾਉਣ, ਮੇਟਾਂ ਲਈ ਸਕਿਲਡ ਦਿਹਾੜੀ ਰੇਟ ਲਾਗੂ ਕਰਵਾਉਣ ਅਤੇ ਕੰਮ ਵਾਲੀ ਥਾਂ 'ਤੇ ਹਾਦਸਾ ਵਾਪਰਨ ਦੀ ਸੂਰਤ ਵਿੱਚ ਐਕਸ ਗਰੇਸੀਆ ਗਰਾਂਟ ਵਧਾ ਕੇ 5 ਲੱਖ ਕਰਵਾਉਣ ਆਦਿ ਮੰਗਾਂ ਲਈ ਸੰਘਰਸ਼ ਕਰਨ ਦਾ ਫੈਸਲਾ ਕੀਤਾ ਗਿਆ। ਮੀਟਿੰਗ ਨੂੰ ਹੋਰਨਾਂ ਤੋਂ ਇਲਾਵਾ ਬੋਹੜ ਸਿੰਘ ਸੁਖਨਾ, ਬਿੰਦਰ ਸਿੰਘ, ਸ਼ੇਰ ਸਿੰਘ ਦੌਲਤਪੁਰਾ, ਕੁਲਦੀਪ ਭੋਲਾ, ਸਰਬਜੀਤ ਕੌਰ ਖੋਸਾ, ਬਲਬੀਰ ਸਿੰਘ ਔਲਖ ਆਦਿ ਆਗੂਆਂ ਨੇ ਵੀ ਸੰਬੋਧਨ ਕੀਤਾ।

## ਅਖੇ, ਹੁਣ ਢੇਡ...

ਕੋਈ ਕਾਰਵਾਈ ਅਮਲ ਵਿੱਚ ਨਾ ਆਉਂਦੀ ਵੇਖ ਕੇ ਭਾਰਤੀ ਖੇਤ ਮਜ਼ਦੂਰ ਯੂਨੀਅਨ ਦੇ ਕੌਮੀ ਜਨਰਲ ਸਕੱਤਰ ਗੁਲਜ਼ਾਰ ਸਿੰਘ ਗੋਰੀਆ ਦੀ ਹਦਾਇਤ 'ਤੇ ਪੰਜਾਬ ਖੇਤ ਮਜ਼ਦੂਰ ਸਭਾ ਦਾ ਵਫਦ ਖੂਹੀਆਂ ਸਰਵਰ ਦੇ ਬੀ ਡੀ ਪੀ ਓ ਗਗਨਦੀਪ ਕੌਰ ਨੂੰ ਮਿਲਣ ਉਪਰੰਤ ਪਿੰਡ ਬੋਦੀਵਾਲਾ ਪਿੱਥਾ ਪਹੁੰਚਿਆ। ਮਾਮਲੇ ਦੇ ਸੰਬੰਧ ਵਿੱਚ ਪਰਮੋਦ ਕੁਮਾਰ (ਬੋਦੀਵਾਲਾ ਪਿੱਥਾ) ਤੇ ਹੋਰਨਾਂ ਨਾਲ ਵਿਸਥਾਰ ਨਾਲ ਗੱਲਬਾਤ ਕੀਤੀ ਗਈ। ਪਰਮੋਦ ਕੁਮਾਰ ਵੀ ਉਨ੍ਹਾਂ ਗਰੀਬ ਮਜ਼ਦੂਰਾਂ ਵਿੱਚ ਸ਼ਾਮਲ ਹੈ, ਜਿਨ੍ਹਾਂ ਨੂੰ ਸਰਟੀਫਿਕੇਟ ਤਾਂ ਪੰਜ-ਪੰਜ ਮਰਲੇ ਦੇ ਜਾਰੀ ਕੀਤੇ ਗਏ, ਪਰ ਪਲਾਟ ਸਾਢੇ ਤਿੰਨ-ਤਿੰਨ ਮਰਲੇ ਦੇ ਹਨ। ਪਤਾ ਲੱਗਾ ਕਿ ਬਹੁਤਿਆਂ ਨੇ ਤਾਂ ਜੋ ਮਿਲਿਆ ਉਹੀ ਸਵੀਕਾਰ ਕਰ ਲਿਆ, ਪਰ ਪਰਮੋਦ ਕੁਮਾਰ ਨੇ ਇਸ ਬੇਇਨਸਾਫੀ ਵਿਰੁੱਧ ਡਟਣ ਦਾ ਫੈਸਲਾ ਕਰ ਲਿਆ। ਇਸ ਫੈਸਲੇ ਤਹਿਤ ਪਰਮੋਦ ਨੇ ਪਿੰਡ ਦੇ ਸਰਪੰਚ ਨੂੰ ਇਸ ਘਾਲੇ-ਮਾਲੇ ਸੰਬੰਧੀ ਸਵਾਲ ਕੀਤਾ ਤਾਂ ਸਰਪੰਚ ਅੰਦਰਲਾ ਜਾਤੀ ਹੰਕਾਰ ਤੇ ਦਾਬੇ ਦੀ ਸਿਆਸਤ ਦਾ ਫੰਨ੍ਹ ਉੱਠ ਖੜਾ ਹੋਇਆ। ਉਸ ਨੇ ਆਖਿਆ, 'ਹੁਣ ਢੇਡ ਸਾਨੂੰ ਸਵਾਲ ਕਰਨਗੇ ? ' ਇਹ ਕਹਿੰਦਿਆਂ ਉਸ ਨੇ ਤੇ ਉਸ ਦੇ ਹਮਾਇਤੀਆਂ ਨੇ ਪਰਮੋਦ ਤੇ ਉਸ ਦੇ ਭਰਾ ਦੀ ਕੁੱਟਮਾਰ ਸ਼ੁਰੂ ਕਰ ਦਿੱਤੀ। ਪਿੰਡ ਪਹੁੰਚੇ ਮਜ਼ਦੂਰ ਆਗੂਆਂ ਨੂੰ ਪਰਮੋਦ ਨੇ ਦੱਸਿਆ ਕਿ ਕੁੱਟਮਾਰ ਤੇ ਜਾਤੀ ਸੂਚਿਕ ਸ਼ਬਦਾਂ ਸੰਬੰਧੀ ਥਾਣਾ ਖੂਹੀ ਖੇੜਾ ਵਿੱਚ ਸ਼ਿਕਾਇਤ ਦਰਜ ਕਰਵਾਈ ਸੀ। ਪੁਲਸ ਨੇ 'ਗੋਂਗਲੂਆਂ ਤੋਂ ਮਿੱਟੀ ਝਾੜਨ' ਤੋਂ ਵੱਧ ਕੋਈ ਕਾਰਵਾਈ ਅਮਲ ਵਿੱਚ ਨਹੀਂ ਲਿਆਂਦੀ। ਪਰਮੋਦ ਦੀ ਵਿਥਿਆ ਸੁਣਨ ਉਪਰੰਤ ਮਜ਼ਦੂਰ ਆਗੂ ਸੰਬੰਧਤ ਥਾਣੇਦਾਰ ਗੁਰਦੀਪ ਸਿੰਘ ਨੂੰ ਵੀ ਮਿਲੇ। ਥਾਣੇਦਾਰ ਨੇ ਪਰਮੋਦ ਦਾ ਨਵੇਂ ਸਿਰਿਓਂ ਬਿਆਨ ਲਿਖ ਲਿਆ।

ਜ਼ਿਕਰਯੋਗ ਹੈ ਕਿ ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੀ ਕੈਬਨਿਟ ਸਬ-ਕਮੇਟੀ ਨਾਲ ਅਗਲੀ ਮੀਟਿੰਗ 20 ਜੁਲਾਈ ਦੀ ਤੈਅ ਹੈ। ਇਸ ਮੀਟਿੰਗ ਵਿੱਚ ਪਹਿਲਾਂ ਉਠਾਏ ਗਏ ਸਵਾਲਾਂ ਦੇ ਮਾਮਲੇ ਵਿੱਚ ਹੋਈ ਪ੍ਰਗਤੀ ਦੱਸੀ ਜਾਣੀ ਹੈ। ਬੋਦੀਵਾਲਾ ਪਿੱਥਾ ਦੇ ਮਾਮਲੇ ਵਿੱਚ ਅਜੇ ਤੱਕ ਕੋਈ ਪ੍ਰਗਤੀ ਨਹੀਂ ਹੋਈ। ਮਜ਼ਦੂਰ ਆਗੂਆਂ ਨੇ ਦੱਸਿਆ ਕਿ ਪ੍ਰਗਤੀ ਨਾ ਹੋਣ ਕਰਕੇ ਸਖਤ ਕਦਮ ਚੁੱਕਿਆਂ ਜਾਵੇਗਾ। ਇਸ ਦੀ ਜ਼ਿੰਮੇਵਾਰੀ ਫਾਜ਼ਿਲਕਾ ਦੇ ਸੰਬੰਧਤ ਅਧਿਕਾਰੀਆਂ ਦੀ ਹੋਵੇਗੀ। ਬੀ ਡੀ ਪੀ ਓ ਖੂਹੀਆਂ ਸਰਵਰ ਨੇ ਮਿਲਣ ਮੌਕੇ ਵਫਦ ਨੂੰ ਭਰੋਸਾ ਦਿੱਤਾ ਸੀ ਕਿ ਮਾਮਲੇ ਨੂੰ ਘੋਖ ਕੇ ਬਣਦੀ ਕਾਰਵਾਈ ਕੀਤੀ ਜਾਵੇਗੀ। ਖ਼ਬਰ ਲਿਖਣ ਤੋਂ ਪਹਿਲਾਂ ਇਸ ਪੱਤਰਕਾਰ ਨੇ ਬੀ ਡੀ ਪੀ ਓ ਨੂੰ ਫੋਨ ਕੀਤਾ, ਪਰ ਉਨ੍ਹਾ ਫੋਨ ਨਹੀ ਉਠਾਇਆ।

ਸਾਰੇ ਮਾਮਲੇ ਨੂੰ ਜਾਨਣ ਲਈ ਗਏ ਮਜ਼ਦੂਰ ਆਗੂਆਂ ਦੇ ਵਫਦ ਵਿੱਚ ਪੰਜਾਬ ਖੇਤ ਮਜ਼ਦੂਰ ਸਭਾ ਦੇ ਜਨਰਲ ਸਕੱਤਰ ਦੇਵੀ ਕੁਮਾਰੀ ਸਰਹਾਲੀ ਕਲਾਂ, ਨਾਨਕ ਚੰਦ ਲੰਬੀ ਮੀਤ ਸਕੱਤਰ, ਰਿਸ਼ੀਪਾਲ ਖੁੱਭਣ ਮੀਤ ਪ੍ਰਧਾਨ, ਕਿਸਾਨ ਆਗੂ ਵਜ਼ੀਰ ਚੰਦ ਸੱਪਾਂਵਾਲੀ, ਮਹਿੰਦਰ ਸਿੰਘ ਘਮਿਆਰਾ ਤੇ ਪ੍ਰੀਤਮ ਸਿੰਘ ਘਮਿਆਰਾ ਸ਼ਾਮਲ ਸਨ।

## ਭਾਰੀ ਮੀਂਹ ਕਾਰਨ...

ਆਵੇ। ਭਗਵੰਤ ਮਾਨ ਨੇ ਕਿਹਾ ਕਿ ਸੂਬੇ ਦੇ ਸਭ ਤੋਂ ਵੱਧ ਪ੍ਰਭਾਵਿਤ ਇਲਾਕਿਆਂ ਵਿੱਚ ਰਾਹਤ ਤੇ ਬਚਾਅ ਕਾਰਜ ਚਲਾਉਣ ਨੂੰ ਤਰਜੀਹ ਦਿੱਤੀ ਜਾ ਰਹੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਦੇ ਸਾਰੇ ਡੈਮ ਸੁਰੱਖਿਅਤ ਹਨ ਅਤੇ ਪਾਣੀ ਖ਼ਤਰੇ ਦੇ ਨਿਸ਼ਾਨ ਤੋਂ ਹੇਠਾਂ ਵਗ ਰਿਹਾ ਹੈ। ਉਨ੍ਹਾਂ ਉਮੀਦ ਜਤਾਈ ਕਿ ਬੁੱਧਵਾਰ ਸ਼ਾਮ ਤੱਕ ਸੂਬੇ ਵਿੱਚ ਹਾਲਾਤ ਵਿੱਚ ਸੁਧਾਰ ਹੋਵੇਗਾ। ਭਗਵੰਤ ਮਾਨ ਨੇ ਕਿਹਾ ਕਿ ਸਾਰੇ ਕੈਬਨਿਟ ਮੰਤਰੀ, ਵਿਧਾਇਕ ਤੇ ਅਫ਼ਸਰ ਪਹਿਲਾਂ ਹੀ ਆਪੋ-ਆਪਣੇ ਕਾਰਜ ਖ਼ੇਤਰਾਂ ਵਿੱਚ ਤਾਇਨਾਤ ਹਨ ਅਤੇ ਸੰਕਟ ਦੀ ਇਸ ਘੜੀ ਵਿੱਚ ਲੋੜਵੰਦਾਂ ਤੱਕ ਪਹੁੰਚ ਕੀਤੀ ਜਾ ਰਹੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਪਾਣੀ ਦੇ ਪੱਧਰ ਨੂੰ ਦੇਖਦਿਆਂ ਲੋਕਾਂ ਦੇ ਜਾਨ ਤੇ ਮਾਲ ਦੀ ਰਾਖੀ ਕਰਨ ਲਈ ਮਸ਼ੀਨਰੀ ਦਾ ਵਿਆਪਕ ਪ੍ਰਬੰਧ ਕੀਤਾ ਗਿਆ ਹੈ। ਉਨ੍ਹਾ ਕਿਹਾ ਕਿ ਡਿਪਟੀ ਕਮਿਸ਼ਨਰਾਂ ਅਤੇ ਐੱਸ.ਐੱਸ.ਪੀਜ਼ ਆਪਣੇ-ਆਪਣੇ ਜ਼ਿਲ੍ਹਿਆਂ ਵਿੱਚ ਰਾਹਤ ਕਾਰਜਾਂ ਵਿੱਚ ਤੇਜ਼ੀ ਲਿਆ ਰਹੇ ਹਨ ਤਾਂ ਜੋ ਲੋਕਾਂ ਨੂੰ ਰਾਹਤ ਦਿੱਤੀ ਜਾ ਸਕੇ। ਭਗਵੰਤ ਮਾਨ ਨੇ ਕਿਹਾ ਕਿ ਭਾਰੀ ਬਰਸਾਤ ਕਾਰਨ ਪੈਦਾ ਹੋਏ ਹਾਲਾਤ ਵਿੱਚ ਲੋਕਾਂ ਦੀ ਰਾਖੀ ਕਰਨਾ ਸੂਬਾ ਸਰਕਾਰ ਦਾ ਫ਼ਰਜ਼ ਬਣਦਾ ਹੈ। ਉਨ੍ਹਾਂ ਕਿਹਾ ਕਿ ਮੰਤਰੀ, ਵਿਧਾਇਕ ਤੇ ਅਧਿਕਾਰੀ ਨੀਵੇਂ ਤੇ ਹੜ੍ਹਾਂ ਪੱਖੋਂ ਸੰਵੇਦਨਸ਼ੀਲ ਇਲਾਕਿਆਂ ਦਾ ਦੌਰਾ ਕਰ ਰਹੇ ਹਨ ਤਾਂ ਕਿ ਇਨ੍ਹਾਂ ਇਲਾਕਿਆਂ ਦੇ ਲੋਕਾਂ ਨੂੰ ਸੁਰੱਖਿਅਤ ਥਾਵਾਂ ਉੱਤੇ ਪਹੁੰਚਾਇਆ ਜਾਵੇ।

## ਮਨੀ ਲਾਂਡਰਿੰਗ ਰੋਕੂ...

ਕੀਤਾ ਗਿਆ ਤਾਂ ਉਸ ਨੂੰ ਜ਼ਮਾਨਤ ਵੀ ਨਹੀਂ ਮਿਲੇਗੀ। ਵਿੱਤ ਮੰਤਰੀ ਨੇ ਕਿਹਾ ਕਿ ਇਸ 'ਟੈਕਸ ਟੈਰੋਰਿਜ਼ਮ' ਦਾ ਦੇਸ ਦੇ ਆਰਥਕ ਵਿਕਾਸ 'ਤੇ ਬੁਰਾ ਅਸਰ ਪਵੇਗਾ।

ਇਸ ਸੋਧ ਦੀਆਂ ਹੋਰ ਖਾਮੀਆਂ ਬਾਰੇ ਦੱਸਦਿਆਂ ਪੰਜਾਬ ਦੇ ਵਿੱਤ ਮੰਤਰੀ ਨੇ ਕਿਹਾ ਕਿ ਇਸ ਨਾਲ ਦੇਸ਼ ਦੇ ਸੰਘੀ ਢਾਂਚੇ ਨੂੰ ਹੋਰ ਵੀ ਢਾਹ ਲੱਗੇਗੀ, ਕਿਉਂਕਿ ਇਸ ਨਾਲ ਸੂਬਿਆਂ ਵਿੱਚ ਕੇਂਦਰ ਸਰਕਾਰ ਦੀ ਦਖਲਅੰਦਾਜ਼ੀ ਹੋਰ ਵਧ ਜਾਵੇਗੀ। ਉਨ੍ਹਾ ਕਿਹਾ ਕਿ ਪੰਜਾਬ ਅਤੇ ਹੋਰ ਕਈ ਸੂਬਿਆਂ ਨੇ ਪਹਿਲਾਂ ਹੀ ਕਰ ਚੋਰੀ ਕਰਨ ਵਾਲਿਆਂ 'ਤੇ ਨਜ਼ਰ ਰੱਖਣ ਲਈ ਆਪਣਾ ਟੈਕਸ ਇੰਟੈਲੀਜੈਂਸ ਸਿਸਟਮ ਸਥਾਪਤ ਕਰ ਲਿਆ ਹੈ ਅਤੇ ਇਹ ਕਰ ਚੋਰੀ ਨਾਲ ਸੰਬੰਧਤ ਗਤੀਵਿਧੀਆਂ 'ਤੇ ਨਜ਼ਰ ਰੱਖਣ ਲਈ ਕਾਫੀ ਸਮਰੱਥ ਹਨ। ਉਨ੍ਹਾ ਕਿਹਾ ਕਿ ਕੇਂਦਰ ਸਰਕਾਰ ਨੂੰ ਭਾਰਤੀ ਆਰਥਿਕਤਾ ਦੇ ਮਜ਼ਬੂਤ ਥੰਮ੍ਹ ਵਪਾਰੀਆਂ ਅਤੇ ਕਾਰੋਬਾਰੀਆਂ ਲਈ ਪ੍ਰੇਸ਼ਾਨੀ ਖੜ੍ਹੀ ਕਰਨ ਵਾਲੀਆਂ ਅਜਿਹੀਆਂ ਸੋਧਾਂ ਕਰਨ ਦੀ ਬਜਾਏ ਇਨ੍ਹਾਂ ਪ੍ਰਣਾਲੀਆਂ ਨੂੰ ਹੋਰ ਮਜ਼ਬੂਤ ਕਰਨ ਲਈ ਸੂਬਿਆਂ ਦਾ ਸਾਥ ਦੇਣਾ ਚਾਹੀਦਾ ਹੈ।

ਜ਼ਿਕਰਯੋਗ ਹੈ ਕਿ ਭਾਰਤ ਸਰਕਾਰ ਨੇ ਮਨੀ ਲਾਂਡਰਿੰਗ ਰੋਕੂ ਕਾਨੂੰਨ ਦੀ ਧਾਰਾ 66 ਰਾਹੀਂ ਪ੍ਰਦਾਨ ਕੀਤੀ ਸ਼ਕਤੀ ਦੀ ਵਰਤੋਂ ਕਰਦਿਆਂ 7 ਜੁਲਾਈ ਨੂੰ ਇੱਕ ਨੋਟੀਫਿਕੇਸ਼ਨ ਜਾਰੀ ਕੀਤਾ ਸੀ, ਜਿਸ ਰਾਹੀਂ ਵਸਤਾਂ ਤੇ ਸੇਵਾਵਾਂ ਕਰ ਨੈੱਟਵਰਕ ਨੂੰ ਉਕਤ ਐਕਟ ਦੇ ਦਾਇਰੇ ਵਿੱਚ ਲਿਆਂਦਾ ਗਿਆ ਹੈ।

## ਹੜ੍ਹ ਦੀ ਲਪੇਟ 'ਚ ਆਏ ਪਰਵਾਰਾਂ ਨੂੰ ਮਿਲੇ ਸਾਬਕਾ ਵਿਧਾਇਕ ਕਲੇਰ

**ਜਗਰਾਉਂ, (ਸੰਜੀਵ ਅਰੋੜਾ,ਅਮਿਤ ਖੰਨਾ)**-ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਤੇ ਸਾਬਕਾ ਵਿਧਾਇਕ ਐੱਸ. ਆਰ. ਕਲੇਰ ਨੇ ਸਤਲੁਜ ਦਰਿਆ ਕੰਢੇ ਵਸੇ ਪਿੰਡਾਂ ਦੇ ਲੋਕਾਂ ਨਾਲ ਮਿਲ ਕੇ ਉਨ੍ਹਾਂ ਦੀਆਂ ਸਮੱਸਿਆਂਵਾਂ ਸੁਣੀਆਂ। ਇਸ ਮੌਕੇ ਐੱਸ. ਆਰ. ਕਲੇਰ ਨੇ ਸਰਕਾਰ ਨੂੰ ਅਪੀਲ ਕੀਤੀ ਕਿ ਜੋ ਫ਼ਸਲਾਂ ਦੀ ਤਬਾਹੀ ਹੋਈ ਹੈ, ਉਸ ਦੀ ਸਪੈਸ਼ਲ ਗਰਦਾਵਰੀ ਦੇ ਹੁਕਮ ਜਾਰੀ ਕੀਤੇ ਜਾਣ ਅਤੇ ਢੁੱਕਵਾਂ ਮੁਆਵਜ਼ਾ ਦਿੱਤਾ ਜਾਵੇ। ਕਲੇਰ ਨੇ ਪਾਣੀ ਦੀ ਮਾਰ ਹੇਠ ਆਏ ਪਰਵਾਰਾਂ ਨੂੰ ਭਰੋਸਾ ਦਿੰਦਿਆਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਲੋੜਵੰਦ ਪਰਿਵਾਰਾਂ ਲਈ ਲੰਗਰ ਸੇਵਾ ਹਰ ਸਮੇਂ ਹਾਜ਼ਰ ਹੈ। ਉਨ੍ਹਾਂ ਕਿਹਾ ਕਿ ਅਸੀ ਹਰ ਸੰਭਵ ਸਹਿਯੋਗ ਲਈ 24 ਘੰਟੇ ਹਾਜ਼ਰ ਹਾਂ। ਇਸ ਮੌਕੇ ਹਾਜ਼ਰ ਸਾਬਕਾ ਚੇਅਰਮੈਨ ਦੀਦਾਰ ਸਿੰਘ ਮਲਕ, ਸਰਕਲ ਪ੍ਰਧਾਨ ਸੁਖਦੇਵ ਸਿੰਘ ਗਿੱਦੜਵਿੰਡੀ, ਤਜਿੰਦਰਪਾਲ ਸਿੰਘ ਕੰਨੀਆ ਖੁਰਦ, ਸਰਪੰਚ ਕੇਵਲ ਸਿੰਘ ਖਹਿਰਾ, ਸਰਕਲ ਪ੍ਰਧਾਨ ਸ਼ਿਵਰਾਜ ਸਿੰਘ, ਸਰਕਲ ਪ੍ਰਧਾਨ ਸਰਪ੍ਰੀਤ ਸਿੰਘ ਕਾਉਂਕੇ, ਭਾਵਖੰਡਨ ਸਿੰਘ ਗਿੱਦੜਵਿੰਡੀ, ਹਰੀ ਸਿੰਘ ਕਾਉਂਕੇ, ਸਾਬਕਾ ਸਰਪੰਚ ਸੁਰਿੰਦਰ ਸਿੰਘ ਪਰਜੀਆ ਬਿਹਾਰੀਪੁਰ, ਪੰਚ ਨਿਰਮੋਹ ਸਿੰਘ ਪਰਜੀਆ ਕਲਾ, ਸਾਬਕਾ ਸਰਪੰਚ ਰੇਸ਼ਮ ਸਿੰਘ ਮਾਣੂੰਕੇ, ਪ੍ਰਧਾਨ ਸੁਰਵੇਸ ਕੁਮਾਰ ਗੁਡਗੋ, ਪ੍ਰਧਾਨ ਸੁਖਮੰਦਰ ਸਿੰਘ ਮਾਣੂੰਕੇ, ਰਾਜਮਨਦੀਪ ਸਿੰਘ ਕਾਉਂਕੇ ਤੇ ਜਸਵੀਰ ਸਿੰਘ ਮਾਣੂੰਕੇ ਆਦਿ ਹਾਜ਼ਰ ਸਨ।

**Reg. off.:** 410-412,18/12, 4th Floor, W.E.A, Arya Samaj Road, Karol Bagh, New Delhi-110005,
**Corp off.:** 716-717, 7th Floor, Tower B, World Trade Tower, Sector 16, Noida, 201301, U.P., Ph.: +91 120 4290650/52/53/54/55, Email: info@cslfinance.in Legal@cslfinance.in., Web.: www.cslfinance.in, CIN: L74899DL1992PLC051462

CSL Finance Limited

**ਡਿਮਾਂਡ ਨੋਟਿਸ**

ਜਦੋਂ ਕਿ ਹੇਠਾਂ ਦਰਸਾਏ ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਨੇ ਸੀ ਐੱਸ ਐੱਲ ਫਾਇਨਾਂਸ ਲਿਮ: (ਸੀ ਐੱਸ ਐੱਲ) ਤੋਂ ਵਿੱਤੀ ਸਹੂਲਤ ਪ੍ਰਾਪਤ ਕੀਤੀ ਸੀ। ਅਸੀਂ ਦੱਸਣਾ ਚਾਹੁੰਦੇ ਹਾਂ ਕਿ ਵਿੱਤੀ ਸਹੂਲਤ ਪ੍ਰਾਪਤ ਕਰਨ ਦੇ ਬਾਵਜੂਦ ਕਰਜ਼ਦਾਰ/ਗਰੰਟਰ/ਰਹਿਣਕਾਰ (ਸਾਰੇ ਨਿੱਜੀ ਜਾਂ ਸਮੂਹਕ ਤੌਰ 'ਤੇ 'ਜ਼ਿੰਮੇਵਾਰ' ਵਜੋਂ ਹਵਾਲਾ) ਵਿਆਜ ਅਤੇ ਮੂਲ ਰਕਮਾਂ ਨਿਰਧਾਰਤ ਮਿਤੀਆਂ 'ਤੇ ਵਾਪਸ ਕਰਨ 'ਚ ਅਸਫਲ ਰਹੇ ਹਨ। ਸੀ ਐੱਸ ਐੱਲ ਦੀਆਂ ਵਹੀਆਂ 'ਚ ਖਾਤਾ ਹੇਠਾਂ ਦਰਸਾਈਆਂ ਸੰਬੰਧਿਤ ਮਿਤੀਆਂ 'ਤੇ ਨਾਨ-ਪ੍ਰਫਾਰਮਿੰਗ ਐੱਸਟ ਵਰਗੀਕ੍ਰਿਤ ਕਰ ਦਿੱਤਾ ਗਿਆ ਹੈ, ਨਤੀਜੇ ਵਜੋਂ ਸੀ ਐੱਲ ਐੱਲ ਦੇ ਅਧਿਕਾਰਤ ਅਫਸਰ ਨੇ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈੱਸਟ ਐਕਟ, 2002 ਅਤੇ ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿੰਮੇਵਾਰਾਂ ਅਤੇ/ਜਾਂ ਉਹਨਾਂ ਦੇ ਕਾਨੂੰਨੀ ਵਾਰਸਾਂ/ਕਾਨੂੰਨੀ ਪ੍ਰਤੀਨਿਧੀਆਂ ਨੂੰ ਹੇਠਾਂ ਦਰਸਾਈਆਂ ਸੰਬੰਧਤ ਮਿਤੀਆਂ ਤੇ ਨੋਟਿਸਾਂ 'ਚ ਦਰਸਾਈ ਰਕਮ ਸਮੇਤ ਮੁਕੰਮਲ ਅਦਾਇਗੀ ਤੱਕ ਇਕਰਾਰਨਾਮੇ ਅਨੁਸਾਰ ਭਵਿੱਖੀ ਵਿਆਜ, ਲਾਗਤ, ਅਚਨਚੇਤੀ ਖਰਚੇ, ਚਾਰਜਿਜ, ਆਦਿ ਨੋਟਿਸਾਂ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਵਾਪਸ ਕਰਨ ਲਈ ਡਿਮਾਂਡ ਨੋਟਿਸ ਜਾਰੀ ਕੀਤਾ ਹੈ।

ਜ਼ਿੰਮੇਵਾਰਾਂ ਨੂੰ ਜਨਤਕ ਨੋਟਿਸ ਰਾਹੀਂ ਉਸ ਬਾਰੇ ਜਾਣਕਾਰੀ ਦਿੱਤੀ ਜਾਂਦੀ ਹੈ।

| ਜ਼ਿੰਮੇਵਾਰਾਂ/ਕਾਨੂੰਨੀ ਵਾਰਸਾਂ/ਕਾਨੂੰਨੀ ਪ੍ਰਤੀਨਿਧੀਆਂ ਦੇ ਨਾਂਅ | ਕੁੱਲ ਬਕਾਇਆ ਰਕਮ | ਸਾਰਣੀਆਂ |
|---|---|---|
| LAN:SMELUDLAPSL 0000005000260 ਕਰਜ਼ਦਾਰ/ਸਕਿਊਰਟੀ ਪ੍ਰੋਵਾਈਡਰ : ਕੁਮਾਰੀ ਜਸਬੀਰ ਕੌਰ ਸਹਿ-ਕਰਜ਼ਦਾਰ : ਸ੍ਰੀ ਅਰਸ਼ਦੀਪ ਸਿੰਘ, ਪਿੰਡ : ਮਕਾਨ ਨੰ. 3106, ਦਸਮੇਸ਼ ਨਗਰ, ਸਮਰਾਲਾ ਮਾਛੀਵਾੜਾ ਖਾਸ, ਲੁਧਿਆਣਾ, ਪੰਜਾਬ-ਪਿੰਨ ਕੋਡ-141115 | 10.07.2023 ਨੂੰ ਰੁਪਏ 20,19,433/- (ਵੀਹ ਲੱਖ ਉੱਨੀ ਹਜ਼ਾਰ ਚਾਰ ਸੌ ਤੇਤੀ ਰੁਪਏ ਕੇਵਲ) ਸਮੇਤ ਭਵਿੱਖੀ ਵਿਆਜ, ਡਿਫਾਲਟ ਵਿਆਜ, ਫੀਸ, ਲਾਗਤਾਂ, ਟੈਕਸ ਅਤੇ ਚਾਰਜਿਜ਼ ਆਦਿ | ਕਰਜ਼ਾ ਇਕਰਾਰਨਾਮੇ ਦੀ ਮਿਤੀ : 28.02.2018 ਐੱਨ ਪੀ ਏ ਦੀ ਮਿਤੀ 31.03.2021 ਡਿਮਾਂਡ ਨੋਟਿਸ ਦੀ ਮਿਤੀ 11.07.2023 |

ਸਕਿਉਰਡ ਐੱਸਟਸ/ਅਚੱਲ ਜਾਇਦਾਦਾਂ/ਰਹਿਣ ਕੀਤੀਆਂ ਜਾਇਦਾਦਾਂ ਦਾ ਵੇਰਵਾ : ਜਾਇਦਾਦ : ਮਕਾਨ ਨੰ. 3106, ਜਾਇਦਾਦ ਰਕਬਾ 0 ਕਨਾਲ-4 ਮਰਲੇ, ਖਸਰਾ ਨੰ. 92//21/1/2, 103/1/1/1 , 10/2, 104//4/2/2, 5/2, 6/1, 7/1/1, 15/1/1, 14/2, ਖੇਵਟ ਖਤੌਨੀ ਨੰ. 1, ਖਾਤੌਨੀ ਨੰ. 6/1, ਜਮ੍ਹਾਂਬੰਦੀ ਸਾਲ 1996-1997 (ਖੇਵਟ ਨੰ. 1, ਖਾਤੌਨੀ ਨੰ. 9, ਜਮ੍ਹਾਂਬੰਦੀ ਸਾਲ 2011-12), ਪਿੰਡ ਮਾਛੀਵਾੜਾ-1, ਮਕਾਨ ਨੰ. 75, ਸਬ-ਤਹਿਸੀਲ ਮਾਛੀਵਾੜਾ, ਤਹਿਸੀਲ ਸਮਰਾਲਾ ਅਤੇ ਜ਼ਿਲ੍ਹਾ ਲੁਧਿਆਣਾ । ਹੱਦਾਂ : ਬੈਨਾਮੇ ਵਸੀਕਾ ਨੰ. 282 ਮਿਤੀ 14.05.2003 ਅਨੁਸਾਰ : ਦੱਖਣ : ਚੂਹੜ ਸਿੰਘ ਦਾ ਮਕਾਨ ਸਾਈਡ 22'6'', ਉੱਤਰ : ਗਲੀ ਸਾਈਡ 48', ਪੂਰਬ : ਸੰਤੋਸ਼ ਰਾਣੀ ਸਾਈਡ 48', ਪੱਛਮ : ਨਰਿੰਦਰ ਪ੍ਰਕਾਸ਼ ਮਹਿਤਾ, ਸਾਈਡ 48'

ਉਪਰੋਕਤ ਦਰਸਾਏ ਹਾਲਾਤਾਂ ਦੌਰਾਨ ਜ਼ਿੰਮੇਵਾਰਾਂ ਅਤੇ/ਜਾਂ ਉਹਨਾਂ ਦੇ ਕਾਨੂੰਨੀ ਵਾਰਸਾਂ/ਕਾਨੂੰਨੀ ਪ੍ਰਤੀਨਿਧੀਆਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਜੇਕਰ ਉਕਤ ਜ਼ਿੰਮੇਵਾਰ ਸੀ ਐੱਸ ਐੱਲ ਨੂੰ ਅਦਾਇਗੀ ਕਰਨ 'ਚ ਅਸਫਲ ਰਹਿੰਦੇ ਹਨ ਤਾਂ ਸੀ ਐੱਸ ਐੱਲ ਉਪਰੋਕਤ ਸਕਿਉਰਡ ਐੱਸਟਸ/ਅਚੱਲ ਜਾਇਦਾਦਾਂ ਵਿਰੁੱਧ ਉਕਤ ਐਕਟ ਦੇ ਸੈਕਸ਼ਨ 13 (4) ਅਤੇ ਲਾਗੂ ਰੂਲਜ਼ ਤਹਿਤ ਉਕਤ ਜ਼ਿੰਮੇਵਾਰਾਂ/ਕਾਨੂੰਨੀ ਵਾਰਸਾਂ/ਕਾਨੂੰਨੀ ਪ੍ਰਤੀਨਿਧੀਆਂ ਦੇ ਜੋਖਮ ਤੇ ਲਾਗਤਾਂ ਅਤੇ ਨਤੀਜਿਆਂ ਦੇ ਕਾਰਵਾਈ ਕਰੇਗਾ।

ਉਕਤ ਜ਼ਿੰਮੇਵਾਰਾਂ/ਕਾਨੂੰਨੀ ਵਾਰਸਾਂ/ਕਾਨੂੰਨੀ ਪ੍ਰਤੀਨਿਧੀਆਂ 'ਤੇ ਉਕਤ ਸਕਿਉਰਡ ਐਸਟਸ/ਅਚੱਲ ਜਾਇਦਾਦਾਂ ਦੀ ਸੀ ਐੱਸ ਐੱਲ ਤੋਂ ਅਗਾਊਂ ਲਿਖਤੀ ਮਨਜ਼ੂਰੀ ਲੈਣ ਤੋਂ ਬਿਨਾਂ ਵਿਕਰੀ, ਲੀਜ਼ ਜਾਂ ਹੋਰ ਢੰਗ ਨਾਲ ਤਬਦੀਲ ਕਰਨ ਦੀ ਪਾਬੰਦੀ ਹੈ। ਜੇਕਰ ਕੋਈ ਵਿਅਕਤੀ ਐਕਟ ਦੀਆਂ ਵਿਵਸਥਾਵਾਂ ਜਾਂ ਰੂਲਜ਼ ਦੀ ਉਲੰਘਣਾ ਕਰਦਾ ਹੈ ਜਾਂ ਉਲੰਘਣਾ ਲਈ ਸ਼ਹਿ ਦਿੰਦਾ ਹੈ ਤਾਂ ਉਸ ਨੂੰ ਐਕਟ ਤਹਿਤ ਕੈਦ ਅਤੇ/ਜਾਂ ਜੁਰਮਾਨਾ ਕੀਤਾ ਜਾ ਸਕਦਾ ਹੈ।

ਮਿਤੀ: 12.07.2023
ਸਥਾਨ : ਲੁਧਿਆਣਾ

ਸਹੀ/- ਅਧਿਕਾਰਤ ਅਫਸਰ
ਸੀ ਐੱਸ ਐੱਲ ਫਾਇਨਾਂਸ ਲਿਮਟਿਡ

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by **Gurmit Singh Shugli** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: **Chand Fatehpuri**

ਸੰਪਾਦਕ : **ਚੰਦ ਫਤਿਹਪੁਰੀ** * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ **ਗੁਰਮੀਤ ਸਿੰਘ ਸ਼ੁਗਲੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

**ਫੋਨ ਨੰਬਰ ਪ੍ਰਬੰਧਕੀ ਵਿਭਾਗ** : 0181-5097300, **ਸਮਾਚਾਰ ਵਿਭਾਗ** : 0181-5097310, **ਈ-ਮੇਲ** : nawanzamana@gmail.com * **Web** : www.nawanzamana.in

CMYK

# ਸਰਕਾਰੀ ਸਹਾਇਤਾ ਨਾ ਮਿਲਣ ਕਰਕੇ ਹੜ੍ਹ ਪੀੜਤਾਂ ਵੱਲੋਂ ਮੰਤਰੀ ਅੱਗੇ ਰੋਸ ਪ੍ਰਦਰਸ਼ਨ



**ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)**-ਹੜ੍ਹਾਂ ਦੀ ਲਪੇਟ 'ਚ ਆਏ ਡਾਊਨ ਸਟਰੀਮ ਦੇ ਪਿੰਡਾਂ ਦੇ ਬਾਸ਼ਿੰਦਿਆਂ ਨੂੰ ਸੁਰੱਖਿਅਤ ਥਾਵਾਂ ਦੇ ਲਿਜਾਣ ਦਾ ਸਿਲਸਿਲਾ ਤੀਸਰੇ ਦਿਨ ਵੀ ਜਾਰੀ ਰਿਹਾ। ਇਸ ਤੋਂ ਇਲਾਵਾ ਪ੍ਰਸ਼ਾਸਨ ਨੇ ਰੈਸਕਿਊ ਰਾਹੀਂ ਬਾਹਰ ਕੱਢੇ ਕਈ ਪਰਿਵਾਰਾਂ ਨੂੰ ਰਾਹਤ ਕੈਂਪ ਵਿੱਚ ਹਰੀਕੇ ਭੇਜਿਆ ਜਿਸ ਦਾ ਜਾਇਜ਼ਾ ਲੈਣ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਸਮੂਹ ਅਮਲੇ ਸਮੇਤ ਧੁੱਸੀ ਬੰਨ੍ਹ 'ਤੇ ਪਹੁੰਚੇ। ਬੇਸ਼ੱਕ ਕੁਝ ਕਿਸਾਨ ਆਗੂਆਂ ਨੇ ਸਰਕਾਰੀ ਸਹਾਇਤਾ ਦੇਰੀ ਨਾਲ ਮਿਲਣ ਕਰਕੇ ਰੋਸ ਵੀ ਜਤਾਇਆ ਪਰ ਫਿਰ ਵੀ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਇਸ ਨਾਜ਼ੁਕ ਸਮੇਂ ਸਹਿਯੋਗ ਦੀ ਅਪੀਲ ਕੀਤੀ। ਦੱਸਣਯੋਗ ਹੈ ਕਿ ਬੀਤੇ ਕੱਲ੍ਹ ਤੱਕ 91 ਹਜ਼ਾਰ ਚੱਲਣ ਵਾਲਾ ਡਾਊਨ ਸਟਰੀਮ ਅੱਜ 2 ਲੱਖ ਦਾ ਅੰਕੜਾ ਪਾਰ ਕਰ ਗਿਆ। ਹਾਲਾਂਕਿ ਡਿਪਟੀ ਕਮਿਸ਼ਨਰ ਤਰਨਤਾਰਨ ਬਲਦੀਪ ਕੌਰ ਵੱਲੋਂ ਪਾਣੀ ਦੀ ਸੰਭਾਵੀ ਆਮਦ 3 ਲੱਖ ਤੱਕ ਦੱਸੀ ਜਾ ਰਹੀ ਸੀ ਪਰ ਜ਼ਿਲ੍ਹਾ ਜਲੰਧਰ ਦੇ ਖੇਤਰ ਵਿੱਚ ਬੰਨ੍ਹ ਟੁੱਟ ਜਾਣ ਕਾਰਨ ਹਰੀਕੇ ਪਾਣੀ ਦੀ ਆਮਦ ਘੱਟ ਦਰਜ ਕੀਤੀ ਜਾ ਰਹੀ ਹੈ। ਬਾਵਜੂਦ ਇਸਦੇ ਦਰਿਆਵਾਂ ਕੰਢੇ ਵੱਸੇ ਲੋਕਾਂ ਦੀ ਬਰਬਾਦੀ ਦਾ ਆਲਮ ਅਕਹਿ ਹੈ। ਲੋਕਾਂ ਦੀ ਮੌਸਮੀ ਫਸਲਾਂ ਦੇ ਨਾਲ ਨਾਲ ਪਸ਼ੂ ਚਾਰਾ, ਘਰ, ਪਸ਼ੂਧਨ, ਮੋਟਰਾਂ ਦੇ ਕੋਠੇ ਦੀ ਮੁਕੰਮਲ ਬਰਬਾਦੀ ਹੋ ਚੁੱਕੀ ਹੈ। ਇਸ ਤੋਂ ਇਲਾਵਾ ਜਗ੍ਹਾ ਜਗ੍ਹਾ ਤੋਂ ਬੈਠਾ, ਰਿਸਦਾ ਧੁੱਸੀ ਬੰਨ੍ਹ ਵਸਤੀ ਲਾਲ ਸਿੰਘ ਦੇ ਨਜ਼ਦੀਕ ਤੋਂ ਟੁੱਟ ਗਿਆ ਜਿਸ ਨੂੰ ਸਮਾਂ ਰਹਿੰਦੇ ਇਲਾਕੇ ਦੇ ਲੋਕਾਂ ਨੇ ਆਪਣੇ ਪੱਧਰ 'ਤੇ ਉਪਰਾਲਿਆਂ ਨਾਲ ਬਚਾ ਲਿਆ। ਮੰਤਰੀ ਭੁੱਲਰ ਨੇ ਕਿਹਾ ਕਿ ਸਰਕਾਰ ਵੱਲੋ ਰਾਹਤ ਕਾਰਜਾਂ 'ਚ ਕੋਈ ਦੇਰੀ ਨਹੀਂ ਪਰ ਇਸ ਕੁਦਰਤ ਦੇ ਕਹਿਰ ਸਾਹਮਣੇ ਹਰੇਕ ਦੀ ਬੇਵੱਸੀ ਜ਼ਰੂਰ ਹੈ ਕਿ ਸੁਖਾਵਾਂ ਮਾਹੌਲ ਬਣਨ ਲਈ ਸਮਾਂ ਲੱਗੇਗਾ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਮੁਆਵਜ਼ਾ ਵੀ ਬਿਨਾਂ ਦੇਰੀ, ਬਿਨਾਂ ਖੱਜਲ-ਖੁਆਰੀ ਮਿਲੇਗਾ। ਇਸ ਮੌਕੇ ਐਸਐਸਪੀ ਗੁਰਮੀਤ ਸਿੰਘ ਚੌਹਾਨ, ਚੇਅਰਮੈਨ ਦਿਲਬਾਗ ਸਿੰਘ, ਗੁਰਬਿੰਦਰ ਸਿੰਘ ਗਿੱਲ, ਸਰਪੰਚ ਸੁਖਵਿੰਦਰ ਸਿੰਘ ਨੱਥੂਪੁਰ, ਦਇਆ ਸਿੰਘ ਅਲੀਪੁਰ, ਗੁਰਮੇਲ ਸਿੰਘ ਨੱਥੂਪੁਰ, ਗੁਲਸ਼ਨ ਮਲਹੋਤਰਾ, ਸੁਖਵਿੰਦਰ ਸਿੰਘ ਸੰਧੂ ਅਤੇ ਠੇਕੇਦਾਰ ਸ਼ਿੰਗਾਰਾ ਸਿੰਘ ਸਭਰਾ ਆਦਿ ਹਾਜ਼ਰ ਸਨ।

# ਪੌਂਗ ਡੈਮ ਤੋਂ ਬਿਆਸ ਦਰਿਆ 'ਚ ਛੱਡਿਆ 20,000 ਕਿਊਸਿਕ ਪਾਣੀ



**ਡੇਰਾ ਬਾਬਾ ਨਾਨਕ (ਡੇਰਾ ਬਾਬਾ ਨਾਨਕ)**-ਬੀਤੇ ਕੁਝ ਦਿਨਾਂ ਤੋਂ ਪਹਾੜੀ ਖੇਤਰਾਂ ਵਿੱਚ ਹੋ ਰਹੀ ਲਗਾਤਾਰ ਬਾਰਸ਼ ਕਾਰਨ ਡੈਮਾਂ ਵਿੱਚ ਪਾਣੀ ਦਾ ਪੱਧਰ ਵੱਧ ਗਿਆ। ਇਸੇ ਤਰ੍ਹਾਂ ਬਿਆਸ ਦਰਿਆ ਉੱਪਰ ਬਣੇ ਪੌਂਗ ਡੈਮ ਵਿੱਚ ਵੀ ਪਾਣੀ ਦਾ ਪੱਧਰ ਵੱਧਿਆ ਹੋਇਆ ਹੈ। ਡਿਪਟੀ ਕਮਿਸ਼ਨਰ ਗੁਰਦਾਸਪੁਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਜਲ ਸਰੋਤ ਵਿਭਾਗ ਦੇ ਕੈਨਾਲ ਡਵੀਜ਼ਨ ਤਲਵਾੜਾ ਦੇ ਕਾਰਜਕਾਰੀ ਇੰਜੀਨੀਅਰ ਨੇ ਆਪਣੇ ਪੱਤਰ ਰਾਹੀਂ ਜ਼ਿਲ੍ਹਾ ਪ੍ਰਸ਼ਾਸਨ ਨੂੰ ਸੂਚਿਤ ਕੀਤਾ ਹੈ ਕਿ ਅੱਜ ਸਵੇਰੇ 10:00 ਵਜੇ ਪੌਂਗ ਡੈਮ ਤੋਂ 20000 ਕਿਊਸਿਕ ਪਾਣੀ ਬਿਆਸ ਦਰਿਆ ਵਿੱਚ ਛੱਡਿਆ ਗਿਆ ਹੈ, ਜਿਸ ਨਾਲ ਬਿਆਸ ਦਰਿਆ ਦੇ ਪਾਣੀ ਦਾ ਪੱਧਰ ਵੱਧ ਜਾਵੇਗਾ।

ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਬਿਆਸ ਦਰਿਆ ਦੇ ਨੇੜੇ ਵਸੋਂ ਨੂੰ ਚੌਕਸ ਕਰਦਿਆਂ ਕਿਹਾ ਹੈ ਕਿ ਉਹ ਦਰਿਆ ਦੇ ਕਿਨਾਰੇ ਤੋਂ ਦੂਰ ਸੁਰੱਖਿਅਤ ਥਾਵਾਂ 'ਤੇ ਹੀ ਰਹਿਣ। ਉਨ੍ਹਾਂ ਦਰਿਆ ਬਿਆਸ ਦੇ ਕਿਨਾਰੇ ਰਹਿੰਦੇ ਗੁੱਜਰ ਭਾਈਚਾਰੇ ਨੂੰ ਵੀ ਅਪੀਲ ਕੀਤੀ ਹੈ ਕਿ ਉਹ ਆਪਣੇ ਮਾਲ-ਡੰਗਰ ਸਮੇਤ ਦਰਿਆ ਬਿਆਸ ਦੇ ਕਿਨਾਰੇ ਤੋਂ ਦੂਰ ਸੁਰੱਖਿਅਤ ਥਾਵਾਂ 'ਤੇ ਚਲੇ ਜਾਣ। ਉਨ੍ਹਾਂ ਕਿਹਾ ਕਿ ਕਿਸੇ ਨੂੰ ਵੀ ਘਬਰਾਉਣ ਦੀ ਕੋਈ ਲੋੜ ਨਹੀਂ ਹੈ, ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕਿਸੇ ਵੀ ਸੰਭਾਵੀ ਹੜ੍ਹ ਦੇ ਖ਼ਤਰੇ ਨਾਲ ਨਜਿੱਠਣ ਲਈ ਪੂਰੇ ਪ੍ਰਬੰਧ ਕੀਤੇ ਹੋਏ ਹਨ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਨੂੰ ਕੋਈ ਮੁਸ਼ਕਲ ਆਉਂਦੀ ਹੈ ਜਾਂ ਪਾਣੀ ਦਾ ਪੱਧਰ ਜ਼ਿਆਦਾ ਵੱਧ ਜਾਂਦਾ ਹੈ ਤਾਂ ਉਹ ਜ਼ਿਲ੍ਹਾ ਪ੍ਰਸ਼ਾਸਨ ਦੇ ਫਲੱਡ ਕੰਟਰੋਲ ਰੂਮ ਦੇ ਨੰਬਰ 01874-266376 ਜਾਂ ਕੰਟਰੋਲ ਰੂਮ ਦੇ ਹੈਲਪ ਲਾਈਨ ਨੰਬਰ 1800-180-1852 ਉੱਪਰ ਸੰਪਰਕ ਕਰ ਸਕਦੇ ਹਨ।

# ਐੱਮਪੀ ਡਿੰਪਾ ਤੇ ਸਾਬਕਾ ਵਿਧਾਇਕ ਗਿੱਲ ਵੱਲੋਂ ਹੜ੍ਹ ਪ੍ਰਭਾਵਿਤ ਇਲਾਕੇ ਦਾ ਦੌਰਾ



**ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)**-ਬੀਤੇ ਦਿਨਾਂ ਤੋਂ ਲਗਾਤਾਰ ਪੈ ਰਹੀ ਭਾਰੀ ਬਰਸਾਤ ਕਾਰਨ ਬਿਆਸ ਸਤਲੁਜ ਦਰਿਆਵਾਂ ਦੇ ਰਸਤੇ ਹਰੀਕੇ ਹੈੱਡ ਤੋਂ ਆ ਰਹੇ ਪਾਣੀ ਨੇ ਹਥਾੜ ਖੇਤਰ ਨੂੰ ਮੁਕੰਮਲ ਬਰਬਾਦ ਕਰਕੇ ਰੱਖ ਦਿੱਤਾ ਪਰ ਪੰਜਾਬ ਸਰਕਾਰ ਘੂਕ ਸੁੱਤੀ ਹੋਣ ਕਰਕੇ ਲੋਕ ਆਪਣੇ ਪੱਧਰ ਤੇ ਰਾਹਤ ਕਾਰਜਾਂ ਵਿਚ ਜੁਟੇ ਹਨ। ਉਕਤ ਵਿਚਾਰ ਮੈਂਬਰ ਪਾਰਲੀਮੈਂਟ ਜਸਬੀਰ ਸਿੰਘ ਡਿੰਪਾ ਨੇ ਹੜ੍ਹ ਪੀੜ੍ਹਤ ਲੋਕਾਂ ਦੀ ਸਾਰ ਲੈਣ ਮਗਰੋਂ ਪੱਤਰਕਾਰਾਂ ਨਾਲ ਸਾਂਝੇ ਕੀਤੇ। ਉਨਾਂ ਕਿਹਾ ਕਿ ਕੇਂਦਰ ਅਤੇ ਪੰਜਾਬ ਸਰਕਾਰ ਇਸ ਕਹਿਰ ਨੂੰ ਕੁਦਰਤੀ ਆਫਤ ਐਲਾਨੇ ਅਤੇ ਪੀੜ੍ਹਤਾਂ ਦੀ ਭਰਪਾਈ ਲਈ 25-25 ਹਜ਼ਾਰ ਦਾ ਮੁਆਵਜ਼ਾ ਜਾਰੀ ਕਰੇ। ਉਨਾਂ ਕਿਹਾ ਕਿ ਭਾਜਪਾ ਸ਼ਾਸ਼ਿਤ ਰਾਜਾਂ ਵਿੱਚ ਆਫਤ ਸਮੇਂ ਦੇਸ਼ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੁਰੰਤ ਦੌਰਾ ਕਰਨ ਜਾਂਦੇ ਹਨ ਪਰ ਅੱਜ ਪੰਜਾਬ ਨੂੰ ਵੀ ਕੇਂਦਰੀ ਰਾਹਤ ਦੀ ਵੱਡੀ ਲੋੜ ਹੈ। ਰੈਸਕਿਊ ਆਪ੍ਰੇਸ਼ਨ ਦੀ ਨਿਗਰਾਨੀ ਕਰ ਰਹੇ ਐਸਐਸਪੀ ਗੁਰਮੀਤ ਸਿੰਘ ਚੌਹਾਨ ਅਤੇ ਮਾਲ ਵਿਭਾਗ ਦੇ ਅਧਿਕਾਰੀਆਂ ਪਾਸੋਂ ਵੀ ਰਾਹਤ ਕਾਰਜਾਂ ਦੀ ਜਾਣਕਾਰੀ ਹਾਸਲ ਕੀਤੀ।

ਇਸ ਮੌਕੇ ਸਾਬਕਾ ਵਿਧਾਇਕ ਹਰਮਿੰਦਰ ਸਿੰਘ ਗਿੱਲ ਨੇ ਕਿਹਾ ਕਿ ਜ਼ਿਲ੍ਹਾ ਬੰਨ੍ਹ ਦੇ ਸੱਜੇ ਪਾਸੇ ਵੱਸਦੇ ਕਿਸਾਨਾਂ ਦੀ ਕਰੀਬ 8 ਹਜ਼ਾਰ ਏਕੜ ਫਸਲ ਖਤਮ ਹੋ ਚੁੱਕੀ ਹੈ। ਉਨਾਂ ਕਿਹਾ ਕਿ ਸਰਕਾਰ ਦੇ ਨੁਮਾਇੰਦੇ ਕਾਰਾਂ 'ਚ ਗੇੜੇ ਕੱਢਣ ਦੀ ਬਜਾਏ ਰਾਹਤ ਸਮੱਗਰੀ ਅਤੇ ਡਾਕਟਰੀ ਸਹੂਲਤਾਂ ਦਾ ਪ੍ਰਬੰਧ ਕਰਨ। ਇਸ ਮੌਕੇ ਸਰਪੰਚ ਰੌਸ਼ਨ ਲਾਲ ਚੌਧਰੀ, ਸਰਪੰਚ ਅਮੋਲਕਜੀਤ ਸਿੰਘ ਸੰਧੂ, ਹਰਮਨ ਸੇਖੋਂ ਠੇਕੇਦਾਰ ਕਾਬਲ ਸਿੰਘ, ਮਨਦੀਪ ਸਿੰਘ ਮੱਤਾ, ਜਥੇਦਾਰ ਹਰਜਿੰਦਰ ਸਿੰਘ ਚੰਬਲ, ਪਵਨ ਕੁਮਾਰ ਸ਼ਰਮਾ, ਰਾਜਵਿੰਦਰ ਸਿੰਘ ਰਾਜੂ, ਡਾਕਟਰ ਮਨਜੀਤ ਸਿੰਘ ਮਰਹਾਣਾ, ਜੁਗਿੰਦਰਪਾਲ ਵੇਦੀ ਆਦਿ ਹਾਜ਼ਰ ਸਨ।

# ਸੂਬਾ ਸਰਕਾਰ ਲੋਕਾਂ ਨੂੰ ਭਲਾਈ ਸਕੀਮਾਂ ਦਾ ਲਾਭ ਪਾਰਦਰਸ਼ੀ ਢੰਗ ਨਾਲ ਦੇਣ ਲਈ ਵਚਨਬੱਧ : ਪੰਨੂੰ



**ਫਤਿਹਗੜ੍ਹ ਚੂੜੀਆਂ/ਬਟਾਲਾ (ਡਾ. ਮਲਵਿੰਦਰ ਸਿੰਘ)**-ਹਲਕਾ ਫਤਿਹਗੜ੍ਹ ਚੂੜੀਆਂ ਦੇ ਇੰਚਾਰਜ ਅਤੇ ਚੇਅਰਮੈਨ ਪਨਸਪ ਪੰਜਾਬ ਬਲਬੀਰ ਸਿੰਘ ਪੰਨੂੰ ਵਲੋਂ ਪਿੰਡ ਭੁੱਲਰ ਵਿਖੇ ਪਰਮਜੀਤ ਸਿੰਘ ਦੇ ਗ੍ਰਹਿ ਭਰਵੀਂ ਮੀਟਿੰਗ ਕੀਤੀ ਗਈ। ਇਸ ਮੌਕੇ ਰਵਾਇਤੀ ਪਾਰਟੀਆਂ ਨੂੰ ਅਲਵਿਦਾ ਕਹਿ ਕੇ 70 ਪਰਿਵਾਰ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ। ਇਸ ਮੌਕੇ ਚੇਅਰਮੈਨ ਬਲਬੀਰ ਸਿੰਘ ਪੰਨੂੰ ਨੇ ਕਿਹਾ ਕਿ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਹਰ ਇੱਕ ਵਿਅਕਤੀ ਨੂੰ ਬਰਾਬਰ ਮਾਣ ਸਤਿਕਾਰ ਦਿੱਤਾ ਜਾਵੇਗਾ। ਇਸ ਮੌਕੇ ਗੱਲ ਕਰਦਿਆਂ ਚੇਅਰਮੈਨ ਪੰਨੂ ਨੇ ਦੱਸਿਆ ਕਿ ਮੁੱਖ ਮੰਤਰੀ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਦੇ ਸਰਬਪੱਖੀ ਵਿਕਾਸ ਤੇ ਭਲਾਈ ਸਕੀਮਾਂ ਦਾ ਲਾਭ ਪਾਰਦਰਸ਼ੀ ਢੰਗ ਨਾਲ ਦੇਣ ਲਈ ਵਚਨਬੱਧ ਹੈ। ਪੰਜਾਬ ਸਰਕਾਰ ਵਲੋਂ ਮਹਿਜ਼ 15 ਮਹੀਨਿਆਂ ਦੇ ਅੰਦਰ ਲਏ ਵੱਡੇ ਇਤਿਹਾਸਕ ਫੈਸਲਿਆਂ ਦੀ ਗੱਲ ਕਰਦਿਆਂ ਦੱਸਿਆ ਕਿ ਸਿੱਖਿਆ ਦਾ ਮਿਆਰ ਹੋਰ ਉੱਚਾ ਚੁੱਕਣ ਲਈ ਸਕੂਲ ਆਫ ਐਮੀਨੈਂਸ ਖੋਲ੍ਹੇ ਗਏ, ਲੋਕਾਂ ਦੀ ਸਿਹਤ ਸਹੂਲਤ ਨੂੰ ਮੁੱਖ ਰੱਖਦਿਆਂ 500 ਤੋਂ ਵੱਧ ਆਮ ਆਦਮੀ ਕਲੀਨਿਕ ਖੋਲ੍ਹੇ ਗਏ, 600 ਯੂਨਿਟ ਤੱਕ ਬਿਜਲੀ ਦੇ ਬਿੱਲ ਮਾਫ ਕੀਤੇ ਗਏ।

# ਹੜ੍ਹ ਪ੍ਰਭਾਵਿਤ ਲੋਕਾਂ ਨੂੰ ਘਰ-ਘਰ ਜਾ ਕੇ ਛਕਾਇਆ ਜਾ ਰਿਹਾ ਲੰਗਰ : ਜਥੇ. ਗੋਰਾ

**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਪੰਜਾਬ ਵਿੱਚ ਆਏ ਹੜ੍ਹਾਂ ਨੂੰ ਦੇਖਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਪਹਿਲਕਦਮੀ ਕਰਦਿਆਂ ਸਮੂਹ ਸ਼੍ਰੋਮਣੀ ਕਮੇਟੀ ਮੈਂਬਰਾਂ ਅਤੇ ਗੁਰਦੁਆਰਾ ਸਾਹਿਬਾਨ ਦੇ ਮੈਨੇਜਰ ਸਾਹਿਬਾਨ ਨੂੰ ਤੁਰੰਤ ਆਦੇਸ਼ ਜਾਰੀ ਕਰ ਕੇ ਹੜ੍ਹ ਨਾਲ ਪ੍ਰਭਾਵਿਤ ਹੋਏ ਲੋਕਾਂ ਲਈ ਲੰਗਰ, ਰਿਹਾਇਸ਼, ਦਵਾਈਆਂ ਅਤੇ ਹੋਰ ਲੋੜੀਂਦੇ ਵਸਤੂਆਂ ਮੁਹੱਈਆ ਕਰਵਾਉਣ ਦਾ ਆਦੇਸ਼ ਕੀਤਾ ਗਿਆ ਹੈ। ਉਕਤ ਜਾਣਕਾਰੀ ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਦਿੰਦਿਆਂ ਦੱਸਿਆ ਕਿ ਕਮੇਟੀ ਵੱਲੋਂ ਹੜ੍ਹ ਪੀੜਤਾਂ ਵਾਸਤੇ ਹਰ ਗੁਰਦੁਆਰਾ ਸਾਹਿਬਾਨ ਵਿਖੇ ਲੰਗਰ, ਰਿਹਾਇਸ਼ ਆਦਿ ਦੇ ਪ੍ਰਬੰਧ ਕੀਤੇ ਗਏ ਹਨ ਅਤੇ ਘਰ ਘਰ ਜਾ ਕੇ ਹੜ੍ਹ ਤੋਂ ਪ੍ਰਭਾਵਿਤ ਲੋਕਾਂ ਨੂੰ ਲੰਗਰ ਛਕਾਇਆ ਜਾ ਰਿਹਾ ਹੈ। ਜਥੇਦਾਰ ਗੋਰਾ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧਕਾਂ ਦੇ ਨੰਬਰ ਵੀ ਜਾਰੀ ਕੀਤੇ ਗਏ ਹਨ। ਜਥੇਦਾਰ ਗੋਰਾ ਨੇ ਦੱਸਿਆ ਕਿ ਹੜ੍ਹ ਤੋਂ ਪ੍ਰਭਾਵਿਤ ਲੋਕਾਂ ਦੇ ਇਲਾਜ ਲਈ ਦਵਾਈਆਂ ਆਦਿ ਦੀ ਸੁਵਿਧਾ ਮੁਹੱਈਆ ਕਰਵਾਉਣ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਰਾਮਦਾਸ ਚੈਰੀਟੇਬਲ ਹਸਪਤਾਲ ਵੱਲਾ ਤੋਂ ਤਿੰਨ ਮੈਡੀਕਲ ਐਂਬੂਲੈਂਸ ਗੱਡੀਆਂ ਭੇਜੀਆਂ ਗਈਆਂ ਹਨ। ਸਾਡਾ ਸਾਰਿਆਂ ਦਾ ਫਰਜ਼ ਬਣਦਾ ਹੈ ਕਿ ਅਸੀਂ ਪੀੜਤ ਮਾਨਵਤਾ ਦੇ ਨਾਲ ਖੜ੍ਹੀਏ ਤੇ ਹੜ੍ਹ ਪੀੜਤਾਂ ਨੂੰ ਰਾਹਤ ਦੇਣ ਲਈ ਹਰ ਸੰਭਵ ਯਤਨ ਕਰੀਏ।

# ਮਾਤਾ ਸੰਧਿਆ ਪ੍ਰਭਾ ਦੇ ਦਿਹਾਂਤ 'ਤੇ ਛੋਟੇਪੁਰ ਵੱਲੋਂ ਦੁੱਖ ਸਾਂਝਾ



**ਬਟਾਲਾ (ਤਰਲੋਕ ਬੱਗਾ)**-ਸਹਿਕਾਰਤਾ ਵਿਭਾਗ ਦੇ ਸੁਪਰਡੈਂਟ ਪਵਨ ਕੁਮਾਰ ਤੇ ਪਾਵਰਕਾਮ ਦੇ ਜੇਈ ਰਾਜੀਵ ਕੁਮਾਰ ਦੀ ਮਾਤਾ ਤੇ ਪੱਤਰਕਾਰ ਮਹਿੰਦਰ ਸਿੰਘ ਅਰਲੀਭੰਨ ਦੀ ਮਾਸੀ ਸਮਾਜ ਸੇਵਕਾ ਸੰਧਿਆ ਪ੍ਰਭਾ ਜਿਸ ਦਾ ਬੀਤੇ ਦਿਨ ਦਿਹਾਂਤ ਹੋ ਗਿਆ, 'ਤੇ ਸਾਬਕਾ ਮੰਤਰੀ ਸੁੱਚਾ ਸਿੰਘ ਛੋਟੇਪੁਰ ਵੱਲੋਂ ਪੀੜਤ ਪਰਿਵਾਰ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ। ਇਸ ਮੌਕੇ ਸੁੱਚਾ ਸਿੰਘ ਛੋਟੇਪੁਰ ਨੇ ਪਰਿਵਾਰਕ ਜੀਆਂ ਨਾਲ ਹਮਦਰਦੀ ਪ੍ਰਗਟਾਈ ਅਤੇ ਕਿਹਾ ਕਿ ਮਾਤਾ ਸੰਧਿਆ ਪ੍ਰਭਾ ਮਿਠ ਬੋਲੜੇ ਸੁਭਾਅ ਦੇ ਮਾਲਕ ਤੇ ਗੁਰੂਘਰ ਦੇ ਪ੍ਰੇਮੀ ਸਨ। ਇਸ ਮੌਕੇ ਪਲਵਿੰਦਰ ਸਿੰਘ ਲੰਬੜਦਾਰ ਕੌਂਸਲਰ, ਬੂਟਾ ਰਾਮ ਸੇਵਾ ਮੁਕਤ ਥਾਣੇਦਾਰ, ਮਨਜੀਤ ਸਿੰਘ ਫੌਜੀ, ਸੁਰਜੀਤ ਸਿੰਘ, ਮੁਨੀਸ਼ ਕੁਮਾਰ, ਮਾਨਵ ਜਰੇਵਾਲ ਅਤੇ ਸਿਮਰਨਜੀਤ ਸਿੰਘ ਆਦਿ ਸ਼ਖ਼ਸੀਅਤਾਂ ਮੌਜੂਦ ਸਨ।

# ਟਾਟਾ ਏਆਈਏ ਲਾਈਫ ਇੰਸ਼ੋਰੈਂਸ ਵੱਲੋਂ ਸਮਾਲ ਕੈਪ ਡਿਸਕਵਰੀ ਫੰਡ ਲਾਂਚ

**ਅੰਮ੍ਰਿਤਸਰ** : ਟਾਟਾ ਏਆਈਏ ਲਾਈਫ ਇੰਸ਼ੋਰੈਂਸ (ਟਾਟਾ ਏਆਈਏ), ਭਾਰਤ ਦੀਆਂ ਪ੍ਰਮੁੱਖ ਜੀਵਨ ਬੀਮਾ ਕੰਪਨੀਆਂ ਵਿੱਚੋਂ ਇੱਕ ਹੈ ਜਿਸ ਨੇ ਆਪਣਾ ਪਹਿਲਾ ਸਮਰਪਿਤ ਟਾਟਾ ਏਆਈਏ ਸਮਾਲ ਕੈਪ ਡਿਸਕਵਰੀ ਫੰਡ ਲਾਂਚ ਕੀਤਾ ਹੈ। ਨਵਾਂ ਫੰਡ ਪਾਲਿਸੀਧਾਰਕਾਂ ਨੂੰ ਛੋਟੇ-ਕੈਪ ਮਾਰਕੀਟ ਪੂੰਜੀਕਰਣ ਸਟਾਕਾਂ ਵਿੱਚ ਨਿਵੇਸ਼ ਕਰਕੇ ਲੰਬੇ ਸਮੇਂ ਵਿੱਚ ਪੂੰਜੀ ਦੀ ਕਦਰ ਪੈਦਾ ਕਰਨ ਦਾ ਮੌਕਾ ਪ੍ਰਦਾਨ ਕਰੇਗਾ। ਨਵੀਂ ਫੰਡ ਪੇਸ਼ਕਸ਼ (ਐਨਐਫਓ) ਵਿਂਡੋ 10 ਜੁਲਾਈ ਤੋਂ 24 ਜੁਲਾਈ, 2023 ਤੱਕ, ਰੁਪਏ ਵਿੱਚ ਖੁੱਲ੍ਹੀ ਰਹੇਗੀ। 10 ਪ੍ਰਤੀ ਯੂਨਿਟ ਸਿਰਫ ਐਨਐਫਓ ਮਿਆਦ ਦੇ ਦੌਰਾਨ ਲਾਗੂ ਹੁੰਦਾ ਹੈ। ਸਮਾਲ-ਕੈਪ ਡਿਸਕਵਰੀ ਫੰਡ ਦੀ ਸ਼ੁਰੂਆਤ 'ਤੇ ਟਿੱਪਣੀ ਕਰਦੇ ਹੋਏ ਟਾਟਾ ਏਆਈਏ ਲਾਈਫ ਇੰਸ਼ੋਰੈਂਸ ਦੇ ਕਾਰਜਕਾਰੀ ਉਪ ਪ੍ਰਧਾਨ ਅਤੇ ਮੁੱਖ ਨਿਵੇਸ਼ ਅਫਸਰ (ਸੀਆਈਓ) ਹਰਸ਼ਦ ਪਾਟਿਲ ਨੇ ਕਿਹਾ ਕਿ ਸਰਕਾਰ ਅੰਮ੍ਰਿਤ ਕਾਲ ਦੌਰਾਨ ਅਰਥਚਾਰੇ ਨੂੰ ਰਸਮੀ ਬਣਾਉਣ 'ਤੇ ਕੇਂਦ੍ਰਿਤ ਹੈ ਜੋ ਛੋਟੇ ਕਾਰੋਬਾਰੀਆਂ ਨੂੰ ਬਹੁਤ ਫਾਇਦਾ ਹੋਵੇਗਾ। ਸਮਾਲ-ਕੈਪ ਸਟਾਕ 4500 ਤੋਂ ਵੱਧ ਕੰਪਨੀਆਂ ਦੇ ਨਾਲ ਭਾਰਤੀ ਇਕਵਿਟੀ ਮਾਰਕੀਟ ਦਾ ਮਹੱਤਵਪੂਰਨ ਹਿੱਸਾ ਹਨ।

# ਮਲਟੀਪਰਪਜ਼ ਖੇਡ ਸਟੇਡੀਅਮ ਲਮੀਨੀ ਵਿਖੇ ਮਨਾਇਆ ਜਾਵੇਗਾ ਆਜ਼ਾਦੀ ਦਿਵਸ : ਡੀ ਸੀ

**ਪਠਾਨਕੋਟ (ਦਵਿੰਦਰ ਸਿੰਘ)**-ਜ਼ਿਲ੍ਹਾ ਪੱਧਰ ਦਾ ਆਜ਼ਾਦੀ ਦਿਵਸ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਮਲਟੀਪਰਪਜ਼ ਖੇਡ ਸਟੇਡੀਅਮ ਲਮੀਨੀ (ਪਠਾਨਕੋਟ) ਵਿਖੇ ਬੜੀ ਧੂਮਧਾਮ ਅਤੇ ਉਤਸ਼ਾਹ ਨਾਲ ਮਨਾਇਆ ਜਾਵੇਗਾ। ਇਹ ਪ੍ਰਗਟਾਵਾ ਹਰਬੀਰ ਸਿੰਘ ਡਿਪਟੀ ਕਮਿਸ਼ਨਰ ਪਠਾਨਕੋਟ ਨੇ 15 ਅਗਸਤ 2023 ਨੂੰ ਮਨਾਏ ਜਾਣ ਵਾਲੇ ਜ਼ਿਲ੍ਹਾ ਪੱਧਰੀ ਆਜ਼ਾਦੀ ਦਿਵਸ ਦੀਆਂ ਤਿਆਰੀਆਂ ਕਰਨ ਸਬੰਧੀ ਜ਼ਿਲਾ ਪ੍ਰਬੰਧਕੀ ਕੰਪਲੈਕਸ ਮਲਿਕਪੁਰ ਦੇ ਮੀਟਿੰਗ ਹਾਲ ਵਿਖੇ ਆਯੋਜਿਤ ਵੱਖ-ਵੱਖ ਜ਼ਿਲ੍ਹਾ ਅਧਿਕਾਰੀਆਂ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਕੀਤਾ। ਇਸ ਮੀਟਿੰਗ ਵਿੱਚ ਮੌਕੇ ਹੋਰਨਾਂ ਤੋਂ ਇਲਾਵਾ ਹਰਕਮਲਪ੍ਰੀਤ ਸਿੰਘ ਖੱਖ ਐਸਐਸਪੀ ਪਠਾਨਕੋਟ, ਮੇਜਰ ਡਾ. ਸੁਮਿਤ ਮੁਧ ਚੀਫ ਮਨਿਸਟਰ ਫੀਲਡ ਅਫਸਰ-ਕਮ-ਸਹਾਇਕ ਕਮਿਸ਼ਨਰ ਜਨਰਲ, ਤੇਜਦੀਪ ਸਿੰਘ ਐਸਡੀਐਮ ਧਾਰ ਕਲਾਂ, ਕਾਲਾ ਰਾਮ ਕਾਂਸਲ ਐਸਡੀਐਮ ਪਠਾਨਕੋਟ, ਸਮੀਰ ਸਿੰਘ ਡੀਐਸਪੀ ਦਿਹਾਤੀ, ਰਾਮ ਲੁਭਾਇਆ ਜ਼ਿਲ੍ਹਾ ਲੋਕ ਸੰਪਰਕ ਅਫਸ਼ਰ ਪਠਾਨਕੋਟ, ਅਤੇ ਵੱਖ-ਵੱਖ ਵਿਭਾਗਾਂ ਦੇ ਜ਼ਿਲ੍ਹਾ ਅਧਿਕਾਰੀ ਹਾਜ਼ਰ ਸਨ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪੱਧਰ ਦੇ ਆਜ਼ਾਦੀ ਦਿਵਸ ਦੇ ਸਮਾਗਮ ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹਨ ਲਈ ਵੱਖ-ਵੱਖ ਵਿਭਾਗਾਂ ਦੇ ਜ਼ਿਲ੍ਹਾ ਅਧਿਕਾਰੀਆਂ ਦੀਆਂ ਕਮੇਟੀਆਂ ਗਠਿਤ ਕਰਕੇ ਡਿਊਟੀਆਂ ਲਗਾ ਦਿੱਤੀਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਸਿੱਖਿਆ ਵਿਭਾਗ ਦੀ ਸੱਭਿਆਚਾਰਕ ਪ੍ਰੋਗਰਾਮ ਦੀ ਤਿਆਰੀ ਸਬੰਧੀ ਡਿਊਟੀ ਲਗਾਈ ਹੈ। 5 ਅਗਸਤ ਨੂੰ ਸੱਭਿਆਚਾਰਕ ਪ੍ਰੋਗਰਾਮ ਦੀ ਚੋਣ ਕੀਤੀ ਜਾਵੇਗੀ ਅਤੇ 8 ਤੇ 10 ਅਗਸਤ ਨੂੰ ਰਿਹਰਸਲ ਅਤੇ ਫੁਲ ਡਰੈਸ ਰਿਹਰਸਲ 12 ਅਗਸਤ, 2023 ਨੂੰ ਮਲਟੀਪਰਪਜ਼ ਖੇਡ ਸਟੇਡੀਅਮ ਲਮੀਨੀ (ਪਠਾਨਕੋਟ) ਵਿਖੇ ਹੋਵੇਗੀ। ਉਨ੍ਹਾਂ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਕਿਹਾ ਕਿ ਉਹ ਰਿਹਰਸਲਾਂ ਵਾਲੇ ਦਿਨ ਅਤੇ ਸਮਾਗਮ ਵਾਲੇ ਦਿਨ ਮੈਡੀਕਲ ਟੀਮ ਉਪਲਬਧ ਕਰਵਾਉਣ ਨੂੰ ਯਕੀਨੀ ਬਣਾਉਣ।

# ਠੋਸ ਕੂੜਾ ਪ੍ਰਬੰਧਨ ਪ੍ਰੋਜੈਕਟ ਤੇ ਛੱਪੜਾਂ ਦੇ ਨਵੀਨੀਕਰਨ ਸੰਬੰਧੀ ਮੀਟਿੰਗ



**ਅੰਮ੍ਰਿਤਸਰ (ਨਰਿੰਦਰਜੀਤ ਸਿੰਘ)**-ਅਮਿਤ ਤਲਵਾੜ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਦੇ ਦਿਸ਼ਾ ਨਿਰਦੇਸ਼ਾਂ ਹੇਠ ਜ਼ਿਲ੍ਹਾ ਅੰਮ੍ਰਿਤਸਰ ਵਿਖੇ ਸਵੱਛ ਭਾਰਤ ਮਿਸ਼ਨ ਫੇਜ਼-2 ਤਹਿਤ ਚਲ ਰਹੇ ਤਰਲ ਕੂੜਾ ਪ੍ਰਬੰਧਨ, ਠੋਸ ਕੂੜਾ ਪ੍ਰਬੰਧਨ ਅਤੇ ਜ਼ਿਲ੍ਹੇ ਨੂੰ ਓ. ਡੀ. ਐੱਫ. ਪਲੱਸ ਬਣਾਉਣ ਸਬੰਧੀ ਪਰਮਜੀਤ ਕੌਰ ਵਧੀਕ ਡਿਪਟੀ ਕਮਿਸ਼ਨਰ ਵਿਕਾਸ ਅੰਮ੍ਰਿਤਸਰ ਦੀ ਪ੍ਰਧਾਨਗੀ ਹੇਠ ਮੀਟਿੰਗ ਹੋਈ, ਜਿਸ ਵਿੱਚ ਉਨ੍ਹਾਂ ਵੱਲੋਂ ਪਿੰਡਾਂ ਵਿੱਚ ਤਰਲ ਕੂੜਾ ਪ੍ਰਬੰਧਨ, ਠੋਸ ਕੂੜਾ ਪ੍ਰਬੰਧਨ, ਸਾਂਝੇ ਪਖਾਨੇ ਦੇ ਕੰਮਾਂ ਨੂੰ ਮੁਕੰਮਲ ਕਰਨ ਅਤੇ ਜ਼ਿਲ੍ਹੇ ਨੂੰ ਓ. ਡੀ. ਐਫ. ਪਲੱਸ ਬਣਾਉਣ ਲਈ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਅਤੇ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਨੂੰ ਸਾਂਝੇ ਤੌਰ 'ਤੇ ਕੰਮ ਕਰਨ ਲਈ ਕਿਹਾ ਅਤੇ ਪਿੰਡਾਂ ਨੂੰ ਓ. ਡੀ. ਐਫ. ਪਲੱਸ ਬਣਾਉਣ ਲਈ ਮੌਕੇ ਤੇ ਹਾਜ਼ਰ ਅਧਿਕਾਰੀਆਂ ਲਈ ਟੀਚੇ ਮਿੱਥੇ ਗਏ। ਇਸ ਮੌਕੇ ਚਰਨਦੀਪ ਸਿੰਘ ਜ਼ਿਲ੍ਹਾ ਸੈਨੀਟੇਸ਼ਨ ਅਫਸਰ ਕਮ ਕਾਰਜਕਾਰੀ ਇੰਜੀਨੀਅਰ, ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਅੰਮ੍ਰਿਤਸਰ, ਸੁਦੀਪ ਕੁਮਾਰ ਜ਼ਿਲ੍ਹਾ ਵਿਕਾਸ ਅਤੇ ਪੰਚਾਇਤ ਅਫਸਰ, ਹਰਸਿਮਰਨ ਕੌਰ ਜ਼ਿਲ੍ਹਾ ਕੋਆਰਡੀਨੇਟਰ ਮਨਰੇਗਾ, ਅਮਨਦੀਪ ਸਿੰਘ ਬਲਾਕ ਵਿਕਾਸ ਅਤੇ ਪੰਚਾਇਤ ਅਫਸਰ ਰਈਆ, ਬਿਕਰਮਜੀਤ ਸਿੰਘ ਬਲਾਕ ਵਿਕਾਸ ਅਤੇ ਪੰਚਾਇਤ ਅਫਸਰ ਅਟਾਰੀ, ਸੁਖਜੀਤ ਸਿੰਘ ਬਲਾਕ ਵਿਕਾਸ ਅਤੇ ਪੰਚਾਇਤ ਅਫਸਰ ਅਜਨਾਲਾ, ਸ਼ਮਸ਼ੇਰ ਸਿੰਘ ਬਲਾਕ ਵਿਕਾਸ ਅਤੇ ਪੰਚਾਇਤ ਅਫਸਰ ਚੋਗਾਵਾਂ, ਜਸਬੀਰ ਕੌਰ ਬਲਾਕ ਵਿਕਾਸ ਅਤੇ ਪੰਚਾਇਤ ਅਫਸਰ ਮਜੀਠਾ ਅਤੇ ਜਗਦੀਪ ਸਿੰਘ ਉਪ ਮੰਡਲ ਇੰਜੀਨੀਅਰ ਅਤੇ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਅਤੇ ਜ਼ਿਲ੍ਹਾ ਪੱਧਰੀ ਸਮਾਜਿਕ ਸਟਾਫ ਹਾਜ਼ਰ ਸੀ।

# ਜੇਲ੍ਹ 'ਚ ਬੰਦ ਕੈਦੀਆਂ ਲਈ 'ਸਿੱਖਿਆ ਦਾਤ' ਪ੍ਰੋਗਰਾਮ ਦਾ ਆਗਾਜ਼

## * ਪਹਿਲੇ ਬੈਚ 'ਚ 22 ਲੜਕੀਆਂ, ਔਰਤਾਂ ਤੇ 18 ਨੌਜਵਾਨ ਲੜਕਿਆਂ ਨੇ ਲਿਆ ਦਾਖਲਾ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਵੱਲੋਂ ਇੱਕ ਹੋਰ ਪਹਿਲਕਦਮੀ ਕਰਦਿਆਂ ਕੇਂਦਰੀ ਜੇਲ੍ਹ ਗੁਰਦਾਸਪੁਰ ਅੰਦਰ ਬੰਦ ਕੈਦੀਆਂ ਲਈ 'ਸਿੱਖਿਆ ਦਾਤ' ਪ੍ਰੋਗਰਾਮ ਦੀ ਸ਼ੁਰੂਆਤ ਕੀਤੀ ਗਈ ਹੈ। ਇਸ ਪ੍ਰੋਗਰਾਮ ਜ਼ਰੀਏ ਹੁਣ ਜੇਲ੍ਹ ਵਿੱਚ ਬੰਦ ਬੰਦੀ ਸਿੱਖਿਆ ਗ੍ਰਹਿਣ ਕਰ ਸਕਣਗੇ। ਸਮਰਪਣ ਸੁਸਾਇਟੀ ਗੁਰਦਾਸਪੁਰ ਦੇ ਸਹਿਯੋਗ ਨਾਲ ਸ਼ੁਰੂ ਹੋਏ 'ਸਿੱਖਿਆ ਦਾਤ' ਪ੍ਰੋਗਰਾਮ ਦੇ ਪਹਿਲੇ ਬੈਚ ਵਿੱਚ 22 ਲੜਕੀਆਂ ਅਤੇ ਔਰਤਾਂ ਨੇ ਆਪਣਾ ਨਾਮ ਲਿਖਾਇਆ ਹੈ ਜਦਕਿ 18 ਨੌਜਵਾਨ ਲੜਕੇ ਵੀ ਸਿੱਖਿਆ ਹਾਸਲ ਕਰਨ ਲਈ ਅੱਗੇ ਆਏ ਹਨ।

'ਸਿੱਖਿਆ ਦਾਤ' ਪ੍ਰੋਗਰਾਮ ਦੀ ਸ਼ੁਰੂਆਤ ਕਰਦਿਆਂ ਡੀਸੀ ਨੇ ਪਹਿਲੇ ਬੈਚ ਦੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਸਿੱਖਿਆ ਦਾ ਮਨੁੱਖੀ ਜੀਵਨ ਵਿੱਚ ਬਹੁਤ ਅਹਿਮ ਸਥਾਨ ਹੈ ਅਤੇ ਸਿੱਖਿਆ ਗ੍ਰਹਿਣ ਕਰਕੇ ਹੀ ਮਨੁੱਖ ਹਰ ਮੁਕਾਮ ਹਾਸਲ ਕਰ ਸਕਦਾ ਹੈ। ਉਨ੍ਹਾਂ ਦੱਸਿਆ ਕਿ 'ਸਿੱਖਿਆ ਦਾਤ' ਪ੍ਰੋਗਰਾਮ ਤਹਿਤ ਬੰਦੀਆਂ ਨੂੰ ਦਸਵੀਂ, ਬਾਰ੍ਹਵੀਂ, ਬੀ. ਏ. ਐੱਮ. ਏ., ਦੀ ਪੜ੍ਹਾਈ ਦੇ ਨਾਲ ਸਕਿੱਲ ਡਿਵੈਲਪਮੈਂਟ ਦੇ ਕੋਰਸ ਵੀ ਕਰਵਾਏ ਜਾਣਗੇ। ਡਾ. ਹਿਮਾਂਸ਼ੂ ਅਗਰਵਾਲ ਨੇ ਕਿਹਾ ਕਿ ਇਹ ਪ੍ਰੋਜੈਕਟ ਉਨ੍ਹਾਂ ਦੇ ਦਿਲ ਦੇ ਬਹੁਤ ਕਰੀਬ ਹੈ ਕਿਉਂਕਿ 'ਸਿੱਖਿਆ ਦਾਤ' ਨਾਲ ਜੇਲ੍ਹ ਵਿੱਚ ਬੰਦ ਬਹੁਤ ਸਾਰੇ ਬੰਦੀਆਂ ਦੀ ਜ਼ਿੰਦਗੀ ਬਣਨੀ ਹੈ। ਉਨ੍ਹਾਂ ਕਿਹਾ ਕਿ ਜੇਲ੍ਹਾਂ ਨੂੰ ਸੁਧਾਰ ਘਰ ਵੀ ਕਿਹਾ ਜਾਂਦਾ ਹੈ ਅਤੇ ਜਦੋਂ ਇਸ ਜੇਲ੍ਹ ਵਿੱਚ ਬੰਦ ਬੰਦੀ 'ਸਿੱਖਿਆ ਦਾਤ' ਪ੍ਰਾਪਤ ਕਰਕੇ ਬਾਹਰ ਜਾਣਗੇ ਤਾਂ ਉਹ ਸੱਚਮੁੱਚ ਹੀ ਆਪਣੇ ਆਪ ਵਿੱਚ ਹਾਂ-ਪੱਖੀ ਬਦਲਾਵ ਮਹਿਸੂਸ ਕਰਨਗੇ। ਉਨ੍ਹਾਂ ਕਿਹਾ ਕਿ ਇਸ ਸਿੱਖਿਆ ਦੀ ਬਦੌਲਤ ਹੀ ਉਹ ਆਪਣੀ ਆਉਣ ਵਾਲੀ ਜ਼ਿੰਦਗੀ ਨੂੰ ਹੋਰ ਬੇਹਤਰ ਬਣਾ ਸਕਣਗੇ।

'ਸਿੱਖਿਆ ਦਾਤ' ਹਾਸਲ ਕਰਨ ਵਾਲੇ ਵਿਦਿਆਰਥੀਆਂ ਤੇ ਵਿਦਿਆਰਥਣਾਂ ਨੂੰ ਡਾ. ਅਗਰਵਾਲ ਨੇ ਕਿਹਾ ਕਿ ਜੇਕਰ ਉਨ੍ਹਾਂ ਨੂੰ ਜੇਲ੍ਹ ਵਿੱਚੋਂ ਜ਼ਮਾਨਤ ਮਿਲ ਜਾਂਦੀ ਹੈ ਜਾਂ ਉਨ੍ਹਾਂ ਦੀ ਸਜ਼ਾ ਪੂਰੀ ਹੋ ਜਾਂਦੀ ਹੈ ਤਾਂ ਉਹ ਬਾਹਰ ਜਾ ਕੇ ਵੀ ਆਪਣੀ ਪੜ੍ਹਾਈ ਨੂੰ ਜਾਰੀ ਰੱਖ ਸਕਦੇ ਹਨ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇਨ੍ਹਾਂ ਵਿਦਿਆਰਥੀਆਂ ਦੀ ਜੇਲ੍ਹ ਤੋਂ ਬਾਹਰ ਵੀ ਪੜ੍ਹਾਈ ਵਿੱਚ ਹਰ ਸਹਾਇਤਾ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਜੇਕਰ ਉਨ੍ਹਾਂ ਦੀ ਗੁਰਦਾਸਪੁਰ ਤੋਂ ਬਦਲੀ ਵੀ ਹੋ ਜਾਂਦੀ ਹੈ ਤਾਂ ਵੀ ਉਹ 'ਸਿੱਖਿਆ ਦਾਤ' ਪ੍ਰੋਗਰਾਮ ਰਾਹੀਂ ਸਿੱਖਿਆ ਹਾਸਲ ਕਰਨ ਵਾਲੇ ਵਿਦਿਆਰਥੀਆਂ ਦੀ ਹਰ ਸਹਾਇਤਾ ਲਈ ਹਾਜ਼ਰ ਰਹਿਣਗੇ। ਉਨ੍ਹਾਂ ਵਿਦਿਆਰਥੀਆਂ ਨੂੰ ਕਿਹਾ ਕਿ ਉਹ ਆਪਣੇ ਅਧਿਆਪਕਾਂ ਦਾ ਪੂਰਾ ਮਾਣ-ਸਤਿਕਾਰ ਕਰਨ ਅਤੇ ਉਨ੍ਹਾਂ ਵੱਲੋਂ ਦਿੱਤੇ ਜਾਣ ਵਾਲ ਗਿਆਨ ਨੂੰ ਹਾਸਲ ਕਰਕੇ ਆਪਣੀਆਂ ਜ਼ਿੰਦਗੀਆਂ ਨੂੰ ਰੌਸ਼ਨ ਕਰਨ। ਇਸ ਤੋਂ ਪਹਿਲਾਂ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਵੱਲੋਂ ਕੇਂਦਰੀ ਜੇਲ੍ਹ ਗੁਰਦਾਸਪੁਰ ਦਾ ਦੌਰਾ ਕਰਕੇ ਜੇਲ੍ਹ ਵਿੱਚ ਬੰਦ ਬੰਦੀਆਂ ਨੂੰ ਦਿੱਤੀਆਂ ਜਾ ਰਹੀਆਂ ਸਹੂਲਤਾਂ ਦਾ ਜਾਇਜ਼ਾ ਵੀ ਲਿਆ ਗਿਆ। ਇਸ ਮੌਕੇ ਕੇਂਦਰੀ ਜੇਲ੍ਹ ਗੁਰਦਾਸਪੁਰ ਦੇ ਸੁਪਰਡੈਂਟ ਨਵਇੰਦਰ ਸਿੰਘ, ਡਿਪਟੀ ਜੇਲ੍ਹ ਸੁਪਰਡੈਂਟ ਹਰਭਜਨ ਸਿੰਘ, ਸਹਾਇਕ ਡਿਪਟੀ ਜੇਲ੍ਹ ਸੁਪਰਡੈਂਟ ਅਵਤਾਰ ਸਿੰਘ, ਪਰਮਜੀਤ ਸਿੰਘ ਪ੍ਰਧਾਨ ਈ-ਸੇਵਾ ਸੁਸਾਇਟੀ, ਜ਼ਿਲ੍ਹਾ ਗਾਈਡੈਂਸ ਕਾਊਂਸਲਰ ਪਰਮਿੰਦਰ ਸਿੰਘ, ਅਧਿਆਪਕਾ ਅਰੂਸੀ ਮਹਾਜਨ ਅਤੇ ਤਰਨਜੋਤ ਕੌਰ ਵੀ ਹਾਜ਼ਰ ਸਨ।

# ਗੁਰਦਾਸਪੁਰ ਸ਼ਹਿਰ ਅੰਦਰ ਟਰੈਫ਼ਿਕ ਸਮੱਸਿਆ ਬਣੀ ਜੀਅ ਦਾ ਜੰਜਾਲ



**ਗੁਰਦਾਸਪੁਰ, (ਜਨਕ ਮਹਾਜਨ)**-ਗੁਰਦਾਸਪੁਰ ਸ਼ਹਿਰ ਅੰਦਰ ਟਰੈਫ਼ਿਕ ਸਮੱਸਿਆ ਸ਼ਹਿਰ ਵਾਸੀਆਂ ਲਈ ਜੀਅ ਦਾ ਜੰਜਾਲ ਬਣਦੀ ਜਾ ਰਹੀ ਹੈ। ਗੁਰਦਾਸਪੁਰ ਸ਼ਹਿਰ ਅੰਦਰ ਵਾਹਨਾਂ ਦੀਆਂ ਲਗਦੀਆਂ ਲੰਬੀਆਂ ਕਾਤਾਰਾਂ ਕਾਰਨ ਲੋਕਾਂ ਨੂੰ ਕਾਫ਼ੀ ਸਮਾਂ ਟਰੈਫ਼ਿਕ ਜਾਮ ਵਿਚ ਫਸੇ ਰਹਿਣਾ ਪੈਂਦਾ ਹੈ। ਇਸ ਟਰੈਫ਼ਿਕ ਜਾਮ ਕਾਰਨ ਸਕੂਲੀ ਬੱਸਾਂ, ਨੌਕਰੀਆਂ 'ਤੇ ਜਾਣ ਸਮੇਂ ਮੁਲਾਜ਼ਮਾਂ ਤੋਂ ਇਲਾਵਾ ਹਸਪਤਾਲਾਂ ਜਾਣ ਵਾਲੇ ਐਮਰਜੈਂਸੀ ਹਾਲਤ ਵਿਚ ਮਰੀਜ਼ਾਂ ਅਤੇ ਐਂਬੂਲੈਂਸਾਂ ਨੂੰ ਜਾਮ ਵਿਚ ਫਸੇ ਰਹਿਣਾ ਪੈਂਦਾ ਹੈ। ਸ਼ਹਿਰ ਅੰਦਰ ਟਰੈਫ਼ਿਕ ਸਮੱਸਿਆ ਇੰਨੀ ਜ਼ਿਆਦਾ ਵੱਧ ਚੁੱਕੀ ਹੈ ਕਿ ਕਾਹਨੂੰਵਾਨ ਚੌਕ ਤੋਂ ਬੱਸ ਅੱਡੇ ਤੱਕ, ਗੀਤ ਭਵਨ ਰੋਡ, ਜੇਲ੍ਹ ਰੋਡ, ਸ਼ਹਿਰ ਦੇ ਬਾਜ਼ਾਰਾਂ ਅੰਦਰ ਪਹੁੰਚਣ ਲਈ ਕਾਫ਼ੀ ਸਮਾਂ ਲੱਗ ਜਾਂਦਾ ਹੈ। ਇਸ ਸਬੰਧੀ ਸ਼ਹਿਰ ਵਾਸੀਆਂ ਦਾ ਕਹਿਣਾ ਹੈ ਕਿ ਸ਼ਹਿਰ ਅੰਦਰ ਟਰੈਫ਼ਿਕ ਸਮੱਸਿਆ ਵਾਹਨ ਚਾਲਕਾਂ ਵਲੋਂ ਸੜਕਾਂ ਦੇ ਉਪਰ ਹੀ ਆਪਣੇ ਵਹੀਕਲਾਂ ਨੂੰ ਖੜਾ ਕਰ ਦੇਣ ਨਾਲ ਪੈਦਾ ਹੁੰਦੀ ਹੈ। ਉਨ੍ਹਾਂ ਕਿਹਾ ਕਿ ਦਿਨ ਸਮੇਂ ਵੱਡੇ ਵਹੀਕਲਾਂ ਦਾ ਸ਼ਹਿਰ ਅੰਦਰੋਂ ਗੁਜ਼ਰਨਾ ਬੇਸ਼ੱਕ ਟਰੈਫ਼ਿਕ ਵਿਭਾਗ ਵਲੋਂ ਬੰਦ ਕੀਤਾ ਗਿਆ ਹੈ ਕਿ ਪਰ ਫ਼ਿਰ ਕਈ ਵਾਰ ਵੱਡੇ ਵਾਹਨਾਂ ਵਲੋਂ ਸ਼ਹਿਰ ਅੰਦਰ ਸਾਮਾਨ ਸਪਲਾਈ ਕੀਤਾ ਜਾਂਦਾ ਹੈ ਅਤੇ ਬਾਜ਼ਾਰਾਂ ਵਿਚ ਭੀੜ ਅਤੇ ਜਗ੍ਹਾ ਘੱਟ ਹੋਣ ਕਰਕੇ ਲੰਬਾ ਸਮਾਂ ਜਾਮ ਲੱਗਾ ਰਹਿੰਦਾ ਹੈ। ਉਨ੍ਹਾਂ ਕਿਹਾ ਕਿ ਵਾਹਨ ਚਾਲਕ ਦੁਕਾਨਾਂ ਅੰਦਰ ਸਾਮਾਨ ਲੈਂਦੇ ਸਮੇਂ ਆਪਣੇ ਵਹੀਕਲਾਂ ਨੂੰ ਸੜਕਾਂ 'ਤੇ ਖੜਾ ਕਰ ਜਾਂਦੇ ਹਨ ਜਿਸ ਕਾਰਨ ਸੜਕ ਤੋਂ ਦੀ ਲੰਘਣਾ ਔਖਾ ਹੋ ਜਾਂਦਾ ਹੈ। ਉਨ੍ਹਾਂ ਕਿਹਾ ਪ੍ਰਸ਼ਾਸਨ ਵਲੋਂ ਵਾਹਨਾਂ ਨੂੰ ਪਾਰਕਿੰਗ ਕਰਨ ਲਈ ਨਹਿਰੂ ਪਾਰਕ ਵਿਖੇ ਵਿਸ਼ੇਸ ਜਗ੍ਹਾ ਦਾ ਪ੍ਰਬੰਧ ਕੀਤਾ ਗਿਆ ਹੈ ਪਰ ਵਾਹਨ ਚਾਲਕਾਂ ਵਲੋਂ ਬਹੁਤ ਹੀ ਘੱਟ ਉਥੇ ਆਪਣੇ ਵਾਹਨਾਂ ਨੂੰ ਪਾਰਕ ਕੀਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਟਰੈਫ਼ਿਕ ਵਿਭਾਗ ਵਲੀ ਭਾਰੀ ਜੱਦੋਜਹਿਦ ਕਰਕੇ ਟਰੈਫ਼ਿਕ ਨੂੰ ਕੰਟਰੋਲ ਕੀਤਾ ਜਾਂਦਾ ਹੈ ਪਰ ਫ਼ਿਰ ਵੀ ਟਰੈਫ਼ਿਕ ਸਮੱਸਿਆ ਸ਼ਹਿਰ ਅੰਦਰ ਦਿਨ ਪ੍ਰਤੀ ਦਿਨ ਵਧਦੀ ਜਾ ਰਹੀ ਹੈ। ਸ਼ਹਿਰ ਵਾਸੀਆਂ ਨੇ ਪ੍ਰਸ਼ਾਸਨ ਗੁਰਦਾਸਪੁਰ ਪਾਸੋਂ ਮੰਗ ਕੀਤੀ ਕਿ ਸ਼ਹਿਰ ਅੰਦਰ ਟਰੈਫ਼ਿਕ ਸਮੱਸਿਆ ਵੱਲ ਵਿਸ਼ੇਸ਼ ਧਿਆਨ ਦੇ ਕੇ ਇਸ ਨੂੰ ਸੁਚਾਰੂ ਢੰਗ ਨਾਲ ਚਲਾਇਆ ਜਾਵੇ ਤਾਂ ਆਉਣ ਜਾਣ ਵਾਲੇ ਰਾਹਗੀਰਾਂ ਨੂੰ ਕੋਈ ਮੁਸ਼ਕਿਲ ਪੇਸ਼ ਨਾ ਆਵੇ।

# ਸ਼ਾਇਰ ਹਰਭਜਨ ਸਿੰਘ ਹੁੰਦਲ ਨੂੰ ਸੇਜਲ ਅੱਖਾਂ ਨਾਲ ਅੰਤਿਮ ਵਿਦਾਇਗੀ



**ਬਾਬਾ ਬਕਾਲਾ ਸਾਹਿਬ (ਨਿਰਮਲ ਸਿੰਘ ਸੰਘਾ)**-ਪੰਜਾਬੀ ਜ਼ੁਬਾਨ ਦੇ ਨਾਮਵਰ ਲੇਖਕ ਹਰਭਜਨ ਸਿੰਘ ਹੁੰਦਲ ਦੇ ਸਵਰਗਵਾਸ ਹੋਣ 'ਤੇ ਸਮੁੱਚਾ ਸਾਹਿਤ ਜਗਤ ਉਦਾਸੀ ਦੇ ਆਲਮ ਵਿੱਚ ਹੈ। 90 ਸਾਲ ਦੀ ਉਮਰ ਵਿੱਚੋਂ ਸੁਚੇਤ 65 ਸਾਲ ਪੰਜਾਬੀ ਸਾਹਿਤ ਸਿਰਜਣਾ ਤੇ ਸਾਹਿਤਕ ਸੰਗਠਨਾਂ ਤੋਂ ਇਲਾਵਾ ਤ੍ਰੈਮਾਸਿਕ ਪੱਤਰ ਚਿਰਾਗ ਦੀ ਸੰਪਾਦਨਾ ਨੂੰ ਲਾਏ। ਉਹ ਆਪ ਤਾਂ ਕਮਾਲ ਦੇ ਸ਼ਾਇਰ ਹੈ ਹੀ ਸਨ, ਉਨ੍ਹਾਂ ਵਿਸ਼ਵ ਭਰ ਦੀ ਚੰਗੀ ਕਵਿਤਾ ਦਾ ਅਨੁਵਾਦ ਵੀ ਕੀਤਾ ਤੇ ਨਵੇਂ ਲੇਖਕਾਂ ਨੂੰ ਚੰਗਾ ਸਾਹਿਤ ਪੜ੍ਹਨ ਦੀ ਪ੍ਰੇਰਨਾ ਵੀ ਦਿੱਤੀ। ਹੁੰਦਲ ਦਾ ਅੰਤਿਮ ਸਸਕਾਰ ਉਨ੍ਹਾਂ ਦੇ ਜੱਦੀ ਪਿੰਡ ਫੱਤੂ ਚੱਕ (ਢਿਲਵਾਂ ਨਜ਼ਦੀਕ) ਕਰ ਦਿੱਤਾ ਗਿਆ। ਇਸ ਮੌਕੇ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਮੁੱਖ ਸੰਚਾਲਕ ਸੇਲਿੰਦਰਜੀਤ ਸਿੰਘ ਰਾਜਨ, ਸਰਪ੍ਰਸਤ ਪ੍ਰਿੰਸੀਪਲ ਰਘਬੀਰ ਸਿੰਘ ਸੋਹਲ, ਸੀਨੀਅਰ ਮੀਤ ਪ੍ਰਧਾਨ ਮੱਖਣ ਭੈਣੀਵਾਲਾ, ਮੀਤ ਪ੍ਰਧਾਨ ਮੁਖਤਾਰ ਸਿੰਘ ਗਿੱਲ, ਖਜ਼ਾਨਚੀ ਮਾ: ਮਨਜੀਤ ਸਿੰਘ ਵੱਸੀ ਨੇ ਪੁੱਜਕੇ ਸਭਾ ਵੱਲੋਂ ਹੁੰਦਲ ਦੀ ਮ੍ਰਿਤਕ ਦੇਹ ਤੇ ਨੂੰ ਦੁਸ਼ਾਲਾ ਭੇਟ ਕਰਕੇ ਉਨ੍ਹਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਮੌਕੇ ਕਾਮਰੇਡ ਮੰਗਤ ਰਾਮ ਪਾਸਲਾ, ਪੰਜਾਬੀ ਸਾਹਿਤ ਅਕੈਡਮੀ ਲੁਧਿਆਣਾ ਦੇ ਪ੍ਰਧਾਨ ਡਾ: ਲਖਵਿੰਦਰ ਜੌਹਲ, ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸਾ: ਜਨਰਲ ਸਕੱਤਰ ਡਾ: ਕਰਮਜੀਤ ਸਿੰਘ, ਮੱਖਣ ਕੋਹਾੜ, ਸਕੱਤਰ ਦੀਪ ਦਵਿੰਦਰ ਸਿੰਘ, ਸਿਰਜਣਾ ਕੇਂਦਰ ਕਪੂਰਥਲਾ ਦੇ ਸਰਪ੍ਰਸਤ ਪ੍ਰੋ: ਕੁਲਵੰਤ ਔਜਲਾ, ਡਾ: ਆਸਾ ਸਿੰਘ ਘੁੰਮਣ, ਪ੍ਰਧਾਨ ਕੰਵਰ ਇਕਬਾਲ ਸਿੰਘ, ਸੁਰਜੀਤ ਸਾਜਨ, ਹਰਵਿੰਦਰ ਭੰਡਾਲ, 'ਅੱਖਰ' ਵੱਲੋਂ ਸ਼ਾਇਰ ਵਿਸ਼ਾਲ, ਬਖਤਾਵਰ ਧਾਲੀਵਾਲ, ਸਾਹਿਤਕ ਪਿੜ ਨਡਾਲਾ ਦੇ ਪ੍ਰਧਾਨ ਡਾ: ਕਰਮਜੀਤ ਸਿੰਘ, ਜ਼ਿਲ੍ਹਾ ਗੁਰਦਾਸਪੁਰ ਤੋਂ ਉਸਤਾਦ ਗ਼ਜ਼ਲਗੋ ਸੁਲੱਖਣ ਸਰਹੱਦੀ, ਗੁਰਮੀਤ ਬਾਜਵਾ, ਮੰਗਤ ਰਾਮ ਚੈਂਚਲ, ਦਿਹਾਤੀ ਮਜ਼ਦੂਰ ਸਭਾ ਦੇ ਕਾਮਰੇਡ ਗੁਰਨਾਮ ਸਿੰਘ ਦਾਊਦ, ਕਾ: ਅਮਰੀਕ ਸਿੰਘ ਦਾਊਦ, ਸੁਖਜਿੰਦਰਪਾਲ ਸਿੰਘ ਪੰਨੂੰ ਸਮੇਤ ਵੱਡੀ ਗਿਣਤੀ ਵਿੱਚ ਸਾਹਿਤਕਾਰ ਸਾਥੀਆਂ ਨੇ ਸੇਜਲ ਅੱਖਾਂ ਨਾਲ ਸ਼ਾਇਰ ਹੁੰਦਲ ਨੂੰ ਵਿਦਾਇਗੀ ਦਿੱਤੀ। ਵੱਖ-ਵੱਖ ਸਾਹਿਤਕ ਸੰਸਥਾਵਾਂ ਵੱਲੋਂ ਮ੍ਰਿਤਕ ਦੇਹ 'ਤੇ ਦੁਸ਼ਾਲਾ ਭੇਟ ਕੀਤਾ ਗਿਆ। ਸ: ਹੁੰਦਲ ਦੇ ਵੱਡੇ ਸਪੁੱਤਰ ਡਾ: ਹਰਪ੍ਰੀਤ ਸਿੰਘ ਹੁੰਦਲ ਨੇ ਦੱਸਿਆ ਕਿ ਸ: ਹੁੰਦਲ ਨਮਿਤ ਪਾਠ ਦੇ ਭੋਗ ਉਪਰੰਤ ਸ਼ਰਧਾਂਜਲੀ ਸਮਾਗਮ 11 ਤੋਂ 1 ਵਜੇ ਤੱਕ ਜੰਬਾ-777 ਪੈਲੇਸ, ਨੇੜੇ-ਟੋਲ ਪਲਾਜ਼ਾ, ਢਿਲਵਾਂ (ਕਪੂਰਥਲਾ) ਵਿਖੇ ਹੋਵੇਗਾ।

# ਸਹਿਕਾਰੀ ਖੰਡ ਮਿੱਲ ਪਨਿਆੜ ਦੀ ਸਾਰੀ ਬਕਾਇਆ ਰਾਸ਼ੀ 9682.78 ਲੱਖ ਰੁਪਏ ਜਾਰੀ



**ਧਾਰੀਵਾਲ, ਗੁਰਦਾਸਪੁਰ, (ਮਨਦੀਪ ਵਿੱਕੀ/ਜਨਕ ਮਹਾਜਨ)**-ਪੰਜਾਬ ਸਰਕਾਰ ਵੱਲੋਂ ਸਹਿਕਾਰੀ ਖੰਡ ਮਿੱਲ ਪਨਿਆੜ (ਗੁਰਦਾਸਪੁਰ) ਦੀ ਗੰਨੇ ਦੀ ਪਿੜਾਈ ਦੀ ਸਾਰੀ ਬਕਾਇਆ ਰਾਸ਼ੀ 9682.78 ਲੱਖ ਰੁਪਏ ਜਾਰੀ ਕਰ ਦਿੱਤੀ ਗਈ ਹੈ, ਜਿਸ ਨੂੰ ਸਹਿਕਾਰੀ ਖੰਡ ਮਿੱਲ ਵੱਲੋਂ ਕਿਸਾਨਾਂ ਦੇ ਖਾਤਿਆਂ ਵਿੱਚ ਟਰਾਂਸਫਰ ਕਰ ਦਿੱਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਗੁਰਦਾਸਪੁਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਸਹਿਕਾਰੀ ਖੰਡ ਮਿੱਲ ਪਨਿਆੜ ਗੁਰਦਾਸਪੁਰ ਵੱਲੋਂ ਪਿੜਾਈ ਸੀਜ਼ਨ 2022-23 ਦੌਰਾਨ 2548771.00 ਕੁਇੰਟਲ ਗੰਨਾ ਪੀੜਿਆ ਗਿਆ ਸੀ, ਜਿਸ ਦੀ ਕੁੱਲ ਪੇਮੈਂਟ 9682.78 ਲੱਖ ਰੁਪਏ ਬਣਦੀ ਸੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਗੰਨੇ ਦੀ ਸਾਰੀ ਬਕਾਇਆ ਰਾਸ਼ੀ ਰਲੀਜ਼ ਕਰ ਦਿੱਤੀ ਗਈ ਹੈ ਅਤੇ ਪਨਿਆੜ ਮਿੱਲ ਵੱਲੋਂ ਇਹ ਸਾਰੀ ਪੇਮੈਂਟ ਗੰਨਾ ਕਾਸ਼ਤਕਾਰਾਂ ਦੇ ਬੈਂਕ ਖਾਤਿਆਂ ਵਿੱਚ ਭੇਜ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਹੁਣ ਸਹਿਕਾਰੀ ਖੰਡ ਮਿੱਲ ਪਨਿਆੜ ਵੱਲੋਂ ਕੋਈ ਵੀ ਬਕਾਇਆ ਰਾਸ਼ੀ ਦੇਣਯੋਗ ਨਹੀ ਹੈ। ਇਸ ਸਬੰਧੀ ਮਿੱਲ ਦੇ ਜਨਰਲ ਮੈਨੇਜਰ ਸਰਬਜੀਤ ਸਿੰਘ ਹੁੰਦਲ ਨੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਸਹਿਕਾਰੀ ਖੰਡ ਮਿੱਲਾਂ ਨੂੰ ਕਿਸਾਨਾਂ ਦੇ ਗੰਨੇ ਦੀ ਪੇਮੈਂਟ ਵਾਸਤੇ ਵਿੱਤੀ ਸਹਾਇਤਾ ਜਾਰੀ ਕੀਤੀ ਗਈ ਹੈ, ਜਿਸ ਕਰਕੇ ਇਸ ਸਾਲ ਗੰਨੇ ਦੀ ਪੇਮੈਂਟ ਏਨੀ ਜਲਦੀ ਸੰਭਵ ਹੋ ਸਕੀ ਹੈ। ਉਨ੍ਹਾਂ ਕਿਹਾ ਕਿ ਪਿਛਲੇ ਦਹਾਕੇ ਦੌਰਾਨ ਇਹ ਪਹਿਲੀ ਵਾਰੀ ਹੋਇਆ ਹੈ ਕਿ ਗੰਨੇ ਦੀ ਸਾਰੀ ਪੇਮੈਂਟ 10 ਜੁਲਾਈ ਤੱਕ ਕਿਸਾਨਾਂ ਨੂੰ ਕੀਤੀ ਗਈ ਹੋਵੇ। ਇਸ ਮੌਕੇ ਮਿੱਲ ਮੈਨੇਜਮੈਂਟ ਅਤੇ ਬੋਰਡ ਆਫ ਡਾਇਰੈਕਟਰ ਨਰਿੰਦਰ ਸਿੰਘ ਗੁਣੀਆਂ, ਕਸ਼ਮੀਰ ਸਿੰਘ, ਕਨਵਰ ਪ੍ਰਤਾਪ ਸਿੰਘ, ਬਿਸ਼ਨ ਦਾਸ, ਪਰਮਜੀਤ ਸਿੰਘ, ਵਰਦਿੰਰ ਸਿੰਘ, ਬਲਜਿੰਦਰ ਸਿੰਘ, ਹਰਮਿੰਦਰ ਸਿੰਘ, ਅਨੀਤਾ ਕੁਮਾਰੀ, ਮਲਕੀਤ ਕੌਰ ਅਤੇ ਸਮੂਹ ਗੰਨਾ ਕਾਸ਼ਤਕਾਰਾਂ ਵੱਲੋਂ ਪੰਜਾਬ ਸਰਕਾਰ ਅਤੇ ਪ੍ਰਬੰਧ ਨਿਰਦੇਸ਼ਕ ਸ਼ੂਗਰਫੈੱਡ ਪੰਜਾਬ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਮਿੱਲ ਦੇ ਅਧਿਕਾਰੀ ਸੰਦੀਪ ਸਿੰਘ, ਇੰਜੀਨੀਅਰ-ਕਮ-ਪ੍ਰਚੇਜ਼ ਅਫਸਰ, ਆਈ.ਪੀ.ਐੱਸ. ਭਾਟੀਆ ਡਿਪਟੀ ਚੀਫ ਕੈਮਿਸਟ, ਸੁਖਪ੍ਰੀਤ ਸਿੰਘ ਚੀਫ ਇੰਜੀਨੀਅਰ, ਅਰਵਿੰਦਰ ਸਿੰਘ, ਚੀਫ ਅਕਾਊਂਟਸ ਅਫਸਰ, ਰਾਜ ਕਮਲ ਮੁੱਖ ਗੰਨਾ ਵਿਕਾਸ ਅਫਸਰ, ਚਰਨਜੀਤ ਸਿੰਘ, ਸੁਪਰਡੈਂਟ, ਅਮਰਜੀਤ ਸਿੰਘ, ਸਹਾਇਕ ਗੰਨਾ ਵਿਕਾਸ ਅਫਸਰ, ਗੁਰਦਾਸਪੁਰ, ਮਿੱਲ ਯੂਨੀਅਨ ਦੇ ਪ੍ਰਧਾਨ ਰਘਬੀਰ ਸਿੰਘ ਮਾਂਟਾ ਅਤੇ ਸਮੂਹ ਮਿੱਲ ਦੇ ਕਰਮਚਾਰੀ ਵੀ ਹਾਜ਼ਰ ਸਨ।

# ਸ੍ਰੀ ਗੁਰੂ ਹਰਕ੍ਰਿਸ਼ਨ ਸਾਹਿਬ ਦਾ ਪ੍ਰਕਾਸ਼ ਦਿਹਾੜਾ ਮਨਾਇਆ



**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**-ਸ੍ਰੀ ਗੁਰੂ ਹਰਕ੍ਰਿਸ਼ਨ ਸਕੂਲ ਆਫ ਕੈਡਿਡ ਸਟੱਡੀਜ਼ ਫਤਿਹਾਬਾਦ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸ੍ਰੀ ਗੁਰੂ ਹਰਕ੍ਰਿਸ਼ਨ ਸਾਹਿਬ ਜੀ ਦਾ ਪ੍ਰਕਾਸ਼ ਦਿਹਾੜਾ ਬਹੁਤ ਹੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਸਕੂਲ ਵਿੱਚ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਾਏ ਗਏ। ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਵੱਲੋਂ ਕੀਰਤਨ ਕੀਤਾ ਗਿਆ। ਸਕੂਲ ਸਟਾਫ ਅਤੇ ਸਮੂਹ ਵਿਦਿਆਰਥੀਆਂ ਵੱਲੋਂ ਸ਼ਰਧਾ ਭਾਵਨਾ ਨਾਲ ਪਾਠ ਅਤੇ ਕੀਰਤਨ ਸਰਵਨ ਕੀਤਾ ਗਿਆ। ਇਸ ਮੌਕੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ। ਇਸ ਮੌਕੇ ਸੰਸਥਾ ਦੇ ਸਰਪ੍ਰਸਤ ਮਾਸਟਰ ਮੰਗਤ ਰਾਮ, ਚੇਅਰਮੈਨ ਰਵਿੰਦਰ ਕੁਮਾਰ, ਪ੍ਰਿੰਸੀਪਲ ਅਨੀਤਾ ਚਤਰਥ, ਸੰਤੋਸ਼ ਕੁਮਾਰੀ, ਮਮਤਾ, ਤੇਜਿੰਦਰਪ੍ਰੀਤ ਸਿੰਘ, ਸੰਦੀਪ ਸਿੰਘ, ਜਸਬੀਰ ਸਿੰਘ, ਅਮਰਜੀਤ ਸਿੰਘ, ਸਰਬਜੀਤ ਸਿੰਘ, ਰਾਜਬੀਰ ਕੌਰ, ਕਿਰਨਦੀਪ ਮੈਡਮ, ਅਰਚਨਾ ਮੈਡਮ, ਬਲਜੀਤ ਕੌਰ, ਰਮਨਦੀਪ ਕੌਰ, ਸੁਖਬੀਰ ਮੈਡਮ, ਰਜਨੀਸ਼, ਮੈਡਮ ਮਨਜਿੰਦਰ ਕੌਰ ਅਤੇ ਹਰਪ੍ਰੀਤ ਮੈਡਮ ਆਦਿ ਹਾਜ਼ਰ ਸਨ।

# ਘੱਗਰ ਨਦੀ ਨੂੰ ਨੱਥ-ਚੂੜਾ ਚੜ੍ਹਾਉਣਾ ਰੂੜੀਵਾਦੀ ਤੇ ਗੁੰਮਰਾਹਕੁੰਨ ਰਵਾਇਤ : ਤਰਕਸ਼ੀਲ ਆਗੂ

## * ਹੜ੍ਹ ਨੱਥ ਚੂੜਿਆਂ ਨਾਲ ਨਹੀਂ ਲੋਕ-ਪੱਖੀ ਨੀਤੀਆਂ ਨਾਲ ਰੁਕਣਗੇ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਤਰਕਸ਼ੀਲ ਸੁਸਾਇਟੀ ਪੰਜਾਬ ਨੇ ਪਟਿਆਲਾ ਸ਼ਾਹੀ ਘਰਾਣੇ ਵਲੋਂ ਘੱਗਰ ਨਦੀ ਨੂੰ ਨੱਥ ਚੂੜਾ ਚੜ੍ਹਾਉਣ ਦੀ ਅੰਧ-ਵਿਸ਼ਵਾਸੀ ਰਵਾਇਤ ਨੂੰ ਗੁੰਮਰਾਹਕੁੰਨ ਤੇ ਹੜ੍ਹਾਂ ਦੀ ਤਬਾਹੀ ਦੇ ਅਸਲ ਕਾਰਨਾਂ ਨੂੰ ਅੱਖੋਂ ਪਰੋਖੇ ਕਰਨ ਦੀ ਸਾਜ਼ਿਸ਼ ਕਰਾਰ ਦਿੱਤਾ ਹੈ। ਸੁਸਾਇਟੀ ਦੇ ਸੂਬਾਈ ਆਗੂਆਂ ਮਾਸਟਰ ਰਾਜਿੰਦਰ ਭਦੌੜ, ਬਲਬੀਰ ਲੌਂਗੋਵਾਲ, ਹੇਮ ਰਾਜ ਸਟੈਨੋ, ਰਾਮ ਸਵਰਨ ਲੱਖੇਵਾਲੀ, ਰਾਜਪਾਲ ਸਿੰਘ, ਜੋਗਿੰਦਰ ਕੁੱਲੇਵਾਲ ਅਤੇ ਸੁਮੀਤ ਸਿੰਘ ਨੇ ਸੰਸਦ ਮੈਂਬਰ ਪਰਨੀਤ ਕੌਰ ਅਤੇ ਉਸਦੀ ਪੁੱਤਰੀ ਜੈ ਇੰਦਰ ਕੌਰ ਵਲੋਂ ਘੱਗਰ ਨਦੀ ਨੂੰ ਨੱਥ-ਚੂੜਾ ਚੜ੍ਹਾਉਣ ਦੀ ਰੂੜੀਵਾਦੀ ਰਵਾਇਤ ਦੀ ਸਖਤ ਸ਼ਬਦਾਂ ਵਿਚ ਨਿਖੇਧੀ ਕਰਦਿਆਂ ਇਸਨੂੰ ਪੰਜਾਬ ਦੇ ਲੋਕਾਂ ਵਿਚ ਅੰਧ-ਵਿਸ਼ਵਾਸ ਫੈਲਾਉਣ ਵਾਲੀ ਲੋਕ ਵਿਰੋਧੀ ਅਤੇ ਗੈਰ ਕਾਨੂੰਨੀ ਕਾਰਵਾਈ ਕਰਾਰ ਦਿੱਤਾ ਹੈ।

ਤਰਕਸ਼ੀਲ ਆਗੂਆਂ ਨੇ ਸਪੱਸ਼ਟ ਕੀਤਾ ਕਿ ਘੱਗਰ ਨਦੀ ਵਿਚ ਹਰ ਸਾਲ ਨੱਥ ਚੂੜਾ ਚੜ੍ਹਾਉਣ ਅਤੇ ਮੰਤਰਾਂ, ਅਰਦਾਸਾਂ ਦਾ ਜਾਪ ਕਰਨ ਨਾਲ ਅੱਜ ਤਕ ਕਦੇ ਵੀ ਲੋਕਾਂ ਨੂੰ ਹੜ੍ਹਾਂ ਦੀ ਮਾਰ ਤੇ ਜਾਨ-ਮਾਲ ਦੇ ਭਾਰੀ ਨੁਕਸਾਨ ਤੋਂ ਨਹੀਂ ਬਚਾਇਆ ਜਾ ਸਕਿਆ। ਇਸ ਘਰਾਣੇ ਵਲੋਂ ਕਈ ਸਾਲਾਂ ਤੋਂ ਅਜਿਹਾ ਕਰਨ ਦੇ ਬਾਵਜੂਦ ਘੱਗਰ ਨਦੀ ਦਾ ਪਾਣੀ ਲਗਾਤਾਰ ਲੋਕਾਂ ਦਾ ਵੱਡਾ ਨੁਕਸਾਨ ਕਰਦਾ ਹੈ। ਉਨ੍ਹਾਂ ਦੋਸ਼ ਲਾਇਆ ਕਿ ਪਟਿਆਲੇ ਦੇ ਇਸ ਬਰਤਾਨਵੀ ਸਾਮਰਾਜ ਪੱਖੀ ਘਰਾਣੇ ਅਤੇ ਇਕ ਸੰਸਦ ਮੈਂਬਰ ਵਲੋਂ ਸਿਰੇ ਦੀ ਇਸ ਰੂੜੀਵਾਦੀ ਕਾਰਵਾਈ ਰਾਹੀਂ ਨਾ ਸਿਰਫ ਪੰਜਾਬ ਅਤੇ ਦੇਸ਼ ਦੇ ਲੋਕਾਂ ਵਿਚ ਘੋਰ ਅੰਧ-ਵਿਸ਼ਵਾਸ ਫੈਲਾਇਆ ਜਾ ਰਿਹਾ ਹੈ ਬਲਕਿ ਹੁਕਮਰਾਨਾਂ ਨੂੰ ਸਵਾਲ ਕਰਨ ਦੀ ਬਜਾਏ ਲੋਕਾਂ ਨੂੰ ਸਭ ਕੁਝ ਕਿਸੇ ਅਦਿੱਖ ਸ਼ਕਤੀ ਉਤੇ ਟੇਕ ਰੱਖਣ ਲਈ ਗੁੰਮਰਾਹ ਵੀ ਕੀਤਾ ਜਾ ਰਿਹਾ ਹੈ ਜਿਸ ਦੇ ਖਿਲਾਫ ਪੰਜਾਬ ਸਰਕਾਰ ਨੂੰ ਸਖਤ ਨੋਟਿਸ ਲੈਣ ਅਤੇ ਲੋਕਾਂ ਨੂੰ ਡਟਵਾਂ ਵਿਰੋਧ ਕਰਨ ਦੀ ਲੋੜ ਹੈ।

ਤਰਕਸ਼ੀਲ ਆਗੂਆਂ ਨੇ ਇਸ ਸਬੰਧੀ ਲੋਕਾਂ ਨੂੰ ਸੁਚੇਤ ਕਰਦਿਆਂ ਸਪੱਸ਼ਟ ਕੀਤਾ ਕਿ ਹੜ੍ਹਾਂ ਦਾ ਆਉਣਾ ਇਕ ਕੁਦਰਤੀ ਤਰਾਸਦੀ ਹੈ ਪਰ ਸਾਮਰਾਜ ਪੱਖੀ ਹਕੂਮਤਾਂ ਵਲੋਂ ਕਾਰਪੋਰੇਟ ਪੱਖੀ ਮੁਨਾਫਾਖੋਰ ਨੀਤੀਆਂ ਹੇਠ ਕੁਦਰਤੀ ਸਰੋਤਾਂ ਦੀ ਕੀਤੀ ਜਾ ਰਹੀ ਅੰਨ੍ਹੀ ਲੁੱਟ, ਜੰਗਲਾਂ ਦੀ ਅੰਨ੍ਹੇਵਾਹ ਕਟਾਈ, ਗੈਰ ਯੋਜਨਾਬੱਧ ਪ੍ਰੋਜੈਕਟ, ਵੱਡੇ ਕਾਰਖਾਨਿਆਂ ਅਤੇ ਅੰਧ ਵਿਸ਼ਵਾਸੀ ਲੋਕਾਂ ਰਾਹੀਂ ਨਦੀਆਂ, ਨਾਲਿਆਂ ਤੇ ਦਰਿਆਵਾਂ ਵਿਚ ਸੁੱਟਿਆ ਜਾ ਰਿਹਾ ਗੰਦਾ ਪਾਣੀ ਤੇ ਧਾਰਮਿਕ ਸਮੱਗਰੀ ਅਤੇ ਉਨ੍ਹਾਂ ਦੀ ਨਿਯਮਤ ਸਫਾਈ ਨਾ ਹੋਣ, ਹੜ੍ਹਾਂ ਦੀ ਰੋਕਥਾਮ ਲਈ ਠੋਸ ਯੋਜਨਾਬੰਦੀ ਦੀ ਘਾਟ ਅਤੇ ਮੌਜੂਦਾ ਭ੍ਰਿਸ਼ਟ ਰਾਜ ਪ੍ਰਬੰਧ ਆਦਿ ਅਜਿਹੇ ਕਾਰਨ ਜ਼ਿੰਮੇਵਾਰ ਹਨ ਜਿਨ੍ਹਾਂ ਕਰਕੇ ਹਰ ਸਾਲ ਪੰਜਾਬ ਅਤੇ ਦੇਸ਼ ਦੇ ਲੋਕਾਂ ਦਾ ਕੀਮਤੀ ਜਾਨੀ ਅਤੇ ਅਰਬਾਂ ਰੁਪਏ ਦਾ ਆਰਥਿਕ ਨੁਕਸਾਨ ਕੀਤਾ ਜਾਂਦਾ ਹੈ ਜਿਸ ਲਈ ਕੋਈ ਦੈਵੀ ਸ਼ਕਤੀ ਨਹੀਂ ਬਲਕਿ ਮੌਜੂਦਾ ਹਕੂਮਤਾਂ ਜ਼ਿੰਮੇਵਾਰ ਹਨ।

ਆਗੂਆਂ ਨੇ ਦੋਸ਼ ਲਾਇਆ ਕਿ ਪੰਜਾਬ ਦੇ ਰਾਜ ਭਾਗ ਉਤੇ ਲੰਬਾ ਸਮਾਂ ਕਾਬਜ਼ ਰਹੇ ਪਟਿਆਲੇ ਦੇ ਇਸ ਸ਼ਾਹੀ ਘਰਾਣੇ ਵਲੋਂ ਪੰਜਾਬ ਦੇ ਲੋਕਾਂ ਨੂੰ ਹੜ੍ਹਾਂ ਦੀ ਤਬਾਹੀ ਤੋਂ ਬਚਾਉਣ ਲਈ ਕਦੇ ਕੋਈ ਠੋਸ ਯੋਜਨਾਬੰਦੀ ਅਮਲ ਵਿਚ ਨਹੀਂ ਲਿਆਂਦੀ ਗਈ ਅਤੇ ਉਲਟਾ ਪੰਜਾਬ ਦੇ ਲੋਕਾਂ ਦੇ ਸਰਮਾਏ ਦੀ ਆਪਣੇ ਨਿੱਜੀ ਹਿੱਤਾਂ ਲਈ ਅੰਨ੍ਹੀ ਲੁੱਟ ਕਰਕੇ ਲੋਕਾਂ ਨੂੰ ਗਰੀਬੀ, ਬੇਰੁਜ਼ਗਾਰੀ ਆਰਥਿਕ ਮੰਦਹਾਲੀ ਅਤੇ ਹੜ੍ਹਾਂ ਦੀ ਤਬਾਹੀ ਨਾਲ ਬਰਬਾਦ ਕਰਨ ਅਤੇ ਨੱਥ ਚੂੜੇ ਸੁੱਟਣ ਅਤੇ ਅਰਦਾਸਾਂ ਕਰਨ ਜਿਹੇ ਅੰਧ-ਵਿਸ਼ਵਾਸਾਂ ਵਿੱਚ ਫਸਾਉਣ ਦੀਆਂ ਸਾਜ਼ਿਸ਼ਾਂ ਕਰਕੇ ਲਗਾਤਾਰ ਗੁੰਮਰਾਹ ਕੀਤਾ ਜਾ ਰਿਹਾ ਹੈ ਜਿਸ ਤੋਂ ਲੋਕਾਂ ਨੂੰ ਵਿਗਿਆਨਕ ਦ੍ਰਿਸ਼ਟੀਕੋਣ ਤੋਂ ਸੁਚੇਤ ਹੋਣ ਅਤੇ ਹਕੂਮਤਾਂ ਖਿਲਾਫ ਸੰਘਰਸ਼ ਕਰਨ ਦੀ ਲੋੜ ਹੈ।

ਤਰਕਸ਼ੀਲ ਆਗੂਆਂ ਨੇ ਪੰਜਾਬ ਸਰਕਾਰ ਤੋਂ ਜ਼ੋਰਦਾਰ ਮੰਗ ਕੀਤੀ ਹੈ ਕਿ ਹੜ੍ਹਾਂ ਦੀ ਤਬਾਹੀ ਨਾਲ ਬਰਬਾਦ ਹੋਏ ਘਰਾਂ, ਫਸਲਾਂ, ਕਿਸਾਨਾਂ, ਮਜ਼ਦੂਰਾਂ, ਦਲਿਤਾਂ ਸਮੇਤ ਹਰ ਵਰਗ ਦੇ ਪੀੜਤਾਂ ਨੂੰ ਯੋਗ ਮੁਆਵਜ਼ਾ ਦਿੱਤਾ ਜਾਵੇ ਅਤੇ ਪੰਜਾਬ ਦੇ ਲੋਕਾਂ ਵਿਚ ਅਜਿਹੇ ਗੰਭੀਰ ਹਾਲਾਤ ਵਿੱਚ ਅਜਿਹੀਆਂ ਰੂੜੀਵਾਦੀ ਰਵਾਇਤਾਂ ਰਾਹੀਂ ਅੰਧ-ਵਿਸ਼ਵਾਸ ਫੈਲਾਉਣ ਵਾਲੇ ਜ਼ਿੰਮੇਵਾਰ ਆਗੂਆਂ ਖਿਲਾਫ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇ।

# ਪੁਲਸ ਪ੍ਰਸ਼ਾਸਨ ਚਿੱਟੇ ਦੇ ਚਲ ਰਹੇ ਧੰਦੇ 'ਤੇ ਨਕੇਲ ਕੱਸੇ: ਰਮੇਸ਼ ਨਈਅਰ



**ਬਟਾਲਾ (ਤਰਲੋਕ ਬੱਗਾ)**-ਸ਼ਹਿਰ ਵਿੱਚ ਚਿੱਟੇ ਦਾ ਧੰਦਾ ਜ਼ਰਾਂ-ਸ਼ੋਰਾਂ ਨਾਲ ਚੱਲ ਰਿਹਾ ਹੈ ਜੋ ਕਿ ਚਿੰਤਾ ਦਾ ਵਿਸ਼ਾ ਹੈ। ਇਸ ਪਾਸੇ ਸਾਨੂੰ ਸਾਰਿਆਂ ਨੂੰ ਤਵੱਜੋ ਦੇਣੀ ਚਾਹੀਦੀ ਹੈ, ਨਹੀਂ ਤਾਂ ਸਾਡੀ ਆਉਣ ਵਾਲੀ ਨਵੀਂ ਪੀੜ੍ਹੀ ਇਸ ਅੱਗ ਦੀ ਲਪੇਟ ਵਿਚ ਆ ਜਾਵੇਗੀ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ਼ਿਵ ਸੈਨਾ ਬਾਲਾ ਸਾਹਿਬ ਊਧਵ ਸਾਹਿਬ ਠਾਕਰੇ ਪੰਜਾਬ ਦੇ ਸੀਨੀਅਰ ਉਪ ਪ੍ਰਧਾਨ ਰਮੇਸ਼ ਨਈਅਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਇਹ ਵੀ ਕਿਹਾ ਕਿ ਅੱਜ ਸਵੇਰੇ 10 ਵਜੇ ਦੇ ਕਰੀਬ ਜਦੋਂ ਉਹ ਆਪਣੇ ਦਫਤਰ ਜਾਣ ਲਈ ਘਰੋਂ ਬਾਹਰ ਨਿਕਲੇ ਤਾਂ ਨਹਿਰੂ ਗੇਟ ਦੇ ਬਾਹਰ ਸੜਕ 'ਤੇ ਇਕ ਬਜ਼ੁਰਗ ਵਿਅਕਤੀ ਨੂੰ ਪਿਆ ਦੇਖਿਆ ਜੋ ਨਸ਼ੇ ਦੀ ਹਾਲਤ ਵਿਚ ਸੀ। ਜਦੋਂ ਉਸ ਬਾਰੇ ਜਾਣਕਾਰੀ ਲੈਣੀ ਚਾਹੀ ਤਾਂ ਪਤਾ ਲੱਗਾ ਕਿ ਉਹ ਚਿੱਟੇ ਦੇ ਨਸ਼ੇ 'ਚ ਸੀ। ਉਸ ਨੇ ਦੱਸਿਆ ਕਿ ਸ਼ਹਿਰ 'ਚ ਚਿੱਟੇ ਦੇ ਵਪਾਰੀ ਕਪੂਰੀ ਗੇਟ, ਸਿਵਲ ਹਸਪਤਾਲ ਦੇ ਬਾਹਰ ਵੱਖ-ਵੱਖ ਥਾਵਾਂ 'ਤੇ ਆਪਣਾ ਧੰਦਾ ਧੜੱਲੇ ਨਾਲ ਚਲਾ ਰਹੇ ਹਨ। ਹਸਪਤਾਲ, ਅੱਚਲੀ ਗੇਟ, ਹਾਥੀ ਗੇਟ, ਗਾਂਧੀ ਕੈਂਪ, ਮੁਰਗੀ ਮੁਹੱਲਾ, ਪ੍ਰੇਮ ਨਗਰ, ਦਾਰੋਸਲਾਮ ਵਿੱਚ ਕਾਰੋਬਾਰ ਪੂਰੇ ਜ਼ੋਰਾਂ 'ਤੇ ਚੱਲ ਰਿਹਾ ਹੈ। ਉਨ੍ਹਾਂ ਪੁਲਸ ਪ੍ਰਸ਼ਾਸਨ ਨੂੰ ਚਿਤਾਵਨੀ ਦਿੱਤੀ ਕਿ ਜੇਕਰ ਪ੍ਰਸ਼ਾਸਨ ਨੇ ਇਸ ਮਾਮਲੇ ਵਿੱਚ ਤੁਰੰਤ ਕਾਰਵਾਈ ਨਾ ਕੀਤੀ ਤਾਂ ਉਹ ਐੱਸਐੱਸਪੀ ਦਫ਼ਤਰ ਦਾ ਘਿਰਾਓ ਕਰਨਗੇ। ਇਸ ਮੌਕੇ ਉਨ੍ਹਾਂ ਦੇ ਨਾਲ ਮਨੋਹਰ ਲਾਲ, ਹਾਕਮ ਸਿੰਘ, ਮੋਨੂੰ ਕੁਮਾਰ, ਮਨੀਸ਼ ਕੁਮਾਰ, ਹੈਪੀ ਲਾਲੀ ਅਤੇ ਸੋਨੂੰ ਕੁਮਾਰ ਆਦਿ ਹਾਜ਼ਰ ਸਨ।

13-July-PAGE-4.qxd 7/12/2023 10:26 PM Page 1



# ਬੇਸ਼ਰਮ ਹਾਕਮ

*ਮਹਿਲਾ ਭਲਵਾਨਾਂ ਦੇ ਯੌਨ ਸ਼ੋਸ਼ਣ ਦੇ ਮੁਲਜ਼ਮ ਭਾਜਪਾ ਸਾਂਸਦ ਬ੍ਰਿਜ ਭੂਸ਼ਣ ਸ਼ਰਣ ਸਿੰਘ ਭਾਵੇਂ ਆਪਣੀ ਬੇਗੁਨਾਹੀ ਦੇ ਲੱਖ ਦਾਅਵੇ ਕਰੇ, ਪਰ ਦਿੱਲੀ ਪੁਲਸ ਦੀ ਚਾਰਜਸ਼ੀਟ ਵਿੱਚ ਕੋਚ, ਰੈਫਰੀ, ਭਲਵਾਨਾਂ ਦੇ ਮਾਂ-ਬਾਪ ਤੇ ਭਾਈ ਨੇ ਗਵਾਹਾਂ ਦੇ ਰੂਪ ਵਿੱਚ ਉਸ ਉੱਤੇ ਲਾਏ ਗਏ ਦੋਸ਼ਾਂ ਦੀ ਪੁਸ਼ਟੀ ਕੀਤੀ ਹੈ। ਇਹੋ ਨਹੀਂ ਮਹਿਲਾ ਭਲਵਾਨਾਂ ਵੱਲੋਂ ਪੇਸ਼ ਕੀਤੀਆਂ ਗਈਆਂ ਤਸਵੀਰਾਂ ਤੇ ਕਾਲ ਡਿਟੇਲਜ਼ ਵੀ ਗਵਾਹਾਂ ਦੇ ਬਿਆਨਾਂ ਨਾਲ ਮੇਲ ਖਾਂਦੀਆਂ ਹਨ। ਇਨ੍ਹਾਂ ਤਸਵੀਰਾਂ ਤੇ ਕਾਲ ਡਿਟੇਲਜ਼ ਤੋਂ ਬਾਅਦ ਦੋਸ਼ ਪੱਤਰ ਵਿੱਚ ਇਹ ਨਤੀਜਾ ਕੱਢਿਆ ਗਿਆ ਹੈ ਕਿ ਛੇ ਪੀੜਤ ਭਲਵਾਨਾਂ ਵਿੱਚੋਂ 5 ਵੱਲੋਂ ਲਾਏ ਗਏ ਦੁਰਵਿਹਾਰ ਦੇ ਇਲਜ਼ਾਮਾਂ ਵਾਲੀਆਂ ਥਾਵਾਂ ਉੱਤੇ ਬ੍ਰਿਜ ਭੂਸ਼ਣ ਮੌਜੂਦ ਸੀ।*

*'ਦੀ ਇੰਡੀਅਨ ਐਕਸਪ੍ਰੈੱਸ' ਵੱਲੋਂ ਪ੍ਰਕਾਸ਼ਤ ਖ਼ਬਰ ਮੁਤਾਬਕ ਦੋ ਤਸਵੀਰਾਂ ਵਿੱਚ ਭਾਰਤੀ ਕੁਸ਼ਤੀ ਫੈਡਰੇਸ਼ਨ ਦੇ ਪ੍ਰਧਾਨ ਬ੍ਰਿਜ ਭੂਸ਼ਣ ਨੂੰ ਸ਼ਿਕਾਇਤਕਰਤਾ ਭਲਵਾਨ ਵੱਲ ਵਧਦੇ ਦਿਖਾਇਆ ਗਿਆ ਹੈ। ਉਸ ਦੇ ਫੋਨ ਦਾ ਲੋਕੇਸ਼ਨ ਵੀ ਉਸੇ ਥਾਂ ਸੀ, ਜਿਥੇ ਯੌਨ ਸੋਸ਼ਣ ਦੀ ਘਟਨਾ ਹੋਈ ਸੀ। ਇਸ ਤੋਂ ਪੁਸ਼ਟੀ ਹੁੰਦੀ ਹੈ ਕਿ ਵਾਰਦਾਤ ਸਮੇਂ ਬ੍ਰਿਜ ਭੂਸ਼ਣ ਉੱਥੇ ਮੌਜੂਦ ਸੀ। ਇਹ ਤੱਥ ਬ੍ਰਿਜ ਭੂਸ਼ਣ ਵਿਰੁੱਧ ਦਿੱਲੀ ਪੁਲਸ ਦੇ ਦੋਸ਼ ਪੱਤਰ ਵਿੱਚ ਤਕਨੀਕੀ ਸਬੂਤਾਂ ਦਾ ਹਿੱਸਾ ਹਨ। ਛੇ ਮਹਿਲਾ ਭਲਵਾਨਾਂ ਦੀਆਂ ਯੌਨ ਸ਼ੋਸ਼ਣ ਦੀਆਂ ਸ਼ਿਕਾਇਤਾਂ ਉੱਤੇ ਦਿੱਲੀ ਪੁਲਸ ਨੇ ਪੜਤਾਲ ਕਰਕੇ ਜੋ ਚਾਰਜਸ਼ੀਟ ਦਾਇਰ ਕੀਤੀ ਹੈ, ਉਸ ਮੁਤਾਬਕ ਬ੍ਰਿਜ ਭੂਸ਼ਣ ਵਿਰੁੱਧ ਧਾਰਾ 506 (ਅਪਰਾਧਕ ਧਮਕੀ), ਧਾਰਾ 354 (ਇੱਕ ਔਰਤ ਦੀ ਇੱਜ਼ਤ ਨੂੰ ਠੇਸ ਪੁਚਾਉਣਾ, ਛੇੜਛਾੜ ਤੇ ਪਿੱਛਾ ਕਰਨਾ), ਧਾਰਾ 354 ਏ (ਯੌਨ ਸ਼ੋਸ਼ਣ) ਤੇ ਧਾਰਾ 354 ਡੀ (ਪਿੱਛਾ ਕਰਨਾ) ਆਦਿ ਅਪਰਾਧਾਂ ਲਈ ਮੁਕੱਦਮਾ ਚਲਾ ਕੇ ਸਜ਼ਾ ਦਿੱਤੀ ਜਾ ਸਕਦੀ ਹੈ।*

*ਕੁਸ਼ਤੀ ਫੈਡਰੇਸ਼ਨ ਦੇ ਅਧਿਕਾਰੀਆਂ ਵੱਲੋਂ ਪੁਲਸ ਨੋਟਿਸ ਦੇ ਜਵਾਬ ਵਿੱਚ ਚਾਰ ਤਸਵੀਰਾਂ ਮੁਹੱਈਆ ਕਰਵਾਈਆਂ ਗਈਆਂ ਸਨ। ਇਨ੍ਹਾਂ ਅਨੁਸਾਰ ਇੱਕ ਭਲਵਾਨ ਵੱਲੋਂ ਦੋਸ਼ ਲਾਇਆ ਗਿਆ ਸੀ, 'ਇੱਕ ਮੈਡਲ ਜਿੱਤਣ ਤੋਂ ਬਾਅਦ ਕੋਚ ਮੈਨੂੰ ਬ੍ਰਿਜ ਭੂਸ਼ਣ ਕੋਲ ਲੈ ਗਿਆ ਤਾਂ ਉਸ ਨੇ ਜ਼ਬਰਦਸਤੀ ਮੈਨੂੰ ਜੱਫੀ ਪਾ ਲਈ। ਮੇਰੇ ਇੱਕ ਹੱਥ ਵਿੱਚ ਝੰਡਾ ਸੀ, ਮੈਂ ਦੂਜੇ ਹੱਥ ਨਾਲ ਉਸ ਨੂੰ ਦੂਰ ਧੱਕਣ ਦੀ ਕੋਸ਼ਿਸ਼ ਕੀਤੀ, ਪਰ ਉਹ ਹਟਿਆ ਨਹੀਂ।' ਉਸ ਨੇ ਅੱਗੇ ਕਿਹਾ, 'ਮੈਂ ਇੱਕ ਮੁਕਾਬਲਾ ਹਾਰ ਗਈ ਸੀ। ਮੈਂ ਜਦੋਂ ਟੀਮ ਬਾਕਸ ਵਿੱਚ ਆਈ ਤਾਂ ਬ੍ਰਿਜ ਭੂਸ਼ਣ ਨੇ ਮੈਨੂੰ ਜ਼ਬਰਦਸਤੀ ਜੱਫੀ ਪਾ ਲਈ। ਮੈਂ ਉਸ ਨੂੰ ਧੱਕਾ ਦੇਣ ਦੀ ਕੋਸ਼ਿਸ਼ ਕੀਤੀ, ਪਰ ਉਸ ਨੇ ਮੈਨੂੰ 15-20 ਸੈਕਿੰਡ ਛੱਡਿਆ ਨਹੀਂ।' ਦੋ ਤਸਵੀਰਾਂ ਦੋਸ਼ੀ ਦੀ ਹਾਜ਼ਰੀ ਦੇ ਤੌਰ ਉੱਤੇ ਸ਼ਿਕਾਇਤਕਰਤਾ ਵੱਲੋਂ ਲਾਏ ਦੋਸ਼ਾਂ ਦੀ ਪੁਸ਼ਟੀ ਕਰਦੀਆਂ ਹਨ।*

*ਇੱਕ ਹੋਰ ਮਹਿਲਾ ਭਲਵਾਨ ਦਾ ਦੋਸ਼ ਹੈ, 'ਮੈਨੂੰ ਕੁਸ਼ਤੀ ਫੈਡਰੇਸ਼ਨ ਦੇ ਦਫ਼ਤਰ ਵਿੱਚ ਬੁਲਾਇਆ ਸੀ। ਮੈਂ ਆਪਣੇ ਕੋਚ ਨਾਲ ਗਈ ਸੀ। ਬ੍ਰਿਜ ਭੂਸ਼ਣ ਨੂੰ ਮੈਂ ਆਪਣੀ ਸੱਟ ਬਾਰੇ ਦੱਸਿਆ ਤਾਂ ਉਸ ਨੇ ਕਿਹਾ ਕਿ ਉਹ ਮੇਰੀ ਪੂਰੀ ਮਦਦ ਕਰੇਗਾ, ਪਰ ਬਦਲੇ ਵਿੱਚ ਮੈਨੂੰ ਉਸ ਨਾਲ ਸਰੀਰਕ ਸੰਬੰਧ ਬਣਾਉਣੇ ਪੈਣਗੇ।' ਇਸ ਘਟਨਾ ਦੇ ਸਬੂਤ ਵਜੋਂ ਕਾਲ ਡਿਟੇਲ ਅਨੁਸਾਰ ਭਲਵਾਨ ਦੇ ਕੋਚ ਦਾ ਮੋਬਾਈਲ ਉਸ ਦਿਨ ਕੁਸ਼ਤੀ ਫੈਡਰੇਸ਼ਨ ਦੇ ਦਫ਼ਤਰ ਦੇ ਆਸ-ਪਾਸ ਸੀ।*

*ਇੱਕ ਹੋਰ ਭਲਵਾਨ ਨੇ ਦੋਸ਼ ਲਾਇਆ ਸੀ, 'ਗਰੁੱਪ ਫੋਟੋ ਦੌਰਾਨ ਮੈਂ ਆਖ਼ਰੀ ਲਾਈਨ ਵਿੱਚ ਖੜ੍ਹੀ ਸੀ। ਮੁਲਜ਼ਮ ਆ ਕੇ ਮੇਰੇ ਨਾਲ ਖੜ੍ਹਾ ਹੋ ਗਿਆ। ਉਸ ਨੇ ਮੇਰੇ ਨਿਤੰਬਾਂ ਉੱਤੇ ਹੱਥ ਰੱਖ ਦਿੱਤਾ। ਮੈਂ ਉਥੋਂ ਜਾਣ ਦੀ ਕੋਸ਼ਿਸ਼ ਕੀਤੀ ਤਾਂ ਮੈਨੂੰ ਜ਼ਬਰਦਸਤੀ ਮੋਢਿਆਂ ਤੋਂ ਫੜ ਲਿਆ।' ਇਸ ਸੰਬੰਧੀ ਤਸਵੀਰ ਵਿੱਚ ਸ਼ਿਕਾਇਤਕਰਤਾ ਤੇ ਬ੍ਰਿਜ ਭੂਸ਼ਣ ਦਿਖਾਈ ਦੇ ਰਹੇ ਹਨ। ਅਜਿਹੇ ਹੀ ਦੋਸ਼ ਬਾਕੀ ਭਲਵਾਨਾਂ ਵੱਲੋਂ ਲਾਏ ਗਏ ਸਨ, ਜਿਨ੍ਹਾਂ ਨੂੰ ਤਸਵੀਰਾਂ ਤੇ ਮੋਬਾਈਲ ਲੋਕੇਸ਼ਨਾਂ ਰਾਹੀਂ ਪ੍ਰਮਾਣਤ ਕੀਤਾ ਗਿਆ ਹੈ।*

*ਹੈਰਾਨੀ ਤਾਂ ਇਸ ਗੱਲ ਦੀ ਹੈ ਕਿ ਏਨੇ ਸਬੂਤਾਂ ਦੇ ਬਾਵਜੂਦ ਸੱਤਾਧਾਰੀ ਧਿਰ ਬ੍ਰਿਜ ਭੂਸ਼ਣ ਨੂੰ ਬਚਾਉਣ ਲਈ ਪੂਰੀ ਵਾਹ ਲਾ ਰਹੀ ਹੈ। ਲੱਗਦਾ ਹੈ ਕਿ ਹਾਕਮ ਧਿਰ ਨਿਆਂਪਾਲਿਕਾ ਦੇ ਝਟਕੇ ਤੋਂ ਬਾਅਦ ਹੀ ਹੋਸ਼ ਵਿੱਚ ਆਵੇਗੀ।*

# ਵਿਦਿਆਰਥੀਆਂ ਦਾ ਪਰਵਾਸ ਕੀ ਪੰਜਾਬ ਤੇ ਭਾਰਤ ਦੇ ਵਿਕਾਸ ਦਾ ਪ੍ਰਦਰਸ਼ਨ ਹੈ?

**ਚਰਨ ਸਿੰਘ ਸਰਾਭਾ**

ਇਹ ਸਤਰਾਂ ਲਿਖਣ ਤੋਂ ਕੁਝ ਦਿਨ ਪਹਿਲਾਂ ਬਹੁਤ ਸਾਰੇ ਅਖ਼ਬਾਰਾਂ ਵਿੱਚ ਖ਼ਬਰ ਆਈ ਸੀ ਕਿ ਲੱਗਭੱਗ 700 ਭਾਰਤੀ ਵਿਦਿਆਰਥੀ ਜਿਨ੍ਹਾ ਵਿੱਚੋਂ ਬਹੁਤੇ ਪੰਜਾਬੀ ਹਨ, ਕੈਨੇਡਾ ਵਿੱਚ ਸੰਕਟ ਵਿੱਚ ਹਨ। ਉਨ੍ਹਾਂ ਦੇ ਉਥੇ ਪੜ੍ਹਨ ਜਾਣ ਵੇਲੇ ਕੀਤੇ ਗਏ ਪਰਵਾਸ ਦੇ ਢੰਗ-ਤਰੀਕੇ 'ਤੇ ਇਤਰਾਜ਼ ਲੱਗੇ ਹਨ ਅਤੇ ਹੁਣ ਜਦੋਂ ਉਨ੍ਹਾਂ ਨੇ ਪੜ੍ਹਾਈ ਦੇ ਕਈ ਸਾਲਾਂ ਪਿੱਛੋਂ ਕੈਨੇਡਾ ਵਿੱਚ ਪੱਕੀ ਰਿਹਾਇਸ਼ ਲਈ ਅਪੀਲਾਂ ਕੀਤੀਆਂ ਤਾਂ ਇਨ੍ਹਾਂ ਨੂੰ ਵਾਪਸ ਭੇਜਣ ਦੀਆਂ ਗੱਲਾਂ ਆਰੰਭ ਹੋ ਗਈਆਂ। ਇਸ ਦੇ ਨਾਲ ਹੀ ਇਹ ਖ਼ਬਰਾਂ ਵੀ ਆਈਆਂ ਕਿ ਸਾਡੇ ਕਈ ਭਾਰਤੀ ਛੋਟੇ-ਵੱਡੇ ਸਿਆਸੀ ਆਗੂਆਂ ਅਤੇ ਸਰਕਾਰੀ ਵਜ਼ੀਰ ਸਾਹਿਬਾਨ ਵੱਲੋਂ ਵੀ ਕੈਨੇਡਾ ਸਰਕਾਰ ਨੂੰ ਅਪੀਲਾਂ ਕੀਤੀਆਂ ਗਈਆਂ ਕਿ ਇਨ੍ਹਾਂ ਵਿਦਿਆਰਥੀਆਂ ਨੂੰ ਵਾਪਸ ਨਾ ਭੇਜਿਆ ਜਾਵੇ। ਪਰਵਾਸ ਸਮੇਂ ਇਨ੍ਹਾਂ ਨਾਲ ਠੱਗੀ ਵੱਜੀ ਹੈ। ਇਨ੍ਹਾਂ ਦੇ ਮਸਲੇ ਨੂੰ ਹਮਦਰਦੀ ਨਾਲ ਵਿਚਾਰਿਆ ਜਾਵੇ। ਇੰਨੇ ਸਮੇਂ ਵਿੱਚ ਹੀ ਇਨ੍ਹਾਂ ਵਿਦਿਆਰਥੀਆਂ ਲਈ ਰਾਹਤ ਭਰੀ ਖ਼ਬਰ ਵੀ ਆਈ ਕਿ ਕੈਨੇਡਾ ਸਰਕਾਰ ਨੇ ਇਨ੍ਹਾਂ ਦੀ ਵਾਪਸੀ 'ਤੇ ਰੋਕ ਲਾ ਦਿੱਤੀ ਹੈ ਅਤੇ ਅੱਗੋਂ ਵਿਚਾਰ ਕੀਤੀ ਜਾਵੇਗੀ।

ਇਸ ਸਥਿਤੀ ਵਿੱਚੋਂ ਹੀ ਪ੍ਰਸ਼ਨ ਪੈਦਾ ਹੁੰਦਾ ਹੈ ਕਿ ਕੀ ਇਹ ਮਸਲਾ ਇੰਨੀ ਹੀ ਨਿੱਕੀ ਜਿਹੀ ਘਟਨਾ ਸੀ ਜਾਂ ਹੈ? ਇਸ ਘਟਨਾ ਨਾਲ ਜੋੜ ਕੇ ਹੀ ਸੁਝਾਅ ਸਾਂਝਾ ਕੀਤਾ ਜਾਂਦਾ ਹੈ ਕਿ ਸਾਡੇ ਮਾਨਯੋਗ ਆਗੂਆਂ ਜਿਨ੍ਹਾ ਨੇ ਇਨ੍ਹਾਂ ਵਿਦਿਆਰਥੀਆਂ ਦਾ ਸਮਰਥਨ ਕੀਤਾ ਜਾਂ ਹੋਰ ਸਿਆਸੀ ਆਗੂ ਸਾਹਿਬਾਨ ਨੂੰ ਵੀ ਸਤਿਕਾਰ ਸਹਿਤ ਅਪੀਲ ਹੈ ਉਹ ਇਹ ਵੀ ਵਿਚਾਰ ਕਰਨ ਕਿ ਸਾਡੇ ਅਜਿਹੇ ਪੰਜਾਬੀ ਭਾਰਤੀ ਬੱਚਿਆਂ ਨੂੰ ਇੰਨੀ ਵੱਡੀ ਗਿਣਤੀ ਵਿੱਚ ਪੜ੍ਹਾਈ ਕਰਨ ਬਹਾਨੇ ਕੈਨੇਡਾ, ਆਸਟਰੇਲੀਆ ਆਦਿ ਦੇਸ਼ਾਂ ਵੱਲ ਜਾਣਾ ਹੀ ਕਿਉਂ ਪੈਂਦਾ ਹੈ?

ਪਿਛਲੇ ਸਾਲ ਹੀ ਰੂਸ, ਯੂਕਰੇਨ ਜੰਗ ਕਾਰਨ ਯੂਕਰੇਨ ਗਏ ਭਾਰਤੀ ਵਿਦਿਆਰਥੀਆਂ ਲਈ ਵੀ ਗੰਭੀਰ ਸਮੱਸਿਆ ਆਈ ਸੀ, ਪਰ ਵਧੇਰੇ ਕਰਕੇ ਇਹ ਸੱਚਾਈ ਵੀ ਸਪੱਸ਼ਟ ਹੈ ਕਿ ਕੈਨੇਡਾ ਜਾਂ ਆਸਟਰੇਲੀਆ ਜਾਣ ਵਾਲੇ ਵਿਦਿਆਰਥੀ ਅਸਲ ਵਿੱਚ ਉਥੇ ਪੱਕੇ ਪਰਵਾਸ ਦੇ ਮੰਤਵ ਲਈ ਹੀ ਜਾਣਾ ਚਾਹੁੰਦੇ ਹਨ। ਇਸ ਪਿਛੋਕੜ ਵਿੱਚ ਸਾਨੂੰ ਪੰਜਾਬੀਆਂ-ਭਾਰਤੀਆਂ ਨੂੰ ਇਹ ਵੀ ਸੋਚਣਾ ਹੋਵੇਗਾ ਕਿ ਇਸ ਤਰ੍ਹਾਂ ਸਾਡੇ ਸਕੂਲੀ ਪੜ੍ਹਾਈ ਪੂਰੀ ਕਰ ਚੁੱਕੇ ਵਿਦਿਆਰਥੀ ਜੋ ਸਾਡੇ ਦੇਸ਼ ਦੇ ਵਰਤਮਾਨ ਅਤੇ ਭਵਿੱਖ ਲਈ ਦੇਸ਼ ਦੀ ਮਨੁੱਖਾ ਸ਼ਕਤੀ ਹਨ : ਜਦੋਂ ਕੈਨੇਡਾ ਵਿੱਚ ਜਾਂਦੇ ਹਨ ਤਾਂ ਇੱਥੇ ਪੰਜਾਬ ਵਿੱਚੋਂ ਪ੍ਰਾਪਤ ਕੀਤੀ ਪ੍ਰਤਿਭਾ ਅਤੇ ਉਨ੍ਹਾਂ ਦੇ ਪਰਵਾਰਾਂ ਵੱਲੋਂ ਖ਼ੂਨ-ਪਸੀਨੇ ਨਾਲ ਕੀਤੀ ਕਮਾਈ ਰਾਹੀਂ ਕਮਾਇਆ ਗਿਆ ਵਿੱਤੀ ਧਨ ਵੀ ਵੱਡੀ ਮਾਤਰਾ ਵਿੱਚ ਕੈਨੇਡਾ ਵੱਲ ਜਾ ਰਿਹਾ ਹੈ, ਜਿਸ ਨਾਲ ਕੈਨੇਡਾ ਨੂੰ ਵੱਡਾ ਵਪਾਰਕ-ਆਰਥਿਕ ਅਤੇ ਮਨੁੱਖੀ ਪ੍ਰਤਿਭਾ ਵਾਲਾ ਲਾਭ ਹੋ ਰਿਹਾ ਹੈ। ਹੁਣ ਤੋਂ ਕਈ ਸਾਲ ਪਹਿਲਾਂ ਭਾਰਤ ਦੀ ਚੇਤੰਨ ਲੋਕ ਅਜਿਹੇ ਭਾਰਤੀ ਪਰਵਾਸ ਨੂੰ ਭਾਰਤ ਜਾਂ ਪੰਜਾਬ ਵਿੱਚੋਂ ਹੋ ਰਹੀ "ਬਰੇਨ ਡਰੇਨ" ਆਖ ਕੇ ਚਿੰਤਾ ਪ੍ਰਗਟ ਕਰਦੇ ਸਨ, ਪਰ ਹੁਣ ਤਾਂ ਇਹ ਪਰਵਾਸ ਫੈਸ਼ਨ ਦਾ ਹੀ ਰੂਪ ਧਾਰਨ ਕਰ ਗਿਆ ਹੈ। ਸਾਡੇ ਸਾਹਮਣੇ ਪ੍ਰਸ਼ਨ ਵੀ ਹੈ ਕਿ ਕੀ ਇਹ ਪੰਜਾਬ ਅਤੇ ਭਾਰਤ ਦੇ ਵਿਕਾਸ ਦਾ ਪ੍ਰਦਰਸ਼ਨ ਹੈ? ਪੰਜਾਬ ਵਿੱਚ ਨਸ਼ਿਆਂ ਦੇ ਫੈਲਾਅ ਕਾਰਨ ਬਹੁਤੇ ਮਾਂ-ਬਾਪ ਡਰਦੇ ਅਤੇ ਸੋਚਦੇ ਹਨ ਕਿ ਬੱਚਿਆਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਕੈਨੇਡਾ ਭੇਜ ਦਿਓ, ਭਾਵੇਂ ਇਸ ਪਿੱਛੇ ਸਾਰਾ ਘਰ-ਬਾਰ ਵੇਚਣਾ ਕਿਉਂ ਨਾ ਪੈ ਜਾਵੇ। ਕੁਝ ਅੰਸ਼ ਅਜਿਹੇ ਵੀ ਹੋ ਸਕਦੇ ਹਨ, ਜਿਨ੍ਹਾਂ ਨੂੰ ਕੈਨੇਡਾ ਵਰਗੇ ਦੇਸ਼ ਵਿੱਚ ਰਹਿਣ ਦਾ ਸ਼ੌਕ ਹੋਵੇ, ਕਿਉਂਕਿ ਉਨ੍ਹਾ ਕੋਲ ਆਰਥਿਕ ਸਾਧਨ ਵਧੇਰੇ ਚੰਗੇ ਹਨ, ਪਰ ਅਜਿਹੇ ਰੁਝਾਨਾਂ ਵਿੱਚੋਂ ਸਮੁੱਚੇ ਰੂਪ ਵਿੱਚ ਇਹ ਗੱਲ ਵਿਚਾਰ ਮੰਗਦੀ ਹੈ ਕਿ ਕੀ ਸਾਨੂੰ ਪੰਜਾਬੀਆਂ ਜਾਂ ਭਾਰਤੀਆਂ ਨੂੰ ਆਪਣੇ ਦੇਸ਼ ਨਾਲ ਕੋਈ ਲਗਾਅ ਨਹੀਂ ਹੈ? ਵਤਨਪ੍ਰਸਤੀ ਜਾਂ ਦੇਸ਼ ਭਗਤੀ ਵਾਲੀ ਕੋਈ ਭਾਵਨਾ ਨਹੀਂ ਹੈ? ਕੀ ਬੇਰੁਜ਼ਗਾਰੀ, ਨਸ਼ਿਆਂ ਦੀ ਸਮੱਸਿਆ, ਚੰਗੇਰੀ ਉੱਚੀ ਪੜ੍ਹਾਈ ਦੀ ਵਿਵਸਥਾ ਆਦਿ ਦੇਸ਼ ਵਿੱਚ ਰਹਿ ਕੇ ਨਹੀਂ ਹੋ ਸਕਦੇ? ਸੰਵਿਧਾਨਕ ਵਿਵਸਥਾਵਾਂ ਅਨੁਸਾਰ ਇਸ ਸੰਬੰਧੀ ਆਵਾਜ਼ ਨਹੀਂ ਉਠਾਈ ਜਾ ਸਕਦੀ? ਇਹ ਪ੍ਰਸ਼ਨ ਵੱਡੀ ਪੱਧਰ 'ਤੇ ਵਿਚਾਰੇ ਜਾਣੇ ਚਾਹੀਦੇ ਹਨ। ਜੇਕਰ 1970-1980 ਤੱਕ ਪੰਜਾਬ ਵਿੱਚ ਸਰਕਾਰੀ-ਅਰਧ-ਸਰਕਾਰੀ ਮੁਲਾਜ਼ਮਾਂ ਦੀ ਲੋੜ ਅਤੇ ਗਿਣਤੀ ਲੱਗਭੱਗ 6-7 ਲੱਖ ਸੀ ਤਾਂ ਹੁਣ ਇੰਨੀ ਘੱਟ ਕਿਉਂ ਹੈ? ਹਜ਼ਾਰਾਂ ਮੁਲਾਜ਼ਮ ਤੇ ਅਧਿਆਪਕ ਠੇਕੇ 'ਤੇ ਕਿਉਂ ਰੱਖੇ ਜਾਂਦੇ ਹਨ। ਜਦੋਂ ਅਸੀਂ ਪੰਜਾਬ ਦੇ ਵਿਕਾਸ ਨਾਲ ਲੋੜੀਂਦੇ ਜ਼ਰੂਰੀ ਮਨੁੱਖੀ ਵਿਕਾਸ ਦੀ ਗੱਲ ਕਰਾਂਗੇ ਤਾਂ ਪ੍ਰਸ਼ਨ ਪੈਦਾ ਹੋਣਗੇ ਕਿ ਕੀ ਪੰਜਾਬ ਦੇ ਸਾਰੇ 18 ਸਾਲ ਤੱਕ ਦੀ ਆਯੂ ਗੁੱਟ ਦੇ ਬੱਚਿਆਂ ਨੂੰ ਸਰਕਾਰੀ ਜ਼ਿੰਮੇਵਾਰੀ ਅਧੀਨ ਗੁਣਾਤਮਕ ਸਿੱਖਿਆ ਪ੍ਰਾਪਤੀ ਦੇ ਬਰਾਬਰ ਅਵਸਰ ਉਪਲੱਬਧ ਹਨ? ਕੀ ਪੰਜਾਬ ਦੇ ਸਾਰੇ ਤਿੰਨ ਕਰੋੜ ਵਾਸੀਆਂ ਦੀ ਲੋੜੀਂਦੀ ਸਿਹਤ-ਸੰਭਾਲ ਦੀ ਸਹੂਲਤ ਸਰਕਾਰੀ ਜ਼ਿੰਮੇਵਾਰੀ ਅਧੀਨ ਪੂਰੀ ਹੋ ਚੁੱਕੀ ਹੈ? ਇਸੇ ਤਰ੍ਹਾਂ ਜਨ ਸਮੂਹਾਂ ਨੂੰ ਉਨ੍ਹਾ ਦੀ ਵਿੱਤੀ ਪਹੁੰਚ ਅਨੁਸਾਰ ਲੋੜੀਂਦੀਆਂ ਸਫ਼ਰ ਸਹੂਲਤਾਂ ਦੀ ਵਿਵਸਥਾ ਸਰਕਾਰੀ ਬੱਸਾਂ ਰਾਹੀਂ ਦਿੱਤੀ ਜਾ ਚੁੱਕੀ ਹੈ। ਦੂਰ-ਦੁਰਾਡੇ ਪਿੰਡਾਂ ਤਕ ਜਲ ਸਪਲਾਈ ਅਤੇ ਸਿੰਚਾਈ ਵਿਭਾਗ ਵਰਗੇ ਜ਼ਰੂਰੀ ਸੇਵਾਵਾਂ ਖੇਤਰਾਂ ਦੇ ਵਿਕਾਸ ਨਾਲ ਜਦੋਂ ਜਨਤਕ ਲੋੜਾਂ ਦੀ ਪੂਰਤੀ ਪ੍ਰਤੀ ਸਰਕਾਰਾਂ ਦੀ ਜ਼ਿੰਮੇਵਾਰੀ ਸੰਬੰਧੀ ਵਿਚਾਰ ਕੀਤਾ ਜਾਵੇਗਾ ਅਤੇ ਜਦੋਂ ਸਾਡੀਆਂ ਸਰਕਾਰਾਂ ਇਹ ਜ਼ਰੂਰੀ ਅਤੇ ਸੰਵਿਧਾਨਕ ਜ਼ਿੰਮੇਵਾਰੀਆਂ ਪੂਰੀਆਂ ਕਰਨਗੀਆਂ ਤਾਂ ਪੰਜਾਬ ਦੇ ਹਜ਼ਾਰਾਂ ਪੜ੍ਹੇ-ਲਿਖੇ ਨੌਜਵਾਨਾਂ ਲਈ ਲਗਾਤਾਰ ਰੈਗੂਲਰ ਅਤੇ ਸੁਰੱਖਿਅਤ ਰੁਜ਼ਗਾਰ ਪ੍ਰਾਪਤੀ ਦੇ ਅਵਸਰ ਪੈਦਾ ਹੋਣਗੇ। ਜਦੋਂ ਅਜਿਹੀ ਪ੍ਰਾਪਤੀ ਆਰੰਭ ਹੋਵੇਗੀ ਤਾਂ ਪੰਜਾਬ ਦੇ ਨੌਜਵਾਨਾਂ ਨੂੰ ਵਿਦੇਸ਼ਾ ਵੱਲ ਜਾਣ ਦੀ ਲੋੜ ਨਹੀਂ ਰਹੇਗੀ। ਇਸ ਦੇ ਨਾਲ ਹੀ ਨਸ਼ਿਆਂ ਦੀ ਬਿਮਾਰੀ ਨੂੰ ਨੱਥ ਪੈ ਸਕੇਗੀ।

ਅਜਿਹਾ ਕਰਨ ਲਈ ਜ਼ਰੂਰੀ ਹੈ ਇਹ ਜਾਨਣਾ ਕਿ ਭਾਰਤ ਵਿੱਚ ਅੱਜ ਵਰਗੇ ਉੱਪਰ ਦੱਸੇ ਮਾੜੇ ਹਾਲਾਤ, 1990 ਤੋਂ ਪਿੱਛੋਂ ਲਾਗੂ ਕੀਤੇ ਗਏ ਅਖੌਤੀ ਅਤੇ ਸੰਸਾਰ ਬੈਂਕ ਮਾਰਕਾ ਆਰਥਿਕ ਸੁਧਾਰਾਂ ਕਾਰਨ ਪੈਦਾ ਹੋਏ, ਜਿਨ੍ਹਾਂ ਦੇ ਪ੍ਰਭਾਵ ਅਧੀਨ ਉੱਪਰ ਦੱਸੇ ਸਰਕਾਰੀ ਵਿਭਾਗਾ ਅਤੇ ਖੇਤਰਾਂ ਦਾ ਪ੍ਰਾਈਵੇਟਕਰਨ ਕੀਤਾ ਜਾਣ ਲੱਗਿਆ। ਸਾਡੀਆਂ ਸੰਬੰਧਤ ਤਤਕਾਲੀ ਸਰਕਾਰਾਂ ਨੇ ਸਿੱਖਿਆ, ਸਿਹਤ ਸੰਭਾਲ, ਬਿਜਲੀ, ਟਰਾਂਸਪੋਰਟ ਵਰਗੇ ਮੁੱਖ ਵਿਭਾਗਾਂ ਦੀ ਜ਼ਿੰਮੇਵਾਰੀ ਤੋਂ ਹੱਥ ਪਿੱਛੇ ਖਿੱਚ ਲਏ ਅਤੇ ਇਨ੍ਹਾਂ ਵਿਭਾਗਾਂ ਵਿੱਚੋਂ ਹਜ਼ਾਰਾਂ ਰੈਗੂਲਰ ਆਸਾਮੀਆਂ ਖ਼ਤਮ ਕਰ ਦਿੱਤੀਆਂ ਜਾਂ ਨਿਯੁਕਤੀਆਂ ਬੰਦ ਕਰ ਦਿੱਤੀਆਂ, ਜਿਸ ਕਾਰਨ ਸਾਡੇ ਸੂਬੇ ਅਤੇ ਦੇਸ਼ ਵਿੱਚ ਰੈਗੂਲਰ ਸਰਕਾਰੀ ਰੁਜ਼ਗਾਰ ਪ੍ਰਾਪਤੀ ਦੇ ਲੋੜੀਂਦੇ ਜ਼ਰੂਰੀ ਸੋਮੇ ਵੀ ਖ਼ਤਮ ਹੁੰਦੇ ਗਏ। ਇੱਥੇ ਵਿਸ਼ੇਸ਼ ਤੌਰ 'ਤੇ ਦੱਸਿਆ ਜਾਂਦਾ ਹੈ ਕਿ 25 ਨਵੰਬਰ 2003 ਦੇ ਅੰਗਰੇਜ਼ੀ ਟ੍ਰਿਬਿਊਨ ਅਖ਼ਬਾਰ ਦੀ ਰਿਪੋਰਟ ਅਨੁਸਾਰ ਸੰਸਾਰ ਬੈਂਕ ਦੀ ਇੱਕ ਟੀਮ ਨੇ ਕਿਹਾ ਸੀ ਕਿ ਭਾਰਤ ਭਰ ਦੀ ਔਸਤ ਦੇ ਮੁਕਾਬਲੇ ਪੰਜਾਬ ਵਿੱਚ ਸਰਕਾਰੀ ਮੁਲਾਜ਼ਮਾਂ ਦੀ ਗਿਣਤੀ ਵਧੇਰੇ ਹੈ। ਆਰਥਿਕ ਸੁਧਾਰਾਂ ਸਮੇਂ ਇਸ 'ਤੇ ਵਿਚਾਰ ਕੀਤਾ ਜਾਵੇ। ਜਦੋਂ ਅਸੀਂ ਆਪਣੇ ਸੂਬੇ ਪੰਜਾਬ ਜਾਂ ਭਾਰਤ ਭਰ ਵਿੱਚ ਦੀ 1990 ਤੋਂ ਪਹਿਲਾਂ ਅਤੇ 1990 ਤੋਂ ਪਿੱਛੋਂ ਦਾ ਤੁਲਨਾਤਮਕ ਅਧਿਐਨ ਕਰਾਂਗੇ ਤਾਂ ਸਥਿਤੀ ਹੋਰ ਵਧੇਰੇ ਸਪੱਸ਼ਟ ਹੋ ਜਾਵੇਗੀ। ਅੱਜ ਜਦੋਂ ਅਸੀਂ ਇੱਥੇ ਪੰਜਾਬੀਆਂ ਜਾਂ ਭਾਰਤੀਆਂ ਦੀ ਵਿਦੇਸ਼ਾਂ ਵੱਲ ਜਾਣ ਦੀ ਸਥਿਤੀ ਬਾਰੇ ਵਿਚਾਰ ਕਰਦੇ ਹਾਂ ਤਾਂ ਸਾਡੇ ਚੇਤੇ ਵਿੱਚ ਉੱਘੇ ਦੇਸ਼ ਭਗਤ ਸੋਹਣ ਸਿੰਘ ਜੋਸ਼ ਵੱਲੋਂ ਲਿਖੀ ਗਈ ਵਡਮੁੱਲੀ ਪੁਸਤਕ 'ਗ਼ਦਰ ਪਾਰਟੀ ਦਾ ਇਤਿਹਾਸ' ਦਾ ਇੱਕ ਮਜ਼ਮੂਨ ਯਾਦ ਆ ਜਾਂਦਾ ਹੈ, ਜਿਸ ਵਿੱਚ ਉਨ੍ਹਾਂ ਲਿਖਿਆ ਹੈ ਕਿ 1905ਵਿਆਂ ਦੇ ਸਮਿਆਂ ਵਿੱਚ ਭਾਰਤੀਆਂ ਨੂੰ ਰੋਜ਼ਗਾਰ ਦੀ ਭਾਲ ਵਿੱਚ ਵਿਦੇਸ਼ਾਂ ਵਲ ਜਾਣਾ ਪਿਆ ਸੀ ਕਿਉਂਕਿ ਉਸ ਸਮੇਂ ਦੀ ਅੰਗਰੇਜ਼ ਸਾਮਰਾਜੀ ਸਰਕਾਰ ਵੱਲੋਂ ਭਾਰਤ ਦੇ ਕੁਦਰਤੀ ਸਾਧਨਾਂ, ਕਿਸਾਨਾਂ ਦੀ ਉਪਜ ਅਤੇ ਮਜ਼ਦੂਰਾਂ ਦੀ ਮਿਹਨਤ ਦੀ ਕੀਤੀ ਜਾਂਦੀ ਲੁੱਟ ਕਾਰਨ ਪੰਜਾਬ ਵਿੱਚ ਰੁਜ਼ਗਾਰ ਪ੍ਰਾਪਤੀ ਦੇ ਅਵਸਰ ਨਾਂਹ ਵਰਗੇ ਸਨ। ਇਨ੍ਹਾਂ ਮਾੜੀਆਂ ਹਾਲਤਾਂ ਦੇ ਬਾਵਜੂਦ ਕੁਦਰਤੀ ਸਾਧਨਾਂ ਤੋਂ ਪੈਦਾ ਹੋਇਆ ਧਨ ਵੀ ਅੰਗਰੇਜ਼ ਇੰਗਲੈਂਡ ਵਿੱਚ ਲੈ ਜਾਂਦੇ ਸਨ। ਇੱਕ ਹੋਰ ਪੁਸਤਕ ਵਿੱਚ ਗ਼ਦਰ ਪਾਰਟੀ ਦੇ ਰਸਾਲੇ ਵਿੱਚ ਛਪੇ ਲੇਖ ਦਾ ਹਵਾਲਾ ਦਿੱਤਾ ਗਿਆ ਸੀ, ਜਿਸ ਵਿੱਚ ਸ਼ਹੀਦ ਕਰਤਾਰ ਸਿੰਘ ਸਰਾਭਾ ਨੇ ਦੱਸਿਆ ਸੀ ਕਿ ਉਸ ਵੇਲੇ ਅੰਗਰੇਜ਼ ਹਰ ਸਾਲ ਭਾਰਤ ਵਿੱਚੋਂ 52 ਕਰੋੜ ਰੁਪਏ ਇੰਗਲੈਂਡ ਲੈ ਜਾਂਦੇ ਸਨ, ਅਤੇ ਅੰਗਰੇਜ਼ ਸਰਕਾਰ ਪੰਜਾਬੀਆਂ ਅਤੇ ਭਾਰਤੀਆ ਦੀ ਸਿੱਖਿਆ ਅਤੇ ਸਿਹਤ ਸੰਭਾਲ ਲਈ ਜ਼ਰੂਰੀ ਲੋੜਾਂ ਨਾਲੋਂ ਬਹੁਤ ਘੱਟ ਬੱਜਟ ਨਿਵੇਸ਼ ਕਰਦੇ ਸਨ। ਸਾਨੂੰ ਭਾਰਤੀਆਂ ਵਿਸ਼ੇਸ਼ ਤੌਰ 'ਤੇ ਪੰਜਾਬੀਆਂ ਨੂੰ ਮਹਾਨ ਸ਼ਹੀਦ ਕਰਤਾਰ ਸਿੰਘ ਸਰਾਭਾ ਦੀਆਂ ਅਜਿਹੀਆਂ ਲਿਖਤਾਂ ਤੋਂ ਸੇਧ ਲੈਂਦੇ ਹੋਏ ਸਿੱਖਣਾ ਅਤੇ ਸੋਚਣਾ ਚਾਹੀਦਾ ਹੈ ਕਿ ਅੱਜ ਵੀ ਸਾਡੇ ਆਜ਼ਾਦ ਭਾਰਤ ਵਿੱਚ ਅਰਬਾਂ ਰੁਪਏ ਵਿਦੇਸ਼ਾਂ ਵੱਲ ਜਾਂਦੇ ਹਨ, ਕਿਉਂ? ਅੱਜ ਵੀ ਭਾਰਤੀ ਬੱਚਿਆਂ ਦੀ ਸਿੱਖਿਆ ਪ੍ਰਾਪਤੀ ਲਈ ਅਤੇ ਜਨ ਸਮੂਹਾਂ ਦੀ ਸਿਹਤ ਸੰਭਾਲ ਲਈ ਘੱਟੋ-ਘੱਟ ਲੋੜੀਂਦੇ ਬੱਜਟ ਸਰਕਾਰੀ ਤੌਰ 'ਤੇ ਉਪਲੱਬਧ ਕਿਉਂ ਨਹੀਂ ਕਰਵਾਏ ਜਾਂਦੇ?

ਅੱਜ ਵੀ ਆਜ਼ਾਦੀ ਪ੍ਰਾਪਤੀ ਦੇ 75 ਸਾਲਾਂ ਪਿੱਛੋਂ ਭਾਰਤ ਨੂੰ ਕੌਮਾਂਤਰੀ ਪੱਧਰ 'ਤੇ ਮਨੁੱਖੀ ਵਿਕਾਸ ਪੱਖੋਂ ਪੱਛੜਿਆ ਹੋਇਆ ਦੇਸ਼ ਮੰਨਿਆ ਜਾਂਦਾ ਹੈ ਅਤੇ ਦੂਜੇ ਪਾਸੇ ਸਾਡੇ ਹੀ ਬੱਚਿਆਂ ਦੀ ਪੜ੍ਹਾਈ ਦੇ ਨਾਂਅ 'ਤੇ ਅਰਬਾਂ ਰੁਪਏ ਕੈਨੇਡਾ, ਅਮਰੀਕਾ, ਆਸਟਰੇਲੀਆ ਵਰਗੇ ਦੇਸ਼ਾਂ ਵਿੱਚ ਜਾ ਰਹੇ ਹਨ। ਇੱਕ ਪਾਸੇ ਲੱਖਾਂ ਰੁਪਏ ਦੇ ਖਰਚੇ ਭਰੋ ਅਤੇ ਫਿਰ ਦੂਜੇ ਦੇਸ਼ਾਂ ਦੀਆਂ ਸਰਕਾਰਾਂ ਦੇ ਰਹਿਮ 'ਤੇ ਰਹੋ। ਉਹ ਕਿਹੋ ਜਿਹੀਆਂ ਫੀਸਾਂ ਉਗਰਾਉਂਦੇ ਹਨ, ਕਿਹੋ ਜਿਹੀ ਪੜ੍ਹਾਈ ਕਰਵਾਉਂਦੇ ਹਨ, ਉਨ੍ਹਾਂ ਦੀ ਮਰਜ਼ੀ ਹੈ। ਇਸ ਤਰ੍ਹਾਂ ਪੜ੍ਹਾਈ ਦੇ ਖੇਤਰ ਵਿੱਚ ਦੂਜੇ ਦੇਸ਼ਾਂ 'ਤੇ ਨਿਰਭਰ ਹੋ ਕੇ ਅਸੀਂ ਭਾਰਤੀ "ਆਤਮ ਨਿਰਭਰਤਾ ਵਾਲਾ" ਅਤੇ ਸਾਡੇ ਸੰਵਿਧਾਨ ਨੂੰ ਪ੍ਰਣਾਇਆ ਵਿਕਾਸ ਕਿਵੇਂ ਕਰ ਸਕਾਂਗੇ?

ਇਨ੍ਹਾਂ ਵਿਚਾਰਾਂ ਦੀ ਲੜੀ ਪੂਰੀ ਹੋਣ ਤੋਂ ਪਹਿਲਾਂ ਅਖ਼ਬਾਰਾਂ ਵਿੱਚ ਇਹ ਖ਼ਬਰਾਂ ਵੀ ਛਪ ਗਈਆਂ ਕਿ ਪੰਜਾਬੀ ਬੱਚਿਆਂ ਦੇ 10+2 ਤੱਕ ਦੀ ਪੜ੍ਹਾਈ ਪੂਰੀ ਕਰਨ ਉਪਰੰਤ ਵਿਦੇਸ਼ਾਂ ਵੱਲ ਜਾਣ ਦੀ ਹੋੜ ਕਾਰਨ ਪੰਜਾਬ ਦੇ ਕਈ ਕਾਲਜਾਂ ਅਤੇ ਯੂਨੀਵਰਸਿਟੀਆਂ ਵਿੱਚ ਦਾਖ਼ਲੇ ਪੂਰੇ ਨਹੀਂ ਹੋ ਰਹੇ, ਕਈ ਕਾਲਜਾਂ ਵਿੱਚ ਕਈ ਵਿਸ਼ਿਆਂ ਦੀਆਂ ਉਚੇਰੀਆਂ ਜਮਾਤਾਂ ਵਿੱਚ ਦਾਖਲੇ ਬੰਦ ਕੀਤੇ ਜਾ ਰਹੇ ਹਨ।

ਇਸ ਸਾਰੀ ਸਥਿਤੀ ਸੰਬੰਧੀ ਸਾਡੀਆਂ ਸਰਕਾਰਾਂ ਜਾਂ ਵੱਖ-ਵੱਖ ਸਿਆਸੀ ਪਾਰਟੀਆਂ ਦੇ ਵੱਡੇ ਆਗੂ ਚੁੱਪ ਕਿਉਂ ਹਨ? ਜਾਂ ਫਿਰ ਇਨ੍ਹਾਂ ਸਾਰਿਆਂ ਦੀ ਸਹਿਮਤੀ ਹੈ ਕਿ ਜੋ ਹੋ ਰਿਹਾ ਹੈ, ਉਹ ਠੀਕ ਹੈ ਜਾਂ ਫਿਰ ਕੀ ਉਹ ਪੰਜਾਬ ਦੇ ਇਸ ਤਰ੍ਹਾਂ ਦੇ ਵਿਦਿਆਰਥੀਆਂ ਦੇ ਵਿਦੇਸ਼ਾਂ ਵੱਲ ਪਰਵਾਸ ਨੂੰ ਦੇਸ਼ ਦੇ ਵਿਕਾਸ ਦਾ ਅੰਗ ਹੀ ਮੰਨਦੇ ਹਨ? ਇਸ ਸੰਬੰਧੀ ਸਾਡੀਆਂ ਸਰਕਾਰਾਂ ਨੂੰ ਚਾਹੀਦਾ ਹੈ ਕਿ ਦੇਸ਼ ਦੀਆਂ ਆਰਥਿਕ ਨੀਤੀਆਂ ਨੂੰ ਭਾਰਤੀ ਸੰਵਿਧਾਨ ਦੇ ਨਿਰਦੇਸ਼ਕ ਸਿਧਾਂਤਾਂ ਅਨੁਸਾਰ ਨਿਰਧਾਰਤ ਅਤੇ ਲਾਗੂ ਕੀਤਾ ਜਾਵੇ। ਇਸ ਸੰਬੰਧ ਵਿੱਚ ਹੀ ਪੰਜਾਬੀ ਅਤੇ ਭਾਰਤੀ ਜਨ ਸਮੂਹਾਂ ਨੂੰ ਗ਼ਦਰੀ ਬਾਬਿਆਂ ਦੇ ਚਿਤਵੇ ਸੁਪਨਿਆਂ ਤੋਂ ਸੇਧ ਲੈ ਕੇ ਜਨ ਲਾਮਬੰਦੀ ਰਾਹੀਂ ਸਮੂਹਕ ਸਮਝ ਬਣਾਉਣੀ ਹੋਵੇਗੀ ਕਿ ਅਮਰੀਕੀ ਪ੍ਰਭਾਵ ਵਾਲੇ ਸੰਸਾਰ ਬੈਂਕ ਦੀਆਂ ਠੋਸੀਆਂ ਜਾ ਰਹੀਆਂ ਆਰਥਿਕ ਨੀਤੀਆਂ ਅਤੇ ਆਰਥਿਕ ਸੁਧਾਰ ਸਾਡੇ ਸੰਵਿਧਾਨਕ ਉਦੇਸ਼ਾਂ ਅਤੇ ਵਿਵਸਥਾਵਾਂ ਤੋਂ ਬਿਲਕੁਲ ਉਲਟ ਦਿਸ਼ਾ ਵਾਲੇ ਹਨ। ਸਾਨੂੰ ਇਹ ਵੀ ਸਪੱਸ਼ਟ ਸਮਝਣਾ ਹੋਵੇਗਾ ਕਿ ਜੇਕਰ ਆਜ਼ਾਦੀ ਪ੍ਰਾਪਤੀ ਦੇ ਬੀਤੇ 75 ਸਾਲਾਂ ਵਿੱਚ ਸੰਵਿਧਾਨ ਦੇ ਨਿਰਦੇਸ਼ਕ 'ਤੇ ਸਿਧਾਂਤਾਂ ਅਮਲ ਕੀਤਾ ਹੁੰਦਾ ਤਾਂ ਸਾਡੇ ਬੱਚਿਆਂ ਨੂੰ ਅੱਜ ਵਿਦੇਸ਼ਾਂ ਵੱਲ ਨਾ ਝਾਕਣਾ ਪੈਂਦਾ ਅਤੇ ਨਾ ਹੀ ਸਾਡੇ ਦੇਸ਼ ਦੀ ਅੱਜ ਵਰਗੀ ਆਰਥਿਕ ਲੁੱਟ ਹੋਣੀ ਸੀ। ਹਰ ਭਾਰਤੀ ਅਤੇ ਪੰਜਾਬੀ ਦਾ ਹੱਕ ਹੈ ਅਤੇ ਸੰਵਿਧਾਨਕ ਫ਼ਰਜ਼ ਵੀ ਬਣਦਾ ਹੈ ਕਿ ਆਪਣੇ ਸਿਆਸੀ ਆਗੂਆਂ ਨੂੰ ਸਤਿਕਾਰ ਸਹਿਤ ਉਨ੍ਹਾ ਦੀਆਂ ਆਰਥਿਕ ਨੀਤੀਆਂ, ਸਿੱਖਿਆ, ਸਿਹਤ ਸੰਭਾਲ, ਰੁਜ਼ਗਾਰ ਪ੍ਰਾਪਤੀ ਦੇ ਸੰਵਿਧਾਨਕ ਹੱਕਾਂ ਸੰਬੰਧੀ, ਉਨ੍ਹਾ ਦੀ ਪਹੁੰਚ ਸੰਬੰਧੀ ਪ੍ਰਸ਼ਨ ਸਾਂਝੇ ਕਰਨ ਅਤੇ ਸਪੱਸ਼ਟੀਕਰਨ ਮੰਗਣ। ਅਜਿਹਾ ਕਰਕੇ ਅਸੀਂ ਆਪਣੇ ਸੰਵਿਧਾਨਕ ਹੱਕਾਂ ਅਤੇ ਭਾਰਤੀ ਲੋਕਤੰਤਰ ਦੀ ਰਾਖੀ ਕਰ ਸਕਾਂਗੇ ਅਤੇ ਆਪਣੇ ਦੇਸ਼ ਦੀ ਜਵਾਨੀ ਦੇ ਵਰਤਮਾਨ ਅਤੇ ਭਵਿੱਖ ਦੀ ਰਾਖੀ ਦੇ ਜ਼ਾਮਨ ਹੋ ਸਕਾਂਗੇ।

**# ਸੰਪਰਕ : 94177-51888**

# ਕੁਦਰਤ ਅੱਗੇ ਬੇਵੱਸ ਮਨੁੱਖ

**ਹਰਪ੍ਰੀਤ ਸਿੰਘ ਉੱਪਲ**



ਪਿਛਲੇ ਕੁਝ ਦਿਨਾਂ ਤੋਂ ਲਗਾਤਾਰ ਮੀਂਹ ਪੈ ਰਿਹਾ ਹੈ। ਪੰਜਾਬ ਦਾ ਮਾਲਵਾ ਤੇ ਕੁਝ ਦੁਆਬਾ ਖੇਤਰ ਹੜ੍ਹਾਂ ਦੀ ਮਾਰ ਹੇਠ ਹੈ। ਘੱਗਰ ਨਦੀ ਵਿੱਚ ਪਹਾੜਾਂ 'ਤੇ ਜ਼ਿਆਦਾ ਬਰਸਾਤ ਹੋਣ ਨਾਲ ਪਾਣੀ ਜ਼ਿਆਦਾ ਹੋਣ ਕਰਕੇ ਪਟਿਆਲਾ ਤੇ ਮੋਹਾਲੀ ਜ਼ਿਲ੍ਹੇ ਹੜ੍ਹਾਂ ਨਾਲ ਵੱਡੇ ਪੱਧਰ ਪ੍ਰਭਾਵਿਤ ਹੋਏ ਹਨ। ਸਤਲੁਜ ਤੇ ਬਿਆਸ ਦਰਿਆਵਾਂ ਵਿੱਚ ਵੀ ਪਾਣੀ ਖਤਰੇ ਦੇ ਨਿਸ਼ਾਨ ਤੋਂ ਉਪਰ ਹੋ ਕੇ ਵਹਿ ਰਿਹਾ ਹੈ, ਜਿਸ ਨਾਲ ਲੁਧਿਆਣਾ, ਮੋਗਾ ਜ਼ਿਲ੍ਹੇ ਵੀ ਹੜ੍ਹਾਂ ਦੀ ਮਾਰ ਹੇਠ ਹਨ।

ਜੁਲਾਈ 1993 ਤੋਂ ਠੀਕ 30 ਸਾਲ ਬਾਅਦ ਜੁਲਾਈ 2023 ਵਿੱਚ ਪੰਜਾਬ ਦਾ ਵੱਡਾ ਹਿੱਸਾ ਹੜ੍ਹਾਂ ਦੀ ਮਾਰ ਹੇਠ ਹੈ। ਲੋਕਾਂ ਨੂੰ ਸੁਰੱਖਿਅਤ ਥਾਵਾਂ 'ਤੇ ਪਹੁੰਚਾਇਆ ਜਾ ਰਿਹਾ ਹੈ। ਪ੍ਰਸ਼ਾਸਨ ਤੇ ਸਥਾਨਕ ਲੋਕ ਆਪੋਂ ਆਪਣੀਆਂ ਜ਼ਿੰਮੇਵਾਰੀਆਂ ਨਿਭਾਅ ਰਹੇ ਹਨ। ਸਮਾਜ ਸੇਵੀ ਸੰਸਥਾਵਾਂ ਵੱਲੋਂ ਅੱਗੇ ਆ ਕੇ ਲੋਕਾਂ ਦੀ ਮਦਦ ਕੀਤੀ ਜਾ ਰਹੀ ਹੈ। ਦਰਅਸਲ ਮੋਹਾਲੀ ਤੇ ਇਸ ਦੇ ਆਸ-ਪਾਸ 20-25 ਮੰਜ਼ਲਾਂ ਫਲੈਟ ਉਸਾਰ ਦਿੱਤੇ ਹਨ। ਨਦੀਆਂ-ਨਾਲਿਆਂ ਨੂੰ ਤੰਗ ਕਰ ਦਿੱਤਾ ਗਿਆ ਹੈ। ਸਥਾਨਕ ਸਰਕਾਰਾਂ ਦੇ ਮੁਲਾਜ਼ਮਾਂ ਦੀ ਮਿਲੀਭੁਗਤ ਨਾਲ ਬਿਲਡਰਾਂ ਨੇ ਵੱਡੀ ਗਿਣਤੀ ਵਿੱਚ ਕਾਲੋਨੀਆਂ ਉਸਾਰ ਦਿੱਤੀਆਂ ਹਨ, ਕੁਝ ਹੀ ਦਿਨਾਂ ਵਿੱਚ ਵੱਡੇ-ਵੱਡੇ ਫਲੈਟ ਉਸਾਰ ਦਿੱਤੇ। ਇਹ ਨਹੀਂ ਦੇਖਿਆ ਕਿ ਏਥੇ ਰਹਿਣ ਵਾਲਿਆਂ ਦਾ ਬਰਸਾਤਾਂ ਵਿੱਚ ਕੀ ਹਾਲ ਹੋਵੇਗਾ। ਪੈਸੇ ਕਮਾਉਣ ਦੀ ਹੋੜ ਲੱਗੀ ਹੋਈ ਹੈ। ਅੱਜ ਕੁਦਰਤ ਨੇ ਵੀ ਆਪਣਾ ਰੰਗ ਦਿਖਾ ਦਿੱਤਾ ਹੈ। ਜਿਸ ਅੱਗੇ ਸਾਰੀ ਸਰਕਾਰ, ਪ੍ਰਸ਼ਾਸਨ ਬੇਵੱਸ ਨਜ਼ਰ ਆ ਰਿਹਾ ਹੈ। ਚੇਤੇ ਕਰਵਾ ਦੇਈਏ ਕਿ 15-20 ਸਾਲ ਪਹਿਲਾਂ ਜਦੋਂ ਮੀਂਹ ਦੀਆਂ ਝੜੀਆਂ ਕਈ-ਕਈ ਦਿਨ ਲੱਗਦੀਆਂ ਸਨ, ਨਦੀਆਂ-ਨਾਲੇ ਖੁੱਲ੍ਹੇ ਹੁੰਦੇ ਸਨ, ਜਿਸ ਰਾਹੀਂ ਪਾਣੀ ਦਾ ਨਿਕਾਸ ਹੋ ਜਾਂਦਾ ਸੀ। ਪਟਿਆਲੇ ਸਾਰੇ ਸ਼ਹਿਰ ਅੰਦਰ 60-70 ਸਾਲ ਪੁਰਾਣਾ ਨਾਲਾ ਸੀ, ਜਿਸ ਵਿੱਚ ਸਾਰਾ ਬਰਸਾਤੀ ਪਾਣੀ ਜਾਂਦਾ ਸੀ। ਪਰ ਪਿਛਲੇ ਕੁਝ ਸਾਲਾਂ ਵਿੱਚ ਹੀ ਨਾਲਾ ਉਪਰੋਂ ਦੀ ਬੰਦ ਕਰ ਦਿੱਤਾ ਗਿਆ ਹੈ। ਹੁਣ ਪਾਣੀ ਦੇ ਨਿਕਾਸ ਵਿੱਚ ਵੱਡੇ-ਪੱਧਰ 'ਤੇ ਦਿੱਕਤ ਆ ਰਹੀ ਹੈ। ਆਪਣੇ ਨਿੱਜੀ ਸਵਾਰਥਾਂ ਲਈ ਲੋਕਾਂ ਨੇ ਕੁਦਰਤ ਨਾਲ ਛੇੜਛਾੜ ਸ਼ੁਰੂ ਕਰ ਦਿੱਤੀ ਹੈ। ਚਾਰ ਕੁ ਮਹੀਨੇ ਪਹਿਲਾਂ ਵੀ ਉਤਰਾਖੰਡ ਵਿੱਚ ਜ਼ਮੀਨ ਖਿਸਕਣ ਨਾਲ ਵੱਡੀ ਗਿਣਤੀ ਵਿੱਚ ਲੋਕਾਂ ਨੂੰ ਬੇਘਰ ਹੋਣਾ ਪਿਆ ਸੀ। ਕੁਝ ਘਰਾਂ ਦੀਆਂ ਛੱਤਾਂ ਉਪਰ ਦਰਾੜਾਂ ਆ ਗਈਆਂ ਸਨ। ਪੱਕੇ ਬਣੇ ਘਰ ਪਾਣੀ ਵਿੱਚ ਰੁੜ੍ਹ ਗਏ ਸਨ। ਇੱਕ ਇਨਸਾਨ ਬੜੀ ਮਿਹਨਤ ਨਾਲ ਪੈਸੇ ਕਮਾ ਕੇ ਆਪਣਾ ਘਰ ਬਣਾਉਂਦਾ ਹੈ। ਉਸ ਨੂੰ ਬੜਾ ਚਾਅ ਹੁੰਦਾ ਹੈ ਕਿ ਉਸ ਦੇ ਸੁਪਨਿਆਂ ਦਾ ਘਰ ਬਣ ਗਿਆ, ਪਰ ਅਜਿਹੇ ਹਾਲਾਤ ਅੱਗੇ ਇਨਸਾਨ ਬੇਵੱਸ ਨਜ਼ਰ ਆਉਂਦਾ ਹੈ, ਉਸ ਨੂੰ ਆਪਣਾ ਬਣਿਆ ਘਰ ਛੱਡਣਾ ਪੈਂਦਾ ਹੈ। ਆਪਣੀ ਜਾਨ-ਮਾਲ ਦੀ ਰਾਖੀ ਲਈ ਉਸ ਨੂੰ ਆਪਣਾ ਘਰ ਛੱਡ ਕੇ ਪਰਵਾਰ ਸਮੇਤ ਸੁਰੱਖਿਅਤ ਸਥਾਨਾਂ 'ਤੇ ਜਾਣਾ ਪੈਂਦਾ ਹੈ, ਜਦਕਿ ਦਿਲ ਘਰ ਛੱਡਣ ਨੂੰ ਨਹੀਂ ਕਰਦਾ। ਸਾਲ 2012 ਵਿੱਚ ਵੀ ਉਤਰਾਖੰਡ ਹੜ੍ਹਾਂ ਦੀ ਮਾਰ ਹੇਠ ਸੀ, ਉਦੋਂ ਬਹੁਤ ਵੱਡੇ ਪੱਧਰ 'ਤੇ ਨੁਕਸਾਨ ਹੋਇਆ। ਹਜ਼ਾਰਾਂ ਮੌਤਾਂ ਹੋਈਆਂ। ਜਿੰਦੇ ਜੀਅ ਇਨਸਾਨ ਦਰਿਆਵਾਂ ਵਿੱਚ ਪਾਣੀ ਨਾਲ ਰੁੜ੍ਹ ਗਏ। ਸਰਕਾਰਾਂ, ਪ੍ਰਸ਼ਾਸਨ ਕੁਦਰਤ ਅੱਗੇ ਲਾਚਾਰ ਸਾਬਤ ਹੋਈਆਂ ਅਬਾਦੀਆਂ ਵਿੱਚ ਲਗਾਤਾਰ ਵਾਧਾ ਹੋ ਰਿਹਾ ਹੈ। ਨਿੱਜੀ ਸਵਾਰਥਾਂ ਲਈ ਪਹਾੜਾਂ ਉਪਰ ਦਰੱਖਤਾਂ ਦੀ ਕਟਾਈ, ਮਾਈਨਿੰਗ ਕਰਕੇ ਵੱਡੇ-ਵੱਡੇ ਹੋਟਲ ਉਸਾਰੇ ਜਾ ਰਹੇ ਹਨ, ਨਦੀਆਂ-ਨਾਲਿਆਂ ਉਪਰ ਕਬਜ਼ੇ ਕਰਕੇ ਘਰ, ਫਸਲਾਂ ਬੀਜੀਆਂ ਜਾ ਰਹੀਆ ਹਨ। ਚੌੜੀਆਂ ਸੜਕਾਂ, ਰੇਲ ਲਾਈਨਾਂ ਦਾ ਜਾਲ ਵਿਛਾਉਂਦੇ ਹੋਏ ਅੰਧਾ-ਧੁੰਦ ਦਰੱਖਤਾਂ ਦੀ ਕਟਾਈ ਕੀਤੀ ਜਾਂਦੀ ਹੈ। ਸੀਵਰੇਜ ਦਾ ਵਧੀਆ ਪ੍ਰਬੰਧ ਨਾ ਹੋਣ ਕਰਕੇ ਗੰਦਾ ਪਾਣੀ ਧਰਤੀ ਹੇਠ ਰਿਸਦਾ ਰਹਿੰਦਾ ਹੈ, ਜਿਸ ਨਾਲ ਅਨੇਕਾਂ ਬਿਮਾਰੀਆਂ ਨਾਲ ਲੋਕ ਆਪ ਹੀ ਸ਼ਿਕਾਰ ਹੋ ਰਹੇ ਹਨ। ਫਸਲਾਂ 'ਤੇ ਅਨੇਕਾਂ ਪ੍ਰਕਾਰ ਦੀਆਂ ਦਵਾਈਆਂ ਦਾ ਛਿੜਕਾਅ ਕੀਤਾ ਜਾ ਰਿਹਾ ਹੈ, ਜਿਸ ਨਾਲ ਹਵਾ ਵੀ ਪ੍ਰਭਾਵਿਤ ਹੁੰਦੀ ਹੈ। ਪਰਾਲੀ ਨੂੰ ਅੱਗ ਲਗਾ ਕੇ ਮਨੁੱਖੀ ਜ਼ਿੰਦਗੀ ਨੂੰ ਖਤਰੇ ਵਿਚ ਪਾਇਆ ਜਾ ਰਿਹਾ ਹੈ। ਵੱਧ ਪੈਸਾ ਕਮਾਉਣ ਦੇ ਚੱਕਰ ਵਿੱਚ ਕੁਦਰਤੀ ਵਸੀਲਿਆਂ ਦਾ ਨਾਸ਼ ਕੀਤਾ ਜਾ ਰਿਹਾ ਹੈ।

ਧਰਤੀ ਹੇਠ ਵੱਡੀ ਪੱਧਰ 'ਤੇ ਪੀਣ ਵਾਲੇ ਪਾਣੀ ਨੂੰ ਕੱਢ ਕੇ ਧਰਤੀ ਨੂੰ ਬੰਜਰ ਕੀਤਾ ਜਾ ਰਿਹਾ ਹੈ। ਫੈਕਟਰੀ ਦਾ ਗੰਦਾ ਪਾਣੀ ਬੋਰਾਂ ਰਾਹੀਂ ਧਰਤੀ ਹੇਠਾਂ ਪਾਇਆ ਜਾ ਰਿਹਾ ਹੈ। ਦਰਿਆਵਾਂ ਨੂੰ ਵੱਡੇ ਪੱਧਰ 'ਤੇ ਫੈਕਟਰੀਆਂ ਦੀ ਰਹਿੰਦੀ-ਖੂੰਹਦ ਰਾਹੀਂ ਗੰਧਲਾ ਕੀਤਾ ਜਾ ਰਿਹਾ ਹੈ। ਕੁਦਰਤ ਵੱਲੋਂ ਜੋ ਇਨਸਾਨ ਨੂੰ ਦਿੱਤਾ ਗਿਆ, ਅਸੀਂ ਉਸ ਨੂੰ ਆਪਣੇ ਨਿੱਜੀ ਸਵਾਰਥਾਂ ਲਈ ਵਰਤਦੇ ਹੋਏ ਉਸ ਦਾ ਘਾਣ ਕੀਤਾ। ਹੁਣ ਜਦੋਂ ਕੁਦਰਤ ਰੰਗ ਦਿਖਾ ਰਹੀ ਹੈ ਤਾਂ ਅਸੀਂ ਆਪਣੀਆਂ ਕੀਤੀਆਂ ਗਲਤੀਆਂ ਅੱਗੇ ਬੇਵੱਸ ਹਾਂ। ਸਾਨੂੰ ਕੁਦਰਤੀ ਸਰੋਤਾਂ ਦਾ ਇਸਤੇਮਾਲ ਸੰਭਲ ਕੇ ਕਰਨਾ ਚਾਹੀਦਾ ਹੈ। ਜੋ ਸਾਨੂੰ ਕੁਦਰਤ ਦੇ ਰਿਹਾ, ਸਾਨੂੰ ਉਸੇ ਰੂਪ ਵਿੱਚ ਉਸ ਨੂੰ ਮੋੜਨਾ ਚਾਹੀਦਾ ਹੈ।

*# ਸੰਪਰਕ : 80540-20692*

## ਸ਼ਰਧਾਂਜਲੀ ਸਮਾਗਮ 'ਤੇ ਵਿਸ਼ੇਸ਼

# ਬਲਕਾਰ ਸਿੰਘ ਡਕੌਂਦਾ ਦੀ ਅਮਿੱਟ ਦੇਣ

**ਨਰਾਇਣ ਦੱਤ**



ਅਸੀਂ ਜਿਸ ਯੋਧੇ ਬਲਕਾਰ ਸਿੰਘ ਡਕੌਂਦਾ ਨੂੰ ਯਾਦ ਕਰਨ ਲੱਗੇ ਹਾਂ, ਉਹ ਸੰਪੂਰਨ ਇਨਸਾਨ ਸੀ। ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦਾ ਇਹ ਬਾਨੀ ਪ੍ਰਧਾਨ ਜਿੰਨਾ ਨਿਡਰ ਸੀ, ਉਸ ਤੋਂ ਵੀ ਵੱਧ ਸਿਆਣਾ ਸੀ। ਇਹ ਸਿਆਣਪ ਸੀ, ਸਾਥੀਆਂ ਨਾਲ ਬਹਿਸ ਕਰਨ ਦੀ, ਰਾਜਨੀਤਕ ਵਰਤਾਰਿਆਂ ਨੂੰ ਸਮਝਣ ਦੀ, ਸਮਾਜਿਕ ਆਰਥਿਕਤਾ ਦੀ, ਇਨਸਾਨਾਂ ਨੂੰ ਸਮਝਣ, ਵਰਤੋਂ-ਵਿਹਾਰ ਕਰਨ ਅਤੇ ਆਪਣੀ ਦਲੀਲ ਨਾਲ ਵਿਰੋਧੀਆਂ ਨੂੰ ਕਾਇਲ ਕਰਨ ਦੀ, ਇਸ ਤੋਂ ਵੀ ਵੱਧ ਦੁਸ਼ਮਣ ਦੀ ਅੱਖ 'ਚ ਅੱਖ ਪਾ ਕੇ ਗੱਲ ਕਰਨ ਦੀ।

ਗੋਲੀ ਚਲਾ ਦੇਣੀ, ਬੰਦੇ ਮਾਰ ਦੇਣੇ ਅਤੇ ਡਾਂਗ ਸੋਟਾ ਕਰਨ ਵਰਗੀ ਨਿੱਜੀ ਬਹਾਦਰੀ ਦਾ ਸਾਡੇ ਪੰਜਾਬੀ ਸਮਾਜ ਵਿੱਚ ਬੜਾ ਗੁਣਗਾਣ ਕੀਤਾ ਜਾਂਦਾ ਹੈ। ਇਹ ਠੀਕ ਹੈ ਕਿ ਨਿੱਜੀ ਬਹਾਦਰੀ ਲੋਕਾਂ ਨੂੰ ਬਗਾਵਤ ਕਰਨ ਅਤੇ ਨਾਬਰ ਹੋਣ ਲਈ ਉਤਸ਼ਾਹ ਬਖਸ਼ਦੀ ਹੈ, ਪਰ ਅੰਤਿਮ ਨਤੀਜਾ ਫਿਰ ਉਸੇ ਨਿਜਾਮ ਦੇ ਪੱਖ ਵਿੱਚ ਭੁਗਤਦਾ ਹੈ, ਕਿਉਂਕਿ ਵਿਅਕਤੀਗਤ ਸੂਰਮਤਾਈ ਸਮਾਜਿਕ ਪ੍ਰਬੰਧ ਦੇ ਕਰੂਪ ਪ੍ਰਗਟਾਅ ਨੂੰ ਹੀ ਨਿਸ਼ਾਨਾ ਬਣਾਉਂਦੀ ਹੈ।

ਬਲਕਾਰ ਸਿੰਘ ਡਕੌਂਦਾ ਦਾ ਜਨਮ ਪਟਿਆਲਾ ਜ਼ਿਲ੍ਹੇ ਦੇ ਪਿੰਡ ਡਕੌਂਦਾ ਵਿਖੇ ਪਿਤਾ ਸ੍. ਵਿਰਸਾ ਸਿੰਘ ਅਤੇ ਮਾਤਾ ਹਰਬੰਸ ਕੌਰ ਦੇ ਘਰ ਹੋਇਆ। ਜਦ ਬਲਕਾਰ ਸਿੰਘ ਜੁਆਨੀ ਦੀ ਦਹਿਲੀਜ਼ 'ਤੇ ਪੈਰ ਧਰਦਾ ਹੈ ਤਾਂ ਉਸ ਸਮੇਂ ਪੰਜਾਬ ਅੰਦਰ ਵਿਦਿਆਰਥੀ ਲਹਿਰ ਭਰ ਜੋਬਨ 'ਤੇ ਸੀ। ਵਿਦਿਆਰਥੀ ਲਹਿਰ ਨੇ ਬਲਕਾਰ ਨੂੰ ਵਰਤਾਰਿਆਂ ਨੂੰ ਸਮਝਣ, ਨਵਾਂ ਸਮਾਜ ਸਿਰਜਣ ਲਈ ਸੰਸਾਰ ਭਰ ਦੇ ਦਾਰਸ਼ਨਿਕਾਂ ਦੇ ਜੀਵਨ ਸਫਰ ਤੋਂ ਪ੍ਰੇਰਨਾ ਹਾਸਲ ਕਰਨ ਲਈ ਚੇਤੰਨ ਯਤਨ ਕੀਤੇ। ਉਸ ਨੂੰ ਪੜ੍ਹਨ ਦਾ ਜਨੂੰਨ ਪੈਦਾ ਹੋਇਆ। ਸਕੂਲੀ/ਕਾਲਜ ਦੀ ਪੜ੍ਹਾਈ ਦੇ ਨਾਲ-ਨਾਲ ਅਖਬਾਰਾਂ ਦੀਆਂ ਸੰਪਾਦਕੀਆਂ ਅਤੇ ਰਸਾਲੇ ਪੜ੍ਹਨ ਦਾ ਸ਼ੌਕ ਸੀ। ਇਸੇ ਚੇਤਨਾ ਸਦਕਾ ਪਿੰਡ ਦੇ ਨੌਜਵਾਨਾਂ ਨਾਲ ਰਲ ਕੇ ਮਰਹੂਮ ਗੁਰਸ਼ਰਨ ਸਿੰਘ (ਭਾਈ ਮੰਨਾ ਸਿੰਘ ਜੀ) ਦੇ ਨਾਟਕ ਪਿੰਡ ਵਿੱਚ ਕਰਵਾਏ। ਕੁੱਝ ਸਮਾਂ ਮੈਡੀਕਲ ਪ੍ਰੈਕਟੀਸ਼ਨਰ ਵਜੋਂ ਵੀ ਕੰਮ ਕੀਤਾ। ਉਹਨੀ ਦਿਨੀਂ ਕਿਸਾਨਾਂ ਨੇ ਭਾਰਤੀ ਕਿਸਾਨ ਯੂਨੀਅਨ ਦੀ ਅਗਵਾਈ ਵਿੱਚ ਆਪਣੀਆਂ ਹੱਕੀ ਮੰਗਾਂ ਦੀ ਪ੍ਰਾਪਤੀ ਲਈ ਚੰਡੀਗੜ੍ਹ ਵਿਖੇ ਰਾਜਪਾਲ ਦਾ ਕਈ ਦਿਨ ਲਗਾਤਾਰ ਘਿਰਾਓ ਕੀਤਾ ਸੀ। ਬਲਕਾਰ ਸਿੰਘ ਵੀ ਕਿਸਾਨ ਸੰਘਰਸ਼ ਵਿੱਚ ਕੁੱਲਵਕਤੀ ਤੌਰ 'ਤੇ ਸ਼ਾਮਲ ਹੋ ਗਿਆ। 1993 ਵਿੱਚ ਜਦੋਂ ਕਿਸਾਨ ਜਥੇਬੰਦੀ ਅੰਦਰ ਚੋਣਾਂ ਲੜਨ ਦਾ ਮਤਾ ਪੇਸ਼ ਕੀਤਾ ਗਿਆ ਤਾਂ ਹੋਰ ਆਗੂਆਂ ਸਮੇਤ ਬਲਕਾਰ ਸਿੰਘ ਡਕੌਂਦਾ ਨੇ ਸਿਆਸੀ ਪ੍ਰਪੱਕਤਾ ਦਾ ਮੁਜ਼ਾਹਰਾ ਕਰਦੇ ਹੋਏ ਇਸ ਮਤੇ ਦੀ ਸਖਤ ਵਿਰੋਧਤਾ ਕੀਤੀ ਅਤੇ ਗੈਰ ਪਾਰਲੀਮਾਨੀ ਜਥੇਬੰਦੀ ਭਾਰਤੀ ਕਿਸਾਨ ਯੂਨੀਅਨ ਏਕਤਾ ਦਾ ਗਠਨ ਕੀਤਾ ਗਿਆ। ਬਿਜਲੀ ਵਰਗੀ ਤੇਜ਼ੀ ਨਾਲ ਸਿੱਖਣ ਅਤੇ ਸਿੱਖ ਕੇ ਲਾਗੂ ਕਰਨ ਦੀ ਨਿੱਡਰਤਾ ਕਾਰਨ ਉਹ ਛੇਤੀ ਹੀ ਭਾਰਤੀ ਕਿਸਾਨ ਯੂਨੀਅਨ ਏਕਤਾ ਦਾ ਪਹਿਲਾਂ ਜ਼ਿਲ੍ਹਾ ਪਟਿਆਲਾ ਦਾ ਅਤੇ ਫਿਰ ਪੰਜਾਬ ਦਾ ਜਨਰਲ ਸਕੱਤਰ ਬਣਿਆ।

ਜਦੋਂ ਮਾਨਸਾ ਜ਼ਿਲ੍ਹੇ ਦੇ ਪਿੰਡ ਰਾਇਪੁਰ ਵਿਖੇ ਗਰੀਬ ਕਿਸਾਨ ਦੀ ਜ਼ਮੀਨ 'ਤੇ ਧੱਕੜ ਸਰਪੰਚ ਨੇ ਜਬਰੀ ਕਬਜ਼ਾ ਕਰ ਲਿਆ ਤਾਂ ਕਿਸਾਨ ਦੀ ਜ਼ਮੀਨ ਵਾਪਸ ਦਿਵਾਉਣ ਲਈ ਜਥੇਬੰਦੀ ਨੇ ਘੋਲ ਦਾ ਐਲਾਨ ਕਰ ਦਿੱਤਾ। ਇਸ ਘੋਲ ਦੀ ਜਨਰਲ ਸਕੱਤਰ ਬਲਕਾਰ ਸਿੰਘ ਡਕੌਂਦਾ ਨੇ ਮੂਹਰਲੀਆਂ ਕਤਾਰਾਂ ਵਿੱਚ ਸ਼ਾਮਲ ਹੋ ਕੇ ਚੇਤੰਨ ਅਗਵਾਈ ਕੀਤੀ। ਜਥੇਬੰਦੀ ਨੇ ਕਿਸਾਨ ਦੀ ਜ਼ਮੀਨ ਦਾ ਕਬਜ਼ਾ ਛੁਡਵਾਉਣ ਦਾ ਐਲਾਨ ਕਰ ਕੇ ਰੈਲੀ ਰੱਖ ਦਿੱਤੀ, ਪਰ ਸਰਕਾਰ ਨੇ ਭਾਰੀ ਫੋਰਸ ਲਾ ਕੇ ਕਿਸਾਨਾਂ ਨੂੰ ਰੋਕਣਾ ਚਾਹਿਆ। ਪਿੰਡ ਟਾਂਡੀਆਂ ਕੋਲ ਕਿਸਾਨਾਂ 'ਤੇ ਜ਼ਬਰਦਸਤ ਲਾਠੀਚਾਰਜ ਕੀਤਾ ਗਿਆ। 50-60 ਕਿਸਾਨ ਸਖਤ ਫੱਟੜ ਹੋਏ ਅਤੇ ਬਲਕਾਰ ਸਿੰਘ ਦਾ ਵੀ ਸਿਰ ਪਾੜ ਦਿੱਤਾ ਗਿਆ। ਉਹਨਾਂ ਨੂੰ ਕਈ ਦਿਨ ਹਸਪਤਾਲ ਦਾਖਲ ਰਹਿਣਾ ਪਿਆ। ਹਸਪਤਾਲ ਦਾਖਲ ਰਹਿਣ ਦੌਰਾਨ ਵੀ ਬਲਕਾਰ ਸਿੰਘ ਨੂੰ ਆਪਣੀ ਸਿਹਤ ਨਾਲੋਂ ਵੱਧ ਕਿਸਾਨ ਲਹਿਰ ਦਾ ਸੀ, ਜਦ ਉਹ ਹਰ ਮਿਲਣ ਵਾਲੇ ਨੂੰ ਕਹਿੰਦਾ ਕਿ ਸਰਕਾਰ ਨੇ ਸਾਡੀ ਕਿਸਾਨ ਲਹਿਰ 'ਤੇ ਵਾਰ ਕੀਤਾ ਹੈ, ਪਰ ਸਰਕਾਰ ਦਾ ਇਹ ਜਬਰ ਸਾਡੀ ਕਿਸਾਨ ਲਹਿਰ ਦੀ ਮਜ਼ਬੂਤੀ ਦਾ ਸਾਧਨ ਬਣੇਗਾ। ਉਹ 'ਜਬਰ ਨਾਕਾਮੀ ਹੋਰ ਜਬਰ-ਜਦੋਂ ਤੀਕ ਨਾ ਮਿਲੇ ਕਬਰ' ਦੀ ਸੱਚਾਈ ਦੇ ਵਿਗਿਆਨ ਨੂੰ ਭਲੀ-ਭਾਂਤ ਸਮਝਦਾ ਸੀ।

ਭਾਰੂ ਲੀਡਰਸ਼ਿਪ ਦੇ ਇਸ ਘੋਲ ਦੌਰਾਨ ਥਿੜਕਵੇਂ ਰੋਲ ਕਾਰਨ 2007 ਵਿੱਚ ਭਾਰਤੀ ਕਿਸਾਨ ਯੂਨੀਅਨ ਏਕਤਾ (ਪੰਜਾਬ) ਹੋਂਦ ਵਿੱਚ ਆਈ ਅਤੇ ਬਲਕਾਰ ਸਿੰਘ ਡਕੌਂਦਾ ਇਸ ਦੇ ਬਾਨੀ ਪ੍ਰਧਾਨ ਬਣੇ। ਛੇਤੀ ਹੀ ਪੰਜਾਬ ਦੀ ਕੈਪਟਨ ਸਰਕਾਰ ਵੱਲੋਂ ਖੇਤੀ ਮੋਟਰਾਂ ਦੇ ਬਿੱਲ ਲਾਉਣ ਦਾ ਐਲਾਨ ਕਰ ਦਿੱਤਾ ਗਿਆ। ਬਲਕਾਰ ਸਿੰਘ ਦੀ ਪਹਿਲ-ਕਦਮੀ ਸਦਕਾ ਪੰਜਾਬ ਦੀਆਂ 17 ਜਥੇਬੰਦੀਆਂ ਨੇ ਖੇਤੀ ਮੋਟਰਾਂ 'ਤੇ ਬਿੱਲ ਲਾਗੂ ਕਰਨ ਖਿਲਾਫ਼ ਸਾਂਝਾ ਘੋਲ ਲੜਨ ਦਾ ਐਲਾਨ ਕੀਤਾ ਅਤੇ ਜਗਰਾਓਂ ਮੰਡੀ ਵਿਖੇ ਵੱਡੀ ਸਾਂਝੀ ਰੈਲੀ ਰੱਖੀ ਗਈ। ਇੱਥੇ ਸਟੇਜ ਚਲਾਉਣ ਦਾ ਮਾਣ ਬਲਕਾਰ ਸਿੰਘ ਡਕੌਂਦਾ ਨੂੰ ਮਿਲਿਆ ਅਤੇ ਸਾਂਝੇ ਘੋਲ ਦੀ ਬਦੌਲਤ ਸਰਕਾਰ ਨੂੰ ਬਿੱਲ ਲਾਗੂ ਕਰਨ ਦਾ ਫੈਸਲਾ ਵਾਪਸ ਲੈਣਾ ਪਿਆ।

ਇਸ ਘੋਲ ਦੀ ਜਿੱਤ ਨੇ ਬਲਕਾਰ ਸਿੰਘ ਡਕੌਂਦਾ ਦੀ ਇਸ ਸੋਚ 'ਤੇ ਮੋਹਰ ਲਾਈ ਕਿ ਸਾਂਝੀਆਂ ਮੰਗਾਂ ਤੇ ਸਾਂਝੇ ਘੋਲ ਲੜੇ ਜਾਣੇ ਚਾਹੀਦੇ ਹਨ। ਬਲਕਾਰ ਸਿੰਘ ਦੀ ਇਸ ਚੇਤੰਨ ਸੋਚ ਨੇ ਹੀ ਦਿੱਲੀ ਦੀਆਂ ਬਰੂਹਾਂ 'ਤੇ ਲੜੇ ਗਏ ਇਤਿਹਾਸਕ ਕਿਸਾਨ ਘੋਲ ਦਾ ਬਾਨਣੂੰ ਬੰਨ੍ਹਣ ਵਿੱਚ ਮੋਹਰੀ ਭੂਮਿਕਾ ਨਿਭਾਈ।

ਬਲਕਾਰ ਸਿੰਘ ਡਕੌਂਦਾ ਪੜ੍ਹਨ-ਲਿਖਣ ਦੇ ਕਾਰਜ ਦੀ ਮਹੱਤਤਾ ਨੂੰ ਬਾਖੂਬੀ ਪਛਾਣਦਾ ਸੀ। ਇਸੇ ਕਾਰਨ ਉਸ ਨੇ ਕਿਰਤੀ ਜਮਾਤ, ਖਾਸ ਕਰਕੇ ਕਿਸਾਨੀ ਕਿੱਤੇ ਦੀਆਂ ਸਮੱਸਿਆਵਾਂ ਨੂੰ ਡੂੰਘਾਈ ਵਿਚ ਵਾਚਿਆ। ਉਸ ਨੇ ਕਿਸਾਨੀ ਸੰਕਟ ਪਿੱਛੇ ਕੰਮ ਕਰਦੇ ਕਾਰਨਾਂ ਦੀ ਨਿਸ਼ਾਨਦੇਹੀ ਕੀਤੀ ਕਿ ਇਹ ਸਿਰਫ ਕਿਸਾਨੀ ਦਾ ਸੰਕਟ ਨਹੀਂ, ਸਗੋਂ ਪੇਂਡੂ ਸੱਭਿਅਤਾ ਦਾ ਸੰਕਟ ਹੈ। ਇਸ ਸਿਆਣਪ ਕਾਰਨ ਹੀ ਉਸ ਦੀ ਪਛਾਣ ਜਿੱਥੇ ਕਿਸਾਨੀ ਸੰਘਰਸ਼ਾਂ ਦੇ ਮੋਹਰੀ ਆਗੂਆਂ ਵਜੋਂ ਬਣੀ, ਉੱਥੇ ਹੀ ਖੇਤੀ ਵਿਗਿਆਨੀ ਅਤੇ ਆਰਥਿਕ ਮਾਹਿਰ ਵੀ ਉਸ ਦੀ ਸਮਝ ਦੇ ਕਾਇਲ ਸਨ। ਉਸ ਨੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ, ਜਵਾਹਰ ਲਾਲ ਨਹਿਰੂ ਯੂਨੀਵਰਸਿਟੀ ਦਿੱਲੀ ਅਤੇ ਮੁੰਬਈ ਰਜਿਸਟੈਂਸ- 2004 ਵਿੱਚ ਜਥੇਬੰਦੀ ਵੱਲੋਂ ਪਰਚੇ ਪੜ੍ਹੇ ਅਤੇ ਲੋਕ-ਪੱਖੀ ਨਜ਼ਰੀਏ ਤੋਂ ਯੂਨੀਵਰਸਿਟੀ ਦੇ ਪ੍ਰੋਫੈਸਰਾਂ ਅਤੇ ਡਾਕਟਰਾਂ ਨਾਲ ਸੰਵਾਦ ਰਚਾਇਆ।

ਰਾਜਸੀ ਅਤੇ ਸਮਾਜਿਕ ਜਬਰ ਦੇ ਵਰਤਾਰਿਆਂ ਅਤੇ ਇਹਨਾਂ ਦਾ ਟਾਕਰਾ ਕਰਨ ਲਈ ਉਸ ਦੀ ਸੂਝ, ਦ੍ਰਿੜ੍ਹਤਾ ਅਤੇ ਦਲੇਰੀ ਬੇਮਿਸਾਲ ਸੀ। ਜਦੋਂ 2005 ਵਿੱਚ ਕਿਰਨਜੀਤ ਐਕਸ਼ਨ ਕਮੇਟੀ, ਮਹਿਲ ਕਲਾਂ ਦੇ ਆਗੂਆਂ ਮਨਜੀਤ ਧਨੇਰ, ਨਰਾਇਣ ਦੱਤ ਅਤੇ ਪ੍ਰੇਮ ਕੁਮਾਰ ਨੂੰ ਝੂਠੇ ਕੇਸ ਵਿੱਚ ਸੈਸ਼ਨ ਕੋਰਟ ਵੱਲੋਂ ਉਮਰ ਕੈਦ ਦੀ ਸਜ਼ਾ ਸੁਣਾਈ ਤਾਂ ਬਲਕਾਰ ਸਿੰਘ ਡਕੌਂਦਾ ਨੇ ਸਜ਼ਾ ਖਿਲਾਫ ਲੜੇ ਗਏ ਘੋਲ ਵਿੱਚ ਅਹਿਮ ਭੂਮਿਕਾ ਨਿਭਾਈ। ਮਹਿਲ ਕਲਾਂ ਘੋਲ 'ਤੇ ਦਸਤਾਵੇਜ਼ੀ ਬਣਾਉਣ ਵਾਲੇ ਦਲਜੀਤ ਅਮੀ ਉਹਨਾਂ ਸਮਿਆਂ ਨੂੰ ਚੇਤੇ ਕਰਕੇ ਲਿਖਦੇ ਹਨ, "ਲੋਕ ਲਹਿਰ ਦੇ ਖਾਸੇ ਵਿੱਚ ਦ੍ਰਿੜ੍ਹਤਾ ਅਹਿਮ ਹੁੰਦੀ ਹੈ। ਅਸੀਂ ਇਸ ਔਖੀ ਘੜੀ ਲਹਿਰ ਵਿੱਚੋਂ ਦ੍ਰਿੜ੍ਹਤਾ ਵਾਲੀ ਸੁਰ ਲੱਭ ਰਹੇ ਸਾਂ। ਮੰਚ ਤੋਂ ਕੋਈ ਕਹਿ ਰਿਹਾ ਸੀ ਕਿ ਪੁਲਿਸ ਪ੍ਰਸਾਸਨ ਦੀਆਂ ਅੱਖਾਂ ਵਿੱਚ ਰੋੜਾਂ ਵਾਂਗ ਰੜਕਦੀ ਹੈ ਇਹ ਰੈਲੀ। ਅਸੀ ਵਾਰ-ਵਾਰ ਕਰਾਂਗੇ ਰੈਲੀ, ਅਸੀ ਵੀਹ ਸਾਲ ਕਰਾਂਗੇ ਰੈਲੀ।" ਅਤੇ ਦਲਜੀਤ ਅਮੀ ਨੇ ਲਿਖਿਆ, "ਸਾਨੂੰ ਦ੍ਰਿੜ੍ਹਤਾ ਵਾਲੀ ਸੁਰ ਮਿਲ ਗਈ ਸੀ, ਚਿੱਟੀ ਦਾੜ੍ਹੀ ਅਤੇ ਕੁੜਤੇ-ਪਜਾਮੇ ਵਾਲਾ ਇਹ ਬੰਦਾ ਬਲਕਾਰ ਸਿੰਘ ਡਕੌਂਦਾ ਸੀ।"

ਇਹ ਵੀ ਦਲਜੀਤ ਅਮੀ ਨੇ ਲਿਖਿਆ ਹੈ ਕਿ "ਬਲਕਾਰ ਸਿੰਘ ਡਕੌਂਦਾ ਇੱਕੋ ਸਮੇਂ ਕਈ ਤਬਕਿਆਂ ਨਾਲ ਸੁਹਿਰਦ ਸੰਵਾਦ ਰਚਾ ਰਿਹਾ ਸੀ। ਯੂਨੀਵਰਸਿਟੀ ਦੇ ਵਿਦਵਾਨਾਂ, ਕਿਸਾਨ ਜਥੇਬੰਦੀਆਂ ਦੇ ਕਾਰਕੁਨਾਂ, ਫਿਲਮਸਾਜ਼ਾਂ ਅਤੇ ਪੱਤਰਕਾਰਾਂ ਵਿੱਚ ਉਹ ਸਾਲਸੀ ਦਾ ਸਹਿਜ ਪੁਲ ਸੀ। ਇਸੇ ਕਰਕੇ ਬਲਕਾਰ ਸਿੰਘ ਡਕੌਂਦਾ ਪਾਲਾਬੰਦੀ ਦੇ ਬਾਵਜੂਦ ਸਮੂਹ ਕਿਸਾਨ ਜਥੇਬੰਦੀਆਂ ਵਿੱਚ ਸਤਿਕਾਰੇ ਜਾਂਦੇ ਸਨ।"

ਲੋਕ ਘੋਲਾਂ ਵਿੱਚ ਆਪਣੀਆਂ ਪੈੜਾਂ ਦੇ ਡੂੰਘੇ ਨਿਸ਼ਾਨ ਛੱਡਦਿਆਂ 13 ਜੁਲਾਈ 2010 ਨੂੰ ਬਲਕਾਰ ਸਿੰਘ ਡਕੌਂਦਾ ਅਤੇ ਉਹਨਾਂ ਦੀ ਧਰਮਪਤਨੀ ਫਤਹਿਗੜ੍ਹ ਸਾਹਿਬ ਨੇੜੇ ਹੋਏ ਇੱਕ ਸੜਕ ਹਾਦਸੇ ਵਿੱਚ ਸਾਨੂੰ ਸਰੀਰਕ ਵਿਛੋੜਾ ਦੇ ਗਏ। ਉਦੋਂ ਉਹਨਾਂ ਨੂੰ ਜਥੇਬੰਦੀ ਦਾ ਪ੍ਰਧਾਨ ਬਣੇ ਮਸਾਂ ਤਿੰਨ ਸਾਲ ਹੋਏ ਸਨ, ਪਰ ਜਥੇਬੰਦੀ ਨੂੰ ਜਿਹੜਾ ਸੰਵਿਧਾਨ ਅਤੇ ਕਦਰਾਂ-ਕੀਮਤਾਂ ਇੰਨੇ ਸੀਮਤ ਸਮੇਂ ਵਿੱਚ ਬਖਸੀਆਂ, ਉਹ ਅੱਜ ਵੀ ਕਿਸਾਨੀ ਘੋਲਾਂ ਨੂੰ ਭਟਕਣ ਤੋਂ ਬਚਾਉਣ ਲਈ ਲੀਡਰਸ਼ਿਪ ਦਾ ਅਸਾਸਾ ਹਨ।

ਉਹਨਾਂ ਦੇ ਸ਼ਰਧਾਂਜਲੀ ਸਮਾਗਮ 'ਤੇ ਪਿੰਡ ਵਾਸੀਆਂ ਨੇ ਜਥੇਬੰਦੀ ਨੂੰ ਬੇਨਤੀ ਕੀਤੀ ਕਿ ਜਥੇਬੰਦੀ ਦਾ ਨਾਂਅ "ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ" ਰੱਖਿਆ ਜਾਵੇ। ਉਸ ਸਮੇਂ ਤੋਂ ਇਹ ਜਥੇਬੰਦੀ ਆਪਣੇ ਅੰਦਰ ਪੈਦਾ ਹੋਣ ਵਾਲੇ ਕੁਰਾਹਿਆਂ, ਵੋਟ ਸਿਆਸਤ, ਜਮਾਤੀ ਸਾਂਝ-ਭਿਆਲੀ ਅਤੇ ਢਿੱਲ-ਮੱਠ ਪਹੁੰਚਾਂ ਤੋਂ ਖਹਿੜਾ ਛੁਡਾਉਂਦੀ ਹੋਈ ਬਲਕਾਰ ਸਿੰਘ ਡਕੌਂਦਾ ਦੀ ਸਮਝ ਦੀ ਪਹਿਰੇਦਾਰੀ ਕਰ ਰਹੀ ਹੈ।

ਬਲਕਾਰ ਸਿੰਘ ਡਕੌਂਦਾ ਦਾ ਨਾਂਅ ਕਿਸਾਨੀ ਸਫਾਂ ਅੰਦਰ ਹੀ ਨਹੀਂ, ਸਗੋਂ ਨਾ ਇਨਸਾਫੀ ਅਤੇ ਲੁੱਟ ਦੇ ਖਿਲਾਫ ਲੜਦਿਆਂ ਨਵਾਂ ਲੋਕ ਪੱਖੀ ਪ੍ਰਬੰਧ ਸਿਰਜਣ ਲਈ ਜੂਝਣ ਵਾਲੇ ਕਾਫਲਿਆਂ ਲਈ ਧਰੂ ਤਾਰਾ ਬਣ ਕੇ ਜਗਮਗਾਉਂਦਾ ਰਹੇਗਾ। ਉਹਨਾਂ ਦਾ ਨਾਂਅ ਸ਼ਹੀਦਾਂ ਦੀ ਵਿਰਾਸਤ ਨੂੰ ਅੱਗੇ ਤੋਰਨ ਵਾਲੇ, ਹੱਕ-ਸੱਚ ਲਈ ਲੜਨ ਵਾਲੇ ਚੇਤੰਨ ਜੁਝਾਰੂ ਯੋਧੇ ਵਜੋਂ ਅੰਬਰਾਂ 'ਤੇ ਹਮੇਸ਼ਾ ਲਈ ਲਿਖਿਆ ਰਹੇਗਾ। ਸਾਥੀ ਬਲਕਾਰ ਸਿੰਘ ਡਕੌਂਦਾ ਦੇ ਵਿਚਾਰਾਂ ਦੀ ਪੂੰਜੀ ਦੀ ਵਿਰਾਸਤ ਦੇ ਵਾਰਸ ਅੱਜ ਸਮੁੱਚੇ ਪੰਜਾਬ ਵਿੱਚ ਸ਼ਰਧਾਂਜਲੀਆਂ ਭੇਟ ਕਰਦੇ ਹੋਏ, ਉਸ ਦੇ ਅਧੂਰੇ ਕਾਜ ਨੂੰ ਪੂਰਾ ਕਰਨ ਦਾ ਜ਼ੋਰਦਾਰ ਅਹਿਦ ਕਰਨਗੇ।

*# ਸੰਪਰਕ : 84275-11770*

13-JULY-PAGE-5.qxd 7/12/2023 10:22 PM Page 1



# ਮਾਲਵਾ ਪੰਜਾਬੀ ਸਾਹਿਤ ਸਭਾ ਦੀ 13ਵੀਂ ਬਾਡੀ ਦੀ ਚੋਣ ਸਰਬਸੰਮਤੀ ਨਾਲ ਹੋਈ



**ਲਹਿਰਾ ਮੁਹੱਬਤ, (ਭੀਮ ਸੈਨ ਹਦਵਾਰੀਆ)**– ਮਾਲਵਾ ਪੰਜਾਬੀ ਸਾਹਿਤ ਸਭਾ (ਰਜਿ:) ਰਾਮਪੁਰਾ ਫੂਲ (ਬਠਿੰਡਾ) ਦੀ ਇਕੱਤਰਤਾ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪਿੰਡ ਰਾਮਪੁਰਾ ਦੀ ਖੇਡ ਗਰਾਊਂਡ ਵਿੱਚ ਹੋਈ। ਇਸ ਦੌਰਾਨ ਸਭਾ ਦਾ ਪਿਛਲਾ ਲੇਖਾ-ਜੋਖਾ ਕਰਨ ਉਪਰੰਤ ਸਭਾ ਦੇ ਪ੍ਰਧਾਨ ਦਰਸ਼ਨ ਸਿੰਘ ਪ੍ਰੀਤੀਮਾਨ ਨੇ ਪਿਛਲੀ ਸਭਾ ਨੂੰ ਭੰਗ ਕਰਕੇ ਨਵੀਂ 13ਵੀਂ ਬਾਡੀ ਬਨਾਉਣ ਦਾ ਐਲਾਨ ਕੀਤਾ। ਨਵੀਂ ਸਭਾ ਦੇ ਗਠਨ ਲਈ ਰਿਟਾ. ਮੁੱਖ ਅਧਿਆਪਕ ਹਰਿੰਦਰ ਸਿੰਘ ਭੁੱਲਰ ਨੂੰ ਸਾਰੇ ਅਧਿਕਾਰ ਦਿੱਤੇ ਗਏ। ਇਸ ਮੌਕੇ ਸਰਬਸੰਮਤੀ ਨਾਲ ਹੋਈ ਅਹੁਦੇਦਾਰਾਂ ਦੀ ਚੋਣ ਵਿੱਚ ਗੁਰਨੈਬ ਸਿੰਘ ਭੰਮਾਂ (ਰਿਟਾ. ਇੰਸਪੈਕਟਰ ਪੰਜਾਬ ਐਗਰੋ) ਨੂੰ 'ਸਰਪ੍ਰਸਤ, ਦਰਸ਼ਨ ਸਿੰਘ 'ਪ੍ਰੀਤੀਮਾਨ' ਨੂੰ ਫਿਰ ਤੋਂ 10ਵੀਂ ਵਾਰ 'ਪ੍ਰਧਾਨ', ਦਰਸ਼ਨ ਸਿੰਘ ਭੁੱਲਰ ਨੂੰ 'ਸੀਨੀਅਰ ਮੀਤ ਪ੍ਰਧਾਨ', ਦਹੂਦ ਸਿੰਘ (ਰਿਟਾ. ਲੈਕਚਰਾਰ) 'ਜਨਰਲ ਸਕੱਤਰ', ਹਰਬੰਸ ਸਿੰਘ ਖੁਰਮੀ 'ਖਜ਼ਾਨਚੀ', ਪ੍ਰੋ: ਜਸਵਿੰਦਰ ਸ਼ਰਮਾ 'ਸਹਾਇਕ ਖਜ਼ਾਨਚੀ', ਰਿਟਾ. ਮੁੱਖ ਅਧਿਆਪਕ ਹਰਿੰਦਰ ਸਿੰਘ ਭੁੱਲਰ 'ਮੀਤ ਪ੍ਰਧਾਨ' ਤੇ 'ਪ੍ਰੈਸ ਸਕੱਤਰ', ਜਗਦੀਸ਼ ਗਟਵਾਲੀ 'ਸਕੱਤਰ', ਗੁਰਲਾਲ ਸਿੰਘ ਟਾਂਡੀਆ ਤੇ ਜਗਸੀਰ ਸਿੰਘ ਸੀਰਾ 'ਜਥੇਬੰਦਕ ਸਕੱਤਰ', ਮਾ. ਵਿਸ਼ੇਸ਼ ਸਿੰਘ 'ਸਲਾਹਕਾਰ', ਲੈਕਚਰਾਰ ਗੁਰਦੀਪ ਸਿੰਘ ਚਹਿਲ, ਸਹਾਇਕ ਸਕੱਤਰ ਬਲਦੇਵ ਸਿੰਘ ਸੰਧੂ, ਡਾ. ਨਰੰਜਨ ਸਿੰਘ ਚੌਹਾਨ ਅਤੇ ਹਰਜੀਤ ਸਿੰਘ ਸਿੱਧੂ 'ਫੂਲਕਾ' ਨੂੰ ਸੱਭਿਆਚਾਰਕ ਗਤੀਵਿਧੀਆਂ ਲਈ ਚੁਣਿਆ ਗਿਆ।

# ਕੈਨੇਡਾ ਦਾ ਵਿਜ਼ਟਰ ਵੀਜ਼ਾ ਅਪਰੂਵ ਕਰਵਾ ਵਿਦੇਸ਼ ਜਾਣ ਦਾ ਸੁਪਨਾ ਕੀਤਾ ਸਾਕਾਰ



**ਬਾਘਾ ਪੁਰਾਣਾ (ਮਨੀ ਸਿਗਲਾ)** ਸਥਾਨਕ ਮੁਦਕੀ ਰੋਡ ਸਥਿਤ ਟਚ ਸਕਾਈ ਇੰਸਟੀਚਿਊਟ ਆਫ ਇੰਗਲੀਸ਼ ਅਤੇ ਇੰਮੀਗ੍ਰੇਸ਼ਨ ਸਰਵਿਸ ਵਲੋਂ ਪਿੰਡ ਲੰਗਿਆਣਾ ਦੇ ਵਸਨੀਕ ਅਤੇ ਆੜਤੀਆਂ ਇਕਬਾਲ ਸਿੰਘ ਬਰਾੜ ਅਤੇ ਓਹਨਾ ਦੇ ਬਾਹਰਵੀਂ ਕਲਾਸ ਵਿੱਚ ਪੜ੍ਹ ਰਹੇ ਬੱਚਿਆਂ ਦੇ ਕੈਨੇਡਾ ਦੇ ਵਿਜ਼ਟਰ ਵੀਜ਼ਾ ਅਪਰੂਵ ਕਰਵਾ ਓਹਨਾ ਦੇ ਵਿਦੇਸ਼ ਜਾਣ ਦਾ ਸੁਪਨਾ ਸਾਕਾਰ ਕੀਤਾ ਹੈ। ਸੰਸਥਾ ਦੇ ਡਾਇਰੈਕਟਰ ਸੰਦੀਪ ਮਹਿਤਾ ਅਤੇ ਆੜਤੀਆ ਐਸੋਸੀਏਸ਼ਨ ਬਾਘਾਪੁਰਾਣਾ ਦੇ ਪ੍ਰਧਾਨ ਅਮਰਜੀਤ ਸਿੰਘ ਬਰਾੜ ਅਤੇ ਸੰਸਥਾ ਦੇ ਸੈਂਟਰ ਹੈਡ ਪੰਕਜ ਗੁਪਤਾ ਨੇ ਵੀਜਾ ਹਾਸਲ ਕਰਨ ਵਾਲੇ ਇਕਬਾਲ ਸਿੰਘ ਅਤੇ ਓਹਨਾ ਦੇ ਪਰਿਵਾਰਕ ਮੈਂਬਰਾਂ ਨੂੰ ਪਾਸਪੋਰਟ ਸੌਂਪੇ। ਪਾਸਪੋਰਟ ਹਾਸਲ ਕਰਨ ਤੋਂ ਬਾਅਦ ਇਕਬਾਲ ਸਿੰਘ ਨੇ ਕਿਹਾ ਕਿ ਸੰਸਥਾ ਦੁਆਰਾ ਉਨ੍ਹਾਂ ਦੀ ਵੀਜਾ ਫਾਈਲਿੰਗ ਬੜੇ ਸੁਚੱਜੇ ਢੰਗ ਨਾਲ ਕੀਤੀ ਗਈ। ਉਨ੍ਹਾਂ ਦੱਸਿਆ ਕਿ ਉਨਾਂ ਦੇ 19 ਸਾਲਾਂ ਦੇ ਬੱਚੇ ਅਕਸਵੀਰ ਅਤੇ ਕਵਨਬੀਰ ਜੋ ਕੇ ਬਾਰਵੀਂ ਕਲਾਸ ਵਿੱਚ ਪੜਦੇ ਹਨ, ਦਾ ਵੀਜਾ ਲੱਗਣਾ ਨਾ ਦੇ ਬਰਾਬਰ ਸੀ ਪਰ ਸੰਸਥਾ ਵੱਲੋਂ ਵਧੀਆ ਢੰਗ ਨਾਲ ਫਾਈਲਿੰਗ ਕੀਤੀ ਗਈ ਅਤੇ ਉਨ੍ਹਾਂ ਨੂੰ ਕਨੇਡਾ ਦੇ ਵਿਸਟਰ ਵੀਜਾ ਹਾਸਿਲ ਹੋਇਆ। ਇਸ ਤੋਂ ਬਾਅਦ ਆੜਤੀਆ ਐਸੋਸੀਏਸ਼ਨ ਦੇ ਪ੍ਰਧਾਨ ਅਮਰਜੀਤ ਨੇ ਕਿਹਾ ਵਧੀਆ ਕਰਗੁਜਾਰੀ ਨਾਲ ਟਚ ਸਕਾਈ ਆਪਣਾ ਨਾਮ ਵਧੀਆ ਨਾਮ ਬਣਾ ਰਿਹਾ ਹੈ ਅਤੇ ਉਨ੍ਹਾਂ ਨੇ ਸੰਸਥਾ ਨੂੰ ਵਧੀਆ ਕਾਰਗੁਜਾਰੀ ਲਈ ਸੁਭ ਕਾਮਨਾਵਾ ਦਿੱਤੀਆਂ। ਉਨ੍ਹਾਂ ਨੇ ਇਹ ਵੀ ਕਿਹਾ ਕਿ ਸੰਸਥਾ ਵੱਲੋਂ ਕਾਨੂੰਨ ਤੇ ਪਾਰਦਰਸੀ ਢੰਗ ਨਾਲ ਵੀਜੇ ਲਗਵਾਏ ਜਾਂਦੇ ਹਨ, ਜਿਸ ਕਾਰਨ ਇਹ ਸੰਸਥਾ ਹਲਕੇ ਦੀ ਨੰਬਰ ਇਕ ਦੀ ਸੰਸਥਾ ਮੰਨੀ ਜਾਂਦੀ ਹੈ। ਇਸ ਤੋਂ ਬਾਅਦ ਸੰਸਥਾ ਦੇ ਡਾਇਰੈਕਟਰ ਸੰਦੀਪ ਮਹਤਤਾ ਅਤੇ ਸੰਗਤਾਂ ਵੱਲੋਂ ਉਨ੍ਹਾਂ ਨੂੰ ਪਾਸਪੋਰਟ ਸੌਂਪੇ ਗਏ।

# 'ਜ਼ਿਲ੍ਹਾ ਪ੍ਰਸ਼ਾਸਨ ਹੜ੍ਹ ਵਰਗੀ ਕਿਸੇ ਵੀ ਸਥਿਤੀ ਨਾਲ ਨਜਿੱਠਣ ਲਈ ਪੂਰੀ ਤਰ੍ਹਾਂ ਤਿਆਰ'

**ਫਾਜ਼ਿਲਕਾ (ਨਿਸ਼ਾ ਸ਼ਰਮਾ)**– ਪੰਜਾਬ ਸਰਕਾਰ ਵੱਲੋਂ ਹੜ੍ਹਾਂ ਦੀ ਰੋਕਥਾਮ ਲਈ ਅਗੇਤੀਆਂ ਤਿਆਰੀਆਂ ਸੰਬੰਧੀ ਦਿੱਤੇ ਨਿਰਦੇਸ਼ਾਂ ਤਹਿਤ ਫਾਜ਼ਿਲਕਾ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵੀ ਸਾਰੇ ਅਗੇਤੇ ਪ੍ਰਬੰਧ ਕਰ ਲਏ ਗਏ ਹਨ। ਇਸ ਤੋਂ ਬਿਨਾਂ ਸਾਰੇ ਸੰਬੰਧਤ ਵਿਭਾਗ ਕੌਮਾਂਤਰੀ ਸਰਹੱਦ ਨਾਲ ਲੱਗਦੇ ਪਿੰਡਾਂ ਵਿਚ ਆਪੋ ਆਪਣੇ ਵਿਭਾਗ ਨਾਲ ਸੰਬੰਧਤ ਕੰਮਾਂ ਤੇ ਲੱਗੇ ਹੋਏ ਹਨ। ਇਹ ਜਾਣਕਾਰੀ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਡਾ: ਸੇਨੂ ਦੁੱਗਲ ਨੇ ਦਿੰਦਿਆਂ ਦੱਸਿਆ ਕਿ ਬੁੱਧਵਾਰ ਦੁਪਹਿਰ 3 ਵਜੇ ਤੱਕ ਹੁਸੈਨੀਵਾਲਾ ਤੋਂ 187182 ਕਿਊਸਿਕ ਪਾਣੀ ਛੱਡਿਆ ਜਾ ਰਿਹਾ ਹੈ ਅਤੇ ਬੀਤੀ ਅੱਧੀ ਰਾਤ ਤੋਂ ਇਹ ਏਨਾ ਹੀ ਡਿਸਚਾਰਜ ਹੋ ਰਿਹਾ ਹੈ। ਕਾਂਵਾਂਵਾਲੀ ਪੁਲ ਤੇ ਹਾਲੇ ਪੁਲ ਤੋਂ ਪਾਣੀ ਕਾਫੀ ਨੀਵਾਂ ਹੈ ਅਤੇ ਕਾਂਵਾਂਵਾਲੀ ਪੁਲ ਕੋਲ ਪਾਣੀ ਨਦੀ ਦੇ ਕਿਨਾਰਿਆਂ ਦੇ ਅੰਦਰ ਹੀ ਹੈ। ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਬੀ ਐਸ ਐਫ ਨਾਲ ਵੀ ਲਗਾਤਾਰ ਤਾਲਮੇਲ ਰੱਖਿਆ ਜਾ ਰਿਹਾ ਹੈ ਤਾਂ ਜੋ ਪੱਤਣ ਪੋਸਟ ਤੋਂ ਅੱਗੇ ਪਾਕਿਸਤਾਨ ਵਾਲੇ ਪਾਸੇ ਨੂੰ ਲਗਾਤਾਰ ਪਾਣੀ ਦੀ ਨਿਕਾਸੀ ਹੁੰਦੀ ਰਹੇ। ਜ਼ਿਲ੍ਹਾ ਪ੍ਰਸ਼ਾਸਨ ਦੇ ਵੱਖ ਵੱਖ ਵਿਭਾਗ ਪਿੰਡਾਂ ਵਿਚ ਲੋਕਾਂ ਦੀ ਸਹਾਇਤਾ ਅਤੇ ਸੇਵਾ ਲਈ ਲੱਗੇ ਹੋਏ ਹਨ। ਸਿਹਤ ਵਿਭਾਗ ਦੀ ਮੈਡੀਕਲ ਟੀਮ ਵੱਲੋਂ ਪਿੰਡ ਮਹਾਤਮ ਨਗਰ ਵਿਚ ਕੈਂਪ ਕਰਕੇ ਲੋਕਾਂ ਨੂੰ ਦਵਾਈਆਂ ਅਤੇ ਸਿਹਤ ਸੰਭਾਲ ਸੰਬੰਧੀ ਜਾਣਕਾਰੀ ਦਿੱਤੀ ਜਾ ਰਹੀ ਹੈ। ਪਸ਼ੂ ਪਾਲਣ ਵਿਭਾਗ ਦੀਆਂ ਟੀਮਾਂ ਦੁਧਾਰੂ ਜਾਨਵਰਾਂ ਦਾ ਟੀਕਾਕਰਨ ਕਰ ਰਹੀਆਂ ਹਨ ਤਾਂ ਜੋ ਜਾਨਵਰਾਂ ਵਿਚ ਕੋਈ ਬਿਮਾਰੀ ਨਾ ਫੈਲੇ। ਇਸ ਤੋਂ ਬਿਨਾਂ ਡ੍ਰੇਨੇਜ ਵਿਭਾਗ ਅਤੇ ਪੇਂਡੂ ਵਿਕਾਸ ਵਿਭਾਗ ਵੱਲੋਂ ਕਰੀਕ ਦੇ ਪੂਰਬੀ ਬੰਨ੍ਹ ਨੂੰ ਸੁਰੱਖਿਅਤ ਰੱਖਣ ਲਈ ਉਪਰਾਲਿਆਂ ਦੀ ਲੜੀ ਤਹਿਤ ਕਮਜ਼ੋਰ ਥਾਂਵਾਂ 'ਤੇ ਮਿੱਟੀ ਦੇ ਥੈਲੇ ਭਰ ਕੇ ਲਗਾਏ ਜਾ ਰਹੇ ਹਨ। ਪੁਲ ਤੇ ਕੇਲੀ ਫਸਣ ਤੇ ਕੱਢਣ ਲਈ ਜੇ ਸੀ ਬੀ ਮੌਜੂਦ ਹੈ। ਰਸਦ ਵਿਭਾਗ ਵੱਲੋਂ ਪਿੰਡਾਂ ਵਿਚ ਪਾਣੀ ਭਰਨ ਦੀ ਸੂਰਤ ਵਿਚ ਇੱਥੋਂ ਨਿਕਾਸੀ ਕੀਤੇ ਜਾਣ ਵਾਲੇ ਲੋਕਾਂ ਲਈ ਰਾਸ਼ਨ ਦੇ ਪੈਕਟ ਤਿਆਰ ਕੀਤੇ ਜਾ ਰਹੇ ਹਨ।

ਜਦ ਕਿ ਜਿਲ੍ਹੇ ਵਿਚ 17 ਥਾਂਵਾਂ ਰਾਹਤ ਕੈਂਪ ਸਥਾਪਤ ਕਰਨ ਲਈ ਚਿੰਨ੍ਹਤ ਹਨ। ਇਸ ਤੋਂ ਬਿਨਾਂ ਮਾਲ ਵਿਭਾਗ ਅਤੇ ਪੁਲਸ ਵਿਭਾਗ ਦੇ ਅਧਿਕਾਰੀ ਬਾਰਡਰ ਬੈਲਟ ਦੇ ਪਿੰਡਾਂ ਵਿਚ ਲਗਾਤਾਰ ਜਾ ਕੇ ਲੋਕਾਂ ਨੂੰ ਮਿਲ ਰਹੇ ਹਨ ਅਤੇ ਉਨ੍ਹਾਂ ਨੂੰ ਪਾਣੀ ਦੀ ਅਸਲ ਸਥਿਤੀ ਤੋਂ ਜਾਣੂ ਕਰਵਾਇਆ ਜਾ ਰਿਹਾ ਹੈ ਤਾਂ ਜੋ ਜੇਕਰ ਇੱਥੋਂ ਲੋਕਾਂ ਨੂੰ ਬਾਹਰ ਕੱਢਣ ਦਾ ਫੈਸਲਾ ਕਰਨਾ ਪਵੇ ਤਾਂ ਤੁਰੰਤ ਆਪਸੀ ਤਾਲਮੇਲ ਨਾਲ ਲੋਕਾਂ ਨੂੰ ਸੁਰੱਖਿਅਤ ਕੱਢਿਆ ਜਾ ਸਕੇ। ਤਹਿਸੀਲਦਾਰ ਸੁਖਦੇਵ ਸਿੰਘ ਨੇ ਮਹਾਤਮ ਨਗਰ, ਮੁਹਾਰ ਜਮਸੇਰ, ਢਾਣੀ ਸੱਦਾ ਸਿੰਘ ਦਾ ਦੌਰਾ ਕੀਤਾ ਅਤੇ ਲੋਕਾਂ ਨੂੰ ਪ੍ਰਸ਼ਾਸਨ ਵੱਲੋਂ ਕੀਤੇ ਇੰਤਜ਼ਾਮਾਂ ਬਾਰੇ ਜਾਣਕਾਰੀ ਦਿੱਤੀ ਗਈ। ਡਿਪਟੀ ਕਮਿਸਨਰ ਡਾ: ਸੇਨੂ ਦੁੱਗਲ ਵੱਲੋਂ ਲੋਕਾਂ ਨੂੰ ਸਾਵਧਾਨ ਰਹਿਣ ਅਤੇ ਪ੍ਰਸਾਸਨ ਦੀ ਸਲਾਹਾਂ ਤੇ ਅਮਲ ਕਰਨ ਦੀ ਅਪੀਲ ਕੀਤੀ ਗਈ ਹੈ। ਉਨ੍ਹਾਂ ਲੋਕਾਂ ਨੂੰ ਕਿਹਾ ਹੈ ਕਿ ਜੇਕਰ ਕਿਸੇ ਨੂੰ ਹੜ੍ਹਾਂ ਸੰਬੰਧੀ ਕਿਸੇ ਵੀ ਕਿਸਮ ਦੀ ਮਦਦ ਲੋੜੀਂਦੀ ਹੋਵੇ ਤਾਂ ਕੰਟਰੋਲ ਰੂਮ ਦੇ ਨੰਬਰ 01638262153 'ਤੇ ਸੰਪਰਕ ਕੀਤਾ ਜਾਵੇ।

# ਅਮਨ ਅਰੋੜਾ ਦੀ ਕੋਠੀ 'ਤੇ 17 ਨੂੰ ਲੱਗਣ ਵਾਲੇ ਪੱਕੇ ਮੋਰਚੇ ਨੂੰ ਲੈ ਕੇ ਤਿਆਰੀ ਜ਼ੋਰਾਂ 'ਤੇ



**ਦਿੜ੍ਹਬਾ (ਜਸਵੀਰ ਲਾਡੀ)**- ਰਵਿਦਾਸਪੁਰਾ ਟਿੱਬੀ ਤੇ ਵਕਫ ਬੋਰਡ ਦੀ ਜ਼ਮੀਨ ਨੂੰ ਲੈ ਕੇ ਅਤੇ ਜੇਲ੍ਹ ਵਿੱਚ ਬੰਦ ਕੀਤੇ ਦੋ ਮਜ਼ਦੂਰਾਂ ਨੂੰ ਰਿਹਾਅ ਕਰਵਾਉਣ ਲਈ 17 ਜੁਲਾਈ ਨੂੰ ਲੱਗਣ ਵਾਲੇ ਪੱਕੇ ਮੋਰਚੇ ਦੀ ਤਿਆਰੀ ਲਈ ਅੱਜ ਰਵਿਦਾਸਪੁਰਾ ਟਿੱਬੀ 'ਤੇ ਅਹਿਮ ਮੀਟਿੰਗ ਐਕਸ਼ਨ ਕਮੇਟੀ ਦੇ ਮੈਂਬਰ ਜ਼ਿਲ੍ਹੇਦਾਰ ਬਲਵਿੰਦਰ ਸਿੰਘ ਸੁਨਾਮ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੌਰਾਨ ਸੰਘਰਸ਼ ਦੀ ਰੂਪ ਰੇਖਾ ਨੂੰ ਲੈ ਕੇ ਵਿਚਾਰ ਵਟਾਂਦਰਾ ਕੀਤਾ ਗਿਆ। ਮੀਟਿੰਗ 'ਚ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੇ ਸੂਬਾ ਪ੍ਰਧਾਨ ਕਾਮਰੇਡ ਗੋਬਿੰਦ ਸਿੰਘ ਛਾਜਲੀ ਨੇ ਕਿਹਾ ਕਿ ਕੈਬਨਿਟ ਮੰਤਰੀ ਅਮਨ ਅਰੋੜਾ ਦੀ ਕੋਠੀ ਅੱਗੇ ਲੱਗਣ ਵਾਲੇ ਪੱਕੇ ਮੋਰਚੇ ਨੇ ਲੰਮਾ ਸਮਾਂ ਚੱਲਣਾ ਹੈ। ਜਿਸ ਕਰਕੇ ਪਿੰਡਾਂ ਵਿੱਚ ਮਜ਼ਦੂਰਾਂ ਨਾਲ ਮੀਟਿੰਗਾਂ ਕਰਕੇ ਤਿਆਰੀ ਜ਼ੋਰਾਂ 'ਤੇ ਵਿੱਢੀ ਹੋਈ ਹੈ। ਮਜ਼ਦੂਰਾਂ ਵੱਲੋਂ ਵੱਡੀ ਗਿਣਤੀ ਕਾਫਲੇ ਦੇ ਰੂਪ ਆਉਣ ਦੀ ਗੱਲ ਕਹੀ ਜਾ ਰਹੀ ਹੈ। ਗੋਬਿੰਦ ਛਾਜਲੀ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਜਦੋਂ ਤੋਂ ਸੱਤਾ 'ਤੇ ਕਾਬਜ਼ ਹੋਈ ਉਦੋਂ ਤੋਂ ਮਜ਼ਦੂਰ ਵਿਰੋਧੀ ਸਾਹਮਣੇ ਆਈ ਹੈ। ਕਦੇ ਵੀ ਮੁੱਖ ਮੰਤਰੀ ਭਗਵੰਤ ਮਾਨ ਨੇ ਮਜ਼ਦੂਰ ਜਥੇਬੰਦੀਆਂ ਨਾਲ ਮੀਟਿੰਗ ਨਹੀਂ ਕੀਤੀ। ਅਜੇ ਤੱਕ ਮਜ਼ਦੂਰਾਂ ਲਈ ਕੋਈ ਸਕੀਮ ਲਾਗੂ ਨਹੀਂ ਕੀਤੀ ਜਿਸ ਤੋਂ ਸਪੱਸ਼ਟ ਹੈ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਮਜ਼ਦੂਰ ਵਿਰੋਧੀ ਸਾਬਤ ਹੋਈ ਹੈ। ਜਦੋਂ ਤੱਕ ਰਵਿਦਾਸਪੁਰਾ ਟਿੱਬੀ ਦੇ ਮਜ਼ਦੂਰਾਂ ਨੂੰ ਜੇਲ੍ਹ ਚੋਂ ਰਿਹਾਅ ਨਹੀਂ ਕਰਦੀ ਅਤੇ ਵਕਫ ਬੋਰਡ ਦੀ ਜ਼ਮੀਨ 'ਤੇ ਬਣੇ ਘਰਾਂ ਨੂੰ ਉਜਾੜਨ ਦੀ ਨੀਤੀ ਬਦਲੇ ਨਹੀਂ ਤਾਂ ਸੰਘਰਸ਼ ਹੋਰ ਤਿੱਖਾ ਕੀਤਾ ਜਾਵੇਗਾ। ਇਸ ਮੌਕੇ ਆਗੂਆਂ ਨੇ ਸਮੁੱਚੀਆਂ ਭਰਾਤਰੀ ਜਥੇਬੰਦੀਆਂ ਤੋਂ ਸਹਿਯੋਗ ਕਰਨ ਦੀ ਅਪੀਲ ਕੀਤੀ। ਮੀਟਿੰਗ 'ਚ ਪ੍ਰਿੰਸੀਪਲ ਗੁਰਮੇਲ ਸਿੰਘ, ਪ੍ਰਧਾਨ ਹਰਜਸ ਸਿੰਘ ਖੜਿਆਲ, ਬੁੱਧ ਸਿੰਘ ਟਿੱਬੀ, ਭੋਲਾ ਸਿੰਘ ਸੰਗਰਾਮੀ, ਕੁਲਦੀਪ ਸਿੰਘ, ਗੁਰਤੇਜ ਸਿੰਘ ਤੇਜੀ, ਸਾਉਣ ਸਿੰਘ ਟਿੱਬੀ, ਸੱਤਪਾਲ ਸਿੰਘ ਫੌਜੀ, ਕੁਲਵੰਤ ਛਾਜਲੀ, ਪਰਮਜੀਤ ਕੌਰ, ਬਲਵਿੰਦਰ ਕੌਰ ਮਨੀ, ਵੀਰਪਾਲ ਕੌਰ, ਪੰਮੀ ਕੌਰ, ਜੋਤੀ ਕੌਰ ਵੀ ਸ਼ਾਮਲ ਸਨ।

## ਕਾਤਰਾਂ

### ਮਹਿਲ ਕਲਾਂ ਵਿਖੇ ਬੀ ਡੀ ਪੀ ਓ ਮੈਡਮ ਸੁਮਰੀਤਾ ਨੇ ਚਾਰਜ ਸੰਭਾਲਿਆ

**ਮਹਿਲ ਕਲਾਂ, (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਬੀ ਡੀ ਪੀ ਓ ਦਫਤਰ ਮਹਿਲ ਕਲਾਂ ਵਿਖੇ ਨਵੇਂ ਬਦਲ ਕੇ ਆਏ ਬੀ ਡੀ ਪੀ ਓ ਮੈਡਮ ਸੁਮਰੀਤਾ ਨੇ ਆਪਣੇ ਅਹੁਦੇ ਦਾ ਚਾਰਜ ਸੰਭਾਲ ਲਿਆ ਹੈ। ਇਸ ਸਮੇਂ ਪੰਚਾਇਤ ਅਫਸਰ ਗੁਰਮੇਲ ਸਿੰਘ, ਪੰਚਾਇਤ ਸਕੱਤਰ ਗੁਰਦੀਪ ਸਿੰਘ, ਸੈਕਟਰੀ ਰਾਜਪਾਲ ਸਿੰਘ, ਸੁਪਰਡੈਂਟ ਗੁਰਚੇਤ ਸਿੰਘ ਸਹਿਜੜਾ ਆਦਿ ਸਮੂਹ ਸਟਾਫ ਮੈਂਬਰਾਂ ਨੇ ਬੀ ਡੀ ਪੀ ਓ ਮੈਡਮ ਸੁਮਰੀਤਾ ਨੂੰ ਗੁਲਦਸਤਾ ਭੇਟ ਕਰਕੇ ਨਿੱਘਾ ਸੁਆਗਤ ਕੀਤਾ। ਮੈਡਮ ਸੁਮਰੀਤਾ ਨੇ ਗੱਲਬਾਤ ਕਰਦਿਆ ਕਿਹਾ ਕਿ ਉਹ ਆਪਣੀ ਜਿੰਮੇਵਾਰੀ ਨੂੰ ਈਮਾਨਦਾਰੀ, ਲਗਨ ਮਿਹਨਤ ਨਾਲ ਨਿਭਾਉਂਦੇ ਹੋਏ ਇਲਾਕੇ ਦੇ ਵਿਕਾਸ ਕੰਮਾਂ ਨੂੰ ਬਿਨਾਂ ਕਿਸੇ ਪੱਖਪਾਤ ਤੋਂ ਕਰਵਾਉਣ ਦੀਆਂ ਪੰਚਾਇਤਾਂ ਨੂੰ ਹਦਾਇਤਾਂ ਜਾਰੀ ਕਰਨਗੇ । ਉਨ੍ਹਾਂ ਸਮੂਹ ਨਗਰ ਪੰਚਾਇਤਾਂ, ਮੁਹਤਬਰਾਂ ਤੋਂ ਸਹਿਯੋਗ ਦੀ ਮੰਗ ਕੀਤੀ।

### ਹੈਰੋਇਨ ਸਮੇਤ ਨੌਜਵਾਨ ਕਾਬੂ

**ਮਲੋਟ, (ਗੁਰਮੀਤ ਸਿੰਘ ਮੱਕੜ)**:-ਸਥਾਨਕ ਥਾਣਾ ਸਿਟੀ ਪੁਲਸ ਹੈਰੋਇਨ ਸਮੇਤ ਇੱਕ ਨੌਜਵਾਨ ਨੂੰ ਕਾਬੂ ਕੀਤਾ ਹੈ। ਪੁਲਸ ਪਾਰਟੀ ਗਸ਼ਤ ਦੇ ਦੌਰਾਨ ਪਿੰਡ ਅਬੁੱਲਖੁਰਾਣਾ ਸੀ ਤਾਂ ਪੁੱਲ ਸੂਆ ਨਿਊ ਅਬੁੱਲਖੁਰਾਣਾ ਮਾਈਨਰ ਅਤੇ ਸੇਮ ਨਾਲ ਦੀ ਵਿਚਕਾਰਲੀ ਪੱਟੜੀ 'ਤੇ ਇੱਕ ਮੋਨਾ ਨੌਜਵਾਨ ਸੁਖਪ੍ਰੀਤ ਸਿੰਘ ਵਾਸੀ ਕਿਲਿਆਂਵਾਲੀ ਆਪਣੇ ਹੱਥਾਂ ਵਿਚ ਫੜੀ ਮੋਮੀ ਲਿਫ਼ਾਫ਼ੀ ਦੀ ਫਰੋਲਾ ਫਰਾਲੀ ਕਰ ਰਿਹਾ ਸੀ ਤਾਂ ਪੁਲਿਸ ਪਾਰਟੀ ਨੂੰ ਦੇਖ ਕੇ ਮੋਮੀ ਲਿਲਫ਼ਾਫ਼ੀ ਸੁੱਟ ਕੇ ਖਿਸਕਣ ਲੱਗਾ ਤਾਂ ਪੁਲਿਸ ਨੇ ਉਕਤ ਨੌਜਵਾਨ ਨੂੰ ਕਾਬੂ ਕਰਕੇ ਤਲਾਸ਼ੀ ਲੈਣ ਉਪਰੰਤ ਉਸ ਕੋਲੋਂ 10 ਗ੍ਰਾਮ ਹੈਰੋਇਨ ਬਰਾਮਦ ਹੋਈ। ਪੁਲਿਸ ਨੇ ਉਕਤ ਨੌਜਵਾਨ 'ਤੇ ਮੁਕੱਦਮਾ ਨੰ.108 ਧਾਰਾ 21ਬੀ/61/85 ਐਨ.ਡੀ.ਪੀ.ਐਸ. ਐਕਟ ਤਹਿਤ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

### ਸਰਕਾਰ ਹੜ੍ਹਾਂ ਦੀ ਰੋਕਥਾਮ ਲਈ ਠੋਸ ਕਦਮ ਚੁੱਕੇ : ਜੱਗਾ

**ਜਗਰਾਉਂ, (ਸੰਜੀਵ ਅਰੋੜਾ)** ਪਿਛਲੇ ਕਈ ਦਿਨਾਂ ਤੋਂ ਆ ਰਹੇ ਤੇਜ਼ ਮੀਂਹ ਕਾਰਨ ਪੰਜਾਬ ਅੰਦਰ ਹੜ੍ਹਾਂ ਵਰਗੀ ਸਥਿਤੀ ਬਣੀ ਹੋਈ ਹੈ। ਥਾਂ-ਥਾਂ ਪੁਲ ਟੁੱਟ ਚੁੱਕੇ ਹਨ ਤੇ ਮੀਂਹ ਦਾ ਪਾਣੀ ਘਰਾਂ 'ਚ ਵੜ੍ਹ ਰਿਹਾ ਹੈ, ਜਿਸ ਕਾਰਨ ਪੰਜਾਬ ਦੇ ਕਈ ਜ਼ਿਲ੍ਹੇ ਹੜ੍ਹਾਂ ਨਾਲ ਪ੍ਰਭਾਵਿਤ ਹੋ ਚੁੱਕੇ ਹਨ। ਇੰਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸਾਬਕਾ ਵਿਧਾਇਕ ਜਗਤਾਰ ਸਿੰਘ ਜੱਗਾ ਹਿੱਸੋਵਾਲ ਨੇ ਬੇਟ ਇਲਾਕੇ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕਰਨ ਸਮੇਂ ਕੀਤਾ। ਉਨ੍ਹਾਂ ਕਿਹਾ ਕਿ ਸਰਕਾਰ ਹੜ੍ਹਾਂ ਦੀ ਰੋਕਥਾਮ ਲਈ ਠੋਸ ਕਦਮ ਚੁੱਕੇ ਅਤੇ ਹੜ੍ਹਾਂ ਨਾਲ ਨੁਕਸਾਨੇ ਗਏ ਲੋਕਾਂ ਨੂੰ ਮੁਆਵਜ਼ਾ ਦੇਵੇ। ਉਨ੍ਹਾਂ ਕਿਹਾ ਕਿ ਕਾਂਗਰਸੀ ਵਰਕਰ ਹੜ੍ਹ ਪ੍ਰਭਾਵਿਤ ਇਲਾਕਿਆਂ 'ਚ ਲੋਕਾਂ ਦੀ ਮਦਦ ਕਰਨਗੇ। ਇਸ ਮੌਕੇ ਬਲਾਕ ਕਾਂਗਰਸ ਦੇ (ਦਿਹਾਤੀ) ਪ੍ਰਧਾਨ ਨਵਦੀਪ ਸਿੰਘ ਗਰੇਵਾਲ, ਸਰਪੰਚ ਸਰਬਜੀਤ ਸਿੰਘ ਸ਼ੇਰਪੁਰ ਕਲਾਂ, ਬਲਾਕ ਸੰਮਤੀ ਮੈਂਬਰ ਜੀਵਨ ਸਿੰਘ ਬਾਘੀਆਂ, ਸਰਪੰਚ ਅਮਨਦੀਪ ਸਿੰਘ ਪੱਤੀ ਮੁਲਤਾਨੀ, ਸਤਿੰਦਰਜੀਤ ਸਿੰਘ ਤਤਲਾ, ਪੰਚ ਜਗਦੇਵ ਸਿੰਘ ਤੇ ਬਲਾਕ ਸੰਮਤੀ ਮੈਂਬਰ ਹਰਬੰਸ ਸਿੰਘ ਆਦਿ ਹਾਜ਼ਰ ਸਨ।

### ਮਨ ਨੂੰ ਸ਼ਾਂਤ ਰੱਖਣਾ ਚਾਹੀਦੈ : ਡਾ. ਬੀ ਕੇ ਦਾਮਿਨੀ



**ਜੈਤੋ (ਸਤੀਸ਼ ਕੁਮਾਰ ਭੀਰੀ)** ਮਾਉਂਟ ਆਬੂ ਈਸ਼ਵਰੀਆ ਵਿਸ਼ਵਵਿਦਿਆਲਿਆ ਵਿਖੇ ਪਹੁੰਚੇ ਸਰੋਤਿਆਂ ਨੂੰ ਸੰਬੋਧਨ ਕਰਦਿਆਂ ਬੀ ਕੇ ਦਾਮਿਨੀ ਨੇ ਕਿਹਾ ਕਿ ਕਲਯੁੱਗ 'ਚ ਰਿਸ਼ਤੇ ਖੇਡ ਬਣ ਜਾਣਗੇ, ਬਿਨਾਂ ਸਵਾਰਥ ਦੇ ਕੋਈ ਵੀ ਰਿਸ਼ਤਾ ਨਹੀਂ ਰਹੇਗਾ। ਉਨ੍ਹਾਂ ਅੱਗੇ ਕਿਹਾ ਕਿ ਸਵੇਰੇ ਇੱਕ ਦੂਜੇ ਦੇ ਨਾਲ ਜੀਵਨ ਭਰ ਰਿਸ਼ਤਾ ਨਿਭਾਉਣ ਦੀ ਸੌਂਹ ਖਾਣ ਵਾਲੇ ਵੀ ਸ਼ਾਮ ਤੱਕ ਇੱਕ ਦੂਜੇ ਦੇ ਖ਼ੂਨ ਦੇ ਪਿਆਸੇ ਹੋ ਜਾਣ ਤਾਂ ਵੀ ਕੋਈ ਹੈਰਾਨੀ ਨਹੀਂ ਹੋਵੇਗੀ। ਉਨ੍ਹਾਂ ਕਿਹਾ ਕਿ ਧਰਮ ਤੇ ਈਸ਼ਵਰ ਮਜ਼ਬੂਰੀ ਵੱਸ ਯਾਦ ਆਉਣਗੇ ਤੇ ਕਲਯੁੱਗ ਦਾ ਭਗਵਾਨ ਸਿਰਫ ਪੈਸਾ ਹੋਵੇਗਾ। ਇਸ ਲਈ ਜਿਨਾਂ ਹੋ ਸਕੇ ਮਨ ਨੂੰ ਸ਼ਾਂਤ ਰੱਖਣਾ ਚਾਹੀਦਾ ਹੈ, ਮਨ ਦਾ ਸ਼ਾਂਤ ਰਹਿਣਾ ਕਿਸਮਤ ਹੈ ਤੇ ਮਨ ਦਾ ਵੱਸ ਵਿੱਚ ਰਹਿਣਾ ਉੱਚ ਨਸੀਬ ਹੈ, ਮਨ ਤੋਂ ਕਿਸੇ ਨੂੰ ਯਾਦ ਕਰਨਾ ਪਰਮ ਤਕਦੀਰ ਹੈ ਅਤੇ ਮਨ ਤੋਂ ਕੋਈ ਤੁਹਾਨੂੰ ਯਾਦ ਕਰੇ ਤਾਂ ਤੁਸੀਂ ਚੰਗੀ ਕਿਸਮਤ ਵਾਲੇ ਹੋ।

### ਸਿਲੰਡਰ ਚੋਰੀ ਕਰਕੇ ਵੇਚਣ ਵਾਲਾ ਕਾਬੂ

**ਜਗਰਾਉਂ (ਅਮਿਤ ਖੰਨਾ)**- ਪੁਲਸ ਨੇ ਸਿਲੰਡਰ ਚੋਰੀ ਕਰਕੇ ਵੇਚਣ ਵਾਲੇ ਇੱਕ ਵਿਅਕਤੀ ਨੂੰ ਕਾਬੂ ਕੀਤਾ ਹੈ। ਪੁਲਸ ਵੱਲੋਂ ਜਾਰੀ ਪ੍ਰੈਸ ਨੋਟ ਅਨੁਸਾਰ ਜਦੋਂ ਏ.ਐੱਸ.ਆਈ ਸੁਖਦੇਵ ਸਿੰਘ ਗਸ਼ਤ ਦੌਰਾਨ ਤਹਿਸੀਲ ਚੌਕ ਵਿੱਚ ਮੌਜੂਦ ਸੀ ਤਾਂ ਉਨ੍ਹਾਂ ਨੂੰ ਮੁਖ਼ਬਰ ਖ਼ਾਸ ਨੇ ਇਤਲਾਹ ਦਿੱਤੀ ਕਿ ਅਕਾਸ਼ਦੀਪ ਸਿੰਘ ਅਕਾਸ਼ ਪੁੱਤਰ ਜਸਮੇਲ ਸਿੰਘ ਵਾਸੀ ਮੁਹੱਲਾ ਜੀਵਨ ਨਗਰ ਕੱਚਾ ਮਲਕ ਰੋਡ ਜਗਰਾਓਂ ਲੋਕਾਂ ਦੇ ਘਰੋਂ ਸਿਲੰਡਰ ਚੋਰੀ ਕਰਕੇ ਵੇਚਣ ਦਾ ਆਦੀ ਹੈ। ਪੁਲਸ ਨੇ ਅਕਾਸ਼ਦੀਪ ਸਿੰਘ ਨੂੰ ਉਸ ਦੇ ਘਰੋਂ ਚੋਰੀ ਕੀਤੇ 2 ਸਿਲੰਡਰਾਂ ਸਮੇਤ ਕਾਬੂ ਕਰਕੇ ਥਾਣਾ ਸਿਟੀ 'ਚ ਮਾਮਲਾ ਦਰਜ ਕਰ ਲਿਆ ਹੈ।

# ਦਿਹਾਤੀ ਮਜ਼ਦੂਰ ਸਭਾ ਵੱਲੋਂ ਨਰੇਗਾ ਮਜ਼ਦੂਰਾਂ ਦੀ ਵਿਸ਼ਾਲ ਨੁੱਕੜ ਮੀਟਿੰਗ

**ਮੁਕਤਸਰ ਸਾਹਿਬ (ਸ਼ਮਿੰਦਰਪਾਲ /ਪੂਜਾ)** ਮੁਕਤਸਰ ਸਾਹਿਬ ਦੇ ਨਜਦੀਕ ਪਿੰਡ ਚੜੇਵਣ ਵਿਖੇ ਇਕਾਈ ਪ੍ਰਧਾਨ ਕੁਲਵੰਤ ਸਿੰਘ ਅਤੇ ਬੇਅੰਤ ਸਿੰਘ ਦੀ ਅਗਵਾਈ ਹੇਠ ਨਰੇਗਾ ਮਜ਼ਦੂਰਾਂ ਦੀ ਨੁਕੜ ਮੀਟਿੰਗ ਆਯੋਜਿਤ ਕੀਤੀ ਗਈ ਜਿਸ 'ਚ ਮੰਗ ਕੀਤੀ ਗਈ ਕਿ ਹਰਿਆਣਾ ਸਰਕਾਰ ਵਾਂਗ ਪੰਜਾਬ ਦੀ ਭਗਵੰਤ ਮਾਨ ਸਰਕਾਰ ਆਪਣੇ ਕੋਲੋਂ ਪੈਸੇ ਪਾਕੇ ਨਰੇਗਾ ਮਜ਼ਦੂਰਾਂ ਦੀ ਦਿਹਾੜੀ ਵਿੱਚ ਵਾਧਾ ਕਰੇ ਅਤੇ ਮੋਦੀ ਸਰਕਾਰ ਨਰੇਗਾ ਕਾਨੂੰਨ ਨੂੰ ਕਮਜ਼ੋਰ ਕਰਨਾ ਬੰਦ ਕਰੇ। ਦਿਹਾਤੀ ਮਜ਼ਦੂਰ ਸਭਾ ਦੇ ਸੂਬਾ ਸੰਯੁਕਤ ਸਕੱਤਰ ਜਗਜੀਤ ਸਿੰਘ ਜੱਸੇਆਣਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਮੋਦੀ ਸਰਕਾਰ ਸਰਕਾਰ ਹਰ ਸਾਲ ਨਰੇਗਾ ਬਜਟ ਵਿੱਚ ਕਟੌਤੀ ਕਰ ਰਹੀ ਇਸ ਕੇਂਦਰ ਸਰਕਾਰ ਨੇ ਪਿਛਲੇ ਸਾਲ 73000 ਕਰੋੜ ਬਜਟ ਰੱਖਿਆ ਸੀ ਇਸ ਸਾਲ 2023 'ਚ ਬਜਟ ਨੂੰ ਘਟਾ ਕੇ 60 ਹਜ਼ਾਰ ਕਰੋੜ ਰੁਪਏ ਹੀ ਨਰੇਗਾ ਮਜ਼ਦੂਰਾਂ ਲਈ ਬਜਟ ਰੱਖਿਆ ਹੈ ਜੋ ਮਜਦੂਰ ਵਿਰੋਧੀ ਕਦਮ ਹੈ ਜਿਸ ਨੂੰ ਜੱਥੇਬੰਦੀ ਬਰਦਾਸਤ ਨਹੀਂ ਕਰ ਸਕਦੀ ਇਸ ਖਿਲਾਫ ਜੋਰਦਾਰ ਸੰਘਰਸ ਕੀਤਾ ਜਾਵੇਗਾ ਉਹਨਾਂ ਮੰਗ ਕੀਤੀ ਕਿ ਨਰੇਗਾ ਅਧੀਨ ਸਾਰੇ ਪਰਿਵਾਰ ਨੂੰ ਸਾਰਾ ਸਾਲ ਕੰਮ ਦੇਣ ਦੀ ਗਰੰਟੀ ਕੀਤੀ ਜਾਵੇ, ਦਿਹਾਤੀ 700 ਰੁਪਏ ਕੀਤੀ ਜਾਵੇ ਨਰੇਗਾ ਕਾਨੂੰਨ ਕਮਜੋਰ ਕਰਨਾ ਬੰਦ ਕੀਤਾ ਜਾਵੇ, ਬੁਢਾਪਾ ਵਿਧਵਾ ਅਤੇ ਅੰਗਹੀਣ ਵਿਅਕਤੀਆਂ ਦੀਆਂ ਪੈਨਸਨਾਂ ਵਿੱਚ ਵਾਧਾ ਕਰਕੇ ਪੰਜ ਹਜਾਰ ਮਹੀਨਾ ਕੀਤੀਆਂ ਜਾਣ, ਰਾਸਨ ਡਿਪੂਆਂ ਉੱਪਰ ਨਿੱਤ ਵਰਤੋਂ ਦੀਆਂ ਜਰੂਰੀ ਖਾਣ ਪੀਣ ਵਾਲੀਆਂ ਸਾਰੀਆਂ ਵਸਤਾਂ ਅੱਧੀ ਕੀਮਤ ਤੇ ਸਪਲਾਈ ਕੀਤੀਆਂ ਜਾਣ, ਮਜਦੂਰਾਂ ਨੂੰ ਦਸ ਦਸ ਮਰਲੇ ਦੇ ਰਿਹਾਇਸੀ ਪਲਾਟ ਅਲਾਟ ਕੀਤੇ ਜਾਣ ਅਤੇ ਘਰ ਪਾਉਣ ਲਈ ਪੰਜ ਲੱਖ ਰੁਪਏ ਦੀ ਗ੍ਰਾਂਟ ਜਾਰੀ ਕੀਤੀ ਜਾਵੇ, ਮਜਦੂਰਾਂ ਦੇ ਕਰਜੇ ਮਾਫ ਕੀਤੇ ਜਾਣ, ਪੰਚਾਇਤੀ ਜਮੀਨ ਵਿੱਚੋ ਮਜਦੂਰਾਂ ਦੀ ਤੀਜੇ ਹਿੱਸੇ ਦੀ ਵਾਹੀ ਯੋਗ ਜਮੀਨ ਸਸਤੇ ਠੇਕੇ ਤੇ ਦਿੱਤੀ ਜਾਵੇ ਡੰਮੀ ਬੋਲੀਆਂ ਰੱਦ ਕੀਤੀਆਂ ਜਾਣ, ਰੂੜੀਆਂ ਸੁਟਣ ਲਈ ਜਗ੍ਹਾ ਦੇਣ ਅਤੇ ਸਗਨ ਸਕੀਮਾਂ ਦੀ ਰਕਮ ਮਜਦੂਰਾਂ ਦੇ ਖਾਤਿਆਂ ਵਿੱਚ ਫੌਰੀ ਪਾਈ ਜਾਵੇ ਮਜ਼ਦੂਰਾਂ ਤੇ ਬਣਾਏ ਝੂਠੇ ਪਰਚੇ ਰੱਦ ਕੀਤੇ ਜਾਣ।

# ਪਾਣੀ ਦੀ ਮਾਰ ਹੇਠ ਆਏ ਪਿੰਡਾਂ ਦੇ ਵਸਨੀਕਾਂ ਦੀ ਮਦਦ ਲਈ ਪੁੱਜੇ ਜੌੜਾਮਾਜਰਾ



**ਸਮਾਣਾ (ਗੁਰਪਿਆਰ ਸਿੰਘ ਬੱਲ, ਇਕਬਾਲ ਸਿੰਘ ਬੱਲ)** ਪੰਜਾਬ ਦੇ ਸੂਚਨਾ ਤੇ ਲੋਕ ਸੰਪਰਕ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਸਮਾਣਾ ਹਲਕੇ ਦੇ ਪ੍ਰਭਾਵਿਤ ਪਿੰਡਾਂ ਧਰਮਹੇੜੀ, ਘਿਊਰਾ, ਕਮਾਸਪੁਰ, ਧਨੌਰੀ, ਨਵਾਂ ਗਾਊ, ਬੀਬੀਪੁਰ, ਗਾਜੀਸਲਾਰ, ਰਾਜਲਾ, ਡਰੌਲਾ, ਡਰੌਲੀ, ਭਾਨਰਾ, ਭਾਨਰੀ, ਮੈਣ, ਸੱਸਾ ਗੁੱਜਰਾਂ, ਸੱਸਾ ਥੇਹ, ਮਾਂਗਟਾਂ, ਸਮਸਪੁਰ ਆਦਿ ਪਿੰਡਾਂ ਦੇ ਲੋਕਾਂ ਦੀ ਮਦਦ ਲਈ ਪੁੱਜੇ। ਇਸ ਮੌਕੇ ਜੌੜਾਮਾਜਰਾ ਨੇ ਇਨ੍ਹਾਂ ਪਿੰਡਾਂ ਦੇ ਵਾਸੀਆਂ ਨਾਲ ਗੱਲਬਾਤ ਕਰਕੇ ਇੱਥੇ ਲੋੜੀਂਦੀਆਂ ਕਿਸਤੀਆਂ ਤੇ ਹੋਰ ਰਾਹਤ ਸਮੱਗਰੀ ਭਿਜਵਾਉਣ ਲਈ ਜਿਲਾ ਪ੍ਰਸ਼ਾਸਨ ਨੂੰ ਨਿਰਦੇਸ਼ ਦਿੱਤੇ। ਉਨ੍ਹਾਂ ਨੇ ਨਾਲ ਹੀ ਇਨ੍ਹਾਂ ਪਿੰਡਾਂ ਦੇ ਵਸਨੀਕਾਂ ਨੂੰ ਵੀ ਅਪੀਲ ਕੀਤੀ ਕਿ ਪਾਣੀ ਦੀ ਆਮਦ ਕਰਕੇ ਸੁਰੱਖਿਅਤ ਥਾਂਵਾਂ 'ਤੇ ਜਾਣ ਲਈ ਜਿਲ੍ਹਾ ਪ੍ਰਸ਼ਾਸਨ ਵੱਲੋਂ ਕੀਤੀ ਗਈ ਅਪੀਲ 'ਤੇ ਜਰੂਰ ਅਮਲ ਕਰਨ। ਉਨ੍ਹਾਂ ਕਿਹਾ ਕਿ ਗੁਰਦੁਆਰਾ ਕਰਹਾਲੀ ਸਾਹਿਬ ਵਿਖੇ ਠਹਿਰਾਉ ਦੇ ਪਬੰਧ ਕੀਤੇ ਗਏ ਹਨ ਤੇ ਹੋਰ ਵੀ ਲੋੜੀਂਦੀ ਰਾਹਤ ਸਮੱਗਰੀ ਪੁੱਜਦੀ ਕਰਵਾਈ ਜਾ ਰਹੀ ਹੈ। ਜੌੜਾਮਾਜਰਾ ਨੇ ਹਰਿਆਣਾ ਸਰਕਾਰ ਦੀ ਅਲੋਚਨਾ ਕਰਦਿਆਂ ਕਿਹਾ ਕਿ ਹਰਿਆਣਾ ਵੱਲੋਂ ਹਾਂਸੀ ਬੁਟਾਣਾ ਨਹਿਰ ਦੇ ਹੇਠਾਂ ਧਰਮੇੜੀ ਤੋਂ ਅੱਗੇ ਜਾ ਕੇ ਹਰਿਆਣਾ ਦੇ ਪਿੰਡ ਸਰੋਲਾ ਘੱਗਰ ਸਾਇਫਨ ਦੀ ਸਫਾਈ ਨਾ ਕਰਵਾਏ ਜਾਣ ਕਰਕੇ ਡਾਫ ਲੱਗੀ ਹੈ, ਜਿਸ ਨਾਲ ਇਸ ਇਲਾਕੇ ਦੇ ਪਿੰਡ ਪਾਣੀ ਤੋਂ ਬੁਰੀ ਤਰ੍ਹਾਂ ਪ੍ਰਭਾਵਤ ਹੋਏ ਹਨ। ਉਨ੍ਹਾਂ ਦੱਸਿਆ ਕਿ ਉਨ੍ਹਾਂ ਨੇ ਪਟਿਆਲਾ ਦੇ ਡਿਪਟੀ ਕਮਿਸਨਰ ਸਾਕਸੀ ਸਾਹਨੀ ਨੂੰ ਕੈਥਲ ਦੇ ਡਿਪਟੀ ਕਮਿਸਨਰ ਨਾਲ ਗੱਲਬਾਤ ਕਰਨ ਲਈ ਕਿਹਾ ਹੈ। ਚੇਤਨ ਸਿੰਘ ਜੌੜਾਮਾਜਰਾ ਨੇ ਕਿਹਾ ਕਿ ਪਹਾੜੀ ਖੇਤਰਾਂ ਵਿੱਚ ਹੋਈ ਭਾਰੀ ਬਰਸਾਤ ਕਰਕੇ ਰੋਪੜ ਤੋਂ ਇਲਾਵਾ, ਡੇਰਾਬਸੀ, ਰਾਜਪੁਰਾ, ਘਨੌਰ, ਸਨੌਰ, ਸਮਾਣਾ, ਸੁਤਰਾਣਾ, ਨਾਭਾ ਸਮੇਤ ਸੰਗਰੂਰ 'ਚੋਂ ਲੰਘਦੇ ਘੱਗਰ ਤੇ ਹੋਰ ਨਦੀਆਂ ਵਿਚ ਆਏ ਬੇਹਿਸਾਬੇ ਪਾਣੀ ਨੇ ਬਹੁਤ ਭਾਰੀ ਨੁਕਸਾਨ ਕੀਤਾ ਹੈ। ਇਸ ਮੌਕੇ ਉਨ੍ਹਾਂ ਦੇ ਨਾਲ ਗੁਰਦੇਵ ਸਿੰਘ ਟਿਵਾਣਾ, ਐਡਵੋਕੇਟ ਗੁਲਜਾਰ ਸਿੰਘ ਵਿਰਕ, ਬਲਕਾਰ ਸਿੰਘ ਗੱਜੂਮਾਜਰਾ, ਸੁਰਜੀਤ ਸਿੰਘ ਫੌਜੀ ਤੇ ਅਮਰਦੀਪ ਸਿੰਘ ਸੋਨੂੰ ਥਿੰਦ, ਮਨਿੰਦਰ ਸਿੰਘ ਸਮੇਤ ਹੋਰ ਪਤਵੰਤੇ ਵੀ ਮੌਜੂਦ ਸਨ।

# ਮੌੜ ਵਿਖੇ ਬੇਸਹਾਰਾ ਬਜ਼ੁਰਗਾਂ ਲਈ ਚਲਾਇਆ ਜਾ ਰਿਹਾ ਆਸਰਾ ਬਿਰਧ ਆਸ਼ਰਮ

**ਬਠਿੰਡਾ, (ਪਰਵਿੰਦਰ ਜੀਤ ਸਿੰਘ)** ਮੁੱਖ ਮੰਤਰੀ ਭਗਵੰਤ ਮਾਨ ਦੀ ਯੋਗ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਆਮ ਲੋਕਾਂ ਤੇ ਬਜ਼ੁਰਗਾਂ ਦੀ ਭਲਾਈ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ। ਪੰਜਾਬ ਸਰਕਾਰ ਵੱਖ-ਵੱਖ ਵਿਭਾਗ ਦੁਆਰਾ ਆਮ ਲੋਕਾਂ ਨੂੰ ਉਨ੍ਹਾਂ ਦੇ ਦਰਾਂ ਨੇੜੇ ਵਿਸ਼ੇਸ਼ ਸਹੂਲਤਾਂ ਪ੍ਰਦਾਨ ਕਰਨ ਲਈ ਵਚਨਵੱਧ ਤੇ ਯਤਨਸ਼ੀਲ ਹੈ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਨੇ ਸਾਂਝੀ ਕੀਤੀ। ਇਸ ਸੰਬੰਧੀ ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਨੇ ਹੋਰ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਸਰਕਾਰ ਦੇ ਸਹਿਯੋਗ ਸਦਕਾ ਤੇ ਮਾਲਵਾ ਐਜੂਕੇਸ਼ਨਲ ਐਂਡ ਅਵੇਅਰਨੈਸ ਫਾਊਡੇਸ਼ਨ ਵੱਲੋਂ ਜ਼ਿਲ੍ਹੇ ਅਧੀਨ ਪੈਂਦੀ ਸਬ-ਡਵੀਜ਼ਨ ਮੌੜ ਵਿਖੇ ਬੇਸਹਾਰਾ ਬਜ਼ੁਰਗਾਂ ਲਈ ਆਸਰਾ ਬਿਰਧ ਆਸ਼ਰਮ ਚਲਾਇਆ ਜਾ ਰਿਹਾ ਹੈ, ਜੋ ਕਿ ਆਧੁਨਿਕ ਸੁੱਖ ਸਹੂਲਤਾਂ ਨਾਲ ਪੂਰੀ ਤਰ੍ਹਾਂ ਲੈਸ ਹੈ। ਇਸ ਦੌਰਾਨ ਜ਼ਿਲ੍ਹਾ ਸਮਾਜਕ ਸੁਰੱਖਿਆ ਅਫ਼ਸਰ ਜਸਬੀਰ ਕੌਰ ਨੇ ਦੱਸਿਆ ਕਿ ਬੇਸਹਾਰਾ ਬਜ਼ੁਰਗਾਂ ਲਈ ਬਣਾਇਆ ਇਹ ਬਿਰਧ ਆਸ਼ਰਮ ਪੂਰੀ ਤਰ੍ਹਾਂ ਵਾਤਾਅਨੁਕੂਲ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਇਸ ਆਸ਼ਰਮ 'ਚ ਬਜ਼ੁਰਗਾਂ ਦੀ ਸਿਹਤ ਨੂੰ ਮੁੱਖ ਰੱਖਦਿਆਂ ਉਨ੍ਹਾਂ ਨੂੰ ਮੈਡੀਕਲ ਸੇਵਾਵਾਂ ਵੀ ਪ੍ਰਦਾਨ ਕਰਵਾਈਆਂ ਜਾਂਦੀਆਂ ਹਨ। ਉਨ੍ਹਾਂ ਦੱਸਿਆ ਕਿ ਇੱਥੇ ਬਜ਼ੁਰਗਾਂ ਦੇ ਬਾਹਰ ਬੈਠਣ ਲਈ ਸ਼ਾਨਦਾਰ ਬਗੀਚਾ ਵੀ ਬਣਾਇਆ ਗਿਆ ਹੈ। ਇਸ ਤੋਂ ਇਲਾਵਾ ਇੱਥੇ ਸ਼ੈਡ, ਬਿਜਲੀ, ਜਨਰੇਟਰ, ਇੰਨਵਰਟਰ ਅਤੇ ਸੋਲਰ ਸਿਸਟਮ ਦਾ ਵੀ ਖਾਸ ਪ੍ਰਬੰਧ ਕੀਤਾ ਗਿਆ ਹੈ। ਸਮਾਜਕ ਸੁਰੱਖਿਆ ਦਫ਼ਤਰ ਦੇ ਨੁਮਾਇੰਦੇ ਮੈਡਮ ਗੁਲਸ਼ਨ ਮਹਿਤਾ ਤੇ ਸੰਸਥਾ ਦੇ ਮੁਖੀ ਡਾ. ਯਾਦਵਿੰਦਰ ਸਿੰਘ ਨੇ ਦੱਸਿਆ ਕਿ ਹਰ ਬਜ਼ੁਰਗ ਲਈ ਬੈਡ ਦੇ ਨਾਲ ਅਲਮਾਰੀ ਤੋਂ ਇਲਾਵਾ ਡਾਈਨਿੰਗ ਹਾਲ, ਮਾਈਕਰੋਵੇਵ, ਫਰਿੱਜ, ਡੀਪ-ਫਰਿੱਜ, ਆਰ ਓ ਵਾਲੀ ਆਧੁਨਿਕ ਰਸੋਈ, ਸ਼ਾਨਦਾਰ ਬਾਥਰੂਮ, ਸਟੈਂਡਿੰਗ ਸੀਟਾਂ ਵਾਲੇ ਪਖਾਨੇ ਆਦਿ ਉਪਲਬਧ ਹਨ। ਉਨ੍ਹਾਂ ਇਹ ਵੀ ਦੱਸਿਆ ਕਿ ਐਲ ਈ ਡੀ, ਡਿਸ਼, ਲਾਇਬ੍ਰੇਰੀ ਤੇ ਅਖਬਾਰਾਂ ਆਦਿ ਦਾ ਵਿਸ਼ੇਸ਼ ਪ੍ਰਬੰਧ ਹੈ।

# ਹੜ੍ਹ ਪ੍ਰਭਾਵਤ ਖੇਤਰਾਂ 'ਚ ਲੋੜਵੰਦਾਂ ਨੂੰ ਕੀਤੀਆਂ ਸਿਹਤ ਸਹੂਲਤਾਂ ਪ੍ਰਦਾਨ : ਡਾ. ਦਵਿੰਦਰਜੀਤ ਕੌਰ



**ਫਤਿਹਗੜ੍ਹ ਸਾਹਿਬ, ( ਪ੍ਰਮੋਦ ਭਾਰਦਵਾਜ)** ਸਿਹਤ ਵਿਭਾਗ ਵੱਲੋਂ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਆਮ ਲੋਕਾਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਉਹਨਾਂ ਦੇ ਘਰਾਂ ਦੇ ਨੇੜੇ ਹੀ ਸਿਹਤ ਸਹੂਲਤਾਂ ਪ੍ਰਦਾਨ ਕਰਨ ਦੇ ਮੰਤਵ ਨਾਲ ਜਿਲ੍ਹਾ ਸਿਹਤ ਪ੍ਰਸਾਸਨ ਵੱਲੋਂ ਮੈਡੀਕਲ ਕੈਂਪ ਲਗਾਏ ਗਏ ਤੇ ਲੋੜੀਦੇ ਮਰੀਜਾਂ ਨੂੰ ਨੇੜੇ ਦੀਆਂ ਸਿਹਤ ਸੰਸਥਾਵਾਂ ਵਿਚ ਰੈਫਰ ਕੀਤਾ ਗਿਆ ਅਤੇ ਇਹਨਾਂ ਖੇਤਰਾਂ ਵਿੱਚ ਦਿੱਤੀਆਂ ਜਾ ਰਹੀਆਂ ਸਿਹਤ ਸੇਵਾਵਾਂ ਦਾ ਸਿਵਲ ਸਰਜਨ ਡਾ. ਦਵਿੰਦਰਜੀਤ ਕੌਰ ਨੇ ਨਿਰੀਖਣ ਵੀ ਕੀਤਾ, ਉਨ੍ਹਾਂ ਵੱਲੋਂ ਸਰਹਿੰਦ ਸ਼ਹਿਰ, ਸਰਹਿੰਦ ਮੰਡੀ, ਬ੍ਰਾਹਮਣ ਮਾਜਰਾ, ਵਿਸ਼ਵਕਰਮਾ ਕਲੋਨੀ ਤੇ ਹੋਰ ਵੱਖ-ਵੱਖ ਖੇਤਰਾਂ ਵਿੱਚ ਲਗਾਏ ਮੈਡੀਕਲ ਕੈਂਪਾਂ ਦਾ ਦੌਰਾ ਕੀਤਾ ਗਿਆ ਤੇ ਸਿਹਤ ਸੇਵਾਵਾਂ ਮੁਹੱਈਆ ਕਰ ਰਹੀਆਂ ਮੈਡੀਕਲ ਟੀਮਾਂ ਨੂੰ ਜਰੂਰੀ ਹਦਾਇਤਾਂ ਵੀ ਦਿੱਤੀਆਂ ਅਤੇ ਲੋੜੀਦੀਆਂ ਦਵਾਈਆਂ ਵੀ ਵੰਡੀਆਂ। ਇਸ ਮੌਕੇ ਡਾ. ਦਵਿੰਦਰਜੀਤ ਕੌਰ ਨੇ ਕਿਹਾ ਕਿ ਇਸ ਮੁਸਕਿਲ ਘੜੀ ਦੌਰਾਨ ਲੋਕਾਂ ਨੂੰ ਆਪਣੀ ਸਿਹਤ ਨੂੰ ਲੈ ਕੇ ਕਿਸੇ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ, ਇਸ ਲਈ ਜਿਲ੍ਹਾ ਸਿਹਤ ਪ੍ਰਸ਼ਾਸਨ ਵੱਲੋਂ ਹੜ੍ਹ ਪ੍ਰਭਾਵਿਤ ਖੇਤਰਾਂ 'ਚ ਸਿਹਤ ਸਬੰਧੀ ਮੁਸ਼ਕਲਾਂ ਨਾਲ ਨਜਿੱਠਣ ਲਈ 24 ਘੰਟੇ ਰੈਪਿਡ ਰਿਸਪੋਸ ਮੈਡੀਕਲ ਟੀਮਾਂ ਦਾ ਗਠਨ ਕੀਤਾ ਗਿਆ ਹੈ।

ਉਨ੍ਹਾਂ ਮੈਡੀਕਲ ਟੀਮਾਂ ਨੂੰ ਹਦਾਇਤ ਕੀਤੀ ਕਿ ਕੀਤੀ ਹੈ ਕਿ ਲੋੜਬੰਦਾਂ ਦੇ ਇਲਾਜ ਦੇ ਨਾਲ ਨਾਲ ਆਮ ਲੋਕਾਂ ਨੂੰ ਦੂਸ਼ਿਤ ਪਾਣੀ ਪੀਣ ਨਾਲ ਹੋਣ ਵਾਲੀਆਂ ਬਿਮਾਰੀਆਂ ਤੇ ਉਹਨਾਂ ਤੋਂ ਬਚਾਅ ਸੰਬੰਧੀ ਲੋਕਾਂ ਨੂੰ ਜਾਗਰੂਕ ਵੀ ਕੀਤਾ ਜਾਵੇ। ਇਸ ਮੌਕੇ ਉਨ੍ਹਾਂ ਨਾਲ ਜਿਲ੍ਹਾ ਐਪੀਡਮੋਲੋਜਿਸਟ ਡਾ. ਗੁਰਪ੍ਰੀਤ ਕੌਰ ਤੇ ਡਾ. ਦੀਪਤੀ, ਜਿਲ੍ਹਾ ਮਾਸ ਮੀਡੀਆਂ ਅਫਸਰ ਬਲਜਿੰਦਰ ਸਿੰਘ, ਗੁਰਦੀਪ ਸਿੰਘ, ਜਸਵਿੰਦਰ ਕੌਰ, ਬੀ.ਸੀ.ਸੀ. ਅਮਰਜੀਤ ਸਿੰਘ, ਸੁਖਵਿੰਦਰ ਸਿੰਘ, ਮਨਦੀਪ ਕੌਰ ਤੇ ਹੋਰ ਮੈਡੀਕਲ ਸਟਾਫ ਹਾਜ਼ਰ ਸਨ।

# ਡਿਪਟੀ ਕਮਿਸ਼ਨਰ ਦਾ ਕੀਤਾ ਸਨਮਾਨ

**ਬਾਘਾ ਪੁਰਾਣਾ, (ਮਨੀ ਸਿਗਲਾ)** ਸਥਾਨਕ ਸ਼ਹਿਰ ਦੇ ਮੋਗਾ ਰੋਡ ਉਪਰ ਸਥਿਤ ਮਾਤੂ ਸ੍ਰੀ ਦਸਤਾਰ ਵਿਖੇ ਡਿਪਟੀ ਕਮਿਸ਼ਨਰ ਕੁਲਵੰਤ ਸਿੰਘ ਮੋਗਾ ਵਿਸ਼ੇਸ਼ ਤੌਰ 'ਤੇ ਪੁੱਜੇ। ਇਸ ਮੌਕੇ ਡਿਪਟੀ ਕਮਿਸ਼ਨਰ ਕੁਲਵੰਤ ਸਿੰਘ ਦਾ ਮਾਤੂ ਸ੍ਰੀ ਦਸਤਾਰ ਦੇ ਮੁਖੀ ਓਮ ਪ੍ਰਕਾਸ਼ ਖੁਰਾਣਾ ਅਤੇ ਗੌਰਵ ਖੁਰਾਣਾ ਵੱਲੋਂ ਉਨ੍ਹਾਂ ਨੂੰ ਫੁੱਲਾਂ ਦਾ ਗੁਲਦਸਤਾ ਦੇ ਕੇ ਜੀ ਆਇਆਂ ਆਖਿਆ ਗਿਆ। ਡਿਪਟੀ ਕਮਿਸ਼ਨਰ ਕੁਲਵੰਤ ਸਿੰਘ ਦੇ ਨਾਲ ਨਾਇਬ ਤਹਿਸੀਲਦਾਰ ਸੁਖਚਰਨ ਸਿੰਘ ਵੀ ਪੁੱਜੇ। ਡਿਪਟੀ ਕਮਿਸ਼ਨਰ ਵੱਲੋਂ ਮਾਤੂ ਸ੍ਰੀ ਦਸਤਾਰ ਦੇ ਸ਼ੋਅ ਰੂਮ ਦਾ ਨਿਰੀਖਣ ਕੀਤਾ ਗਿਆ, ਜਿੱਥੇ ਸ੍ਰੀ ਦਸਤਾਰ ਦੇ ਮੁਖੀ ਓਮ ਪ੍ਰਕਾਸ਼ ਖੁਰਾਣਾ ਅਤੇ ਗੌਰਵ ਖੁਰਾਣਾ ਵੱਲੋਂ ਅਤੇ ਉਨ੍ਹਾਂ ਦੀ ਟੀਮ ਵੱਲੋਂ ਨੌਜਵਾਨਾਂ ਨੂੰ ਦਸਤਾਰ ਬੰਨਣ ਲਈ ਜਿੱਥੇ ਪ੍ਰੇਰਿਤ ਕੀਤਾ ਜਾਂਦਾ ਹੈ ਉਥੇ ਹੀ ਉਨ੍ਹਾਂ ਵੱਲੋਂ ਦਸਤਾਰ ਦੀ ਸਿਖਲਾਈ ਦਿੱਤੀ ਜਾਂਦੀ ਹੈ।

ਇਸ ਮੌਕੇ ਡਿਪਟੀ ਕਮਿਸ਼ਨਰ ਕੁਲਵੰਤ ਸਿੰਘ ਨੇ ਮਾਤੂ ਸ੍ਰੀ ਦਸਤਾਰ ਵੱਲੋਂ ਨੌਜਵਾਨਾਂ ਨੂੰ ਦਸਤਾਰ ਸਜਾਉਣ ਲਈ ਕੀਤੇ ਜਾ ਰਹੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾਕਿ ਇਹ ਬਹੁਤ ਵਧੀਆ ਉਪਰਾਲਾ ਹੈ ਕਿਉਂਕਿ ਅੱਜ ਕੱਲ੍ਹ ਨੌਜਵਾਨ ਫੈਸ਼ਨ ਦੇ ਚੱਕਰਾਂ ਵਿਚ ਕੈਸ਼ ਕਟਵਾ ਰਹੇ ਹਨ ਅਤੇ ਗੁਰਸਿੱਖ ਗੁਰੂਆਂ ਵੱਲੋਂ ਦਰਸਾਏ ਮਾਰਗ ਤੋਂ ਭਟਕ ਚੁੱਕੇ ਹਨ। ਇਸ ਲਈ ਸਮੇਂ ਦੀ ਲੋੜ ਹੈ ਕਿ ਨੌਜਵਾਨਾਂ ਨੂੰ ਗੁਰੂਆਂ ਵੱਲੋਂ ਦਰਸਾਏ ਮਾਰਗ 'ਤੇ ਲਿਆਂਦਾ ਜਾਵੇ ਅਤੇ ਵੱਧ ਤੋਂ ਵੱਧ ਨੌਜਵਾਨਾਂ ਨੂੰ ਉਨ੍ਹਾਂ ਦਸਤਾਰ ਸਜਾਉਣ ਦੀ ਅਪੀਲ ਕੀਤੀ।

ਇਸ ਮੌਕੇ ਓਮ ਪ੍ਰਕਾਸ਼ ਖੁਰਾਣਾ ਅਤੇ ਗੌਰਵ ਖੁਰਾਣਾ ਵੱਲੋਂ ਡਿਪਟੀ ਕਮਿਸ਼ਨਰ ਦਾ ਮਾਤੂ ਸ੍ਰੀ ਦਸਤਾਰ ਵਿਖੇ ਪੁੱਜਣ 'ਤੇ ਧੰਨਵਾਦ ਕੀਤਾ ਅਤੇ ਉਨ੍ਹਾਂ ਡਿਪਟੀ ਕਮਿਸ਼ਨਰ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਮਾਤੂ ਸ੍ਰੀ ਦਸਤਾਰ ਦੀ ਸਮੁੱਚੀ ਟੀਮ ਹਾਜ਼ਰ ਸੀ।

# ਮੰਡਲ ਕਮਿਸ਼ਨ ਦੀ ਰਿਪੋਰਟ ਸੰਬੰਧੀ ਓ ਬੀ ਸੀ ਫੈਡਰੇਸ਼ਨ ਦਾ ਵਫਦ ਵਿਜੇ ਸਿੰਗਲਾ ਨੂੰ ਮਿਲਿਆ



**ਮਨਸਾ (ਆਤਮਾ ਸਿੰਘ ਪਮਾਰ)** ਓ ਬੀ ਸੀ ਫੈਡਰੇਸ਼ਨ ਪੰਜਾਬ ਦੇ ਫੈਸਲੇ ਅਨੁਸਾਰ ਮਾਨਸਾ ਜਿਲ੍ਹੇ ਦੀ ਟੀਮ ਵੱਲੋਂ ਮੰਡਲ ਕਮਿਸ਼ਨ ਦੀ ਰਿਪੋਰਟ ਅਨੁਸਾਰ ਮਾਣਯੋਗ ਸੁਪਰੀਮ ਕੋਰਟ ਦੇ ਫੈਸਲੇ ਨੂੰ ਅਤੇ 102ਵੀਂ ਸੰਵਿਧਾਨਿਕ ਸੋਧ ਮਿਤੀ 15-08-2018 ਨੂੰ ਲਾਗੂ ਕਰਵਾਉਣ ਸੰਬੰਧੀ ਪਟੀਸ਼ਨ ਦੀ ਕਾਪੀ ਹਲਕਾ ਵਿਧਾਇਕ ਮਾਨਸਾ ਡਾ, ਵਿਜੇ ਸਿੰਗਲਾ ਨੂੰ ਸੌਂਪੀ ਗਈ ਤਾਂ ਕਿ ਇਸ ਪਟੀਸ਼ਨ ਨੂੰ ਚੇਅਰਮੈਨ ਪਟੀਸ਼ਨ ਕਮੇਟੀ, ਪੰਜਾਬ ਵਿਧਾਨ ਸਭਾ ਕੋਲ ਨਜਰਸਾਨੀ ਲਈ ਪੇਸ਼ ਕਰਨ। ਐਮ ਐਲ ਏ ਸਾਹਿਬ ਵੱਲੋਂ ਟੀਮ ਨੂੰ ਭਰੋਸਾ ਦਿੱਤਾ ਕਿ ਪਟੀਸ਼ਨ ਨੂੰ ਪੁਰਜੋਰ ਸ਼ਿਫਾਰਸ਼ ਸਾਹਿਤ ਸਰਕਾਰ ਨੂੰ ਭੇਜਿਆ ਜਾਵੇਗਾ। ਇਸ ਮੌਕੇ ਫੈਡਰੇਸ਼ਨ ਦੇ ਪ੍ਰਧਾਨ ਕੇਵਲ ਸਿੰਘ ਅਤੇ ਸਕੱਤਰ ਇੰਜ: ਮਲਕੀਤ ਸਿੰਘ ਖਿੱਪਲ ਨੇ ਕਿਹਾ ਕਿ ਭਾਰਤ ਸਰਕਾਰ ਦੇ ਦੂਸਰੇ ਰਾਜਾਂ ਵਿੱਚ ਪਛੜੀਆਂ ਸ਼੍ਰੇਣੀਆਂ ਲਈ ਸਰਕਾਰੀ ਸੇਵਾਵਾਂ ਅਤੇ ਦਾਖਲਿਆਂ 'ਚ 27 ਫੀਸਦੀ ਰਾਖਵਾਂਕਰਨ ਲਾਗੂ ਹੈ, ਪਰ ਬੜੇ ਦੁੱਖ ਦੀ ਗੱਲ ਹੈ ਕਿ ਪੰਜਾਬ 'ਚ ਮੰਡਲ ਕਮਿਸ਼ਨ ਦੀ ਰਿਪੋਰਟ 1992 ਤੋਂ ਲਾਗੂ ਹੀ ਨਹੀਂ ਕੀਤੀ ਗਈ ਜਿਸ ਕਰਕੇ ਪਛੜੀਆਂ ਸ਼੍ਰੇਣੀਆਂ ਨੂੰ ਬਹੁਤ ਵੱਡਾ ਨੁਕਸਾਨ ਹੋ ਰਿਹਾ ਹੈ। ਪੰਜਾਬ 'ਚ ਦਾਖਲਿਆਂ ਵਿੱਚ 10% ਅਤੇ ਨੌਕਰੀਆਂ ਵਿੱਚ ਮਹਿਜ 12% ਰਾਖਵਾਂਕਰਨ ਪੱਛੜੇ ਵਰਗ ਲਈ ਲਾਗੂ ਹੈ ਜੋ ਕਿ ਬਹੁਤ ਵੱਡੀ ਬੇਇਨਸਾਫ਼ੀ ਹੈ। 52% ਅਬਾਦੀ ਵਾਲੇ ਲੋਕਾਂ ਨੂੰ ਬਣਦੀ ਪ੍ਰਤੀਨਿਧਤਾ ਨਹੀਂ ਦਿੱਤੀ ਜਾ ਰਹੀ। ਇਸ ਮੌਕੇ ਫੈਡਰੇਸ਼ਨ ਦੇ ਸੀਨੀਅਰ ਆਗੂ ਰਘੁਬੀਰ ਰਾਮਗੜ੍ਹੀਆ ਅਤੇ ਪ੍ਰੈਸ ਸਕੱਤਰ ਜਸਵਿੰਦਰ ਸਿੰਘ ਕਾਕੂ ਨੇ ਕਿਹਾ ਕਿ ਮੰਡਲ ਕਮਿਸ਼ਨ ਦੀ ਰਿਪੋਰਟ ਨੂੰ 31 ਸਾਲਾਂ ਅਤੇ 102ਵੀਂ ਸੰਵਿਧਾਨਿਕ ਸੋਧ ਨੂੰ 5 ਸਾਲਾਂ ਤੋਂ ਲਾਗੂ ਨਾ ਕਰਨਾ ਪੱਛੜੇ ਵਰਗ ਦੇ ਲੋਕਾਂ ਨੂੰ ਕੁਚਲਣਾ ਹੈ। ਉਨ੍ਹਾਂ ਕਿਹਾ ਕਿ ਸਮੇਂ ਦੀਆਂ ਸਰਕਾਰਾਂ ਨੇ ਜਾਣਬੁੱਝ ਕਿ 1931 ਤੋਂ ਬਾਅਦ ਕਦੇ ਵੀ ਜਾਤੀ ਅਧਾਰਿਤ ਜਨਗਣਨਾ ਨਹੀਂ ਕਰਵਾਈ ਤਾਂ ਜੋ ਇਨ੍ਹਾਂ ਲੋਕਾਂ ਨੂੰ ਸੰਵਿਧਾਨ ਅਨੁਸਾਰ ਬਣਦੀ ਪ੍ਰਤੀਨਿਧਤਾ ਨਾ ਦੇਣੀ ਪਵੇ। ਉਹਨਾਂ ਕਿਹਾ ਕਿ ਸੰਵਿਧਾਨ ਪੱਛੜੇ ਸਮਾਜ ਨੂੰ ਉੱਚਾ ਚੁੱਕਣ ਲਈ ਤਤਪਰ ਹੈ, ਪਰ ਸਮੇਂ ਦੀਆਂ ਸਰਕਾਰਾਂ ਉਨਾਂ ਦੇ ਹੱਕਾਂ ਨੂੰ ਅਣਗੌਲਿਆ ਕਰ ਰਹੀਆਂ ਹਨ ਜੋ ਕਿ ਹਕੂਮਤਾਂ ਲਈ ਵੱਡਾ ਪ੍ਰਸ਼ਨ ਚਿੰਨ੍ਹ ਹੈ। ਇਸ ਮੌਕੇ ਫੈਡਰੇਸ਼ਨ ਦੇ ਸੀਨੀਅਰ ਮੀਤ ਪ੍ਰਧਾਨ ਪ੍ਰਿਤਪਾਲ ਸਿੰਘ, ਮਹਿੰਦਰ ਸਿੰਘ ਸੱਗੂ,ਲਾਲ ਚੰਦ ਯਾਦਵ, ਹਰਜੀਤ ਸਿੰਘ ਸੱਗੂ, ਜਸਵੰਤ ਸਿੰਘ ਜੱਸੀ ਅਤੇ ਗੁਰਪ੍ਰੀਤ ਸਿੰਘ ਠੇਕੇਦਾਰ ਵੀ ਹਾਜ਼ਰ ਸਨ।

# ਦੇਵ ਮਾਨ ਨੇ ਸਮਾਗਮ ਦੌਰਾਨ ਟਰੱਕ ਡਰਾਈਵਰਾਂ ਨੂੰ ਵੰਡੀਆਂ ਸਟੀਲ ਦੀਆਂ ਬੋਤਲਾਂ



**ਨਾਭਾ, ( ਵਰਿੰਦਰ ਵਰਮਾ)** ਰੋਟਰੀ ਕਲੱਬ ਨਾਭਾ ਗ੍ਰੇਟਰ ਦੇ ਪ੍ਰਧਾਨ ਨਵਿੰਦਰ ਭਾਰਤੀ ਅਤੇ ਟਰੱਕ ਯੂਨੀਅਨ ਪ੍ਰਧਾਨ ਅਮਨਦੀਪ ਸਿੰਘ ਦੀ ਅਗਵਾਈ 'ਚ ਵਾਤਾਵਰਣ ਦੀ ਸਾਂਭ ਸੰਭਾਲ ਨੂੰ ਲੈ ਕੇ ਸਮਾਗਮ ਕਰਵਾਇਆ ਗਿਆ। ਇਸ ਸਮਾਗਮ ਵਿਚ ਟਰੱਕ ਡਰਾਈਵਰਾਂ ਨੂੰ ਸਟੀਲ ਦੀਆਂ ਬੋਤਲਾਂ ਵੰਡੀਆਂ ਗਈਆਂ।

ਇਸ ਮੌਕੇ ਹਲਕਾ ਵਿਧਾਨ ਸਭਾ ਨਾਭਾ ਤੋਂ ਆਮ ਆਦਮੀ ਪਾਰਟੀ ਵਿਦਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਮੁੱਖ ਮਹਿਮਾਨ ਵੱਜੋਂ ਪਹੁੰਚੇ। ਇਸ ਮੌਕੇ ਤੇ ਵਿਧਾਇਕ ਦੇਵਮਾਨ ਨੇ ਟਰੱਕ ਡਰਾਈਵਰਾਂ ਨੂੰ ਸੰਬੋਧਨ ਕਰਦਿਆ ਕਿਹਾ ਕਿ ਉਹ ਪਲਾਸਟਿਕ ਦਾ ਤਿਆਗ ਕਰਨ ਕਿਉਂਕਿ ਪਲਾਸਟਿਕ ਕਈ ਬਿਮਾਰੀਆਂ ਦੀ ਜੜ੍ਹ ਹੈ। ਇਸ ਨਾਲ ਗੰਭੀਰ ਬਿਮਾਰੀਆਂ ਜਿਵੇਂ ਕਾਲਾ ਪੀਲੀਆ, ਲੀਵਰ ਦਾ ਖਰਾਬ ਹੋਣਾ, ਕੈਂਸਰ ਆਦਿ ਹੁੰਦੀਆਂ ਹਨ। ਵਿਧਾਇਕ ਦੇਵ ਮਾਨ ਨੇ ਰੋਟਰੀ ਕਲੱਬ ਨਾਭਾ ਗ੍ਰੇਟਰ ਦੇ ਸਮੁੱਚੇ ਮੈਬਰਾਂ ਦਾ ਇਸ ਉਪਰਾਲੇ ਲਈ ਧੰਨਵਾਦ ਕੀਤਾ ਅਤੇ ਉਨਾਂ ਦੀ ਸ਼ਲਾਘਾ ਕੀਤੀ। ਰੋਟੇਰੀਅਨ ਲਲਿਤ ਸ਼ਰਮਾ ਨੇ ਪਲਾਸਟਿਕ ਦੇ ਬੁਰੇ ਪ੍ਰਭਾਵਾਂ ਬਾਰੇ ਵਿਸਥਾਰ ਪੂਰਵਕ ਟਰੱਕ ਡਰਾਈਵਰਾਂ ਨੂੰ ਦੱਸਿਆ। ਰੋਟੇਰੀਅਨ ਮਨਮੋਹਨ ਕੁਮਾਰ ਨੇ ਆਏ ਪਤਵੰਤੇ ਸੱਜਣਾਂ ਨੂੰ ਜੀ ਆਇਆਂ ਆਖਿਆ। ਸੀਨੀਅਰ ਪੱਤਰਕਾਰ ਅਮਰਿੰਦਰ ਸਿੰਘ ਪੁਰੀ ਅਤੇ ਟਰੱਕ ਯੂਨੀਅਨ ਪ੍ਰਧਾਨ ਅਮਨਦੀਪ ਸਿੰਘ ਰਹਿਲ ਨੇ ਇਸ ਮੌਕੇ ਬੋਲਦਿਆਂ ਰੋਟਰੀ ਕਲੱਬ ਗ੍ਰੇਟਰ ਦੀ ਸਮੁੱਚੀ ਟੀਮ ਦਾ ਅਤੇ ਵਿਧਾਇਕ ਦੇਵ ਮਾਨ ਦਾ ਧੰਨਵਾਦ ਕੀਤਾ। ਇਸ ਮੌਕੇ ਤੇ ਸੁਰਿੰਦਰ ਗੁਪਤਾ ਪ੍ਰਧਾਨ ਆੜ੍ਹਤੀਆ ਐਸੋਸੀਏਸਨ, ਸੰਜੀਵ ਗਰਗ, ਦਵਿੰਦਰ ਸਿੰਘ ਕੁਲਾਰਾਂ ਸਾਬਕਾ ਪ੍ਰਧਾਨ ਟਰੱਕ ਯੂਨੀਅਨ ਨਾਭਾ, ਤੇਜਿੰਦਰ ਸਿੰਘ ਖਹਿਰਾ, ਭੁਪਿੰਦਰ ਸਿੰਘ ਕੱਲਰਮਾਜਰੀ, ਸੁਖਵੰਤ ਸਿੰਘ ਕੌਲ, ਗੁਰਦੀਪ ਚੋਪੜਾ, ਕੈਸ਼ੀਅਰ ਤੇਜ ਬਾਂਸਲ, ਜਗਵਿੰਦਰ ਪੂਨੀਆ, ਮਨਮੋਹਨ ਕੁਮਾਰ, ਰਾਜੇਸ਼ ਜਿੰਦਲ, ਭੁਪੇਸ਼ ਬਾਂਸਲ, ਅਨਿਲ ਗੁਪਤਾ, ਮੰਗਤ ਰਾਏ ਸਹਿਗਲ, ਮੰਗਤ ਰਾਮ ਸੋਫਤ, ਜੇ ਐਸ ਬੱਗਾ, ਬਲਵਿੰਦਰ ਠੇਕੇਦਾਰ, ਚੰਦਰ ਪ੍ਰਕਾਸ਼, ਸੁਖਦੀਪ ਸਿੰਘ ਖਹਿਰਾ, ਜਸਵੀਰ ਸਿੰਘ ਵਜੀਦਪੁਰ, ਡਾਕਟਰ ਸੁਖਵਿੰਦਰ ਸਿੰਘ ਅਦਿ ਵੱਡੀ ਗਿਣਤੀ ਵਿੱਚ ਟਰੱਕ ਡਰਾਈਵਰ ਮੌਜੂਦ ਸਨ ।

# ਭਾਕਿਯੂ (ਏਕਤਾ) ਡਕੌਂਦਾ ਵੱਲੋਂ ਸੂਬਾ ਸਰਕਾਰ ਦਾ ਵਿਰੋਧ ਕਰਨ ਲਈ ਪਿੰਡਾਂ 'ਚ ਅਰਥੀ ਫੂਕ ਮੁਜ਼ਾਹਰਾ

**ਮਾਨਸਾ (ਆਤਮਾ ਸਿੰਘ ਪਮਾਰ)**–ਬੀਤੇ ਦਿਨੀਂ ਪਿੰਡ ਕੁਲਰੀਆਂ ਵਿੱਚ ਅਬਾਦਕਾਰ ਕਿਸਾਨਾਂ ਨੂੰ ਗ੍ਰਿਫਤਾਰ ਕਰਨ ਦੇ ਵਿਰੁੱਧ ਜ਼ਿਲ੍ਹੇ ਦੇ ਪਿੰਡਾਂ ਵਿਚ ਅਰਥੀ ਫੂਕ ਮੁਜ਼ਾਹਰੇ ਕੀਤੇ ਗਏ ਅਤੇ ਦਮਨਕਾਰੀ ਨੀਤੀ ਦੀ ਪੁਰਜ਼ੋਰ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ।

ਸੂਬਾ ਕਮੇਟੀ ਮੈਂਬਰ ਮੱਖਣ ਸਿੰਘ ਭੈਣੀ ਬਾਘਾ ਨੇ ਕਿਹਾ ਕਿ ਭਾਵੇਂ ਆਮ ਆਦਮੀ ਪਾਰਟੀ ਸਰਕਾਰ ਵੱਲੋਂ ਸੱਤਾ ਵਿੱਚ ਆਉਣ ਤੋਂ ਪਹਿਲਾਂ ਅਬਾਦਕਾਰ ਕਿਸਾਨਾਂ ਨੂੰ ਮਾਲਕੀ ਹੱਕ ਦੇਣ ਦੀ ਗੱਲ ਕੀਤੀ ਗਈ ਸੀ ਪਰ ਹੁਣ ਸਰਕਾਰ ਵੱਲੋਂ ਗੈਰ ਕਾਨੂੰਨੀ ਢੰਗ ਨਾਲ 65-70 ਸਾਲਾਂ ਤੋਂ ਜ਼ਮੀਨਾਂ ਉੱਤੇ ਕਾਬਜ਼ ਕਿਸਾਨਾਂ ਦੀਆਂ ਗਿਰਦਾਵਰੀਆਂ ਤੋੜ ਕੇ ਧੱਕੇ ਨਾਲ ਕਬਜ਼ਾ ਕੀਤਾ ਜਾ ਰਿਹਾ ਹੈ । ਉਨ੍ਹਾਂ ਕਿਹਾ ਕਿ ਇੱਕ ਪਾਸੇ ਤਾਂ 8 ਜੁਲਾਈ ਨੂੰ ਹੀ ਪ੍ਰਸ਼ਾਸਨ ਨੇ ਕਿਸਾਨਾਂ ਨੂੰ ਝੋਨਾ ਲਾਉਣ ਤੋਂ ਰੋਕ ਕੇ ਕੁਝ ਦਿਨਾਂ ਦਾ ਸਮਾਂ ਮੰਗਿਆ ਸੀ ਪਰ ਦੂਜੇ ਪਾਸੇ ਕੱਲ੍ਹ ਵਿਸ਼ਵਾਸਘਾਤ ਕਰਦੇ ਹੋਏ ਧਾੜਵੀਆਂ ਵਾਂਗੂੰ ਆ ਕੇ ਜ਼ਮੀਨ 'ਤੇ ਕਬਜ਼ਾ ਕਰਨ ਦਾ ਯਤਨ ਕੀਤਾ ਗਿਆ, ਜਿਸ ਤੋਂ ਸਰਕਾਰ ਦਾ ਦੋਗਲਾ ਚਿਹਰਾ ਸਾਫ ਨਜ਼ਰੀਂ ਪੈਂਦਾ ਹੈ । ਉਨ੍ਹਾਂ ਕਿਹਾ ਕਿ ਭਾਰਤੀ ਕਿਸਾਨ ਯੂਨੀਅਨ (ਏਕਤਾ) ਡਕੌਂਦਾ ਵੱਲੋਂ ਆਉਂਦੇ ਦਿਨਾਂ ਵਿੱਚ ਲੋਕਾਂ ਨੂੰ ਨਾਲ ਲੈ ਕੇ ਸਰਕਾਰ ਖਿਲਾਫ ਸੰਘਰਸ਼ ਤਿੱਖਾ ਕੀਤਾ ਜਾਵੇਗਾ ।

ਇਸ ਸਮੇਂ ਬਲਜੀਤ ਸਿੰਘ, ਕਾਕਾ ਸਿੰਘ, ਸੁਖਪਾਲ ਸਿੰਘ, ਬਿੰਦਰ ਸਿੰਘ, ਮਲਕੀਤ ਸਿੰਘ, ਨਾਜਮ ਸਿੰਘ, ਚਰਨਜੀਤ ਕੌਰ, ਗੁਰਮੇਲ ਸਿੰਘ, ਗੁਰਚੇਤ ਸਿੰਘ, ਬਿੰਦਰ ਸਿੰਘ, ਦਾਰਾ ਸਿੰਘ ਆਦਿ ਸ਼ਾਮਲ ਸਨ।

# ਸਿਹਤ ਵਿਭਾਗ ਨੇ ਲੋਕਾਂ ਨੂੰ ਮੌਸਮੀ ਬਿਮਾਰੀਆਂ ਤੋਂ ਬਚਣ ਲਈ ਕੀਤਾ ਜਾਗਰੂਕ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)** ਬਰਸਾਤਾਂ ਦਾ ਮੌਸਮ ਹੋਣ ਕਰਕੇ ਸਿਹਤ ਵਿਭਾਗ ਵੱਲੋਂ ਲੋਕਾਂ ਨੂੰ ਡੇਂਗੂ, ਮਲੇਰੀਆ, ਚਿਕਨਗੁਨੀਆ ਅਤੇ ਹੋਰ ਮੌਸਮੀ ਬਿਮਾਰੀਆਂ ਤੋਂ ਬਚਣ ਲਈ ਜਾਗਰੂਕ ਕੀਤਾ ਜਾ ਰਿਹਾ ਹੈ। ਸਿਵਲ ਸਰਜਨ ਬਠਿੰਡਾ ਡਾ.ਤੇਜਵੰਤ ਸਿੰਘ ਢਿੱਲੋਂ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਤੇ ਸੀਨੀਅਰ ਮੈਡੀਕਲ ਅਫਸਰ ਡਾ.ਗੁਰਮੇਲ ਸਿੰਘ ਦੀ ਅਗਵਾਈ ਹੇਠ ਬਲਾਕ ਬਾਲਿਆਂਵਾਲੀ ਦੇ ਵੱਖ-ਵੱਖ ਪਿੰਡਾਂ ਵਿੱਚ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਮੌਸਮੀ ਬਿਮਾਰੀਆਂ ਬਾਰੇ ਦੱਸਿਆ ਜਾ ਰਿਹਾ ਹੈ। ਇਸ ਮੌਕੇ ਐਸ.ਐੱਮ.ਓ. ਡਾ.ਗੁਰਮੇਲ ਸਿੰਘ ਨੇ ਦੱਸਿਆ ਕਿ ਬਾਰਸਾਂ ਦੇ ਦਿਨ ਹੋਣ ਕਰਕੇ ਗਲੀਆਂ, ਸੜਕਾਂ ਤੇ ਪਾਣੀ ਖੜ ਜਾਂਦਾ ਹੈ ਜਿੱਥੇ ਕਿ ਮੱਛਰਾਂ ਦੀ ਭਰਮਾਰ ਹੋ ਜਾਂਦੀ ਹੈ ਇਸ ਖੜ੍ਹੇ ਪਾਣੀ ਉਪਰ ਦਵਾਈਆਂ ਦਾ ਛੜਕਾਉ ਕੀਤਾ ਜਾ ਰਿਹਾ ਹੈ। ਉਹਨਾਂ ਕਿਹਾ ਕਿ ਇਸ ਤੋਂ ਇਲਾਵਾ ਹੜ੍ਹਾ ਦੌਰਾਨ ਸਿਹਤ ਸਬੰਧੀ ਸੁਝਾਅ ਸਿਹਤ ਵਿਭਾਗ ਵੱਲੋਂ ਦਿੱਤੇ ਗਏ ਹਨ ਕਿ ਇਨਫੈਕਸ਼ਨ ਵਾਲੀਆਂ ਬਿਮਾਰੀਆਂ ਤੋਂ ਬਚਾਅ ਅਤੇ ਕੰਟਰੋਲ ਕਿਵੇਂ ਕਰੀਏ। ਡਾ.ਗੁਰਮੇਲ ਸਿੰਘ ਨੇ ਕਿਹਾ ਕਿ ਸਿਰਫ ਸਾਫ ਪਾਣੀ ਦੀ ਵਰਤੋਂ ਕਰੋ, ਪੀਣ ਵਾਲੇ ਪਾਣੀ ਨੂੰ ਉਬਾਲ ਕੇ ਠੰਡਾ ਕਰਕੇ ਵਰਤਿਆ ਜਾਵੇ ਅਤੇ ਇਨਫੈਕਸ਼ਨ ਨੂੰ ਕੰਟਰੋਲ ਕਰਨ ਲਈ ਸਮੇਂ ਸਮੇ ਉੱਤੇ ਸਾਬਣ ਅਤੇ ਪਾਣੀ ਨਾਲ ਹੱਥ ਧੋਵੋ। ਸਿਹਤ ਸੁਪਰਵਾਈਜ਼ਰ ਗੁਰਚੇਤ ਸਿੰਘ ਨੇ ਦੱਸਿਆ ਕਿ ਰਾਮਪੁਰਾ ਮੰਡੀ ਚ ਜਿੱਥੇ ਜਿੱਥੇ ਪਾਣੀ ਖੜ੍ਹਾ ਹੈ ਉੱਥੇ ਮੱਛਰਾਂ ਨੂੰ ਖਤਮ ਕਰਨ ਲਈ ਦਵਾਈ ਛੜਕਾਈ ਗਈ ਹੈ। ਸਿਹਤ ਸੁਪਰਵਾਈਜ਼ਰ ਪਵਨ ਕੁਮਾਰ ਨੇ ਕਿਹਾ ਕਿ ਪਿੰਡਾਂ ਵਿੱਚ ਲੋਕਾਂ ਨੂੰ ਘਰ-ਘਰ ਜਾ ਕੇ ਲੋਕਾਂ ਨੂੰ ਡੇਗੂ ਦੇ ਡੰਗ ਤੋਂ ਬਚਣ ਲਈ ਜਾਗਰੂਕ ਕੀਤਾ ਜਾ ਰਿਹਾ ਹੈ ਅਤੇ ਹੱਥ ਪਰਚੇ ਪੈਫਲਿਟ ਵੰਡੇ ਜਾ ਰਹੇ ਹਨ। ਜਗਤਾਰ ਸਿੰਘ ਬਲਾਕ ਐਜੂਕੇਟਰ ਤੇ ਮਨਜੀਤ ਸਿੰਘ ਬਲਾਕ ਐਜੂਕੇਟਰ ਨੇ ਦੱਸਿਆ ਕਿ ਜੇਕਰ ਕਿਸੇ ਨੂੰ ਬੁਖਾਰ ਜਾਂ ਦਸਤ ਦੀ ਸਮੱਸਿਆ



ਆਉਂਦੀ ਹੈ ਤਾਂ ਨੇੜੇ ਦੀ ਸਰਕਾਰੀ ਸਿਹਤ ਸੰਸਥਾ ਨਾਲ ਸੰਪਰਕ ਕੀਤਾ ਜਾਵੇ। ਖੁਦ ਇਲਾਜ ਨਾ ਕੀਤਾ ਜਾਵੇ ਇਸ ਤਰ੍ਹਾਂ ਹੀ ਜਿਵੇਂ ਇੱਕ ਹੀ ਜਗ੍ਹਾ ਉੱਤੇ 3 ਤੋਂ ਵੱਧ ਇਨਫੈਕਸ਼ਨ ਵਾਲੇ ਕੇਸਾਂ ਬਾਰੇ ਪਤਾ ਲੱਗਦਾ ਹੈ ਤਾਂ ਤੁਰੰਤ ਸਿਹਤ ਸੰਸਥਾਵਾਂ ਨੂੰ ਸੂਚਿਤ ਕੀਤਾ ਜਾਵੇ। ਉਹਨਾਂ ਦੱਸਿਆ ਕਿ ਹਾਲਤਾਂ ਨੂੰ ਮੱਦੇਨਜਰ ਰੱਖਦਿਆਂ ਸੀ.ਐੱਚ.ਸੀ. ਬਾਲਿਆਂਵਾਲੀ ਵਿਖੇ ਇੱਕ ਡੇਂਗੂ ਵਾਰਡ ਬਣਾਇਆ ਗਿਆ ਹੈ ਜਿਸ ਵਿਚ ਤਿੰਨ ਬੈੱਡ ਲਗਾਏ ਗਏ ਹਨ।

# ਘੱਗਰ 'ਚ ਪਾੜ ਪੈਣ ਕਾਰਨ ਸੈਂਕੜੇ ਏਕੜ ਫਸਲ ਬਰਬਾਦ



ਮੂਨਕ (ਰਾਜਪਾਲ ਸਿੰਗਲਾ) ਨਜ਼ਦੀਕ ਪਿੰਡ ਮਕੋਰੜ ਕੋਲ ਪਿੰਡ ਵਾਲੇ ਪਾਸੇ ਕਰੀਬ ਰਾਤ 12 ਵਜੇ ਘੱਗਰ ਨਦੀ 'ਚ ਦੋ ਵੱਡੇ ਪਾੜ ਪੈ ਜਾਣ ਦੇ ਨਾਲ ਇਲਾਕੇ ਦੀ ਸੈਂਕੜੇ ਏਕੜ ਝੋਨਾ ਅਤੇ ਹਰੇ ਚਾਰੇ ਦੀ ਫਸਲ ਘੱਗਰ ਦੇ ਪਾਣੀ ਵਿੱਚ ਡੁੱਬਣ ਦੇ ਨਾਲ ਖਰਾਬ ਹੋ ਗਈ। ਇਸ ਦੇ ਨਾਲ ਹੀ ਪਿੰਡ ਮਕੋਰੜ ਦੇ ਨਾਲ ਲੱਗਦੇ ਪਿੰਡ ਘਮੂਰ ਘਾਟ, ਹਾਂਡਾ, ਕੁੰਦਨੀ, ਰਾਮਪੁਰਾ, ਫੂਲਦ ਅਤੇ ਮਨਿਆਣਾ ਵਰਗੇ ਪਿੰਡ ਦੇ ਨਾਲ ਆਉਣ ਜਾਣ ਵਾਲੇ ਰਸਤੇ ਕਿਸੇ ਵੀ ਸਮੇ ਬੰਦ ਹੋ ਸਕਦੇ ਹਨ। ਇਨ੍ਹਾਂ ਪਿੰਡਾਂ ਦੇ ਹੇਠਲੇ ਪੱਧਰ 'ਤੇ ਰਹਿਣ ਵਾਲੇ ਲੋਕਾਂ ਨੂੰ ਸੁਰੱਖਿਆ ਵਾਲੀ ਜਗ੍ਹਾ 'ਤੇ ਵੀ ਜਾਣਾ ਪੈ ਸਕਦਾ ਹੈ। ਇਸ ਦੇ ਨਾਲ ਹੀ ਪਿੰਡ ਦੇ ਲੋਕਾਂ ਦੇ ਕਹਿਣ ਅਨੁਸਾਰ ਇਹ ਬੰਨ ਟੁੱਟਣ ਤੋਂ 9 ਘੰਟੇ ਬਾਅਦ ਵੀ ਟੁੱਟੇ ਨੱਕਿਆ 'ਚੋਂ ਘੱਗਰ ਦਾ ਪਾਣੀ ਤੇਜੀ ਦੇ ਵਗ ਰਿਹਾ ਹੈ। ਜੇਕਰ ਇਹ ਖੁੱਲੇ ਪਾੜਾ 'ਤੇ ਕਾਬੂ ਨਾ ਪਾਇਆ ਗਿਆ ਤਾਂ ਮੂਨਕ ਟੋਹਾਣਾ ਨੈਸ਼ਨਲ ਹਾਈਵੇ ਕਿਸੇ ਵੀ ਸਮੇ ਬੰਦ ਹੋ ਸਕਦਾ ਹੈ ਅਤੇ ਨਾਲ ਹੀ ਇਲਾਕੇ ਦੇ ਪਿੰਡਾਂ ਅੰਦਰ ਵੀ ਘੱਗਰ ਨਦੀ 'ਚੋਂ ਵਗਣ ਵਾਲਾ ਪਾਣੀ ਕਿਸੇ ਵੇਲੇ ਵੀ ਮਾਰ ਕਰ ਸਕਦਾ ਹੈ। ਲੋਕਾਂ ਨੇ ਕਿਹਾ ਕਿ ਬੇਸ਼ੱਕ ਪ੍ਰਸ਼ਾਸ਼ਨ ਅਧਿਕਾਰੀ ਘੱਗਰ 'ਚ ਪਾਣੀ ਆਉਣ ਤੋਂ ਬਾਅਦ ਗੰਭੀਰਤਾ ਨਾਲ ਲੈ ਰਿਹਾ ਹੈ। ਪਰ ਜਦੋਂ ਰਾਤ ਘੱਗਰ ਨਦੀ ਦੇ ਪਿੰਡ ਵਾਲੇ ਪਾਸੋ ਦੋ ਵੱਡੇ ਪਾੜ ਪੈ ਗਏ ਉਸ ਸਮੇਂ ਕੋਈ ਵੀ ਅਧਿਕਾਰੀ ਨਹੀ ਸੀ, ਇਸ ਦੇ ਨਾਲ ਹੀ ਕਿਹਾ ਕਿ ਜੇਕਰ ਉਨ੍ਹਾਂ ਕੋਲ ਪਏ ਪਾੜਾ ਨੂੰ ਬੰਦ ਕਰਨ ਲਈ ਸਮੱਗਰੀ ਮੌਕੇ 'ਤੇ ਹੁੰਦੀ ਤਾਂ ਕਾਬੂ ਪਾਉਣ ਦੀ ਵੀ ਕੋਸ਼ਿਸ਼ ਕੀਤੀ ਜਾਂਦੀ, ਪਾੜ ਪੈਣ ਤੋਂ ਬਾਅਦ ਜਦੋਂ ਮੂਨਕ ਦੇ ਐਸ ਡੀ ਐਮ ਮੌਕੇ 'ਤੇ ਪਹੁੰਚੇ ਤਾਂ ਉਸ ਵੇਲੇ ਪਾੜ ਇੰਨੇ ਚੋੜੇ ਹੋ ਚੁੱਕੇ ਸਨ, ਕੁਝ ਵੀ ਨਹੀਂ ਕੀਤਾ ਜਾ ਸਕਦਾ ਸੀ।ਇਸ ਬਾਰੇ ਜਦੋਂ ਹਲਕਾ ਵਿਧਾਇਕ ਬਰਿੰਦਰ ਗੋਇਲ ਨੂੰ ਲੱਗਿਆ ਤਾਂ ਉਹ ਮੌਕੇ 'ਤੇ ਪਹੁੰਚੇ ਜਿੰਨ੍ਹਾ ਨੇ ਮੌਕੇ 'ਤੇ ਇੱਕਠੇ ਹੋਏ ਲੋਕਾਂ ਦੇ ਨਾਲ ਦੁੱਖ ਸਾਂਝਾ ਕੀਤਾ।

## ਵਿਦਿਆਰਥੀ ਨੇ ਸਰਬੋਤਮ ਕੈਂਪਰ ਦਾ ਐਵਾਰਡ ਜਿੱਤਿਆ

ਦੋਰਾਹਾ (ਹਰਮਿੰਦਰ ਸੇਠ) ਸਥਾਨਕ ਗੁਰੂ ਨਾਨਕ ਨੈਸ਼ਨਲ ਕਾਲਜ, ਦੋਰਾਹਾ ਦੇ ਹੋਣਹਾਰ ਵਿਦਿਆਰਥੀਆਂ ਨੇ ਯੂਥ ਲੀਡਰਸ਼ਿਪ ਕੈਂਪ ਵਿੱਚ ਭਾਗ ਲੈਂਦਿਆਂ ਸਰਬੋਤਮ ਕੈਂਪਰ ਦਾ ਇਨਾਮ ਹਾਸਿਲ ਕਰਕੇ ਕਾਲਜ ਦਾ ਨਾਂਅ ਰੌਸ਼ਨ ਕੀਤਾ ਹੈ। ਇਹ ਜਾਣਕਾਰੀ ਦਿੰਦਿਆਂ ਕਾਰਜਕਾਰੀ ਪ੍ਰਿੰਸੀਪਲ ਡਾ. ਨਿਰਲੇਪ ਕੌਰ ਨੇ ਦੱਸਿਆ ਕਿ ਡੀਨ ਐਕਸਟੈਂਸ਼ਨ ਐਕਟੀਵਿਟੀਜ਼ ਡਾ. ਲਵਲੀਨ ਬੈਂਸ ਦੀ ਅਗਵਾਈ ਹੇਠ ਕਾਲਜ ਵਿਦਿਆਰਥੀਆਂ ਕਰਮਜੀਤ ਸਿੰਘ ਅਤੇ ਰਾਜ ਚੌਧਰੀ ਨੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਯੁਵਕ ਭਲਾਈ ਵਿਭਾਗ ਵੱਲੋਂ 3 ਜੁਲਾਈ ਤੋਂ 9 ਜੁਲਾਈ ਤੱਕ ਲਗਾਏ ਗਏ ਯੂਥ ਲੀਡਰਸ਼ਿਪ ਟ੍ਰੇਨਿੰਗ ਕੈਂਪ ਵਿੱਚ ਭਾਗ ਲਿਆ ਅਤੇ ਕੈਂਪ ਦੌਰਾਨ ਵੱਖਵੱਖ ਸਰੀਰਕ, ਅਕਾਦਮਿਕ ਅਤੇ ਸੱਭਿਆਚਾਰਕ ਗਤੀਵਿਧੀਆਂ ਵਿੱਚ ਵਧੀਆ ਪ੍ਰਦਰਸ਼ਨ ਕਰਦਿਆਂ ਵਿਦਿਆਰਥੀ ਕਰਮਜੀਤ ਸਿੰਘ ਨੇ ਸਰਬੋਤਮ ਕੈਂਪਰ ਦਾ ਇਨਾਮ ਹਾਸਿਲ ਕੀਤਾ। ਜ਼ਿਕਰਯੋਗ ਹੈ ਕਿ ਯੁਵਕ ਭਲਾਈ ਵਿਭਾਗ ਦੁਆਰਾ ਲਗਾਏ ਗਏ ਇਸ ਯੂਥ ਲੀਡਰਸ਼ਿਪ ਕੈਂਪ ਵਿੱਚ ਵੱਖ-ਵੱਖ ਕਾਲਜਾਂ ਦੇ 90 ਵਿਦਿਆਰਥੀਆਂ ਨੇ ਭਾਗ ਲਿਆ ਜਿਨ੍ਹਾਂ 'ਚੋਂ ਕਾਲਜ ਵਿਦਿਆਰਥੀ ਕਰਮਜੀਤ ਸਿੰਘ ਦੀ ਸਰਬੋਤਮ ਕੈਂਪਰ ਵਜੋਂ ਚੋਣ ਕਾਲਜ ਲਈ ਮਾਣਮੱਤੀ ਪ੍ਰਾਪਤੀ ਹੈ। ਇਸ ਸ਼ਾਨਦਾਰ ਪ੍ਰਾਪਤੀ ਲਈ ਕਾਲਜ ਪ੍ਰਬੰਧਕੀ ਕਮੇਟੀ ਦੇ ਅਹੁਦੇਦਾਰਾਂ, ਮੈਂਬਰ ਸਾਹਿਬਾਨ ਅਤੇ ਕਾਰਜਕਾਰੀ ਪ੍ਰਿੰਸੀਪਲ ਡਾ. ਨਿਰਲੇਪ ਕੌਰ ਨੇ ਡੀਨ ਐਕਸਟੈਂਸ਼ਨ ਐਕਟੀਵਿਟੀਜ਼ ਡਾ. ਲਵਲੀਨ ਬੈਂਸ, ਪ੍ਰੋ. ਅਮਨਦੀਪ ਚੀਮਾ, ਪ੍ਰੋ. ਦੀਪਾਲੀ ਅਤੇ ਵਿਦਿਆਰਥੀਆਂ ਤੇ ਉਹਨਾਂ ਦੇ ਮਾਪਿਆਂ ਨੂੰ ਮੁਬਾਰਕਬਾਦ ਦਿੱਤੀ।

## ਪ੍ਰਨੀਤ ਕੌਰ ਨੇ ਕੌਂਸਲਰ ਸਤਪਾਲ ਨਾਹਰ ਦੇ ਸਵਰਗਵਾਸ ਹੋਣ 'ਤੇ ਪਰਵਾਰ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ



ਸਮਾਣਾ ( ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ) ਸਾਬਕਾ ਕੇਂਦਰੀ ਵਿਦੇਸ਼ ਰਾਜ ਮੰਤਰੀ ਅਤੇ ਪਟਿਆਲਾ ਤੋਂ ਲੋਕ ਸਭਾ ਮੈਂਬਰ ਮਹਾਰਾਣੀ ਪਰਨੀਤ ਕੌਰ ਨੇ ਆਰ. ਡੀ. ਸ਼ਰਮਾ ਦੀ ਧਰਮ ਪਤਨੀ ਸੰਤੋਸ਼ ਸ਼ਰਮਾ ਦੇ ਸਵਰਗਵਾਸ ਹੋਣ 'ਤੇ ਉਨ੍ਹਾਂ ਦੇ ਗ੍ਰਹਿ ਵਿਖੇ ਪਹੁੰਚ ਕੇ ਉਨ੍ਹਾਂ ਦੇ ਪਰਵਾਰਕ ਮੈਂਬਰਾਂ ਨਾਲ ਦੁੱਖ ਸਾਂਝਾ ਕੀਤਾ। ਇਸ ਮੌਕੇ ਮਹਾਰਾਣੀ ਪ੍ਰਨੀਤ ਕੌਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਉਹ ਪਟਿਆਲਾ ਲੋਕ ਸਭਾ ਹਲਕੇ ਤੋਂ ਲੋਕ ਸਭਾ ਮੈਂਬਰ ਹਨ ਇਸ ਲਈ ਪਟਿਆਲਾ ਜਿਲ੍ਹੇ ਦਾ ਹਰ ਇੱਕ ਪਰਵਾਰ ਉਸਦਾ ਆਪਣਾ ਪਰਵਾਰ ਹੈ ਉਨ੍ਹਾਂ ਦੇ ਦੁੱਖ ਵਿੱਚ ਸ਼ਰੀਕ ਹੋਣਾ ਉਸਦਾ ਇਕਲਾਖੀ ਫਰਜ ਹੈ। ਇਸ ਲਈ ਉਹ ਸੰਤੋਸ਼ ਸ਼ਰਮਾ ਦੇ ਸਵਰਗਵਾਸ ਹੋਣ ਤੇ ਉਨ੍ਹਾਂ ਦੇ ਪਤੀ ਆਰ. ਡੀ, ਸ਼ਰਮਾ ਦੇ ਪਰਿਵਾਰ ਨਾਲ ਦੁੱਖ ਸਾਂਝਾ ਕਰਨ ਲਈ ਸਮਾਣਾ ਉਹਨਾ ਦੇ ਘਰ ਪਹੁੰਚੇ ਹਨ।

ਕੌਂਸਲਰ ਸੱਤਪਾਲ ਨਾਹਰ ਜਿਨ੍ਹਾਂ ਦੀ ਪਿਛਲੇ ਦਿਨੀਂ ਸੜਕ ਹਾਦਸੇ ਵਿੱਚ ਮੌਤ ਹੋ ਗਈ ਸੀ ਦੇ ਘਰ ਵੀ ਦੁੱਖ ਦਾ ਪ੍ਰਗਟਾਵਾ ਕਰਨ ਲਈ ਮਹਾਰਾਣੀ ਪਰਨੀਤ ਕੌਰ ਦੇ ਉਹਨਾਂ ਦੇ ਘਰ ਪਹੁੰਚੇ ਅਤੇ ਪਰਿਵਾਰਕ ਮੈਂਬਰਾਂ ਨਾਲ ਵੀ ਦੁੱਖ ਸਾਂਝਾ ਕੀਤਾ।

ਇਸ ਮੌਕੇ ਪ੍ਰਿੰਸੀਪਲ ਡਾਕਟਰ ਮੋਹਨ ਲਾਲ ਸ਼ਰਮਾ, ਬੀਜੇਪੀ ਹਲਕਾ ਸਮਾਣਾ ਦੇ ਇੰਚਾਰਜ ਸੁਰਿੰਦਰ ਸਿੰਘ ਖੇੜਕੀ, ਬੀਜੇਪੀ ਦੇ ਜਿਲ੍ਹਾ ਸਕੱਤਰ ਸੰਜੀਵ ਗਰਗ, ਦਿਨੇਸ਼ ਕੁਮਾਰ ਉਰਫ ਰੋਡਾ ਜੈਨ, ਸੇਖਰ ਸ਼ਰਮਾ, ਆਰ ਡੀ ਸ਼ਰਮਾ, ਪਰਵਿੰਦਰ ਸ਼ਰਮਾ ਕਨੇਡਾ, ਬਿੱਟੂ ਸ਼ਰਮਾ, ਭੋਜਿੰਦਰਪਾਲ ਸ਼ਰਮਾ, ਸ਼ਿਵ ਕੁਮਾਰ ਅਤੇ ਹੋਰ ਬੀਜੇਪੀ ਆਗੂਆਂ ਨੇ ਉਕਤ ਪਰਵਾਰਾਂ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ।

## ਗਗਨ ਸਰਪੰਚ ਬਣੇ ਯੂਥ ਕਾਂਗਰਸ ਦੇ ਹਲਕਾ ਪ੍ਰਧਾਨ



ਬਾਘਾਪੁਰਾਣਾ, (ਮਨੀ ਸਿੰਗਲਾ ) - ਦੇਸ਼ ਭਰ ਵਿਚ ਨੌਜਵਾਨਾਂ ਨੂੰ ਰਾਜਨੀਤੀ ਵੱਲ ਖਿੱਚ ਪੈਦਾ ਕਰਨ ਲਈ ਹਰ ਵਾਰ ਕਾਂਗਰਸ ਦੀਆਂ ਚੋਣਾਂ ਹੁੰਦੀਆਂ ਹਨ, ਇਸ ਲੜੀ ਦੇ ਤਹਿਤ ਹਲਕਾ ਬਾਘਾ ਪੁਰਾਣਾਂ ਦੇ ਵਿੱਚ ਵੀ ਹਲਕੇ ਦੀ ਪ੍ਰਧਾਨਗੀ ਦੇ ਪਦ ਲਈ ਗੁਰਿੰਦਰ ਸਿੰਘ ਗਗਨ ਸਰਪੰਚ ਨਿਗਾਹਾਂ ਨੂੰ ਜਗਸੀਰ ਸਿੰਘ ਗਿੱਲ ਕਾਲੇ ਦੇ ਗਰੁੱਪ ਦੇ ਗਗਨ ਸਰਪੰਚ ਨੂੰ ਚੋਣ ਮੈਦਾਨ ਵਿਚ ਉਤਾਰਿਆ ਗਿਆ ਸੀ। ਹਲਕੇ ਦੀ ਪ੍ਰਧਾਨਗੀ ਦੀ ਚੋਣ ਜਿੱਤਣ ਲਈ ਵੱਖ - ਵੱਖ ਧੜਿਆਂ ਵੱਲੋਂ ਆਪਣੇ ਆਪਣੇ ਉਮੀਦਵਾਰਾਂ ਨੂੰ ਮੈਦਾਨ ਵਿਚ ਉਤਾਰਿਆ ਗਿਆ ਸੀ ਅਤੇ ਆਪਣੇ ਆਪਣੇ ਉਮੀਦਵਾਰ ਨੂੰ ਜਿਤਾਉਣ ਲਈ ਨੌਜਵਾਨਾਂ ਤੋਂ ਵੋਟਾਂ ਪਵਾਈਆਂ ਗਈਆਂ।

ਪ੍ਰਧਾਨਗੀ ਲਈ ਹੋਈ ਚੋਣ ਦੇ ਆਏ ਨਤੀਜੇ ਵਿੱਚ ਹਲਕੇ ਅੰਦਰ ਕਾਂਗਰਸ ਦੀ ਮਜ਼ਬੂਤੀ ਲਈ ਕੰਮ ਕਰ ਰਹੇ ਮਾਰਕਿਟ ਕਮੇਟੀ ਦੇ ਸਾਬਕਾ ਚੇਅਰਮੈਨ ਅਤੇ ਸਰਪੰਚ ਯੂਨੀਅਨ ਦੇ ਪ੍ਰਧਾਨ ਜਗਸੀਰ ਸਿੰਘ ਕਾਲੇਕੇ ਦੇ ਧੜੇ ਦੇ ਉਮੀਦਵਾਰ ਗੁਰਿੰਦਰ ਸਿੰਘ ਗਗਨ ਸਰਪੰਚ ਨੇ ਵਿਰੋਧੀ ਉਮੀਦਵਾਰ ਗੁਰਜੰਟ ਸਿੰਘ ਲੰਗੇਆਣਾ ਨੂੰ ਕਰੀਬ 1200 ਵੋਟਾਂ ਦੇ ਫਰਕ ਨਾਲ ਹਰਾ ਕੇ ਪ੍ਰਧਾਨਗੀ ਦੀ ਚੋਣ ਜਿੱਤ ਹਾਸਲ ਕੀਤੀ ਹੈ। ਪ੍ਰਧਾਨਗੀ ਦੀ ਚੋਣ ਜਿੱਤਣ ਵਾਲੇ ਗਗਨ ਨਿਗਾਹਾਂ ਨੇ ਪਾਰਟੀ ਦੇ ਸੀਨੀਅਰ ਆਗੂਆਂ, ਵਰਕਰਾਂ,ਸਪੋਟਰਾ ਅਤੇ ਵੋਟਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਜਿੰਨਾ ਨੇ ਮੈਨੂੰ ਯੂਥ ਦੀਆਂ ਵੋਟਾਂ ਪਾਉਣ ਵਿੱਚ ਮੁਹਿੰਮ ਨੂੰ ਤੇਜ ਕਰਕੇ ਦਿਨ - ਰਾਤ ਇਕ ਕਰਕੇ ਮੈਨੂੰ ਯੂਥ ਕਾਂਗਰਸ ਦਾ ਪ੍ਰਧਾਨ ਬਣਾਇਆ। ਸਾਬਕਾ ਚੇਅਰਮੈਨ ਜਗਸੀਰ ਸਿੰਘ ਕਾਲੇਕੇ ਨੇ ਕਿਹਾ ਕਿ ਜਿਲ੍ਹਾ ਕਾਂਗਰਸ ਕਮੇਟੀ ਦੇ ਪ੍ਰਧਾਨ ਅਤੇ ਸਾਬਕਾ ਵਿਧਾਇਕ ਸੁਖਜੀਤ ਸਿੰਘ ਕਾਕਾ ਲੋਹਗੜ੍ਹ ਦੇ ਧੜੇ ਦੇ ਜਿਲ੍ਹਾ ਯੂਥ ਕਾਂਗਰਸ ਦੀ ਪ੍ਰਧਾਨਗੀ ਜਿੱਤਣ ਵਾਲੇ ਸੋਹਨ ਸਿੰਘ ਖੇਲਾ ਜਲਾਲਾਬਾਦ ਅਤੇ ਨਗਰ ਨਿਗਾਹਾਂ ਨੂੰ ਹਲਕੇ ਦੀ ਪ੍ਰਧਾਨਗੀ ਜਿੱਤਣ ਤੇ ਵਧਾਈ ਦਿੰਦਾ ਹਾਂ। ਇਸ ਮੌਕੇ ਸੀਪਾ ਰਾਜਿਆਣਾ, ਸੁੱਖਾ ਲੰਗਿਆਣਾ, ਹੈਪੀ ਸਰਪੰਚ ਰੋਡੇ, ਨਵਜੋਤ ਸਿੰਘ ਧਾਲੀਵਾਲ ਤੇ ਹੋਰਾਂ ਨੇ ਗਗਨ ਸਰਪੰਚ ਸਰਪੰਚ ਨੂੰ ਵਧਾਈ ਦਿੱਤੀ।

## ਕਾਤਰਾਂ

### ਸੀ ਐੱਚ ਸੀ ਵਿਖੇ ਵਿਸ਼ਵ ਆਬਾਦੀ ਦਿਵਸ ਮਨਾਇਆ

ਮਾਛੀਵਾੜਾ ਸਾਹਿਬ (ਜਗਦੀਸ਼ ਰਾਏ, ਸ਼ੈਂਕੀ ਸ਼ਰਮਾ)-ਸਿਵਲ ਸਰਜਨ ਲੁਧਿਆਣਾ ਡਾਕਟਰ ਹਤਿੰਦਰ ਕੌਰ ਦੀਆਂ ਹਦਾਇਤਾਂ ਤੇ ਐੱਸ ਐੱਮ ਓ ਡਾਕਟਰ ਜਸਦੇਵ ਸਿੰਘ ਦੀ ਅਗਵਾਈ ਵਿੱਚ ਸੀ ਐੱਚ ਸੀ ਮਾਛੀਵਾੜਾ ਸਾਹਿਬ ਵਿੱਚ ਪਰਿਵਾਰ ਨਿਯੋਜਨ ਮਹੀਨੇ ਸਬੰਧੀ ਜਾਗਰੂਕਤਾ ਕੈਂਪ ਲਗਾ ਕੇ ਆਮ ਲੋਕਾਂ ਨੂੰ ਜਾਗਰੂਕ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਐੱਸ ਐੱਮ ਓ ਡਾਕਟਰ ਜਸਦੇਵ ਸਿੰਘ ਨੇ ਦੱਸਿਆ ਕਿ ਸਿਹਤ ਵਿਭਾਗ ਪਰਿਵਾਰ ਨਿਯੋਜਨ ਮਹੀਨਾ ਮਨਾ ਰਿਹਾ ਹੈ। ਇਹ ਮਹੀਨਾ ਦੋ ਪੜਾਵਾਂ ਵਿੱਚ ਮਨਾਇਆ ਜਾਵੇਗਾ, ਪਹਿਲੇ ਪੜਾਅ ਵਿੱਚ 10 ਜੁਲਾਈ ਤੱਕ ਸਾਰੇ ਸਿਹਤ ਸੈਂਟਰਾਂ 'ਤੇ ਜਾਗਰੂਕਤਾ ਕੈਂਪ ਲਗਾ ਕੇ ਲੋਕਾਂ ਨੂੰ ਪਰਿਵਾਰ ਨਿਯੋਜਨ ਦੇ ਤਰੀਕੇ, ਵਿਆਹ ਦੀ ਸਹੀ ਉਮਰ, ਪਰਿਵਾਰ ਨਿਯੋਜਨ ਵਿੱਚ ਮਰਦਾਂ ਦੀ ਭਾਗੀਦਾਰੀ, ਪਰਿਵਾਰ ਨਿਯੋਜਨ ਦੇ ਤਰੀਕੇ, ਛੋਟਾ ਪਰਿਵਾਰ ਸੁਖੀ ਪਰਿਵਾਰ ਦੇ ਫਾਇਦੇ ਆਦਿ ਵਿਸ਼ਿਆਂ ਨੂੰ ਕਵਰ ਕੀਤਾ ਜਾਵੇਗਾ ਤੇ ਦੂਜੇ ਪੜਾਅ ਵਿੱਚ 11 ਜੁਲਾਈ ਤੋਂ 24 ਜੁਲਾਈ ਤੱਕ ਨਸਬੰਦੀ ਤੇ ਨਲਬੰਦੀ ਅਪ੍ਰੇਸ਼ਨ ਸਬੰਧੀ ਵਿਸ਼ੇਸ਼ ਕੈਂਪ ਲਗਾਏ ਜਾਣਗੇ, ਜੋ ਬਿਲਕੁਲ ਮੁਫ਼ਤ ਲਗਾਏ ਜਾਣਗੇ। ਇਸ ਸਮੇਂ ਮਨਮੋਹਣ ਸਿੰਘ ਸੁਪਰਵਾਇਜ਼ਰ ਨੇ ਨਸਬੰਦੀ ਤੇ ਨਲਬੰਦੀ ਬਾਰੇ ਸੰਖੇਪ 'ਚ ਜਾਣਕਾਰੀ ਦਿੱਤੀ। ਇਸ ਮੌਕੇ ਡਾਕਟਰ ਅਰਸ਼ਦੀਪ ਵਿਰਕ, ਸਤਵੰਤ ਸਿੰਘ, ਜਰਨੈਲ ਸਿੰਘ, ਕਿਰਨ ਬਾਲਾ, ਗੁਰਪ੍ਰੀਤ ਕੌਰ, ਹਰਪ੍ਰੀਤ ਕੌਰ, ਜਗਦੀਪ ਸਿੰਘ ਤੇ ਲੋਕ ਮੌਜੂਦ ਸਨ।

### ਪੁਲਸ ਨੇ ਟ੍ਰੈਫਿਕ ਦੇ ਰੂਟਾਂ 'ਚ ਕੀਤੀ ਤਬਦੀਲੀ

ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ) -ਹੜ੍ਹ ਦੇ ਪਾਣੀ ਕਾਰਨ ਪ੍ਰਭਾਵਿਤ ਹੋਈਆਂ ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਦੀਆਂ ਸੜਕਾਂ ਦੇ ਮੱਦੇਨਜ਼ਰ ਜ਼ਿਲ੍ਹਾ ਪੁਲਸ ਵੱਲੋਂ ਟ੍ਰੈਫਿਕ ਦੇ ਰੂਟਾਂ 'ਚ ਤਬਦੀਲੀ ਕਰਦੇ ਹੋਏ ਵਾਹਨ ਚਾਲਕਾਂ ਨੂੰ ਸਹਿਯੋਗ ਦੇਣ ਦੀ ਅਪੀਲ ਕੀਤੀ ਗਈ ਹੈ। ਜਾਰੀ ਕੀਤੇ ਗਏ ਰੂਟ ਪਲੈਨ ਮੁਤਾਬਿਕ ਪਟਿਆਲਾ ਤੋਂ ਮੋਰਿੰਡਾ ਰੋਪੜ ਵੱਲ ਜਾਣ ਵਾਲੇ ਵਾਹਨਾਂ ਨੂੰ ਵਾਇਆ ਮੰਡੀ ਗੋਬਿੰਦਗੜ੍ਹ-ਖੰਨਾ-ਸੰਘੋਲ ਵੱਲ,ਰੋਪੜ ਤੋਂ ਪਟਿਆਲਾ ਵੱਲ ਜਾਣ ਵਾਲੇ ਵਾਹਨਾਂ ਨੂੰ ਵਾਇਆ ਸੰਘੋਲ-ਖੰਨਾ-ਮੰਡੀ ਗੋਬਿੰਦਗੜ੍ਹ ਵੱਲ ਫਤਹਿਗੜ੍ਹ ਸਾਹਿਬ ਤੋਂ ਚੰਡੀਗੜ੍ਹ ਵੱਲ ਜਾਣ ਵਾਲੇ ਵਾਹਨਾਂ ਨੂੰ ਵਾਇਆ ਰਾਜਪੁਰ-ਬਨੂੜ-ਲਾਂਡਰਾਂ ਵੱਲ ਦੀ ਡਾਈਵਰਟ ਕੀਤਾ ਗਿਆ ਹੈ।

### ਲਾਇਨਜ਼ ਕਲੱਬ ਗੋਲਡ ਸਮਾਨਾ ਨੇ ਹੜ੍ਹ ਪੀੜਤਾਂ ਲਈ ਰਾਹਤ ਸਮਗਰੀ ਭੇਜੀ

ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ) ਲਾਇਨਜ਼ ਕਲੱਬ ਗੋਲਡ ਵੱਲੋਂ ਹੜ੍ਹ ਪੀੜਤਾਂ ਲਈ ਰਾਹਤ ਸਮੱਗਰੀ ਇਕੱਤਰ ਕਰਕੇ ਕੈਬਨਿਟ ਮੰਤਰੀ ਚੇਤਨ ਸਿੰਘ ਜੋੜੇਮਾਜਰਾ ਰਾਹੀਂ ਹੜ੍ਹ ਪੀੜਤਾਂ ਤੱਕ ਪਹੁੰਚਾਈ। ਇਸ ਮੌਕੇ ਜੇ ਪੀ ਗਰਗ ਡਾਕਟਰ ਮਦਨ ਮਿੱਤਲ, ਤਹਿਸੀਲਦਾਰ ਲਾਰਸਨ ਸਿੰਗਲਾ ਅਤੇ ਲਾਈਨ ਕਲੱਬ ਗੋਲਡ ਦੀ ਪੂਰੀ ਟੀਮ ਹਾੜ੍ਹ ਪੀੜਤਾਂ ਦੀ ਮਦਦ 'ਚ ਲੱਗੀ ਹੋਈ ਹੈ। ਇਸ ਮੌਕੇ ਜੇ ਪੀ ਗਰਗ ਨੇ ਕਿਹਾ ਕਿ ਜਿਸ ਕੰਮ ਲਈ ਕਲੱਬ ਬਣਾਏ ਜਾਂਦੇ ਹਨ ਉਨ੍ਹਾਂ ਕੰਮਾਂ ਨੂੰ ਲਾਇਨਜ਼ ਕਲੱਬ ਗੋਲਡ ਬਾਖੂਬੀ ਨਾਲ ਨਿਭਾ ਰਿਹਾ ਹੈ। ਉਹਨਾਂ ਦੂਜੇ ਕਲੱਬਾਂ ਅਤੇ ਹੋਰ ਸੰਸਥਾਵਾਂ ਨੂੰ ਵੀ ਬੇਨਤੀ ਕੀਤੀ ਕਿ ਆਓ ਰਲ ਕੇ ਹਰ ਪੀੜਤਾਂ ਦੀ ਮਦਦ ਲਈ ਅੱਗੇ ਆਈਏ ਤਾਂ ਜੋ ਲੋਕਾਂ ਦੇ ਦਰਦ ਨੂੰ ਘੱਟ ਕਰ ਸਕੀਏ। ਰਾ-ਬਨੂੜ-ਲਾਂਡਰਾਂ ਵੱਲ ਦੀ ਡਾਈਵਰਟ ਕੀਤਾ ਗਿਆ ਹੈ।

### ਐੱਸ ਡੀ ਐੱਮ ਨੇ ਬਚਾਈ ਹੜ੍ਹ 'ਚ ਫਸੇ ਵਿਅਕਤੀ ਦੀ ਜਾਨ

ਫ਼ਤਹਿਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ) ਇੱਕ ਪਾਸੇ ਜਿਥੇ ਹੜ੍ਹਾਂ ਕਾਰਨ ਲੋਕਾਂ ਦਾ ਮਾਲੀ ਨੁਕਸਾਨ ਹੋਇਆ ਹੈ ਉਥੇ ਹੀ ਖਮਾਣੋਂ ਦੇ ਐਸ ਡੀ ਐਮ ਡਾ: ਸੰਜੀਵ ਕੁਮਾਰ ਨੇ ਪਾਣੀ 'ਚ ਫਸੇ ਇੱਕ ਵਿਅਕਤੀ ਦੀ ਜਾਨ ਬਚਾ ਕੇ ਮਿਸਾਲ ਪੇਸ਼ ਕੀਤੀ ਹੈ। ਜਾਣਕਾਰੀ ਅਨੁਸਾਰ ਗੁਰਦੁਆਰਾ ਬੀਬਾਨਗੜ੍ਹ ਨੇ ਹੜ੍ਹ ਦਾ ਪਾਣੀ ਚੜਿਆ ਹੋਇਆ ਸੀ ਅਤੇ ਇੱਕ ਵਿਅਕਤੀ ਇਸ ਪਾਣੀ 'ਚ ਫਸ ਗਿਆ ਪਾਣੀ ਦਾ ਬਹਾਅ ਏਨਾ ਤੇਜ ਸੀ ਕਿ ਇਸ ਵਿੱਚ ਖੜ੍ਹਾ ਹੋਣਾ ਵੀ ਬਹੁਤ ਮੁਸ਼ਕਲ ਸੀ।ਐਸ ਡੀ ਐਮ ਖਮਾਣੋਂ ਡਾ. ਸੰਜੀਵ ਕੁਮਾਰ ਆਪਣੀ ਜਾਨ ਦੀ ਪ੍ਰਵਾਹ ਨਾ ਕਰਦੇ ਹੋਏ ਪਾਣੀ 'ਚ ਕੁੱਦ ਪਏ ਅਤੇ ਪਾਣੀ ਵਿੱਚ ਤੈਰਦੇ ਹੋਏ ਉਸ ਵਿਅਕਤੀ ਕੋਲ ਪਹੁੰਚ ਕੇ ਉਸ ਨੂੰ ਪਾਣੀ ਵਿੱਚੋਂ ਬਾਹਰ ਕੱਢ ਲਿਆਏ। ਡਾ: ਸੰਜੀਵ ਕੁਮਾਰ ਪਹਿਲਾਂ ਤਾਂ ਆਪ ਖੁਦ ਪਾਣੀ ਵਿੱਚ ਤੈਰ ਕੇ ਲੰਮਾਂ ਪੈਂਡਾ ਤੈਅ ਕੀਤਾ ਅਤੇ ਇਸ ਉਪਰੰਤ ਉਸ ਵਿਅਕਤੀ ਨੂੰ ਨਾਲ ਲੈ ਕੇ ਬਾਹਰ ਆਏ। ਇਲਾਕੇ ਦੇ ਲੋਕ ਡਾ: ਸੰਜੀਵ ਕੁਮਾਰ ਦੀ ਇਸ ਬਹਾਦਰੀ ਦੀ ਕਾਫੀ ਸ਼ਲਾਘਾ ਕਰ ਰਹੇ ਹਨ। ਇਸ ਬਾਰੇ ਜਦੋਂ ਡਾ: ਸੰਜੀਵ ਕੁਮਾਰ ਨਾਲ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਕਿ ਸਾਡੇ ਧਾਰਮਿਕ ਗ੍ਰੰਥਾਂ ਵਿੱਚ ਦੂਸਰਿਆਂ ਦੀ ਮਦਦ ਕਰਨ ਨੂੰ ਉਚਤਮ ਦਰਜ਼ਾ ਦਿੱਤਾ ਗਿਆ ਹੈ ਅਤੇ ਮਾਨਵਤਾ ਦੀ ਸੇਵਾ ਹੀ ਸਭ ਤੋਂ ਉੱਤਮ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸ਼ਨ ਹੜ੍ਹ ਪ੍ਰਭਾਵਿਤ ਲੋਕਾਂ ਦੀ ਹਰੇਕ ਤਰ੍ਹਾਂ ਦੀ ਸਹਾਇਤਾ ਕਰਨ ਲਈ ਵਚਨਬੱਧ ਹੈ ਅਤੇ ਉਨ੍ਹਾਂ ਅਜਿਹਾ ਕਰਕੇ ਆਪਣੀ ਡਿਊਟੀ ਹੀ ਨਿਭਾਈ ਹੈ।

## ਝੋਰੜ ਵਿਖੇ ਲਗਾਇਆ ਸੁਵਿਧਾ ਕੈਂਪ



ਮਲੋਟ, (ਗੁਰਮੀਤ ਸਿੰਘ ਮੱਕੜ):-ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਰਕਾਰ ਤੁਹਾਡੇ ਦੁਆਰ ਤਹਿਤ ਜ਼ਿਲ੍ਹੇ ਦੇ ਪੇਂਡੂ ਏਰੀਏ ਵਿਚ ਰਹਿਣ ਵਾਲੇ ਲੋਕਾਂ ਦੀਆਂ ਮੁਸ਼ਕਲਾਂ ਦਾ ਜਲਦੀ ਨਿਪਟਾਰਾ ਕਰਨ ਲਈ ਡਾ. ਰੂਹੀ ਦੁੱਗ ਡਿਪਟੀ ਕਮਿਸ਼ਨਰ ਸ੍ਰੀ ਮੁਕਤਸਰ ਸਾਹਿਬ ਨੇ ਮਲੋਟ ਦੇ ਪਿੰਡ ਝੋਰੜ ਅਤੇ ਨੇੜਲੇ ਪਿੰਡਾਂ ਦੇ ਵਸਨੀਕਾਂ ਲਈ ਲੋਕ ਭਲਾਈ ਸਕੀਮਾਂ ਨੂੰ ਪਿੰਡ ਪੱਧਰ 'ਤੇ ਲਾਗੂ ਕਰਨ ਲਈ ਸੁਵਿਧਾ ਕੈਂਪ ਲਗਾਇਆ ਗਿਆ । ਇਸ ਸੁਵਿਧਾ ਕੈਂਪ ਵਿਚ ਡਿਪਟੀ ਕਮਿਸ਼ਨਰ ਨੇ ਪਿੰਡ ਦੇ ਵਸਨੀਕਾਂ ਦੀਆਂ ਬਿਜਲੀ, ਪਾਣੀ, ਪੈਨਸ਼ਨਾਂ, ਡਾਕਟਰੀ ਸਹੂਲਤਾਂ, ਅਯੂਸ਼ਮਾਨ ਬੀਮਾ ਯੋਜਨਾ, ਲਾਭਪਾਤਰੀ ਨਾਲ ਸੰਬੰਧਤ ਮੁਸ਼ਕਲਾਂ ਨੂੰ ਸੁਣਿਆ ਅਤੇ ਸੰਬੰਧਤ ਵਿਭਾਗਾਂ ਨੂੰ ਇਹਨਾਂ ਸਮੱਸਿਆਵਾਂ ਦਾ ਜਲਦੀ ਨਿਪਟਾਰਾ ਕਰਨ ਲਈ ਹੁਕਮ ਦਿੱਤੇ। ਉਨ੍ਹਾਂ ਆਪਣੇ ਇਸ ਦੌਰੇ ਦੌਰਾਨ ਇਹ ਵੀ ਐਲਾਨ ਕੀਤਾ ਕਿ ਜਿਸ ਸਮੱਸਿਆ ਦੇ ਹੱਲ ਲਈ ਉਹਨਾਂ ਨੂੰ ਅਰਜ਼ੀ ਦਿੱਤੀ ਗਈ ਹੈ, ਇਸ ਅਰਜ਼ੀ 'ਤੇ ਕੀਤੀ ਗਈ ਕਾਰਵਾਈ ਸੰਬੰਧਤ ਵਿਭਾਗ ਅਤੇ ਦਫਤਰ ਡਿਪਟੀ ਕਮਿਸ਼ਨਰ ਵੱਲੋਂ ਸੂਚਿਤ ਕਰ ਦਿੱਤਾ ਜਾਵੇਗਾ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਲੋਕ ਭਲਾਈ ਸਕੀਮਾਂ ਨੂੰ ਸੁਚਾਰੂ ਢੰਗ ਨਾਲ ਲਾਗੂ ਕਰਨ ਦੇ ਮੰਤਵ ਨਾਲ ਸ੍ਰੀ ਮੁਕਤਸਰ ਸਾਹਿਬ, ਮਲੋਟ ਅਤੇ ਗਿੱਦੜਬਾਹਾ ਦੇ ਪਿੰਡਾਂ 10 ਜੁਲਾਈ ਤੋਂ 31 ਜੁਲਾਈ ਤੱਕ ਤਿਆਰ ਕੀਤੇ ਸ਼ਡਿਊਲ ਅਨੁਸਾਰ ਬਾਅਦ ਦੁਪਹਿਰ 1 ਵਜੇ ਤੋਂ 2 ਵਜੇ ਤੱਕ ਦੌਰੇ ਕਰਨ ਸੰਬੰਧੀ ਪ੍ਰੋਗਰਾਮ ਉਲੀਕਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸ ਸ਼ਡਿਊਲ ਅਨੁਸਾਰ ਅਫਸਰ ਸਹਿਬਾਨ ਵੱਲੋਂ ਖੁਦ ਮੌਕੇ 'ਤੇ ਪਿੰਡ ਦੇ ਲੋਕਾਂ ਦੀਆਂ ਸ਼ਿਕਾਇਤਾਂ ਸੁਣਨ ਉਪਰੰਤ ਜਲਦ ਤੋਂ ਜਲਦ ਹੱਲ ਕਰਵਾਉਣ ਦੇ ਪਾਬੰਦ ਹੋਣਗੇ। ਉਹਨਾਂ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਸ਼ਡਿਊਲ ਅਨੁਸਾਰ ਹੁਣ ਉਹ 19 ਜੁਲਾਈ ਨੂੰ ਮਲੋਟ ਦੇ ਪਿੰਡ ਸ਼ਾਮਕੋਟ ਅਤੇ ਨੇੜਲੇ ਪਿੰਡ ਢਾਣੀ ਬਰਕੀ ਅਤੇ ਢਾਣੀ ਕੁੰਦਨ ਸਿੰਘ ਵਿਖੇ ਵੀ ਲੋਕਾਂ ਨਾਲ ਮੁਲਾਕਾਤ ਕਰਕੇ ਉਹਨਾਂ ਦੀਆਂ ਮੁਸ਼ਕਲਾਂ ਦਾ ਨਿਪਟਾਰਾ ਕਰਨਗੇ। ਇਸੇ ਤਰ੍ਹਾਂ 26 ਜੁਲਾਈ ਨੂੰ ਗਿੱਦੜਬਾਹਾ ਦੇ ਪਿੰਡ ਬੁੱਟਰ ਬਖੂਹਾ ਅਤੇ ਨੇੜਲੇ ਪਿੰਡ ਬਬਾਣੀਆਂ, ਮਧੀਰ ਦੇ ਲੋਕਾਂ ਦੀਆਂ ਸਮੱਸਿਆਵਾਂ ਸੁਣਨਗੇ। ਇਸ ਸੁਵਿਧਾ ਕੈਂਪ ਵਿਚ ਜਸਵੰਤ ਸਿੰਘ ਬੀ.ਡੀ.ਪੀ.ਓ, ਰਾਜਾ ਸਿੰਘ ਪੰਚਾਇਤ ਸੈਕਟਰੀ ਅਤੇ ਪਿੰਡ ਦੇ ਮੋਹਤਬਰ ਵਿਅਕਤੀ ਮੌਜੂਦ ਸਨ ।

## ਸਿਹਤ ਵਿਭਾਗ ਵੱਲੋਂ ਹੜ੍ਹ ਪ੍ਰਬੰਧਾਂ ਸੰਬੰਧੀ ਸਿਹਤ ਟੀਮਾਂ ਤਾਇਨਾਤ : ਸਿਵਲ ਸਰਜਨ



ਫਾਜ਼ਿਲਕਾ (ਨਿਸ਼ਾ ਸ਼ਰਮਾ) ਜਿਲ੍ਹਾ ਪ੍ਰਸ਼ਾਸਨ ਅਤੇ ਸਿਹਤ ਵਿਭਾਗ ਦੁਆਰਾ ਹੜ੍ਹ ਪ੍ਰਭਾਵਿਤ ਇਲਾਕਿਆਂ ਵਿਚ ਲਗਾਤਾਰ ਨਿਗਾਹ ਰੱਖੀ ਜਾ ਰਹੀ ਹੈ ਅਤੇ ਸਿਹਤ ਟੀਮਾਂ ਤੈਨਾਤ ਕੀਤੀ ਗਈ ਹੈ। ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ ਅਨੁਸਾਰ ਸਿਹਤ ਵਿਭਾਗ ਪੰਜਾਬ ਹਰ ਇੱਕ ਸਿਹਤ ਐਮਰਜੰਸੀ ਨਾਲ ਨਜਿੱਠਣ ਲਈ ਤਿਆਰ ਬਰ ਤਿਆਰ ਹੈ। ਇਸ ਸੰਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਡਾ. ਸਤੀਸ਼ ਗੋਇਲ ਸਿਵਲ ਸਰਜਨ ਫਾਜ਼ਿਲਕਾ ਨੇ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਸਾਰੇ ਜਿਲ੍ਹੇ ਵਿੱਚ 5 ਰੈਪਿਡ ਰਿਸਪੌਂਸ ਸਿਹਤ ਟੀਮਾਂ ਦਾ ਗਠਨ ਕੀਤਾ ਗਿਆ ਹੈ ਤਾਂ ਜੋ ਕਿਸੇ ਵੀ ਤਰ੍ਹਾਂ ਦੀ ਸਿਹਤ ਸਹੂਲਤਾਂ ਸੰਬੰਧੀ ਕਿਸੇ ਤਰ੍ਹਾਂ ਦੀ ਕੋਈ ਕਮੀ ਨਾ ਆਵੇ। ਇਸ ਦੇ ਨਾਲ ਪਿੰਡ ਮਹਾਤਮ ਨਗਰ ਪਿੰਡ ਦੇ ਸਕੂਲ ਵਿਖੇ ਪ੍ਰਸ਼ਾਸਨ ਵੱਲੋਂ ਬਣਾਏ ਗਏ ਕੰਟਰੋਲ ਰੂਮ ਵਿਖੇ ਸਿਹਤ ਵਿਭਾਗ ਵੱਲੋਂ 24ਘੰਟੇ ਐਂਬੂਲੈਂਸ ਸਮੇਤ ਟੀਮ ਲਗਾਈ ਗਈ ਹੈ। ਸਿਵਲ ਸਰਜਨ ਨੇ ਕਿਹਾ ਕਿ ਮੀਂਹ ਦੇ ਮੌਸਮ ਵਿੱਚ ਆਪਣੇ ਖਾਣ ਪੀਣ ਦਾ ਖਾਸ ਖਿਆਲ ਰੱਖਿਆ ਜਾਵੇ, ਸ਼ੁੱਧ ਪਾਣੀ ਉਬਲਿਆ ਹੋਇਆ ਪੀਤਾ ਜਾਵੇ , ਹੱਥਾਂ ਦੀ ਸਾਫ ਸਫਾਈ ਆਦਿ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਵੇ। ਜੇਕਰ ਕਿਸੇ ਨੂੰ ਕੋਈ ਸਮੱਸਿਆ ਆਉਂਦੀ ਹੈ ਤਾਂ ਤੁਰੰਤ ਨੇੜੇ ਦੇ ਸਰਕਾਰੀ ਸਿਹਤ ਕੇਂਦਰ ਨਾਲ ਸੰਪਰਕ ਕੀਤਾ ਜਾਵੇ।

ਡਾ. ਗੋਇਲ ਨੇ ਦੱਸਿਆ ਕਿ ਸਿਹਤ ਵਿਭਾਗ ਕੋਲ ਹੜ੍ਹਾਂ ਸਬੰਧੀ ਕਿਸੇ ਤਰ੍ਹਾਂ ਦੀ ਸਮੱਸਿਆ ਨਾਲ ਨਜਿੱਠਣ ਲਈ ਦਵਾਈ ਦਾ ਪੂਰਾ ਸਟਾਕ ਹੈ ਅਤੇ ਇਸ ਸੰਬੰਧੀ ਜਿਲ੍ਹੇ ਦੇ ਸਾਰੇ ਸਿਹਤ ਸਟਾਫ ਨੂੰ ਛੁੱਟੀ ਨਾ ਦੇਣ ਸੰਬੰਧੀ, ਆਪੋ ਆਪਣਾ ਹੈੱਡ ਕੁਆਰਟਰ ਮੈਨਟੇਨ ਕਰਨ ਅਤੇ ਬੈਂਡਾਂ ਦੀ ਉਪਲੱਬਧਤਾ ਯਕੀਨੀ ਬਣਾਏ ਜਾਣ ਸਬੰਧੀ ਹਦਾਇਤ ਜਾਰੀ ਕੀਤੀ ਜਾ ਚੁੱਕੀ ਹੈ। ਇਸ ਦੇ ਨਾਲ ਲੋਕਾ ਨੂੰ ਸਿਹਤ ਵਿਭਾਗ ਦੇ ਕਰਮਚਾਰੀਆ ਵਲੋ ਬਰਸਾਤੀ ਮੌਸਮ ਵਿਚ ਹੋਣ ਵਾਲੀਆਂ ਬਿਮਾਰੀਆ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ।

ਸਿਵਲ ਸਰਜਨ ਡਾਕਟਰ ਸਤੀਸ਼ ਗੋਇਲ ਨੇ ਦੱਸਿਆ ਕਿ ਜਿਨਾ ਗਭਰਵਤੀ ਔਰਤਾਂ ਦੀ ਡਿਲੀਵਰੀ ਹੋਣ ਵਾਲੀ ਹੈ ਉਹਨਾ ਦੀ ਲਿਸਟ ਆਸਾ ਵਰਕਰ ਅਤੇ ਏ ਐਨ ਐਮ ਵੱਲੋਂ ਤਿਆਰ ਕੀਤੀ ਗਈ ਹੈ ਅਤੇ ਸਟਾਫ ਲਗਾਤਾਰ ਉਹਨਾ ਦੇ ਸੰਪਰਕ ਵਿਚ ਹੈ । ਇਸ ਦੇ ਨਾਲ ਦਰਿਆ ਪਾਰ ਵਾਲੇ ਪਿੰਡਾ ਲਈ ਮਹਾਤਮ ਨਗਰ ਪਿੰਡ ਵਿਖੇ 24 ਘੰਟੇ ਐਂਬੂਲੈਂਸ ਡਰਾਈਵਰ ਸਮੇਤ ਡਿਊਟੀ ਲਗਾਈ ਗਈ ਹੈ ਤਾਕਿ ਗਰਭਵਤੀ ਔਰਤ ਨੂੰ ਐਮਰਜੈਂਸੀ ਹਾਲਤ ਵਿੱਚ ਜਰੂਰਤ ਪੈਣ ਤੇ ਸਰਕਾਰੀ ਹਸਪਤਾਲ ਸ਼ਿਫਟ ਕੀਤਾ ਜਾ ਸਕੇ। ਬਲਾਕ ਡੱਬਵਾਲਾ ਕਲਾ ਦੇ ਸੀਨੀਅਰ ਮੈਡੀਕਲ ਅਫਸਰ ਡਾਕਟਰ ਕਵਿਤਾ ਸਿੰਘ ਨੇ ਦੱਸਿਆ ਕਿ ਗਰਭਵਤੀ ਔਰਤਾਂ ਨੂੰ ਆਸ਼ਾ ਅਤੇ ਏ ਐਨ ਐਮ ਦਾ ਸਟਾਫ ਦਾ ਸੰਪਰਕ ਨੰਬਰ ਵੀ ਦਿੱਤਾ ਜਾ ਰਿਹਾ ਹੈ ਤਾਂ ਕਿ ਮੁਸ਼ਕਲ 'ਚ ਉਨ੍ਹਾਂ ਦੀ ਮਦਦ ਕੀਤੀ ਜਾ ਸਕੇ।

## ਸੜਕ ਪਾਰ ਕਰਦੇ ਸਮੇਂ ਪਾਣੀ ਦੇ ਤੇਜ਼ ਵਹਾਅ 'ਚ ਰੁੜ੍ਹਿਆ ਨਬਾਲਗ

ਮਾਛੀਵਾੜਾ ਸਾਹਿਬ, (ਸ਼ੈਂਕੀ ਸ਼ਰਮਾ,ਜਗਦੀਸ਼ ਰਾਏ) - ਨੇੜਲੇ ਪਿੰਡ ਮਾਣੇਵਾਲ ਵਿਖੇ ਬੁੱਢੇ ਦਰਿਆ ਦੇ ਓਵਰ ਫਲੋਅ ਹੋਣ ਕਾਰਨ ਪਾਣੀ ਨਾਲ ਭਰੀ ਸੜਕ ਨੂੰ ਪਾਰ ਕਰਦੇ ਸਮੇਂ ਤੇਜ਼ ਵਹਾਅ ਵਿਚ ਨਬਾਲਗ ਲੜਕਾ ਸੁਖਪ੍ਰੀਤ ਸੋਖੀ (16) ਰੁੜ੍ਹ ਗਿਆ ਜਿਸ ਦਾ ਕੋਈ ਵੀ ਪਤਾ ਨਾ ਲੱਗਾ। ਬੇਟ ਖੇਤਰ ਦੇ ਪਿੰਡ ਚੱਕੀ ਦਾ ਇਹ ਲੜਕਾ ਅੱਜ ਸਵੇਰੇ ਘਰੋਂ ਮੋਟਰਸਾਈਕਲ ਲੈ ਕੇ ਪਹਿਲਾਂ ਨੌਵੀਂ ਦਾ ਪੇਪਰ ਦੇਣ ਲਈ ਸਮਰਾਲਾ ਵਿਖੇ ਗਿਆ ਅਤੇ ਪ੍ਰੀਖਿਆ ਮੁਲਤਵੀ ਹੋਣ ਕਾਰਨ ਉਹ ਘਰ ਪਰਤ ਆਇਆ। ਉਹ ਘਰੋਂ ਮੋਟਰਸਾਈਕਲ ਲੈ ਕੇ ਫਿਰ ਚਲਾ ਗਿਆ ਅਤੇ ਜਦੋਂ ਉਹ ਹਿਯਾਤਪੁਰ ਵੱਲੋਂ ਪਿੰਡ ਮਾਣੇਵਾਲ ਦਾ ਬੁੱਢਾ ਦਰਿਆ ਦੇ ਪੁਲੀ ਪਾਰ ਕਰਨ ਲੱਗਾ ਤਾਂ ਉਸ ਨੇ ਦੇਖਿਆ ਕਿ ਸੜਕ 'ਤੇ ਪਾਣੀ ਦਾ ਤੇਜ਼ ਵਹਾਅ ਹੈ ਜਿਸ ਕਾਰਨ ਉਸ ਨੇ ਆਪਣਾ ਮੋਟਰਸਾਈਕਲ ਸਾਈਡ 'ਤੇ ਖੜ੍ਹਾ ਕਰ ਦਿੱਤਾ। ਉੱਥੇ ਖੜ੍ਹੇ ਕੁਝ ਪਿੰਡ ਵਾਸੀਆਂ ਨੇ ਦੱਸਿਆ ਕਿ ਇਹ ਲੜਕਾ ਪੈਦਲ ਹੀ ਪਾਣੀ ਦੇ ਤੇਜ਼ ਵਹਾਅ ਵਾਲੀ ਸੜਕ ਤੋਂ ਲੰਘ ਕੇ ਦੇਖ ਰਿਹਾ ਸੀ ਕਿ ਉਹ ਇੱਥੋਂ ਮੋਟਰਸਾਈਕਲ 'ਤੇ ਲੰਘ ਜਾਵੇਗਾ ਤਾਂ ਅਚਾਨਕ ਉਸ ਦਾ ਪੈਰ ਫਿਸਲ ਗਿਆ ਜੋ ਨਾਲ ਗਦੇ ਡੂੰਘੇ ਖੇਤਾਂ ਵਿਚ ਜਾ ਗਿਰਿਆ। ਦੇਖਣ ਵਾਲਿਆਂ ਅਨੁਸਾਰ ਉਹ ਕੁਝ ਹੀ ਮਿੰਟਾਂ 'ਚ ਪਾਣੀ ਦੇ ਤੇਜ਼ ਵਹਾਅ ਵਿਚ ਰੁੜ੍ਹ ਗਿਆ ਜਿਸ ਦਾ ਕੋਈ ਪਤਾ ਨਾ ਲੱਗ ਸਕਿਆ। ਰੁੜ੍ਹਨ ਵਾਲੇ ਲੜਕੇ ਦੀ ਪਹਿਚਾਣ ਸੁਖਪ੍ਰੀਤ ਸੋਖੀ ਵਜੋਂ ਹੋਈ ਅਤੇ ਮੌਕੇ 'ਤੇ ਪ੍ਰਸ਼ਾਸਨਿਕ ਅਧਿਕਾਰੀ ਐੱਸ ਡੀ ਐੱਮ ਕੁਲਦੀਪ ਬਾਵਾ, ਡੀ ਐੱਸ ਪੀ ਵਰਿਆਮ ਸਿੰਘ ਅਤੇ ਸਬ-ਇੰਸਪੈਕਟਰ ਸੰਤੋਖ ਸਿੰਘ ਵੀ ਮੌਕੇ 'ਤੇ ਪੁੱਜ ਗਏ।

ਐੱਸ ਡੀ ਐੱਮ ਨੇ ਦੱਸਿਆ ਕਿ ਪ੍ਰਸ਼ਾਸਨ ਵੱਲੋਂ ਗੋਤਾਖੋਰਾਂ ਨੂੰ ਬੁਲਾਇਆ ਗਿਆ ਹੈ ਅਤੇ ਪਾਣੀ ਵਿਚ ਸੁਖਪ੍ਰੀਤ ਦੀ ਤਲਾਸ਼ ਕੀਤੀ ਜਾਵੇਗੀ। ਜਾਣਕਾਰੀ ਅਨੁਸਾਰ ਪਾਣੀ ਵਿਚ ਰੁੜ੍ਹਿਆ ਨਬਾਲਗ ਲੜਕਾ ਸੁਖਪ੍ਰੀਤ ਸੋਖੀ ਆਪਣੇ ਬਜ਼ੁਰਗ ਦਾਦਾ-ਦਾਦੀ ਦਾ ਇਕਲੌਤਾ ਸਹਾਰਾ ਹੈ ਜੋ ਪੜ੍ਹਾਈ ਦੇ ਨਾਲ-ਨਾਲ ਪ੍ਰਾਈਵੇਟ ਨੌਕਰੀ ਕਰ ਪਰਵਾਰ ਦਾ ਪਾਲਣ-ਪੋਸ਼ਣ ਕਰ ਰਿਹਾ ਹੈ। ਪਿੰਡ ਦੇ ਸਰਪੰਚ ਗੁਰਪ੍ਰੀਤ ਸਿੰਘ ਗੋਪੀ ਨੇ ਦੱਸਿਆ ਕਿ 4 ਮਹੀਨੇ ਪਹਿਲਾਂ ਹੀ ਨਬਾਲਗ ਲੜਕੇ ਸੁਖਪ੍ਰੀਤ ਸੋਖੀ ਦੇ ਪਿਤਾ ਦਾ ਦਿਹਾਂਤ ਹੋ ਚੁੱਕਾ ਹੈ ਅਤੇ ਉਸ ਦੀ ਮਾਤਾ ਆਪਣੀਆਂ 2 ਹੋਰ ਧੀਆਂ ਸਮੇਤ ਅਲੱਗ ਰਹਿੰਦੀ ਹੈ। ਇਕਲੌਤੇ ਪੋਤਰੇ ਦੇ ਪਾਣੀ ਵਿਚ ਰੁੜ੍ਹ ਜਾਣ ਕਾਰਨ ਬਜ਼ੁਰਗ ਦਾਦਾ-ਦਾਦੀ 'ਤੇ ਦੁੱਖਾਂ ਦਾ ਪਹਾੜ ਟੁੱਟ ਗਿਆ ਹੈ।

## ਕਿਸਾਨ ਆਗੂਆਂ ਨੂੰ ਸੰਮਨ ਭੇਜਣ ਦਾ ਭਾਕਿਯੂ ਡਕੌਂਦਾ ਨੇ ਲਿਆ ਨੋਟਿਸ

ਮਹਿਲ ਕਲਾਂ, (ਬਲਵਿੰਦਰ ਵਜੀਦਕੇ,ਪ੍ਰਦੀਪ ਲੋਹਗੜ੍ਹ)-'ਸੰਯੁਕਤ ਕਿਸਾਨ ਮੋਰਚਾ ਦੀ ਅਗਵਾਈ ਵਿੱਚ ਦਿੱਲੀ ਦੇ ਬਾਰਡਰਾਂ 'ਤੇ ਇੱਕ ਸਾਲ ਤੋਂ ਵੱਧ ਸਮਾਂ ਚੱਲੇ ਸੰਘਰਸ਼ ਦੌਰਾਨ ਦਰਜ ਕੀਤੇ ਪੁਲਸ ਕੇਸਾਂ ਵਿੱਚ ਦਿੱਲੀ ਪੁਲਸ ਵੱਲੋਂ ਸੰਮਨ ਭੇਜਣ ਦਾ ਭਾਕਿਯੂ ਏਕਤਾ ਡਕੌਂਦਾ ਨੇ ਗੰਭੀਰ ਨੋਟਿਸ ਲੈਂਦਿਆਂ ਜੋਰਦਾਰ ਨਾਅਰੇਬਾਜੀ ਕਰਕੇ ਤਿੱਖੇ ਸੰਘਰਸ਼ ਦੀ ਚਿਤਾਵਨੀ ਦਿੱਤੀ। ਬਲਾਕ ਪ੍ਰਧਾਨ ਨਾਨਕ ਸਿੰਘ ਅਮਲਾ ਸਿੰਘ ਵਾਲਾ ਨੇ ਦੱਸਿਆ ਕਿ ਦਿੱਲੀ ਪੁਲਸ ਨੇ ਜਥੇਬੰਦੀ ਦੇ ਬਲਾਕ ਮਹਿਲ ਕਲਾਂ ਦੇ ਆਗੂ ਗੁਰਪ੍ਰੀਤ ਸਿੰਘ ਸਹਿਜੜਾ ਸਮੇਤ ਪੰਜ ਹੋਰ ਕਿਸਾਨਾਂ ਨੂੰ ਤੀਸ ਹਜ਼ਾਰੀ ਅਦਾਲਤ 'ਚ ਪੇਸ਼ ਹੋਣ ਲਈ ਸੰਮਨ ਜਾਰੀ ਹੋਣ ਦਾ ਪਤਾ ਲੱਗਣ ਤੇ ਬਲਾਕ ਮਹਿਲ ਕਲਾਂ ਦੀ ਸਮੁੱਚੀ ਟੀਮ ਨੇ ਸਹਿਜੜਾ ਪਹੁੰਚ ਕੇ ਕੇਂਦਰ ਦੀ ਮੋਦੀ ਸਰਕਾਰ ਖਿਲਾਫ ਜ਼ੋਰਦਾਰ ਨਾਅਰੇਬਾਜੀ ਕੀਤੀ। ਸੀਨੀਅਰ ਆਗੂਆਂ ਜਗਰਾਜ ਸਿੰਘ ਹਰਦਾਸਪੁਰਾ, ਗੁਰਦੇਵ ਸਿੰਘ ਮਾਂਗੇਵਾਲ ਅਤੇ ਅਮਰਜੀਤ ਸਿੰਘ ਠੁੱਲੀਵਾਲ ਨੇ ਕਿਹਾ ਕਿ 9 ਦਸੰਬਰ 2021 ਕਿਸਾਨ ਮੋਰਚਾ ਸਮਾਪਤੀ ਸਮੇਂ ਕੇਂਦਰ ਸਰਕਾਰ ਨੇ ਕਿਸਾਨ ਅੰਦੋਲਨ ਦੌਰਾਨ ਦਰਜ ਕੀਤੇ ਸਾਰੇ ਪੁਲਿਸ ਕੇਸ ਵਾਪਸ ਲੈਣ ਦਾ ਵਾਅਦਾ ਕੀਤਾ ਸੀ। ਪਰ ਐਮ ਐਸ ਪੀ ਦੇ ਵਾਅਦੇ ਵਾਂਗ ਇਸ ਵਾਅਦੇ ਤੋਂ ਵੀ ਸਰਕਾਰ ਭੱਜ ਗਈ ਹੈ,ਅਤੇ ਕਿਸਾਨ ਆਗੂਆਂ ਦੇ ਘਰਾਂ ਵਿੱਚ ਸੰਮਨ ਭੇਜਣੇ ਸ਼ੁਰੂ ਕਰ ਦਿੱਤੇ ਹਨ। ਆਗੂਆਂ ਕਿਹਾ ਕਿ ਕੇਂਦਰੀ ਹਕੂਮਤ ਦੀ ਇਸ ਕਾਰਵਾਈ ਨੂੰ ਕਦਾਚਿਤ ਬਰਦਾਸ਼ਤ ਨਹੀਂ ਕੀਤਾ ਜਾਵੇਗਾ, ਸਗੋਂ ਸੰਯੁਕਤ ਕਿਸਾਨ ਮੋਰਚਾ ਇਸ ਦਾ ਸਖਤ ਨੋਟਿਸ ਲੈਕੇ ਅਗਲੇ ਸੰਘਰਸ ਦਾ ਐਲਾਨ ਕਰੇਗਾ।

## ਹੜ੍ਹ ਪ੍ਰਭਾਵਿਤ ਲੋਕਾਂ ਦੀ ਹਰ ਸੰਭਵ ਮਦਦ ਕਰੇਗਾ ਭਾਰਤੀਯ ਅੰਬੇਡਕਰ ਮਿਸ਼ਨ : ਕਾਂਗੜਾ



ਸੰਗਰੂਰ (ਪ੍ਰਵੀਨ ਸਿੰਘ)-ਪੰਜਾਬ ਵਿੱਚ ਆਏ ਭਾਰੀ ਹੜ੍ਹਾਂ ਕਾਰਨ ਸੂਬੇ ਦੀ ਵਿਗੜੀ ਸਥਿਤੀ ਦੇ ਚਲਦਿਆਂ ਦੇਸ਼ ਦੀ ਸਰਗਰਮ ਤੇ ਪ੍ਰਸਿੱਧ ਸਮਾਜਿਕ ਜਥੇਬੰਦੀ ਭਾਰਤੀਯ ਅੰਬੇਡਕਰ ਮਿਸ਼ਨ ਵੀ ਸਰਗਰਮ ਹੋ ਗਈ ਹੈ, ਜਿਸ ਸਬੰਧੀ ਮਿਸ਼ਨ ਦੇ ਕੌਮੀ ਪ੍ਰਧਾਨ ਸ੍ਰੀ ਦਰਸ਼ਨ ਸਿੰਘ ਕਾਂਗੜਾ ਵੱਲੋਂ ਪਿਛਲੇ ਕਈ ਦਿਨਾਂ ਤੋਂ ਪੰਜਾਬ ਵਿੱਚ ਭਾਰੀ ਮੀਂਹ ਕਾਰਨ ਆਈ ਹੜ੍ਹਾਂ ਦੀ ਸਥਿਤੀ 'ਤੇ ਚਿੰਤਾ ਜ਼ਾਹਰ ਕਰਦਿਆਂ ਹੜ੍ਹ ਪ੍ਰਭਾਵਿਤ ਲੋਕਾਂ ਦੀ ਮਦਦ ਲਈ ਪੰਜਾਬ ਭਰ ਵਿੱਚ ਮਿਸ਼ਨ ਦੇ ਵਲੰਟੀਅਰਾਂ ਦੀਆਂ ਡਿਊਟੀਆਂ ਲਗਾਈਆਂ ਗਈਆਂ ਹਨ, ਜਿਸ ਸਬੰਧੀ ਸ੍ਰੀ ਦਰਸ਼ਨ ਸਿੰਘ ਕਾਂਗੜਾ ਨੇ ਕਿਹਾ ਕਿ ਕੁੱਝ ਦਿਨਾਂ ਤੋਂ ਪੰਜਾਬ ਅੰਦਰ ਭਾਰੀ ਮੀਂਹ ਨੇ ਕਹਿਰ ਵਰਾਇਆ ਹੋਇਆ ਹੈ। ਜ਼ਿਲ੍ਹਾ ਮੁਹਾਲੀ, ਰੋਪੜ, ਨਵਾਂਸ਼ਹਿਰ, ਹਸ਼ਿਆਰਪੁਰ ਤੇ ਪਟਿਆਲਾ ਅੰਦਰ ਹਾਲਾਤ ਕਾਫੀ ਨਾਜ਼ੁਕ ਬਣੇ ਹੋਏ ਹਨ, ਇਨ੍ਹਾਂ ਇਲਾਕਿਆਂ ਵਿੱਚ ਲੋਕਾਂ ਦਾ ਵੱਡੇ ਪੱਧਰ 'ਤੇ ਭਾਰੀ ਨੁਕਸਾਨ ਹੋ ਰਿਹਾ ਹੈ ਅਤੇ ਅਨੇਕਾਂ ਲੋਕ ਹੜ੍ਹਾਂ ਕਾਰਨ ਭਰੇ ਪਾਣੀ ਵਿੱਚ ਫਸੇ ਹੋਏ ਫਸਲਾਂ ਤੇ ਘਰਾਂ ਅੰਦਰ ਪਾਣੀ ਭਰ ਗਿਆ ਹੈ। ਇਸ ਔਖੇ ਸਮੇਂ ਵਿੱਚ ਸਾਡੇ ਸਾਰਿਆਂ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਅਸੀਂ ਮੁਸੀਬਤ ਵਿੱਚ ਫਸੇ ਲੋਕਾਂ ਦੀ ਮਦਦ ਕਰੀਏ। ਸ੍ਰੀ ਦਰਸ਼ਨ ਕਾਂਗੜਾ ਨੇ ਕਿਹਾ ਕਿ ਭਾਰਤੀਯ ਅੰਬੇਡਕਰ ਮਿਸ਼ਨ ਦੇ ਸਾਥੀ ਤਨ ਮਨ ਨਾਲ ਹੜ੍ਹ ਪ੍ਰਭਾਵਿਤ ਲੋਕਾਂ ਦੀ ਮਦਦ ਕਰਨ ਲਈ ਅੱਗੇ ਆਉਣ ਤੇ ਹੜ੍ਹ ਪ੍ਰਭਾਵਿਤ ਲੋਕਾਂ ਦਾ ਸਹਾਰਾ ਬਣਨ।

## ਖਰਾਬ ਹੋਈਆਂ ਫਸਲਾਂ ਦਾ ਸਰਕਾਰ 30 ਹਜ਼ਾਰ ਰੁਪਏ ਪ੍ਰਤੀ ਏਕੜ ਮੁਆਵਜ਼ਾ ਦੇਵੇ : ਸੰਧੂ

ਮੱਖੂ (ਰਛਪਾਲ ਸਿੰਘ ਸੰਧੂ) : ਭਾਰਤੀ ਕਿਸਾਨ ਯੂਨੀਅਨ ਪੰਜਾਬ ਦੀ ਮੀਟਿੰਗ ਬਾਬਾ ਬਾਠਾਂ ਵਾਲਾ ਮੱਖੂ ਵਿਖੇ ਸੂਬਾ ਪ੍ਰਧਾਨ ਫੁਰਮਾਨ ਸਿੰਘ ਸੰਧੂ ਦੀ ਅਗਵਾਈ ਹੇਠ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸੂਬਾ ਪ੍ਰਧਾਨ ਫੁਰਮਾਨ ਸਿੰਘ ਸੰਧੂ ਨੇ ਕਿਹਾ ਕਿ ਬੀਤੇ ਦਿਨੀਂ ਹੋਈ ਬਾਰਸ਼ ਕਾਰਨ ਪੰਜਾਬ 'ਚ ਹੜ੍ਹ ਵਰਗੇ ਹਾਲਾਤ ਬਣੇ ਹੋਏ ਹਨ। ਭਾਰੀ ਬਾਰਸ਼ ਹੋਣ ਕਾਰਨ ਖੇਤਾਂ ਵਿੱਚ ਪਾਣੀ ਭਰਨ ਕਾਰਨ ਜਿੱਥੇ ਕਿਸਾਨਾਂ ਦੀ ਹਜ਼ਾਰਾਂ ਏਕੜ ਝੋਨੇ ਦੀ ਫਸਲ ਪਾਣੀ 'ਚ ਡੁੱਬ ਗਈ, ਉੱਥੇ ਪਸ਼ੂਆਂ ਦੇ ਹਰੇ ਚਾਰੇ ਤੇ ਹੋਰ ਕਈ ਫਸਲਾਂ ਬੁਰੀ ਤਰ੍ਹਾਂ ਤਬਾਹ ਹੋ ਚੁੱਕੀਆਂ ਹਨ ਅਤੇ ਕਿਸਾਨਾਂ ਦੇ ਟਿਊਬਵੈੱਲਾਂ ਦੀਆਂ ਮੋਟਰਾਂ ਤੇ ਖੇਤਾਂ ਵਿੱਚ ਬਣੇ ਮਕਾਨਾਂ ਦਾ ਵੀ ਭਾਰੀ ਨੁਕਸਾਨ ਹੋਇਆ ਹੈ। ਕੁਦਰਤੀ ਮਾਰ ਕਾਰਨ ਖਰਾਬ ਹੋਈਆਂ ਫਸਲਾਂ ਕਾਰਨ ਕਿਸਾਨ ਕਰਜ਼ੇ ਦੀ ਮਾਰ ਹੇਠ ਆ ਰਿਹਾ ਹੈ। ਸੂਬਾ ਪ੍ਰਧਾਨ ਫੁਰਮਾਨ ਸਿੰਘ ਸੰਧੂ ਨੇ ਕਿਹਾ ਕਿ ਪੰਜਾਬ ਸਰਕਾਰ ਨੂੰ ਚਾਹੀਦਾ ਹੈ ਭਾਰੀ ਮੀਂਹ ਪੈਣ ਨਾਲ ਕਿਸਾਨਾਂ ਦੀਆਂ ਖਰਾਬ ਹੋਈਆਂ ਫਸਲਾਂ ਦਾ ਜਲਦ ਤੋਂ ਜਲਦ ਗਿਰਦਾਵਰੀ ਕਰਵਾ ਕੇ ਕਿਸਾਨਾਂ ਨੂੰ 30 ਹਜ਼ਾਰ ਰੁਪਏ ਪ੍ਰਤੀ ਏਕੜ ਮੁਆਵਜ਼ਾ ਦੇਵੇ ਤਾਂ ਜੋ ਕਿਸਾਨ ਕਰਜ਼ੇ ਦੀ ਮਾਰ ਹੇਠ ਆਉਣ ਤੋਂ ਬਚ ਸਕਣ।

ਇਸ ਮੀਟਿੰਗ ਵਿੱਚ ਪ੍ਰਗਟ ਸਿੰਘ ਲਹਿਰਾ ਪ੍ਰਧਾਨ ਤਹਿਸੀਲ ਜ਼ੀਰਾ, ਡਾ. ਬਲਵੰਤ ਸਿੰਘ ਸਿੱਧੂ ਮੀਤ ਪ੍ਰਧਾਨ ਤਹਿਸੀਲ ਜ਼ੀਰਾ, ਧਰਮ ਸਿੰਘ ਅਰਾਈਆਂਵਾਲਾ, ਨਸੀਬ ਸਿੰਘ ਗੱਟਾ ਬਾਦਸ਼ਾਹ, ਹਰਦੀਪ ਸਿੰਘ, ਦਰਸਨ ਸਿੰਘ, ਨਿਰਮਲ ਸਿੰਘ, ਨਿਸ਼ਾਨ ਸਿੰਘ, ਜਰਨੈਲ ਸਿੰਘ, ਇਕਬਾਲ ਸਿੰਘ ਜੱਗੇ ਵਾਲਾ, ਨਸੀਬ ਸਿੰਘ, ਸਾਧਾ ਸਿੰਘ, ਰਸ਼ਪਾਲ ਸਿੰਘ, ਹਾਕਮ ਸਿੰਘ, ਗੁਰਮੀਤ ਸਿੰਘ, ਕ੍ਰਿਪਾਲ ਸਿੰਘ, ਮਨਜੀਤ ਸਿੰਘ, ਬਗੀਚਾ ਸਿੰਘ, ਕਰਨੈਲ ਸਿੰਘ ਆਦਿ ਹਾਜ਼ਰ ਸਨ।

## ਸਿੱਖਿਆ ਵਿਭਾਗ ਦੇ ਕੱਚੇ ਦਫਤਰੀ ਮੁਲਾਜ਼ਮਾਂ ਨੂੰ ਸਰਕਾਰ ਪੂਰੇ ਸਕੇਲ 'ਚ ਪੱਕਾ ਕਰੇ : ਡੀ ਟੀ ਐੱਫ

### ਕੱਚੇ ਮੁਲਾਜ਼ਮਾਂ ਦੀ ਹੜਤਾਲ 'ਚ ਡੀ ਟੀ ਐੱਫ ਨੇ ਕੀਤੀ ਸ਼ਮੂਲੀਅਤ



ਮੋਗਾ (ਅਮਰਜੀਤ ਬੱਬਰੀ)-ਆਮ ਆਦਮੀ ਪਾਰਟੀ ਦੀ ਸਰਕਾਰ ਦੀ ਵਾਅਦਾ ਖਿਲਾਫੀ ਖਿਲਾਫ ਸਿੱਖਿਆ ਵਿਭਾਗ ਦੇ ਕੱਚੇ ਦਫਤਰੀ ਮੁਲਾਜ਼ਮ ਤੇ ਆਈ ਈ ਆਰ ਟੀ ਅਧਿਆਪਕਾਂ ਦੇ ਕਲਮ ਛੋੜ ਹੜਤਾਲ ਵਿੱਚ ਮੰਗਲਵਾਰ ਡੈਮੋਕ੍ਰੇਟਿਕ ਟੀਚਰਜ਼ ਫਰੰਟ ਮੋਗਾ ਵੱਲੋਂ ਜ਼ਿਲ੍ਹਾ ਪ੍ਰਧਾਨ ਸੁਖਪਾਲਜੀਤ ਸਿੰਘ ਦੀ ਅਗਵਾਈ ਵਿੱਚ ਡੀ. ਈ. ਓ. ਦਫ਼ਤਰ ਮੋਗਾ ਵਿੱਚ ਪੈੱਨ ਡਾਊਨ ਹੜਤਾਲ 'ਤੇ ਬੈਠੇ ਕੱਚੇ ਦਫ਼ਤਰੀ ਕਾਮਿਆਂ ਦੀ ਹੜਤਾਲ ਵਿੱਚ ਭਰਵੀਂ ਸ਼ਮੂਲੀਅਤ ਕੀਤੀ ਗਈ। ਜ਼ਿਲ੍ਹਾ ਸਕੱਤਰ ਜਗਵੀਰਨ ਕੌਰ ਤੇ ਜ਼ਿਲ੍ਹਾ ਜਥੇਬੰਦਕ ਸਕੱਤਰ ਅਮਨਦੀਪ ਮਾਛੀਕੇ ਨੇ ਦੱਸਿਆ ਕਿ ਪਿਛਲੇ 10 ਮਹੀਨੇ ਤੋਂ ਕੱਚੇ ਮੁਲਾਜ਼ਮਾਂ ਨੂੰ ਰੈਗੂਲਰ ਕਰਨ ਦਾ ਸਰਕਾਰ ਪ੍ਰਚਾਰ ਕਰ ਰਹੀ ਹੈ, ਉਹ ਨਿਰਾ ਛਲਾਵਾ ਹੈ, ਕਿਉਂਕਿ ਸਰਕਾਰ ਇਨ੍ਹਾਂ ਨੂੰ ਸਿਰਫ਼ ਉੱਕਾ ਪੁੱਕਾ ਤਨਖਾਹ 'ਤੇ ਹੀ ਰੈਗੂਲਰ ਕਰ ਰਹੀ ਹੈ। ਬਿਨਾਂ ਕਿਸੇ ਪੇ ਸਕੇਲ ਦੇ ਜ਼ਿਲ੍ਹਾ ਪ੍ਰੈੱਸ ਸਕੱਤਰ ਗੁਰਮੀਤ ਝੋਰੜਾਂ ਤੇ ਵਿੱਤ ਸਕੱਤਰ ਗੁਰਸ਼ਰਨ ਸਿੰਘ ਨੇ ਕਿਹਾ ਕਿ ਬਿਨਾਂ ਪੇਅ ਸਕੇਲ ਤੇ ਹੋਰ ਲਾਭ ਦਿੱਤੇ ਬਿਨਾਂ ਮੁਲਾਜ਼ਮ ਕਿਵੇਂ ਰੈਗੂਲਰ ਹੋਣਗੇ, ਜਦੋਂ ਉਨ੍ਹਾਂ ਨੂੰ ਕੋਈ ਪੈਨਸ਼ਨ ਲਾਭ ਹੀ ਨਹੀਂ ਦੇਣਾ, ਫਿਰ ਰੈਗੂਲਰ ਕਾਹਦਾ? ਆਗੂਆਂ ਨੇ ਕਿਹਾ ਕਿ ਸਰਕਾਰ ਨੇ ਕੱਚੇ ਮੁਲਾਜ਼ਮਾਂ ਨਾਲ ਪੱਕਾ ਕਰਨ ਦਾ ਵਾਅਦਾ ਕੀਤਾ ਸੀ, ਜਿਸ ਤੋਂ ਸਰਕਾਰ ਹੁਣ ਭੱਜ ਰਹੀ ਹੈ। ਜ਼ਿਲ੍ਹਾ ਕਮੇਟੀ ਵੱਲੋਂ ਕੱਚੇ ਮੁਲਾਜ਼ਮਾਂ ਨੂੰ ਵਿਸ਼ਵਾਸ ਦਿਵਾਇਆ ਕਿ ਜਥੇਬੰਦੀ ਉਨ੍ਹਾਂ ਦੇ ਸੰਘਰਸ਼ ਵਿੱਚ ਪੂਰਾ ਡੱਟ ਕੇ ਸਾਥ ਦੇਵੇਗੀ। ਜ਼ਿਲ੍ਹਾ ਕਮੇਟੀ ਵੱਲੋਂ ਦਫ਼ਤਰੀ ਕੱਚੇ ਮੁਲਾਜ਼ਮਾਂ ਨੂੰ ਉਨ੍ਹਾਂ ਦੇ ਸੰਘਰਸ਼ ਲਈ 2000 ਰੁਪਏ ਦੀ ਵਿੱਤੀ ਸਹਾਇਤਾ ਵੀ ਦਿੱਤੀ ਗਈ।

ਇਸ ਮੌਕੇ ਸੂਬਾ ਪ੍ਰਧਾਨ ਦਿਗਵਿਜੈਪਾਲ ਸ਼ਰਮਾ, ਜ਼ਿਲ੍ਹਾ ਕਮੇਟੀ ਮੈਂਬਰ ਦੀਪਕ ਮਿੱਤਲ, ਜਗਜੀਤ ਸਿੰਘ, ਨਰਿੰਦਰ ਸਿੰਘ, ਬਲਵਿੰਦਰ ਸਿੰਘ, ਮੈਡਮ ਮਧੂ, ਗੁਰਜੀਤ ਸਿੰਘ, ਰਾਜੇਸ਼ ਗਰਗ, ਸਤਨਾਮ ਸਿੰਘ ਸੋਨੀ, ਗਗਨਦੀਪ ਸਿੰਘ , ਰਾਕੇਸ਼ ਕੁਮਾਰ ਡੀ. ਪੀ., ਸੁਨੀਲ ਕੁਮਾਰ ਆਦਿ ਸ਼ਾਮਲ ਹੋਏ।

## ਮੋਟਰ ਗੱਡੀ ਮਾਲਕਾਂ ਤੇ ਚਾਲਕਾਂ ਦੇ ਸਹੀ ਮੋਬਾਇਲ ਨੰਬਰ ਦਰਜ ਕਰਵਾਉਣ ਦੀ ਅਪੀਲ

ਫ਼ਤਹਿਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ) ਡਿਪਟੀ ਕਮਿਸ਼ਨਰ ਸ਼੍ਰੀਮਤੀ ਪਰਨੀਤ ਸ਼ੇਰਗਿੱਲ ਨੇ ਜ਼ਿਲ੍ਹੇ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਪੰਜਾਬ ਸਰਕਾਰ ਵੱਲੋਂ ਰਾਜ ਅੰਦਰ ਈ-ਚਲਾਨਿੰਗ ਸਿਸਟਮ ਲਾਗੂ ਕਰਨ ਲਈ ਸਮੂਹ ਮੋਟਰ ਗੱਡੀ ਮਾਲਕਾਂ/ਚਾਲਕਾਂ ਅਤੇ ਡਰਾਈਵਿੰਗ ਲਾਇਸੈਂਸ ਧਾਰਕਾਂ ਦੇ ਸਹੀ ਮੋਬਾਇਲ ਨੰਬਰ ਰਜਿਸਟਰਿੰਗ ਐਂਡ ਲਾਇਸੈਂਸਿੰਗ ਅਥਾਰਟੀ ਦੇ ਦਫ਼ਤਰਾਂ ਵਿੱਚ ਅਪਡੇਟ ਕਰਵਾਏ ਜਾਣ। ਉਨ੍ਹਾਂ ਕਿਹਾ ਕਿ ਜਿਹੜੇ ਮੋਟਰ ਗੱਡੀ ਮਾਲਕਾਂ ਤੇ ਚਾਲਕਾਂ ਦਾ ਰਿਕਾਰਡ ਵਿੱਚ ਸਹੀ ਮੋਬਾਇਲ ਨੰਬਰ ਦਰਜ਼ ਨਹੀਂ ਹੋਵੇਗਾ ਤਾਂ ਈ-ਚਲਾਨਿੰਗ ਸਿਸਟਮ ਤਹਿਤ ਚਲਾਨ ਹੋਣ ਤੇ ਸਹੀ ਵਿਅਕਤੀ ਨੂੰ ਸੰਦੇਸ਼ ਨਹੀਂ ਜਾਵੇਗਾ। ਇਸ ਲਈ ਜਿਹੜੇ ਮੋਟਰ ਗੱਡੀ ਮਾਲਕਾਂ ਤੇ ਚਾਲਕਾਂ ਦੇ ਸਹੀ ਮੋਬਾਇਲ ਨੰਬਰ ਦਫ਼ਤਰ ਦੇ ਰਿਕਾਰਡ ਵਿੱਚ ਦਰਜ਼ ਨਹੀਂ ਹਨ ਉਹ ਸਬੰਧਤ ਅਥਾਰਟੀ ਕੋਲ ਜਾ ਕੇ ਆਪਣੇ ਮੋਬਾਇਲ ਅਪਡੇਟ ਕਰਵਾਉਣ। ਉਨ੍ਹਾਂ ਦੱਸਿਆ ਕਿ ਮੋਟਰ ਗੱਡੀ ਮਾਲਕ/ਚਾਲਕ ਵਿਭਾਗ ਦੀ ਵੈਬਸਾਈ 'ਤੇ ਦਰਸਾਏ ਅਨੁਸਾਰ ਆਪਣੇ ਪੱਧਰ ਤੇ ਵੀ ਆਪਣਾ ਮੋਬਾਇਲ ਨੰਬਰ ਅਪਡੇਟ ਕਰ ਸਕਦੇ ਹਨ।

## ਫੈਕਟਰੀ ਨੂੰ ਲੈ ਕੇ ਜਥੇਬੰਦੀਆਂ ਦਾ ਵਫਦ ਐੱਸ ਡੀ ਐੱਮ ਨੂੰ ਮਿਲਿਆ



ਜਗਰਾਉਂ (ਅਮਿਤ ਖੰਨਾ)-ਤੱਪੜ ਹਰਨੀਆਂ ਫੈਕਟਰੀ ਵੱਲੋਂ ਧਰਤੀ 'ਚ ਸੁੱਟੇ ਜਾ ਰਹੇ ਗੰਧਲੇ ਪਾਣੀ ਅਤੇ ਜੀ ਟੀ ਰੋਡ 'ਤੇ ਬੋਰ ਕਰਕੇ ਧਰਤੀ 'ਚ ਸੁੱਟੇ ਜਾ ਰਹੇ ਬਾਰਸ਼ ਦੇ ਗੰਧਲੇ ਪਾਣੀ ਖਿਲਾਫ ਜਨਤਕ ਜਥੇਬੰਦੀਆਂ ਦਾ ਵਫਦ ਐਸ ਡੀ ਐਮ ਮਨਜੀਤ ਕੌਰ ਨੂੰ ਮਿਲਿਆ। ਵਫਦ ਨੇ ਪ੍ਰਸ਼ਾਸਨ ਵਲੋਂ ਬਣਾਈ ਪੜਤਾਲੀਆ ਕਮੇਟੀ 'ਚ ਇਲਾਕੇ ਦੀਆਂ ਸਾਰੀਆਂ ਕਿਸਾਨ ਮਜ਼ਦੂਰ ਜਥੇਬੰਦੀਆਂ, ਪਾਣੀ ਦੇ ਮਾਹਰ ਵਿਗਿਆਨੀਆਂ, ਖੋਜਕਾਰਾਂ ਨੂੰ ਸ਼ਾਮਲ ਕਰਨ ਦੀ ਮੰਗ ਕੀਤੀ। ਵਫਦ ਨੇ ਸਿਵਲ ਪ੍ਰਸ਼ਾਸਨ ਤੋਂ ਇਸ ਮਾਮਲੇ 'ਚ ਜ਼ੀਰਾ ਫੈਕਟਰੀ ਵਾਂਗ, ਫੈਕਟਰੀ 'ਚ ਧੁਰ ਤੱਕ ਨਿਰਪੱਖ ਛਾਣਬੀਣ ਕਰਨ ਦੀ ਮੰਗ ਕੀਤੀ। ਵਫਦ ਨੇ ਜ਼ੋਰ ਦੇ ਕੇ ਕਿਹਾ ਕਿ ਜੀ ਟੀ ਰੋਡ 'ਤੇ ਬਾਰਸ਼ ਦੇ ਪਾਣੀ ਦੇ ਨਿਕਾਸ ਲਈ ਕੀਤੇ ਡੂੰਘੇ ਬੋਰਾਂ ਰਾਹੀਂ ਧਰਤੀ 'ਚ ਸੁੱਟੇ ਜਾ ਰਹੇ ਪਾਣੀ ਨੂੰ ਪ੍ਰਮਾਣਿਤ ਯੋਗ ਵਿਧੀ ਰਾਹੀਂ ਸੁੱਟਿਆ ਜਾਵੇ।

ਐਸ ਡੀ ਐਮ ਨੇ ਵਫਦ ਨੂੰ ਇਸ ਮਾਮਲੇ 'ਚ ਜਲਦੀ ਸੰਬੰਧਤ ਸੰਸਥਾਵਾਂ ਨਾਲ ਮੀਟਿੰਗ ਕਰਵਾਉਣ ਦਾ ਭਰੋਸਾ ਦਿੱਤਾ। ਵਫਦ ਨੇ ਜ਼ੋਰ ਦੇ ਕੇ ਕਿਹਾ ਕਿ ਇਹ ਮਸਲੇ ਹੱਲ ਨਾ ਹੋਣ ਦੀ ਸੂਰਤ ਵਿੱਚ ਇਲਾਕੇ 'ਚ ਬਿਮਾਰੀਆਂ ਫੈਲਣ, ਫਸਲਾਂ ਦੀ ਉਤਪਾਦਕਤਾ 'ਤੇ ਮਾੜਾ ਅਸਰ ਪੈਣ ਦਾ ਖਤਰਾ ਮੰਡਰਾ ਰਿਹਾ ਹੈ। ਇਸ ਸਮੇਂ ਵਫਦ ਵਿਚ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਵੱਲੋਂ ਜਗਤਾਰ ਸਿੰਘ ਦੇਹੜਕਾ, ਇੰਦਰਜੀਤ ਸਿੰਘ ਧਾਲੀਵਾਲ, ਜਮਹੂਰੀ ਕਿਸਾਨ ਸਭਾ ਵੱਲੋਂ ਬਲਰਾਜ ਸਿੰਘ ਕੋਟਉਮਰਾ, ਗੁਰਮੇਲ ਸਿੰਘ ਰੂਮੀ, ਇਨਕਲਾਬੀ ਕੇਂਦਰ ਪੰਜਾਬ ਵੱਲੋਂ ਕੰਵਲਜੀਤ ਖੰਨਾ, ਕਿਰਤੀ ਕਿਸਾਨ ਯੂਨੀਅਨ ਵੱਲੋਂ ਤਰਲੋਚਨ ਸਿੰਘ ਝੋਰੜਾਂ, ਪੰਜਾਬ ਕਿਸਾਨ ਯੂਨੀਅਨ ਵੱਲੋਂ ਬੂਟਾ ਸਿੰਘ ਚਕਰ, ਆਲ ਇੰਡੀਆ ਕਿਸਾਨ ਮਜ਼ਦੂਰ ਸਭਾ ਵੱਲੋਂ ਭਰਪੂਰ ਸਿੰਘ ਸਵੱਦੀ, ਦਸਮੇਸ਼ ਕਿਸਾਨ ਮਜ਼ਦੂਰ ਯੂਨੀਅਨ ਵੱਲੋਂ ਜਸਦੇਵ ਸਿੰਘ ਲਲਤੋਂ, ਭਾਰਤੀ ਕਿਸਾਨ ਯੂਨੀਅਨ ਉਗਰਾਹਾਂ ਵੱਲੋਂ ਰਾਮਸਰਨ ਸਿੰਘ ਮਜ਼ਦੂਰ ਆਗੂ ਹੁਕਮ ਰਾਜ ਦੇਹੜਕਾ, ਸੁਖਦੇਵ ਮਾਣੂਕੇ, ਮਦਨ ਸਿੰਘ, ਜਗਦੀਸ਼ ਸਿੰਘ ਮਾਣੂਕੇ, ਗੁਰਮੇਲ ਸਿੰਘ ਭਰੋਵਾਲ, ਤਰਸੇਮ ਸਿੰਘ ਬੱਸੂਵਾਲ, ਜਗਜੀਤ ਸਿੰਘ ਕਲੇਰ ਆਦਿ ਹਾਜ਼ਰ ਸਨ। ਇਸ ਸੰਬੰਧੀ ਵਫਦ ਨੇ ਏ ਡੀ ਸੀ ਜਗਰਾਉਂ ਨੂੰ ਵੀ ਮੰਗ ਪੱਤਰ ਦਿੱਤਾ।

## ਸਤਲੁਜ ਦੀ ਮਾਰ ਹੇਠ ਆਏ ਪਿੰਡਾਂ ਨੂੰ ਕਿਸੇ ਤਰ੍ਹਾਂ ਦੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ : ਡੀ ਸੀ



ਫ਼ਿਰੋਜ਼ਪੁਰ, (ਨ ਜ਼ ਸ) ਫ਼ਿਰੋਜ਼ਪੁਰ ਦੇ ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਆਈ ਏ ਐਸ ਤੇ ਐਸ ਐਸ ਪੀ ਭੁਪਿੰਦਰ ਸਿੰਘ ਸਿੱਧੂ ਦੀ ਅਗਵਾਈ 'ਚ ਦਰਿਆ ਸਤਲੁਜ ਦੇ ਨਾਲ ਲੱਗਦੇ ਹੜ੍ਹ ਪ੍ਰਭਾਵਿਤ ਪਿੰਡ ਰੁਕਨੇ ਵਾਲਾ, ਨਿਹਾਲਾ ਲਵੇਰਾ, ਬੰਡਾਲਾ, ਕਾਲੇ ਕੇ, ਜੱਲੋ ਕੇ, ਧੀਰਾ ਕਾਰਾ ਤੇ ਟੱਲੀ ਗਰਾਮ ਆਦਿ 'ਚ ਜ਼ਿਲ੍ਹਾ ਪ੍ਰਸ਼ਾਸਨ, ਭਾਰਤੀ ਫੌਜ, ਬੀ ਐਸ ਐਫ ਤੇ ਪੰਜਾਬ ਪੁਲਸ ਨੇ ਸਾਂਝਾ ਆਪਰੇਸ਼ਨ ਕਰਕੇ ਪਾਣੀ 'ਚ ਫ਼ਸੇ ਸੈਂਕੜੇ ਲੋਕਾਂ ਨੂੰ ਬਾਹਰ ਕੱਢ ਕੇ ਸੁਰੱਖਿਅਤ ਥਾਵਾਂ 'ਤੇ ਪਹੁੰਚਾ ਕੇ ਕੀਮਤੀ ਜਾਨਾਂ ਬਚਾਈਆਂ। ਜ਼ਿਲ੍ਹਾ ਪ੍ਰਸ਼ਾਸਨ ਤੇ ਫੌਜ ਵੱਲੋਂ ਬਚਾਅ ਕਾਰਜ ਸਾਰੀ ਰਾਤ ਵੀ ਜਾਰੀ ਰਹੇ। ਲੋਕਾਂ ਨੂੰ ਪਾਣੀ 'ਚੋਂ ਸੁਰੱਖਿਅਤ ਕੱਢਣ ਲਈ 10 ਮੋਟਰ ਬੋਟ ਤੋਂ ਇਲਾਵਾ ਕਿਸ਼ਤੀਆਂ ਚਲਾਈਆਂ ਗਈਆਂ। ਫ਼ਿਰੋਜ਼ਪੁਰ ਸ਼ਹਿਰੀ ਹਲਕੇ ਦੇ ਵਿਧਾਇਕ ਰਣਬੀਰ ਸਿੰਘ ਭੁੱਲਰ ਵੀ ਸਾਥੀਆਂ ਸਮੇਤ ਰਾਹਤ ਕਾਰਜਾਂ ਵਿੱਚ ਜੁੱਟੇ ਹਨ। ਇਸ ਦੌਰਾਨ ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਨੇ ਦੱਸਿਆ ਕਿ ਪਿਛਲੇ ਦਿਨਾਂ ਦੌਰਾਨ ਲਗਾਤਾਰ ਹੋਈ ਬਾਰਿਸ਼ ਨਾਲ ਸਤਲੁਜ ਦਰਿਆ ਦੇ ਪਾਣੀ ਦਾ ਪੱਧਰ ਕਾਫ਼ੀ ਵੱਧ ਜਾਣ ਨਾਲ ਜ਼ਿਲ੍ਹਾ ਫ਼ਿਰੋਜ਼ਪੁਰ ਦੇ ਸਤਲੁਜ ਨਾਲ ਲੱਗਦੇ ਨੀਵੇਂ ਪਿੰਡਾਂ 'ਚ ਪਾਣੀ ਆ ਗਿਆ। ਉਨ੍ਹਾਂ ਕਿਹਾ ਕਿ ਉਨ੍ਹਾਂ ਵੱਲੋਂ ਐਸ ਐਸ ਪੀ ਭੁਪਿੰਦਰ ਸਿੰਘ ਨਾਲ ਮਿਲ ਕੇ ਨਾਜ਼ੁਕ ਸਥਿਤੀ ਵਾਲੇ ਪਿੰਡਾਂ ਦਾ ਲਗਾਤਾਰ ਦੌਰਾ ਕੀਤਾ ਜਾ ਰਿਹਾ ਹੈ ਅਤੇ ਸਥਿਤੀ 'ਤੇ ਨਜ਼ਰ ਰੱਖੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਪੂਰੇ ਜ਼ਿਲ੍ਹੇ 'ਚ ਰਾਹਤ ਕੇਂਦਰ ਸਥਾਪਿਤ ਕੀਤੇ ਗਏ ਹਨ ਜਿੱਥੇ ਹੜ੍ਹ ਪ੍ਰਭਾਵਿਤਾਂ ਲਈ ਡਾਕਟਰੀ ਸਹਾਇਤਾ, ਲੰਗਰ, ਪੀਣ ਵਾਲਾ ਪਾਣੀ, ਬਿਸਤਰੇ ਅਤੇ ਪਸ਼ੂਆਂ ਦੇ ਚਾਰੇ ਸਮੇਤ ਹਰ ਤਰ੍ਹਾਂ ਦੀ ਸੁਵਿਧਾ ਦਾ ਪ੍ਰਬੰਧ ਕੀਤਾ ਗਿਆ ਹੈ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਕਿਸੇ ਵੀ ਤਰ੍ਹਾਂ ਦੀ ਅਫ਼ਵਾਹ ਤੋਂ ਬਚਣ ਅਤੇ ਸਹੀ ਜਾਣਕਾਰੀ ਤੇ ਮਦਦ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜ਼ਿਲ੍ਹਾ ਅਤੇ ਤਹਿਸੀਲ ਪੱਧਰ ਦੇ ਜਾਰੀ ਕੀਤੇ ਫਲੱਡ ਕੰਟਰੋਲ ਸਹਾਇਤਾ ਨੰਬਰਾਂ 'ਤੇ ਸੰਪਰਕ ਕਰਨ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਅਰੁਣ ਕੁਮਾਰ, ਐਸ.ਡੀ.ਐਮ ਗਗਨਦੀਪ ਸਿੰਘ, ਚੇਅਰਮੈਨ ਬਲਰਾਜ ਸਿੰਘ ਕਟੋਰਾ, ਤਹਿਸੀਲਦਾਰ ਫ਼ਿਰੋਜ਼ਪੁਰ ਸੁਖਬੀਰ ਕੌਰ, ਸਿਵਲ ਸਰਜਨ ਰਾਜਿੰਦਰ ਪਾਲ, ਨਾਇਬ ਤਹਿਸੀਲਦਾਰ ਰਾਕੇਸ਼ ਅਗਰਵਾਲ ਤੋਂ ਇਲਾਵਾ ਭਾਰਤੀ ਫੌਜ ਦੇ ਉੱਚ ਅਧਿਕਾਰੀ ਵੀ ਹਾਜ਼ਰ ਸਨ।

## ਅਫ਼ੀਮ ਸਮੇਤ ਦੋ ਨੌਜਵਾਨ ਕਾਬੂ

ਮਲੋਟ, (ਗੁਰਮੀਤ ਸਿੰਘ ਮੱਕੜ):-ਥਾਣਾ ਕਬਰਵਾਲਾ ਪੁਲਸ ਨੇ ਵੱਡੀ ਮਾਤਰਾ ਵਿਚ ਅਫ਼ੀਮ ਸਮੇਤ ਇੱਕ ਦੋ ਨੌਜਵਾਨਾਂ ਨੂੰ ਕਾਬੂ ਕੀਤਾ ਹੈ। ਜਾਣਕਾਰੀ ਅਨੁਸਾਰ ਪੁਲਸ ਪਾਰਟੀ ਗਸ਼ਤ ਦੇ ਦੌਰਾਨ ਪਿੰਡ ਪੱਕੀ ਟਿੱਬੀ ਸੀ ਤਾਂ ਪਿੰਡ ਵਾਸੀ ਸਾਈਡ ਦੋ ਮੋਨੇ ਨੌਜਵਾਨ ਰਾਜਵੀਰ ਸਿੰਘ ਵਾਸੀ ਬਹਿਬਲ ਕਲਾਂ (ਫਰੀਦਕੋਟ) ਅਤੇ ਸੁਰਿੰਦਰ ਸਿੰਘ ਵਾਸੀ ਦੁੱਲਵਾਲਾ (ਬਠਿੰਡਾ) ਦਰੱਖਤ ਹੇਠ ਬੈਠ ਕੇ ਮੋਮੀ ਲਿਫ਼ਾਫ਼ੇ ਵਿਚੋਂ ਕੁੱਝ ਕੱਢ ਕੇ ਖਾ ਰਹੇ ਸਨ ਜੋ ਪੁਲਿਸ ਨੂੰ ਦੇਖ ਕੇ ਦੋਨੋਂ ਨੌਜਵਾਨ ਘਬਰਾ ਕੇ ਮੋਮੀ ਲਿਫ਼ਾਫ਼ਾ ਸੁੱਟ ਕੇ ਘਬਰਾ ਕੇ ਖਿਸਕਣ ਲੱਗੇ ਤਾਂ ਪੁਲਿਸ ਨੇ ਦੋਵਾਂ ਨੂੰ ਕਾਬੂ ਕਰ ਲਿਆ ਅਤੇ ਲਿਫ਼ਾਫ਼ੇ ਦੀ ਤਲਾਸ਼ੀ ਲੈਣ ਉਪਰੰਤ ਉਸ ਵਿਚੋਂ 400 ਗ੍ਰਾਮ ਅਫ਼ੀਮ ਬਰਾਮਦ ਹੋਈ। ਪੁਲਿਸ ਨੇ ਉਕਤ ਨੌਜਵਾਨਾਂ 'ਤੇ ਮੁੱਕਦਮਾ ਦਰਜ ਕਰਕੇ ਕਾਰਵਾਈ ਸ਼ੁਰੂ ਕਰ ਦਿੱਤੀ ਹੈ।


ਉੱਤਰ ਰੇਲਵੇ

G20 | ਆਜ਼ਾਦੀ ਦਾ ਅੰਮ੍ਰਿਤ ਮਹੋਤਸਵ

ਈ-ਟੈਂਡਰ ਸੂਚਨਾ

ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਉਪ ਮੁੱਖ ਸੰਕੇਤ ਅਤੇ ਦੂਰਸੰਚਾਰ ਇੰਜੀਨੀਅਰ ਕੰਮ/ ਲੁਧਿਆਣਾ ਉੱਤਰ ਰੇਲਵੇ ਦੁਵਾਰਾ ਹੇਠਾ ਕੰਮ ਲਈ ਖੁਲੀ ਈ-ਟੈਂਡਰਾ ਮੰਗ ਕੀਤੀ ਜਾਂਦੀ ਹੈ।

| | |
|---|---|
| ਕੰਮ ਦਾ ਨਾਮ | ਆਈਆਰ ਦੇ ਮੰਡੀ ਗੋਬਿੰਦਗੜ੍ਹ ਸਟੇਸ਼ਨ ਅਤੇ ਡੀਐਫਸੀਸੀਆਈਐਲ ਦੇ ਨਵੇਂ ਮੰਡੀ ਗੋਬਿੰਦਗੜ੍ਹ ਸਟੇਸ਼ਨ ਦੇ ਵਿਚ ਅਸਥਾਈ ਸੰਪਰਕ ਨੂੰ ਨਿਕਾਲਣ ਦੇ ਸਬੰਧ ਵਿਚ ਆਈਆਰ ਦੇ ਮੰਡੀ ਗੋਬਿੰਦਗੜ੍ਹ ਸਟੇਸ਼ਨ ਉਤੇ ਮੌਜੂਦਾ ਇਲੈਕਟ੍ਰੋਨਿਕ ਇੰਟਰਲਾਕਿੰਗ (ਈਆਈ) (ਕਯੋਸਨ ਮੇਕ) ਵਿਚ ਏਡੀਸ਼ਨ ਅਤੇ ਅਲਟਰੇਸ਼ਨ ਦਾ ਇੰਡੋਰ ਸਿਗਨਲਿੰਗ ਕੰਮ। |
| ਕੰਮ ਦੀ ਲਾਗਤ | ₹ 34,10,228.00/- |
| ਬਿਆਨਾ ਰਾਸ਼ੀ | ₹ 68,200/- |
| ਪੂਰਾ ਕਰਨ ਦਾ ਸਮਾਂ | 4 ਮਹੀਨੇ |
| ਟੈਂਡਰ ਭਰਨ ਦੀ ਆਖਰੀ ਮਿਤੀ | 11.00 Hrs. on 03.08.2023 |

ਟੈਂਡਰਕਰਤਾ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇ ਤਕ www.ireps.gov.in ਉਤੇ ਮੂਲ/ਸੰਸ਼ੋਧਿਤ ਟੈਂਡਰ ਭਰ ਸਕਦਾ ਹੈ। ਕੇਵਲ ਆਨਲਾਈਨ ਟੈਂਡਰਾਂ ਹੀ ਸਵੀਕਾਰ ਕੀਤੀ ਜਾਵੇਗੀ। ਸ਼ੁੱਧੀ ਪੱਤਰ ਜਾਂ ਤਬਦੀਲੀ, ਜੇਕਰ ਹੋਵੇ ਤਾਂ ਇਸ ਵੇਬਸਾਈਟ ਉਤੇ ਹੀ ਪਾਈ ਜਾਵੇਗੀ। ਟੈਂਡਰਕਰਤਾ www.ireps.gov.in ਉਤੇ ਰਜਿਸਟਰਡ ਹੋਣ ਦੇ ਬਾਦ ਹੀ ਟੈਂਡਰ ਭਰ ਸਕਦਾ ਹੈ।

No: NR-SNT-W-LDH-74 Dated: 11.07.2023 2137/2023

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

13-July-PAGE- 8 qxd.qxd 7/12/2023 10:30 PM Page 1



# ਪ ਸ ਸ ਫ ਦੇ ਦਫਤਰੀ ਕਰਮਚਾਰੀਆਂ ਦੀ ਕਲਮ ਛੋੜ ਹੜਤਾਲ

**ਜਲੰਧਰ ( ਰਾਜੇਸ਼ ਥਾਪਾ )**-ਪੰਜਾਬ ਸਰਕਾਰ ਦੀ ਵਾਅਦਾ ਖਿਲਾਫੀ ਕਰਕੇ ਸਿੱਖਿਆ ਵਿਭਾਗ ਦੇ ਕੱਚੇ ਦਫਤਰੀ ਮੁਲਾਜ਼ਮ ਅਤੇ ਆਈ ਈ ਆਰ ਟੀ ਅਧਿਆਪਕਾਂ ਨੇ ਕਲਮ ਛੋੜ ਹੜਤਾਲ ਛੇਵੇਂ ਦਿਨ ਵੀ ਜਾਰੀ ਹੈ। ਦਫਤਰੀ ਕਰਮਚਾਰੀਆਂ ਦੀ ਕਲਮ ਛੋੜ ਹੜਤਾਲ ਦਾ ਸਮਰਥਨ ਕਰਨ ਲਈ ਪ ਸ ਸ ਫ ਦੇ ਸੂਬਾ ਜਨਰਲ ਸਕੱਤਰ ਤੀਰਥ ਸਿੰਘ ਬਾਸੀ ਦੀ ਅਗਵਾਈ ਵਿੱਚ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਈਸਟ 1 ਦੇ ਮੁਲਾਜ਼ਮਾਂ ਵਿੱਚ ਸ਼ਾਮਲ ਹੋਏ। ਉਨ੍ਹਾ ਕਿਹਾ ਕਿ ਪਿਛਲੇ 12 ਮਹੀਨੇ ਤੋਂ ਕੱਚੇ ਮੁਲਾਜ਼ਮਾਂ ਨੂੰ ਰੈਗੂਲਰ ਕਰਨ ਦਾ ਸਰਕਾਰ ਪ੍ਰਚਾਰ ਕਰ ਰਹੀ ਹੈ ਪਰ ਜੋ ਸਚਾਈ ਸਾਹਮਣੇ ਆਈ ਹੈ ਉਹ ਸਰੇਆਮ ਕੱਚੇ ਮੁਲਾਜ਼ਮਾਂ ਨਾਲ ਸਰਕਾਰ ਵੱਲੋਂ ਕੀਤਾ ਜਾ ਰਿਹਾ ਧੋਖਾ ਹੈ। ਪੰਜਾਬ ਸਰਕਾਰ ਬਿਨਾਂ ਪੇ ਸਕੇਲ, ਸੀ.ਐਸ.ਆਰ ਅਤੇ ਪੈਨਸ਼ਨਰੀ ਲਾਭ ਦਿੱਤੇ ਰੈਗੂਲਰ ਦੇ ਨਾਂਅ 'ਤੇ ਪ੍ਰਚਾਰ ਰੈਗੂਲਰ ਕਰਨ ਦਾ ਕਰ ਰਹੀ ਹੈ। ਆਗੂਆਂ ਨੇ ਦੱਸਿਆ ਕਿ ਦਫਤਰੀ



ਮੁਲਾਜ਼ਮਾਂ ਦੀ ਤਕਰੀਬਨ 5000 ਰੁਪਏ ਮਹੀਨਾ ਤਨਖਾਹ ਕਟੌਤੀ ਕੀਤੀ ਜਾ ਰਹੀ ਹੈ ਜੋ ਕਿ ਵਾਰ ਵਗਾਰ ਮੰਤਰੀਆਂ ਵੱਲੋਂ ਵਾਅਦੇ ਕਰਨ ਦੇ ਬਾਵਜੂਦ ਪੂਰੀ ਨਹੀਂ ਹੋਈ। ਇਸ ਦੇ ਨਾਲ ਹੀ ਮਿਡ ਡੇ ਮੀਲ ਦਫਤਰੀ ਕਰਮਚਾਰੀਆਂ ਦੀ ਸਾਲ 2019 ਤੋਂ ਤਨਖਾਹ ਵਿਚ ਕੀਤਾ ਜਾਣ ਵਾਲਾ ਵਾਧਾ ਰੋਕਿਆ ਹੋਇਆ ਹੈ। ਆਗੂ ਨੇ ਦੱਸਿਆ ਕਿ ਜਦੋਂ 7 ਅਕਤੂਬਰ 2022 ਨੂੰ ਪਾਲਿਸੀ ਜਾਰੀ ਹੋਈ ਸੀ ਤਾਂ ਮੁਲਾਜ਼ਮਾਂ ਨੂੰ ਕੁਝ ਖਦਸ਼ੇ ਸੀ ਜਿਸ ਸੰਬੰਧੀ ਸਿੱਖਿਆ ਮੰਤਰੀ ਹਰਜੋਤ ਬੈਂਸ ਵੱਲੋਂ ਪੰਜਾਬ ਭਵਨ ਵਿਖੇ ਕੀਤੀ ਪ੍ਰੈਸ ਕਾਨਫਰੰਸ ਵਿਚ ਸਪੱਸ਼ਟ ਕਿਹਾ ਸੀ ਕਿ ਰੈਗੂਲਰ ਮੁਲਾਜ਼ਮਾਂ ਵਾਂਗ ਇਨ੍ਹਾਂ ਕੱਚੇ ਮੁਲਾਜ਼ਮਾਂ ਨੂੰ ਵੀ ਰੈਗੂਲਰ ਹੋਣ 'ਤੇ ਪੇ ਸਕੇਲ ਭੱਤੇ ਸੀ.ਐਸ.ਆਰ ਰੂਲ ਅਤੇ ਪੈਨਸ਼ਨਰੀ ਲਾਭ ਮਿਲਣਗੇ ਪਰ 9 ਮਹੀਨਿਆਂ ਬਾਅਦ ਸਚਾਈ ਸਾਹਮਣੇ ਆਈ।

ਆਗੂਆਂ ਨੇ ਕਿਹਾ ਕਿ ਸਰਕਾਰ ਨੇ ਕੱਚੇ ਮੁਲਾਜ਼ਮਾਂ ਨਾਲ ਪੱਕਾ ਕਰਨ ਦਾ ਵਾਅਦਾ ਕੀਤਾ ਸੀ ਜਿਸ ਤੋਂ ਸਰਕਾਰ ਹੁਣ ਭੱਜ ਰਹੀ ਹੈ। ਉਨ੍ਹਾਂ ਦਫਤਰੀ ਕਰਮਚਾਰੀਆਂ ਦੇ ਸੰਘਰਸ਼ ਦੀ ਪੁਰਜ਼ੋਰ ਹਮਾਇਤ ਕਰਦੇ ਹੋਏ ਪੰਜਾਬ ਸਰਕਾਰ ਤੋਂ ਜ਼ੋਰਦਾਰ ਢੰਗ ਨਾਲ ਮੰਗ ਕੀਤੀ ਕਿ ਸਰਵ ਸਿੱਖਿਆ ਅਭਿਆਨ ਦੇ ਦਫਤਰੀ ਕਰਮਚਾਰੀਆਂ ਨੂੰ ਬਿਨਾਂ ਸ਼ਰਤ ਪੂਰੇ ਪੂਰੇ ਗਰੇਡਾਂ ਵਿੱਚ ਤੁਰੰਤ ਰੈਗੂਲਰ ਕੀਤਾ ਜਾਵੇ। ਇਸ ਸਮੇਂ ਹੋਰਨਾਂ ਤੋਂ ਇਲਾਵਾ ਰਾਜੇਸ਼ ਕੁਮਾਰ, ਨਿਸ਼ੀ ਰਾਣੀ,ਨੀਲਮ, ਸੁਮਨਬਾਲਾ, ਚਰਨਜੀਤ ਕੌਰ, ਦੀਪਇੰਦਰ ਕੌਰ, ਸਮੈਲੀ ਸ਼ਰਮਾ, ਰਜਨੀ ਸ਼ਰਮਾ, ਨੀਲਮ ਰਾਣੀ ਅਤੇ ਪਰਮਜੀਤ ਕੌਰ ਵੀ ਹਾਜ਼ਰ ਸਨ।

# ਦਰਿਆਵਾਂ ਦੇ ਸੁਧਾਰ ਕਰਨ ਤੇ ਬੰਨ੍ਹਾਂ ਨੂੰ ਪੱਕਾ ਕਰਨ ਲਈ ਆਏ ਪੈਸੇ ਦੀ ਹੋਵੇ ਜਾਂਚ : ਅਰੋੜਾ

**ਮਹਿਤਪੁਰ (ਰਾਜਾ)**- ਅੱਜ ਇੱਥੇ ਸਤਲੁਜ ਦਰਿਆ ਦਾ ਦੌਰਾ ਕਰਨ ਪਹੁੰਚੀ ਕੁੱਲ ਹਿੰਦ ਕਿਸਾਨ ਸਭਾ ਪੰਜਾਬ ਦੀ ਟੀਮ ਦੇ ਪ੍ਰਮੁੱਖ ਆਗੂ ਸੰਦੀਪ ਅਰੋੜਾ ਨੇ ਕਿਹਾ ਕਿ 1988 ਵਿੱਚ ਆਏ ਹੜ੍ਹ ਤੋਂ ਬਾਅਦ ਤੋਂ ਹੁਣ ਤੱਕ ਇਹੀ ਸੁਣਦੇ ਆਏ ਕਿ ਜਦੋਂ ਵੀ ਥੋੜ੍ਹੇ ਦਿਨ ਮੀਂਹ ਪੈਂਦਾ ਹੈ ਤਾਂ ਗੂੜ੍ਹੀ ਨੀਂਦ ਸੁੱਤਾ ਪਿਆ ਪ੍ਰਸ਼ਾਸਨ ਅਬੜਵਾਹ ਉੱਠ ਕੇ ਇਹੀ ਕਹਿੰਦਾ ਕਿ ਪਿੰਡ ਖਾਲੀ ਕਰ ਦਿਓ, ਘਰ ਛੱਡ ਕੇ ਬਾਹਰ ਆ ਜਾਵੋ।



ਠੀਕਰੀ ਪਹਿਰੇ ਲਗਾ ਦਿਓ। ਕੀ ਇਹ ਸਭ ਕੰਮ ਲੋਕਾਂ ਦੇ ਹਨ। ਤੇ ਫਿਰ ਉਹ ਕਰੋੜਾਂ ਰੁਪਏ ਕਿੱਥੇ ਜਾਂਦੇ ਹਨ ਜੋ ਦਰਿਆਵਾਂ ਦੇ ਸੁਧਾਰ ਕਰਨ ਬੰਨ੍ਹਾਂ ਨੂੰ ਪੱਕਾ ਕਰਨ ਅਤੇ ਸਪਰ ਲਾਉਣ ਲਈ ਆਉਂਦੇ ਹਨ। ਕਿਉਂਕਿ ਕੋਈ ਵੀ ਦਰਿਆਈ ਵਿਭਾਗ ਦਾ ਸੀਨੀਅਰ ਅਧਿਕਾਰੀ ਪੂਰਾ ਸਾਲ ਕੰਮ 'ਤੇ ਨਹੀਂ ਪਹੁੰਚਦਾ। ਥੋੜ੍ਹੀਆਂ ਥੋੜ੍ਹੀਆਂ ਤਨਖਾਹਾਂ ਦੇ ਕੇ ਪ੍ਰਾਈਵੇਟ ਬੰਦੇ ਰੱਖ ਖੂਬ ਸਰਕਾਰ ਅਤੇ ਜਨਤਾ ਦੇ ਪੈਸੇ 'ਤੇ ਐਸ਼ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਜਿਹੜਾ ਕੰਮ ਹੁਣ ਕੀਤਾ ਜਾ ਰਿਹਾ ਹੈ ਜੇਕਰ ਉਹ ਪਹਿਲਾਂ ਕੀਤਾ ਹੁੰਦਾ ਤਾਂ ਅੱਜ ਲੋਕ ਘਰੋਂ ਬੇਘਰ ਨਾ ਹੁੰਦੇ। ਕਿਸਾਨਾਂ ਵੱਲੋਂ ਪੁੱਤਾਂ ਵਾਂਗ ਪਾਲੀਆਂ ਫਸਲਾਂ ਤਬਾਹ ਨਾ ਹੁੰਦੀਆਂ।

ਇਸ ਲਈ ਸਰਕਾਰ ਨੂੰ ਚਾਹੀਦਾ ਹੈ ਕਿ ਉਹ ਫੌਰੀ ਲੋਕਾਂ ਦੇ ਹੋਏ ਨੁਕਸਾਨ ਦਾ ਮੁਆਵਜ਼ਾ ਦੇਵੇ ਤੇ ਜ਼ਿੰਮੇਵਾਰ ਅਧਿਕਾਰੀਆਂ ਖਿਲਾਫ਼ ਕਾਰਵਾਈ ਕਰੇ ਤੇ ਆਏ ਪੈਸੇ ਦੀ ਵਿਜੀਲੈਂਸ ਕੋਲੋਂ ਜਾਂਚ ਕਰਵਾਏ।

# ਸਥਾਨਕ ਸਿਟੀ ਸੈਂਟਰ 'ਚ ਸਿਹਤ ਵਿਭਾਗ ਵੱਲੋਂ ਮੈਡੀਕਲ ਚੈੱਕਅਪ ਕੈਂਪ



**ਸ੍ਰੀ ਚਮਕੌਰ ਸਾਹਿਬ (ਕੁਲਵਿੰਦਰ ਕਾਲਾ)**-ਡਾ.ਪਰਮਿੰਦਰ ਕੁਮਾਰ ਸਿਵਲ ਸਰਜਨ ਰੂਪਨਗਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਅਤੇ ਡਾ.ਗੋਬਿੰਦ ਟੰਡਨ ਸੀਨੀਅਰ ਮੈਡੀਕਲ ਅਫਸਰ ਸੀ.ਐਚ.ਸੀ ਚਮਕੌਰ ਸਾਹਿਬ ਦੀ ਅਗਵਾਈ ਹੇਠ ਬਲਾਕ ਚਮਕੌਰ ਸਾਹਿਬ ਅਧੀਨ ਪਾਣੀ ਦੀ ਮਾਰ ਹੇਠ ਆਏ ਇੰਦਰਾ ਕਲੋਨੀ ਸ੍ਰੀ ਚਮਕੌਰ ਸਾਹਿਬ ਵਿੱਚ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਮੈਡੀਕਲ ਚੈੱਕ-ਅੱਪ ਕੈਂਪ ਲਗਾਇਆ ਗਿਆ। ਇਸ ਮੌਕੇ ਡਾ. ਜਾਸਮੀਨ ਪਰਮਾਰ ਮੈਡੀਕਲ ਅਫਸਰ ਵੱਲੋਂ ਮਰੀਜ਼ਾਂ ਦਾ ਮੁਆਇਨਾ ਕੀਤਾ ਗਿਆ ਅਤੇ ਲੋੜਵੰਦ ਮਰੀਜ਼ਾਂ ਨੂੰ ਦਵਾਈਆਂ ਵੰਡੀਆਂ ਗਈਆਂ। ਇਸ ਮੌਕੇ ਉਨ੍ਹਾਂ ਵੱਲੋਂ ਵੈਕਟਰ ਬੋਰਨ ਬਿਮਾਰੀਆਂ ਜਿਵੇਂ ਡੇਂਗੂ, ਮਲੇਰੀਆ, ਪੀਲਾ ਬੁਖਾਰ, ਚਿਕਨਗੁਨੀਆ ਆਦਿ ਸੰਬੰਧੀ ਲੋਕਾਂ ਨੂੰ ਜਾਗਰੂਕ ਕੀਤਾ ਗਿਆ। ਇਸ ਮੌਕੇ ਡਾ.ਜਾਸਮੀਨ ਨੇ ਕਿਹਾ ਕਿ ਮਲੇਰੀਆ ਤੇ ਡੇਂਗੂ ਤੋਂ ਬਚਾਅ ਲਈ ਸਭ ਨੂੰ ਪੂਰਾ ਸਰੀਰ ਢਕ ਕੇ ਰੱਖਣਾ ਚਾਹੀਦਾ ਹੈ ਤਾਂ ਜੋ ਮੱਛਰ ਨਾ ਕੱਟ ਸਕੇ ਅਤੇ ਮੱਛਰਾਂ ਤੋਂ ਬਚਣ ਲਈ ਕਰੀਮਾਂ ਜਾਂ ਮੱਛਰਦਾਨੀਆਂ ਦੀ ਵਰਤੋਂ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਪਾਣੀ ਨੂੰ ਉਬਾਲ ਕੇ ਪੀਣਾ ਚਾਹੀਦਾ ਹੈ ਤਾਂ ਜੋ ਡਾਇਰੀਆ ਵਰਗੀਆਂ ਬਿਮਾਰੀਆਂ ਤੋਂ ਬਚਿਆ ਜਾ ਸਕੇ। ਉਨ੍ਹਾਂ ਕਿਹਾ ਕਿ ਆਪਣੇ ਆਲੇ-ਦੁਆਲੇ ਦੀ ਸਾਫ-ਸਫਾਈ ਦਾ ਖਿਆਲ ਰੱਖਿਆ ਜਾਵੇ ਤੇ ਰੋਟੀ ਖਾਣ ਤੋਂ ਪਹਿਲਾਂ ਆਪਣੇ ਹੱਥਾਂ ਨੂੰ ਚੰਗੀ ਤਰ੍ਹਾਂ ਸਾਬਣ ਨਾਲ ਧੋਣਾ ਚਾਹੀਦਾ ਹੈ। ਇਸ ਮੌਕੇ ਅਤਿੰਦਰ ਕੌਰ ਸੀ.ਐਚ.ਓ, ਨਾਗਰ ਸਿੰਘ ਐਸ.ਆਈ, ਦਵਿੰਦਰ ਸਿੰਘ ਐਸ.ਆਈ, ਰੇਨੂ ਬਾਲਾ ਏ.ਐਨ.ਐਮ ਅਤੇ ਦਵਿੰਦਰ ਸਿੰਘ ਹਾਜ਼ਰ ਸਨ।

# ਸੁਖਬੀਰ ਬਾਦਲ ਵੱਲੋਂ ਹੜ੍ਹਾਂ ਨਾਲ ਪ੍ਰਭਾਵਿਤ ਬੰਗਾ ਹਲਕੇ ਦੇ ਪਿੰਡਾਂ ਦਾ ਦੌਰਾ



**ਬਹਿਰਾਮ (ਅਵਤਾਰ ਕਲੇਰ)**- ਅੱਜ ਬੰਗਾ ਹਲਕੇ ਦੇ ਵੱਖ ਵੱਖ ਪਿੰਡਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ , ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ, ਡਾ. ਸੁਖਵਿੰਦਰ ਕੁਮਾਰ ਸੁੱਖੀ ਵਿਧਾਇਕ ਬੰਗਾ ਅਤੇ ਚਰਨਜੀਤ ਸਿੰਘ ਬਰਾੜ ਨੇ ਮੀਂਹ ਦੀ ਮਾਰ ਹੇਠਾਂ ਆਏ ਪਿੰਡਾਂ ਕਟਾਰੀਆ, ਚੇਤਾ, ਕੰਗਰੋੜ ਦਾ ਦੌਰਾ ਕੀਤਾ ਅਤੇ ਕਿਸਾਨਾਂ ਨਾਲ ਗੱਲਬਾਤ ਵੀ ਕੀਤੀ । ਕਈ ਪਿੰਡਾਂ 'ਚ ਸੁਖਬੀਰ ਸਿੰਘ ਬਾਦਲ ਨੇ ਟਰੈਕਟਰ 'ਤੇ ਬੈਠ ਕੇ ਮੀਂਹ ਨਾਲ ਪ੍ਰਭਾਵਿਤ ਖੇਤਾਂ ਦਾ ਦੌਰਾ ਵੀ ਕੀਤਾ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੁਖਬੀਰ ਸਿੰਘ ਬਾਦਲ ਨੇ ਸਰਕਾਰ ਨੂੰ ਅਪੀਲ ਕੀਤੀ ਕਿ ਮੀਂਹ ਨਾਲ ਪ੍ਰਭਾਵਿਤ ਕਿਸਾਨਾਂ ਦੇ ਕਰਜ਼ੇ ਅੱਗੇ ਪਾਏ ਜਾਣ ਅਤੇ ਵਿਆਜ ਮੁਆਫ ਕੀਤਾ ਜਾਵੇ, ਗਿਰਦਾਵਰੀ ਕਰਵਾਈ ਜਾਵੇ, ਜਿਨ੍ਹਾਂ ਦੇ ਘਰਾਂ ਦਾ ਨੁਕਸਾਨ ਹੋਇਆ ਉਨ੍ਹਾਂ ਨੂੰ ਮੁਆਵਜ਼ਾ ਦਿੱਤਾ ਜਾਵੇ, ਪ੍ਰਭਾਵਿਤ ਲੋਕਾਂ ਨੂੰ ਰਾਸ਼ਨ, ਪੀਣ ਵਾਲਾ ਪਾਣੀ ਅਤੇ ਪਸ਼ੂਆਂ ਲਈ ਚਾਰੇ ਦਾ ਅਤੇ ਮੈਡੀਕਲ ਸਹੂਲਤਾਂ ਦਾ ਇੰਤਜ਼ਾਮ ਹੋਵੇ । ਸੁਖਬੀਰ ਬਾਦਲ ਨੇ ਪਾਰਟੀ ਆਗੂਆਂ ਅਤੇ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਪਿੰਡ - ਪਿੰਡ ਜਾਣ ਅਤੇ ਲੋੜਵੰਦਾਂ ਦੀ ਸਹਾਇਤਾ ਕਰਨ। ਇਸ ਮੌਕੇ ਉਨ੍ਹਾਂ ਦੇ ਨਾਲ ਪ੍ਰਵੀਨ ਬੰਗਾ ਸੂਬਾ ਸਕੱਤਰ ਬਹੁਜਨ ਸਮਾਜ ਪਾਰਟੀ, ਸੁਖਦੀਪ ਸਿੰਘ ਸੁਕਾਰ, ਸੋਹਣ ਲਾਲ ਢੰਡਾ, ਨਵਦੀਪ ਸਿੰਘ ਅਨੋਖਰਵਾਲ, ਜੈ ਪਾਲ ਸੁੰਡਾ, ਸਤਨਾਮ ਸਿੰਘ ਲਾਦੀਆਂ, ਕੁਲਵਿੰਦਰ ਸਿੰਘ ਢਾਹਾਂ, ਕਮਲਜੀਤ ਸਿੰਘ ਮੇਹਲੀ, ਸੁਖਬੀਰ ਸਿੰਘ ਸਾਧਪੁਰ, ਬਹਾਦੁਰ ਸਿੰਘ ਥਿਆੜਾ, ਜਸਵਿੰਦਰ ਸਿੰਘ ਮਾਨ, ਮਨਜੀਤ ਸਿੰਘ ਬੱਬਲ, ਅਮਰੀਕ ਸਿੰਘ ਸੋਨੀ, ਗੁਰਮਿੰਦਰ ਸਿੰਘ ਡਿੰਪਲ, ਰੂਪ ਲਾਲ ਧੀਰ, ਚੰਨੀ ਭਰੋਲੀ, ਮਨਮੀਤ ਸਿੰਘ ਮੰਨੀ, ਸੁਖਵਿੰਦਰ ਸਿੰਘ ਖਟਕੜ ਕਲਾਂ, ਹਰਮੇਲ ਸਿੰਘ ਜੱਸੋਮਾਜਰਾ, ਅਮਰਜੀਤ ਸਿੰਘ ਬਹੂਆ, ਜੀਤ ਸਿੰਘ ਭਾਟੀਆ, ਚਰਨਜੀਤ ਗੋਸਲ, ਅਮਰਜੀਤ ਸਿੰਘ ਗੋਬਿੰਦਪੁਰ, ਸ਼ਿੰਦਾ ਜਪਾਨੀ ਚੇਤਾ, ਸੁਰਿੰਦਰ ਸਿੰਘ ਸ਼ਾਹ, ਸਾਧੂ ਸਿੰਘ ਭਰੋਲੀ, ਗੁਰਵਿੰਦਰ ਸਿੰਘ ਗਿੱਲ, ਗੁਰਜੀਵਨ ਸਿੰਘ, ਰਮਨ ਕੁਮਾਰ ਬੰਗਾ, ਊਧਮ ਸਿੰਘ, ਤਰਸੇਮ ਝੱਲੀ, ਤਲਵਿੰਦਰ ਸਿੰਘ, ਅਮਰ ਸਿੰਘ ਕਟਾਰੀਆ, ਗੁਰਦੀਪ ਸਿੰਘ ਢਾਹਾਂ, ਬਲਜਿੰਦਰ ਸਿੰਘ ਹੈਪੀ, ਭੁਪਿੰਦਰ ਸਿੰਘ ਕੰਗਰੋੜ, ਹਰਭਗਵੰਤ ਸਿੰਘ ਸੱਲਾਂ ਆਦਿ ਹਾਜ਼ਰ ਸਨ।

# ਡੀ ਟੀ ਐੱਫ ਵੱਲੋਂ ਦਫ਼ਤਰੀ ਕਰਮਚਾਰੀਆਂ ਤੇ ਆਈ.ਈ.ਆਰ.ਟੀ. ਦੇ 'ਕਲਮ ਛੋੜ' ਸੰਘਰਸ਼ ਦੀ ਹਮਾਇਤ



**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ )**: ਅਧਿਆਪਕ ਜਥੇਬੰਦੀ ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ (ਡੀ.ਟੀ.ਐੱਫ.) ਨੇ 6 ਜੁਲਾਈ ਤੋਂ ਅਣਮਿਥੇ ਸਮੇਂ ਲਈ ਪੰਜਾਬ ਪੱਧਰ 'ਤੇ ਕਲਮ ਛੋੜ ਹੜਤਾਲ ਸਮੱਗਰਾ ਸਿੱਖਿਆ ਅਭਿਆਨ, ਮਿਡ ਡੇ ਮੀਲ ਦਫ਼ਤਰੀ ਕਰਮਚਾਰੀਆਂ, ਇਨਕਲੂਸਿਵ ਐਜੂਕੇਸ਼ਨ ਰਿਸੋਰਸ ਟੀਚਰਜ਼ (ਆਈ.ਈ.ਆਰ.ਟੀ.) ਅਤੇ ਸਪੈਸ਼ਲ ਟੀਚਰਜ਼ (ਐੱਸ.ਟੀ.) ਦੇ ਸੰਘਰਸ਼ ਨਾਲ ਇਕਜੁੱਟਤਾ ਪ੍ਰਗਟ ਕਰਦਿਆਂ ਡਟਵੀਂ ਹਮਾਇਤ ਦਾ ਐਲਾਨ ਕਰਦਿਆਂ ਗੜ੍ਹਸ਼ੰਕਰ 1 ਅਤੇ 2 ਬਲਾਕਾਂ ਦੇ ਕਲਮ ਛੋੜ ਹੜਤਾਲੀ ਸਾਥੀਆਂ ਦੇ ਸੰਘਰਸ਼ ਵਿੱਚ ਸ਼ਮੂਲੀਅਤ ਕੀਤੀ। ਡੀ.ਟੀ.ਐੱਫ. ਦੇ ਸੂਬਾ ਜਨਰਲ ਸਕੱਤਰ ਮੁਕੇਸ਼ ਕੁਮਾਰ ਨੇ ਕਿਹਾ ਕਿ ਪਿਛਲੇ ਇੱਕ ਦਹਾਕੇ ਤੋਂ ਠੇਕਾ ਅਧਾਰਿਤ ਨੌਕਰੀਆਂ ਤਹਿਤ ਆਰਥਕ ਤੇ ਮਾਨਸਿਕ ਸ਼ੋਸ਼ਣ ਦਾ ਸ਼ਿਕਾਰ ਹੋ ਰਹੇ ਕੱਚੇ ਮੁਲਾਜ਼ਮਾਂ ਵੱਲੋਂ ਸੇਵਾਵਾਂ ਰੈਗੂਲਰ ਕਰਵਾਉਣ ਲਈ ਲਗਾਤਾਰ ਸੰਘਰਸ਼ ਕੀਤਾ ਜਾ ਰਿਹਾ ਹੈ। ਪ੍ਰੰਤੂ ਪਹਿਲਾਂ ਰਾਜ ਕਰਦੀਆਂ ਸਿਆਸੀ ਧਿਰਾਂ ਵਾਂਗ, ਮੌਜੂਦਾ 'ਆਪ' ਸਰਕਾਰ ਵੀ ਕੱਚੇ ਕਰਮਚਾਰੀਆਂ ਦੀਆਂ ਸੇਵਾਵਾਂ ਨੂੰ ਰੈਗੂਲਰਾਈਜੇਸ਼ਨ ਰਾਹੀਂ ਸੁਰੱਖਿਅਤ ਕਰਕੇ, ਲੋਕ ਭਲਾਈ ਨਾਲ ਸੰਬੰਧਤ ਸਰਕਾਰੀ ਵਿਭਾਗਾਂ ਨੂੰ ਮਜ਼ਬੂਤ ਕਰਨ ਦੀ ਥਾਂ, ਨਿੱਜੀਕਰਨ ਦੀ ਨੀਤੀ 'ਤੇ ਹੀ ਅੱਗੇ ਵਧ ਰਹੀ ਹੈ। ਇਸ ਸਮੇਂ ਕਲਮ ਛੋੜ ਸੰਘਰਸ਼ੀ ਸਾਥੀਆਂ ਵਿਜੇ ਕੁਮਾਰ, ਰੇਨੂੰ ਬਾਲਾ, ਅਮਰਦੀਪ ਸਿੰਘ, ਰਾਜੇਸ਼ ਕੁਮਾਰ, ਸੁਰਿੰਦਰ ਸਿੰਘ ਅਤੇ ਰਾਕੇਸ਼ ਕੁਮਾਰ ਨਾਲ ਇਕਜੁੱਟਤਾ ਪ੍ਰਗਟਾਉਂਦੇ ਹੋਏ ਹੰਸ ਰਾਜ ਗੜ੍ਹਸ਼ੰਕਰ ਤੇ ਰਾਜ ਕੁਮਾਰ ਡੋਗਰਪੁਰ ਨੇ ਕਿਹਾ ਕਿ ਇਹਨਾਂ ਕਰਮਚਾਰੀਆਂ ਨੇ ਪੰਜਾਬ ਸਰਕਾਰ ਦੇ ਕੱਚੇ/ਠੇਕਾ ਅਧਾਰਿਤ ਕਰਚਾਰੀਆਂ ਨੂੰ ਰੈਗੂਲਰ ਕਰਨ ਸੰਬੰਧੀ ਕੀਤੇ ਵਾਅਦਿਆਂ ਨੂੰ ਪੂਰਾ ਕਰਵਾਉਣ ਲਈ ਕਲਮ ਛੋੜ ਹੜਤਾਲ ਅਤੇ ਹੋਰ ਵੱਡੇ ਸੰਘਰਸ਼ਾਂ ਦਾ ਰਾਹ ਅਖਤਿਆਰ ਕੀਤਾ ਗਿਆ ਹੈ, ਜਿਸ ਦੀ ਡੀ.ਟੀ.ਐੱਫ. ਵੱਲੋਂ ਡੱਟਵੀਂ ਹਮਾਇਤ ਕਰਦੇ ਹੋਏ ਸਰਕਾਰ ਤੋਂ ਮੰਗ ਕੀਤੀ ਗਈ ਕਿ ਸਰਕਾਰ ਜਲਦੀ ਤੋਂ ਜਲਦੀ ਸਮੂਹ ਕੱਚੇ ਕਰਮਚਾਰੀਆਂ ਨੂੰ ਰੈਗੂਲਰ ਕਰੇ।

# ਵਿਧਾਇਕ ਜਸਵੀਰ ਸਿੰਘ ਰਾਜਾ ਵੱਲੋਂ ਪਿੰਡ ਸੈਦਪੁਰ ਦੇ ਵਿਕਾਸ ਕਾਰਜਾਂ ਲਈ ਚੈੱਕ ਭੇਟ



**ਅੱਡਾ ਸਰਾਂ (ਜਸਵੀਰ ਕਾਜਲ)**-ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਸੂਬੇ ਦੇ ਵਿਕਾਸ ਕਾਰਜਾਂ ਲਈ ਹਰ ਸੰਭਵ ਉਪਰਾਲੇ ਕੀਤੇ ਜਾ ਰਹੇ ਹਨ ਅਤੇ ਹਰੇਕ ਪਿੰਡਾਂ ਦੀ ਨੁਹਾਰ ਬਦਲੀ ਜਾਵੇਗੀ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੂਬਾ ਉਪ ਪ੍ਰਧਾਨ ਅਤੇ ਹਲਕਾ ਵਿਧਾਇਕ ਟਾਂਡਾ ਜਸਵੀਰ ਸਿੰਘ ਰਾਜਾ ਨੇ ਪਿੰਡ ਸੈਦਪੁਰ ਦੇ ਵਿਕਾਸ ਕਾਰਜਾਂ ਲਈ ਗ੍ਰਾਂਟ ਦਾ ਚੈੱਕ ਭੇਟ ਕਰਨ ਉਪਰੰਤ ਕੀਤਾ। ਇਸ ਮੌਕੇ ਜਸਵੀਰ ਸਿੰਘ ਰਾਜਾ ਨੇ ਆਮ ਆਦਮੀ ਪਾਰਟੀ ਦੇ ਸਰਕਾਰ ਦੀਆਂ ਪ੍ਰਾਪਤੀਆਂ ਬਾਰੇ ਦੱਸਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪੰਜਾਬ ਵਿੱਚ ਇਕ ਸਾਲ ਦੇ ਕਾਰਜਕਾਲ ਦੌਰਾਨ ਹੀ ਜੋ ਇਤਿਹਾਸਕ ਵਿਕਾਸ ਕਾਰਜ ਕੀਤੇ ਹਨ ਉਹ ਦੂਸਰੀਆਂ ਪਾਰਟੀਆਂ ਆਪਣੇ ਲੰਮੇ ਸਮੇਂ ਦੇ ਕਾਰਜਕਾਲ ਵਿਚ ਵੀ ਨਹੀਂ ਕਰ ਸਕੀਆਂ। ਇਸੇ ਕਰਕੇ ਹੀ ਅੱਜ ਵਿਰੋਧੀ ਪਾਰਟੀਆਂ ਬੁਰੀ ਤਰ੍ਹਾਂ ਬੋਖਲਾਹਟ ਵਿਚ ਆ ਕੇ ਸੂਬਾ ਸਰਕਾਰ ਖਿਲਾਫ ਬੇਲੋੜੀ ਬਿਆਨਬਾਜ਼ੀ ਕਰ ਰਹੀਆਂ ਹਨ। ਇਸ ਮੌਕੇ ਜਸਵੀਰ ਸਿੰਘ ਰਾਜਾ ਨੇ ਕਿਹਾ ਕਿ ਸੂਬਾ ਸਰਕਾਰ ਦੀਆਂ ਲੋਕ ਉਸਾਰੂ ਨੀਤੀਆਂ ਕਾਰਨ ਹਰੇਕ ਵਰਗ ਆਮ ਆਦਮੀ ਪਾਰਟੀ ਨਾਲ ਜੁੜ ਕੇ ਪੰਜਾਬ ਅਤੇ ਪੰਜਾਬੀਅਤ ਦੇ ਭਲੇ ਲਈ ਕਾਰਜ ਕਰ ਰਿਹਾ ਹੈ । ਇਸ ਮੌਕੇ ਬਲਾਕ ਪ੍ਰਧਾਨ ਟਾਂਡਾ ਕੇਸਵ ਸਿੰਘ ਸੈਣੀ, ਜਗਜੀਤ ਸਿੰਘ ਸੈਦਪੁਰ, ਅਵਤਾਰ ਸਿੰਘ, ਮਨਪ੍ਰੀਤ ਸਿੰਘ, ਗੋਲਡੀ ਨਰਵਾਲ, ਸੁਖਵਿੰਦਰ ਸਿੰਘ ਔਰੜਾ, ਯੂਥ ਆਗੂ ਪ੍ਰੇਮ ਵਡਵਾਲ, ਵਿੱਕੀ ਮਹਿੰਦਰੂ, ਸੁਰਿੰਦਰਜੀਤ ਸਿੰਘ ਬਿੱਲੂ ਆਦਿ ਹਾਜ਼ਰ ਸਨ।

# ਚੰਨੀ ਨੇ ਪਾਣੀ ਦੀ ਮਾਰ ਝੱਲ ਰਹੇ ਪਿੰਡਾਂ ਤੇ ਕਾਲੋਨੀਆਂ ਦਾ ਕੀਤਾ ਦੌਰਾ



**ਸ੍ਰੀ ਚਮਕੌਰ ਸਾਹਿਬ (ਕੁਲਵਿੰਦਰ ਕਾਲਾ)**-ਬੀਤੇ ਦਿਨਾਂ ਤੋਂ ਪੈ ਰਹੀ ਭਾਰੀ ਬਾਰਿਸ਼ ਕਾਰਨ ਲੋਕਾਂ ਦੇ ਹੋਏ ਨੁਕਸਾਨ ਦਾ ਜਾਇਜ਼ਾ ਲੈਣ ਲਈ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੇ ਸ੍ਰੀ ਚਮਕੌਰ ਸਾਹਿਬ ਦੇ ਏਰੀਏ ਦੇ ਪਿੰਡਾਂ ਅਤੇ ਕਾਲੋਨੀਆਂ ਦਾ ਦੌਰਾ ਕੀਤਾ ਤੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ। ਜਿੱਥੇ ਉਨ੍ਹਾਂ ਨੂੰ ਲੋਕਾਂ ਨੇ ਦੱਸਿਆ ਕਿ ਹਾਲੇ ਤਕ ਸਾਡੀ ਕਿਸੇ ਨੇ ਸਾਰ ਨਹੀ ਲਈ। ਇਸੇ ਤਰ੍ਹਾਂ ਉਨ੍ਹਾਂ ਸਥਾਨਕ ਖਾਲਸਾ ਕਾਲੋਨੀ ਅਤੇ ਇੰਦਰਾ ਕਲੋਨੀ 'ਬੰਗਾਲਾ ਬਸਤੀ' ਦਾ ਦੌਰਾ ਕੀਤਾ ਜਿੱਥੇ ਹਾਜ਼ਰ ਔਰਤਾਂ ਨੇ ਮੌਜੂਦਾ ਸਰਕਾਰ ਖਿਲਾਫ ਜੰਮ ਕੇ ਨਾਅਰੇਬਾਜ਼ੀ ਕੀਤੀ। ਇਨ੍ਹਾਂ ਔਰਤਾਂ ਨੇ ਚੰਨੀ ਨੂੰ ਦੱਸਿਆ ਕਿ ਦੋ ਦਿਨ ਤੋਂ ਉਨ੍ਹਾਂ ਦੀ ਕਿਸੇ ਨੇ ਵੀ ਸਾਰ ਨਹੀਂ ਲਈ ਅਤੇ ਨਾ ਹੀ ਕੋਈ ਰੋਟੀ ਪਾਣੀ ਦਾ ਪੁਖਤਾ ਪ੍ਰਬੰਧ ਕੀਤਾ।

ਸਾਬਕਾ ਮੁੱਖ ਮੰਤਰੀ ਚੰਨੀ ਨੇ ਕਿਹਾ ਕਿ ਪੰਜਾਬ ਸਰਕਾਰ ਦੀ ਜ਼ਿੰਮੇਵਾਰੀ ਬਣਦੀ ਸੀ ਕਿ ਡਰੇਨਾਂ ਦੀ ਸਫਾਈ ਕਰਵਾਈ ਜਾਵੇ ਤਾਂ ਜੋ ਅਜਿਹੀ ਆਫਤ ਨਾਲ ਕੁਝ ਹੱਦ ਤੱਕ ਨਜਿੱਠਿਆ ਜਾ ਸਕਦਾ। ਉਨ੍ਹਾਂ ਕਿਹਾ ਕਿ ਮੈਂ ਹਮੇਸ਼ਾ ਤੁਹਾਡੇ ਦੁੱਖਾਂ ਸੁੱਖਾਂ ਵਿਚ ਹਾਜ਼ਰ ਹਾਂ।

# ਆਖਰਕਾਰ ਸ਼ਾਹਪੁਰ ਬੇਲਾ ਪੁੱਜੇ ਪ੍ਰਸ਼ਾਸਨਿਕ ਅਧਿਕਾਰੀ

**ਨੂਰਪੁਰ ਬੇਦੀ (ਸੁਰਜੀਤ ਸਿੰਘ ਕਾਹਲੋਂ)**-ਬੀਤੇ ਰੋਜ ਭਾਰੀ ਬਰਸਾਤ ਤੇ ਹੜ੍ਹ ਦੇ ਕਾਰਨ ਇਲਾਕੇ ਆ ਚੁੱਕੇ ਸਾਹਪੁਰ ਬੇਲਾ ਤੇ ਲੋਕਾਂ ਦੀ ਸਾਰ ਲੈਣ ਦੇ ਲਈ ਡੀਸੀ ਰੂਪਨਗਰ ਦੇ ਦਿਸਾ ਨਿਰਦੇਸਾਂ ਤੇ ਨਾਇਬ ਤਹਿਸੀਲਦਾਰ ਰਿਤੂ ਕਪੂਰ ਦੀ ਅਗਵਾਈ ਵਿੱਚ ਮਾਈਨਿੰਗ ਡਰੇਜ ਵਿਭਾਗ ਦੇ ਅਧਿਕਾਰੀ ਸਾਹਪੁਰ ਬੇਲਾ ਪਹੁੰਚੇ। ਸਾਹਪੁਰ ਬੇਲਾ ਦਾ ਸੰਪਰਕ ਬੀਤੇ ਰੋਜ



ਦਰਿਆ ਵਿੱਚ ਭਾਰੀ ਹੜ ਆਉਣ ਦੇ ਕਾਰਨ ਇਲਾਕੇ ਨਾਲੋਂ ਕੱਟ ਗਿਆ ਸੀ। ਤੇ ਇਸ ਪੂਰੇ ਮਾਮਲੇ ਦੀ ਜਾਣਕਾਰੀ ਪੰਜਾਬ ਮੋਰਚਾ ਦੇ ਕਨਵੀਨਰ ਗੌਰਵ ਰਾਣਾ ਵੱਲੋਂ ਮੌਕੇ ਤੇ ਪਹੁੰਚ ਦਿੱਤੀ ਸੀ। ਤੇ ਡੀਸੀ ਰੂਪਨਗਰ ਤੋਂ ਇਸ ਪਿੰਡ ਦੇ ਲੋਕਾਂ ਦੀ ਮਦਦ ਕਰਨ ਦੀ ਅਪੀਲ ਕੀਤੀ ਸੀ। ਅੱਜ ਇੱਥੇ ਮਾਈਨਿੰਗ ਵਿਭਾਗ ਦੇ ਐਸਡੀਓ ਪ੍ਰਦੀਪ ਕੁਮਾਰ ਮੌਕੇ ਤੇ ਪਹੁੰਚੇ। ਜਿੱਥੇ ਪਿੰਡ ਵਾਸੀ ਜਗਬੀਰ ਸਿੰਘ ਬੇਲਾ, ਜਸਵੰਤ ਸਿੰਘ, ਸਮੇਤ ਹੋਰਨਾਂ ਨੇ ਦੱਸਿਆ ਕਿ ਉਹਨਾਂ ਦੇ ਪਿੰਡ ਨੂੰ ਅੱਜ ਤੱਕ ਸਰਕਾਰ ਦੀ ਕੋਈ ਸਹਾਇਤਾ ਪ੍ਰਾਪਤ ਨਹੀਂ ਹੋਈ। ਉਹਨਾਂ ਨੇ ਕਿਹਾ ਕਿ ਸਾਡੇ ਪਿੰਡ ਨੂੰ ਸ੍ਰੀ ਲੰਕਾ ਵਰਗੇ ਹਾਲਾਤਾਂ ਤੋਂ ਬਚਾਉਣ ਲਈ ਅੱਜ ਤੱਕ ਸਿਰਫ ਸੰਤ ਬਾਬਾ ਲਾਭ ਸਿੰਘ ਕਿਲ੍ਹਾ ਆਨੰਦਪੁਰ ਵਾਲਿਆਂ ਦਾ ਹੀ ਯੋਗਦਾਨ ਰਿਹਾ। ਉਨ੍ਹਾਂ ਨੇ ਕਿਹਾ ਕਿ ਸੰਤਾਂ ਦੀ ਬਦੌਲਤ ਹੀ ਸਾਡੇ ਪਿੰਡ ਨੂੰ ਕਾਰ ਸੇਵਾ ਤਹਿਤ ਇੱਕ ਪੁਲ ਬਣਿਆ ਸੀ ਪਰ ਬਾਰ ਬਾਰ ਆ ਰਹੇ ਹੜ੍ਹਾ ਦੇ ਕਾਰਨ ਪੁਲ ਦੇ ਕਿਨਾਰੇਆਂ ਨੂੰ ਖੋਰਾ ਪੈ ਰਿਹਾ ਹੈ। ਪੰਜਾਬ ਸਰਕਾਰ ਤੇ ਪ੍ਰਸਾਸਨ ਤੇ ਪੁੱਲ ਦੇ ਦੋਨਾਂ ਪਾਸੇ ਪੂਰੇ ਦਰਿਆ ਦੇ ਏਰੀਏ ਦੇ ਵਿੱਚ ਡੰਗੇ ਲਗਾਵੇ। ਨਹੀਂ ਤਾਂ ਬਾਰ ਬਾਰ ਆ ਰਹੀ ਬਰਸਾਤ ਕਾਰਨ ਇਹ ਖਤਰਾ ਬਣ ਚੁੱਕਾ ਹੈ। ਪਿੰਡ ਵਾਸੀਆਂ ਨੇ ਦੱਸਿਆ ਕਿ ਬੀਤੇ ਦਿਨ ਆਏ ਹੜ੍ਹ ਕਾਰਨ ਉਹਨਾਂ ਦੀਆਂ ਫਸਲਾਂ ਤੇ ਲਗਾਏ ਗਏ ਦਰੱਖਤ ਬੁਰੀ ਤਰਾਂ ਨੁਕਸਾਨੇ ਗਏ ਹਨ,ਤੇ ਜਮੀਨ ਦਾ ਵੱਡਾ ਹਿੱਸਾ ਵੀ ਦਰਿਆ ਵਿੱਚ ਖੋਰਾ ਲੱਗਣ ਕਾਰਨ ਹੜ ਗਿਆ ਹੈ।ਇੱਥੇ ਮੌਕੇ ਤੇ ਪਹੁੰਚੇ ਮਾਈਨਿੰਗ ਮਹਿਕਮੇ ਦੇ ਐਸ ਡੀ ਓ ਪ੍ਰਦੀਪ ਧੀਮਾਨ ਨੇ ਕਿਹਾ ਕਿ ਉਨ੍ਹਾਂ ਨੇ ਪੂਰਾ ਮੌਕਾ ਦੇਖ ਲਿਆ ਹੈ। ਤੇ ਪੁੱਲ ਦੇ ਕਿਨਾਰਿਆਂ ਤੇ ਡੰਗੇ ਲਗਾਉਣ ਦੇ ਲਈ ਰਹੇ ਹਨ। ਇਸ ਮੌਕੇ ਪਿੰਡ ਦੇ ਨਿਵਾਸੀ ਜਗਬੀਰ ਸਿੰਘ ਬੇਲਾ, ਜਸਵੰਤ ਸਿੰਘ,ਜਸਪਾਲ ਸਿੰਘ, ਮਲਕੀਤ ਸਿੰਘ, ਭੁਪਿੰਦਰ ਸਿੰਘ, ਅਮਰ ਸਿੰਘ, ਭਾਗ ਸਿੰਘ, ਕਰਨੈਲ ਸਿੰਘ ,ਤੇ ਪੰਜਾਬ ਮੋਰਚਾ ਦੇ ਕਨਵੀਨਰ ਗੌਰਵ ਰਾਣਾ ਸਮੇਤ ਬਜ਼ੁਰਗ ਨੌਜਵਾਨ ਤੇ ਮਾਤਾਵਾਂ ਹਾਜਰ ਸਨ।

# ਭੱਠਾ ਮਾਲਕ ਵੱਲੋਂ ਮੁਆਵਜ਼ੇ ਦੀ ਮੰਗ



**ਮਾਹਿਲਪੁਰ (ਸਫਰੀ)** ਬਰਸਾਤੀ ਮੀਂਹ ਕਾਰਨ ਜਿੱਥੇ ਇਲਾਕੇ ਵਿੱਚ ਹੜ੍ਹ ਵਰਗੇ ਹਲਾਤ ਪੈਦਾ ਹੋ ਗਏ ਹਨ ਉੱਥੇ ਹੀ ਇਨ੍ਹਾਂ ਹੜ੍ਹਾਂ ਕਰਕੇ ਰੁਜ਼ਗਾਰ ਦਾ ਵੀ ਭਾਰੀ ਨੁਕਸਾਨ ਹੋਇਆ ਹੈ। ਗੜ੍ਹਸ਼ੰਕਰ ਦੇ ਪਿੰਡ ਬੀਹੜਾ ਵਿਖੇ ਹੜ੍ਹ ਦੇ ਕਾਰਨ ਇੱਟਾਂ ਦਾ ਭੱਠਾ ਪੂਰੀ ਤਰ੍ਹਾਂ ਨੁਕਸਾਨ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਜਾਣਕਾਰੀ ਦਿੰਦਿਆਂ ਭੱਠੇ ਦੇ ਮਾਲਕ ਸਰੂਪ ਲਾਲ ਨੇ ਦੱਸਿਆ ਕਿ ਪਿਛਲੇ ਕਾਫੀ ਲੰਬੇ ਸਮੇਂ ਤੋਂ ਇੱਟਾਂ ਦੇ ਭੱਠੇ ਦਾ ਕਾਰੋਬਾਰ ਕਰਦੇ ਆ ਰਹੇ ਹਨ ਅਤੇ ਉਨ੍ਹਾਂ ਵੱਲੋਂ ਪੰਜਾਹ ਦੇ ਕਰੀਬ ਪ੍ਰਵਾਸੀ ਮਜ਼ਦੂਰਾਂ ਨੂੰ ਕੰਮ ਵੀ ਦਿੱਤਾ ਹੋਇਆ ਹੈ। ਉਨ੍ਹਾਂ ਦੱਸਿਆ ਕੇ ਬੀਤੇ ਦਿਨੀਂ ਉਨ੍ਹਾਂ ਦਾ ਭੱਠਾ ਹੜ੍ਹ ਦੀ ਲਪੇਟ ਵਿੱਚ ਆ ਗਿਆ ਜਿਸ ਕਾਰਨ ਕੱਚੀਆਂ ਇੱਟਾਂ ਪਕਾਉਣ ਦੇ ਲਈ ਰੱਖੀਆਂ ਅਤੇ ਭੱਠੇ ਦੇ ਚਾਰ ਛੁਪੇਰੇ ਦੀਆਂ ਕੰਧਾਂ ਨੁਕਸਾਨੀਆਂ ਗਈਆਂ ਜਿਸ ਦੇ ਕਾਰਨ ਦਸ ਲੱਖ ਦੇ ਕਰੀਬ ਦਾ ਨੁਕਸਾਨ ਹੋ ਗਿਆ। ਸਰੂਪ ਨੇ ਦੱਸਿਆ ਕਿ ਭੱਠਾ ਮਾਲਕ ਪਹਿਲਾਂ ਹੀ ਕੋਲੇ ਦੇ ਮਹਿੰਗੇ ਰੇਟਾਂ ਦੇ ਕਾਰਨ ਕੰਮ ਕਾਫੀ ਪ੍ਰਭਾਵਿਤ ਹੋ ਚੁੱਕਾ ਹੈ ਅਤੇ ਹੁਣ ਬਰਸਾਤੀ ਆਫਤ ਕਰਕੇ ਉਨ੍ਹਾਂ ਦਾ ਵੱਡਾ ਨੁਕਸਾਨ ਹੋਇਆ। ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਉਨ੍ਹਾਂ ਦੀ ਸਾਰ ਲਈ ਜਾਵੇ ਤਾ ਜੋ ਭੱਠੇ ਦਾ ਕੰਮ ਦੁਆਰਾ ਸ਼ੁਰੂ ਕਰ ਸਕਣ। ਇਸ ਮੌਕੇ ਪਿੰਡ ਵਾਸੀਆ ਨੇ ਸਰਕਾਰ ਤੋਂ ਮੁਆਵਜ਼ੇ ਦੀ ਮੰਗ ਕੀਤੀ।

# ਡਰੇਨ ਦੇ ਗੇਟ ਖੋਲ੍ਹਣ ਦੇ ਰੋਸ ਵਜੋਂ ਨਾਲ ਲਗਦੇ ਪਿੰਡਾਂ ਦੇ ਲੋਕਾਂ ਨੇ ਲਾਇਆ ਧਰਨਾ

**ਸ੍ਰੀ ਚਮਕੌਰ ਸਾਹਿਬ (ਕੁਲਵਿੰਦਰ ਕਾਲਾ)**-ਬੀਤੇ ਦਿਨਾਂ ਤੋਂ ਪੈ ਰਹੀ ਭਾਰੀ ਬਾਰਿਸ਼ ਦੇ ਚਲਦਿਆਂ ਸਰਹਿੰਦ ਨਹਿਰ ਪਾਣੀ ਨਾਲ ਭਰ ਜਾਣ ਕਾਰਨ ਜਦੋਂ ਨਹਿਰੀ ਵਿਭਾਗ ਦੇ ਕਰਮਚਾਰੀਆਂ ਵੱਲੋਂ ਸਰਹਿੰਦ ਨਹਿਰ ਦੇ ਵਿੱਚ ਬਣੇ ਡਰੇਨ ਦੇ ਗੇਟ ਖੋਲ੍ਹਣ ਲਈ ਕਰਮਚਾਰੀਆਂ ਵੱਲੋਂ ਸੰਗਲ ਪਾ ਕੇ ਗੇਟ ਖੋਲ੍ਹਣ ਦੀ ਕੋਸ਼ਿਸ਼ ਕੀਤੀ ਗਈ ਤਾਂ ਉਸ ਸਮੇਂ ਭਾਰੀ ਹੰਮਾਗਾ ਹੋ ਗਿਆ ਅਤੇ ਇਸ ਦਾ ਵਿਰੋਧ ਕਰਨ ਲਈ ਪਿੰਡ ਜਟਾਣਾਂ, ਬੇਲਾ, ਹਾਫਿਜਾਬਾਦ, ਮਹਿਤੋਤ ਆਦਿ ਪਿੰਡਾਂ ਦੇ ਲੋਕ ਵੱਡੀ ਗਿਣਤੀ ਵਿੱਚ ਪੁਲ 'ਤੇ ਪਹੁੰਚ ਗਏ। ਉਨ੍ਹਾਂ ਦਾ ਕਹਿਣਾ ਸੀ ਕਿ ਸਾਡੇ ਪਿੰਡਾਂ ਵਿਚ ਤਾਂ ਪਹਿਲਾਂ ਹੀ ਤਿੰਨ ਤਿੰਨ ਫੁੱਟ ਪਾਣੀ ਵੜਿਆ ਹੋਇਆ। ਹੁਣ ਜੇਕਰ ਇਸ ਨਹਿਰ ਦੇ ਗੇਟ ਖੋਲ੍ਹ ਕੇ ਪਾਣੀ ਡਰੇਨ ਵਿਚ ਛੱਡਿਆ ਗਿਆ ਤਾਂ ਪਿੰਡਾਂ ਦੇ ਪਿੰਡ ਹੜ੍ਹ ਜਾਣਗੇ। ਲੋਕਾਂ ਨੇ ਧਰਨਾ ਲਾ ਕੇ ਟ੍ਰੈਫਿਕ ਜਾਮ ਕਰਕੇ ਨਹਿਰੀ ਵਿਭਾਗ ਦੇ ਕਰਮਚਾਰੀਆਂ ਨੂੰ ਉਕਤ ਗੇਟ ਖੋਲ੍ਹਣ ਤੋਂ ਰੋਕ ਦਿੱਤਾ। ਇਸ ਮੌਕੇ ਧਰਨਾਕਾਰੀਆਂ ਨੂੰ ਸ਼ਾਂਤ ਕਰਨ ਲਈ ਮੌਕੇ 'ਤੇ ਪ੍ਰਸ਼ਾਸਨਿਕ ਅਧਿਕਾਰੀ ਪੁੱਜੇ ਜਿਨ੍ਹਾਂ ਨੇ ਧਰਨਾਕਾਰੀਆਂ ਨੂੰ ਵਿਸ਼ਵਾਸ ਦਿਵਾਇਆ ਕਿ ਤੁਸੀਂ ਧਰਨਾ ਚੁੱਕ ਲਵੋ ਅਸੀਂ ਡਿਪਟੀ ਕਮਿਸ਼ਨਰ ਮੈਡਮ ਨਾਲ ਗੱਲ ਕਰ ਲਈ ਹੈ। ਉਨ੍ਹਾਂ ਕਿਹਾ ਕਿ ਡਰੇਨ ਦੇ ਦਰਵਾਜ਼ੇ ਨਾ ਖੋਲ੍ਹੇ ਜਾਣ, ਪ੍ਰੰਤੂ ਲੋਕ ਇਸ ਗੱਲ 'ਤੇ ਅੜ ਗਏ ਕਿ ਸਾਡੀ ਹਲਕਾ ਵਿਧਾਇਕ ਡਾ. ਚਰਨਜੀਤ ਸਿੰਘ ਨਾਲ ਗੱਲ ਕਰਾਓ ਧਰਨਾ ਤਾਂ ਹੀ ਚੁੱਕਿਆ ਜਾਵੇਗਾ। ਹਲਕਾ ਵਿਧਾਇਕ ਕਿਸੇ ਕਾਰਨ ਇੱਥੇ ਨਹੀਂ ਪਹੁੰਚ ਨਹੀਂ ਸਕੇ। ਪ੍ਰੰਤੂ ਧਰਨੇ ਵਿਚ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਸ਼ਾਮਲ ਹੋ ਗਏ। ਉਨ੍ਹਾ ਕਿਹਾ ਕਿ ਪੰਜਾਬ ਸਰਕਾਰ ਨੂੰ ਡਰੇਨਾਂ ਦੀ ਸਫਾਈ ਕਰਵਾਉਣੀ ਚਾਹੀਦੀ ਸੀ ਜੋ ਨਹੀਂ ਕਰਵਾਈ ਗਈ। ਜਿਸ ਦਾ ਖਮਿਆਜ਼ਾ ਲੋਕਾਂ ਨੂੰ ਭੁਗਤਣਾ ਪੈ ਰਿਹਾ। ਉੱਧਰ ਧਰਨਾਕਾਰੀ ਕਹਿ ਰਹੇ ਸਨ ਕਿ ਪ੍ਰਸ਼ਾਸਨ ਵੱਲੋਂ ਵਿਸ਼ਵਾਸ ਦਿਵਾਏ ਜਾਣ ਦੇ ਬਾਵਜੂਦ ਵੀ ਸਾਨੂੰ ਕੋਈ ਭਰੋਸਾ ਨਹੀਂ ਕਿਉਂਕਿ ਇਨ੍ਹਾਂ ਨੇ ਸਾਡੇ ਜਾਣ ਤੋਂ ਬਾਅਦ ਡਰੇਨ ਦੇ ਦਰਵਾਜ਼ੇ ਖੋਲ੍ਹ ਦੇਣੇ ਹਨ। ਇਸ ਲਈ ਅਸੀ ਪੁਲ ਦੇ ਉਪਰ ਹੀ ਇੱਕ ਪਾਸੇ ਧਰਨੇ 'ਤੇ ਬੈਠਾਗੇ। ਇਸ ਧਰਨੇ ਵਿਚ ਸਾਰੀ ਰਾਤ ਸਾਬਕਾ ਮੁੱਖ ਮੰਤਰੀ ਚੰਨੀ ਵੀ ਹਾਜ਼ਰ ਰਹੇ ਅਤੇ ਉਨ੍ਹਾਂ ਆਪਣੇ ਪੁੱਤਰ ਨਵਜੀਤ ਸਿੰਘ ਨਵੀ ਨਾਲ ਮੰਜੇ 'ਤੇ ਰਾਤ ਕੱਟੀ। ਇਸ ਮੌਕੇ ਤਾਰਾ ਚੰਦ, ਦਵਿੰਦਰ ਸਿੰਘ, ਰੋਹਿਤ ਸੱਭਰਵਾਲ ਸੰਮਤੀ ਮੈਂਬਰ, ਨਵਨੀਤ ਸਿੰਘ, ਮਨਪ੍ਰੀਤ ਸਿੰਘ, ਗੁਰਨਾਮ ਸਿੰਘ ਜੱਸੜਾ ਆਦਿ ਸਮੇਤ ਵੱਡੀ ਗਿਣਤੀ ਵਿਚ ਪਿੰਡਾਂ ਦੇ ਲੋਕ ਹਾਜ਼ਰ ਸਨ।



# ਵਿਧਾਇਕ ਡਾ. ਚਰਨਜੀਤ ਸਿੰਘ ਨੇ ਹਲਕੇ ਦੇ ਪਿੰਡਾਂ ਦਾ ਦੌਰਾ ਕਰਕੇ ਨੁਕਸਾਨ ਦਾ ਲਿਆ ਜਾਇਜ਼ਾ

**ਸ੍ਰੀ ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੋਬੀ)**-ਹਲਕਾ ਵਿਧਾਇਕ ਸ੍ਰੀ ਚਮਕੌਰ ਸਾਹਿਬ ਡਾ. ਚਰਨਜੀਤ ਸਿੰਘ ਵੱਲੋਂ ਜ਼ਿਲ੍ਹੇ ਵਿੱਚ ਹੋਈ ਪਿਛਲੇ ਦਿਨਾਂ ਤੋਂ ਭਾਰੀ ਵਰਖਾ ਕਾਰਨ ਸ੍ਰੀ ਚਮਕੌਰ ਸਾਹਿਬ ਅਤੇ ਮੋਰਿੰਡਾ ਵਿਖੇ ਹੋਏ ਨੁਕਸਾਨਾਂ ਦਾ ਜਾਇਜ਼ਾ ਲਿਆ ਗਿਆ। ਹਲਕਾ ਵਿਧਾਇਕ ਡਾ. ਚਰਨਜੀਤ ਸਿੰਘ ਵੱਲੋਂ ਸ਼ਹੀਦ ਭਗਤ ਸਿੰਘ ਨਗਰ ਅਤੇ ਸ਼ਹਿਰ ਮੋਰਿੰਡਾ ਵਿਖੇ ਦੌਰਾ ਕਰਕੇ ਪਾਣੀ ਦੀ ਸਮੱਸਿਆ ਦਾ ਹੱਲ ਕੀਤਾ ਤੇ ਡੂਮਛੇੜੀ ਅਤੇ ਕਜੌਲੀ ਦਾ ਵੀ ਦੌਰਾ ਕੀਤਾ। ਸਰਹਿੰਦ ਨਹਿਰ ਸ੍ਰੀ ਚਮਕੌਰ ਸਾਹਿਬ ਅਤੇ ਪਿੰਡ ਅਸਲਪੁਰ-ਰੰਗਾ, ਚੌਂਤਾ ਅਤੇ ਕਮਾਲਪੁਰ ਵਿਖੇ ਨਦੀ ਵਿਚ ਪਏ ਪਾੜ ਸੰਬੰਧੀ ਦੌਰਾ ਕੀਤਾ ਅਤੇ ਅਧਿਕਾਰੀਆਂ ਨੂੰ ਸਖਤ ਹਦਾਇਤਾਂ ਦਿੱਤੀਆਂ। ਇਸ ਦੌਰਾਨ ਉਨ੍ਹਾਂ ਗੱਲਬਾਤ ਕਰਦਿਆਂ ਕਿਹਾ ਕਿ ਉਹ ਖ਼ੁਦ ਲੋਕਾਂ ਦੇ ਵਿੱਚ ਰਹਿਣ ਵਾਲੇ ਲੋਕਾਂ ਦੇ ਵਿਧਾਇਕ ਹਨ ਅਤੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਉਹ ਖ਼ੁਦ ਅਤੇ ਸਮੁੱਚਾ ਜ਼ਿਲ੍ਹਾ ਪ੍ਰਸ਼ਾਸਨ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਹੈ। ਉਨ੍ਹਾ ਕਿਹਾ ਕਿ ਇਸ ਵੱਡੀ ਆਫਤ ਦੌਰਾਨ ਸਾਨੂੰ ਸਾਰਿਆਂ ਨੂੰ ਇਕਜੁੱਟ ਹੋਣਾ ਚਾਹੀਦਾ ਹੈ ਤੇ ਇੱਕ ਦੂਜੇ ਨਾਲ ਮਿਲ ਕੇ ਜ਼ਰੂਰਤਮੰਦ ਲੋਕਾਂ ਦੀ ਮਦਦ ਕਰਨੀ ਚਾਹੀਦੀ ਹੈ। ਉਨ੍ਹਾ ਕਿਹਾ ਕਿ ਫਸੇ ਹੋਏ ਲੋਕਾਂ ਨੂੰ ਬਾਹਰ ਕੱਢਣ ਅਤੇ ਖਾਣ ਪੀਣ ਦਾ ਸਮਾਨ ਮੁਹੱਈਆ ਕਰਵਾਉਣ ਲਈ ਪੰਜਾਬ ਸਰਕਾਰ ਵੀ ਲਗਾਤਰ ਯਤਨਸ਼ੀਲ ਹੈ ਅਤੇ ਸਾਨੂੰ ਵੀ ਸਭ ਨੂੰ ਇਸ ਲਈ ਹੰਭਲਾ ਮਾਰਨਾ ਚਾਹੀਦਾ ਹੈ। ਉਨ੍ਹਾ ਦੱਸਿਆ ਕਿ ਬੜੇ ਅਫਸੋਸ ਦੀ ਗੱਲ ਹੈ ਕਿ ਕੁਝ ਸ਼ਰਾਰਤੀ ਅਨਸਰਾਂ ਵੱਲੋਂ ਇਸ ਆਫਤ ਮੌਕੇ ਵੀ ਘਟੀਆ ਰਾਜਨੀਤੀ ਕੀਤੀ ਜਾ ਰਹੀ ਹੈ ਅਤੇ ਲੋਕਾਂ ਵਿੱਚ ਝੂਠ ਬੋਲ ਕੇ ਉਨ੍ਹਾਂ ਨੂੰ ਗੁੰਮਰਾਹ ਕੀਤਾ ਜਾ ਰਿਹਾ ਹੈ। ਉਨ੍ਹਾ ਕਿਹਾ ਕਿ ਪੰਜਾਬ ਸਰਕਾਰ ਪੂਰੀ ਮੁਸਤੈਦੀ ਨਾਲ ਕੰਮ ਕਰ ਰਹੀ ਹੈ।

# ਗੁੱਜਰ ਪਰਵਾਰ ਵੱਲੋਂ ਮੁਆਵਜ਼ੇ ਦੀ ਮੰਗ



**ਮਾਹਿਲਪੁਰ/ਸਫਰੀ** - ਬਲਾਕ ਮਾਹਿਲਪੁਰ ਅਧੀਨ ਪੈਂਦੇ ਪਿੰਡ ਮੁਗੋਵਾਲ ਵਿਚ ਗੁੱਜਰਾਂ ਦੇ ਪਸ਼ੂ, ਨਕਦੀ ਅਤੇ ਗਹਿਣੇ ਪਾਣੀ ਵਿਚ ਰੁੜ੍ਹ ਗਏ । ਗਰੀਬ ਪਰਵਾਰ ਨੇ ਪੰਜਾਬ ਸਰਕਾਰ ਅੱਗੇ ਮਦਦ ਦੀ ਗੁਹਾਰ ਲਗਾਈ ਹੈ। ਦੀਨ ਮਹੰਮਦ ਪੁੱਤਰ ਮੁਹੰਮਦ ਮੂਸਾ ਗੁੱਜਰ ਨੇ ਕਿਹਾ ਕਿ ਮੈਂ ਮੱਝਾਂ ਦਾ ਦੁੱਧ ਵੇਚ ਕੇ ਆਪਣੇ ਘਰ ਦੀ ਰੋਜ਼ੀ ਰੋਟੀ ਚਲਾ ਰਿਹਾ ਸੀ । 9-7-2023 ਨੂੰ ਆਈ ਭਾਰੀ ਬਾਰਿਸ਼ ਨਾਲ ਮੈਂ ਤਬਾਹ ਹੋ ਗਿਆ। ਬਾਰਿਸ਼ ਨਾਲ ਆਏ ਹੜ੍ਹ ਵਿਚ ਮੇਰੀਆਂ ਤਾਜ਼ੀਆਂ ਸੂਈਆਂ ਮੱਝਾਂ ਦੀਆਂ ਚਾਰ ਕੱਟੀਆਂ ਅਤੇ ਮੇਰੀ ਕੱਪੜਿਆਂ ਵਾਲੀ ਪੇਟੀ ਜਿਸ ਵਿਚ ਨਕਦੀ ਅਤੇ ਸੋਨੇ ਗਹਿਣੇ ਸਨ, ਪਾਣੀ ਵਿਚ ਰੁੜ੍ਹ ਗਏ। ਮੇਰੇ ਛੋਟੇ ਛੋਟੇ ਬੱਚੇ ਹਨ ਜਿਨ੍ਹਾਂ ਨੂੰ ਮੈਂ ਮੱਝਾਂ ਦਾ ਦੁੱਧ ਵੇਚ ਕੇ ਬੜੀ ਮੁਸ਼ਕਲ ਨਾਲ ਘਰ ਚਲਾ ਰਿਹਾ ਸੀ। ਇਸ ਕੁਦਰਤੀ ਆਫਤ ਨੇ ਮੈਨੂੰ ਤਬਾਹ ਕਰ ਦਿੱਤਾ। ਮੇਰੀ ਸਰਕਾਰ ਨੂੰ ਬੇਨਤੀ ਹੈ ਕਿ ਮੇਰੀ ਮਦਦ ਕੀਤੀ ਜਾਵੇ ਤਾਂ ਕਿ ਮੈਂ ਦੁਬਾਰਾ ਆਪਣੇ ਪੈਰਾਂ 'ਤੇ ਖੜ੍ਹਾ ਹੋ ਕੇ ਆਪਣੇ ਪਰਵਾਰ ਦਾ ਪਾਲਣ ਪੋਸਣ ਕਰ ਸਕਾਂ।

# ਸ਼ਹੀਦੇ-ਆਜ਼ਮ ਭਗਤ ਸਿੰਘ ਦੇ ਸਾਥੀ ਪੰਡਤ ਕਿਸ਼ੋਰੀ ਲਾਲ ਦੀ 34 ਵੀਂ ਬਰਸੀ ਇਨਕਲਾਬੀ ਜੋਸ਼ੋ-ਖਰੋਸ਼ ਨਾਲ ਮਨਾਈ

**ਮਾਹਿਲਪੁਰ (ਸਫਰੀ)** ਅੱਜ 11ਜੁਲਾਈ ਨੂੰ ਇਨਕਲਾਬੀ ਸਾਥੀ ਪੰਡਤ ਕਿਸ਼ੋਰੀ ਲਾਲ ਸ਼ਹੀਦੇ ਆਜ਼ਮ ਭਗਤ ਸਿੰਘ ਦੇ ਸਾਥੀ ਦੀ34ਵੀਂ ਬਰਸੀ ਡਾਕਟਰ ਭਗਤ ਹਾਲ ਵਿੱਚ ਕੈਪਟਨ ਕਰਨੈਲ ਸਿੰਘ ਦੀ ਪ੍ਰਧਾਨਗੀ ਹੇਠ ਇਨਕਲਾਬੀ ਜੋਸ਼ੋ ਖਰੋਸ਼ ਨਾਲ ਮਨਾਈ ਗਈ। ਇਸ ਮੌਕੇ ਕਾਮਰੇਡ ਗੁਰਨੇਕ ਸਿੰਘ ਭੱਜਲ ਸੂਬਾ ਸਕੱਤਰੇਤ ਮੈਂਬਰ, ਕਾਮਰੇਡ ਦਰਸ਼ਨ ਸਿੰਘ ਮੱਟੂ, ਬੀਬੀ ਸੁਭਾਸ਼ ਮੱਟੂ ਸੂਬਾ ਕਮੇਟੀ ਮੈਂਬਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਸਾਡੇ ਜ਼ਿਲ੍ਹੇ ਨੂੰ ਮਾਣ ਹੈ ਕਿ ਪੰਡਤ ਕਿਸ਼ੋਰੀ ਲਾਲ ਨੌਜਵਾਨਾਂ,



ਕਿਸਾਨਾਂ, ਮਜ਼ਦੂਰਾਂ ਦੇ ਘੋਲਾਂ ਵਿੱਚ ਲਗਾਤਾਰ ਸ਼ਰੀਕ ਹੁੰਦੇ ਸਨ। ਉਨ੍ਹਾਂ ਦਾ ਪਿੰਡ ਵੀ ਜ਼ਿਲ੍ਹਾ ਹੁਸ਼ਿਆਰਪੁਰ ਧਰਮਪੁਰ ਸੀ। ਉਨ੍ਹਾਂ ਨੇ ਦੇਸ਼ ਦੀ ਅਜ਼ਾਦੀ ਲਈ 24 ਸਾਲ ਜੇਲ੍ਹ ਕੱਟੀ। ਬੁਲਾਰਿਆਂ ਨੇ ਦੱਸਿਆ ਕਿ ਦੇਸ਼ ਅਜ਼ਾਦੀ ਤੋਂ ਬਾਅਦ ਵੀ ਮਨੁੱਖ ਹੱਥੋਂ ਮਨੁੱਖ ਦੀ ਲੁੱਟ ਖਸੁੱਟ ਖਤਮ ਕਰਨ ਲਈ ਲੜਾਈ ਜਾਰੀ ਰੱਖੀ। ਸੀ ਪੀ ਆਈ (ਐਮ) ਦੇ ਸੂਬਾ ਸਕੱਤਰੇਤ ਮੈਂਬਰ ਰਹੇ। ਆਖਰੀ ਦਮ ਵੀ ਖਾਲਿਸਤਾਨੀ ਦਹਿਸ਼ਤਗਰਦਾਂ ਵੱਲੋਂ ਸ਼ਹੀਦ ਕੀਤੇ ਕਾਮਰੇਡ ਕਰਤਾਰ ਚੰਦ ਮਾਧੋਪੁਰ ਨੂਰਪੁਰ ਬੇਦੀ ਦੀ ਸ਼ਹੀਦੀ ਯਾਦਗਾਰ ਦਾ ਉਦਘਾਟਨ ਕਰਨ ਜਾਂਦੇ ਹੋਏ ਗੰਭੀਰ ਹਾਦਸੇ ਦਾ ਸ਼ਿਕਾਰ ਹੋ ਗਏ। 11ਜੁਲਾਈ 1990 ਨੂੰ ਸਦੀਵੀ ਵਿਛੋੜਾ ਦੇ ਗਏ। ਅੱਜ ਫਾਸ਼ੀਵਾਦੀ ਤਾਕਤਾਂ ਵਿਰੁੱਧ, ਇਕਸਾਰ ਸਿਵਲ ਕੋਡ ਵਿਰੁੱਧ ਸ਼ੰਘਰਸ਼ ਕਰਨਾ ਪੰਡਿਤ ਜੀ ਨੂੰ ਸੱਚੀ ਸੁੱਚੀ ਸ਼ਰਧਾਂਜਲੀ ਹੋਵੇਗੀ। ਹੜ੍ਹ ਪੀੜਤਾਂ ਨੂੰ ਮੁਆਵਜ਼ਾ ਦਿਵਾਉਣ ਲਈ ਸੰਘਰਸ਼ ਕੀਤਾ ਜਾਵੇਗਾ।

ਕਾਮਰੇਡ ਹਰਭਜਨ ਸਿੰਘ ਅਟਵਾਲ ਨੇ ਸ਼ਰਧਾਂਜਲੀ ਭੇਟ ਕੀਤੀ ਅਤੇ ਬਾਖੂਬੀ ਸਟੇਜ ਦੀ ਕਾਰਵਾਈ ਚਲਾਈ। ਕੈਪਟਨ ਕਰਨੈਲ ਸਿੰਘ ਨੇ ਆਏ ਸਾਥੀਆਂ ਦਾ ਧੰਨਵਾਦ ਕੀਤਾ। ਇਸ ਮੌਕੇ ਸ਼ੇਰ ਜੰਗ ਬਹਾਦਰ ਸਿੰਘ, ਪ੍ਰੇਮ ਸਿੰਘ ਰਾਨਾ, ਪ੍ਰੇਮ ਸਿੰਘ ਪ੍ਰੇਮੀ,ਕਸ਼ਮੀਰ ਸਿੰਘ ਭੱਜਲ, ਜੁਝਾਰ ਸਿੰਘ ਮੱਟੂ ਸਰਪੰਚ, ਚਰਨਜੀਤ ਸਿੰਘ ਮੱਟੂ, ਬਖਸ਼ੀਸ਼ ਸਿੰਘ ਦਿਆਲ, ਕਰਨੈਲ ਸਿੰਘ ਦਿਆਲ, ਬਲਰਾਜ ਪੰਡਿਤ,ਰੇਸ਼ਮ ਸਿੰਘ ਭੱਜਲ, ਰਛਪਾਲ ਕੌਰ,ਹੁਸ਼ਿਆਰ ਸਿੰਘ ਗੋਲਡੀ, ਗੁਰਮੀਤ ਸਿੰਘ, ਜਗਦੇਵ ਸਿੰਘ, ਹਰਭਜਨ ਸਿੰਘ, ਬਲਵਿੰਦਰ ਸਿੰਘ, ਤਰਸੇਮ ਲਾਲ ਗੜ੍ਹਸ਼ੰਕਰ, ਕੁਲਵੀਰ ਸਿੰਘ ਖੁਰਾਲੀ, ਸੀਤਲ ਦਾਸ ਗੜ੍ਹੀ ਮੱਟੋ, ਮਝੈਲ ਸਿੰਘ, ਹਰਨੇਕ ਸਿੰਘ ਗੜ੍ਹਸ਼ੰਕਰ ਅਤੇ ਹੋਰ ਸਾਥੀ ਹਾਜ਼ਰ ਸਨ। ਸਾਥੀਆਂ ਤੇਰੇ ਕਾਜ ਅਧੂਰੇ, ਲਾ ਕੇ ਜ਼ਿੰਦਗੀਆਂ ਕਰਾਂਗੇ ਪੂਰੇ,ਦੇ ਨਾਅਰਿਆਂ ਨਾਲ ਪ੍ਰੋਗਰਾਮ ਸਮਾਪਤ ਕੀਤਾ।

# ਮਿਊਂਸਪਲ ਪੈਨਸ਼ਨਰਜ਼ ਐਸੋਸੀਏਸ਼ਨ ਦੀਆਂ ਮੰਗਾਂ ਪਰਵਾਨ ਨਾ ਹੋਣ 'ਤੇ ਸੰਘਰਸ਼ ਦੀ ਚੇਤਾਵਨੀ



**ਟਾਂਡਾ ਉੜਮੁੜ ( ਜਸਵਿੰਦਰ ਸੰਧੂ, ਉਂਕਾਰ ਸਿੰਘ )**-ਮਿਊਂਸੀਪਲ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਦੀਆਂ ਕਾਫੀ ਸਮੇਂ ਤੋਂ ਕੀਤੀਆਂ ਜਾ ਰਹੀਆਂ ਮੰਗਾਂ ਪ੍ਰਵਾਨ ਨਾ ਕਰਨ ਅਤੇ ਮਾਨ ਸਰਕਾਰ ਵੱਲੋਂ ਪੈਨਸ਼ਨਰਜ਼ 'ਤੇ ਲਗਾਏ ਗਏ ਵਿਕਾਸ ਟੈਕਸ ਨੂੰ ਰੱਦ ਕਰਵਾਉਣ ਸੰਬੰਧੀ ਵਿਚਾਰ ਕਰਨ ਲਈ ਐਸੋਸੀਏਸ਼ਨ ਟਾਂਡਾ ਦੇ ਪ੍ਰਧਾਨ ਸ਼ਿੰਗਾਰਾ ਸਿੰਘ ਸੈਣੀ ਦੀ ਅਗਵਾਈ ਵਿੱਚ ਦਫਤਰ ਟਾਂਡਾ ਵਿਖੇ ਇਕ ਹੰਗਾਮੀ ਮੀਟਿੰਗ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਐਸੋਸੀਏਸ਼ਨ ਦੇ ਸਮੂਹ ਮੈਂਬਰਾਂ ਨੇ ਭਾਗ ਲਿਆ। ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਸ਼ਿੰਗਾਰਾ ਸਿੰਘ ਸੈਣੀ ਨੇ ਕਿਹਾ ਕਿ ਮਾਨ ਸਰਕਾਰ ਆਪਣੇ ਰਹਿਣ ਸਹਿਣ ਅਤੇ ਹੋਰ ਕਈ ਕਾਰਜਾਂ ਲਈ ਮੋਟੀ ਰਕਮ ਖਰਚ ਕਰ ਰਹੀ ਹੈ ਤੇ ਖਾਲੀ ਹੋ ਰਹੇ ਖਜ਼ਾਨੇ ਨੂੰ ਭਰਨ ਲਈ ਬੜੀ ਮੁਸ਼ਕਿਲ ਨਾਲ ਆਪਣੇ ਪਰਵਾਰ ਦਾ ਪਾਲਣ ਪੋਸਣ ਕਰ ਰਹੇ ਪੈਨਸ਼ਨਰਜ਼ ਦੀਆਂ ਪੈਨਸ਼ਨਾਂ 'ਤੇ ਵਿਕਾਸ ਟੈਕਸ ਲਗਾ ਰਹੀ ਹੈ, ਜਿਸ ਨੂੰ ਸਾਡੀ ਐਸੋਸੀਏਸ਼ਨ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕਰੇਗੀ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਨੇ ਚੋਣਾਂ ਤੋਂ ਪਹਿਲਾਂ ਜਿਹੜੇ ਸਬਜ਼ਬਾਗ ਵਿਖਾ ਕੇ ਸਾਰੀਆਂ ਐਸੋਸੀਏਸ਼ਨਾਂ ਦੀਆਂ ਮੰਗਾਂ ਪ੍ਰਵਾਨ ਕਰਨ ਦੇ ਵਾਅਦੇ ਕੀਤੇ ਸਨ ਸਰਕਾਰ ਬਣਨ 'ਤੇ ਉਨ੍ਹਾਂ ਵਿਚੋਂ ਇਕ ਵੀ ਵਾਅਦਾ ਪੂਰਾ ਨਹੀਂ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਪੈਨਸ਼ਨਰਜ਼ ਦੀ ਪੈਨਸ਼ਨ ਵਿੱਚੋਂ 200 ਰੁਪਏ ਦੀ ਕਟੌਤੀ ਕਰਕੇ ਜਜ਼ੀਆ ਟੈਕਸ ਲਗਾਉਣ ਦਾ ਫੈਸਲਾ ਲੈ ਕੇ ਸਾਡੀਆਂ ਜੇਬਾਂ 'ਤੇ ਜਿਹੜਾ ਡਾਕਾ ਮਾਰਿਆ ਹੈ ਉਹ ਨਿੰਦਣਯੋਗ ਹੈ ਅਤੇ ਇਸ ਮਾਰੂ ਫੈਸਲੇ ਨੂੰ ਤੁਰੰਤ ਵਾਪਸ ਲਿਆ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਪੇ ਕਮਿਸ਼ਨ ਦੀ ਰਿਪੋਰਟ ਅਨੁਸਾਰ ਪੈਨਸ਼ਨਰਜ਼ਾਂ ਨੂੰ ਡੀ.ਏ ਅਤੇ ਡੀ.ਏ ਦੀਆਂ ਬਕਾਇਆ ਕਿਸ਼ਤਾਂ ਜਲਦ ਤੋਂ ਜਲਦ ਦਿੱਤੀਆਂ ਜਾਣ।

ਉਨ੍ਹਾਂ ਮਾਨ ਸਰਕਾਰ ਨੂੰ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਜੇਕਰ ਪੈਨਸ਼ਨਰਜ਼ 'ਤੇ ਲਗਾਇਆ ਗਿਆ ਜਜ਼ੀਆ ਟੈਕਸ ਵਾਪਸ ਨਾ ਲਿਆ ਗਿਆ ਅਤੇ ਐਸੋਸੀਏਸ਼ਨ ਦੀਆਂ ਮੰਗਾਂ ਪ੍ਰਵਾਨ ਨਾ ਕੀਤੀਆਂ ਗਈਆਂ ਤਾਂ ਸਾਡੀ ਐਸੋਸੀਏਸ਼ਨ ਹੋਰ ਸੰਸਥਾਵਾਂ ਦੇ ਸਹਿਯੋਗ ਨਾਲ ਸੰਘਰਸ ਵਿੱਢਣ ਲਈ ਮਜਬੂਰ ਹੋਵੇਗੀ। ਇਸ ਮੌਕੇ ਚੌਧਰੀ ਰਤਨ ਸਿੰਘ ਸੈਣੀ, ਅਸ਼ੋਕ ਕੁਮਾਰ, ਸੋਮ ਨਾਥ, ਐਨ.ਪੀ ਸਿੰਘ, ਦੇਵ ਰਾਜ, ਅਮਰੀਕ ਸਿੰਘ, ਧਰਮ ਚੰਦ, ਸੁਦਰਸ਼ਨ ਕੁਮਾਰ, ਰਾਮ ਲੁਭਾਈ, ਰਾਜ ਕੌਰ, ਪ੍ਰਧਾਨ ਮਾਇਆ ਦੇਵੀ, ਅਮਰੀਕ ਸਿੰਘ ਉੜਮੁੜ, ਬੋਧ ਰਾਜ, ਦੀਪੋ ਅਤੇ ਹੋਰ ਹਾਜ਼ਰ ਸਨ।

# 35 ਲੱਖ ਰੁਪਏ ਦੇ ਵਿਕਾਸ ਦੇ ਕੰਮਾਂ ਦਾ ਉਦਘਾਟਨ



**ਭੋਗਪੁਰ:-(ਗੁਰਪ੍ਰੀਤ ਸਿੰਘ ਭੋਗਲ)**-ਹਲਕਾ ਆਦਮਪੁਰ ਦੇ ਪਿੰਡ ਡੱਲਾ, ਸੋਹਲਪੁਰ, ਬਹਿਰਾਮ, ਕੋਟਲਾ ਵਿਖੇ ਜੀਤ ਲਾਲ ਭੱਟੀ ਹਲਕਾ ਇੰਚਾਰਜ ਆਦਮਪੁਰ ਵੱਲੋਂ 35 ਲੱਖ ਰੁਪਏ ਦੇ ਵਿਕਾਸ ਦੇ ਕੰਮਾਂ ਦਾ ਉਦਘਾਟਨ ਕੀਤਾ ਗਿਆ। ਪਿੰਡ ਡੱਲਾ ਵਿਖੇ ਸੀਵਰੇਜ ਦਾ ਕੰਮ, ਪਿੰਡ ਬਹਿਰਾਮ ਤੇ ਸੋਹਲਪੁਰ ਵਿਖੇ ਨਵੀਆਂ ਗਲੀਆਂ ਦਾ ਕੰਮ, ਪਿੰਡ ਕੋਟਲਾ ਵਿਖੇ ਡਾ.ਬੀ.ਆਰ ਅੰਬੇਦਕਰ ਕਮਿਊਨਿਟੀ ਹਾਲ ਦਾ ਕੰਮ ਸ਼ੁਰੂ ਕਰਵਾਇਆ ਗਿਆ। ਇਸ ਮੌਕੇ ਬੀ.ਡੀ.ਪੀ.ਓ ਕੁਸ਼ਲ ਕੁਮਾਰ, ਪੰਚਾਇਤ ਸਕੱਤਰ, ਸਰਪੰਚ ਹਰਦੀਪ ਕੌਰ, ਸਰਪੰਚ ਗੁਰਪ੍ਰੀਤ ਕੌਰ, ਸਰਪੰਚ ਮਨਪ੍ਰੀਤ ਕੌਰ, ਬਲਾਕ ਪ੍ਰਧਾਨ ਭੁਪਿੰਦਰ ਸਿੰਘ ਦੇਵ, ਬਲਾਕ ਪ੍ਰਧਾਨ ਪਰਦੀਪ ਸਿੰਘ, ਯੂਥ ਪ੍ਰਧਾਨ ਹਰਜੀਤ ਸਿੰਘ, ਚਰਨਜੀਤ ਸਿੰਘ, ਪਰਮਜੀਤ ਪੰਮਾਂ, ਬਲਵਿੰਦਰ ਕੁਮਾਰ, ਗੁਰਦੇਵ ਸਿੰਘ ਚਰੜ, ਹਰਦੇਵ ਸਿੰਘ, ਸਮਿਤਰ ਸਿੰਘ, ਸਤਨਾਮ ਸਿੰਘ ਮੌਜੂਦ ਸਨ।

# ਮੁੱਖ ਸਕੱਤਰ ਨੇ ਮੀਂਹ ਕਾਰਨ ਪੈਦਾ ਹੋਈ ਸਥਿਤੀ ਨਾਲ ਨਜਿੱਠਣ ਲਈ ਕੀਤੇ ਪ੍ਰਬੰਧਾਂ ਤੇ ਰਾਹਤ ਕਾਰਜਾਂ ਦਾ ਲਿਆ ਜਾਇਜ਼ਾ



**ਚੰਡੀਗੜ੍ਹ, (ਗੁਰਜੀਤ ਬਿੱਲਾ)**-ਪਿਛਲੇ ਕੁਝ ਦਿਨਾਂ ਤੋਂ ਸੂਬੇ ਭਰ ਅਤੇ ਹਿਮਾਚਲ ਪ੍ਰਦੇਸ਼ ਵਿੱਚ ਪਏ ਲਗਾਤਾਰ ਤੇ ਭਾਰੀ ਮੀਂਹ ਕਾਰਨ ਸੂਬੇ ਵਿੱਚ ਪੈਦਾ ਹੋਈ ਸਥਿਤੀ 'ਤੇ ਨਿਰੰਤਰ ਨਜ਼ਰਸਾਨੀ ਰੱਖਣ ਅਤੇ ਰਾਹਤ ਕਾਰਜਾਂ ਨੂੰ ਪ੍ਰਭਾਵਸ਼ਾਲੀ ਤਰੀਕੇ ਨਾਲ ਹੇਠਲੇ ਪੱਧਰ ਉਤੇ ਚਲਾਉਣ ਲਈ ਮੁੱਖ ਸਕੱਤਰ ਅਨੁਰਾਗ ਵਰਮਾ ਵੱਲੋਂ ਮੰਗਲਵਾਰ ਨੂੰ ਲਗਾਤਾਰ ਦੂਜੇ ਦਿਨ ਮੀਟਿੰਗ ਕੀਤੀ ਗਈ। ਮੀਟਿੰਗ ਵਿੱਚ ਸੰਬੰਧਤ ਵਿਭਾਗਾਂ ਦੇ ਪ੍ਰਬੰਧਕੀ ਸਕੱਤਰਾਂ ਅਤੇ ਸਮੂਹ ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰ ਤੇ ਐਸ.ਐਸ.ਪੀਜ਼ ਤੋਂ ਮੌਜੂਦਾ ਸਥਿਤੀ ਦੀ ਰਿਪੋਰਟ ਲਈ ਗਈ। ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਸੂਬਾ ਵਾਸੀਆਂ ਨੂੰ ਹਰ ਤਰਾਂ ਮਦਦ ਮੁਹੱਈਆ ਕਰਨ ਦੇ ਦਿੱਤੇ ਨਿਰਦੇਸ਼ਾਂ ਉਤੇ ਪ੍ਰਸ਼ਾਸਨ ਵੱਲੋਂ ਕੀਤੇ ਜਾ ਰਹੇ ਰਾਹਤ ਕਾਰਜਾਂ ਦਾ ਵੀ ਮੀਟਿੰਗ ਵਿੱਚ ਜਾਇਜ਼ਾ ਲਿਆ। ਫੀਲਡ ਵਿੱਚ ਤਾਇਨਾਤ ਕੈਬਨਿਟ ਮੰਤਰੀ, ਵਿਧਾਇਕ ਤੇ ਜਨਤਕ ਨੁਮਾਇੰਦੇ ਪ੍ਰਸ਼ਾਸਨ ਨਾਲ ਤਾਲਮੇਲ ਕਰਕੇ ਲੋਕਾਂ ਨੂੰ ਰਾਹਤ ਦੇਣ ਲਈ ਜੁਟੇ ਹੋਏ ਹਨ। ਮੀਟਿੰਗ ਵਿੱਚ ਮੁੱਖ ਮੰਤਰੀ ਦੇ ਵਿਸ਼ੇਸ਼ ਮੁੱਖ ਸਕੱਤਰ ਏ ਵੇਣੂ ਪ੍ਰਸਾਦ, ਡੀ.ਜੀ.ਪੀ. ਗੌਰਵ ਯਾਦਵ ਅਤੇ ਸੈਨਾ ਅਤੇ ਐਨ.ਡੀ.ਆਰ.ਐਫ. ਦੇ ਨੁਮਾਇੰਦੇ ਵੀ ਹਾਜ਼ਰ ਸਨ। ਮੁੱਖ ਸਕੱਤਰ ਨੇ ਜ਼ਿਲਾ ਪ੍ਰਸ਼ਾਸਨ ਨੂੰ ਨਿਰਦੇਸ਼ ਦਿੱਤੇ ਕਿ ਜਿੱਥੇ ਵੀ ਨੀਵੇਂ ਥਾਂ ਜਾਂ ਪਾਣੀ ਭਰਨ ਕਰਕੇ ਲੋਕ ਫਸੇ ਹੋਏ ਹਨ, ਉਨ੍ਹਾਂ ਨੂੰ ਸੁਰੱਖਿਅਤ ਕੱਢਣ ਅਤੇ ਉਨਾਂ ਲਈ ਖਾਣ-ਪੀਣ ਅਤੇ ਰਹਿਣ ਦੇ ਬਦਲਵੇਂ ਪ੍ਰਬੰਧਾਂ ਨੂੰ ਜੰਗੀ ਪੱਧਰ 'ਤੇ ਕੀਤਾ ਜਾਵੇ। ਲੋਕਾਂ ਲਈ ਕੀਤੇ ਜਾ ਰਹੇ ਪ੍ਰਬੰਧਾਂ ਬਾਰੇ ਉਨ੍ਹਾਂ ਨੂੰ ਜਾਣਕਾਰੀ ਮੁਹੱਈਆ ਕਰਵਾਉਣ ਲਈ ਵੱਧ ਤੋਂ ਵੱਧ ਪ੍ਰਚਾਰ ਕੀਤਾ ਜਾਵੇ ਤਾਂ ਜੋ ਉਹ ਸਹੂਲਤ ਦਾ ਫਾਇਦਾ ਉਠਾ ਸਕਣ। ਲੋਕਾਂ ਦੀ ਜਾਨ ਦੀ ਰੱਖਿਆ ਸਭ ਤੋਂ ਪ੍ਰਮੁੱਖ ਤਰਜੀਹ ਹੈ। ਅਨੁਰਾਗ ਵਰਮਾ ਨੇ ਅੱਗੇ ਕਿਹਾ ਕਿ ਅਸਰੁੱਖਿਅਤ ਇਮਾਰਤਾਂ ਦੀ ਤੁਰੰਤ ਸ਼ਨਾਖਤ ਕਰਕੇ ਲੋਕਾਂ ਨੂੰ ਜਾਗਰੂਕ ਕੀਤਾ ਜਾਵੇ ਤਾਂ ਜੋ ਕਿਸੇ ਵੀ ਅਣਸੁਖਾਵੀਂ ਘਟਨਾ ਤੋਂ ਬਚਿਆ ਜਾ ਸਕੇ। ਉਨ੍ਹਾ ਜ਼ਿਲ੍ਹਾ ਵਾਰ ਡੀ.ਸੀਜ਼ ਤੋਂ ਲੋੜੀਂਦੀ ਮਦਦ ਦੀ ਜਾਣਕਾਰੀ ਵੀ ਹਾਸਲ ਕੀਤੀ ਅਤੇ ਆਖਿਆ ਕਿ ਜ਼ਿਲ੍ਹਿਆਂ ਨੂੰ ਜ਼ਰੂਰਤ ਮੁਤਾਬਕ ਐਨ.ਡੀ.ਆਰ.ਐਫ. ਟੀਮਾਂ ਤਾਇਨਾਤ ਕੀਤੀਆਂ ਜਾ ਰਹੀਆਂ ਹਨ। ਮੌਜੂਦਾ ਸਮੇਂ ਰੂਪਨਗਰ ਜ਼ਿਲੇ ਵਿੱਚ ਪੰਜ, ਐਸ.ਏ.ਐਸ.ਨਗਰ ਵਿੱਚ ਤਿੰਨ, ਪਟਿਆਲਾ ਵਿੱਚ ਦੋ ਅਤੇ ਜਲੰਧਰ, ਫਤਹਿਗੜ੍ਹ ਸਾਹਿਬ ਤੇ ਸ਼ਹੀਦ ਭਗਤ ਸਿੰਘ ਨਗਰ ਵਿੱਚ ਇਕ-ਇਕ ਟੀਮ ਤਾਇਨਾਤ ਹੈ। ਕਪੂਰਥਲਾ, ਤਰਨ ਤਾਰਨ ਜ਼ਿਲ੍ਹਿਆਂ ਵੱਲੋਂ ਐਨ.ਡੀ.ਆਰ.ਐਫ. ਦੀ ਇਕ-ਇਕ ਟੀਮ ਤਾਇਨਾਤ ਕਰਨ ਦੀ ਮੰਗ ਕੀਤੀ ਗਈ। ਇਸੇ ਤਰ੍ਹਾਂ ਪਾਣੀ ਪ੍ਰਭਾਵਿਤ ਇਲਾਕਿਆਂ ਵਿੱਚ ਲੋਕਾਂ ਨੂੰ ਰਾਹਤ ਦੇਣ ਲਈ ਕਿਸ਼ਤੀਆਂ, ਲਾਈਫ ਜੈਕੇਟਾਂ, ਪਾਣੀ ਕੱਢਣ ਵਾਲੀਆਂ ਮਸ਼ੀਨਾਂ ਅਤੇ ਖਾਣ ਵਾਲੇ ਪੈਕੇਟਾਂ ਦੀ ਲੋੜ ਪੁੱਛੀ ਗਈ। ਮੁੱਖ ਸਕੱਤਰ ਨੇ ਸਿਹਤ ਵਿਭਾਗ ਨੂੰ ਪਾਣੀ ਕਾਰਨ ਹੋਣ ਵਾਲੀਆਂ ਬਿਮਾਰੀਆਂ ਦੀ ਰੋਕਥਾਮ ਲਈ ਅਗਾਊਂ ਪ੍ਰਬੰਧ ਕਰਨ ਲਈ ਕਿਹਾ ਅਤੇ ਦਵਾਈਆਂ ਦੀ ਕੋਈ ਘਾਟ ਨਾ ਰਹਿਣ ਦਿੱਤੀ ਜਾਵੇ। ਜਲ ਸਪਲਾਈ ਵਿਭਾਗ ਨੂੰ ਲੋਕਾਂ ਲਈ ਢੁੱਕਵਾਂ ਪੀਣ ਵਾਲਾ ਪਾਣੀ ਮੁਹੱਈਆ ਕਰਨ ਲਈ ਆਖਿਆ। ਪਸ਼ੂ ਪਾਲਣ ਵਿਭਾਗ ਨੂੰ ਨਿਰਦੇਸ਼ ਦਿੱਤੇ ਗਏ ਕਿ ਪਸ਼ੂਆਂ ਨੂੰ ਹੋਣ ਵਾਲੀਆਂ ਬਿਮਾਰੀਆਂ ਦੇ ਟਾਕਰੇ ਲਈ ਫੀਲਡ ਸਟਾਫ ਨੂੰ ਸਰਗਰਮ ਕੀਤਾ ਜਾਵੇ। ਸਥਾਨਕ ਸਰਕਾਰਾਂ ਵਿਭਾਗ ਨੂੰ ਫੌਗਿੰਗ ਤੇ ਸਪਰੇਅ ਦੇ ਪ੍ਰਬੰਧ ਕਰਨ ਲਈ ਆਖਿਆ। ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਨੇ ਦੱਸਿਆ ਕਿ ਸਮੂਹ ਸਟਾਫ ਪਿੰਡਾਂ ਵਿੱਚ ਨਿਰੰਤਰ ਤਾਇਨਾਤ ਰਹਿ ਕੇ ਲੋਕਾਂ ਦੀ ਮਦਦ ਕੀਤੀ ਜਾ ਰਹੀ ਹੈ। ਬਿਜਲੀ ਵਿਭਾਗ ਵੱਲੋਂ ਦੱਸਿਆ ਗਿਆ ਕਿ ਜਿੱਥੇ ਵੀ ਕਿਤੇ ਬਿਜਲੀ ਸਪਲਾਈ ਪ੍ਰਭਾਵਿਤ ਹੋਈ ਹੈ, ਉਸ ਨੂੰ ਤੁਰੰਤ ਠੀਕ ਕਰਕੇ ਬਹਾਲ ਕੀਤੀ ਜਾਵੇ। ਇਸ ਤੋਂ ਪਹਿਲਾਂ ਜਲ ਸਰੋਤ ਵਿਭਾਗ ਵੱਲੋਂ ਦਿੱਤੀ ਜਾਣਕਾਰੀ ਵਿੱਚ ਦੱਸਿਆ ਗਿਆ ਕਿ ਭਾਖੜਾ ਡੈਮ ਵਿੱਚ ਇਸ ਵਾਲੇ ਪਾਣੀ ਦਾ ਪੱਧਰ 1624.14 ਫੁੱਟ ਹੈ ਜਦੋਂ ਕਿ ਸਮਰੱਥਾ 1680 ਫੁੱਟ ਹੈ। ਪੌਂਗ ਡੈਮ ਵਿੱਚ ਪਾਣੀ ਦਾ ਪੱਧਰ 1360.04 ਫੁੱਟ ਹੈ ਜਦੋਂ ਕਿ ਸਮਰੱਥਾ 1390 ਫੁੱਟ ਹੈ ਅਤੇ ਰਣਜੀਤ ਸਾਗਰ ਡੈਮ ਵਿੱਚ ਪਾਣੀ ਦਾ ਪੱਧਰ 1712.64 ਫੁੱਟ ਹੈ ਜਦੋਂ ਕਿ ਸਮਰੱਥਾ 1731.99 ਫੁੱਟ ਹੈ। ਸਤਲੁਜ, ਬਿਆਸ, ਰਾਵੀ ਤੇ ਘੱਗਰ ਦਰਿਆਵਾਂ ਵਿੱਚ ਪਾਣੀ ਦੇ ਪੱਧਰ ਦੀ ਮੌਜੂਦਾ ਸਥਿਤੀ ਤੋਂ ਜਾਣੂੰ ਕਰਵਾਇਆ ਗਿਆ। ਇਹ ਵੀ ਦੱਸਿਆ ਗਿਆ ਕਿ ਸਤਲੁਜ ਦਰਿਆ 'ਤੇ ਧੁੱਸੀ ਬੰਨ੍ਹ ਵਿੱਚ ਦੋ ਥਾਵਾਂ ਉਤੇ ਪਾਏ ਪਾੜ ਨੂੰ ਪੂਰਿਆ ਗਿਆ ਹੈ। ਮੀਟਿੰਗ ਵਿੱਚ ਮੌਸਮ ਵਿਭਾਗ ਦੇ ਅਧਿਕਾਰੀਆਂ ਵੱਲੋਂ ਜਾਣਕਾਰੀ ਦਿੱਤੀ ਗਈ ਕਿ ਆਉਣ ਵਾਲੇ 48 ਘੰਟਿਆਂ ਤੱਕ ਪੰਜਾਬ ਵਿੱਚ ਖਿੰਡਵੀਆਂ ਥਾਵਾਂ ਉਤੇ ਹਲਕੀ ਤੋਂ ਦਰਮਿਆਨੀ ਬਾਰਸ਼ ਪਵੇਗੀ ਜਦੋਂ ਕਿ 48 ਤੋਂ 72 ਘੰਟਿਆਂ ਤੱਕ ਕੁਝ ਥਾਵਾਂ ਉਤੇ ਹਲਕੀ ਤੋਂ ਦਰਮਿਆਨੀ ਬਾਰਸ਼ ਹੋਵੇਗੀ। ਹਿਮਾਚਲ ਪ੍ਰਦੇਸ਼ ਦੇ ਕੁਝ ਜ਼ਿਲ੍ਹਿਆਂ ਵਿੱਚ ਆਉਂਦੇ 24 ਘੰਟਿਆਂ ਵਿੱਚ ਦਰਮਿਆਨੀ ਤੋਂ ਭਾਰੀ ਬਾਰਸ਼ ਪੈਣ ਦੀ ਸੰਭਾਵਨਾ ਹੈ।

ਮੀਟਿੰਗ ਵਿੱਚ ਵਿਸ਼ੇਸ਼ ਮੁੱਖ ਸਕੱਤਰ ਮਾਲ ਕੇ.ਏ.ਪੀ.ਸਿਨਹਾ, ਵਧੀਕ ਮੁੱਖ ਸਕੱਤਰ ਪੇਂਡੂ ਵਿਕਾਸ ਤੇ ਪੰਚਾਇਤ ਕੇ.ਸਿਵਾ ਪ੍ਰਸ਼ਾਦ, ਪ੍ਰਮੁੱਖ ਸਕੱਤਰ ਜਲ ਸਪਲਾਈ ਤੇ ਸੈਨੀਟੇਸ਼ਨ ਜਸਪ੍ਰੀਤ ਤਲਵਾੜ, ਪ੍ਰਮੁੱਖ ਸਕੱਤਰ ਸਿਹਤ ਤੇ ਪਰਵਾਰ ਭਲਾਈ ਵੀ.ਪੀ.ਸਿੰਘ, ਪ੍ਰਮੁੱਖ ਸਕੱਤਰ ਜਲ ਸਰੋਤ ਕ੍ਰਿਸ਼ਨ ਕੁਮਾਰ, ਸਕੱਤਰ ਸਥਾਨਕ ਸਰਕਾਰਾਂ ਅਜੋਏ ਸ਼ਰਮਾ, ਵਿਸ਼ੇਸ਼ ਡੀ.ਜੀ.ਪੀ. (ਕਾਨੂੰਨ ਤੇ ਵਿਵਸਥਾ) ਅਰਪਿਤ ਸ਼ੁਕਲਾ, ਪੱਛਮੀ ਕਮਾਂਡ ਦੇ ਨੁਮਾਇੰਦੇ ਸਲਾਹਕਾਰ ਸਿਵਲ ਸੈਨਾ ਮਾਮਲੇ ਕਰਨਲ ਜੇ.ਐਸ.ਸੰਧੂ ਹਾਜ਼ਰ, ਐਨ.ਡੀ.ਆਰ.ਐਫ. ਦੇ ਕਮਾਂਡੈਂਟ ਸੰਤੋਸ਼ ਕੁਮਾਰ, ਡਾਇਰੈਕਟਰ ਪੇਂਡੂ ਵਿਕਾਸ ਤੇ ਪੰਚਾਇਤ ਗੁਰਪ੍ਰੀਤ ਸਿੰਘ ਖਹਿਰਾ, ਡਾਇਰੈਕਟਰ ਪਸ਼ੂ ਪਾਲਣ ਡਾ. ਰਾਮ ਪਾਲ ਮਿੱਤਲ, ਹਾਜ਼ਰ ਸਨ।

## ਪਿੰਡਾਂ ਦੀਆਂ ਪਾਣੀ ਵਾਲੀਆਂ ਟੈਂਕੀਆਂ ਦੀ ਰਿਪੇਅਰ ਮਹਿਕਮਾ ਹੀ ਕਰਾਏ : ਮਹੇਣੀਆਂ, ਕੌਂਡਲ



**ਜਲੰਧਰ (ਰਾਜੇਸ਼ ਥਾਪਾ)**-ਜਲ ਸਪਲਾਈ ਸੈਨੀਟੇਸ਼ਨ ਮਸਟਰੋਲ ਇੰਪਲਾਈਜ਼ ਯੂਨੀਅਨ ਪੰਜਾਬ ਵੱਲੋਂ ਸੂਬਾ ਪ੍ਰਧਾਨ ਸੁਖਨੰਦਨ ਸਿੰਘ ਮਹੇਣੀਆਂ ਅਤੇ ਸੂਬਾ ਪ੍ਰੈੱਸ ਸਕੱਤਰ ਸੰਜੀਵ ਕੌਂਡਲ ਵੱਲੋਂ ਇਕ ਪ੍ਰੈੱਸ ਨੋਟ ਜਾਰੀ ਕੀਤਾ ਗਿਆ ਕਿ ਜਿਸ ਵਿੱਚ ਵਾਟਰ ਸਪਲਾਈ ਸੈਨੀਟੇਸ਼ਨ ਵਿਭਾਗ ਨੂੰ ਖਤਮ ਕਰਨ ਦੀ ਤਿਆਰੀ ਦੇ ਵਿਰੋਧ ਵਿੱਚ ਪੰਜਾਬ ਦੇ ਅਲੱਗ ਅਲੱਗ ਪਿੰਡਾਂ ਅਤੇ ਸ਼ਹਿਰਾਂ ਵਿੱਚ ਪੰਜਾਬ ਸਰਕਾਰ ਦੀ ਪੋਲ ਖੋਲ੍ਹੀ ਜਾਵੇਗੀ। ਸੂਬਾ ਪ੍ਰਧਾਨ ਨੇ ਦੱਸਿਆ ਕਿ ਵਾਟਰ ਵਰਕਸ ਦੀ ਰਿਪੇਅਰ ਲਈ ਜਿਹੜਾ ਪੈਸਾ ਪੰਚਾਇਤਾਂ ਨੂੰ ਦਿੱਤਾ ਜਾ ਰਿਹਾ ਹੈ ਉਹ ਪੈਸਾ ਸਿੱਧਾ ਵਾਟਰ ਸਪਲਾਈ ਸੈਨੀਟੇਸ਼ਨ ਵਿਭਾਗ ਨੂੰ ਕਿਉਂ ਨਹੀਂ ਦਿੱਤਾ ਜਾ ਰਿਹਾ ਜਦ ਕਿ ਮਹਿਕਮੇ ਦੇ ਕਰਮਚਾਰੀਆਂ ਵੱਲੋਂ ਪਿੰਡਾਂ ਵਿਚੋਂ ਪਾਣੀ ਦੇ ਬਿੱਲਾਂ ਦਾ ਪੈਸਾ ਇਕੱਠਾ ਕੀਤਾ ਜਾ ਰਿਹਾ ਹੈ। ਜਦੋਂ ਕਿਸੇ ਵਾਟਰ ਵਰਕਸ ਦੀ ਰਿਪੇਅਰ ਕਾਰਨ ਪਾਣੀ ਦੀ ਸਪਲਾਈ ਬੰਦ ਹੁੰਦੀ ਹੈ ਤਾਂ ਮਹਿਕਮੇ ਵੱਲੋਂ ਰਿਪੇਅਰ ਕਰਨ ਲਈ ਪੰਚਾਇਤਾਂ ਨੂੰ ਕਿਹਾ ਜਾਂਦਾ ਹੈ ਜਦ ਕਿ ਪੰਚਾਇਤਾਂ ਵੱਲੋਂ ਕਿਹਾ ਜਾਂਦਾ ਹੈ ਕਿ ਪਾਣੀ ਦੇ ਬਿੱਲਾਂ ਦੇ ਪੈਸੇ ਤਾਂ ਮਹਿਕਮਾ ਇਕੱਠੇ ਕਰਦਾ ਹੈ ਤਾਂ ਰਿਪੇਅਰ ਵੀ ਮਹਿਕਮਾ ਹੀ ਕਰਾਵੇ। ਇਸ ਸਾਰੀ ਕਾਰਵਾਈ ਵਿੱਚ 4-5 ਦਿਨ ਪਾਣੀ ਦੀ ਸਪਲਾਈ ਬੰਦ ਰਹਿੰਦੀ ਹੈ ਜਿਸ ਕਾਰਨ ਪਿੰਡ ਦੇ ਲੋਕ ਵਾਟਰ ਸਪਲਾਈ ਤੇ ਕੰਮ ਕਰਦੇ ਵਰਕਰ ਨਾਲ ਲੜਾਈ ਝਗੜਾ ਕਰਦੇ ਹਨ। ਸੂਬਾ ਪ੍ਰੈਸ ਸਕੱਤਰ ਸੰਜੀਵ ਕੌਂਡਲ ਨੇ ਕਿਹਾ ਕਿ ਜਿਹੜਾ ਪੈਸਾ ਵਾਟਰ ਸਪਲਾਈ ਦੀ ਰਿਪੇਅਰ ਲਈ ਪੰਚਾਇਤਾਂ ਨੂੰ ਦਿੱਤਾ ਜਾ ਰਿਹਾ ਹੈ ਉਹ ਪੈਸਾ ਸਿੱਧਾ ਮਹਿਕਮੇ ਨੂੰ ਪਾਇਆ ਜਾਵੇ ਤਾਂ ਜੋ ਪਾਣੀ ਦੀ ਸਪਲਾਈ 1-2 ਦਿਨ ਵਿੱਚ ਹੀ ਚਲ ਸਕੇ। ਕੌਂਡਲ ਨੇ ਦੱਸਿਆ ਕਿ ਸਭ ਤੋਂ ਪਹਿਲਾਂ ਰਿਪੇਅਰ ਦਾ ਪੈਸਾ ਸਬ ਡਵੀਜ਼ਨ ਪੱਧਰ 'ਤੇ ਖਰਚਣ ਦੀ ਪਾਵਰ ਹੁੰਦੀ ਸੀ, ਉਸ ਤੋਂ ਬਾਅਦ ਇਹ ਪਾਵਰ ਕਾਰਜਕਾਰੀ ਇੰਜੀਨੀਅਰ ਕੋਲ ਚਲ ਗਈ ਪਰ ਹੁਣ ਕਾਰਜਕਾਰੀ ਇੰਜੀਨੀਅਰ ਕੋਲੋਂ ਵੀ ਪਾਵਰ ਖੋਹ ਕੇ ਹੁਣ ਰੈਵੀਨਿਊ ਦਾ ਪੈਸਾ ਸਿੱਧਾ ਖਜ਼ਾਨਾ ਦਫਤਰ ਜਮ੍ਹਾ ਕਰਨ ਦੇ ਹੁਕਮ ਕੀਤੇ ਗਏ ਹਨ ਜਿਸ ਨਾਲ ਵਾਟਰ ਵਰਕਸ ਦੀ ਰਿਪੇਅਰ ਕਰਨ ਵਿੱਚ ਬਹੁਤ ਮੁਸ਼ਕਿਲ ਆ ਰਹੀ ਹੈ ਜਿਸ ਦਾ ਨੁਕਸਾਨ ਸਰਕਾਰ ਨੂੰ ਆਉਣ ਵਾਲੀਆਂ ਪੰਚਾਇਤੀ ਵੋਟਾਂ ਵਿੱਚ ਹੋ ਸਕਦਾ ਹੈ। ਜਥੇਬੰਦੀ ਮੰਗ ਕਰਦੀ ਹੈ ਕਿ ਮਹਿਕਮੇ ਵਿੱਚ ਕੰਮ ਕਰਦੇ ਇਨਲਿਸਟਮੈਂਟ ਵਾਲੇ ਕਾਮਿਆਂ ਨੂੰ ਪੱਕਾ ਕੀਤਾ ਜਾਵੇ ਅਤੇ ਰੈਗੂਲਰ ਦਰਜਾ ਤਿੰਨ ਅਤੇ ਚਾਰ ਮੁਲਾਜ਼ਮਾਂ ਨੂੰ ਟਾਈਮ ਸਕੇਲ ਨਾਲ ਪ੍ਰਮੋਟ ਕੀਤਾ ਜਾਵੇ ਅਤੇ ਵਾਟਰ ਵਰਕਸ ਦੀ ਰਿਪੇਅਰ ਦਾ ਕੰਮ ਮਹਿਕਮਾ ਹੀ ਕਰਾਵੇ।

# ਜ਼ਿਲ੍ਹਾ ਸਿਹਤ ਵਿਭਾਗ ਨੇ ਜ਼ਿਲ੍ਹੇ 'ਚ ਵੱਖ-ਵੱਖ ਥਾਈਂ ਲਗਾਏ ਮੈਡੀਕਲ ਕੈਂਪ



**ਮੋਹਾਲੀ, (ਗੁਰਜੀਤ ਬਿੱਲਾ)**: ਹੜ੍ਹਾਂ ਦੇ ਹਾਲਾਤ ਕਾਰਨ ਮੁਸ਼ਕਲ 'ਚ ਫਸੇ ਲੋਕਾਂ ਨੂੰ ਡਾਕਟਰੀ ਸਹਾਇਤਾ ਪਹੁੰਚਾਉਣ ਲਈ ਜ਼ਿਲ੍ਹਾ ਸਿਹਤ ਵਿਭਾਗ ਵੱਲੋਂ ਜ਼ਿਲ੍ਹੇ 'ਚ ਵੱਖ-ਵੱਖ ਥਾਈਂ ਮੈਡੀਕਲ ਕੈਂਪ ਲਗਾਏ ਗਏ ਹਨ। ਸਿਵਲ ਸਰਜਨ ਡਾ. ਮਹੇਸ਼ ਕੁਮਾਰ ਅਤੇ ਨੋਡਲ ਅਫ਼ਸਰ (ਫ਼ਲੱਡ) ਡਾ. ਸੁਭਾਸ਼ ਕੁਮਾਰ ਨੇ ਦਸਿਆ ਕਿ ਵੱਖ-ਵੱਖ ਥਾਈਂ ਹੜ੍ਹਾਂ ਦਾ ਪਾਣੀ ਇਕੱਠਾ ਹੋਣ ਕਾਰਨ ਬਿਮਾਰੀਆਂ ਫੈਲਣ ਦਾ ਖ਼ਤਰਾ ਵਧ ਗਿਆ ਹੈ, ਜਿਸ ਕਾਰਨ ਲੋਕਾਂ ਨੂੰ ਮੈਡੀਕਲ ਸਹਾਇਤਾ ਦੇਣ ਵਾਸਤੇ ਜ਼ਿਲ੍ਹੇ ਦੀਆਂ 22 ਥਾਵਾਂ ਜਿਨ੍ਹਾਂ 'ਚ ਕਈ ਪਿੰਡ ਵੀ ਸ਼ਾਮਲ ਹਨ, 'ਤੇ ਮੈਡੀਕਲ ਕੈਂਪ ਲਗਾਏ ਗਏ ਹਨ। ਮੋਹਾਲੀ ਸ਼ਹਿਰ ਦੇ ਫ਼ੇਜ਼ 6 ਵਿਚਲੇ ਰੈਣ ਬਸੇਰਾ ਅਤੇ ਫ਼ੇਜ਼ 11 ਵਿਖੇ ਵੀ ਜ਼ਿਲ੍ਹਾ ਹਸਪਤਾਲ ਦੀ ਮੈਡੀਕਲ ਟੀਮ ਪਿਛਲੇ ਤਿੰਨ ਦਿਨਾਂ ਤੋਂ ਡਟੀ ਹੋਈ ਹੈ। ਉਨ੍ਹਾ ਦੱਸਿਆ ਕਿ ਇਨ੍ਹਾਂ ਥਾਵਾਂ 'ਤੇ ਜ਼ਿਲ੍ਹਾ ਪ੍ਰਸ਼ਾਸਨ ਦੁਆਰਾ ਇਵੈਕੁਏਸ਼ਨ ਸੈਂਟਰ ਬਣਾਏ ਗਏ ਹਨ, ਜਿਥੇ ਮੁਸ਼ਕਲ 'ਚ ਫਸੇ ਲੋਕਾਂ ਨੂੰ ਲਿਆ ਕੇ ਆਸਰਾ ਦਿਤਾ ਗਿਆ ਹੈ। ਇਨ੍ਹਾਂ ਕੈਂਪਾਂ ਵਿਚ ਜਿਥੇ ਲੋਕਾਂ ਨੂੰ ਜ਼ਰੂਰੀ ਦਵਾਈਆਂ, ਓ.ਆਰ.ਐਸ. ਦੇ ਪੈਕੇਟ ਆਦਿ ਮੁਫ਼ਤ ਦਿੱਤੇ ਜਾ ਰਹੇ ਹਨ, ਉਥੇ ਡਾਕਟਰਾਂ ਵੱਲੋਂ ਮਰੀਜ਼ਾਂ ਦੀ ਜਾਂਚ ਅਤੇ ਇਲਾਜ ਵੀ ਕੀਤਾ ਜਾ ਰਿਹਾ ਹੈ। ਇਸ ਤੋਂ ਇਲਾਵਾ ਕੈਂਪਾਂ ਵਿਚ ਵੱਖ-ਵੱਖ ਮੈਡੀਕਲ ਟੈਸਟ ਵੀ ਕੀਤੇ ਜਾ ਰਹੇ ਹਨ। ਸਿਵਲ ਸਰਜਨ ਨੇ ਅਪਣੀ ਟੀਮ ਨਾਲ ਪਿੰਡ ਦਾਊਂ ਵਿਖੇ ਮੈਡੀਕਲ ਕੈਂਪ ਦਾ ਜਾਇਜ਼ਾ ਲਿਆ। ਡਾ. ਮਹੇਸ਼ ਕੁਮਾਰ ਨੇ ਦੱਸਿਆ ਕਿ ਹੜ੍ਹਾਂ ਦੇ ਹਾਲਾਤ ਕਾਰਨ ਜ਼ਿਲ੍ਹਾ ਸਿਹਤ ਵਿਭਾਗ ਨੇ ਰੈਪਿਡ ਰਿਸਪਾਂਸ ਟੀਮਾਂ ਪਹਿਲਾਂ ਹੀ ਬਣਾ ਦਿੱਤੀਆਂ ਸਨ, ਜਿਹੜੀਆਂ ਲੋਕਾਂ ਨੂੰ ਤੁਰੰਤ ਮੈਡੀਕਲ ਸਹਾਇਤਾ ਪਹੁੰਚਾਉਣ ਲਈ ਪੂਰੀ ਤਰ੍ਹਾਂ ਸਰਗਰਮ ਹਨ। ਸਿਵਲ ਸਰਜਨ ਨੇ ਦੱਸਿਆ ਕਿ ਸਿਹਤ ਅਤੇ ਪਰਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਦੇ ਨਿਰਦੇਸ਼ਾਂ 'ਤੇ ਜ਼ਿਲ੍ਹਾ ਵਾਸੀਆਂ ਨੂੰ ਮੈਡੀਕਲ ਸਹਾਇਤਾ ਦੇਣ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ। ਉਨ੍ਹਾ ਕਿਹਾ ਕਿ ਜ਼ਿਲ੍ਹਾ ਸਿਹਤ ਵਿਭਾਗ ਲੋਕਾਂ ਦੀ ਤੰਦਰੁਸਤੀ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾ ਦੱਸਿਆ ਕਿ ਜ਼ਿਲ੍ਹੇ ਦੀਆਂ ਸਰਕਾਰੀ ਸਿਹਤ ਸੰਸਥਾਵਾਂ ਵਿਚ ਵੀ ਖ਼ਾਸ ਇੰਤਜ਼ਾਮ ਕੀਤੇ ਗਏ ਹਨ, ਜਿਥੇ ਮਰੀਜ਼ ਆ ਕੇ ਅਪਣਾ ਮੁਫ਼ਤ ਇਲਾਜ ਕਰਵਾ ਸਕਦੇ ਹਨ। ਕਿਸੇ ਵੀ ਤਰ੍ਹਾਂ ਦੀ ਮੈਡੀਕਲ ਸਹਾਇਤਾ ਲਈ ਸਿਹਤ ਵਿਭਾਗ ਦੇ ਹੈਲਪਲਾਈਨ ਨੰ. 104 'ਤੇ ਸੰਪਰਕ ਕੀਤਾ ਜਾ ਸਕਦਾ ਹੈ। ਇਸ ਮੌਕੇ ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾ. ਗਿਰੀਸ਼ ਡੋਗਰਾ, ਜ਼ਿਲ੍ਹਾ ਮਾਸ ਮੀਡੀਆ ਅਫ਼ਸਰ ਹਰਚਰਨ ਸਿੰਘ ਬਰਾੜ, ਮੀਡੀਆ ਕੋਆਰਡੀਨੇਟਰ ਬਲਜਿੰਦਰ ਸੈਣੀ ਵੀ ਮੌਜੂਦ ਸਨ।

# ਸ਼ਿਵ ਮਹਾਂਪੁਰਾਣ ਦੀ ਕਥਾ ਸ਼ੁਰੂ



**ਮੋਹਾਲੀ, (ਗੁਰਜੀਤ ਬਿੱਲਾ)**-ਖਾਸ ਕਰਕੇ ਸਾਵਣ ਦੇ ਪਵਿੱਤਰ ਮਹੀਨੇ ਵਿੱਚ ਜੇਕਰ ਕੋਈ ਵੀ ਸ਼ਰਧਾਲੂ ਆਪਣੇ ਇਸ਼ਟ ਦਾ ਜਾਪ ਕਰਦਾ ਹੈ ਤਾਂ ਇਸ ਵਿੱਚ ਕੋਈ ਸ਼ੱਕ ਨਹੀਂ ਕਿ ਉਹ ਆਪਣੇ ਕਿਸੇ ਵੀ ਇਸ਼ਟ ਦੇਵੀ-ਦੇਵਤਿਆਂ ਨੂੰ ਪ੍ਰਸੰਨ ਕਰਨ ਤੋਂ ਵਾਂਝਾ ਰਹਿ ਜਾਵੇਗਾ। ਇਸ ਤੋਂ ਇਲਾਵਾ ਜੇਕਰ ਭਗਵਾਨ ਸ਼ਿਵ ਨੂੰ ਪ੍ਰਸੰਨ ਕਰਨਾ ਹੈ ਤਾਂ ਸਾਰਿਆਂ ਨੂੰ ਬੇਲ ਪਾਤਰ ਅਤੇ ਰੁਦਰਾਕਸ਼ ਦੀ ਮਾਲਾ ਦਾ ਜਾਪ ਕਰਨਾ ਚਾਹੀਦਾ ਹੈ। ਸਾਵਣ ਮਹੀਨੇ ਦੇ ਮੌਕੇ ਸ੍ਰੀ ਸ਼ਿਵ ਮਹਾਪੁਰਾਣ ਦੇ ਵਿਸ਼ਾਲ ਪ੍ਰੋਗਰਾਮ ਦੇ ਚੌਥੇ ਦਿਨ ਕਥਾ ਵਿਆਸ ਪੰਡਿਤ ਕਿਸ਼ੋਰ ਸ਼ਾਸਤਰੀ ਨੇ ਸੰਗਤਾਂ ਨੂੰ ਕਥਾ ਸੁਣਾ ਕੇ ਨਿਹਾਲ ਕੀਤਾ। ਜਦਕਿ ਇਸ ਤੋਂ ਪਹਿਲਾਂ ਬਾਬਾ ਬਾਲ ਭਾਰਤੀ ਵੈਲਫੇਅਰ ਕਮੇਟੀ ਦੇ ਪ੍ਰਧਾਨ ਅਤੇ ਮੰਦਰ ਦੇ ਮੁੱਖ ਸੇਵਾਦਾਰ ਤਿਰਲੋਚਨ ਸਿੰਘ ਬੈਦਵਾਨ, ਮਾਸਟਰ ਵਾਸੂਦੇਵ ਕੌਸ਼ਿਕ ਅਤੇ ਉਨ੍ਹਾਂ ਦੀ ਸਮੁੱਚੀ ਟੀਮ ਅਤੇ ਮਹਿਲਾ ਸੰਕੀਰਤਨ ਮੰਡਲ ਦੀ ਸਮੁੱਚੀ ਟੀਮ ਨੇ ਯਾਦਗਾਰੀ ਚਿੰਨ੍ਹ ਭੇਟ ਕਰਕੇ ਮੰਦਰ ਵਿੱਚ ਆਇਆਂ ਪਤਵੰਤਿਆਂ ਦਾ ਸਵਾਗਤ ਕੀਤਾ। ਉਨ੍ਹਾ ਨੇ ਮੰਦਰ ਦਾ ਪ੍ਰੋਗਰਾਮ, ਭਗਵਾਨ ਸ਼ਿਵ ਦਾ ਆਸ਼ੀਰਵਾਦ ਲੈਣ ਅਤੇ ਪ੍ਰੋਗਰਾਮ ਵਿੱਚ ਹਿੱਸਾ ਲੈਣ ਲਈ ਆਈ ਸੰਗਤ ਦਾ ਧੰਨਵਾਦ ਵੀ ਕੀਤਾ। ਉਨ੍ਹਾਂ ਦੱਸਿਆ ਕਿ ਸੋਮਵਾਰ ਨੂੰ ਧਰਮਵੀਰ ਗਰਗ, ਸੁਨੀਤਾ ਰਾਣੀ ਨੇ ਮੇਜ਼ਬਾਨ ਵਜੋਂ ਸੇਵਾ ਨਿਭਾਈ। ਇਸ ਦੌਰਾਨ ਮਹਿਲਾ ਮੰਡਲ ਪ੍ਰਧਾਨ ਪੂਨਮ ਕੌਸ਼ਿਕ ਅਤੇ ਉਨ੍ਹਾਂ ਦੀ ਸਮੁੱਚੀ ਟੀਮ ਨੇ ਮੰਦਰ ਵਿੱਚ ਆਈਆਂ ਸੰਗਤਾਂ ਦਾ ਨਿੱਘਾ ਸਵਾਗਤ ਕੀਤਾ। ਉਨ੍ਹਾ ਦੱਸਿਆ ਕਿ 8 ਜੁਲਾਈ ਤੋਂ 16 ਜੁਲਾਈ ਤੱਕ ਬਦਰੀ ਨਰਾਇਣ ਮੰਦਰ ਸੋਹਾਣਾ ਦੇ ਮੁੱਖ ਪੁਜਾਰੀ ਪੰਡਿਤ ਕਿਸ਼ੋਰ ਸਾਸਤਰੀ ਅਤੇ ਕਥਾ ਵਿਆਸ ਵੱਲੋਂ 8 ਜੁਲਾਈ ਤੋਂ 16 ਜੁਲਾਈ ਤੱਕ ਸੈਕਟਰ-71 ਸਥਿਤ ਮੰਦਰ ਵਿੱਚ ਸ੍ਰੀ ਸ਼ਿਵ ਮਹਾਪੁਰਾਣ ਦਾ ਵਿਸ਼ਾਲ ਪ੍ਰੋਗਰਾਮ ਕਰਵਾਇਆ ਜਾ ਰਿਹਾ ਹੈ। ਜਿਸ ਵਿੱਚ ਸੰਗਤਾਂ ਨੇ ਭਾਰੀ ਉਤਸ਼ਾਹ ਨਾਲ ਹਿੱਸਾ ਲਿਆ ਅਤੇ ਪ੍ਰੋਗਰਾਮ ਦੇ ਸਮਾਪਤੀ ਦਿਨ ਤੇ ਮਹਾਂ ਆਰਤੀ ਵਿੱਚ ਵੀ ਭਾਗ ਲਿਆ।

## ਰੋਟੀ-ਰੋਜ਼ੀ ਕਮਾਉਣ ਲਈ ਗਈਆਂ ਲੜਕੀਆਂ ਡੁਬਈ ਦੇ ਅਜਮਾਨ ਸ਼ਹਿਰ ਤੋਂ ਛੁਡਾਈਆਂ ਜਾਣ

**ਨੂਰਮਹਿਲ ( ਬਾਲ ਕ੍ਰਿਸ਼ਨ ਬਾਲੀ )**-ਆਪਣੀ ਰੋਟੀ ਰੋਜ਼ੀ ਕਮਾਉਣ ਲਈ ਗਈਆਂ ਲੜਕੀਆਂ ਡੁਬਈ ਦੇ ਅਜਮਾਨ ਸ਼ਹਿਰ ਤੋਂ ਛੁਡਾਈਆਂ ਜਾਣ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸਮਾਜ ਸੇਵਕ ਤੇ ਪੱਤਰਕਾਰ ਬਾਲ ਕ੍ਰਿਸ਼ਨ ਬਾਲੀ ਨੇ ਕੀਤਾ। ਉਨ੍ਹਾ ਦੱਸਿਆ ਕਿ ਸਾਡੇ ਇਧਰ ਪੰਜਾਬ ਦੇ ਵੱਖ ਵੱਖ ਪਿੰਡਾਂ ਵਿੱਚੋਂ ਆਪਣੀ ਰੋਟੀ ਰੋਜ਼ੀ ਕਮਾਉਣ ਲਈ ਇਥੋਂ ਦੇ ਏਜੰਟ ਰਾਹੀਂ ਡੁਬਈ ਗਈਆਂ ਸਨ ਪਰ ਇਥੋਂ ਦੇ ਏਜੰਟ ਨੇ ਅੱਗੇ ਤੋਂ ਅੱਗੇ ਲੜਕੀਆਂ ਨੂੰ ਜੋ ਕਿ ਲੱਗਭੱਗ 25 ਹਨ, ਅੱਗੇ ਤੋਂ ਅੱਗੇ ਕੰਮ ਦੇਣ ਦੀ ਬਜਾਏ ਡੁਬਈ ਦੇ ਅਜਮਾਨ ਸ਼ਹਿਰ ਦੇ ਏਜੰਟ ਕੋਲ ਛੱਡ ਕੇ ਕਈ ਲੱਖਾਂ ਦੇ ਹਿਸਾਬ ਨਾਲ ਰੁਪਏ ਲੈ ਕੇ ਆਪ ਫਰਾਰ ਹੋ ਗਏ ਹਨ। ਇਨ੍ਹਾਂ 25 ਲੜਕੀਆਂ ਦੇ ਮਾਪਿਆਂ ਵੱਲੋਂ ਅਤੇ ਕਾਮਰੇਡ ਬਾਲੀ ਵੱਲੋਂ ਹੋਮ ਮਨਿਸਟਰ ਜੈ ਸ਼ੰਕਰ ਦੇ ਅਤੇ ਐਨ ਆਰ ਆਈ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੂੰ ਬੇਨਤੀ ਕੀਤੀ ਹੈ ਕਿ ਇਹ ਲੜਕੀਆਂ ਜੋ ਕਿ ਆਪਣੇ ਮਾਂ, ਬਾਪ ਅਤੇ ਭੈਣ ਭਰਾ ਛੱਡ ਕੇ ਰੋਟੀ ਰੋਜ਼ੀ ਕਮਾਉਣ ਲਈ ਡੁਬਈ ਦੇ ਅਜਮਾਨ ਸ਼ਹਿਰ ਵਿੱਚ ਗਈਆਂ ਹਨ, ਉਨ੍ਹਾਂ ਨੂੰ ਛੁਡਾਇਆ ਜਾਵੇ ਅਤੇ ਡੁਬਈ ਤੋਂ ਪੰਜਾਬ ਦੀ ਫਲਾਈਟ ਕਰਵਾ ਕੇ ਉਨ੍ਹਾਂ ਦੇ ਮਾਪਿਆਂ ਦੇ ਹਵਾਲੇ ਕੀਤੀਆਂ ਜਾਣ। ਅਸੀਂ ਪੰਜਾਬ ਦੇ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਅਤੇ ਹੋਮ ਮਨਿਸਟਰ ਜੈ ਸ਼ੰਕਰ ਦੇ ਧੰਨਵਾਦੀ ਹੋਵਾਂਗੇ।

## 15 ਨੂੰ ਲਗਾਈ ਜਾਵੇਗੀ ਸਪੈਸ਼ਲ ਲੋਕ ਅਦਾਲਤ

**ਐਸ.ਏ.ਐਸ.ਨਗਰ, (ਗੁਰਜੀਤ ਬਿੱਲਾ)**-ਜਸਟਿਸ ਗੁਰਮੀਤ ਸਿੰਘ ਸੰਧਾਵਾਲੀਆ, ਜੱਜ, ਪੰਜਾਬ ਅਤੇ ਹਰਿਆਣਾ ਹਾਈਕੋਰਟ ਅਤੇ ਕਾਰਜਕਾਰੀ ਚੇਅਰਮੈਨ, ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐਸ.ਏ.ਐਸ. ਨਗਰ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਵਿਚ ਜ਼ਿਲ੍ਹਾ ਐਸ.ਏ.ਐਸ. ਨਗਰ ਵਿਖੇ ਮਿਤੀ 15 ਜੁਲਾਈ ਨੂੰ ਜ਼ਿਲ੍ਹਾ ਐਸ.ਏ.ਐਸ. ਨਗਰ ਵਿਖੇ ਸਪੈਸ਼ਲ ਲੋਕ ਅਦਾਲਤ ਦਾ ਆਯੋਜਨ ਕੀਤਾ ਜਾ ਰਿਹਾ ਹੈ। ਹਰਪਾਲ ਸਿੰਘ, ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ ਕਮ ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਐਸ.ਏ.ਐਸ. ਨਗਰ ਵੱਲੋਂ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਸਪੈਸ਼ਲ ਲੋਕ ਅਦਾਲਤ ਵਿਚ ਮੋਟਰ ਐਕਸੀਡੈਂਟ ਕਲੇਮ, ਲੈਂਡ ਐਕਿਊਜੀਸ਼ਨ ਕੇਸ ਅਤੇ ਪਰਵਾਰਕ ਝਗੜਿਆਂ ਨਾਲ ਸੰਬੰਧਤ ਕੇਸ ਆਪਸੀ ਸਹਿਮਤੀ ਨਾਲ ਨਿਪਟਾਰੇ ਲਈ ਲਗਾਏ ਜਾਣਗੇ। ਬਲਜਿੰਦਰ ਸਿੰਘ, ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਐਸ.ਏ.ਐਸ. ਨਗਰ ਨੇ ਲੋਕ ਅਦਾਲਤਾਂ ਦੇ ਫਾਇਦਿਆਂ ਬਾਰੇ ਦੱਸਿਆ ਕਿ ਲੋਕ ਅਦਾਲਤਾਂ ਵਿਚ ਫੈਸਲਾ ਹੋਣ ਤੇ ਕੇਸਾਂ ਵਿੱਚ ਲੱਗੀ ਹੋਈ ਕੋਰਟ ਫੀਸ ਵਾਪਸ ਕਰ ਦਿੱਤੀ ਜਾਂਦੀ ਹੈ ਅਤੇ ਇਹਨਾਂ ਕੇਸਾਂ ਦੇ ਫੈਸਲੇ ਦੀ ਕੋਈ ਅਪੀਲ ਨਹੀਂ ਹੁੰਦੀ ਅਤੇ ਰਾਜ਼ੀਨਾਮਾ ਕਰਨ ਕਾਰਨ ਪਾਰਟੀਆਂ ਦੇ ਰਿਸ਼ਤੇ ਵਿੱਚ ਤਰੇੜ ਨਹੀਂ ਪੈਂਦੀ ਅਤੇ ਸਾਰੀਆਂ ਪਾਰਟੀਆਂ ਆਪਣੇ ਆਪ ਨੂੰ ਜਿੱਤਿਆ ਮਹਿਸੂਸ ਕਰਦੀਆਂ ਹਨ।

## ਕੁਦਰਤੀ ਆਫਤਾਂ 'ਤੇ ਰਾਜਨੀਤੀ ਕਰਨ ਤੋਂ ਗੁਰੇਜ਼ ਕੀਤਾ ਜਾਵੇ : ਚੌਹਾਨ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**-ਪਿਛਲੇ ਕਈ ਦਿਨਾਂ ਤੋਂ ਉੱਤਰੀ ਭਾਰਤ ਦੇ ਕਈ ਸੂਬੇ ਭਾਰੀ ਮੀਂਹ ਨਾਲ ਅਸਤ ਵਿਅਸਤ ਹੋ ਗਏ ਹਨ। ਇਸ ਕੁਦਰਤ ਦੀ ਕਰੋਪੀ ਤੋਂ ਪੰਜਾਬ ਵੀ ਬਚ ਨਹੀਂ ਸਕਿਆ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਬਹੁਜਨ ਸਮਾਜ ਪਾਰਟੀ ਦੇ ਸੀਨੀਅਰ ਆਗੂ ਮੱਖਣ ਲਾਲ ਚੌਹਾਨ ਨੇ ਕੀਤਾ। ਉਨ੍ਹਾ ਅੱਗੇ ਕਿਹਾ ਕਿ ਇਸ ਭਾਰੀ ਮੀਂਹ ਕਾਰਨ ਜਿਥੇ ਰੋਜ਼ਾਨਾ ਜਨ ਜੀਵਨ ਪ੍ਰਭਾਵਿਤ ਹੋਇਆ ਹੈ ਉਥੇ ਇਸ ਕੁਦਰਤੀ ਆਫਤ ਨਾਲ ਜਾਨ ਮਾਲ ਦਾ ਵੀ ਭਾਰੀ ਮਾਤਰਾ ਵਿੱਚ ਨੁਕਸਾਨ ਹੋਇਆ ਹੈ। ਇਸ ਹੋਏ ਨੁਕਸਾਨ ਦੀ ਭਰਪਾਈ ਲੰਬੇ ਸਮੇਂ ਬਾਅਦ ਹੋਵੇਗੀ। ਇਸ ਕੁਦਰਤੀ ਆਫਤ ਨਾਲ ਨਜਿੱਠਣ ਲਈ ਸਾਨੂੰ ਸਭ ਨੂੰ ਰਾਜਨੀਤੀ/ ਪਾਰਟੀਬਾਜ਼ੀ ਤੋਂ ਉਪਰ ਉਠ ਕੇ ਰਲਮਿਲ ਕੇ ਮਾਨਵਤਾ ਦੀ ਸੇਵਾ ਕਰਨੀ ਚਾਹੀਦੀ ਹੈ ਅਤੇ ਪ੍ਰਸ਼ਾਸਨ ਦਾ ਸਹਿਯੋਗ ਕਰਨਾ ਚਾਹੀਦਾ ਹੈ। ਅਜਿਹੀਆਂ ਕੁਦਰਤੀ ਆਫਤਾਂ ਤੇ ਰਾਜਨੀਤਕ ਲੀਡਰਾਂ ਨੂੰ ਰਾਜਨੀਤੀ ਕਰਨ ਤੋਂ ਗੁਰੇਜ਼ ਕਰਨਾ ਚਾਹੀਦਾ ਹੈ। ਦੇਸ਼ ਦੇ ਹਰ ਨਾਗਰਿਕ ਦੀ ਨੈਤਿਕ ਜ਼ਿੰਮੇਵਾਰੀ ਬਣਦੀ ਹੈ ਕਿ ਮਾਨਵਤਾ ਦੀ ਸੇਵਾ ਨਿਸ਼ਕਾਮ ਭਾਵਨਾ ਨਾਲ ਕੀਤੀ ਜਾਵੇ। ਇਹ ਸਮਾਂ ਰਾਜਨੀਤੀ ਕਰਨ ਦਾ ਨਹੀਂ ਸਗੋਂ ਮੀਂਹ ਤੋਂ ਪ੍ਰਭਾਵਿਤ ਪੀੜਤ ਲੋਕਾਂ ਦੇ ਸਹਿਯੋਗ ਕਰਨ ਦਾ ਹੈ।

# ਜ਼ਿਲ੍ਹੇ 'ਚ ਰਾਹਤ ਕਾਰਜਾਂ ਲਈ ਇਕ ਕਰੋੜ ਰੁਪਏ ਜਾਰੀ : ਡਿਪਟੀ ਕਮਿਸ਼ਨਰ



**ਨਵਾਂਸ਼ਹਿਰ(ਕੁਲਵਿੰਦਰ ਸਿੰਘ ਦੁਰਗਾਪੁਰੀਆ)**-ਜ਼ਿਲ੍ਹੇ ਚੱਲ ਰਹੇ ਰਾਹਤ ਕਾਰਜਾਂ ਲਈ ਸਰਕਾਰ ਵੱਲੋਂ ਅਡਵਾਂਸ ਦੇ ਤੌਰ 'ਤੇ ਇੱਕ ਕਰੋੜ ਰੁਪਏ ਦੀ ਰਾਸ਼ੀ ਜਾਰੀ ਕੀਤੀ ਗਈ ਹੈ। ਲੋੜ ਪੈਣ 'ਤੇ ਜ਼ਰੂਰਤ ਅਨੁਸਾਰ ਇਹ ਰਾਸ਼ੀ ਵਧਾਈ ਵੀ ਜਾ ਸਕਦੀ ਹੈ । ਡਿਪਟੀ ਕਮਿਸ਼ਨਰ ਨਵਜੋਤਪਾਲ ਸਿੰਘ ਰੰਧਾਵਾ ਨੇ ਦੱਸਿਆ ਕਿ ਇਸ ਰਾਸ਼ੀ ਨਾਲ ਮੀਂਹ ਨਾਲ ਪ੍ਰਭਾਵਿਤ ਖੇਤਰਾਂ ਦੇ ਰਾਹਤ ਕਾਰਜਾਂ ਲਈ ਵਰਤੀ ਜਾਵੇਗੀ ਅਤੇ ਪ੍ਰਭਾਵਿਤ ਹੋਏ ਲੋਕਾਂ ਦੀ ਸਹਾਇਤਾ ਕੀਤੀ ਜਾਵੇਗੀ। ਡਿਪਟੀ ਕਮਿਸ਼ਨਰ ਨਵਜੋਤ ਪਾਲ ਸਿੰਘ ਰੰਧਾਵਾ ਅਤੇ ਐਸ ਐਸ ਪੀ ਭਾਗੀਰਥ ਮੀਨਾ ਵੱਲੋਂ ਮੰਗਲਵਾਰ ਨੂੰ ਸਤਲੁਜ ਦਰਿਆ ਦੇ ਨਾਲ ਲਗਦੇ ਪਿੰਡਾਂ ਲਾਲੇ ਵਾਲ, ਮਿਰਜਾਪੁਰ, ਸਿਬੂ ਤਲਵੰਡੀ ਅਤੇ ਦਰਿਆਪੁਰ ਦਾ ਦੌਰਾ ਕਰਕੇ ਜਾਇਜ਼ਾ ਲਿਆ ਗਿਆ। ਉਨ੍ਹਾ ਨੇ ਕਿਹਾ ਕਿ ਮੀਂਹ ਦੇ ਪਾਣੀ ਦੇ ਨਾਲ ਇਨ੍ਹਾਂ ਪਿੰਡਾਂ ਦੇ ਬਾਹਰ ਪਾਣੀ ਇਕੱਠਾ ਹੋ ਗਿਆ ਹੈ। ਪਿੰਡ ਵਾਸੀਆਂ ਵੱਲੋਂ ਬੰਨ੍ਹ ਬਣਾ ਕੇ ਵੀ ਰਾਹਤ ਕਾਰਜ ਕੀਤੇ ਗਏ ਹਨ। ਇਸ ਪਾਣੀ ਦੇ ਨਿਕਾਸੀ ਦੇ ਲਈ ਸਤਲੁਜ ਦਰਿਆ ਰਾਹੀਂ ਪਾਣੀ ਕੱਢਿਆ ਜਾ ਰਿਹਾ ਹੈ। ਉਨ੍ਹਾ ਦੱਸਿਆ ਕਿ ਪਿੰਡ ਲਾਲੇ ਵਾਲਾ ਵਿਖੇ ਜ਼ਿਆਦਾ ਪਾਣੀ ਹੋਣ ਕਰਕੇ ਇਕ ਬੰਨ੍ਹ ਵੀ ਟੁੱਟ ਗਿਆ ਸੀ। ਇਸ ਜਗ੍ਹਾ ਤੋਂ ਪਾਣੀ ਨੂੰ ਕੱਢਣ ਲਈ ਮਾਈਨਿੰਗ ਵਿਭਾਗ ਵੱਲੋਂ ਸਤਲੁਜ ਦਰਿਆ ਨੂੰ ਜਾਂਦੀਆਂ ਪਾਈਪਾਂ ਜੋ ਕਿ ਕੁਝ ਫਸਣ ਕਾਰਨ ਬੰਦ ਹੋ ਗਈਆਂ ਸਨ, ਨੂੰ ਖੋਲ੍ਹ ਦਿੱਤਾ ਗਿਆ ਹੈ। ਇਸ ਦੇ ਨਾਲ ਛੇਤੀ ਹੀ ਇਸ ਜਗ੍ਹਾ ਤੋਂ ਇਕੱਠਾ ਹੋਇਆ ਪਾਣੀ ਦਰਿਆ ਰਾਹੀਂ ਬਾਹਰ ਨਿਕਲ ਜਾਵੇਗਾ। ਉਨ੍ਹਾ ਮੌਕੇ 'ਤੇ ਮੌਜੂਦ ਪਿੰਡ ਦੇ ਸਰਪੰਚ ਅਤੇ ਪੰਚਾਇਤ ਮੈਂਬਰਾਂ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਉਹ ਸੰਬੰਧਤ ਵਿਭਾਗ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਨਾਲ ਮਿਲ ਕੇ ਜੇਕਰ ਹੋਰ ਕਿਸੇ ਤਰ੍ਹਾਂ ਦੇ ਬੰਨ੍ਹ ਬਣਾਉਣ ਜਾਂ ਮਜ਼ਬੂਤ ਕਰਨ ਦੀ ਜ਼ਰੂਰਤ ਹੈ ਤਾਂ ਬਣਾ ਲੈਣ। ਇਸ ਸੰਬੰਧੀ ਜੋ ਵੀ ਖਰਚ ਆਵੇਗਾ ਉਸ ਦੀ ਅਦਾਇਗੀ ਸਰਕਾਰ ਵੱਲੋਂ ਕਰ ਦਿੱਤੀ ਜਾਵੇਗੀ। ਉਨ੍ਹਾ ਦੱਸਿਆ ਕਿ ਨਵਾਂ ਸ਼ਹਿਰ ਗੜ੍ਹਸ਼ੰਕਰ ਬਾਈਪਾਸ ਚੌਕ, ਸਿਵਲ ਹਸਪਤਾਲ ਰੋਡ, ਪਿੰਡ ਕਾਠਗੜ੍ਹ, ਬਲਾਚੌਰ, ਜਾਡਲਾ ਅਤੇ ਸਨਾਵਾ ਦੇ ਨੀਵੇਂ ਇਲਾਕਿਆਂ ਵਿੱਚੋਂ ਵੀ ਪਾਣੀ ਦੀ ਨਿਕਾਸੀ ਹੌਲੀ ਹੌਲੀ ਹੋ ਰਹੀ ਹੈ। ਜਿਹੜੀਆਂ ਵੀ ਥਾਵਾਂ 'ਤੇ ਪਾਣੀ ਥੱਲੇ ਜ਼ਿਆਦਾ ਹੈ, ਦੀ ਨਿਕਾਸੀ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ।

# ਡਾ. ਪ੍ਰੀਤੀ ਯਾਦਵ ਨੇ ਮੋਰਿੰਡਾ ਵਿਖੇ ਰਾਹਤ ਕੈਂਪ ਦਾ ਜਾਇਜ਼ਾ ਲਿਆ



**ਮੋਰਿੰਡਾ ( ਜੈਜੀ ਸਰਦਾਰ )**- ਬੀਤੇ ਦਿਨੀਂ ਜ਼ਿਲ੍ਹੇ ਵਿਚ ਭਾਰੀ ਵਰਖਾ ਹੋਣ ਕਾਰਨ ਜ਼ਿਲ੍ਹੇ ਵਿਚ ਹੋਏ ਨੁਕਸਾਨ ਦਾ ਜਾਇਜ਼ਾ ਲੈਣ ਲਈ ਡਿਪਟੀ ਕਮਿਸ਼ਨਰ ਰੂਪਨਗਰ ਡਾ. ਪ੍ਰੀਤੀ ਯਾਦਵ ਨੇ ਮੋਰਿੰਡਾ ਵਿਖੇ ਰਾਹਤ ਕੈਂਪ ਅਤੇ ਸ੍ਰੀ ਚਮਕੌਰ ਸਾਹਿਬ ਅਤੇ ਰੋਪੜ ਦੇ ਵੱਖ-ਵੱਖ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਜਾਇਜ਼ਾ ਲਿਆ। ਇਸ ਮੌਕੇ ਇਨ੍ਹਾਂ ਇਲਾਕਿਆਂ ਵਿਚ ਮੌਜੂਦਾ ਹਲਾਤ ਅਤੇ ਹੋਏ ਮਾਲੀ ਨੁਕਸਾਨ ਦੀ ਸਮੀਖਿਆ ਕੀਤੀ। ਇਸੇ ਦੌਰਾਨ ਉਨ੍ਹਾ ਵੱਖ-ਵੱਖ ਲਗਾਏ ਗਏ ਰਾਹਤ ਕੈਂਪਾਂ ਵਿਖੇ ਵੀ ਪਹੁੰਚ ਕੀਤੀ ਤੇ ਮੌਕੇ ਦਾ ਜਾਇਜ਼ਾ ਲਿਆ ਅਤੇ ਹੜ੍ਹ ਪੀੜਤਾਂ ਨਾਲ ਗੱਲਬਾਤ ਕੀਤੀ। ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਸੁਣਿਆ ਅਤੇ ਜਲਦ ਹੱਲ ਕਰਨ ਦਾ ਭਰੋਸਾ ਦਿੱਤਾ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਸ ਮੁਸ਼ਕਲ ਘੜੀ ਵਿੱਚ ਪੰਜਾਬ ਸਰਕਾਰ ਸੂਬਾ ਵਾਸੀਆਂ ਨਾਲ ਡਟ ਕੇ ਖੜ੍ਹੀ ਹੈ ਅਤੇ ਹੜ੍ਹ ਪ੍ਰਭਾਵਿਤ ਇਲਾਕਿਆਂ ਦੇ ਲੋਕਾਂ ਦੀ ਹਰ ਪ੍ਰਕਾਰ ਨਾਲ ਮਦਦ ਕੀਤੀ ਜਾਵੇਗੀ। ਉਨ੍ਹਾ ਕਿਹਾ ਕਿ ਪ੍ਰਸ਼ਾਸਨਿਕ ਅਧਿਕਾਰੀਆਂ ਵੱਲੋਂ ਲਗਾਤਾਰ ਵੱਖ-ਵੱਖ ਪ੍ਰਭਾਵਿਤ ਇਲਾਕਿਆਂ ਵਿਚ ਲਗਾਤਾਰ ਗਸ਼ਤ ਵੀ ਕੀਤੀ ਜਾ ਰਹੀ ਹੈ। ਉਨ੍ਹਾ ਕਿਹਾ ਕਿ ਮੌਜੂਦਾ ਸਮੇਂ ਵਿਚ ਕਾਫੀ ਹੱਦ ਤੱਕ ਪਾਣੀ ਦਾ ਪੱਧਰ ਘਟਿਆ ਹੈ ਅਤੇ ਸਥਿਤੀ ਉਤੇ ਕਾਫੀ ਹੱਦ ਤੱਕ ਕਾਬੂ ਪਾ ਲਿਆ ਗਿਆ ਹੈ। ਜਿਥੇ ਵੀ ਖਤਰੇ ਵਾਲੀ ਸਥਿਤੀ ਸੀ, ਉਸ 'ਤੇ ਰੇਤੇ ਦੀਆਂ ਬੋਰੀਆਂ ਲਗਾ ਕੇ ਅਤੇ ਮਿੱਟੀ ਪਾ ਕੇ ਪਾਣੀ ਦੇ ਵਹਾ ਨੂੰ ਰੋਕਣ ਤੇ ਸੜਕਾਂ ਨੂੰ ਬਚਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਡਾ. ਪ੍ਰੀਤੀ ਯਾਦਵ ਨੇ ਦੱਸਿਆ ਨਦੀਆਂ ਟੁੱਟਣ ਤੇ ਪਾੜ ਪੈਣ ਕਾਰਨ ਕਈ ਥਾਵਾਂ ਉਤੇ ਕਾਫੀ ਨੁਕਸਾਨ ਹੋਇਆ ਹੈ। ਉਥੇ ਹਾਲਾਤ ਨੂੰ ਕਾਬੂ ਕਰਨ ਵਿਚ ਪ੍ਰਸ਼ਾਸਨ ਕਾਰਵਾਈ ਜੰਗੀ ਪੱਧਰ 'ਤੇ ਕਰ ਰਿਹਾ ਹੈ। ਉਨ੍ਹਾ ਕਿਹਾ ਕਿ ਹੁਣ ਸਥਿਤੀ ਕੰਟਰੋਲ ਵਿਚ ਕੀਤੀ ਜਾ ਰਹੀ ਹੈ, ਜਲਦ ਹੀ ਇਲਾਕਿਆਂ ਦੀ ਪੀਣ ਵਾਲੇ ਪਾਣੀ ਦੀ ਸਪਲਾਈ ਨੂੰ ਮੁੜ ਬਹਾਲ ਕੀਤਾ ਜਾਵੇਗਾ ਅਤੇ ਜਿਸ ਇਲਾਕੇ ਵਿਚ ਭਾਰੀ ਨੁਕਸਾਨ ਕਾਰਨ ਬਿਜਲੀ ਦੀ ਸਪਲਾਈ ਬਹਾਲ ਨਹੀਂ ਹੋ ਸਕਦੀ ਉਨ੍ਹਾਂ ਨੂੰ ਜਲਦ ਪੀਣ ਵਾਲੇ ਪਾਣੀ ਦੇ ਟੈਂਕਰ ਮੁਹੱਈਆ ਕਰਵਾਏ ਜਾ ਰਹੇ ਹਨ ਅਤੇ ਪਾਣੀ ਦੀ ਨਿਕਾਸੀ ਲਈ ਸਫਾਈ ਕੀਤੀ ਜਾ ਰਹੀ ਹੈ। ਉਨ੍ਹਾ ਦੱਸਿਆ ਕਿ ਬਹੁਤੇ ਇਲਾਕਿਆਂ ਵਿਚ ਪਾਣੀ ਭਰ ਜਾਣ ਕਾਰਨ ਬਿਜਲੀ ਦੀ ਸਪਲਾਈ ਵੀ ਠੱਪ ਕਰ ਦਿੱਤੀ ਗਈ ਸੀ ਜਿਸ ਦੇ ਮੱਦੇਨਜ਼ਰ ਸਪਲਾਈ ਦੁਬਾਰਾ ਸ਼ੁਰੂ ਕਰਨ ਲਈ ਮੁਰੰਮਤ ਕੀਤੀ ਜਾ ਰਹੀ ਹੈ। ਉਨ੍ਹਾ ਕਿਹਾ ਕਿ ਪ੍ਰਭਾਵਿਤ ਇਲਾਕਿਆਂ ਵਿਚ ਸਿਹਤ ਵਿਭਾਗ ਵੱਲੋਂ ਬਣਾਈਆਂ ਗਈਆਂ ਮੈਡੀਕਲ ਟੀਮਾਂ ਵੀ ਪਹੁੰਚ ਚੁੱਕੀਆਂ ਹਨ। ਉਨ੍ਹਾਂ ਵਲੋਂ ਜ਼ਰੂਰਤਮੰਦ ਲੋਕਾਂ ਦਾ ਇਲਾਜ ਕਰਕੇ ਉਨ੍ਹਾਂ ਨੂੰ ਦਵਾਈਆਂ ਦੀ ਵੰਡ ਕੀਤੀ ਜਾ ਰਹੀ ਹੈ। ਉਨ੍ਹਾ ਜ਼ਿਲ੍ਹਾ ਵਾਸੀਆਂ ਅਪੀਲ ਕਰਦਿਆਂ ਕਿਹਾ ਕਿ ਕਿਸੇ ਵੀ ਸਹਾਇਤਾ ਲਈ ਹੈਲਪ ਲਾਈਨ ਨੰ. 112 ਅਤੇ 01881-221157 ਉਤੇ ਸੰਪਰਕ ਕੀਤਾ ਜਾ ਸਕਦਾ ਹੈ।

# ਸੀ ਜੀ ਸੀ ਲਾਂਡਰਾਂ ਵੱਲੋਂ ਭਾਵਨਾਤਮਕ ਤੰਦਰੁਸਤੀ ਤੇ ਕੰਮਕਾਜੀ ਜੀਵਨ 'ਚ ਸੰਤੁਲਨ ਬਣਾਈ ਰੱਖਣ ਸੰਬੰਧੀ ਐੱਫ ਡੀ ਪੀ




**ਚੰਡੀਗੜ੍ਹ (ਗੁਰਜੀਤ ਬਿੱਲਾ)**-ਚੰਡੀਗੜ੍ਹ ਕਾਲਜ ਆਫ਼ ਹੋਸਪਿਟੈਲਿਟੀ (ਸੀ ਸੀ ਐਚ), ਸੀ ਜੀ ਸੀ ਲਾਂਡਰਾਂ ਵੱਲੋਂ ਭਰਮਾ ਫਾਊਂਡੇਸ਼ਨ ਦੇ ਸਹਿਯੋਗ ਨਾਲ ਕੈਂਪਸ ਵਿੱਚ ਆਪਣੇ ਫੈਕਲਟੀ ਮੈਂਬਰਾਂ ਲਈ ਭਾਵਨਾਤਮਕ ਕੁਸ਼ਲਤਾ ਸੰਬੰਧੀ ਤਿੰਨ ਦਿਨਾ ਐਫ ਡੀ ਪੀ ਦਾ ਆਯੋਜਨ ਕੀਤਾ ਗਿਆ। ਇਸ ਪ੍ਰੋਗਰਾਮ ਵਿੱਚ 25 ਤੋਂ ਵੱਧ ਪ੍ਰਤੀਯੋਗੀਆਂ ਨੇ ਹਿੱਸਾ ਲਿਆ। ਇਸ ਦਾ ਮੁੱਖ ਉਦੇਸ਼ ਭਾਗੀਦਾਰਾਂ ਨੂੰ ਇਸ ਤਰ੍ਹਾਂ ਢੁੱਕਵੇਂ ਢੰਗ ਨਾਲ ਲੈਸ ਕਰਨਾ ਸੀ ਤਾਂ ਜੋ ਉਹ ਤਣਾਅ ਰਹਿਣ ਜ਼ਿੰਦਗੀ ਦਾ ਅਨੰਦ ਲੈਂਦਿਆਂ ਆਪਣੇ ਕੰਮਕਾਜੀ ਜੀਵਨ ਵਿੱਚ ਸੰਤੁਲਨ ਬਣਾਈ ਰੱਖ ਸਕਣ। ਸੀ ਸੀ ਐੱਚ, ਸੀ ਜੀ ਸੀ ਲਾਂਡਰਾਂ ਆਪਣੇ ਵਿਦਿਆਰਥੀਆਂ ਅਤੇ ਫੈਕਲਟੀ ਮੈਂਬਰਾਂ ਦੋਵਾਂ ਲਈ ਨਿਯਮਿਤ ਤੌਰ 'ਤੇ ਅਜਿਹੇ ਪ੍ਰੋਗਰਾਮ ਅਤੇ ਵਰਕਸ਼ਾਪਾਂ ਦਾ ਆਯੋਜਨ ਕਰਦਾ ਰਹਿੰਦਾ ਹੈ। ਇਸ ਦੌਰਾਨ ਸੀ ਸੀ ਐੱਚ, ਸੀ ਜੀ ਸੀ ਲਾਂਡਰਾਂ ਦੇ ਡਾਇਰੈਕਟਰ ਪ੍ਰਿੰਸੀਪਲ ਡਾ.ਰਾਜੀਵ ਮਿਸ਼ਰਾ ਨੇ ਕਿਹਾ ਕਿ ਅਜਿਹੇ ਸੈਸ਼ਨ ਕਰਵਾਉਣ ਦਾ ਸਾਡਾ ਮਕਸਦ ਆਪਣੇ ਫੈਕਲਟੀ ਮੈਂਬਰਾਂ ਨੂੰ ਉਨ੍ਹਾਂ ਦੀਆਂ ਭਾਵਨਾਵਾਂ ਦੇ ਨਾਲ ਤਾਲਮੇਲ ਬਿਠਾਉਣ ਅਤੇ ਸਮਕਾਲੀ ਬਣਨ ਵਿੱਚ ਮਦਦ ਕਰਨਾ ਹੈ, ਜੋ ਉਨ੍ਹਾਂ ਦੇ ਤਣਾਅ ਪ੍ਰਬੰਧਨ ਵਿੱਚ ਮਦਦ ਕਰਦਾ ਹੈ। ਅੱਗੇ ਉਨ੍ਹਾਂ ਕਿਹਾ ਕਿ ਤਣਾਅ ਮੁਕਤ ਜ਼ਿੰਦਗੀ ਅਤੇ ਸੋਚ ਅਧਿਆਪਕਾਂ ਨੂੰ ਆਪਣੇ ਵਿਦਿਆਰਥੀਆਂ ਨਾਲ ਵਧੇਰੇ ਪ੍ਰਭਾਵਸ਼ਾਲੀ ਢੰਗ ਨਾਲ ਜੁੜਨ ਦੇ ਯੋਗ ਬਣਾਵੇਗੀ। ਭਰਮਾ ਫਾਊਂਡੇਸ਼ਨ ਦੇ ਸੰਸਥਾਪਕ ਸਤਿੰਦਰ ਪਾਲ ਸਿੰਘ ਦੀ ਅਗਵਾਈ ਹੇਠ ਕਰਵਾਈ ਇਸ ਤਿੰਨ ਦਿਨਾ ਵਰਕਸ਼ਾਪ ਵਿੱਚ ਟੀਮ ਭਰਮਾ ਵੱਲੋਂ ਕਈ ਗਤੀਵਿਧੀਆਂ ਕੀਤੀਆਂ ਗਈਆਂ। ਇਨ੍ਹਾਂ ਵਿੱਚ ਮਨੋਵਿਗਿਆਨੀ ਅਰਸ਼ਦੀਪ ਕੌਰ ਵੱਲੋਂ ਇੱਕ ਪ੍ਰਭਾਵਸ਼ਾਲੀ ਭਾਸ਼ਣ, ਯੋਗਾ ਇੰਸਟ੍ਰਕਟਰ ਸਲੋਨੀ ਥਾਪਰ ਵੱਲੋਂ ਯੋਗ ਸੈਸ਼ਨ, ਫਿਟਨੈਸ ਮਾਹਰ ਅਤੇ ਬਾਕਸਿੰਗ ਕੋਚ ਸੂਰਜ ਕਬੀਰ ਵਰਮਾ ਵੱਲੋਂ ਧਿਆਨ ਲਗਾਉਣ (ਮੈਡੀਟੇਸ਼ਨ) ਸੰਬੰਧੀ ਸੈਸ਼ਨ ਅਤੇ ਕੋਰੀਓਗ੍ਰਾਫਰ ਜ਼ਨਤ ਸੂਦ ਅਤੇ ਸਰਗਮ ਸ਼ਰਮਾ ਦੁਆਰਾ ਡਾਂਸ ਫਾਰਮੈਟ ਆਦਿ ਸ਼ਾਮਲ ਸਨ। ਇਸ ਐਫ ਡੀ ਪੀ ਦੀ ਸਫਲਤਾਪੂਰਵਕ ਮੇਜ਼ਬਾਨੀ ਲਈ ਸੀ ਜੀ ਸੀ ਲਾਂਡਰਾਂ ਦੀ ਸ਼ਲਾਘਾ ਕਰਦਿਆਂ ਸਤਿੰਦਰਪਾਲ ਸਿੰਘ ਨੇ ਕਿਹਾ ਕਿ ਅੱਜ ਸਾਡੇ ਵਿੱਚੋਂ ਜ਼ਿਆਦਾਤਰ ਦੀ ਰੁਝੇਵਿਆਂ ਭਰੀ ਜੀਵਨ ਸ਼ੈਲੀ ਨੂੰ ਦੇਖਦੇ ਹੋਏ ਅਸੀਂ ਆਪਣੇ ਆਪ ਨੂੰ ਸਮਾਂ ਦੇਣਾ ਭੁੱਲ ਜਾਂਦੇ ਹਾਂ। ਇਹ ਅਕਸਰ ਬੇਲੋੜਾ ਤਣਾਅ, ਚਿੰਤਾ ਜਾਂ ਇੱਥੋਂ ਤੱਕ ਕਿ ਉਦਾਸੀ ਦਾ ਕਾਰਨ ਬਣ ਸਕਦਾ ਹੈ। ਉਨ੍ਹਾਂ ਕਿਹਾ ਕਿ ਐਫ ਡੀ ਪੀ ਵਰਗੇ ਸਹਿਯੋਗੀ ਯਤਨਾਂ ਰਾਹੀਂ ਸਾਡਾ ਉਦੇਸ਼ ਸਾਰਿਆਂ ਨੂੰ ਇਹ ਯਾਦ ਦਿਵਾਉਣਾ ਹੈ ਕਿ ਤਣਾਅ ਨੂੰ ਦੂਰ ਕਰਨ ਅਤੇ ਬਿਹਤਰ ਜੀਵਨ ਜਿਊਣ ਦੀ ਸ਼ਕਤੀ ਸਾਡੇ ਅੰਦਰ ਹੀ ਹੈ ਅਤੇ ਸਾਨੂੰ ਕਈ ਵਾਰ ਸਲਾਹਕਾਰ, ਥੈਰੇਪਿਸਟ, ਜਾਂ ਜੀਵਨ ਕੋਚ ਦੇ ਰੂਪ ਵਿੱਚ ਇੱਕ ਕੋਮਲ ਮਾਰਗਦਰਸ਼ਨ ਦੀ ਜ਼ਰੂਰਤ ਹੁੰਦੀ ਹੈ। ਅੰਤ ਵਿੱਚ ਭਰਮਾ ਫਾਊਂਡੇਸ਼ਨ ਅਤੇ ਸੀ ਸੀ ਐੱਚ, ਸੀ ਜੀ ਸੀ ਲਾਂਡਰਾਂ ਦੇ ਪ੍ਰੋਗਰਾਮ ਕਨਵੀਨਰਾਂ ਦਾ ਸਨਮਾਨ ਕਰਦੇ ਹੋਏ ਸਫਲਤਾਪੂਰਵਕ ਐਫ ਡੀ ਪੀ ਦੀ ਸਮਾਪਤੀ ਹੋਈ।

# ਲੋਕਾਂ ਨੂੰ ਪਾਣੀ ਤੋਂ ਹੋਣ ਵਾਲੀਆਂ ਬਿਮਾਰੀਆਂ ਤੋਂ ਬਚਾਅ ਬਾਰੇ ਕੀਤਾ ਜਾਗਰੂਕ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**-ਸਿਹਤ ਵਿਭਾਗ ਪੰਜਾਬ ਵੱਲੋਂ ਬਰਸਾਤਾ ਦੌਰਾਨ ਵਰਤੀਆਂ ਜਾਣ ਵਾਲੀਆਂ ਸਾਵਧਾਨੀਆਂ ਬਾਰੇ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ। ਸਿਵਲ ਸਰਜਨ ਰੂਪਨਗਰ ਡਾ.ਪਰਮਿੰਦਰ ਕੁਮਾਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਅਤੇ ਸਥਾਨਕ ਭਾਈ ਜੈਤਾ ਜੀ ਸਿਵਲ ਹਸਪਤਾਲ ਸ੍ਰੀ ਅਨੰਦਪੁਰ ਸਾਹਿਬ ਦੇ ਸੀਨੀਅਰ ਮੈਡੀਕਲ ਅਫਸਰ ਡਾ.ਚਰਨਜੀਤ ਕੁਮਾਰ ਦੀ ਅਗਵਾਈ ਅੱਜ ਸ੍ਰੀ ਅਨੰਦਪੁਰ ਸਾਹਿਬ ਦੇ ਮੁਹੱਲਾ ਫਤਿਹਗੜ੍ਹ ਸਾਹਿਬ, ਮੁਹੱਲਾ ਚੋਈ ਬਾਜ਼ਾਰ ਅਤੇ ਲੋਦੀਪੁਰ ਵਿਖੇ ਲੋਕਾਂ ਨੂੰ ਪਾਣੀ ਤੋਂ ਹੋਣ ਵਾਲੀਆਂ ਬਿਮਾਰੀਆਂ ਬਾਰੇ ਜਾਗਰੂਕ ਕੀਤਾ ਗਿਆ ਅਤੇ ਬਰਸਾਤਾਂ ਦੌਰਾਨ ਪਾਣੀ ਉਬਾਲ ਕੇ ਵਰਤਣ ਦੀ ਸਲਾਹ ਦਿੱਤੀ ਗਈ। ਕੈਬਨਿਟ ਮੰਤਰੀ ਹਰਜੋਤ ਬੈਂਸ ਵੱਲੋਂ ਹੜ੍ਹਾਂ ਵਰਗੇ ਹਾਲਾਤ ਦੌਰਾਨ ਪ੍ਰਭਾਵਿਤ ਪਿੰਡਾਂ ਵਿੱਚ ਲੋਕਾਂ ਨੂੰ ਪਾਣੀ ਤੋਂ ਹੋਣ ਵਾਲੀਆਂ ਬਿਮਾਰੀਆਂ ਬਾਰੇ ਜਾਗਰੂਕ ਕਰਨ ਦੇ ਨਿਰਦੇਸ਼ ਸਿਹਤ ਵਿਭਾਗ ਨੂੰ ਜਾਰੀ ਕੀਤੇ ਗਏ ਹਨ। ਇਸੇ ਕੜੀ ਤਹਿਤ ਜਾਗਰੂਕ ਕਰਦੇ ਹੋਏ ਸੁੱਚਾ ਸਿੰਘ ਅਤੇ ਵਰਿੰਦਰ ਕੁਮਾਰ ਹੈਲਥ ਵਰਕਰਾਂ ਵੱਲੋਂ ਉਕਤ ਸਥਾਨਾਂ ਦਾ ਦੌਰਾ ਕੀਤਾ ਗਿਆ ਅਤੇ ਆਮ ਲੋਕਾਂ ਨੂੰ ਪਾਣੀ ਤੋਂ ਹੋਣ ਵਾਲੀਆਂ ਬਿਮਾਰੀਆਂ ਤੋਂ ਬਚਾ ਕਰਨ ਲਈ ਜਾਣਕਾਰੀ ਦਿੱਤੀ। ਉਨ੍ਹਾ ਦੱਸਿਆ ਕਿ ਬਰਸਾਤ ਦਾ ਮੌਸਮ ਹੋਣ ਕਰਕੇ ਦੂਸ਼ਿਤ ਪਾਣੀ ਤੋਂ ਹੋਣ ਵਾਲੀਆਂ ਬਿਮਾਰੀਆਂ ਦਾ ਖਤਰਾ ਵਧ ਜਾਂਦਾ ਹੈ। ਇਸ ਲਈ ਪਾਣੀ ਨੂੰ ਹਮੇਸ਼ਾ ਉਬਾਲ ਕੇ ਅਤੇ ਸ਼ੁੱਧ ਕਰਕੇ ਹੀ ਪੀਣਾ ਚਾਹੀਦਾ ਹੈ, ਆਪਣੇ ਆਲੇ ਦੁਆਲੇ ਸਫਾਈ ਰੱਖਣੀ ਚਾਹੀਦੀ ਹੈ। ਪਾਣੀ ਅਤੇ ਖਾਣ ਪੀਣ ਵਾਲੀਆਂ ਚੀਜ਼ਾਂ ਨੂੰ ਢਕ ਕੇ ਰੱਖਣਾ ਚਾਹੀਦਾ ਹੈ। ਪਾਣੀ ਨੂੰ ਸ਼ੁੱਧ ਕਰਨ ਲਈ ਕਲੋਰੀਨ ਦੀਆਂ ਗੋਲੀਆਂ ਦੀ ਵਰਤੋਂ ਕਰਨੀ ਚਾਹੀਦੀ ਹੈ। ਆਪਣੇ ਹੱਥਾਂ ਨੂੰ ਵਾਰ ਵਾਰ ਧੋਣਾ ਚਾਹੀਦਾ ਹੈ। ਹੈਲਥ ਵਰਕਰਾਂ ਵੱਲੋਂ ਉਕਤ ਏਰੀਏ ਵਿੱਚ ਲਗਭਗ 60 ਘਰਾਂ ਦੇ ਦੌਰੇ ਦੌਰਾਨ ਲਗਭਗ 500 ਕਲੋਰੀਨ ਦੀਆਂ ਗੋਲੀਆਂ ਦੀ ਵੰਡ ਕੀਤੀ ਗਈ।

## ਜ਼ਿਲ੍ਹਾ ਪ੍ਰਸ਼ਾਸਨ ਨੇ ਹੁਣ ਤੱਕ 200 ਲੋਕਾਂ ਨੂੰ ਸੁਰੱਖਿਅਤ ਕੱਢਿਆ : ਡਿਪਟੀ ਕਮਿਸ਼ਨਰ



**ਜਲੰਧਰ : (ਸ਼ੈਲੀ ਐਲਬਰਟ)**-ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਨੇ ਹੁਣ ਤੱਕ ਬਚਾਅ ਕਾਰਜਾਂ ਦੌਰਾਨ ਲਗਭਗ 200 ਲੋਕਾਂ ਨੂੰ ਸੁਰੱਖਿਅਤ ਬਾਹਰ ਕੱਢਿਆ ਹੈ ਅਤੇ ਇਨ੍ਹਾਂ ਸਾਰੇ ਲੋਕਾਂ ਨੂੰ ਰਾਹਤ ਕੈਂਪਾਂ 'ਚ ਪਹੁੰਚਾਇਆ ਗਿਆ ਹੈ। ਉਨ੍ਹਾ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਿੱਚ ਪੰਜਾਬ ਸਰਕਾਰ ਸਮੂਹ ਲੋਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਹੈ, ਜਿਸ ਤਹਿਤ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਉਨ੍ਹਾ ਦੱਸਿਆ ਕਿ ਸੁਰੱਖਿਅਤ ਕੱਢੇ ਗਏ ਲੋਕਾਂ ਨੂੰ ਰਾਹਤ ਕੈਂਪਾਂ ਵਿੱਚ ਹਰ ਤਰ੍ਹਾਂ ਦੀਆਂ ਸਵਿਧਾਵਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ ਤਾਂ ਜੋ ਉਨ੍ਹਾਂ ਨੂੰ ਕਿਸੇ ਤਰ੍ਹਾਂ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਫਿਲਹਾਲ ਸਥਿਤੀ ਕਾਬੂ ਹੇਠ ਹੈ ਅਤੇ ਹੜ੍ਹ ਵਰਗੇ ਹਾਲਾਤ ਨਾਲ ਨਜਿੱਠਣ ਲਈ ਪੂਰੀ ਤਰ੍ਹਾਂ ਤਿਆਰੀ ਕੀਤੀ ਜਾ ਰਹੀ ਹੈ। ਉਨ੍ਹਾ ਦੱਸਿਆ ਕਿ ਨਕੋਦਰ, ਫਿਲੌਰ, ਸ਼ਾਹਕੋਟ ਅਤੇ ਲੋਹੀਆਂ ਬਲਾਕ ਵਿੱਚ ਹੜ੍ਹ-ਸੰਵੇਦਨਸ਼ੀਲ ਇਲਾਕਿਆਂ ਵਿੱਚ ਮਿੱਟੀ ਤੇ ਰੇਤ ਦੀਆਂ ਹਜ਼ਾਰਾਂ ਬੋਰੀਆਂ ਭਰਵਾ ਕੇ ਰੱਖੀਆਂ ਗਈਆਂ ਹਨ ਤਾਂ ਜੋ ਲੋੜ ਪੈਣ 'ਤੇ ਮਿੱਟੀ ਦੇ ਕਟਾਅ ਨੂੰ ਰੋਕਣ ਲਈ ਇਨ੍ਹਾਂ ਦੀ ਵਰਤੋਂ ਕੀਤੀ ਜਾ ਸਕੇ। ਉਨ੍ਹਾ ਅੱਗੇ ਦੱਸਿਆ ਕਿ ਇਸੇ ਤਰ੍ਹਾਂ ਮੈਡੀਕਲ ਟੀਮਾਂ ਵੱਲੋਂ ਵੀ ਪ੍ਰਭਾਵਿਤ ਇਲਾਕਿਆਂ ਵਿੱਚ ਲੋਕਾਂ ਨੂੰ ਸਿਹਤ ਸੇਵਾਵਾਂ ਪਹੁੰਚਾਈਆਂ ਜਾ ਰਹੀਆਂ ਹਨ। ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਨੇ ਦੱਸਿਆ ਕਿ ਸਾਰਾ ਪ੍ਰਸ਼ਾਸਨ ਮਿਲ ਕੇ ਰਾਹਤ ਕਾਰਜਾਂ ਵਿੱਚ ਡਟਿਆ ਹੋਇਆ ਹੈ ਅਤੇ ਸਥਿਤੀ 'ਤੇ ਦਿਨ-ਰਾਤ ਨਜ਼ਰ ਰੱਖੀ ਜਾ ਰਹੀ ਹੈ। ਉਨ੍ਹਾ ਕਿਹਾ ਕਿ ਕਿਸੇ ਵੀ ਤਰ੍ਹਾਂ ਦੀ ਮੁਸ਼ਕਲ ਨਾਲ ਨਿਪਟਣ ਲਈ ਐਨ.ਡੀ.ਆਰ.ਐਫ. ਦੀਆਂ ਟੀਮਾਂ ਤੋਂ ਇਲਾਵਾ ਆਰਮੀ ਤੇ ਐਸ.ਡੀ.ਆਰ.ਐਫ. ਦੀਆਂ ਟੀਮਾਂ ਵੀ ਤਾਇਨਾਤ ਕੀਤੀਆਂ ਗਈਆਂ ਹਨ।

# ਪੰਜਾਬ-ਯੂ ਟੀ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝੇ ਫਰੰਟ ਵੱਲੋਂ ਬਲਕਾਰ ਸਿੰਘ ਦੇ ਘਰ ਦਾ ਘਿਰਾਓ 13 ਅਗਸਤ ਨੂੰ



**ਜਲੰਧਰ (ਰਾਜੇਸ਼ ਥਾਪਾ)**-ਪੰਜਾਬ ਅੰਦਰ ਕੰਮ ਕਰਦੇ ਮਾਣ-ਭੱਤਾ ਵਰਕਰਾਂ, ਪੈਨਸ਼ਨਰਾਂ, ਕੱਚੇ ਮੁਲਾਜ਼ਮਾਂ ਅਤੇ ਰੈਗੂਲਰ ਮੁਲਾਜ਼ਮਾਂ ਦੀਆਂ ਮੰਗਾਂ ਸੰਬੰਧੀ 'ਆਪ' ਸਰਕਾਰ ਵੱਲੋਂ ਕੀਤੀ ਜਾ ਰਹੀ ਟਾਲਮਟੋਲ ਖਿਲਾਫ 'ਪੰਜਾਬ-ਯੂ.ਟੀ. ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝੇ ਫਰੰਟ' ਵੱਲੋਂ ਲੁਧਿਆਣਾ ਵਿਖੇ ਕੀਤੀ ਗਈ ਸੂਬਾਈ ਮੀਟਿੰਗ ਵਿੱਚ ਉਲੀਕੇ ਗਏ ਸੰਘਰਸ਼ ਦੀ ਕੜੀ ਵਜੋਂ 13 ਅਗਸਤ ਨੂੰ ਕੈਬਨਿਟ ਮੰਤਰੀ ਬਲਕਾਰ ਸਿੰਘ ਦੇ ਘਰ ਦਾ ਘਿਰਾਓ ਕੀਤਾ ਜਾ ਰਿਹਾ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਸਾਂਝੇ ਫਰੰਟ ਦੇ ਆਗੂਆਂ ਸੁਰਿੰਦਰ ਕੁਮਾਰ ਪੁਆਰੀ ਅਤੇ ਤੀਰਥ ਸਿੰਘ ਬਾਸੀ ਨੇ ਕਿਹਾ ਕਿ ਪੰਜਾਬ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਮੰਗਾਂ ਸੰਬੰਧੀ ਪੰਜਾਬ ਸਰਕਾਰ ਦਾ ਵਤੀਰਾ ਬਿਲਕੁਲ ਵੀ ਗੰਭੀਰ ਨਹੀਂ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਸਾਂਝੇ ਫਰੰਟ ਨੂੰ ਤਿੰਨ ਵਾਰ ਮੀਟਿੰਗ ਦਾ ਸਮਾਂ ਦੇ ਕੇ ਵੀ ਮੀਟਿੰਗ ਨਹੀਂ ਕੀਤੀ ਗਈ ਅਤੇ ਵਿੱਤ ਮੰਤਰੀ ਚੀਮਾ ਨਾਲ ਹੋਈਆਂ ਤਿੰਨ ਮੀਟਿੰਗਾਂ ਲਿੰਬਾ ਪੋਚੀ ਤੱਕ ਹੀ ਮਹਿਦੂਦ ਸਨ। ਸਾਂਝੇ ਫਰੰਟ ਨੇ ਕਿਹਾ ਕਿ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਆਮ ਆਦਮੀ ਪਾਰਟੀ ਵੱਲੋਂ ਪੰਜਾਬ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਭਰੋਸਾ ਦਿੱਤਾ ਗਿਆ ਸੀ ਕਿ ਮਾਣਭੱਤਾ ਵਰਕਰਾਂ ਦੀਆਂ ਉਜਰਤਾਂ ਵਿੱਚ ਤੁਰੰਤ ਵਾਧਾ ਕੀਤਾ ਜਾਵੇਗਾ। ਪਹਿਲੀ ਕੈਬਨਿਟ ਮੀਟਿੰਗ ਵਿੱਚ ਕੱਚੇ ਮੁਲਾਜ਼ਮ ਪੱਕੇ ਕੀਤੇ ਜਾਣਗੇ, ਛੇਵੇਂ ਤਨਖਾਹ ਕਮਿਸ਼ਨ ਨੂੰ ਸੋਧ ਕੇ ਮੁਲਾਜ਼ਮ ਤੇ ਪੈਨਸ਼ਨਰ ਪੱਖੀ ਬਣਾਇਆ ਜਾਵੇਗਾ, ਪੈਨਸ਼ਨਰਾਂ ਦੀ ਪੈਨਸ਼ਨ ਦੁਹਰਾਈ 2.59 ਦੇ ਗੁਣਾਂਕ ਨਾਲ ਕੀਤੀ ਜਾਵੇਗੀ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕੀਤੀ ਜਾਵੇਗੀ, ਪਰਖ ਕਾਲ ਸੰਬੰਧੀ 15-01-2015 ਦਾ ਨੋਟੀਫਿਕੇਸ਼ਨ ਰੱਦ ਕੀਤਾ ਜਾਵੇਗਾ, 17 ਜੁਲਾਈ 2020 ਤੋਂ ਬਾਅਦ ਭਰਤੀ ਮੁਲਾਜ਼ਮਾਂ 'ਤੇ ਵੀ ਪੰਜਾਬ ਦੇ ਸਕੇਲ ਲਾਗੂ ਕੀਤੇ ਜਾਣਗੇ, ਪੇਂਡੂ ਭੱਤਾ, ਸਫਰੀ ਭੱਤਾ, ਤੇਲ ਭੱਤਾ ਅਤੇ ਬਾਰਡਰ ਏਰੀਆ ਭੱਤੇ ਸਮੇਤ ਕੱਟੇ ਗਏ 37 ਕਿਸਮਾਂ ਦੇ ਭੱਤੇ ਅਤੇ ਏ.ਸੀ.ਪੀ. ਆਦਿ ਬਹਾਲ ਕੀਤੇ ਜਾਣਗੇ। ਪ੍ਰੰਤੂ ਇਨ੍ਹਾਂ ਦਾ ਹੱਲ ਕਰਨ ਦੀ ਬਜਾਏ ਪੈਨਸ਼ਨਰਾਂ 'ਤੇ ਵੀ 200 ਰੁਪਏ ਪ੍ਰਤੀ ਮਹੀਨਾ ਜਬਰੀ ਵਿਕਾਸ ਟੈਕਸ ਥੋਪ ਦਿੱਤਾ ਹੈ। ਜਿਸ ਕਾਰਨ ਪੰਜਾਬ ਦੇ ਮੁਲਾਜ਼ਮਾਂ, ਪੈਨਸ਼ਨਰਾਂ, ਕੱਚੇ ਮੁਲਾਜ਼ਮਾਂ ਅਤੇ ਮਾਣਭੱਤਾ ਵਰਕਰਾਂ ਵਿੱਚ ਪੰਜਾਬ ਸਰਕਾਰ ਦੇ ਖਿਲਾਫ ਰੋਸ ਅਤੇ ਗੁੱਸਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਤੇ ਹਰਿਆਣਾ ਹਾਈਕੋਰਟ ਵੱਲੋਂ 01-01-2016 ਤੋਂ ਪੈਨਸ਼ਨਰਾਂ ਲਈ 113% ਡੀ.ਏ. ਦੀ ਬਜਾਏ 119% ਡੀ.ਏ. ਦੇ ਅਧਾਰ 'ਤੇ ਪੈਨਸ਼ਨ ਦੁਹਰਾਈ ਕਰਨ ਦੇ ਫੈਸਲੇ ਨੂੰ ਸਮੂਹ ਮੁਲਾਜ਼ਮਾਂ ਅਤੇ ਪੈਨਸ਼ਨਰਾਂ 'ਤੇ ਤੁਰੰਤ ਲਾਗੂ ਕਰਨਾ ਬਣਦਾ ਹੈ ਜਦਕਿ ਸਾਂਝੇ ਫਰੰਟ ਵੱਲੋਂ ਛੇਵੇਂ ਤਨਖਾਹ ਕਮਿਸ਼ਨ ਲਈ 01-01-2016 ਨੂੰ 125% ਡੀ.ਏ. ਅਨੁਸਾਰ ਗੁਣਾਂਕ ਤੈਅ ਕਰਨ ਦੀ ਮੰਗ ਕੀਤੀ ਗਈ ਹੈ।

ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਜੇਕਰ ਕੈਬਨਿਟ ਸਬ ਕਮੇਟੀ ਵੱਲੋਂ 18 ਜੁਲਾਈ ਨੂੰ ਸਾਂਝੇ ਫਰੰਟ ਨਾਲ ਕੀਤੀ ਜਾ ਰਹੀ ਮੀਟਿੰਗ ਦੇ ਕੋਈ ਸਾਰਥਕ ਸਿੱਟੇ ਨਾ ਨਿਕਲੇ ਤਾਂ ਪੰਜ ਕੈਬਨਿਟ ਮੰਤਰੀਆਂ ਦੇ ਘਰਾਂ ਦੇ ਘਿਰਾਓ ਕੀਤੇ ਜਾਣਗੇ। ਜਿਸ ਤਹਿਤ 13 ਅਗਸਤ ਨੂੰ ਕਰਤਾਰਪੁਰ ਵਿਖੇ ਕੈਬਨਿਟ ਮੰਤਰੀ ਬਲਕਾਰ ਸਿੰਘ ਦੇ ਘਰ ਦਾ ਘਿਰਾਓ ਕੀਤਾ ਜਾਵੇਗਾ। ਇਸ ਐਕਸ਼ਨ ਦੀ ਤਿਆਰੀ ਲਈ ਪੰਜਾਬ ਯੂ ਟੀ, ਮੁਲਾਜ਼ਮ ਅਤੇ ਪੈਨਸ਼ਨਰ ਸਾਂਝਾ ਫਰੰਟ ਜ਼ਿਲ੍ਹਾ ਜਲੰਧਰ ਵੱਲੋਂ 6 ਅਗਸਤ ਨੂੰ 9.30ਵਜੇ ਜ਼ਿਲ੍ਹਾ ਪੱਧਰੀ ਮੀਟਿੰਗ ਕਰਨ ਦਾ ਫੈਸਲਾ ਕੀਤਾ ਗਿਆ।

# ਸਿਹਤ ਵਿਭਾਗ ਵੱਲੋਂ ਮੀਂਹ ਪ੍ਰਭਾਵਤ ਖੇਤਰਾਂ 'ਚ ਵਿਸ਼ੇਸ਼ ਮੈਡੀਕਲ ਚੈੱਕਅਪ

**ਐਸ.ਏ.ਐਸ.ਨਗਰ/ਖਰੜ (ਗੁਰਜੀਤ ਬਿੱਲਾ)**- ਸਿਹਤ ਤੇ ਪਰਵਾਰ ਭਲਾਈ ਵਿਭਾਗ ਵੱਲੋਂ ਭਾਰੀ ਮੀਂਹ ਤੋਂ ਬਾਅਦ ਲੋਕਾਂ ਦੀ ਸਿਹਤ ਸੰਬੰਧੀ ਚੌਕਸੀ ਵਰਤਦਿਆਂ ਵਿਸ਼ੇਸ਼ ਤੌਰ 'ਤੇ ਮੈਡੀਕਲ ਚੈੱਕਅਪ ਕੈਂਪ ਲਗਾਏ ਜਾ ਰਹੇ ਹਨ। ਸਿਵਲ ਸਰਜਨ ਡਾ. ਮਹੇਸ਼ ਕੁਮਾਰ ਆਹੂਜਾ ਦੇ ਦਿਸ਼ਾ ਨਿਰਦੇਸ਼ ਅਨੁਸਾਰ ਅਤੇ ਸੀਨੀਅਰ ਮੈਡੀਕਲ ਅਫਸਰ ਪੀ.ਐਚ.ਸੀ ਘੜੂੰਆਂ ਡਾ. ਸੁਰਿੰਦਰਪਾਲ ਕੌਰ ਦੀ ਅਗਵਾਈ ਵਿਚ ਸਿਹਤ ਬਲਾਕ ਘੜੂੰਆਂ ਅਧੀਨ ਮੈਡੀਕਲ ਟੀਮਾਂ ਵੱਲੋਂ ਮੋਹਾਲੀ ਤੇ ਖਰੜ ਨਾਲ ਲੱਗਦੇ ਸਹਿਰ ਦੇ ਸਲੱਮ ਖੇਤਰਾਂ ਅਤੇ ਵੱਖ-ਵੱਖ ਪਿੰਡਾਂ ਵਿਚ ਲੋਕਾਂ ਦਾ ਚੈੱਕਅਪ ਕੀਤਾ ਗਿਆ ਅਤੇ ਮੁਫਤ ਦਵਾਈਆਂ ਵੰਡੀਆਂ ਗਈਆਂ। ਹੜ੍ਹ ਅਤੇ ਮੀਂਹ ਦੇ ਹਾਲਾਤ ਨਾਲ ਨਜਿੱਠਣ ਲਈ ਪਹਿਲਾਂ ਤੋਂ ਹੀ 25 ਰੈਪਿਡ ਰਿਸਪਾਂਸ ਟੀਮਾਂ ਦਾ ਗਠਨ ਕੀਤਾ ਹੋਇਆ ਹੈ, ਜੋ ਪ੍ਰਭਾਵਿਤ ਖੇਤਰਾਂ ਵਿਚ ਸਿਹਤ ਸੰਬੰਧਤ ਮਦਦ ਕਰ ਰਹੀਆਂ ਹਨ। ਐਸ.ਐਮ.ਓ ਡਾ. ਸੁਰਿੰਦਰਪਾਲ ਕੌਰ ਨੇ ਦੱਸਿਆ ਬਲਾਕ ਘੜੂੰਆਂ ਅਧੀਨ ਮੈਡੀਕਲ ਟੀਮਾਂ ਵੱਲੋਂ ਬੱਡਮਾਜਰਾ, ਦਾਊਂ, ਚੱਪੜਚਿੜੀ, ਰੁੜਕਾ, ਨਵਾਂ ਗਾਉਂ ਤੇ ਘੜੂੰਆਂ ਵਿਖੇ ਕੈਂਪ ਲਗਾਇਆ, ਜਿਥੇ ਵੱਡੀ ਗਿਣਤੀ ਵਿੱਚ ਲੋਕਾਂ ਦਾ ਚੈੱਕਅਪ ਕੀਤਾ ਗਿਆ ਅਤੇ ਮੁਫਤ ਦਵਾਈਆਂ ਵੰਡੀਆਂ ਗਈਆਂ। ਉਨ੍ਹਾ ਦੱਸਿਆ ਕਿ ਸਿਹਤ ਵਿਭਾਗ ਨੇ ਪ੍ਰਸ਼ਾਸਨ ਤੇ ਹੋਰਨਾਂ ਵਿਭਾਗਾਂ ਨਾਲ ਤਾਲਮੇਲ ਬਣਾਇਆ ਹੋਇਆ ਹੈ ਅਤੇ ਜਿਹੜੀਆਂ ਥਾਵਾਂ ਉਤੇ ਮੀਂਹ ਦਾ ਪਾਣੀ ਇਕੱਠਾ ਹੋਇਆ ਹੈ, ਉਥੋਂ ਪਾਣੀ ਕੱਢਿਆ ਜਾ ਰਿਹਾ ਹੈ। ਬਲਾਕ ਅਧੀਨ 25 ਰੈਪਿਡ ਰਿਸਪਾਂਸ ਟੀਮਾਂ ਲਗਾਤਾਰ ਚੌਕਸ ਹਨ ਅਤੇ ਪ੍ਰਭਾਵਿਤ ਖੇਤਰਾਂ ਦੇ ਲੋਕਾਂ ਦੀ ਮਦਦ ਕਰ ਰਹੀਆਂ ਹਨ। ਪ੍ਰਾਇਮਰੀ ਸਿਹਤ ਕੇਂਦਰਾਂ, ਆਮ ਆਦਮੀ ਕਲੀਨਿਕਾਂ, ਸਬਸਿਡਰੀ ਹੈਲਥ ਸੈਂਟਰਾਂ, ਹੈਲਥ ਤੇ ਵੈਲਨੈਸ ਸੈਂਟਰਾਂ ਤੇ ਸਬ ਸੈਂਟਰਾਂ ਵਿਖੇ ਤਾਇਨਾਤ ਸਿਹਤ ਅਧਿਕਾਰੀਆਂ ਤੇ ਕਰਮਚਾਰੀਆਂ ਅਤੇ ਆਸ਼ਾ ਵਰਕਰਾਂ ਵੱਲੋਂ ਸਿਹਤ ਸੇਵਾਵਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਬਲਾਕ ਐਕਸਟੈਨਸ਼ਨ ਐਜੂਕੇਟਰ ਗੌਤਮ ਰਿਸ਼ੀ ਨੇ ਦੱਸਿਆ ਕਿ ਡਾਇਰੀਆ ਤੇ ਡੇਂਗੂ ਤੋਂ ਬਚਾਅ ਲਈ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ। ਆਸ਼ਾ ਵਰਕਰਾਂ ਤੇ ਆਸ਼ਾ ਫੈਸਿਲੀਟੇਟਰ ਵੱਲੋਂ ਘਰ-ਘਰ ਜਾ ਕੇ ਓ.ਆਰ.ਐਸ ਦੇ ਪੈਕੇਟ ਅਤੇ ਜ਼ਿੰਕ ਦੀਆਂ ਗੋਲੀਆਂ ਵੰਡੀਆਂ ਜਾ ਰਹੀਆਂ ਹਨ। ਜਦ ਕਿ ਮਲਟੀਪਰਪਜ਼ ਸੁਪਰਵਾਈਜ਼ਰਾਂ ਤੇ ਵਰਕਰਾਂ ਵਲੋਂ ਦੂਸ਼ਿਤ ਪਾਣੀ ਅਤੇ ਮੱਛਰਾਂ ਤੋਂ ਹੋਣ ਵਾਲੀਆਂ ਬਿਮਾਰੀਆਂ ਤੋਂ ਬਚਾਅ ਲਈ ਮੁਹਿੰਮ ਚਲਾਈ ਹੋਈ ਹੈ। ਐਸ.ਐਮ.ਓ ਡਾ. ਸੁਰਿੰਦਰਪਾਲ ਕੌਰ ਨੇ ਦੱਸਿਆ ਕਿ ਬਰਸਾਤ ਦੌਰਾਨ ਪਾਣੀ ਪ੍ਰਦੂਸ਼ਤ ਹੋਣ ਦਾ ਖਤਰਾ ਰਹਿੰਦਾ ਹੈ, ਜਿਸ ਕਰਕੇ ਪੀਣ ਵਾਲਾ ਤੇ ਖਾਣਾ ਬਣਾਉਣ ਲਈ ਵਰਤਿਆ ਜਾਣ ਵਾਲਾ ਪਾਣੀ ਪਹਿਲਾਂ ਉਬਾਲ ਲੈਣਾ ਚਾਹੀਦਾ ਹੈ ਜਾਂ ਬੋਤਲਬੰਦ ਪਾਣੀ ਇਸਤੇਮਾਲ ਕਰਨਾ ਚਾਹੀਦਾ ਹੈ। ਖਾਣ-ਪੀਣ ਦੀਆਂ ਚੀਜ਼ਾਂ ਢਕ ਕੇ ਰੱਖੋ। ਬਿਮਾਰੀ ਦੀ ਰੋਕਥਾਮ ਆਪਣਾ ਖਾਣ-ਪੀਣ ਠੀਕ ਰੱਖਣ ਤੇ ਸਾਫ ਸਫਾਈ ਦਾ ਵਧੇਰੇ ਧਿਆਨ ਰੱਖਣ ਨਾਲ ਕੀਤੀ ਜਾ ਸਕਦੀ ਹੈ। ਮੱਛਰਾਂ ਤੋਂ ਬਚਾਅ ਲਈ ਪੂਰੇ ਸਰੀਰ ਨੂੰ ਢਕ ਕੇ ਰੱਖਣ ਵਾਲੇ ਕੱਪੜੇ ਪਹਿਨੋ ਤੇ ਸੌਣ ਸਮੇਂ ਮੱਛਰਦਾਨੀ ਦੀ ਵਰਤੋਂ ਕਰਨੀ ਚਾਹੀਦੀ ਹੈ।

## ਗੈਰ-ਕਾਨੂੰਨੀ ਮਾਈਨਿੰਗ ਕਰਕੇ ਕੁਦਰਤੀ ਵਹਾਅ ਵਾਲੇ ਰਾਹ ਨਾ ਰੋਕੇ ਜਾਣ : ਮੱਟੂ



**ਮਾਹਿਲਪੁਰ (ਸਫਰੀ)**-ਅੱਜ ਕੰਢੀ ਸੰਘਰਸ਼ ਕਮੇਟੀ ਵੱਲੋਂ ਬਾਸੂ ਖੱਡ ਨੇ ਮਚਾਈ ਤਬਾਹੀ ਦਾ ਵੱਖ ਵੱਖ ਪਿੰਡਾਂ ਤੇ ਥਾਵਾਂ 'ਤੇ ਮੌਕਾ ਵੇਖਿਆ ਗਿਆ। ਦਰਸ਼ਨ ਸਿੰਘ ਮੱਟੂ ਸੂਬਾਈ ਕਨਵੀਨਰ ਕੰਢੀ ਸੰਘਰਸ਼ ਕਮੇਟੀ ਵੱਲੋਂ ਬਿਆਨ ਜਾਰੀ ਕਰਕੇ ਪੰਜਾਬ ਸਰਕਾਰ ਤੋਂ ਨੁਕਸਾਨੀਆਂ ਫਸਲਾਂ, ਸਬਜ਼ੀਆਂ, ਹਰੇ ਚਾਰੇ ਦਾ ਮੁਆਵਜ਼ਾ ਦੇਣ ਦੀ ਮੰਗ ਕੀਤੀ ਗਈ ਅਤੇ ਪਸ਼ੂ ਪਾਲਕਾਂ ਨੂੰ ਹਰਾ ਚਾਰਾ ਦੇਣ ਦਾ ਪ੍ਰਬੰਧ ਕਰਨ ਦੀ ਮੰਗ ਕੀਤੀ। ਸਾਥੀ ਦਰਸ਼ਨ ਸਿੰਘ ਮੱਟੂ ਨੇ ਕਿਹਾ ਕਿ ਹੜ੍ਹਾਂ ਲਈ ਗੈਰਕਾਨੂੰਨੀ ਮਾਈਨਿੰਗ, ਮਾਲ ਮਹਿਕਮੇ ਦੀ ਮਿਲੀਭੁਗਤ ਨਾਲ ਬਦਰ ਰੋਅ 'ਤੇ ਕਬਜ਼ੇ ਤੇ ਕੁਦਰਤੀ ਵਹਾਅ ਨੂੰ ਰੋਕਣਾ ਹੈ। ਕੰਢੀ ਨਹਿਰ ਜੋ 1978 ਤੋਂ ਬਣਦੀ ਆ ਰਹੀ ਹੈ, ਜਿਸ ਵਿੱਚ 640 ਕਰੋੜ ਦੇ ਕਰੀਬ ਘਪਲਾ ਹੋਇਆ ਹੈ, ਜਿਸ ਕਰਕੇ ਕੰਢੀ ਨਹਿਰ ਥਾਂ ਪੁਰ ਥਾਂ ਟੁੱਟ ਰਹੀ ਹੈ, ਘਪਲੇਬਾਜ਼ਾਂ ਨੂੰ ਸਖਤ ਸਜ਼ਾ ਦਿੱਤੀ ਜਾਵੇ। ਨਹਿਰ ਦੀ ਪਟੜੀ 'ਤੇ ਟਿੱਪਰ, ਟਰਾਲੇ ਘੋੜੇ ਚੱਲਣੇ ਬੰਦ ਕੀਤੇ ਜਾਣ। ਮਾਈਨਿੰਗ ਲਈ ਹਿਮਾਚਲ ਪ੍ਰਦੇਸ਼ ਲਈ ਰਾਮਪੁਰ ਜੰਗਲ ਵਿੱਚੋਂ ਦਿੱਤਾ ਰਸਤਾ ਬੰਦ ਕੀਤਾ ਜਾਵੇ। ਜੇਕਰ ਅਜਿਹਾ ਨਾ ਕੀਤਾ ਗਿਆ ਤਾਂ ਕੰਢੀ ਸੰਘਰਸ਼ ਕਮੇਟੀ ਸ਼ੰਘਰਸ਼ ਕਰਨ ਲਈ ਮਜਬੂਰ ਹੋਵੇਗੀ। ਇਸ ਮੌਕੇ ਬੀਬੀ ਸੁਭਾਸ਼ ਮੱਟੂ, ਸੂਬੇਦਾਰ ਧਰਮ ਚੰਦ, ਸੀਤਲ ਦਾਸ, ਕਿਸ਼ਨ ਚੰਦ, ਸੰਤੋਖ ਸਿੰਘ, ਗੁਰਦੇਵ ਰਾਮ, ਬੱਬਲੀ, ਗੁੱਡੂ, ਸੋਨੀ ਦਿਆਲ ਅਤੇ ਹੋਰ ਹਾਜ਼ਰ ਸੀ।

# ਜ਼ਮੀਨ ਮਾਮਲੇ ਨੂੰ ਲੈ ਕੇ ਕੁੱਲਰੀਆਂ 'ਚ ਸਰਕਾਰ ਅਤੇ ਕਿਸਾਨਾਂ ਵਿਚਕਾਰ ਖਿੱਚੋਤਾਣ



ਮਾਨਸਾ (ਆਤਮਾ ਸਿੰਘ ਪਮਾਰ-) ਮਾਨਸਾ ਜ਼ਿਲ੍ਹੇ ਦੇ ਪਿੰਡ ਕੁੱਲਰੀਆਂ ਵਿਖੇ ਅੱਜ ਸਵੇਰੇ ਛੇ ਵਜੇ ਦੇ ਲੱਗਪਗ ਭਾਰੀ ਪੁਲਸ ਫੋਰਸ ਵਲੋਂ ਪਿੰਡ ਨੂੰ ਘੇਰਨ ਉਪਰੰਤ ਵਿਵਾਦਤ ਜ਼ਮੀਨ 'ਤੇ ਪੰਚਾਇਤ ਦਾ ਕਬਜ਼ਾ ਕਰਵਾਉਣ ਦੀ ਕੋਸ਼ਿਸ਼ ਕੀਤੀ ਅਤੇ ਚਾਰ ਕਿਸਾਨਾਂ ਨੂੰ ਹਿਰਾਸਤ ਵਿੱਚ ਲੈ ਲਿਆ। ਘਟਨਾ ਦੀ ਖਬਰ ਮਿਲਦੇ ਹੀ ਕਿਸਾਨਾਂ ਨੇ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੀ ਅਗਵਾਈ ਹੇਠ ਪਿੰਡ ਕੁਲਰੀਆਂ ਵਿਖੇ ਧਰਨਾ ਸ਼ੁਰੂ ਕਰ ਦਿੱਤਾ। ਨੇੜਲੇ ਪਿੰਡਾਂ ਦੇ ਕਿਸਾਨਾਂ ਨੂੰ ਪੁਲਸ ਨੇ ਪਿੰਡ ਵਿੱਚ ਜਾਣ ਤੋਂ ਰੋਕਿਆ ਤਾਂ ਇੱਕ ਹੋਰ ਧਰਨਾ ਪਿੰਡ ਮੰਡੇਰ ਵਿਖੇ ਸ਼ੁਰੂ ਹੋ ਗਿਆ। ਕਿਸਾਨ ਮੰਗ ਕਰ ਰਹੇ ਹਨ ਕਿ ਉਨ੍ਹਾਂ ਦੇ ਹਿਰਾਸਤ ਵਿੱਚ ਲਏ ਸਾਥੀਆਂ ਨੂੰ ਧਰਨੇ ਵਿੱਚ ਲਿਆ ਕੇ ਰਿਹਾਅ ਕੀਤਾ ਜਾਵੇ । ਕਿਸਾਨ ਆਗੂਆਂ ਅਨੁਸਾਰ ਮੁਰੱਬੇਬੰਦੀ ਵੇਲੇ ਕਿਸਾਨਾਂ ਦੀ ਜ਼ਮੀਨ ਵਿੱਚੋਂ ਬੱਚਤ ਵਾਲੀ ਲੱਗਭੱਗ 71 ਏਕੜ ਜ਼ਮੀਨ ਪਿੰਡ ਵਿੱਚ ਅੱਡ ਅੱਡ ਥਾਵਾਂ 'ਤੇ ਹੈ ਅਤੇ ਚਾਲੀ ਤੋਂ ਵੱਧ ਪਰਵਾਰ ਮੁਰੱਬੇਬੰਦੀ ਵੇਲੇ ਤੋਂ ਹੀ ਕਾਸ਼ਤ ਕਰਦਿਆਂ ਰਹੇ ਹਨ ਅਤੇ ਕਾਫੀ ਘਰ ਵੀ ਇਸ ਜ਼ਮੀਨ ਤੇ ਬਣੇ ਹੋਏ ਹਨ ਨਾਲ ਹੀ ਗਿਰਦਾਵਰੀਆਂ ਵੀ ਕਿਸਾਨਾਂ ਦੇ ਨਾਮ ਹਨ । ਪਰ ਪਿਛਲੇ ਮਹੀਨਿਆਂ ਵਿੱਚ ਸਰਕਾਰ ਨੇ ਗਿਰਦਾਵਰੀਆਂ ਵੀ ਤੋੜ ਦਿੱਤੀਆਂ । ਜਥੇਬੰਦੀ ਦੇ ਸੂਬਾ ਕਾਰਜਕਾਰੀ ਪ੍ਰਧਾਨ ਮਨਜੀਤ ਸਿੰਘ ਧਨੇਰ ਨੇ ਦੱਸਿਆ ਕਿ ਕਿਸਾਨਾਂ ਨੇ ਇਸ ਧੱਕੇ ਖਿਲਾਫ ਭਾਰਤੀ ਕਿਸਾਨ ਯੂਨੀਅਨ (ਏਕਤਾ) ਡਕੌਂਦਾ ਕੋਲ ਪਹੁੰਚ ਕੀਤੀ ਤਾਂ ਜਥੇਬੰਦੀ ਨੇ ਪੜਤਾਲ ਕਰਕੇ ਕਿਸਾਨਾਂ ਦੇ ਪੱਖ ਨੂੰ ਠੀਕ ਪਾਇਆ ਅਤੇ ਉਹਨਾਂ ਦੀ ਮੱਦਦ ਕਰਨ ਦਾ ਐਲਾਨ ਕੀਤਾ ਸੀ। ਇਸ ਮਸਲੇ ਸਬੰਧੀ ਜ਼ਿਲ੍ਹਾ ਅਤੇ ਸੂਬਾ ਕਮੇਟੀ ਵੱਲੋਂ ਪ੍ਰਸ਼ਾਸਨ ਨਾਲ ਕਈ ਵਾਰੀ ਮੀਟਿੰਗਾਂ ਕਰ ਕੇ ਧੱਕੇਸ਼ਾਹੀ ਬੰਦ ਕਰਨ ਲਈ ਕਿਹਾ ਹੈ ਅਤੇ ਪ੍ਰਸ਼ਾਸਨ ਹਰ ਵਾਰ ਕਿਸਾਨਾਂ ਨੂੰ ਇਨਸਾਫ ਦੇਣ ਦਾ ਲਾਰਾ ਲਾਉਂਦਾ ਰਿਹਾ ਹੈ। ਲੰਘੀ 8 ਜੁਲਾਈ ਨੂੰ ਹੀ ਪ੍ਰਸ਼ਾਸਨ ਨੇ ਕਿਸਾਨਾਂ ਨੂੰ ਝੋਨਾ ਲਾਉਣ ਤੋਂ ਰੋਕ ਕੇ ਕੁਝ ਦਿਨਾਂ ਦਾ ਸਮਾਂ ਮੰਗਿਆ ਸੀ ਪਰ ਵਿਸ਼ਵਾਸਘਾਤ ਕਰਦੇ ਹੋਏ ਧਾੜਵੀਆਂ ਵਾਂਗ ਆ ਕੇ ਜ਼ਮੀਨ 'ਤੇ ਕਬਜ਼ਾ ਕਰਨ ਦਾ ਯਤਨ ਕੀਤਾ ਹੈ। ਉਹਨਾਂ ਕਿਹਾ ਕਿ ਸਰਕਾਰ ਨੂੰ ਇਸ ਤਰ੍ਹਾਂ ਦੀ ਵਾਅਦਾ ਖਿਲਾਫੀ ਮਹਿੰਗੀ ਪਵੇਗੀ। ਇਸ ਧੱਕੇਸ਼ਾਹੀ ਖਿਲਾਫ ਪਿੰਡ ਕੁਲਰੀਆਂ ਵਿਖੇ ਚੱਲ ਰਹੇ ਧਰਨੇ ਵਿੱਚ ਹੋਰਨਾਂ ਤੋਂ ਇਲਾਵਾ ਸੂਬਾ ਕਮੇਟੀ ਮੈਂਬਰ ਕੁਲਵੰਤ ਸਿੰਘ ਕਿਸ਼ਨਗੜ੍ਹ ਅਤੇ ਸੂਬਾ ਕਮੇਟੀ ਮੈਂਬਰ ਮੱਖਣ ਸਿੰਘ ਭੈਣੀ ਬਾਘਾ, ਮਹਿੰਦਰ ਸਿੰਘ ਦਿਆਲਪੁਰਾ ਹਾਜ਼ਰ ਸਨ । ਪਿੰਡ ਮੰਡੇਰ ਵਾਲੇ ਧਰਨੇ ਦੀ ਅਗਵਾਈ ਜ਼ਿਲ੍ਹਾ ਪ੍ਰਧਾਨ ਲਖਵੀਰ ਸਿੰਘ ਅਕਲੀਆ, ਜਨਰਲ ਸਕੱਤਰ ਬਲਵਿੰਦਰ ਸ਼ਰਮਾ, ਖਜ਼ਾਨਚੀ ਦੇਵੀ ਰਾਮ, ਤਾਰਾ ਚੰਦ ਬਰੇਟਾ, ਸੱਤਪਾਲ ਵਰ੍ਹੇ, ਮੱਖਣ ਉੱਡਤ, ਹਰਬੰਸ ਟਾਂਡੀਆਂ ਅਤੇ ਸਟੇਜ ਸੰਚਾਲਨ ਦੀ ਕਾਰਵਾਈ ਜ਼ਿਲ੍ਹਾ ਮੀਤ ਪ੍ਰਧਾਨ ਬਲਕਾਰ ਚਹਿਲਾਂ ਵਾਲੀ ਵੱਲੋਂ ਕੀਤੀ ਗਈ । ਹੋਰਨਾਂ ਤੋਂ ਇਲਾਵਾ ਜ਼ਿਲ੍ਹਾ ਬਠਿੰਡਾ ਦੇ ਜਨਰਲ ਸਕੱਤਰ ਬਲਵਿੰਦਰ ਸਿੰਘ ਜੇਠੂਕੇ, ਜ਼ਿਲ੍ਹਾ ਸੰਗਰੂਰ ਦੇ ਸੀਨੀਅਰ ਮੀਤ ਪ੍ਰਧਾਨ ਦਰਸਨ ਸਿੰਘ ਕਾਤਰੋਂ ਅਤੇ ਹੋਰ ਆਗੂ ਵੀ ਮੌਜੂਦ ਸਨ। ਆਗੂਆਂ ਨੇ ਸਰਕਾਰ ਤੋਂ ਆਪਣੇ ਸਾਥੀਆਂ ਨੂੰ ਰਿਹਾਅ ਕਰਨ ਦੀ ਮੰਗ ਕੀਤੀ ਅਤੇ ਪ੍ਰਸ਼ਾਸਨ ਸਾਂਤ ਰਹਿਣ ਲਈ ਕਹਿ ਰਿਹਾ ਹੈ। ਕੁੱਲ ਮਿਲਾ ਕੇ ਸਥਿਤੀ ਤਣਾਅਪੂਰਨ ਬਣੀ ਹੋਈ ਹੈ। ਜਥੇਬੰਦੀ ਦੇ ਸੂਬਾ ਮੀਤ ਪ੍ਰਧਾਨ ਹਰੀਸ਼ ਨੱਢਾ ਨੇ ਸਰਕਾਰ ਨੂੰ ਘਿਨਾਉਣੇ ਹੱਥਕੰਡਿਆਂ ਤੋਂ ਬਾਜ ਆਉਣ ਅਤੇ ਹਿਰਾਸਤ ਵਿੱਚ ਲਏ ਕਿਸਾਨਾਂ ਨੂੰ ਰਿਹਾਅ ਕਰਨ ਦੀ ਮੰਗ ਕੀਤੀ ਹੈ। ਦੂਜੇ ਪਾਸੇ ਪਤਾ ਲੱਗਾ ਹੈ ਕਿ ਪ੍ਰਸ਼ਾਸਨ ਵੱਲੋਂ ਗ੍ਰਿਫਤਾਰ ਕਿਸਾਨਾ ਨੂੰ ਰਿਹਾਅ ਕਰਨ ਉਪਰੰਤ ਜਥੇਬੰਦੀ ਵੱਲੋਂ ਧਰਨਾ ਸਮਾਪਤ ਕਰ ਦਿੱਤਾ ਗਿਆ।

## ਮਾਤੂ ਸ੍ਰੀ ਦਸਤਾਰ ਪੁੱਜਣ 'ਤੇ ਡਿਪਟੀ ਕਮਿਸ਼ਨਰ ਨੂੰ ਕੀਤਾ ਸਨਮਾਨਤ



**ਬਾਘਾ ਪੁਰਾਣਾ, (ਮਨੀ ਸਿੰਗਲਾ)**-ਸਥਾਨਕ ਸ਼ਹਿਰ ਦੇ ਮੋਗਾ ਰੋਡ ਉਪਰ ਸਥਿਤ ਮਾਤੂ ਸ੍ਰੀ ਦਸਤਾਰ ਵਿਖੇ ਡਿਪਟੀ ਕਮਿਸ਼ਨਰ ਕੁਲਵੰਤ ਸਿੰਘ ਮੋਗਾ ਵਿਸ਼ੇਸ਼ ਤੌਰ 'ਤੇ ਪੁੱਜੇ। ਇਸ ਮੌਕੇ ਡਿਪਟੀ ਕਮਿਸ਼ਨਰ ਕੁਲਵੰਤ ਸਿੰਘ ਦਾ ਮਾਤੂ ਸ੍ਰੀ ਦਸਤਾਰ ਦੇ ਮੁਖੀ ਓਮ ਪ੍ਰਕਾਸ਼ ਖੁਰਾਣਾ ਤੇ ਗੌਰਵ ਖੁਰਾਣਾ ਵੱਲੋਂ ਉਨ੍ਹਾਂ ਨੂੰ ਫੁੱਲਾਂ ਦਾ ਗੁਲਦਸਤਾ ਦੇ ਕੇ ਜੀ ਆਇਆਂ ਆਖਿਆ ਗਿਆ। ਡਿਪਟੀ ਕਮਿਸ਼ਨਰ ਕੁਲਵੰਤ ਸਿੰਘ ਦੇ ਨਾਲ ਨਾਇਬ ਤਹਿਸੀਲਦਾਰ ਸੁਖਚਰਨ ਸਿੰਘ ਵੀ ਪੁੱਜੇ। ਡਿਪਟੀ ਕਮਿਸ਼ਨਰ ਵੱਲੋਂ ਮਾਤੂ ਸ੍ਰੀ ਦਸਤਾਰ ਦੇ ਸ਼ੋਅ ਰੂਮ ਦਾ ਨਿਰੀਖਣ ਕੀਤਾ ਗਿਆ, ਜਿੱਥੇ ਸ੍ਰੀ ਦਸਤਾਰ ਦੇ ਮੁਖੀ ਓਮ ਪ੍ਰਕਾਸ਼ ਖੁਰਾਣਾ ਤੇ ਗੌਰਵ ਖੁਰਾਣਾ ਵੱਲੋਂ ਤੇ ਉਨ੍ਹਾਂ ਦੀ ਟੀਮ ਵੱਲੋਂ ਨੌਜਵਾਨਾਂ ਨੂੰ ਦਸਤਾਰ ਬੰਨਣ ਲਈ ਜਿੱਥੇ ਪ੍ਰੇਰਿਤ ਕੀਤਾ ਜਾਂਦਾ ਹੈ, ਉਥੇ ਹੀ ਉਨ੍ਹਾਂ ਵੱਲੋਂ ਦਸਤਾਰ ਦੀ ਸਿਖਲਾਈ ਦਿੱਤੀ ਜਾਂਦੀ ਹੈ। ਇਸ ਮੌਕੇ ਡਿਪਟੀ ਕਮਿਸ਼ਨਰ ਕੁਲਵੰਤ ਸਿੰਘ ਨੇ ਮਾਤੂ ਸ੍ਰੀ ਦਸਤਾਰ ਵੱਲੋਂ ਨੌਜਵਾਨਾਂ ਨੂੰ ਦਸਤਾਰ ਸਜਾਉਣ ਲਈ ਕੀਤੇ ਜਾ ਰਹੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਬਹੁਤ ਵਧੀਆ ਉਪਰਾਲਾ ਹੈ, ਕਿਉਂਕਿ ਅੱਜਕੱਲ੍ਹ ਨੌਜਵਾਨ ਫੈਸ਼ਨ ਦੇ ਚੱਕਰਾਂ ਵਿੱਚ ਕੇਸ਼ ਕਟਵਾ ਰਹੇ ਹਨ ਤੇ ਗੁਰਸਿੱਖ ਗੁਰੂਆਂ ਵੱਲੋਂ ਦਰਸਾਏ ਮਾਰਗ ਤੋਂ ਭਟਕ ਚੁੱਕੇ ਹਨ। ਇਸ ਲਈ ਸਮੇਂ ਦੀ ਲੋੜ ਹੈ ਕਿ ਨੌਜਵਾਨਾਂ ਨੂੰ ਗੁਰੂਆਂ ਵੱਲੋਂ ਦਰਸਾਏ ਮਾਰਗ 'ਤੇ ਲਿਆਂਦਾ ਜਾਵੇ ਤੇ ਵੱਧ ਤੋਂ ਵੱਧ ਨੌਜਵਾਨਾਂ ਨੂੰ ਉਨ੍ਹਾਂ ਦਸਤਾਰ ਸਜਾਉਣ ਦੀ ਅਪੀਲ ਕੀਤੀ। ਇਸ ਮੌਕੇ ਓਮ ਪ੍ਰਕਾਸ਼ ਖੁਰਾਣਾ ਤੇ ਗੌਰਵ ਖੁਰਾਣਾ ਵੱਲੋਂ ਡਿਪਟੀ ਕਮਿਸ਼ਨਰ ਦਾ ਮਾਤੂ ਸ੍ਰੀ ਦਸਤਾਰ ਵਿਖੇ ਪੁੱਜਣ 'ਤੇ ਧੰਨਵਾਦ ਕੀਤਾ ਤੇ ਉਨ੍ਹਾਂ ਡਿਪਟੀ ਕਮਿਸ਼ਨਰ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ। ਇਸ ਮੌਕੇ ਮਾਤੂ ਸ੍ਰੀ ਦਸਤਾਰ ਦੀ ਸਮੁੱਚੀ ਟੀਮ ਹਾਜ਼ਰ ਸੀ।

# ਸੰਤ ਜਸਵੀਰ ਸਿੰਘ ਖਾਲਸਾ ਕਾਲਾਮਲ੍ਹਾ ਦੀ ਬਰਸੀ ਸ਼ਰਧਾ ਭਾਵਨਾ ਨਾਲ ਮਨਾਈ



**ਮਹਿਲ ਕਲਾਂ, (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**- ਆਖਰੀ ਦਮ ਤੱਕ ਧਰਮ ਪ੍ਰਚਾਰ ਤੇ ਸਮਾਜ ਸੇਵਾ ਨੂੰ ਪ੍ਰਣਾਏ ਰਹੇ ਗਰੀਬਾਂ ਦੇ ਮਸੀਹਾ ਸੱਚਖੰਡ ਵਾਸੀ ਸੰਤ ਬਾਬਾ ਜਸਵੀਰ ਸਿੰਘ ਖਾਲਸਾ ਕਾਲਾਮਲ੍ਹਾ ਸਾਹਿਬ ਵਾਲਿਆਂ ਦੀ 7 ਵੀਂ ਸਾਲਾਨਾ ਬਰਸੀ ਸਮੂਹ ਸੰਗਤਾਂ ਵੱਲੋਂ ਡੇਰਾ ਸਾਹਿਬ ਦੱਲਣਵਾਲ ਵਿਖੇ ਸ਼ਰਧਾ ਭਾਵਨਾ ਨਾਲ ਮਨਾਈ ਗਈ । ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਬਾਬਾ ਅਮਰ ਸਿੰਘ ਰਾੜਾ ਸਾਹਿਬ ਵਾਲਿਆਂ ਨੇ ਕਥਾ ਕੀਰਤਨ ਦੁਆਰਾ ਸੰਗਤਾਂ ਨੂੰ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਅਨੁਸਾਰ ਸਮਾਜਕ ਅਲਾਮਤਾਂ ਤੋਂ ਦੂਰ ਰਹਿ ਕੇ ਗੁਰਸਿੱਖੀ ਜੀਵਨ ਧਾਰਨ ਦੀ ਅਪੀਲ ਕੀਤੀ। ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਕੱਤਰ ਡਾ. ਪਰਮਜੀਤ ਸਿੰਘ ਸਰੋਆ, ਸਾਬਕਾ ਚੇਅਰਮੈਨ ਅਮਰਜੀਤ ਸਿੰਘ ਸਹਿਬਾਜ਼ਪੁਰਾ, ਗਿਆਨੀ ਸੁਖਦਰਸ਼ਨ ਸਿੰਘ ਖਾਲਸਾ, ਸੁਖਜਿੰਦਰ ਸਿੰਘ ਬਾਜਵਾ, ਮੈਨੇਜਰ ਸੁਰਜੀਤ ਸਿੰਘ ਠੀਕਰੀਵਾਲਾ ਨੇ ਸੱਚਖੰਡ ਵਾਸੀ ਸੰਤ ਜਸਵੀਰ ਸਿੰਘ ਖਾਲਸਾ ਦੇ ਜੀਵਨ ਬਾਰੇ ਵਿਸਥਾਰ ਪੂਰਬਕ ਜਾਣਕਾਰੀ ਦਿੰਦਿਆਂ ਉਨ੍ਹਾ ਨਾਲ ਜੁੜੀਆਂ ਯਾਦਾਂ ਨੂੰ ਸਾਂਝਾ ਕੀਤਾ। ਪ੍ਰਬੰਧਕ ਭਾਈ ਆਗਿਆਪਾਲ ਸਿੰਘ ਖਾਲਸਾ ਨੇ ਸਮੂਹ ਸੰਗਤਾਂ ਦਾ ਧੰਨਵਾਦ ਕਰਦਿਆ ਦੱਸਿਆ ਕਿ ਸੰਤ ਖਾਲਸਾ ਦੀ ਯਾਦ 'ਚ ਵਿਸ਼ਾਲ ਧਾਰਮਕ ਸਮਾਗਮ, ਖੂਨਦਾਨ, ਮੈਡੀਕਲ ਜਾਂਚ ਕੈਂਪ ਨਿਰੰਤਰ ਜਾਰੀ ਰਹਿਣਗੇ। ਉਨ੍ਹਾ ਸਮੂਹ ਨਗਰ ਪੰਚਾਇਤ, ਯੂਥ ਕਲੱਬਾਂ, ਗੁਰਦੁਆਰਾ ਕਮੇਟੀਆਂ ਨੂੰ ਸਹਿਯੋਗ ਦੇਣ ਦੀ ਅਪੀਲ ਕੀਤੀ। ਪ੍ਰਬੰਧਕਾਂ ਵੱਲੋਂ ਬਾਬਾ ਅਮਰ ਸਿੰਘ ਰਾੜਾ ਸਾਹਿਬ ਸਮੇਤ ਵੱਖ ਵੱਖ ਸ਼ਖਸੀਅਤਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਇਸ ਮੌਕੇ ਜਰਨੈਲ ਸਿੰਘ ਚੀਮਾ ਲੁਧਿਆਣਾ, ਬਾਬਾ ਧਰਮ ਸਿੰਘ, ਈਸਰ ਸਿੰਘ, ਨਿਰਭੈ ਸਿੰਘ, ਸਾਧੂ ਸਿੰਘ, ਭਿੰਦਰ ਸਿੰਘ, ਪ੍ਰੀਤਮ ਸਿੰਘ ਨੰਬਰਦਾਰ, ਜਸਵੀਰ ਸਿੰਘ ਬਦੇਸ਼ੇ, ਚੇਅਰਮੈਨ ਅਵਤਾਰ ਸਿੰਘ ਅਣਖੀ, ਡਾ. ਜਗਰਾਜ ਸਿੰਘ ਮੰਮੂ, ਬਲਵੰਤ ਸਿੰਘ ਚੁਹਾਨਕੇ, ਭਾਈ ਰਾਜਵਿੰਦਰ ਸਿੰਘ ਖਾਲਸਾ, ਬਾਬਾ ਰਾਜ ਸਿੰਘ, ਅਤਿੰਦਰਪਾਲ ਸਿੰਘ, ਗੁਰਦੀਪ ਸਿੰਘ ਮੱਲੀਆਂ, ਗੁਰਬਚਨ ਸਿੰਘ ਛਾਪਾ ਆਦਿ ਆਗੂਆਂ ਤੋਂ ਇਲਾਵਾ ਵੱਡੀ ਗਿਣਤੀ 'ਚ ਸੰਗਤਾਂ ਹਾਜ਼ਰ ਸਨ ।

## ਕਾਤਰਾਂ

### ਪ੍ਰਸ਼ਾਸਨਕ ਅਧਿਕਾਰੀਆਂ ਵੱਲੋਂ ਧੁੱਸੀ ਬੰਨ੍ਹ ਦਾ ਦੌਰਾ

**ਧਰਮਕੋਟ (ਗੁਰਦੀਪ ਸਿੰਘ ਭੁੱਲਰ)**-ਸਤਲੁਜ ਦਰਿਆ ਵਿੱਚ ਪਾਣੀ ਦੇ ਵਧ ਰਹੇ ਪੱਧਰ ਕਾਰਨ ਜਿੱਥੇ ਧਰਮਕੋਟ ਹਲਕੇ ਦੇ ਕਈ ਪਿੰਡ ਦਰਿਆ ਦੇ ਪਾਣੀ ਦੀ ਚਪੇਟ ਵਿੱਚ ਆ ਗਏ ਹਨ ਤੇ ਲੋਕਾਂ ਦੀਆਂ ਫਸਲਾਂ ਖਰਾਬ ਹੋ ਚੁੱਕੀਆਂ ਹਨ। ਧਰਮਕੋਟ ਹਲਕੇ ਦੇ ਪਿੰਡ ਸੰਘੇੜਾ ਕਥ ਕਲਾਂ, ਕੰਬ ਖੁਰਦ, ਸਰੇਵਾਲਾ, ਬੱਗੇ, ਪਹਲੀਵਾਲਾ, ਮਹਰੂਵਾਲਾ, ਕੋਡੀਵਾਲਾ ਜੋ ਕਿ ਧੁੱਸੀ ਬੰਨ੍ਹ ਦੇ ਅੰਦਰ ਹਨ, ਇਹ ਪਿੰਡ ਪੂਰੀ ਤਰ੍ਹਾਂ ਪਾਣੀ ਦੀ ਚਪੇਟ ਵਿੱਚ ਆ ਗਏ ਹਨ, ਉਥੇ ਹੀ ਪ੍ਰਸ਼ਾਸਨ ਵੱਲੋਂ ਵੀ ਰਾਹਤ ਕਾਰਜ ਚਲਾਏ ਜਾ ਰਹੇ ਹਨ ਅਤੇ ਪਿੰਡਾਂ ਦੇ ਲੋਕਾਂ ਨੂੰ ਕਿਸ਼ਤੀਆ ਮੁਹੱਈਆ ਕਰਵਾਈਆਂ ਗਈਆਂ ਹਨ ਅਤੇ ਲੋਕਾਂ ਨੂੰ ਸੁਰੱਖਿਅਤ ਬਾਹਰ ਕੱਢਿਆ ਜਾ ਰਿਹਾ ਹੈ, ਉਥੇ ਹੀ ਅੱਜ ਧਰਮਕੋਟ ਹਲਕੇ ਦੇ ਐੱਸ. ਡੀ. ਐੱਮ. ਮੈਡਮ ਚਾਰੂਮਿਤਾ ਵੱਲੋਂ ਪ੍ਰਸ਼ਾਸਨ ਅਧਿਕਾਰੀਆਂ ਨੂੰ ਨਾਲ ਲੈ ਕੇ ਧੁੱਸੀ ਬੰਨ੍ਹ ਦਾ ਦੌਰਾ ਕੀਤਾ ਗਿਆ ਤੇ ਲੋਕਾਂ ਦੀਆਂ ਮੁਸ਼ਕਲਾਂ ਸੁਣੀਆਂ ਗਈਆਂ। ਇਸ ਮੌਕੇ ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਵੱਲੋਂ ਪਲ-ਪਲ 'ਤੇ ਨਜ਼ਰ ਰੱਖੀ ਜਾ ਰਹੀ ਹੈ ਅਤੇ ਸਰਕਾਰੀ ਕਰਮਚਾਰੀਆਂ ਤੇ ਅਧਿਕਾਰੀਆਂ ਦੀਆਂ ਡਿਊਟੀਆਂ ਲਗਾਈਆਂ ਗਈਆਂ ਹਨ। ਪ੍ਰਸ਼ਾਸਨ ਵੱਲੋਂ ਇਸ ਸੰਬੰਧੀ ਪੁਖਤਾ ਪ੍ਰਬੰਧ ਕੀਤੇ ਗਏ ਹਨ ਤੇ ਰਾਹਤ ਕਾਰਜ ਚਲਾਏ ਜਾ ਰਹੇ ਹਨ। ਪ੍ਰਸ਼ਾਸਨ ਪ੍ਰਭਾਵਿਤ ਲੋਕਾਂ ਦੇ ਨਾਲ ਹਰ ਸਮੇਂ ਖੜਾ ਹੈ। ਇਸ ਮੌਕੇ ਉਨ੍ਹਾਂ ਨਾਲ ਰੇਸ਼ਮ ਸਿੰਘ ਤਹਿਸੀਲਦਾਰ ਧਰਮਕੋਟ, ਰਮੇਸ਼ ਧੀਂਗੜਾ ਨਾਇਬ ਤਹਿਸੀਲਦਾਰ ਧਰਮਕੋਟ, ਰਵਿੰਦਰ ਸਿੰਘ ਡੀ. ਐੱਸ. ਪੀ. ਧਰਮਕੋਟ, ਬਲਜੀਤ ਸਿੰਘ ਕਾਨੂੰਨਗੋ ਤੋਂ ਇਲਾਵਾ ਹੋਰ ਪ੍ਰਸ਼ਾਸਨ ਦੇ ਅਧਿਕਾਰੀ ਤੇ ਕਰਮਚਾਰੀ ਹਾਜ਼ਰ ਸਨ।

### ਸਰਹਿੰਦ ਵਿਖੇ ਹੜ੍ਹ ਦੇ ਪਾਣੀ 'ਚ 17 ਸਾਲਾ ਲੜਕਾ ਲਾਪਤਾ

**ਸ੍ਰੀ ਫ਼ਤਹਿਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)**-ਫ਼ਤਹਿਗੜ੍ਹ ਸਾਹਿਬ ਇਲਾਕੇ 'ਚ ਦਾਖਲ ਹੋਏ ਹੜ੍ਹ ਦੇ ਪਾਣੀ ਨੇ ਜਿੱਥੇ ਵੱਡੇ ਪੱਧਰ 'ਤੇ ਲੋਕਾਂ ਦੇ ਮਕਾਨਾਂ, ਫਸਲਾਂ ਅਤੇ ਜਾਇਦਾਦਾਂ ਨੂੰ ਨੁਕਸਾਨ ਪਹੁੰਚਾਇਆ ਹੈ ਉੱਥੇ ਹੀ ਹੜ੍ਹ ਦੇ ਪਾਣੀ 'ਚ ਇੱਕ 17 ਸਾਲਾ ਲੜਕੇ ਦੇ ਵੀ ਲਾਪਤਾ ਹੋ ਜਾਣ ਦੀ ਸੂਚਨਾ ਹੈ। ਐਸ.ਡੀ.ਐਮ. ਫ਼ਤਹਿਗੜ੍ਹ ਸਾਹਿਬ ਹਰਪ੍ਰੀਤ ਸਿੰਘ ਅਟਵਾਲ ਨੇ ਦੱਸਿਆ ਕਿ ਉਹ ਸਰਹਿੰਦ ਦੀ ਵਿਸ਼ਕਰਮਾ ਕਲੋਨੀ ਵਿਖੇ ਪਾਣੀ 'ਚ ਘਿਰੇ ਹੋਏ ਮਕਾਨਾਂ 'ਚੋਂ ਲੋਕਾਂ ਨੂੰ ਬਾਹਰ ਕੱਢ ਰਹੇ ਸਨ ਤਾਂ ਸੂਚਨਾ ਮਿਲੀ ਕਿ ਬਰਗਰ ਦੀ ਰੇਹੜੀ ਲਗਾਉਣ ਵਾਲੇ ਪ੍ਰਵਾਸੀ ਮਜ਼ਦੂਰ ਹਰੀ ਚੰਦਰ ਰਾਮ ਦਾ 17 ਸਾਲਾ ਲੜਕਾ ਗੁੱਡੂ ਰਾਮ ਲਾਪਤਾ ਹੋ ਗਿਆ ਹੈ ਜਿਸ ਦੇ ਵਾਰਿਸਾਂ ਨੇ ਦੱਸਿਆ ਕਿ ਗੁੱਡੂ ਰਾਮ ਇੱਕ ਹੋਰ ਲੜਕੇ ਨਾਲ ਪਾਣੀ ਦੇਖਣ ਗਿਆ ਸੀ ਜੋ ਕਿ ਅਚਾਨਕ ਕਿੱਧਰੇ ਲਾਪਤਾ ਹੋ ਗਿਆ ਜਿਸ ਬਾਰੇ ਕੁਝ ਪਤਾ ਨਹੀਂ ਲੱਗ ਰਿਹਾ। ਗੁੱਡੂ ਰਾਮ ਦੇ ਚਾਚੇ ਰਾਜੇਂਦਰ ਨੇ ਦੱਸਿਆ ਕਿ ਬਾਰ੍ਹਵੀਂ ਜਮਾਤ 'ਚ ਪੜ੍ਹਦੇ ਉਸ ਦੇ ਭਤੀਜੇ ਗੁੱਡੂ ਦੇ ਹੜ੍ਹ ਦੇ ਪਾਣੀ 'ਚ ਰੁੜ ਜਾਣ ਦਾ ਖਦਸ਼ਾ ਹੈ।

### ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਦਾ ਪ੍ਰਕਾਸ਼ ਪੁਰਬ ਮਨਾਇਆ

**ਮਾਛੀਵਾੜਾ ਸਾਹਿਬ, (ਸ਼ੈਂਕੀ ਸ਼ਰਮਾ,ਜਗਦੀਸ਼ ਰਾਏ)** - ਇਤਿਹਾਸਕ ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਵਿਖੇ ਪ੍ਰਬੰਧਕਾਂ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਅੱਠਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾ ਨਾਲ ਮਨਾਇਆ ਗਿਆ। ਗੁਰਦੁਆਰਾ ਸਾਹਿਬ ਦੇ ਮੈਨੇਜਰ ਕਰਮਜੀਤ ਸਿੰਘ ਨਾਭਾ ਨੇ ਦੱਸਿਆ ਕਿ ਪ੍ਰਕਾਸ਼ ਪੁਰਬ ਨੂੰ ਸਮਰਪਿਤ ਅੱਜ ਸਵੇਰੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਉਪਰੰਤ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਦੀਆਂ ਬੀਬੀਆਂ ਵੱਲੋਂ ਸੁਖਮਨੀ ਸਾਹਿਬ ਪਾਠਾਂ ਦੀ ਲੜੀ ਦੇ ਭੋਗ ਵੀ ਪਾਏ ਗਏ। ਗੁਰੂ ਘਰ ਦੇ ਹਜ਼ੂਰੀ ਰਾਗੀ ਜਥੇ ਭਾਈ ਜਸਦੇਵ ਸਿੰਘ, ਸੁਖਵੀਰ ਸਿੰਘ ਅਤੇ ਹਰਵਿੰਦਰ ਸਿੰਘ ਵੱਲੋਂ ਇਲਾਹੀ ਬਾਣੀ ਦਾ ਰਸਭਿੰਨਾ ਕੀਰਤਨ ਕੀਤਾ ਗਿਆ। ਇਸ ਉਪਰੰਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਭਾਈ ਬਚਿੱਤਰ ਸਿੰਘ ਵੱਲੋਂ ਕਥਾ ਦਾ ਪ੍ਰਵਾਹ ਚਲਾਇਆ ਗਿਆ ਜਿਸ ਵਿਚ ਉਨ੍ਹਾਂ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੀ ਜੀਵਨੀ ਨਾਲ ਸੰਬੰਧਤ ਪ੍ਰਸੰਗ ਸੁਣਾਏ। ਇਸ ਮੌਕੇ ਬਾਬਾ ਮੋਹਣ ਸਿੰਘ, ਹੈੱਡ ਗ੍ਰੰਥੀ ਭਾਈ ਹਰਪਾਲ ਸਿੰਘ ਗੁਰਮੁਖ, ਅਕਾਊਂਟੈਂਟ ਸੁਖਦੇਵ ਸਿੰਘ, ਭਾਈ ਇਕਨਾਮ ਸਿੰਘ, ਗ੍ਰੰਥੀ ਗੁਰਪ੍ਰੀਤ ਸਿੰਘ, ਬਲਦੇਵ ਸਿੰਘ ਗ੍ਰੰਥੀ, ਗੁਲਜ਼ਾਰ ਸਿੰਘ ਸਟੋਰ ਕੀਪਰ, ਭੁਪਿੰਦਰ ਸਿੰਘ ਰਿਕਾਰਡ ਕੀਪਰ, ਪਰਮਿੰਦਰ ਸਿੰਘ ਪੰਮਾ ਨਿਗਰਾਨ, ਅਨਮੋਲ ਸਿੰਘ ਸੇਵਾਦਾਰ, ਸਰੂਪ ਸਿੰਘ ਸੇਵਾਦਾਰ, ਸਾਬਕਾ ਪ੍ਰਧਾਨ ਉਜਾਗਰ ਸਿੰਘ ਬੈਨੀਪਾਲ, ਹਰਜਿੰਦਰ ਸਿੰਘ ਗਿੱਲ, ਜਸਵੀਰ ਸਿੰਘ ਗਿੱਲ, ਸਾਬਕਾ ਕੌਂਸਲਰ ਗੁਰਨਾਮ ਸਿੰਘ ਖਾਲਸਾ, ਸ਼ੇਰ ਸਿੰਘ ਸ਼ੇਰਾ, ਸਿਮਰਨਜੀਤ ਗੋਗੀਆ ਵੀ ਮੌਜੂਦ ਸਨ।

### ਰੋਟਰੀ ਕਲੱਬ ਖੰਨਾ ਨੇ ਅੰਨਪੂਰਨਾ ਦਿਵਸ ਮਨਾਇਆ

**ਖੰਨਾ, (ਸੁਖਵਿੰਦਰ ਸਿੰਘ ਭਾਦਲਾ, ਪਰਮਿੰਦਰ ਸਿੰਘ ਮੋਨੂੰ)** ਰੋਟਰੀ ਕਲੱਬ ਖੰਨਾ ਵੱਲੋਂ ਬੀਤੇ ਦਿਨ ਰੋਟਰੀ ਭਵਨ ਖੰਨਾ ਅਤੇ ਲਲਹੇੜੀ ਚੌਕ ਖੰਨਾ ਵਿਖੇ ਅੰਨਪੂਰਨਾ ਦਿਵਸ ਮਨਾਇਆ ਗਿਆ। ਇਸ ਮੌਕੇ ਰੋਟਰੀ ਕਲੱਬ ਖੰਨਾ ਵੱਲੋਂ ਨਵੀਂ ਚੁਣੀ ਗਈ ਟੀਮ ਦਾ ਇਹ ਪਹਿਲਾ ਪ੍ਰੋਜੈਕਟ ਹੋ ਰਹੀ ਭਾਰੀ ਬਰਸਾਤ ਵਿੱਚ ਲੋੜਵੰਦਾਂ ਲਈ ਛੋਲੇ ਪੂਰੀਆਂ ਅਤੇ ਪ੍ਰਸ਼ਾਦ ਦਾ ਲੰਗਰ ਲਗਾਇਆ ਗਿਆ। ਰੋਟਰੀ ਕਲੱਬ ਖੰਨਾ ਦੇ ਰੋਟੇਰੀਆਨ ਵੱਲੋਂ ਇਸ ਲੰਗਰ ਦੌਰਾਨ ਵੱਧ ਚੜ੍ਹ ਕੇ ਸੇਵਾ ਵਿੱਚ ਹਿੱਸਾ ਪਾ ਕੇ ਇਸ ਨੂੰ ਯਾਦਗਾਰ ਦਿਹਾੜਾ ਬਣਇਆ। ਇਸ ਮੌਕੇ ਕਲੱਬ ਖੰਨਾ ਦੇ ਪ੍ਰਧਾਨ ਰੋਟੇਰੀਆਨ ਅਮਨ ਗੁਪਤਾ ਦੱਸਿਆ ਕਿ ਰੋਟਰੀ ਕਲੱਬ ਖੰਨਾ ਦਾ ਅਗਲਾ ਪ੍ਰਾਜੈਕਟ ਇਹ ਹੈ ਕਿ ਰੋਟਰੀ ਕਲੱਬ ਜਲਦੀ ਹੀ ਵਣ ਉਸਤਵ ਮਨਾਉਣ ਜਾ ਰਹੀ ਹੈ। ਇਸ ਪ੍ਰਾਜੈਕਟ ਅਧੀਨ ਰੋਟਰੀ ਕਲੱਬ ਖੰਨਾ ਵੱਡੇ ਪੱਧਰ 'ਤੇ ਪਬਲਿਕ ਥਾਵਾਂ ਉਪਰ ਫਲਦਾਰ, ਛਾਂਦਾਰ ਅਤੇ ਸਜਾਵਟ ਵਾਲੇ ਰੁੱਖ ਲਗਾਏ ਜਾਣਗੇ । ਰੋਟਰੀ ਕਲੱਬ ਖੰਨਾ ਦੇ ਸੈਕਟਰੀ ਰੋਟੇਰੀਅਨ ਵਿਪਨ ਵਰਮਾ ਨੇ ਦੱਸਿਆ ਕੇ ਰੋਟਰੀ ਕਲੱਬ ਹਮੇਸ਼ਾ ਲੋੜਵੰਦਾਂ ਦੀ ਸੇਵਾ ਹਰ ਸਮੇਂ ਅਗਾਂਹ ਹੋ ਕੇ ਕਰਦਾ ਹੈ। ਇਸ ਮੌਕੇ ਰੋਟੇਰੀਅਨ ਅਮਨ ਗੁਪਤਾ ਅਤੇ ਵਿਪਨ ਵਰਮਾ ਵੱਲੋਂ ਪ੍ਰੋਜੈਕਟ ਚੇਅਰਮੈਨ ਪਰਦੀਪ ਅਰੋੜਾ, ਅਨੁਰਾਗ ਗੁਪਤਾ ਅਤੇ ਹੋਰ ਸਾਰੇ ਰੋਟੇਰੀਅਨ ਦਾ ਧੰਨਵਾਦ ਕੀਤਾ ਗਿਆ ।

### ਅੰਗਹੀਣ ਵਿਅਕਤੀਆਂ ਲਈ ਨੈਸ਼ਨਲ ਐਵਾਰਡ ਸੰਬੰਧੀ ਬਿਨੈਪੱਤਰ ਦੇਣ ਦੀ ਆਖਰੀ ਮਿਤੀ 31 ਜੁਲਾਈ

**ਮਾਨਸਾ, (ਪਮਾਰ)**-ਡਿਪਟੀ ਕਮਿਸ਼ਨਰ ਮਾਨਸਾ ਰਿਸ਼ੀਪਾਲ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਮਾਜਿਕ ਨਿਆਂ ਅਤੇ ਅਧਿਕਾਰਤ ਮੰਤਰਾਲਾ, ਅਪਾਹਜ ਵਿਅਕਤੀਆਂ ਦਾ ਸ਼ਸਕਤੀਕਰਨ ਵਿਭਾਗ, ਭਾਰਤ ਸਰਕਾਰ ਵੱਲੋਂ ਖੇਡਾਂ ਜਾਂ ਕਿਸੇ ਵੀ ਹੋਰ ਖੇਤਰ ਵਿੱਚ ਉਪਲਬਧੀਆਂ ਕਰਨ ਵਾਲੇ ਦਿਵਿਆਂਗਜਨ ਵਿਅਕਤੀਆਂ ਲਈ ਸਾਲ 2023 ਲਈ ਨੈਸ਼ਨਲ ਐਵਾਰਡ ਲਈ ਅਰਜ਼ੀਆਂ ਦੀ ਮੰਗ ਕੀਤੀ ਗਈ ਹੈ।ਉਨ੍ਹਾਂ ਦੱਸਿਆ ਕਿ ਉਮੀਦਵਾਰ ਸਿੱਧੇ ਤੌਰ 'ਤੇ ਗ੍ਰਹਿ ਮੰਤਰਾਲੇ ਦੀ ਵੈਬਸਾਈਟ www.awards.gov.in 'ਤੇ ਆਨਲਾਈਨ ਅਪਲਾਈ ਕਰ ਸਕਦੇ ਹਨ ਅਤੇ ਅਪਲਾਈ ਕਰਨ ਦੀ ਆਖਰੀ ਮਿਤੀ 31 ਜੁਲਾਈ 2023 ਹੈ।

# ਨੌ ਬਹਿਰਾਮ ਸ਼ੇਰ ਸਿੰਘ ਵਾਲਾ ਵਿਖੇ ਸ਼ਿਕਾਇਤ ਨਿਵਾਰਨ ਕੈਂਪ



**ਗੁਰੂਹਰਸਹਾਏ (ਦੀਪਕ ਵਧਾਵਨ)**-ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਲੋਕਾਂ ਨੂੰ ਉਨ੍ਹਾਂ ਦੀਆਂ ਬਰੂਹਾਂ 'ਤੇ ਸਰਕਾਰੀ ਸੇਵਾਵਾਂ ਮੁਹੱਈਆ ਕਰਵਾਉਣ ਦੇ ਮਕਸਦ ਨਾਲ ਗੁਰੂਹਰਸਹਾਏ ਦੇ ਪਿੰਡ ਗ੍ਰਾਮ ਪੰਚਾਇਤ ਨੌ ਬਹਿਰਾਮ ਸ਼ੇਰ ਸਿੰਘ ਵਾਲਾ ਦੇ ਸਰਕਾਰੀ ਸਕੂਲ ਵਿਖੇ ਵਿਸ਼ੇਸ਼ ਕੈਂਪ ਲਗਾਇਆ ਗਿਆ। ਇਸ ਦੌਰਾਨ ਲੋਕਾਂ ਦੀਆ ਸ਼ਿਕਾਇਤਾਂ ਸੁਣਨ ਅਤੇ ਉਨ੍ਹਾਂ ਦੇ ਹੱਲ ਲਈ ਵਿਧਾਇਕ ਗੁਰੂਹਰਸਹਾਏ ਫੌਜਾ ਸਿੰਘ ਸਰਾਰੀ ਵਿਸ਼ੇਸ਼ ਤੌਰ 'ਤੇ ਕੈਂਪ ਵਿੱਚ ਪਹੁੰਚੇ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਅਰੁਣ ਕੁਮਾਰ, ਐਸ ਡੀ ਐਮ ਗੁਰੂਹਰਸਹਾਏ ਸੂਰਜ ਕੁਮਾਰ ਵੀ ਮੌਜੂਦ ਰਹੇ। ਇਸ ਮੌਕੇ ਵਿਧਾਇਕ ਫੌਜਾ ਸਿੰਘ ਸਰਾਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਸਰਬਪੱਖੀ ਵਿਕਾਸ ਦੇ ਨਾਲ-ਨਾਲ ਹਰ ਵਰਗ ਦੀ ਭਲਾਈ ਲਈ ਵੱਡੇ ਕਦਮ ਚੁੱਕੇ ਗਏ ਹਨ। ਉਨ੍ਹਾਂ ਦੱਸਿਆ ਕਿ ਇਹ ਕੈਂਪ ਲਗਾਉਣ ਦਾ ਮੰਤਵ ਲੋਕਾਂ ਨੂੰ ਇਕੋ ਥਾਂ 'ਤੇ ਵੱਖ-ਵੱਖ ਵਿਭਾਗਾਂ ਨਾਲ ਸੰਬੰਧਤ ਸੇਵਾਵਾਂ ਮੁਹੱਈਆ ਕਰਵਾਉਣਾ ਹੈ ਤਾਂ ਜੋ ਲੋਕਾਂ ਦੀ ਖਜਲ-ਖੁਆਰੀ ਨਾ ਹੋਵੇ।

ਉਨ੍ਹਾਂ ਦੱਸਿਆ ਕਿ ਅੱਜ ਦੇ ਕੈਂਪ ਵਿੱਚ ਵੱਖ ਵੱਖ ਵਿਭਾਗਾਂ ਨਾਲ ਸੰਬੰਧਤ ਸਮੱਸਿਆਵਾਂ ਸੁਣੀਆਂ ਗਈਆਂ ਹਨ ਤੇ ਸਮੱਸਿਆਵਾਂ ਸੁਣਨ ਉਪਰੰਤ ਤੁਰੰਤ ਹੀ ਸੰਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਸ਼ਿਕਾਇਤਾਂ ਦੇ ਨਿਪਟਾਰੇ ਦੇ ਨਿਰਦੇਸ਼ ਦਿੱਤੇ ਗਏ ਹਨ। ਉਨ੍ਹਾਂ ਕਿਹਾ ਕਿ ਇਸ ਕੈਂਪ ਵਿੱਚ ਗੁਰੂਹਰਸਹਾਏ ਦੇ ਵੱਖ ਵੱਖ ਪਿੰਡਾਂ ਦੇ ਲੋਕਾਂ ਦੀਆਂ ਸ਼ਿਕਾਇਤਾਂ ਸੁਣੀਆਂ ਗਈਆਂ ਅਤੇ ਮੌਕੇ 'ਤੇ ਹੱਲ ਵੀ ਕੀਤਾ ਗਿਆ ਹੈ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਅਰੁਣ ਕੁਮਾਰ ਅਤੇ ਐਸ ਡੀ ਐਮ ਗੁਰੂਹਰਸਹਾਏ ਸੂਰਜ ਕੁਮਾਰ ਨੇ ਕਿਹਾ ਕਿ ਸੁਵਿਧਾ ਕੈਂਪ ਵਿੱਚ ਵੱਖ ਵੱਖ ਵਿਭਾਗਾਂ ਵੱਲੋਂ ਹੈਲਪ ਡੈਸਕ ਲਗਾਏ ਗਏ, ਜਿਸ ਤਹਿਤ ਵੱਖ-ਵੱਖ ਸਕੀਮਾਂ ਦੇ ਲਾਭ ਮੁਹੱਈਆ ਕਰਵਾਉਣ ਲਈ ਬਿਨੈਪੱਤਰ ਪ੍ਰਾਪਤ ਹੋਏ ਜਿਨ੍ਹਾ ਦੀ ਪੜਤਾਲ ਉਪਰੰਤ ਯੋਗ ਪ੍ਰਾਰਥੀਆਂ ਨੂੰ ਸਕੀਮਾਂ ਦਾ ਲਾਭ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਲੋਕਾਂ ਦੀ ਸਹੂਲਤਾਂ ਲਈ ਭਵਿੱਖ ਵਿਚ ਵੀ ਅਜਿਹੇ ਕੈਂਪ ਲਗਾਏ ਜਾਣਗੇ।

# ਮਹਾਰਾਜਾ ਰਣਜੀਤ ਸਿੰਘ ਕਾਲਜ ਦੇ ਸਟਾਫ਼ ਦਾ ਕੀਤਾ ਸਨਮਾਨ



**ਮਲੋਟ, (ਗੁਰਮੀਤ ਸਿੰਘ ਮੱਕੜ)**-ਸਥਾਨਕ ਮਹਾਰਾਜਾ ਰਣਜੀਤ ਸਿੰਘ ਕਾਲਜ ਨੇ ਅਕਾਦਮਿਕ ਖੇਤਰ ਦੇ ਨਾਲ ਨਾਲ ਸਮਾਜਿਕ, ਸੱਭਿਆਚਾਰਕ ਤੇ ਸਾਹਿਤਕ ਖੇਤਰ ਵਿੱਚ ਵੱਡਮੁੱਲਾ ਯੋਗਦਾਨ ਪਾਉਣ ਲਈ ਆਪਣੇ ਸਟਾਫ਼ ਨੂੰ ਸਨਮਾਨਤ ਕੀਤਾ। ਪ੍ਰਿੰਸੀਪਲ ਡਾ. ਰਜਿੰਦਰ ਸਿੰਘ ਸੇਖੋਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਇੱਕ ਵਿੱਦਿਅਕ ਸੰਸਥਾ ਦਾ ਫ਼ਰਜ਼ ਕੇਵਲ ਵਿੱਦਿਅਕ ਡਿਗਰੀ ਦੇਣਾ ਹੀ ਨਹੀਂ ਹੁੰਦਾ, ਸਗੋਂ ਵਿਦਿਆਰਥੀ ਦੇ ਸਰਵਪੱਖੀ ਵਿਕਾਸ ਲਈ ਉਚਿਤ ਮਾਹੌਲ ਮੁਹੱਈਆ ਕਰਵਾਉਣਾ ਵੀ ਹੁੰਦਾ ਹੈ। ਜ਼ਿਕਰਯੋਗ ਹੈ ਕਿ ਇਸ ਮਨੋਰਥ ਦੀ ਪੂਰਤੀ ਕਾਲਜ ਵੱਲੋਂ ਵਿੱਦਿਅਕ, ਸੱਭਿਆਚਾਰਕ, ਸਾਹਿਤਕ ਤੇ ਸਮਾਜਿਕ ਪ੍ਰੋਗਰਾਮਾਂ ਦਾ ਆਯੋਜਨ ਕੀਤਾ ਜਾਂਦਾ ਹੈ। ਸਾਹਿਤਕ ਹਲਕਿਆਂ ਵਿੱਚ ਜ਼ਿਕਰਯੋਗ ਪ੍ਰਾਪਤੀਆਂ ਕਰਨ, ਨਿਮਨ ਵਰਗ ਦੇ ਵਿਦਿਆਰਥੀਆਂ, ਹੁਸ਼ਿਆਰ ਤੇ ਲੋੜਵੰਦ ਵਿਦਿਆਰਥੀਆਂ ਲਈ ਕਾਰਜ ਕਰਨ, ਰਾਸ਼ਟਰੀ ਸੇਵਾ ਯੋਜਨਾ ਅਧੀਨ ਜਾਗਰੂਕਤਾ ਦਾ ਸੁਨੇਹਾ ਦੇਣ ਵਾਲੀਆਂ ਰੋਡ ਰੈਲੀਆਂ ਕਰਨ ਲਈ, ਸਮਾਜ ਦੀ ਅਰੋਗਤਾ ਲਈ ਖੂਨ ਦਾਨ ਕੈਂਪ ਦੇ ਆਯੋਜਨ ਕਰਨ ਲਈ, ਨੁੱਕੜ ਨਾਟਕਾਂ ਦੇ ਸਫਲ ਮੰਚਨ ਲਈ, ਵਿਦਿਆਰਥੀਆਂ ਨੂੰ ਕਾਲਜ ਤੇ ਆਪੋ ਆਪਣੇ ਘਰਾਂ ਵਿੱਚ ਪ੍ਰੇਰਿਤ ਕਰਕੇ ਪੌਦੇ ਲਗਵਾਉਣ ਲਈ, ਕਾਨੂੰਨੀ ਜਾਗਰੂਕਤਾ ਕੈਂਪਾਂ ਦਾ ਆਯੋਜਨ ਕਰਨ ਲਈ ਕਾਲਜ ਦੇ ਸਮੂਹ ਸਟਾਫ਼ ਨੂੰ ਕਾਲਜ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ ਮਨਦੀਪ ਸਿੰਘ ਬਰਾੜ, ਜਨਰਲ ਸਕੱਤਰ ਲਖਵਿੰਦਰ ਸਿੰਘ ਰੋਹੀਵਾਲਾ, ਸਕੱਤਰ ਪਿਰਤਪਾਲ ਸਿੰਘ ਗਿੱਲ, ਖ਼ਜ਼ਾਨਚੀ ਦਲਜਿੰਦਰ ਸਿੰਘ ਸੰਧੂ ਦੀ ਸਮੁੱਚੀ ਅਗਵਾਈ ਵਿਚ ਸਨਮਾਨਤ ਕੀਤਾ ਗਿਆ। ਮੈਨੇਜਮੈਂਟ ਕਮੇਟੀ ਦੇ ਚੇਅਰਮੈਨ ਮਨਦੀਪ ਸਿੰਘ ਬਰਾੜ ਨੇ ਕਿਹਾ ਕਿ ਸਾਡਾ ਮਨੋਰਥ ਜਿੱਥੇ ਵਿਦਿਆਰਥੀਆਂ ਨੂੰ ਹਰ ਪ੍ਰਕਾਰ ਦੀ ਸਹੂਲਤ ਪ੍ਰਦਾਨ ਕਰਨਾ ਹੈ, ਉਥੇ ਹੀ ਅਜਿਹੇ ਕਾਰਜਾਂ ਲਈ ਦਿਨ-ਰਾਤ ਮਿਹਨਤ ਕਰਨ ਵਾਲੇ ਸਟਾਫ਼ ਮੈਂਬਰਾਂ ਦਾ ਸਨਮਾਨ ਕਰਨਾ ਸਾਡਾ ਫਰਜ਼ ਹੈ। ਜਨਰਲ ਸਕੱਤਰ ਲਖਵਿੰਦਰ ਸਿੰਘ ਰੋਹੀਵਾਲਾ ਨੇ ਪ੍ਰਿੰਸੀਪਲ ਰਜਿੰਦਰ ਸਿੰਘ ਸੇਖੋਂ ਤੇ ਸਟਾਫ਼ ਨੂੰ ਭਵਿੱਖ ਵਿੱਚ ਵੀ ਅਜਿਹੀਆਂ ਕਾਰਗੁਜ਼ਾਰੀਆਂ 'ਚ ਵੱਧ ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ।

## ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਥਾਪਤ ਰਾਹਤ ਕੇਂਦਰ ਹੜ੍ਹ ਪ੍ਰਭਾਵਿਤ ਲੋਕਾਂ ਲਈ ਹੋ ਰਹੇ ਸਹਾਈ



**ਫਤਹਿਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)**-ਭਾਰੀ ਮੀਂਹ ਕਾਰਨ ਪੈਦਾ ਹੋਈ ਹੜ੍ਹਾਂ ਦੀ ਸਥਿਤੀ ਨਾਲ ਨਜਿੱਠਣ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਬਲਾਕ ਪੱਧਰ ਤੋਂ ਲੈ ਕੇ ਵੱਖੋ ਵੱਖ ਪੱਧਰਾਂ 'ਤੇ ਹੜ੍ਹਾਂ ਤੋਂ ਪ੍ਰਭਾਵਿਤ ਲੋਕਾਂ ਲਈ ਰਾਹਤ ਕੇਂਦਰ ਸਥਾਪਤ ਕੀਤੇ ਗਏ ਹਨ, ਜਿਥੇ ਕਿ ਲੋਕਾਂ ਦੀ ਹਰ ਸੰਭਵ ਮਦਦ ਕੀਤੀ ਜਾ ਰਹੀ ਹੈ। ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਪ੍ਰਨੀਤ ਸ਼ੇਰਗਿੱਲ ਨੇ ਦੱਸਿਆ ਕਿ ਫਤਹਿਗੜ੍ਹ ਸਾਹਿਬ ਵਿਖੇ ਮਾਤਾ ਸ੍ਰੀ ਨੈਣਾ ਦੇਵੀ ਮੰਦਿਰ ਸਰਹਿੰਦ ਅਤੇ ਸ੍ਰੀ ਵਿਸ਼ਵਕਰਮਾ ਮੰਦਰ ਵਿਖੇ ਰਾਹਤ ਕੇਂਦਰਾਂ ਵਿੱਚ ਲੋਕਾਂ ਦੀ ਮਦਦ ਕੀਤੀ ਜਾ ਰਹੀ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਹਨਾਂ ਰਾਹਤ ਕੇਂਦਰਾਂ ਵਿੱਚ ਲੋਕਾਂ ਨੂੰ ਪਿਛਲੇ 2-3 ਦਿਨਾਂ ਤੋਂ ਲਗਾਤਾਰ ਲੰਗਰ ਤੇ ਰਹਿਣ ਦਾ ਪ੍ਰਬੰਧ ਕੀਤਾ ਜਾ ਰਿਹਾ ਹੈ। ਇਸ ਦੇ ਨਾਲ ਨਾਲ ਲੋਕਾਂ ਲਈ ਮੈਡੀਕਲ ਸਹੂਲਤਾਂ ਦਾ ਵੀ ਵਿਸ਼ੇਸ਼ ਪ੍ਰਬੰਧ ਕੀਤਾ ਗਿਆ ਹੈ। ਜ਼ਿਲ੍ਹੇ ਵਿੱਚ ਵੱਖ-ਵੱਖ ਬਲਾਕਾਂ ਵਿੱਚ ਸਰਕਾਰੀ ਸਕੂਲਾਂ, ਧਰਮਸ਼ਾਲਾਵਾਂ ਅਤੇ ਦਾਣਾ ਮੰਡੀਆਂ ਵਿੱਚ ਰਾਹਤ ਕੇਂਦਰ ਬਣਾਏ ਗਏ ਹਨ।

ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਪ੍ਰਸ਼ਾਸਨ ਵੱਲੋਂ ਹੜ੍ਹਾਂ ਦੀ ਸਥਿਤੀ 'ਤੇ ਨਿਰੰਤਰ ਨਜ਼ਰ ਰੱਖੀ ਜਾ ਰਹੀ ਹੈ ਅਤੇ ਲੋਕਾਂ ਦੀ ਸਹੂਲਤ ਲਈ ਸਾਰੇ ਪ੍ਰਬੰਧ ਕੀਤੇ ਗਏ ਹਨ। ਡਿਪਟੀ ਕਮਿਸ਼ਨਰ ਨੇ ਲੋਕਾਂ ਨੂੰ ਅਪੀਲ ਵੀ ਕੀਤੀ ਕਿ ਅਫਵਾਹਾਂ 'ਤੇ ਯਕੀਨ ਨਾ ਕੀਤਾ ਜਾਵੇ ਅਤੇ ਜੇਕਰ ਕਿਸੇ ਕਿਸਮ ਦੀ ਜਾਣਕਾਰੀ ਦੀ ਲੋੜ ਹੈ ਤਾਂ ਹੜ੍ਹ ਕੰਟਰੋਲ ਰੂਮਾਂ ਦੇ ਟੈਲੀਫੋਨ ਨੰਬਰਾਂ 'ਤੇ ਸੰਪਰਕ ਕੀਤਾ ਜਾਵੇ। ਲੋਕਾਂ ਨੂੰ ਇਹ ਵੀ ਅਪੀਲ ਕੀਤੀ ਗਈ ਹੈ ਕਿ ਉਹ ਸੁਰੱਖਿਅਤ ਥਾਵਾਂ 'ਤੇ ਚਲੇ ਜਾਣ ਅਤੇ ਆਪਣੇ ਬੱਚਿਆਂ ਨੂੰ ਇਕੱਲੇ ਬਾਹਰ ਨਾ ਜਾਣ ਦੇਣ।

# ਸ਼ੁਤਰਾਣਾ 'ਚ ਘੱਗਰ ਦਰਿਆ, ਮੋਮੀਆਂ ਡਰੇਨ ਤੇ ਸਾਗਰਾ ਪਾੜਾ ਉਛਲੇ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**- ਉਤਰੀ ਭਾਰਤ ਵਿਚ ਬਰਸਾਤ ਭਾਰੀ ਬਰਸਾਤ ਦੌਰਾਨ ਬਣੀ ਹੜ੍ਹਾਂ ਦੀ ਸਥਿਤੀ ਦੇ ਚਲਦਿਆਂ ਵਿਧਾਨ ਸਭਾ ਹਲਕਾ ਸ਼ੁਤਰਾਣਾ ਵਿਚ ਵੀ ਤਬਾਹੀ ਦਾ ਮੰਜ਼ਰ ਸ਼ੁਰੂ ਹੋ ਗਿਆ ਹੈ। ਘੱਗਰ ਦਰਿਆ ਸਮੇਤ ਬਰਸਾਤੀ ਪਾਣੀ ਦੀ ਨਿਕਾਸੀ ਲਈ ਬਣਾਈ ਗਈ ਮੋਮੀਆਂ ਡਰੇਨ ਸਮੇਤ ਹਰਿਆਣਾ ਦੀ ਮੁਸਤਫਾਪੁਰ ਝੀਲ ਤੋਂ ਆਉਣ ਵਾਲਾ ਨਿਕਾਸੀ ਨਾਲਾ (ਸਾਗਰਾ ਪਾੜਾ) ਇਲਾਕੇ ਦੇ ਕਿਸਾਨਾਂ ਲਈ ਆਫਤ ਬਣ ਕੇ ਬਹੁੜਿਆ ਹੈ। ਘੱਗਰ ਦਰਿਆ ਬਾਸ਼ਾਹਪੁਰ ਨੇੜਲੇ ਪਿੰਡ ਹਰਚੰਦਪੁਰਾ, ਸਾਗਰਾ ਪਾੜਾ ਹਰਿਆਣਾ ਦੇ ਪਿੰਡ ਖੜਕਾਂ ਨੇੜੇ ਅਤੇ ਮੋਮੀਆਂ ਡਰੇਨ ਉਛਲ ਗਏ ਹਨ। ਤਿੰਨ ਵੱਖੋ-ਵੱਖਰੇ ਥਾਵਾਂ ਤੋਂ ਨਿਕਲੇ ਪਾਣੀ ਨਾਲ ਹਲਕੇ ਦੇ ਦਰਜਨ ਦੇ ਕਰੀਬ ਪਿੰਡਾਂ ਦੇ ਖੇਤਾਂ ਵਿੱਚ ਪਾਣੀ ਭਰਨਾ ਸ਼ੁਰੂ ਹੋ ਗਿਆ ਹੈ ਜਿਸ ਨਾਲ ਸੈਂਕੜੇ ਏਕੜ ਫਸਲ ਤਬਾਹ ਹੋਣ ਦਾ ਖਦਸ਼ਾ ਪੈਦਾ ਹੋ ਗਿਆ ਹੈ। ਇਸ ਦੌਰਾਨ ਪ੍ਰਸ਼ਾਸਨ ਵੱਲੋਂ ਲਗਾਤਾਰ ਸਥਿਤੀ ਉੱਤੇ ਨਜ਼ਰ ਰੱਖੀ ਨਾਲ ਨਾਲ ਪੁਖਤਾ ਪ੍ਰਬੰਧ ਕੀਤੇ ਜਾ ਰਹੇ ਹਨ। ਭਾਖੜਾ ਮੇਨ ਲਾਈਨ ਦੀ ਆਰ ਡੀ 460 ਜੋ ਘੱਗਰ ਦਰਿਆ ਨਹਿਰ ਹੇਠੋਂ ਲੰਘਦਾ ਹੈ ਦੇ ਪੁਲ ਥੱਲੇ ਫਸੀ ਬੂਟੀ ਨੂੰ ਕੱਢਣ ਦਾ ਸਿਲਸਿਲਾ ਲਗਾਤਾਰ ਜਾਰੀ ਹੈ। ਜਾਣਕਾਰੀ ਅਨੁਸਾਰ ਪਿੰਡ ਹਰਚੰਦਪੁਰਾ ਪੁਰਾ ਨੇੜੇ ਘੱਗਰ ਦਰਿਆ ਦੇ ਪਾਣੀ ਨੂੰ ਰੋਕਣ ਲਈ ਲੋਕਾਂ ਵੱਲੋਂ ਬਣਾਏ ਆਰਜ਼ੀ ਬੰਨ੍ਹ ਵਿਚ ਪਾੜ ਪੈਣ ਤੇ ਘੱਗਰ ਦੇ ਉਛਲ ਜਾਣ ਕਰਕੇ ਦੋ/ਢਾਈ ਸੌ ਏਕੜ ਫਸਲ ਡੁੱਬ ਚੁੱਕੀ ਹੈ। ਹੋਰ ਰਕਬੇ ਨੂੰ ਘੱਗਰ ਦਾ ਪਾਣੀ ਆਪਣੀ ਲਪੇਟ ਵਿਚ ਲੈ ਰਿਹਾ ਹੈ। ਪਿੰਡਾਂ ਦੇ ਲੋਕ ਫਸਲਾਂ ਨੂੰ ਹੜ੍ਹਾਂ ਤੋਂ ਬਚਾਉਣ ਲਈ ਲਗਾਤਾਰ ਘੱਗਰ ਦਰਿਆ ਦੇ ਕਮਜ਼ੋਰ ਹੋਏ ਕਿਨਾਰਿਆਂ ਨੂੰ ਆਪਣੇ ਤੌਰ 'ਤੇ ਮਜਬੂਤ ਕਰ ਰਹੇ ਹਨ। ਪਿੰਡ ਹਰਚੰਦਪੁਰਾ, ਬਾਦਸ਼ਾਹਪੁਰ ਅਤੇ ਸ਼ੁਤਰਾਣਾ ਨੇੜੇ ਘੱਗਰ ਦਰਿਆ ਵਿਚ ਨਾਜ਼ੁਕ ਥਾਵਾਂ ਨੂੰ ਮਜ਼ਬੂਤ ਕਰਨ ਲਈ ਪ੍ਰਸ਼ਸ਼ਾਸਨ ਵੱਲੋਂ ਖਾਲੀ ਥੈਲੇ ਲੋਕਾਂ ਨੂੰ ਮੁਹੱਈਆ ਕਰਵਾਏ ਜਾਣ ਤੇ ਘੱਗਰ ਦੇ ਬੰਨਿਆਂ ਉਤੇ ਦਿਨ ਰਾਤ ਪਹਿਰਾ ਦੇ ਰਹੇ ਹਨ । ਪਿੰਡ ਹਰਚੰਦਪੁਰਾ ਦੇ ਕੁਲਵਿੰਦਰ ਸਿੰਘ, ਜਰਨੈਲ ਸਿੰਘ, ਤਲਵਿੰਦਰ ਸਿੰਘ, ਸੁਖਦੇਵ ਸਿੰਘ ਜਸਵਿੰਦਰ ਸਿੰਘ ਨੇ ਦੱਸਿਆ ਕਿ ਕੈਪਟਨ ਸਰਕਾਰ ਵੇਲੇ ਮਹੰਤਾਂ ਦੀ ਜ਼ਮੀਨ ਦੇ ਨਾਲ ਲੱਗਦੇ ਘੱਗਰ ਦੇ ਪਾਣੀ ਲੋਕਾਂ ਨੂੰ ਬਚਾਉਣ ਲਈ ਗੁਰਦਿਆਲਪੁਰਾ ਬੀੜ ਤੋਂ ਲੈ ਕੇ ਹਰਚੰਦਪੁਰ ਸੜਕ ਤੱਕ ਬੰਨ੍ਹ ਦੀ ਯੋਜਨਾ ਤਿਆਰ ਕਰਕੇ ਕੁਝ ਹਿੱਸੇ ਵਿੱਚ ਬੰਨ੍ਹ ਬਣਾ ਦਿੱਤਾ ਸੀ ਪਰ ਬਰਸਾਤ ਹੋ ਜਾਣ ਕਾਰਨ ਰੋਕ ਦਿੱਤਾ ਗਿਆ ਸੀ। ਉਸ ਤੋਂ ਬਾਅਦ ਕਿਸੇ ਨੇ ਇਸ ਬੰਨ੍ਹ ਦੀ ਸਾਰ ਨਹੀਂ ਲਈ। ਹੁਣ ਜਦੋਂ ਇਸ ਨੂੰ ਲੋਕਾਂ ਵੱਲੋਂ ਮਜ਼ਬੂਤ ਕੀਤਾ ਜਾ ਰਿਹਾ ਸੀ ਤਾਂ ਇਸ ਵਿੱਚ ਅਚਾਨਕ ਪਾੜ ਪੈ ਗਿਆ। ਦੂਜੇ ਪਾਸੇ ਬਰਸਾਤੀ ਪਾਣੀ ਦੀ ਨਿਕਾਸੀ ਲਈ ਬਣਾਈ ਮੋਮੀਆਂ ਡਰੇਨ ਇਕ ਸਮਾਨ ਲਈ ਸਿਰਦਰਦੀ ਬਣ ਗਈ ਹੈ। ਪਿੰਡ ਰਸੋਲੀ ਨੇੜੇ ਫਸਲ ਪਾਣੀ ਵਿੱਚ ਡੁੱਬ ਗਈ ਹੈ। ਇਸ ਤੋਂ ਇਲਾਵਾ ਹਰਿਆਣਾ ਦੀ ਮੁਸਤਫਾਪੁਰ ਝੀਲ ਤੋਂ ਆਉਣ ਵਾਲਾ ਪਾੜਾ ਪੰਜਾਬ ਹਰਿਆਣਾ ਹੱਦ ਨਾਲ ਲੱਗਦੇ ਹਰਿਆਣਾ ਦੇ ਪਿੰਡ ਖਰਕਾਂ ਕੋਲੋਂ ਉਛਲ ਗਿਆ ਹੈ। ਹਰਿਆਣਾ ਦੇ ਕੁਝ ਇਲਾਕੇ ਵਿੱਚ ਤਬਾਹੀ ਕਰਨ ਮਗਰੋਂ ਨਿਕਲਿਆ ਸਾਰਾ ਪਾਣੀ ਹੱਦ ਦੇ ਨਾਲ ਲੱਗਦੇ ਪੰਜਾਬ ਦੇ ਡੇਰਾ ਜਹਾਂਗੀਰ, ਪਲਾਸੌਰ, ਗੁਰਦਿੱਤਪੁਰਾ, ਕਰੀਮ ਨਗਰ ਅਤੇ ਸਾਗਰਾ ਦੇ ਖੇਤਾਂ ਵਿੱਚ ਫੈਲਣਾ ਸ਼ੁਰੂ ਹੋ ਗਿਆ ਹੈ ਜਿਸ ਕਰਕੇ ਸੈਂਕੜੇ ਏਕੜ ਫਸਲ ਵਿੱਚ ਪਾਣੀ ਭਰ ਗਿਆ। ਕਿਸਾਨ ਰਣਧੀਰ ਸਿੰਘ ਸਾਗਰਾ, ਮਾਲਕ ਸਿੰਘ, ਸਰਬਜੀਤ ਸਿੰਘ, ਮਾ. ਗੁਰਦੇਵ ਸਿੰਘ, ਮਲਕੀਤ ਸਿੰਘ, ਸੁਖਦੇਵ ਸਿੰਘ, ਬਾਜ ਸਿੰਘ ਤੇ ਹਰਦੀਪ ਸਿੰਘ ਨੇ ਦੱਸਿਆ ਕਿ ਹਰਿਆਣਾ ਦੀ ਤਰਫੋਂ ਪਾਣੀ ਉਨ੍ਹਾਂ ਲਈ ਤਬਾਹੀ ਦਾ ਕਾਰਨ ਬਣਿਆ ਹੈ। ਇਸ ਦੌਰਾਨ ਆਮ ਆਦਮੀ ਪਾਰਟੀ ਦੇ ਆਗੂ ਕੁਲਦੀਪ ਸਿੰਘ ਬਿੰਦ ਨੇ ਕਿਹਾ ਕਿ ਹਰਿਆਣਾ ਸਰਕਾਰ ਵੱਲੋਂ ਪੁਖਤਾ ਪ੍ਰਬੰਧ ਨਾ ਕੀਤੇ ਜਾਣਾ ਲਈ ਸਿਰਦਰਦੀ ਬਣ ਚੁੱਕਾ ਹੈ। ਉਨ੍ਹਾਂ ਦੋਸ਼ ਲਗਾਇਆ ਕਿ ਹਰਿਆਣਾ ਵੱਲੋਂ ਬੂਟੀ ਕੱਢ ਕੇ ਦੂਜੇ ਪਾਸੇ ਮੁੜ ਪਾੜੇ ਵਿਚ ਹੀ ਸੁੱਟੀ ਜਾ ਰਹੀ ਹੈ ਜਿਸ ਕਰਕੇ ਤਬਾਹੀ ਹੋਰ ਵੀ ਵਧ ਸਕਦੀ ਹੈ।

# ਪੰਜਾਬ ਸਰਕਾਰ ਹੜ੍ਹਾਂ 'ਚ ਲੋਕਾਂ ਦੀ ਹਰ ਸੰਭਵ ਸਹਾਇਤਾ ਲਈ ਪੂਰੀ ਤਰ੍ਹਾਂ ਤਿਆਰ : ਵਿਧਾਇਕ ਬੁੱਧ ਰਾਮ



**ਬੁਢਲਾਡਾ,( ਅਸ਼ੋਕ ਲਾਕੜਾ)**:ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਨਾਲ ਹੜ੍ਹਾਂ ਦੀ ਕੁਦਰਤੀ ਆਫ਼ਤ ਵਿਚ ਹਰ ਕਿਸਮ ਦੀ ਸਹਾਇਤਾ ਲਈ ਯਤਨਸ਼ੀਲ ਹੈ। ਸਰਕਾਰ ਦੇ ਨੁਮਾਇੰਦੇ, ਮੰਤਰੀ ਅਤੇ ਅਧਿਕਾਰੀ ਇਸ ਘੜੀ ਵਿਚ ਲੋਕਾਂ ਕੋਲ ਜਾ ਕੇ ਹਾਲਾਤ ਦਾ ਜਾਇਜ਼ਾ ਲੈ ਰਹੇ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਵਿਧਾਇਕ ਬੁਢਲਾਡਾ ਅਤੇ ਕਾਰਜਕਾਰੀ ਪ੍ਰਧਾਨ ਪੰਜਾਬ ਪ੍ਰਿੰਸੀਪਲ ਬੁੱਧ ਰਾਮ ਨੇ ਚਾਂਦਪੁਰਾ ਬੰਨ੍ਹ ਤੇ ਘੱਗਰ ਦਰਿਆ ਦੇ ਪਾਣੀ ਦਾ ਜਾਇਜ਼ਾ ਲੈਣ ਮੌਕੇ ਕੀਤਾ। ਉਨ੍ਹਾਂ ਇਸ ਮੌਕੇ ਹਾਜ਼ਰ ਪ੍ਰਸ਼ਾਸਨਿਕ ਅਧਿਕਾਰੀਆਂ ਦੀ ਟੀਮ ਨੂੰ ਆਦੇਸ਼ ਦਿੰਦਿਆਂ ਕਿਹਾ ਕਿ ਇਸ ਔਖੀ ਕੁਦਰਤੀ ਆਫ਼ਤ ਦੀ ਘੜੀ ਵਿੱਚ ਕਿਸੇ ਕਿਸਮ ਦੀ ਕੁਤਾਹੀ ਨਾ ਵਰਤੀ ਜਾਵੇ, ਪੂਰੀ ਜ਼ਿੰਮੇਵਾਰੀ ਤੇ ਤਨਦੇਹੀ ਨਾਲ ਲੋਕਾਂ ਨੂੰ ਪੇਸ਼ ਆਉਣ ਵਾਲੀ ਸਮੱਸਿਆ ਨਾਲ ਨਿਪਟਣ ਦੇ ਅਗਾਊਂ ਲੋੜੀਂਦੇ ਪ੍ਰਬੰਧ ਤਿਆਰ ਰੱਖੇ ਜਾਣ। ਵਿਧਾਇਕ ਬੁੱਧ ਰਾਮ ਨੇ ਦੱਸਿਆ ਕਿ ਭਾਵੇਂ ਘੱਗਰ ਦਰਿਆ 'ਤੇ ਲੱਗਿਆ ਚਾਂਦਪੁਰਾ ਬੰਨ੍ਹ (ਹਰਿਆਣਾ) 'ਚ ਹੈ ਪਰ ਇਸ ਦੇ ਟੁੱਟਣ ਕਾਰਨ ਜ਼ਿਆਦਾ ਨੁਕਸਾਨ ਪੰਜਾਬ ਦੇ ਪਿੰਡਾਂ ਦਾ ਹੁੰਦਾ ਹੈ। ਇਸ ਕਰਕੇ ਇਸ ਬੰਨ੍ਹ 'ਤੇ ਇੰਤਜ਼ਾਮ ਪੰਜਾਬ ਸਰਕਾਰ ਵੱਲੋਂ ਜ਼ਿਲ੍ਹਾ ਮਾਨਸਾ ਦੇ ਪ੍ਰਸ਼ਾਸਨ ਦੀ ਨਿਗਰਾਨੀ ਹੇਠ ਸਬ-ਡਵੀਜ਼ਨ ਬੁਢਲਾਡਾ ਦੇ ਅਧਿਕਾਰੀਆਂ ਵੱਲੋਂ ਹੀ ਗਏ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਪੂਰੀ ਸਥਿਤੀ 'ਤੇ ਨਿਗਰਾਨੀ ਰੱਖ ਰਹੇ ਹਨ ਅਤੇ ਜ਼ਿਲ੍ਹਾ ਪ੍ਰਸ਼ਾਸਨ ਪੂਰੀ ਚੌਕਸੀ ਤਹਿਤ ਲੋਕਾਂ ਦੀ ਸੇਵਾ ਲਈ ਮੁਸਤੈਦ ਹੈ। ਇਸ ਮੌਕੇ ਐਸ.ਡੀ.ਐਮ. ਬੁਢਲਾਡਾ ਪ੍ਰਮੋਦ ਸਿੰਗਲਾ, ਡੀ.ਐਸ.ਪੀ. ਬੁਢਲਾਡਾ ਪ੍ਰਿਤਪਾਲ ਸਿੰਘ, ਥਾਣਾ ਬਰੇਟਾ ਮੁਖੀ ਬੂਟਾ ਸਿੰਘ, ਭੁਪਿੰਦਰ ਸਿੰਘ ਚੌਕੀ ਇੰਚਾਰਜ ਕੁੱਲਰੀਆਂ, ਡਰੇਨੇਜ ਵਿਭਾਗ ਦੇ ਐਕਸੀਅਨ ਅਤੇ ਐਸ.ਡੀ.ਓ, ਸੁਖਵਿੰਦਰ ਸਿੰਘ ਬਲਾਕ ਵਿਕਾਸ ਤੇ ਪੰਚਾਇਤ ਅਫਸਰ ਤੋਂ ਇਲਾਵਾ ਸਰਪੰਚ ਰਾਜਵੀਰ ਸਿੰਘ ਕੁੱਲਰੀਆਂ, ਆੜ੍ਹਤੀਆ ਐਸੋਸੀਏਸ਼ਨ ਬਰੇਟਾ ਦੇ ਪ੍ਰਧਾਨ ਕੇਵਲ ਸ਼ਰਮਾ, ਚਮਕੌਰ ਸਿੰਘ ਖੁਡਾਲ ਚੇਅਰਮੈਨ ਮਾਰਕੀਟ ਕਮੇਟੀ ਬਰੇਟਾ ਅਤੇ ਆਮ ਆਦਮੀ ਪਾਰਟੀ ਦੇ ਵਰਕਰ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

# ਪਰਵਾਰ ਨਿਯੋਜਨ ਬਣ ਸਕਦਾ ਹੈ ਖੁਸ਼ੀਆਂ ਦਾ ਵਿਕਲਪ : ਡਾ. ਕੁਲਤਾਰ ਸਿੰਘ




**ਮੁਕਤਸਰ (ਸ਼ਮਿੰਦਰਪਾਲ /ਪੂਜਾ )**- ਸਿਹਤ ਮੰਤਰੀ ਪੰਜਾਬ ਡਾ. ਬਲਬੀਰ ਸਿੰਘ ਅਤੇ ਸਿਵਲ ਸਰਜਨ ਸ੍ਰੀ ਮੁਕਤਸਰ ਸਾਹਿਬ ਡਾ. ਪ੍ਰਭਜੀਤ ਸਿੰਘ ਅਤੇ ਸੀਨੀਅਰ ਮੈਡੀਕਲ ਅਫਸਰ ਡਾ. ਕੁਲਤਾਰ ਸਿੰਘ ਦੀ ਅਗਵਾਈ ਹੇਠ ਬਲਾਕ ਚੱਕ ਸ਼ੇਰੇ ਵਾਲਾ ਵਿਖੇ ਵੱਖ-ਵੱਖ ਸਿਹਤ ਕੇਂਦਰਾਂ ਅਤੇ ਪਿੰਡਾਂ ਵਿਖੇ ਵਿਸ਼ਵ ਅਬਾਦੀ ਦਿਵਸ ਮੌਕੇ ਜਾਗਰੂਕਤਾ ਸੈਮੀਨਾਰ ਤੇ ਕੈਂਪ ਲਗਾਏ ਗਏ। ਐਸ.ਐਮ.ਓ ਕੁਲਤਾਰ ਸਿੰਘ ਨੇ ਦਸਿਆ ਕਿ ਲਗਾਤਾਰ ਵਧਦੀ ਅਬਾਦੀ ਵਿਕਾਸ ਵਿੱਚ ਰੁਕਾਵਟ ਹੈ। ਅਬਾਦੀ ਵਾਧੇ ਕਾਰਨ ਗਰੀਬੀ, ਭੁੱਖਮਰੀ, ਅਨਪੜ੍ਹਤਾ, ਬੇਰੁਜ਼ਗਾਰੀ ਵੀ ਲਗਾਤਾਰ ਵਧ ਰਹੀ ਹੈ, ਇਸ ਲਈ ਇਸ ਵੱਲ ਧਿਆਨ ਦੇਣਾ ਬਹੁਤ ਜ਼ਰੂਰੀ ਹੈ। ਵਿਸ਼ਵ ਜਨਸੰਖਿਆ ਦਿਵਸ ਮਨਾਉਣ ਦਾ ਮੁੱਖ ਮੰਤਵ ਲੋਕਾਂ ਨੂੰ ਵਧਦੀ ਅਬਾਦੀ ਦੇ ਮਾੜੇ ਪ੍ਰਭਾਵਾਂ ਅਤੇ ਇਸ ਨਾਲ ਸੰਬੰਧਤ ਸਾਰੇ ਮੁੱਦਿਆਂ ਤੋਂ ਜਾਣੂ ਕਰਵਾਉਣਾ ਹੈ। ਬੀ.ਈ.ਈ ਮਨਬੀਰ ਸਿੰਘ ਨੇ ਦੱਸਿਆ ਕਿ ਵਿਸ਼ਵ ਅਬਾਦੀ ਦਿਵਸ ਹਰ ਸਾਲ 11 ਜੁਲਾਈ ਨੂੰ ਮਨਾਇਆ ਜਾਂਦਾ ਹੈ। ਇਸ ਵਾਰ 31ਵਾਂ ਵਿਸ਼ਵ ਅਬਾਦੀ ਦਿਵਸ ਮਨਾਇਆ ਜਾ ਰਿਹਾ ਹੈ। ਇਸ ਸਾਲ ਵਿਸ਼ਵ ਜਨਸੰਖਿਆ ਦਿਵਸ 2023 ਦਾ ਥੀਮ ਹੈ 'ਇੱਕ ਅਜਿਹੀ ਦੁਨੀਆ ਦੀ ਕਲਪਨਾ ਕਰੋ ਜਿੱਥੇ ਸਾਡੇ ਸਾਰੇ 8 ਬਿਲੀਅਨ ਲੋਕਾਂ ਦਾ ਭਵਿੱਖ, ਵਾਅਦੇ ਅਤੇ ਸੰਭਾਵਨਾਵਾਂ ਨਾਲ ਭਰਪੂਰ ਹੋਵੇ।' ਉਹਨਾਂ ਕਿਹਾ ਕਿ ਸਿਹਤ ਵਿਭਾਗ ਵੱਲੋਂ 27 ਜੂਨ ਤੋਂ 24 ਜੁਲਾਈ ਤੱਕ ਲੋਕਾਂ ਨੂੰ ਪਰਵਾਰ ਨਿਯੋਜਨ ਦੇ ਸਾਧਨਾਂ ਬਾਰੇ ਜਾਗਰੂਕ ਕਰਨ ਅਤੇ ਸਥਾਈ ਸਾਧਨਾਂ ਦੇ ਕੈਂਪ ਲਗਾਏ ਜਾਂਦੇ ਹਨ। ਹੋਮਿਓਪੈਥੀ ਮੈਡੀਕਲ ਅਫਸਰ ਡਾ. ਅਮਨਪ੍ਰੀਤ ਕੌਰ ਨੇ ਦੱਸਿਆ ਕਿ ਵਿਭਾਗ ਵੱਲੋਂ ਇਸ ਵਾਰ ਇਕ ਸਲੋਗਨ ਵੀ ਜਾਰੀ ਕੀਤਾ ਗਿਆ ਹੈ "ਅਜ਼ਾਦੀ ਦੇ ਅੰਮ੍ਰਿਤ ਮਹੋਤਸਵ ਵਿਚ ਅਸੀਂ ਲਈਏ ਇਹ ਸੰਕਲਪ, ਪਰਵਾਰ ਨਿਯੋਜਨ ਨੂੰ ਬਣਾਵਾਂਗੇ, ਖੁਸ਼ੀਆਂ ਦਾ ਵਿਕਲਪ।" ਫੀਲਡ ਸਟਾਫ ਵੱਲੋਂ ਅੱਜ ਦੇ ਮੌਕੇ ਵੱਖ-ਵੱਖ ਪ੍ਰੋਗਰਾਮ ਆਯੋਜਿਤ ਕੀਤੇ ਗਏ ਹਨ। ਜਿਸ ਵਿੱਚ ਅਬਾਦੀ ਨਿਯੰਤਰਣ ਦੇ ਉਪਾਵਾਂ ਦੀ ਗੱਲ ਕੀਤੀ ਗਈ ਹੈ। ਜਿਸ ਵਿੱਚ ਗਰੀਬੀ, ਜੱਚਾ-ਬੱਚਾ ਦੀ ਸਿਹਤ, ਲਿੰਗ ਸਮਾਨਤਾ, ਪਰਵਾਰ ਨਿਯੋਜਨ, ਮਨੁੱਖੀ ਅਧਿਕਾਰ, ਸੁਰੱਖਿਅਤ ਸੈਕਸ ਲਈ ਗਰਭ ਨਿਰੋਧਕ ਦਵਾਈਆਂ ਦੀ ਵਰਤੋਂ ਵਰਗੀਆਂ ਸਮੱਸਿਆਵਾਂ ਬਾਰੇ ਲੋਕਾਂ ਨਾਲ ਚਰਚਾ ਕੀਤੀ ਗਈ। ਇਸ ਮੌਕੇ ਐਸ ਆਈ ਪਰਮਜੀਤ ਸਿੰਘ, ਸੀ ਐਚ ਓ ਹਰਵਿੰਦਰ ਕੌਰ, ਮ.ਪ.ਹ.ਵ ਮਨਜੀਤ ਸਿੰਘ, ਅਮਨਦੀਪ ਕੌਰ, ਵੱਖ-ਵੱਖ ਸਿਹਤ ਕੇਂਦਰਾਂ 'ਤੇ ਨਿਯੁਕਤ ਸਮੂਹ ਮਲਟੀਪਰਪਜ਼ ਹੈਲਥ ਸੁਪਰਵਾਈਜ਼ਰ (ਮੇਲ ਤੇ ਫੀਮੇਲ), ਮਲਟੀਪਰਪਜ਼ ਹੈਲਥ ਵਰਕਰ (ਮੇਲ ਤੇ ਫੀਮੇਲ), ਸਮੂਹ ਸੀ ਐਚ ਓ ਅਤੇ ਪਿੰਡ ਵਾਸੀ ਮੌਜੂਦ ਸਨ।

# ਸੂਬਾ ਸਰਕਾਰ ਲੋਕਾਂ ਨੂੰ ਹੜ੍ਹਾਂ ਤੋਂ ਬਚਾਉਣ ਲਈ ਵਚਨਬੱਧ : ਵਿਧਾਇਕ ਕਾਕਾ ਬਰਾੜ



**ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ /ਪੂਜਾ)**-ਆਮ ਆਦਮੀ ਪਾਰਟੀ ਦੇ ਸੂਬਾ ਮੀਤ ਪ੍ਰਧਾਨ ਅਤੇ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਵੱਲੋਂ ਲਗਾਤਾਰ ਤੀਜੇ ਦਿਨ ਹਲਕੇ ਦੇ ਪਿੰਡ ਮਾਨ ਸਿੰਘ ਵਾਲਾ, ਡੋਹਕ, ਸੀਰਵਾਲੀ, ਕਾਨਿਆਂਵਾਲੀ ਦੇ ਮੁੱਖ ਸੇਮ ਨਾਲੀਆਂ 'ਤੇ ਜਾ ਕੇ ਜਿੱਥੇ ਸਮੱਸਿਆ ਤੋਂ ਜਾਣੂ ਹੋਏ ਉੱਥੇ ਹੀ ਕਿਸਾਨਾਂ ਨਾਲ ਗੱਲਬਾਤ ਕਰਕੇ ਹਰ ਸੰਭਵ ਸਹਿਯੋਗ ਦਾ ਭਰੋਸਾ ਦੁਆਇਆ। ਇਸ ਮੌਕੇ ਡਰੇਨ ਵਿਭਾਗ ਦੇ ਅਧਿਕਾਰੀ ਵੀ ਹਾਜ਼ਰ ਸਨ। ਇਸ ਮੌਕੇ ਆਪਣੇ ਸੰਬੋਧਨ ਵਿੱਚ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਨੇ ਲਗਾਤਾਰ ਪੈ ਰਹੇ ਮੀਂਹ ਕਾਰਨ ਪਿੰਡ ਵਾਸੀਆਂ ਨੂੰ ਚੌਕਸ ਰਹਿਣ ਦੀ ਅਪੀਲ ਕਰਦਿਆਂ ਆਖਿਆ ਕਿ ਘਬਰਾਉਣ ਦੀ ਲੋੜ ਨਹੀਂ ਕਿਉਂਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਲੋਕਾਂ ਨੂੰ ਹੜ੍ਹਾਂ ਤੋਂ ਬਚਾਉਣ ਲਈ ਵਚਨਬੱਧ ਹੈ। ਹੜ੍ਹ ਵਰਗੀ ਸਥਿਤੀ ਨਾਲ ਨਜਿੱਠਣ ਲਈ ਪ੍ਰਸ਼ਾਸਨ ਵੱਲੋਂ ਪਹਿਲਾਂ ਹੀ ਸਾਰੇ ਲੋੜੀਂਦੇ ਪ੍ਰਬੰਧ ਕੀਤੇ ਜਾ ਚੁੱਕੇ ਹਨ। ਉਨ੍ਹਾਂ ਕਿਸਾਨਾਂ ਤੇ ਆਮ ਲੋਕਾਂ ਨੂੰ ਭਰੋਸਾ ਦੁਆਇਆ ਕਿ ਉਨ੍ਹਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਉਨ੍ਹਾਂ ਤੁਰੰਤ ਅਧਿਕਾਰੀਆਂ ਨੂੰ ਮੁਦਈ ਡਰੇਨ ਤੇ ਪੱਕਾ ਡਾਇਵਰਸ਼ਨ ਡਰੇਨ ਦਾ ਕੰਮ ਸ਼ੁਰੂ ਕਰਨ ਨੂੰ ਆਖਿਆ ਅਤੇ ਤਾੜਨਾ ਕਰਦਿਆਂ ਸਖ਼ਤ ਚੇਤਾਵਨੀ ਦਿੱਤੀ ਕਿ ਜੇਕਰ ਜਲਦ ਕੰਮ ਨਾਲ ਸ਼ੁਰੂ ਕਰਵਾਇਆ ਤਾਂ ਸੰਬੰਧਤ ਅਧਿਕਾਰੀਆਂ ਖਿਲਾਫ ਕਾਰਵਾਈ ਕੀਤੀ ਜਾਵੇਗੀ। ਇਸ ਮੌਕੇ ਮਾਰਕਿਟ ਕਮੇਟੀ ਮੁਕਤਸਰ ਚੇਅਰਮੈਨ ਸੁਰਜੀਤ ਸਿੰਘ ਸੰਧੂ ਲੁਬਾਣਿਆਂਵਾਲੀ, ਬਲਾਕ ਪ੍ਰਧਾਨ ਰਾਜਿੰਦਰ ਸਿੰਘ ਬਰਾੜ, ਜਲੌਰ ਸਿੰਘ, ਮੇਜਰ ਸਿੰਘ, ਧਰਮ ਸਿੰਘ ਚੌਹਾਨ, ਧਰਮਿੰਦਰ ਸਿੰਘ, ਮਨਪ੍ਰੀਤ ਸਿੰਘ, ਸੁਖਮੰਦਰ ਸਿੰਘ, ਡਾ. ਸੁਖਚੈਨ ਸਿੰਘ, ਗੁਰਪਿਆਰ ਸਿੰਘ, ਸਰਪੰਚ ਰਮਨਦੀਪ ਸਿੰਘ, ਸਤਿੰਦਰ ਸਿੰਘ ਭੁੱਲਰ ਆਦਿ ਵੱਡੀ ਗਿਣਤੀ 'ਚ ਕਿਸਾਨ ਤੇ ਆਮ ਲੋਕ ਹਾਜ਼ਰ ਸਨ।

## ਸਿਹਤ ਵਿਭਾਗ ਨੇ ਐਂਟੀ ਡੇਂਗੂ ਜਾਗਰੂਕਤਾ ਕੈਂਪ ਲਗਾਇਆ

**ਸਮਰਾਲਾ, (ਸੁਰਜੀਤ ਸਿੰਘ)** ਸਥਾਨਕ ਸਿਵਲ ਹਸਪਤਾਲ ਵਿਖੇ ਸੀਨੀਅਰ ਮੈਡੀਕਲ ਅਫਸਰ ਡਾ. ਤਾਰਕਜੋਤ ਸਿੰਘ ਦੀ ਅਗਵਾਈ ਹੇਠ ਐਂਟੀ ਡੇਂਗੂ ਜਾਗਰੂਕਤਾ ਕੈਂਪ ਲਗਾਇਆ ਗਿਆ। ਸੀਨੀਅਰ ਮੈਡੀਕਲ ਅਫਸਰ ਡਾ. ਤਾਰਕਜੋਤ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਜੁਲਾਈ ਮਹੀਨੇ ਨੂੰ ਐਂਟੀ ਡੇਂਗੂ ਮਹੀਨੇ ਵਜੋਂ ਮਨਾਇਆ ਜਾ ਰਿਹਾ ਹੈ । ਡੇਂਗੂ ਮਾਦਾ ਏਡੀਜ ਨਾਂਅ ਦੇ ਮੱਛਰ ਦੇ ਕੱਟਣ ਨਾਲ ਫੈਲਦਾ ਹੈ ਇਹ ਮੱਛਰ ਸਾਫ ਖੜ੍ਹੇ ਪਾਣੀ ਵਿਚ ਪੈਦਾ ਹੁੰਦੇ ਹਨ ਅਤੇ ਦਿਨ ਵੇਲੇ ਕੱਟਦੇ ਹਨ। ਡੇਂਗੂ ਦੇ ਮੁੱਖ ਲੱਛਣ ਮਰੀਜ਼ ਨੂੰ ਤੇਜ਼ ਬੁਖਾਰ ਅਤੇ ਸਿਰਦਰਦ, ਜੋੜਾਂ 'ਚ ਦਰਦ, ਚਮੜੀ 'ਤੇ ਦਾਣੇ, ਅੱਖਾਂ ਦੇ ਪਿਛਲੇ ਹਿੱਸੇ ਵਿੱਚ ਦਰਦ, ਮਸੂੜਿਆਂ ਅਤੇ ਨੱਕ ਵਿੱਚੋਂ ਖੂਨ ਦਾ ਵਗਣਾ ਆਦਿ ਹਨ। ਬੁਖਾਰ ਉਤਰਨ 'ਤੇ ਕਮਜ਼ੋਰੀ ਮਹਿਸੂਸ ਹੁੰਦੀ ਹੈ। ਬੁਖਾਰ ਹੋਣ ਦੀ ਸੂਰਤ ਵਿੱਚ ਆਪਣੇ ਖੂਨ ਦੀ ਜਾਂਚ ਕਰਵਾਉਣੀ ਚਾਹੀਦੀ ਹੈ ਅਤੇ ਇਹ ਜਾਂਚ ਤੇ ਇਸ ਦਾ ਇਲਾਜ ਸਾਰੇ ਸਰਕਾਰੀ ਹਸਪਤਾਲਾਂ ਵਿੱਚ ਬਿਲਕੁਲ ਮੁਫਤ ਕੀਤਾ ਜਾਂਦਾ ਹੈ। ਡੇਂਗੂ ਤਹਿਤ ਸ਼ਹਿਰ ਦੇ ਵਿਦਿਅਕ ਸੰਸਥਾਵਾਂ, ਫੈਕਟਰੀਆਂ, ਮੁਹੱਲਿਆਂ ਵਿੱਚ ਜਾਗਰੂਕਤਾ ਕੈਂਪ ਲਗਾਏ ਜਾ ਰਹੇ ਹਨ । ਇਸ ਮੌਕੇ ਪ੍ਰਦੀਪ ਕੁਮਾਰ ਮਲਟੀਪਰਪਜ਼ ਹੈਲਥ ਵਰਕਰ ਨੇ ਸ਼ਹਿਰ ਦੀਆਂ ਫੈਕਟਰੀਆਂ ਵਿੱਚ ਐਂਟੀ ਡੇਂਗੂ ਜਾਗਰੂਕਤਾ ਕੈਂਪ ਲਗਾਏ। ਇਸ ਮੌਕੇ ਡਾਕਟਰ ਲਖਵਿੰਦਰ ਸਿੰਘ, ਡਾਕਟਰ ਸੰਦੀਪ ਮਾਨਵ, ਡਾਕਟਰ ਕਰਨਵੀਰ ਸਿੰਘ, ਡਾਕਟਰ ਪ੍ਰਭਜੋਤ ਸਿੰਘ, ਨਰਸਿੰਗ ਸਿਸਟਰ ਅਪਵਿੰਦਰ ਕੌਰ, ਬਲਦੀਸ਼ ਕੌਰ ਮ ਪ ਹ ਵ (ਫੀਮੇਲ), ਜੋਤੀ ਫਾਰਮੇਸੀ ਅਫਸਰ, ਸਿਵਲ ਹਸਪਤਾਲ ਸਮਰਾਲਾ ਦਾ ਸਮੂਹ ਸਟਾਫ ਹਾਜ਼ਰ ਸਨ।

# ਮਹਾਨ ਸਿੱਖ ਜਰਨੈਲ ਜੱਸਾ ਸਿੰਘ ਰਾਮਗੜ੍ਹੀਆ ਦੇ 300 ਸਾਲਾ ਜਨਮ ਦਿਵਸ ਮਨਾਉਣ ਸੰਬੰਧੀ ਇਕੱਤਰਤਾ



**ਮਹਿਲ ਕਲਾਂ, (ਬਲਵਿੰਦਰ ਵਜੀਦਕੇ,ਪ੍ਰਦੀਪ ਲੋਹਗੜ੍ਹ )**-ਅਕਾਲ ਜਥੇਬੰਦੀ ਪੰਜਾਬ ਦੀ ਜ਼ਿਲਾ ਪੱਧਰੀ ਮੀਟਿੰਗ ਜ਼ਿਲਾ ਪ੍ਰਧਾਨ ਮੰਗਲ ਸਿੰਘ, ਹਲਕਾ ਮਹਿਲ ਕਲਾਂ ਦੇ ਪ੍ਰਧਾਨ ਮੁਕੰਦ ਸਿੰਘ ਰਾਮਗੜ੍ਹੀਆ, ਅਮਨਦੀਪ ਸਿੰਘ ਬਰਨਾਲਾ ਦੀ ਪ੍ਰਧਾਨਗੀ ਹੇਠ ਇਥੇ ਹੋਈ । ਇਸ ਮੌਕੇ ਜਥੇਬੰਦੀ ਦੇ ਆਗੂਆਂ ਨੇ ਦੱਸਿਆ ਕਿ ਸ: ਜੱਸਾ ਸਿੰਘ ਰਾਮਗੜ੍ਹੀਆ ਦੇ 300 ਸਾਲਾ ਜਨਮ ਦਿਵਸ 'ਤੇ ਵਿਸ਼ਾਲ ਖੂਨਦਾਨ ਕੈਂਪ ਲਗਾਉਣ ਦੀ ਚੱਲ ਰਹੀ ਮੁਹਿੰਮ ਤਹਿਤ 5 ਅਗਸਤ ਨੂੰ ਸ਼ਹਿਰ ਫਿਰੋਜ਼ਪੁਰ ਵਿਖੇ ਵਿਸ਼ਾਲ ਖੂਨਦਾਨ ਕੈਂਪ ਲਗਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਭਰ 'ਚ ਹਰੇਕ ਜ਼ਿਲ੍ਹੇ ਵਿੱਚ ਹਰ ਮਹੀਨੇ ਦੀ 5 ਤਰੀਖ ਨੂੰ ਸਰਦਾਰ ਜੱਸਾ ਸਿੰਘ ਰਾਮਗੜ੍ਹੀਆ ਦੇ ਜਨਮ ਦਿਹਾੜੇ ਨੂੰ ਸਮਰਪਿਤ ਖੂਨਦਾਨ ਕੈਂਪ ਲਗਾਉਣ ਦੀ ਮੁਹਿੰਮ ਨੂੰ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਉਨ੍ਹਾਂ ਦੱਸਿਆ ਕਿਹਾ ਕਿ ਰਾਮਗੜ੍ਹੀਆ ਅਕਾਲ ਜਥੇਬੰਦੀ ਵੱਲੋਂ ਰਾਮਗੜ੍ਹੀਆ ਪਰਵਾਰਾਂ ਵਿੱਚੋਂ ਉਚ ਅਹੁਦਿਆ ਉਪਰ ਬਿਰਾਜਮਾਨ ਵੀਰਾਂ ਤੇ ਭੈਣਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕਰਨ ਤੋਂ ਇਲਾਵਾ ਜਥੇਬੰਦੀ ਨੂੰ ਹੋਰ ਮਜ਼ਬੂਤ ਕਰਨ ਹਿੱਤ ਹਰੇਕ ਜ਼ਿਲ੍ਹੇ ਵਿੱਚ ਮੈਂਬਰਸ਼ਿਪ ਫਾਰਮ ਭਰੇ ਜਾ ਰਹੇ ਹਨ। ਆਗੂਆਂ ਕਿਹਾ ਕਿ ਰਾਮਗੜ੍ਹੀਆ ਅਕਾਲ ਜਥੇਬੰਦੀ ਕੌਮੀ ਕਨਵੀਨਰ ਹਰਜੀਤ ਸਿੰਘ ਰਾਮਗੜ੍ਹੀਆ, ਸੂਬਾ ਪ੍ਰਧਾਨ ਜਗਜੀਤ ਸਿੰਘ ਸੱਗੂ ਦੀ ਗਤੀਸ਼ੀਲ ਅਗਵਾਈ ਹੇਠ ਸ਼ਾਨਾਮੱਤੀਆਂ ਪ੍ਰਾਪਤੀਆਂ ਕਰਦਿਆਂ ਦਿਨੋ ਦਿਨ ਹੋਰ ਮਜ਼ਬੂਤ ਹੋ ਰਹੀ ਹੈ। ਇਸ ਮੌਕੇ ਜਰਨੈਲ ਸਿੰਘ ਮਠਾੜੂ, ਨਰਿੰਦਰ ਸਿੰਘ ਸੋਹਲ, ਬਾਬਾ ਬੁੱਧ ਸਿੰਘ ਕਲਸੀ, ਭਰਪੂਰ ਸਿੰਘ ਜਗਦੇ, ਸੁਖਵਿੰਦਰ ਸਿੰਘ ਧਨੌਲਾ, ਰਣਜੀਤ ਸਿੰਘ ਧੌਲਾ, ਪਰਮਜੀਤ ਸਿੰਘ ਆਦਿ ਨੇ ਵੀ ਵਿਚਾਰ ਰੱਖੇ।

13July-PAGE-11-Majha-23.qxd 7/12/2023 10:36 PM Page 1



# ਚੇਅਰਮੈਨ ਬਹਿਲ ਨੇ ਸ਼ਿਕਾਇਤ ਮਿਲਦਿਆਂ ਹੀ ਸੀਵਰੇਜ ਦਾ ਕੰਮ ਚਾਲੂ ਕਰਵਾਇਆ



ਗੁਰਦਾਸਪੁਰ (ਜਨਕ ਮਹਾਜਨ)-ਗੁਰਦਾਸਪੁਰ ਸ਼ਹਿਰ ਦੇ ਮੁਹੱਲਾ ਆਦਰਸ਼ ਨਗਰ ਮੰਡੀ ਵਿਖੇ ਬਾਰਿਸ਼ ਦੌਰਾਨ ਸੀਵਰੇਜ ਦਾ ਪਾਣੀ ਘਰਾਂ ਵਿੱਚ ਵੜਨ ਕਾਰਨ ਇਸ ਮੁਹੱਲੇ ਦੀਆਂ ਮਹਿਲਾਵਾਂ ਨੇ ਤੁਰੰਤ ਆਪਣੀ ਸਮੱਸਿਆ ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ ਨੂੰ ਦੇ ਧਿਆਨ ਵਿੱਚ ਲਿਆਂਦੀ। ਰਮਨ ਬਹਿਲ ਨੇ ਤੁਰੰਤ ਐਕਸ਼ਨ ਲੈਂਦਿਆਂ ਸੀਵਰੇਜ ਬੋਰਡ ਨਾਲ ਸਬੰਧਿਤ ਐਕਸੀਅਨ ਅਤੇ ਐਸਡੀਓ ਨੂੰ ਹਦਾਇਤਾਂ ਦੇ ਕੇ ਇਸ ਮੁਹੱਲੇ ਅੰਦਰ ਸੀਵਰੇਜ ਦੀ ਸਮੱਸਿਆ ਦਾ ਹੱਲ ਕਰਨ ਲਈ ਕਾਰਵਾਈ ਸ਼ੁਰੂ ਕਰਵਾ ਦਿੱਤੀ ਹੈ।

ਇਸਦੇ ਚੱਲਦਿਆਂ ਸੀਵਰੇਜ ਬੋਰਡ ਦੇ ਮੁਲਾਜ਼ਮਾਂ ਨੇ ਅੱਜ ਹੀ ਇਸ ਮੁਹੱਲੇ ਵਿੱਚ ਬਲਾਕ ਹੁੰਦੇ ਸੀਵਰੇਜ ਦੀ ਸਮੱਸਿਆ ਦੇ ਪੱਕੇ ਹੱਲ ਲਈ ਬਲਾਕ ਹੋਏ ਪਾਇਪ ਨੂੰ ਪੁੱਟ ਕੇ ਉਨ੍ਹਾਂ ਦੇ ਜਗ੍ਹਾ ਨਵੇਂ ਪਾਇਪ ਪਾਉਣੇ ਸ਼ੁਰੂ ਕਰ ਦਿੱਤੇ ਹਨ। ਇਸ ਮੁਹੱਲੇ ਅੰਦਰ ਆਮ ਆਦਮੀ ਪਾਰਟੀ ਦੇ ਵਲੰਟੀਅਰਾਂ ਅਤੇ ਮੁਹੱਲਾ ਵਾਸੀਆਂ ਭਾਰਤੀ ਸ਼ਰਮਾ, ਮੁਕੇਸ਼ ਸਾਵਲ ਅਤੇ ਐਸ. ਐਨ. ਵਾਲੀਆ ਨੇ ਦੱਸਿਆ ਕਿ ਮੁਹੱਲਾ ਆਦਰਸ਼ ਨਗਰ ਵਿੱਚ ਅਕਸਰ ਸੀਵਰੇਜ ਬਲਾਕ ਰਹਿੰਦਾ ਹੈ ਅਤੇ ਬਾਰਿਸ਼ ਦੌਰਾਨ ਇੱਥੇ ਸਥਿਤੀ ਇੰਨ੍ਹੀ ਬਦਤਰ ਹੋ ਗਈ ਸੀ ਕਿ ਉਨ੍ਹਾਂ ਦੇ ਘਰਾਂ ਵਿੱਚ ਸੀਵਰੇਜ ਦਾ ਪਾਣੀ ਪਹੁੰਚ ਗਿਆ। ਇੱਥੋਂ ਤੱਕ ਕਿ ਪੀਣ ਵਾਲਾ ਪਾਣੀ ਵੀ ਦੂਸ਼ਿਤ ਹੋਣ ਲੱਗ ਪਿਆ ਅਤੇ ਘਰਾਂ ਵਿੱਚ ਗੰਦਗੀ ਫੈਲ ਗਈ ਸੀ। ਇਸ ਸਮੱਸਿਆ ਸਬੰਧੀ ਚੇਅਰਮੈਨ ਰਮਨ ਬਹਿਲ ਨੂੰ ਜਾਣੂੰ ਕਰਵਾਇਆ ਜਿਸ ਦੇ ਬਾਅਦ ਉਨ੍ਹਾਂ ਨੇ ਇਸ ਵੱਡੀ ਸਮੱਸਿਆ ਨੂੰ ਗੰਭੀਰਤਾ ਨਾਲ ਲੈਂਦੇ ਹੋਏ ਤੁਰੰਤ ਸੀਵਰੇਜ ਬੋਰਡ ਦੇ ਐਕਸੀਅਨ ਅਤੇ ਐਸਡੀਓ ਨੂੰ ਹਦਾਇਤ ਕੀਤੀ ਕਿ ਇਸ ਮੁਹੱਲੇ ਵਿੱਚ ਇਸ ਸਮੱਸਿਆ ਦੇ ਪੱਕੇ ਹੱਲ ਲਈ ਕਾਰਵਾਈ ਕੀਤੀ ਜਾਵੇ।

ਗੱਲਬਾਤ ਕਰਦਿਆਂ ਚੇਅਰਮੈਨ ਰਮਨ ਬਹਿਲ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੀ ਹਰੇਕ ਸਮੱਸਿਆ ਦੇ ਹੱਲ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਇਸ ਮੌਕੇ ਪੂਰੇ ਪੰਜਾਬ ਅੰਦਰ ਪਾਣੀ ਨੇ ਵੱਡਾ ਨੁਕਸਾਨ ਪਹੁੰਚਾਇਆ ਹੈ ਪਰ ਇਸਦੇ ਬਾਵਜੂਦ ਪੰਜਾਬ ਸਰਕਾਰ, ਪੰਜਾਬ ਸਰਕਾਰ ਦਾ ਸਮੁੱਚਾ ਪ੍ਰਸ਼ਾਸਨ ਅਤੇ ਆਮ ਆਦਮੀ ਦੇ ਵਲੰਟੀਅਰ ਆਮ ਲੋਕਾਂ ਦੀ ਮਦਦ ਦੇ ਨਾਲ ਪੀੜਤ ਲੋਕਾਂ ਨੂੰ ਰਾਹਤ ਦਵਾਉਣ ਲਈ ਕੰਮ ਕਰ ਰਹੇ ਹਨ।

# ਪਿਸਤੌਲ ਦੀ ਨੋਕ 'ਤੇ 4 ਅਣਪਛਾਤੇ ਵਿਅਕਤੀ ਗੱਡੀ ਖੋਹ ਕੇ ਫ਼ਰਾਰ

ਗੁਰਦਾਸਪੁਰ, (ਜਨਕ ਮਹਾਜਨ)-ਗੁਰਦਾਸਪੁਰ ਤੋਂ ਕਲਾਨੌਰ ਸੜਕ 'ਤੇ ਪੈਂਦੇ ਪ੍ਰਿੰਸ ਰਿਜ਼ੋਰਟ ਤੋਂ 100 ਮੀਟਰ ਅੱਗੇ ਚਾਰ ਨਾਮਲੂਮ ਲੁਟੇਰਿਆਂ ਵਲੋਂ ਪਿਸਤੌਲ ਦੀ ਨੋਕ 'ਤੇ ਗੱਡੀ ਖੋਹਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਪੁਲਸ ਨੂੰ ਦਿੱਤੀ ਸ਼ਿਕਾਇਤ ਵਿਚ ਪੀੜਤ ਜਸਵੰਤ ਸਿੰਘ ਪੁੱਤਰ ਗਿਆਨ ਸਿੰਘ ਵਾਸੀ ਜੌੜਾ ਛਿੱਤਰਾ ਨੇ ਦੱਸਿਆ ਕਿ ਉਹ ਆਪਣੀ ਪਤਨੀ ਨਾਲ ਗੱਡੀ ਨੰਬਰੀ ਪੀਬੀ 06 ਏ.ਜੀ. 4033 ਮਾਰਕਾ ਵਰਨਾ ਰੰਗ ਚਿੱਟਾ 'ਤੇ ਸਵਾਰ ਹੋ ਕੇ ਗੁਰਦਾਸਪੁਰ ਤੋਂ ਆਪਣੇ ਪਿੰਡ ਜੌੜਾ ਛੱਤਰਾਂ ਜਾ ਰਿਹਾ ਸੀ ਕਿ ਪ੍ਰਿੰਸ ਰਿਜ਼ੋਰਟ ਤੋਂ ਕਰੀਬ 100 ਮੀਟਰ ਅੱਗੇ ਸੜਕ ਦੇ ਕਿਨਾਰੇ ਇੱਕ ਆਦਮੀ ਛੱਤਰੀਆਂ ਵੇਚ ਰਿਹਾ ਸੀ। ਜਦ ਅਸੀਂ ਗੱਡੀ ਰੋਕ ਕੇ ਛੱਤਰੀਆਂ ਖਰੀਦ ਕੇ ਗੱਡੀ ਵਿੱਚ ਬੈਠਣ ਲੱਗੇ ਤਾਂ ਸੜਕ ਦੇ ਸੱਜੇ ਪਾਸੇ ਖੜੇ ਦੋ ਅਣਪਛਾਤੇ ਵਿਅਕਤੀਆਂ ਵਿਚੋਂ ਇੱਕ ਵਿਅਕਤੀ ਨੇ ਮੇਰੀ ਬਾਂਹ ਫੜ ਕੇ ਚਾਬੀ ਖੋਹਣ ਦੀ ਕੋਸ਼ਿਸ਼ ਕੀਤੀ। ਇਸ ਸਭ ਕੁਝ ਦੇਖ ਕੇ ਮੇਰੀ ਪਤਨੀ ਵਲੋਂ ਵਿਰੋਧ ਕਰਨ 'ਤੇ ਦੂਸਰੇ ਵਿਅਕਤੀ ਨੇ ਆ ਕੇ ਆਪਣੀ ਡੱਬ ਵਿਚੋਂ ਪਿਸਟਲ ਕੱਢ ਕੇ ਮੇਰੀ ਕੰਨਪਟੀ 'ਤੇ ਰੱਖ ਕੇ ਚਾਬੀ ਖੋਹ ਲਈ। ਕਰੀਬ 50 ਗਜ਼ ਅੱਗੇ ਜਾ ਕੇ ਦੋ ਹੋਰ ਨੌਜਵਾਨ ਗੱਡੀ ਵਿੱਚ ਬਿਠਾ ਲਏ ਤੇ ਗੱਡੀ ਜੌੜਾ ਛੱਤਰਾਂ ਸਾਇਡ ਨੂੰ ਲੈ ਗਏ। ਇਸ ਘਟਨਾ ਦੀ ਜਾਂਚ ਪੜਤਾਲ ਕਰ ਰਹੇ ਥਾਣਾ ਸਿਟੀ ਗੁਰਦਾਸਪੁਰ ਦੇ ਏਐਸਆਈ ਹਰਮਿੰਦਰ ਸਿੰਘ ਨੇ ਪੁਲਸ ਪਾਰਟੀ ਸਮੇਤ ਮੌਕੇ 'ਤੇ ਪਹੁੰਚ ਕੇ ਘਟਨਾ ਵਾਲੀ ਥਾਂ ਦਾ ਜਾਇਜ਼ਾ ਲਿਆ। ਉਨ੍ਹਾਂ ਨਜ਼ਦੀਕੀ ਲੋਕਾਂ ਪਾਸੋਂ ਇਸ ਘਟਨਾ ਸੰਬੰਧੀ ਜਾਣਕਾਰੀ ਹਾਸਲ ਕੀਤੀ।

ਪੁਲਸ ਨੇ ਪੀੜਤ ਦੇ ਬਿਆਨਾਂ ਦੇ ਆਧਾਰ 'ਤੇ ਕਾਰਵਾਈ ਕਰਦਿਆਂ 4 ਅਣਪਛਾਤੇ ਵਿਅਕਤੀਆਂ ਖ਼ਿਲਾਫ਼ ਜੁਰਮ 379 ਬੀ, 34 ਤੇ ਆਰਮਜ਼ ਐਕਟ ਅਧੀਨ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ। ਵਾਰਦਾਤ ਵਾਲੀ ਜਗ੍ਹਾ 'ਤੇ ਇੱਕ ਮੋਟਰਸਾਇਕਲ ਸਪਲੈਂਡਰ ਨੰਬਰੀ ਪੀਬੀ 02 ਏ.ਪੀ.1077 ਪੁਲਸ ਵਲੋਂ ਬਰਾਮਦ ਕੀਤਾ ਗਿਆ ਹੈ।

# ਪੰਜ-ਪੰਜ ਮਰਲੇ ਦੇ ਪਲਾਟਾਂ ਦੇ ਪੈਸੇ ਲੈ ਕੇ ਪਲਾਟ ਨਾ ਦੇਣ ਸੰਬੰਧੀ ਡੀ ਸੀ ਨੂੰ ਕੀਤੀ ਸ਼ਿਕਾਇਤ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਵੱਲੋਂ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਯੂਥ ਵਿੰਗ ਦੇ ਸੂਬਾ ਆਗੂ ਮੇਜਰ ਸਿੰਘ ਕੋਟ ਟੋਡਰ ਮੱਲ ਦੀ ਅਗਵਾਈ ਹੇਠ ਜ਼ਿਲ੍ਹਾ ਗੁਰਦਾਸਪੁਰ ਡਿਪਟੀ ਕਮਿਸ਼ਨਰ ਦੇ ਨਾਮ ਐਸਡੀਐਮ ਅਮਨਦੀਪ ਕੌਰ ਘੁੰਮਣ ਨੂੰ ਪੇਂਡੂ ਮਜ਼ਦੂਰ ਯੂਨੀਅਨ ਦੇ ਵਫਦ ਨੇ ਮੰਗ ਪੱਤਰ ਦਿੱਤਾ। ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਮੇਜਰ ਸਿੰਘ ਕੋਟ ਟੋਡਰ ਮੱਲ ਨੇ ਦੱਸਿਆ ਕੇ ਬਲਾਕ ਕਾਦੀਆਂ ਦੇ ਪਿੰਡ ਮੋਕਲ ਵਿੱਚ ਉਨ੍ਹਾਂ ਨੂੰ ਪੰਜ ਪੰਜ ਮਰਲੇ ਦੇ ਪਲਾਟ ਦਿੱਤੇ ਜਿਨ੍ਹਾਂ ਨੇ ਵੱਧ ਤੋਂ ਵੱਧ ਪੈਸੇ ਪੰਚਾਇਤ ਨੂੰ ਦਿੱਤੇ। ਕਾਰਜ ਸਿੰਘ ਪੁੱਤਰ ਅਜੀਤ ਸਿੰਘ ਭਰਾ ਬਿੰਦਰ ਸਿੰਘ ਦੋਵਾਂ ਭਰਾਵਾਂ ਦੇ ਪਰਿਵਾਰ ਕੋਲ ਇੱਕ ਮਰਲਾ ਜਗ੍ਹਾ ਦਾ ਨਹੀਂ।

ਕਿਸੇ ਦੀ ਖੇਤ ਵਾਲੀ ਮੋਟਰ 'ਤੇ ਦੋਵੇਂ ਪਰਿਵਾਰ ਰਹਿੰਦੇ ਹਨ। ਪਹਿਲਾਂ ਇਸ ਪਰਿਵਾਰ ਨੂੰ ਪੰਜ-ਪੰਜ ਮਰਲੇ ਦੇ ਰਿਹਾਇਸ਼ੀ ਪਲਾਟ ਦੇ ਦਿੱਤੇ। ਕਬਜ਼ਾ ਵੀ ਕਰਵਾ ਦਿੱਤਾ। ਗਰੀਬ ਪਰਿਵਾਰਾਂ ਨੇ ਨੀਹਾਂ ਵੀ ਭਰ ਲਈਆਂ ਅਤੇ ਸਬਮਰਸੀਬਲ ਮੋਟਰ ਦਾ ਬੋਰ ਵੀ ਕਰਵਾ ਲਿਆ ਸੀ। ਫਿਰ ਉਨ੍ਹਾਂ ਦਾ ਪਲਾਟ ਖਾਲੀ ਕਰਵਾ ਦਿੱਤਾ। ਪੰਜਾਬ ਸਰਕਾਰ ਵੱਲੋਂ ਬੇਘਰੇ ਲੋੜਵੰਦਾਂ ਨੂੰ ਪੰਜ-ਪੰਜ ਮਰਲੇ ਦੇ ਰਿਹਾਇਸ਼ੀ ਪਲਾਟ ਲਈ 2021 ਪਿੰਡ ਦੀ ਪੰਚਾਇਤ ਮੌਜੂਦਾ ਸਰਪੰਚ, ਪੰਚਾਇਤ ਮੈਂਬਰ ਅਤੇ ਚੌਕੀਦਾਰ ਨੇ ਪਿੰਡ ਮੋਕਲ ਦੇ ਲੋੜਵੰਦ ਬੇਜ਼ਮੀਨੇ ਪਰਿਵਾਰਾਂ ਕੋਲੋਂ ਪੈਸੇ ਇਹ ਕਹਿ ਕੇ ਲਏ ਸੀ ਕਿ ਅਸੀਂ ਉਪਰਲੇ ਅਧਿਕਾਰੀ ਨੂੰ ਫਾਇਲ ਖਰਚਾ ਦੇਣਾ ਹੈ ਅਤੇ ਅਸੀਂ ਤੁਹਾਨੂੰ ਪੰਜ ਪੰਜ ਮਰਲੇ ਦੇ ਰਿਹਾਇਸ਼ੀ ਪਲਾਟ ਲੈ ਕੇ ਦੇਵਾਂਗੇ।



ਪਿੰਡ ਵਿੱਚ ਜਿਨ੍ਹਾਂ ਨੇ ਉਕਤ ਵਿਅਕਤੀਆਂ ਨੂੰ ਵੱਧ ਪੈਸੇ ਦਿੱਤੇ ਉਨ੍ਹਾਂ ਨੂੰ ਪੰਜ ਪੰਜ ਮਰਲੇ ਦੇ ਪਲਾਟ ਦੇ ਦਿੱਤੇ ਗਏ ਹਨ ਜਦਕਿ ਜਿਹੜੇ ਗਰੀਬ ਲੋੜਵੰਦ ਬੇਘਰੇ ਪਰਿਵਾਰ ਹਨ, ਉਨ੍ਹਾਂ ਨੂੰ ਨਹੀਂ ਮਿਲਿਆ। ਇਸ ਲਈ ਅਸੀਂ ਪੰਜਾਬ ਸਰਕਾਰ ਤੋਂ ਮੰਗ ਕਰਦੇ ਹਾਂ ਕਿ ਉਕਤ ਵਿਅਕਤੀਆਂ ਖਿਲਾਫ ਬਣਦੀ ਕਾਰਵਾਈ ਕੀਤੀ ਜਾਵੇ ਅਤੇ ਲੋੜਵੰਦ ਬੇਘਰੇ ਪਰਿਵਾਰਾਂ ਨੂੰ ਪੰਜ-ਪੰਜ ਮਰਲੇ ਦੇ ਪਲਾਟ ਦਿੱਤੇ ਜਾਣ।

ਐਸਡੀਐਮ ਅਮਨਦੀਪ ਕੌਰ ਘੁੰਮਣ ਨੇ ਭਰੋਸਾ ਦਿੱਤਾ ਕਿ ਭ੍ਰਿਸ਼ਟਾਚਾਰ ਕਰਨ ਵਾਲਿਆਂ ਖਿਲਾਫ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਇਸ ਮੌਕੇ ਦਲਬੀਰ ਸਿੰਘ ਮੋਕਲ, ਕਾਰਜ ਸਿੰਘ, ਗੁਰਪ੍ਰੀਤ ਸਿੰਘ, ਸਰਬਜੀਤ ਸਿੰਘ, ਕੁਲਵਿੰਦਰ ਕੌਰ, ਰਾਜਬੀਰ ਕੌਰ, ਰੁਪਿੰਦਰ ਕੌਰ, ਨਿਰਮਲ ਸਿੰਘ, ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਜ਼ਿਲ੍ਹਾ ਆਗੂ ਸੱਜਣ ਸਿੰਘ ਰਾਊਵਾਲ, ਉਸਾਰੀ ਮਿਸਤਰੀ ਮਜ਼ਦੂਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਸੁਖਦੇਵ ਸਿੰਘ ਬਹਿਰਾਮਪੁਰ, ਅਮਨਦੀਪ ਸਿੰਘ ਕੋਟ ਟੋਡਰ ਮੱਲ ਮੌਕੇ 'ਤੇ ਹਾਜ਼ਰ ਸਨ।

# ਤੰਬਾਕੂਨੋਸ਼ੀ ਕਰਨ ਵਾਲਿਆਂ ਦੇ ਚਲਾਨ ਕੱਟੇ



ਬਟਾਲਾ (ਮਲਵਿੰਦਰ ਸਿੰਘ)-ਡਿਪਟੀ ਕਮਿਸ਼ਨਰ ਗੁਰਦਾਸਪੁਰ ਦੀਆਂ ਹਦਾਇਤਾਂ ਤੇ ਸਿਵਲ ਸਰਜਨ ਗੁਰਦਾਸਪੁਰ ਡਾ. ਹਰਭਜਨ ਰਾਮ ਮਾਂਡੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸੀਨੀਅਰ ਮੈਡੀਕਲ ਅਫਸਰ ਡਾਕਟਰ ਲਖਵਿੰਦਰ ਸਿੰਘ ਪ੍ਰਾਇਮਰੀ ਹੈਲਥ ਸੈਂਟਰ ਭੁੱਲਰ ਦੀ ਰਹਿਨੁਮਾਈ ਹੇਠ ਸ੍. ਤਰਸੇਮ ਸਿੰਘ "ਗਿੱਲ" ਤੇ ਸਿਹਤ ਕਰਮਚਾਰੀਆਂ ਵੱਲੋਂ ਬਟਾਲਾ ਸਹਿਰ ਦੇ ਆਲੇ - ਦੁਆਲੇ ਦੇ ਏਰੀਏ ਤੇ ਨਾਲ ਲਗਦੇ ਪਿੰਡਾਂ ਵਿੱਚ ਬਿਨਾਂ ਲੇਵਲ ਤੇ ਖੁੱਲੀਆਂ ਸਿਗਰਟਾਂ ਵੇਚਣ ਵਾਲੇ ਦੁਕਾਨਦਾਰਾਂ ਦੇ ਅਤੇ ਤੰਬਾਕੂਨੋਸੀ ਕਰਨ ਵਾਲਿਆਂ ਵਿਅਕਤੀਆਂ ਦੇ 23 ਚਲਾਨ ਕੱਟੇ ਗਏ ਤੇ ਮੌਕੇ ਤੇ ਹੀ ਇਹਨਾਂ ਸਾਰਿਆਂ ਕੋਲੋ 1200 ਰੁਪਏ ਦਾ ਜੁਰਮਾਨਾ ਵਸੂਲ ਕੀਤਾ ਗਿਆ ਇਹਨਾਂ ਦੁਕਾਨਦਾਰਾਂ ਨੂੰ ਅਜਿਹਾ ਨਾਂ ਕਰਨ ਦੀਆਂ ਸਰਕਾਰ ਵੱਲੋਂ ਸਖ਼ਤ ਹਦਾਇਤਾਂ ਜਾਰੀ ਕੀਤੀਆਂ ਗਈਆਂ ਇਸ ਮੌਕੇ ਤਰਸੇਮ ਸਿੰਘ " ਗਿੱਲ" ਹੈਲਥ ਇੰਸਪੈਕਟਰ, ਲਖਬੀਰ ਸਿੰਘ ਐਚ. ਆਈ, ਕਾਬਲ ਸਿੰਘ , ਜਗਮੋਹਨ ਸਿੰਘ ਤੇ ਹੋਰ ਸਿਹਤ ਕਰਮਚਾਰੀ ਹਾਜ਼ਰ ਸਨ

# ਦਰਿਆ 'ਚ ਫਸੇ ਪਰਿਵਾਰਾਂ ਨੂੰ ਸੁਰੱਖਿਅਤ ਬਾਹਰ ਕੱਢਣ ਲਈ ਖੁਦ ਕਿਸ਼ਤੀ ਰਾਹੀਂ ਪਹੁੰਚੇ ਕੈਬਨਿਟ ਮੰਤਰੀ ਭੁੱਲਰ

**ਪੱਟੀ (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)**-ਪਿਛਲੇ ਦੋ ਤਿੰਨ ਦਿਨਾਂ ਤੋਂ ਨਿਰੰਤਰ ਪੱਟੀ ਹਲਕੇ ਦੇ ਲੋਕਾਂ ਦੀ ਸੇਵਾ ਵਿੱਚ ਲੱਗੇ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਪਿੰਡ ਗੁਦਾਈਕੇ ਦੇ ਗੁਰਦੁਆਰਾ ਸਾਹਿਬ ਵਿੱਚ ਪਾਣੀ ਵੜਨ ਤੇ ਖੁਦ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਸਰੂਪ ਆਪਣੇ ਸਿਰ 'ਤੇ ਚੁੱਕ ਕੇ ਸੁਰੱਖਿਅਤ ਥਾਂ 'ਤੇ ਪਹੁੰਚਾਏ ਜਿਸਦੀ ਹਰ ਪਾਸੇ ਸ਼ਲਾਘਾ ਹੋ ਰਹੀ ਹੈ। ਇਸ ਤੋਂ ਇਲਾਵਾ ਭੁੱਲਰ ਕਿਸ਼ਤੀ ਵਿੱਚ ਸਵਾਰ ਹੋ ਕੇ ਪਾਣੀ ਵਿੱਚ ਫਸੇ ਪਰਿਵਾਰਾਂ ਨੂੰ ਬਾਹਰ ਕੱਢਣ ਲਈ ਉਨ੍ਹਾਂ ਤੱਕ ਪਹੁੰਚੇ ਅਤੇ ਪਿੰਡ ਘੜੁੰਮ ਤੇ ਬਸਤੀ ਲਾਲ ਸਿੰਘ ਦੇ 6 ਪਰਿਵਾਰਾਂ ਨੂੰ ਸੁਰੱਖਿਅਤ ਬਾਹਰ ਕੱਢਿਆ। ਲਾਲਜੀਤ ਸਿੰਘ ਭੁੱਲਰ ਪਾਣੀ ਦੀ ਭਿਆਨਕ ਮਾਰ ਹੇਠ ਆਏ ਦਰਿਆ ਸਤਲੁਜ ਦੇ ਨੀਵੇਂ ਇਲਾਕਿਆਂ ਵਿੱਚ ਲੋਕਾਂ ਨੂੰ ਸੁਰੱਖਿਅਤ ਥਾਵਾਂ 'ਤੇ ਪਹੁੰਚਾਉਣ ਲਈ ਆਪ ਰਾਹਤ ਕਾਰਜਾਂ ਦੀ ਨਿਗਰਾਨੀ ਕਰ ਰਹੇ ਹਨ। ਕੈਬਨਿਟ ਮੰਤਰੀ ਭੁੱਲਰ ਜ਼ਿਲ੍ਹਾ ਤਰਨ ਤਾਰਨ ਦੇ ਡਿਪਟੀ ਕਮਿਸ਼ਨਰ ਬਲਦੀਪ ਕੌਰ ਤੇ ਐੱਸਐੱਸਪੀ ਗੁਰਮੀਤ ਸਿੰਘ ਚੌਹਾਨ ਨਾਲ ਦੇਰ ਰਾਤ ਤੋਂ ਹੀ ਹਰੀਕੇ ਹੈੱਡਵਰਕਸ ਅਤੇ ਧੁੱਸੀ ਬੰਨ੍ਹ ਦਾ ਦੌਰਾ ਕਰਕੇ ਲਗਾਤਾਰ ਪਾਣੀ ਦੇ ਪੱਧਰ ਦਾ ਜਾਇਜ਼ਾ ਲੈ ਰਹੇ ਹਨ ਅਤੇ ਹੜ੍ਹ ਪ੍ਰਭਾਵਿਤ ਪਿੰਡਾਂ ਦਾ ਦੌਰਾ ਕਰ ਰਹੇ ਹਨ। ਇਸ ਤੋਂ ਪਹਿਲਾਂ ਸਵੇਰੇ ਧੁੱਸੀ ਬੰਨ੍ਹ ਨੂੰ ਢਾਹ ਲੱਗਣ ਦਾ ਪਤਾ ਲੱਗਣ ਤੇ ਤੁਰੰਤ ਲਾਲਜੀਤ ਸਿੰਘ ਭੁੱਲਰ ਮੌਕੇ ਤੇ ਪਹੁੰਚੇ ਅਤੇ ਅਧਿਕਾਰੀਆਂ ਨੂੰ ਰਾਹਤ ਕਾਰਜਾਂ ਵਿੱਚ ਤੇਜ਼ੀ ਲਿਆਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਲੋਕਾਂ ਦੇ ਸਹਿਯੋਗ ਸਕਦਾ ਇਹ ਬੰਨ੍ਹ ਟੁੱਟਣ ਤੋਂ ਬਚਾਇਆ ਗਿਆ।



ਇਸ ਮੌਕੇ ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਮੁਸ਼ਕਿਲ ਦੀ ਘੜੀ ਵਿੱਚ ਲੋਕਾਂ ਦੀ ਜਾਨ ਤੇ ਮਾਲ ਦੀ ਰਾਖੀ ਲਈ ਵਚਨਬੱਧ ਹੈ। ਡਿਪਟੀ ਕਮਿਸ਼ਨਰ ਬਲਦੀਪ ਕੌਰ ਨੇ ਕਿਹਾ ਕਿ ਲੋਕਾਂ ਨੂੰ ਮੁਸ਼ਕਿਲ ਦੀ ਇਸ ਘੜੀ ਵਿੱਚੋਂ ਬਾਹਰ ਕੱਢਣ ਲਈ ਜ਼ਿਲ੍ਹਾ ਪ੍ਰਸ਼ਾਸਨ ਦ੍ਰਿੜ੍ਹ ਸੰਕਲਪ ਹੈ ਅਤੇ ਪਾਣੀ ਦੀ ਮਾਰ ਹੇਠ ਆਏ ਪਿੰਡਾਂ ਦੇ ਲੋਕਾਂ ਨੂੰ ਰਾਹਤ ਪਹੁੰਚਾਉਣ ਲਈ ਲਗਾਤਾਰ ਯਤਨਸ਼ੀਲ ਹੈ। ਉਨ੍ਹਾਂ ਕਿਹਾ ਲੋਕਾਂ ਦੇ ਠਹਿਰਣ ਲਈ 7 ਰਾਹਤ ਕੈਂਪ ਬਣਾਏ ਗਏ ਹਨ, ਜਿੱਥੇ ਉਨ੍ਹਾਂ ਨੂੰ ਲੋੜੀਂਦੀਆਂ ਸੁਵਿਧਾਵਾਂ ਪਹੁੰਚਾਈਆਂ ਜਾ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਰਾਹਤ ਕੈਂਪਾਂ ਵਿੱਚ ਲੋਕਾਂ ਲਈ ਖਾਣ-ਪੀਣ ਅਤੇ ਦਵਾਈਆਂ ਆਦਿ ਉਪਲੱਬਧ ਹਨ ਅਤੇ ਡਾਕਟਰੀ ਸਹਾਇਤਾ ਲਈ ਮੈਡੀਕਲ ਟੀਮਾਂ ਦੀ ਡਿਊਟੀ ਲਗਾਈ ਗਈ ਹੈ। ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਪਿੰਡ ਕੋਟ ਬੁੱਢਾ, ਮੁੱਠਿਆਂਵਾਲਾ, ਸੀਤੋ ਮਹਿ ਝੁੱਗੀਆਂ, ਰਾਧਲਕੇ, ਭੰਗਾਲਾ, ਤੂਤ, ਝੁੱਗੀਆਂ ਪੀਰ ਬਖ਼ਸ਼, ਰਾਮ ਸਿੰਘ ਵਾਲਾ, ਝੁੱਗੀਆਂ ਨੱਥਾ ਸਿੰਘ ਅਤੇ ਝੁੱਗੀਆਂ ਨੂਰ ਮੁਹੰਮਦ, ਡੂਮਨੀ ਵਾਲਾ, ਜਲੋਕੇ, ਭਾਓ ਵਾਲ, ਭੋਜੋਕੇ, ਬੱਲੜ ਕੇ, ਰਸੂਲਪੁਰ, ਤਲਵੰਡੀ ਮੋਹਰ ਸਿੰਘ, ਕਿਲ੍ਹਾ ਪਤੀ, ਬੰਗਲਾ ਰਾਏ ਆਦਿ ਪਿੰਡਾਂ ਦਾ ਦੌਰਾ ਕਰ ਚੁੱਕੇ ਹਨ, ਜਿੱਥੇ ਉਨ੍ਹਾਂ ਲੋਕਾਂ ਦੀਆਂ ਮੁਸ਼ਕਿਲਾਂ ਸੁਣੀਆਂ ਅਤੇ ਅਧਿਕਾਰੀਆਂ ਨੂੰ ਜ਼ਰੂਰੀ ਦਿਸ਼ਾ-ਨਿਰਦੇਸ਼ ਦਿੱਤੇ। ਇਸ ਮੌਕੇ ਐਸਐਸਪੀ ਗੁਰਮੀਤ ਸਿੰਘ ਚੌਹਾਨ, ਡੀਐਸਪੀ ਸਤਨਾਮ ਸਿੰਘ, ਦਿਲਬਾਗ ਸਿੰਘ ਚੇਅਰਮੈਨ, ਮੀਡੀਆ ਇੰਚਾਰਜ ਅਵਤਾਰ ਸਿੰਘ ਢਿੱਲੋਂ, ਗੁਰਨਾਮ ਸਿੰਘ ਬੱਬੀ ਬਾਠ ਸਰਪੰਚ ਬੂਹ ਹਵੇਲੀਆਂ, ਸਾਬਕਾ ਸਰਪੰਚ ਹਰਜਿੰਦਰ ਸਿੰਘ ਪਰਿਗੜ੍ਹੀ ਆਦਿ ਹਾਜ਼ਰ ਸਨ।

# ਜ਼ਿਲ੍ਹਾ ਗੁਰਦਾਸਪੁਰ ਦੇ 6 ਉੱਦਮੀਆਂ ਨੂੰ 'ਇਨ ਪ੍ਰਿੰਸੀਪਲ ਅਪਰੂਵਲ' ਸਰਟੀਫਿਕੇਟ ਜਾਰੀ



ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਪੰਜਾਬ ਸਰਕਾਰ ਵਲੋਂ ਉਦਯੋਗਾਂ ਨੂੰ ਰਾਹਤ ਦੇਣ ਲਈ ਕੀਤੇ ਜਾ ਰਹੇ ਉਪਰਾਲਿਆਂ ਤਹਿਤ ਡਿਪਟੀ ਕਮਿਸ਼ਨਰ ਗੁਰਦਾਸਪੁਰ ਡਾ. ਹਿਮਾਂਸ਼ੂ ਅਗਰਵਾਲ ਨੇ ਪੰਜਾਬ ਰਾਇਟ ਟੂ ਬਿਜ਼ਨਸ ਐਕਟ ਅਧੀਨ ਜ਼ਿਲ੍ਹੇ ਦੇ 6 ਉੱਦਮੀਆਂ ਚੀਮਾ ਐਗਰੋ ਫੂਡ ਕਲਾਨੌਰ, ਜਾਨਯਾ ਐਗਰੋ ਫੂਡ ਕਲਾਨੌਰ, ਬਾਲਾ ਜੀ ਰਾਈਸ ਮਿੱਲ ਕਲਾਨੌਰ, ਬਿਸ਼ਨ ਫੂਡ ਮੁਲੋਵਾਲੀ, ਸਤਨਾਮ ਰਾਈਸ ਮਿੱਲ ਮੁਲੋਵਾਲੀ ਅਤੇ ਐਸ.ਆਈ.ਡੀ. ਐਗਰੋ ਇੰਡਸਟਰੀ ਮੁਲੋਵਾਲੀ ਨੂੰ ਇਨ ਪ੍ਰਿੰਸੀਪਲ ਅਪਰੂਵਲ ਸਰਟੀਫਿਕੇਟ ਜਾਰੀ ਕੀਤੇ ਗਏ ਹਨ। ਇਸ ਮੌਕੇ ਜਨਰਲ ਮੈਨੇਜਰ ਜ਼ਿਲ੍ਹਾ ਉਦਯੋਗ ਕੇਂਦਰ, ਗੁਰਦਾਸਪੁਰ ਸੁਖਪਾਲ ਸਿੰਘ ਵੀ ਹਾਜ਼ਰ ਸਨ। ਇਸ ਮੌਕੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਪੰਜਾਬ ਰਾਇਟ ਟੂ ਬਿਜ਼ਨੈਸ ਐਕਟ ਦੀਆਂ ਵਿਸ਼ੇਸ਼ਤਾਵਾਂ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਰਾਜ ਅੰਦਰ ਉਦਯੋਗਿਕ ਨਿਵੇਸ਼ ਨੂੰ ਬੜ੍ਹਾਵਾ ਦੇਣ ਲਈ ਪੰਜਾਬ ਸਰਕਾਰ ਵਲੋਂ ਪੰਜਾਬ ਰਾਇਟ ਟੂ ਬਿਜ਼ਨਸ ਐਕਟ-2020 ਬਣਾਇਆ ਗਿਆ ਹੈ। ਉਨ੍ਹਾਂ ਦੱਸਿਆ ਕਿ ਉਪਰੋਕਤ 6 ਇਕਾਈਆਂ ਨੂੰ ਜ਼ਿਲ੍ਹੇ ਅੰਦਰ ਰਾਇਸ ਸ਼ੈਲਰ ਲਗਾਉਣ ਲਈ ਇਨ-ਪ੍ਰਿੰਸੀਪਲ ਅਪਰੂਵਲ ਦਿੱਤੀ ਗਈ ਹੈ। ਡਿਪਟੀ ਕਮਿਸ਼ਨਰ ਨੇ ਇਹ ਵੀ ਦੱਸਿਆ ਕਿ ਪੰਜਾਬ ਸਰਕਾਰ ਦੁਆਰਾ ਬਣਾਏ ਰਾਇਟ ਟੂ ਬਿਜ਼ਨੈਸ ਐਕਟ-2020 ਦੇ ਤਹਿਤ ਜੋ ਨਵੀਆਂ ਉਦਯੋਗਿਕ ਇਕਾਈਆਂ ਜ਼ਿਲ੍ਹੇ ਦੇ ਅਪਰੂਵਡ ਇੰਡਸਟਰੀਅਲ ਏਰੀਆ ਤੋਂ ਬਾਹਰ ਆਪਣੀ ਇਕਾਈ ਸਥਾਪਿਤ ਕਰਨਗੀਆਂ, ਉਨ੍ਹਾਂ ਨੂੰ 15 ਦਿਨ ਦੇ ਅੰਦਰ-ਅੰਦਰ ਅਤੇ ਜੋ ਉਦਯੋਗ ਅਪਰੂਵਡ ਇੰਡਸਟਰੀਅਲ ਪਾਰਕ ਵਿੱਚ ਲੱਗਣਗੇ, ਉਨ੍ਹਾਂ ਨੂੰ 3 ਦਿਨਾਂ ਅੰਦਰ ਇਨ-ਪ੍ਰਿੰਸੀਪਲ ਅਪਰੂਵਲ ਦਿੱਤੀ ਜਾਵੇਗੀ। ਇਨ-ਪ੍ਰਿੰਸੀਪਲ ਅਪਰੂਵਲ ਜਾਰੀ ਹੋਣ ਉਪਰੰਤ ਇਕਾਈ ਨੂੰ ਤਿੰਨ ਸਾਲ ਛੇ ਮਹੀਨੇ ਦਾ ਸਮਾਂ ਇਕਾਈ ਲਈ ਜਰੂਰੀ ਕਲੀਅਰੈਂਸ ਲੈਣ ਲਈ ਮਿਲ ਜਾਂਦਾ ਹੈ। ਉਨ੍ਹਾਂ ਨੇ 6 ਨਵੇਂ ਉੱਦਮੀਆਂ ਨੂੰ ਇਨ ਪ੍ਰਿੰਸੀਪਲ ਅਪਰੂਵਲ ਮਿਲਣ 'ਤੇ ਮੁਬਾਰਕਬਾਦ ਦਿੱਤੀ।

# ਨਵਤੇਜ ਸਿੰਘ ਅਮਰਕੋਟ ਜ਼ਿਲ੍ਹਾ ਵਾਈਸ ਪ੍ਰਧਾਨ ਬਣੇ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਇਲਾਕੇ ਦੇ ਸਿਰਕੱਢ ਨੇਤਾ ਤੇ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਨਵਤੇਜ ਸਿੰਘ ਅਮਰਕੋਟ ਜ਼ਿਲ੍ਹਾ ਅੰਮ੍ਰਿਤਸਰ ਦਿਹਾਤੀ ਦੇ ਵਾਈਸ ਪ੍ਰਧਾਨ ਬਣਾਏ ਗਏ ਹਨ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਅਮਰਕੋਟ ਨੇ ਕਿਹਾ ਕਿ ਉਹ ਪਾਰਟੀ ਵੱਲੋਂ ਦਿੱਤੀ ਗਈ ਜ਼ਿੰਮੇਵਾਰੀ ਨੂੰ ਤਨਦੇਹੀ ਤੇ ਇਮਾਨਦਾਰੀ ਨਾਲ ਬਾਖੂਬੀ ਨਿਭਾਉਣਗੇ ਤੇ ਨਾਲ ਹੀ ਉਨ੍ਹਾਂ ਕਾਂਗਰਸ ਪਾਰਟੀ ਦੀ ਸਾਰੀ ਹਾਈ ਕਮਾਂਡ ਦਾ ਧੰਨਵਾਦ ਵੀ ਕੀਤਾ। ਇਸ ਮੌਕੇ ਮਾਰਕੀਟ ਕਮੇਟੀ ਗਹਿਰੀ ਮੰਡੀ ਦੇ ਸਾਬਕਾ ਚੇਅਰਮੈਨ ਕਸ਼ਮੀਰ ਸਿੰਘ ਜਾਣੀਆਂ, ਕੈਪਟਨ ਭੁਪਿੰਦਰ ਸਿੰਘ, ਪਿੰਡ ਮੇਹਰਬਾਨਪੁਰਾ ਦੇ ਸਰਪੰਚ ਜਗਜੀਤ ਸਿੰਘ ਜੋਗੀ, ਮਾਰਕੀਟ ਕਮੇਟੀ ਗਹਿਰੀ ਮੰਡੀ ਦੇ ਸਾਬਕਾ ਡਾਇਰੈਕਟਰ ਰਾਜਬੀਰ ਸਿੰਘ ਵਡਾਲੀ ਡੋਗਰਾਂ, ਸਰਪੰਚ ਜੋਗਾ ਸਿੰਘ ਅਮਰਕੋਟ, ਸੁਰਿੰਦਰ ਸਿੰਘ ਸ਼ਾਹ ਮੱਲ੍ਹੀਆਂ, ਗਗਨਦੀਪ ਸਿੰਘ ਫਤਿਹਪੁਰ ਰਾਜਪੂਤਾਂ, ਸਰਪੰਚ ਅਮਰੀਕ ਰਾਮ, ਸਰਪੰਚ ਜਸਪਾਲ ਸਿੰਘ, ਵਰਿੰਦਰਜੀਤ ਸਿੰਘ ਢੋਟ ਮਾਲੋਵਾਲ, ਮੇਹਰ ਸਿੰਘ, ਕੁਲਦੀਪ ਸਿੰਘ ਬੰਡਾਲਾ ਤੇ ਇਲਾਕੇ ਦੀਆਂ ਕਈ ਹੋਰ ਨਾਮਵਰ ਸ਼ਖ਼ਸੀਅਤਾਂ ਨੇ ਨਵਤੇਜ ਸਿੰਘ ਅਮਰਕੋਟ ਨੂੰ ਜ਼ਿਲ੍ਹਾ ਅੰਮ੍ਰਿਤਸਰ ਦਿਹਾਤੀ ਦੇ ਵਾਈਸ ਪ੍ਰਧਾਨ ਬਣਨ 'ਤੇ ਵਧਾਈਆਂ ਦਿੱਤੀਆਂ।

# ਸੀ ਪੀ ਆਈ ਜ਼ਿਲ੍ਹਾ ਗੁਰਦਾਸਪੁਰ ਦੀ ਜ਼ਿਲ੍ਹਾ ਕੌਂਸਲ ਵੱਲੋਂ ਮੀਟਿੰਗ ਆਯੋਜਿਤ

ਗੁਰਦਾਸਪੁਰ (ਨਜ਼ਸ)-ਭਾਰਤੀ ਕੌਮਨਿਸਟ ਪਾਰਟੀ ਦੀ ਜ਼ਿਲ੍ਹਾ ਕੌਂਸਲ ਦੀ ਮੀਟਿੰਗ ਸੀਪੀਆਈ ਦੇ ਜ਼ਿਲ੍ਹਾ ਦਫਤਰ ਕਾਮਰੇਡ ਤੇਜਾ ਸਿੰਘ ਸੁਤੰਤਰ ਭਵਨ ਗੁਰਦਾਸਪੁਰ ਵਿਖੇ ਕਾਮਰੇਡ ਹਜਾਰਾ ਸਿੰਘ ਧਾਰੀਵਾਲ ਦੀ ਪ੍ਰਧਾਨਗੀ ਹੇਠ ਕੀਤੀ ਗਈ ਜਿਸ ਵਿੱਚ ਪਾਰਟੀ ਦੇ ਸਮੂਹ ਜਿਲ੍ਹਾ ਕੌਂਸਲਰਾਂ ਨੇ ਭਾਗ ਲਿਆ। ਮੀਟਿੰਗ ਸ਼ੁਰੂ ਹੋਣ ਤੋਂ ਪਹਿਲਾਂ ਪਾਰਟੀ ਦੇ ਵਿਛੜੇ ਸਾਥੀਆਂ ਦੀ ਯਾਦ ਵਿੱਚ 2 ਮਿੰਟ ਮੌਨ ਧਾਰ ਕੇ ਉਨ੍ਹਾਂ ਨੂੰ ਸ਼ਰਧਾਂਜਲੀ ਦਿੱਤੀ ਗਈ। ਅਗਲੀ ਕਾਰਵਾਈ ਵਿੱਚ ਪਾਰਟੀ ਦੇ ਜ਼ਿਲ੍ਹਾ ਸਕੱਤਰ ਗੁਲਜ਼ਾਰ ਸਿੰਘ ਬੱਸਤਕੋਟ ਨੇ ਪਿਛਲੇ ਸਮੇਂ ਵਿੱਚ ਪਾਰਟੀ ਵੱਲੋ ਕੀਤੇ ਕਾਰਜਾਂ ਦੀ ਰਿਪੋਰਟ ਪੇਸ਼ ਕੀਤੀ ਅਤੇ ਕਿਸੇ ਕਾਰਨਾਂ ਕਰਕੇ ਰਹਿ ਗਏ ਕੰਮਾਂ ਦੀ ਯੋਜਨਾਬੰਦੀ ਕੀਤੀ ਗਈ। ਮੀਟਿੰਗ ਵਿੱਚ ਸਟੇਟ ਕੌਂਸਲ ਦੇ ਮੈਂਬਰ ਲਖਬੀਰ ਸਿੰਘ ਨਿਜ਼ਾਮਪੁਰ ਅੰਮ੍ਰਿਤਸਰ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ ਅਤੇ ਉਨ੍ਹਾਂ ਪੰਜਾਬ ਲੈਵਲ 'ਤੇ ਪਾਰਟੀ ਦੀਆਂ ਨੀਤੀਆਂ, ਕੰਮਾਂ ਤੇ ਕਾਰਜਸ਼ੈਲੀ ਬਾਰੇ ਵਿਸ਼ੇਸ਼ ਚਾਨਣਾ ਪਾਇਆ। ਉਨ੍ਹਾਂ ਪਾਰਟੀ ਕੌਂਸਲਰਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸੈਂਟਰ ਸਰਕਾਰ ਵੱਲੋਂ ਦੇਸ਼ ਵਿੱਚ ਸੰਵਿਧਾਨਕ ਵਿਚਾਰਧਾਰਾ ਸਮਾਜਵਾਦੀ, ਧਰਮ ਨਿਰਪੱਖ, ਲੋਕਤੰਤਰੀ ਰਾਜ ਦੀ ਵਿਸ਼ੇਸ਼ਤਾ ਤੋਂ ਲਾਂਭੇ ਜਾ ਕੇ ਫਾਸ਼ੀਵਾਦੀ ਸਿਧਾਂਤ ਦੀ ਸਿਰਜਣਾ ਕੀਤੀ ਜਾ ਰਹੀ ਹੈ ਜਿਸ ਨਾਲ ਦਲਿਤਾਂ ਅਤੇ ਘੱਟ ਗਿਣਤੀਆਂ ਦੇ ਹੱਕਾਂ ਨੂੰ ਭਾਰੀ ਠੇਸ ਪੁੱਜ ਰਹੀ ਹੈ ਅਤੇ ਉਨ੍ਹਾਂ ਦੇ ਹੱਕ ਦਬਾਏ ਜਾ ਰਹੇ ਹਨ, ਸੀ. ਏ. ਏ. ਵਰਗੇ ਕਾਨੂੰਨ ਬਣਾਏ ਜਾ ਰਹੇ ਹਨ, ਕਦੇ 370 ਧਾਰਾ ਤੋੜ ਕੇ ਦੇਸ਼ ਦਾ ਅੰਦਰੂਨੀ ਨਕਸ਼ਾ ਬਦਲਿਆ ਜਾ ਰਿਹਾ ਹੈ, ਕਦੇ ਪਹਿਰਾਵੇ ਜਾਂ ਖਾਣ-ਪੀਣ ਵਾਲੇ ਭੋਜਨ ਉੱਪਰ ਪਾਬੰਦੀਆਂ ਲਾਈਆਂ ਜਾ ਰਹੀਆਂ ਹਨ, ਹੁਣ ਯੂਨੀਫਾਰਮ ਸਿਵਲ ਕੋਡ ਲਾਗੂ ਕਰਨ ਦਾ ਰਾਹ ਪੱਧਰਾ ਕੀਤਾ ਜਾ ਰਿਹਾ ਹੈ ਜੋ ਕਿ ਦੇਸ਼ ਦੀ ਵਭਿੰਨਤਾ ਲਈ ਖਤਰਾ ਸਿਧ ਹੋਵੇਗਾ। ਹੁਣ ਖੱਬੀਆਂ ਧਿਰਾਂ ਨੂੰ ਇੱਕਮੁਠ ਹੋ ਕਿ ਸੰਘਰਸ਼ ਕਰਨਾ ਪਵੇਗਾ ਤੇ ਦੇਸ਼ ਨੂੰ ਬਚਾਉਣ ਲਈ ਮੋਦੀ ਨੂੰ ਰਾਜਗੱਦੀ ਤੋਂ ਲਾਂਭੇ ਕਰਨਾ ਪਵੇਗਾ। ਮੀਟਿੰਗ ਵਿੱਚ ਗੁਰਦਾਸਪੁਰ ਜੱਜ ਦੇ ਘਰ ਹੋਈ ਚੋਰੀ ਦੇ ਸ਼ੱਕ ਵਿੱਚ ਉਹਦੀ ਘਰੇਲੂ ਨੌਕਰ ਲੜਕੀ ਨੂੰ ਗੈਰ-ਕਾਨੂੰਨੀ ਢੰਗ ਨਾਲ ਪ੍ਰਾਈਵੇਟ ਕੁਆਰਟਰਾਂ ਵਿੱਚ ਰੱਖ ਕੇ ਕੀਤੇ ਤਸ਼ੱਦਦ ਦੀ ਜ਼ੋਰਦਾਰ ਸ਼ਬਦਾਂ ਵਿੱਚ ਨਿਖੇਧੀ ਕੀਤੀ ਤੇ ਮੰਗ ਕੀਤੀ ਕਿ ਦੋਸ਼ੀ ਪੁਲਸ ਮੁਲਾਜ਼ਮਾਂ ਦੀ ਕਾਰਵਾਈ ਦੀ ਬਾਰੀਕੀ ਨਾਲ ਜਾਂਚ ਕਰਕੇ ਲੜਕੀ ਨੂੰ ਇਨਸਾਫ ਦਿੱਤਾ ਜਾਵੇ



# ਸਬ-ਸੈਂਟਰ ਰਾਜੋਕੇ ਵਿਖੇ ਡੇਂਗੂ ਦਿਵਸ ਮਨਾਇਆ



**ਝਬਾਲ (ਹਰਜਿੰਦਰ ਸਿੰਘ ਸੋਨੀ/ਰੌਬਿਨ ਸਿੰਘ ਸੋਨੀ)**-ਸਿਵਲ ਸਰਜਨ ਤਰਨਤਾਰਨ ਡਾ. ਗੁਰਪ੍ਰੀਤ ਸਿੰਘ ਰਾਏ ਦੀ ਯੋਗ ਅਗਵਾਈ ਅਤੇ ਜਿਲਾ ਐਪੀਡੀਮੋਲੋਜਿਸਟ ਅਫਸਰ ਤਰਨਤਾਰਨ ਡਾ ਸਿਮਰਨ ਕੌਰ ਤੇ ਡਾ. ਅਮਨਦੀਪ ਸਿੰਘ ਦੀ ਰਹਿਨੁਮਾਈ ਅਤੇ ਕਾਰਜਕਾਰੀ ਸੀਨੀਅਰ ਮੈਡੀਕਲ ਅਫਸਰ ਡਾ ਪਰਿਕਲ ਗੁਪਤਾ ਦੀ ਦੇਖ-ਰੇਖ ਹੇਠ ਸਬ ਸੈਂਟਰ ਰਾਜੋਕੇ ਵਿਖੇ ਡੇਂਗੂ ਮਨਾਇਆ ਗਿਆ ਜਿਸ ਨੂੰ ਸੰਬੋਧਨ ਕਰਦਿਆਂ ਸਰਬਜੀਤ ਸਿੰਘ ਐਸ ਆਈ ਨੇ ਦੱਸਿਆ ਕਿ ਡੇਂਗੂ ਬੁਖਾਰ ਏਡੀਜ਼ ਐਜਿਪਟੀ ਨਾਮ ਦੇ ਮੱਛਰ ਦੇ ਕੱਟਣ ਨਾਲ ਹੁੰਦਾ ਹੈ। ਇਹ ਮੱਛਰ ਸਾਫ ਅਤੇ ਖੜੇ ਪਾਣੀ ਵਿੱਚ ਪੈਦਾ ਹੁੰਦਾ ਹੈ। ਇਸ ਲਈ ਸਾਨੂੰ ਆਪਣੇ ਘਰਾਂ ਵਿੱਚ ਅਤੇ ਘਰਾਂ ਦੇ ਆਲੇ ਦੁਆਲੇ ਪਾਣੀ ਖੜਾ ਨਹੀਂ ਹੋਣ ਦੇਣਾ ਚਾਹੀਦਾ ਅਤੇ ਗੰਦਗੀ ਵਾਲੀਆਂ ਥਾਵਾਂ 'ਤੇ ਸਾਫ ਸਫਾਈ ਜ਼ਰੂਰ ਰੱਖਣੀ ਚਾਹੀਦੀ ਹੈ। ਇਸ ਲਈ ਸਾਨੂੰ ਘਰਾਂ ਵਿੱਚ ਲੱਗੇ ਕੂਲਰਾਂ/ਫਰਿਜਾਂ ਅਤੇ ਗਮਲਿਆਂ ਦੀ ਹਫਤੇ ਵਿਚ ਇਕ ਵਾਰ ਸਾਫ ਸਫਾਈ ਜ਼ਰੂਰ ਕਰਨੀ ਚਾਹੀਦੀ। ਇਸ ਤੋਂ ਬਚਾਅ ਲਈ ਘਰਾਂ ਵਿੱਚ ਜਾਲੀਦਾਰ ਦਰਵਾਜ਼ਿਆਂ, ਮੱਛਰ ਭਜਾਊ ਕਰੀਮਾਂ ਅਤੇ ਮੱਛਰਦਾਨੀਆਂ ਦੀ ਵਰਤੋਂ ਜ਼ਰੂਰ ਕਰਨੀ ਚਾਹੀਦੀ ਹੈ।

ਬੁਖਾਰ ਹੋਣ ਦੀ ਸੂਰਤ ਵਿੱਚ ਕਿਸੇ ਵੀ ਨੇੜੇ ਦੇ ਸਿਹਤ ਕੇਂਦਰ ਵਿੱਚ ਖੂਨ ਦੀ ਜਾਂਚ ਕਰਵਾਈ ਜਾ ਸਕਦੀ ਹੈ। ਇਸ ਮੌਕੇ ਜਗਤਾਰ ਸਿੰਘ, ਬਲਜਿੰਦਰ ਸਿੰਘ, ਸੁਰਿੰਦਰ ਸਿੰਘ, ਤਰਨਜੀਤ ਸਿੰਘ, ਕਰਨਜੀਤ ਸਿੰਘ, ਐਮ ਪੀ ਡਬਲਿਊ ਮੇਲ ਤੇ ਪਰਤਾਪ ਸਿੰਘ, ਐਲ ਟੀ ਹਰਭਜਨ ਸਿੰਘ, ਕੁਲਵੰਤ ਸਿੰਘ ਦਰਜਾਚਾਰ ਆਸ਼ਾ ਵਰਕਰ ਤੇ ਪਿੰਡ ਦੇ ਮੋਹਤਬਰ ਵਿਅਕਤੀ ਹਾਜ਼ਰ ਸਨ।

# ਡਿਊਟੀ 'ਚ ਕੁਤਾਹੀ ਵਰਤਣ ਵਾਲੇ ਅਧਿਕਾਰੀਆਂ ਨੂੰ ਬਖ਼ਸ਼ਿਆ ਨਹੀਂ ਜਾਵੇਗਾ : ਸੋਹਲ



ਤਰਨ ਤਾਰਨ (ਪ੍ਰਿਤਪਾਲ ਸਿੰਘ)-ਤਰਨਤਾਰਨ ਹਲਕੇ ਦੇ ਲੋਕਾਂ ਨੂੰ ਵੱਧ ਤੋਂ ਵੱਧ ਸਹੂਲਤਾਂ ਦੇਣ ਲਈ ਤਰਨਤਾਰਨ ਦੇ ਵਿਧਾਇਕ ਡਾਕਟਰ ਕਸ਼ਮੀਰ ਸਿੰਘ ਸੋਹਲ ਵੱਲੋਂ ਕਈ ਤਰ੍ਹਾਂ ਦੇ ਉਪਰਾਲੇ ਕੀਤੇ ਜਾ ਰਹੇ ਹਨ। ਇਸੇ ਹੀ ਤਰ੍ਹਾਂ ਅੱਜ ਵਿਧਾਇਕ ਡਾਕਟਰ ਸੋਹਲ ਵੱਲੋਂ ਬੱਸ ਅੱਡੇ ਤਰਨਤਾਰਨ ਦਾ ਦੌਰਾ ਕੀਤਾ ਗਿਆ ਤੇ ਅੱਡੇ ਦੇ ਪ੍ਰਬੰਧਾਂ ਦਾ ਜਾਇਜ਼ਾ ਲਿਆ ਅਤੇ ਲੋਕਾਂ ਦੀਆਂ ਮੁਸ਼ਕਲਾਂ ਸੁਣੀਆਂ। ਅੱਡੇ ਦੇ ਹਾਲਾਤ ਇੰਨੇ ਕੁ ਮਾੜੇ ਸਨ ਕਿ ਵਿਧਾਇਕ ਵੀ ਹੈਰਾਨ ਰਹਿ ਗਏ। ਬੱਸ ਅੱਡੇ ਤਰਨਤਾਰਨ ਚ ਪੱਖੇ ਬੰਦ ਪਏ ਸਨ, ਪੀਣ ਵਾਲੇ ਪਾਣੀ ਦਾ ਕੋਈ ਖਾਸ ਪ੍ਰਬੰਧ ਨਹੀਂ ਸੀ। ਬਾਥਰੂਮਾਂ ਦੇ ਹਾਲਾਤ ਵੀ ਕਾਫੀ ਤਰਸਯੋਗ ਸੀ। ਬਾਥਰੂਮ ਵਿੱਚ ਵੀ ਕਾਫੀ ਗੰਦਗੀ ਵੇਖਣ ਨੂੰ ਮਿਲੀ ਜਿਸ ਕਾਰਨ ਸਵਾਰੀਆਂ ਅਤੇ ਲੋਕ ਕਾਫੀ ਪਰੇਸ਼ਾਨ ਸਨ।

ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਡਾਕਟਰ ਸੋਹਲ ਨੇ ਕਿਹਾ ਕਿ ਬੱਸ ਅੱਡੇ ਤਰਨਤਾਰਨ ਦੇ ਹਾਲਾਤ ਬਹੁਤ ਮਾੜੇ ਹਨ ਅਤੇ ਅਧਿਕਾਰੀਆਂ ਵੱਲੋਂ ਆਪਣੀ ਕੋਈ ਜ਼ਿੰਮੇਵਾਰੀ ਪੂਰੀ ਤਰ੍ਹਾਂ ਇਮਾਨਦਾਰੀ ਨਾਲ ਨਹੀਂ ਨਿਭਾਈ ਜਾ ਰਹੀ ਜਿਸ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸਬੰਧਤ ਅਧਿਕਾਰੀ ਜੀਐੱਮ ਬੱਸ ਅੱਡਾ, ਨਾਜਰ ਅਤੇ ਸਟੇਸ਼ਨ ਸੁਪਰਵਾਈਜ਼ਰ ਨੂੰ ਆਪਣੀ ਡਿਊਟੀ ਇਮਾਨਦਾਰੀ ਅਤੇ ਜ਼ਿੰਮੇਵਾਰੀ ਨਾਲ ਕਰਨ ਦੀ ਤਾੜਨਾ ਕੀਤੀ ਗਈ ਅਤੇ ਭਵਿੱਖ ਵਿੱਚ ਅਜਿਹੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਧਰ ਜਸਵਿੰਦਰ ਸਿੰਘ ਚੌਹਾਨ ਨੇ ਮੰਨਿਆ ਕਿ ਵਾਕਿਆ ਹੀ ਅੱਡੇ ਦੇ ਹਾਲਾਤ ਮਾੜੇ ਹਨ। ਉਨ੍ਹਾਂ ਕੁਝ ਦਿਨ ਪਹਿਲਾਂ ਹੀ ਤਰਨਤਾਰਨ ਬੱਸ ਅੱਡੇ ਦਾ ਚਾਰਜ ਸੰਭਾਲਿਆ ਹੈ। ਉਨ੍ਹਾਂ ਵਿਧਾਇਕ ਨੂੰ ਵਿਸ਼ਵਾਸ ਦਿਵਾਇਆ ਕਿ ਆਉਣ ਵਾਲੇ 15 ਦਿਨਾਂ ਦੇ ਅੰਦਰ-ਅੰਦਰ ਬੱਸ ਅੱਡੇ ਦੀ ਹਾਲਤ ਵਿੱਚ ਸੁਧਾਰ ਲਿਆਂਦਾ ਜਾਵੇਗਾ ਅਤੇ ਲਾਪਰਵਾਹੀ ਕਰਨ ਵਾਲੇ ਅਧਿਕਾਰੀਆਂ ਦੇ ਖਿਲਾਫ ਕਾਰਵਾਈ ਕੀਤੀ ਜਾਵੇਗੀ। ਇਸ ਮੌਕੇ ਐਡਵੋਕੇਟ ਪ੍ਰਦੀਪ ਸਿੰਘ ਪੀ ਏ, ਐਡਵੋਕੇਟ ਕੋਮਲਪ੍ਰੀਤ ਸਿੰਘ ਪੀ ਏ, ਗੁਰਵੰਤ ਸਿੰਘ ਰੋੜਾਂਵਾਲੀਏ, ਮਾਸਟਰ, ਗੁਰਵਿੰਦਰ ਸਿੰਘ ਪਲਾਸੌਰ, ਨਿਰਵੈਲ ਸਿੰਘ, ਸਰਬਰਿੰਦਰ ਸਿੰਘ ਭੈਰੋਵਾਲ, ਮਾਸਟਰ ਤਸਵੀਰ ਸਿੰਘ ਚੇਅਰਮੈਨ, ਮਾਸਟਰ ਸ਼ਿੰਗਾਰਾ ਸਿੰਘ ਆਦਿ ਹਾਜ਼ਰ ਸਨ।

# ਬਾਬਾ ਜਾਰੂ ਸ਼ਾਹ ਦੀ ਯਾਦ 'ਚ ਸਾਲਾਨਾ ਮੇਲਾ ਲੱਗਾ

ਮਜੀਠਾ(ਸੋਇਮ ਆਨੰਦ)-ਮਜੀਠਾ ਵਿਖੇ ਸਾਂਸੀ ਬਰਾਦਰੀ ਵੱਲੋਂ ਆਪਣੇ ਜਠੇਰਿਆਂ ਦੀ ਜਗ੍ਹਾ 'ਤੇ ਬਾਬਾ ਜਾਰੂ ਸ਼ਾਹ ਦੀ ਯਾਦ ਵਿਚ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਸਾਲਾਨਾ ਮੇਲਾ ਕਰਵਾਇਆ ਗਿਆ। ਸਵੇਰੇ ਹਵਨ ਕੀਤਾ ਗਿਆ ਅਤੇ ਬਾਅਦ ਵਿਚ ਇਲਾਕੇ ਦੀਆਂ ਮਸ਼ਹੂਰ ਕੱਵਾਲਾਂ ਅਤੇ ਸੰਗੀਤ ਪਾਰਟੀਆਂ ਵਲੋਂ ਧਾਰਮਿਕ ਗੀਤ ਤੇ ਕੱਵਾਲੀਆਂ ਗਾ ਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਮੇਲੇ ਵਿਚ ਸੀਨੀਅਰ ਅਕਾਲੀ ਆਗੂ ਬਿੱਲਾ ਸ਼ਾਹ ਆੜ੍ਹਤੀਆ ਅਤੇ ਨੌਜਵਾਨ ਅਕਾਲੀ ਆਗੂ ਰਾਜਨ ਆੜ੍ਹਤੀਆ ਬਤੌਰ ਮੁੱਖ ਮਹਿਮਾਨ ਸ਼ਾਮਲ ਹੋਏ। ਪ੍ਰਬੰਧਕਾਂ ਵਲੋਂ ਮਿਲੀ ਜਾਣਕਾਰੀ ਅਨੁਸਾਰ ਇਸ ਜਠੇਰਿਆਂ ਦੀ ਜਗ੍ਹਾ 'ਤੇ ਬਰਾਦਰੀ ਦੇ ਪੰਜਾਬ ਭਰ ਵਿਚੋਂ ਲੋਕ ਨਤਮਸਤਕ ਹੋਣ ਲਈ ਆਉਂਦੇ ਹਨ ਅਤੇ ਆਪਣੀਆਂ ਮੰਗੀਆਂ ਹੋਈਆਂ ਮੁਰਾਦਾਂ ਪੂਰੀਆਂ ਹੋਣ 'ਤੇ ਸੁੱਖਣਾਂ ਉਤਾਰਨ ਵਾਸਤੇ ਇਥੇ ਆਉਂਦੇ ਹਨ। ਸ਼ਰਧਾ ਮੁਤਾਬਕ ਤੋਹਫੇ ਵੀ ਭੇਟ ਕੀਤੇ ਜਾਂਦੇ ਹਨ। ਮੇਲਾ ਪ੍ਰਬੰਧਕਾਂ ਵਲੋਂ ਮੁੱਖ ਮਹਿਮਾਨ ਅਤੇ ਹੋਰ ਪਤਵੰਤਿਆਂ ਨੂੰ ਸਨਮਾਨਿਤ ਕੀਤਾ ਗਿਆ। ਸੰਗਤਾਂ ਵਾਸਤੇ ਗੁਰੂ ਦਾ ਅਤੁੱਟ ਲੰਗਰ ਵਰਤਾਇਆ ਗਿਆ। ਇਸ ਮੌਕੇ ਕਾਲਾ ਸਿੰਘ, ਧੀਰ ਸਿੰਘ, ਮੇਜਰ ਸਿੰਘ, ਸੂਬਾ ਸਿੰਘ, ਕਾਬਲ ਸਿੰਘ, ਮੁਗਲੀ, ਬੱਬਾ ਸਿੰਘ, ਸੁੱਖਾ ਫਰੂਟ ਵਾਲਾ, ਮੱਲੂ ਰਾਮ, ਗੋਗਾ ਅਤੇ ਤੋਰਾ ਸਿੰਘ ਆਦਿ ਹਾਜ਼ਰ ਸਨ।



# ਬੇਰੋਜ਼ਗਾਰ ਨੌਜਵਾਨਾਂ ਨੂੰ ਮੁਫ਼ਤ ਡੇਅਰੀ ਸਿਖਲਾਈ ਦੇਣ ਲਈ ਕਾਊਂਸਲਿੰਗ 17 ਨੂੰ



ਗੁਰਦਾਸਪੁਰ (ਜਨਕ ਮਹਾਜਨ)-ਡੇਅਰੀ ਵਿਕਾਸ ਵਿਭਾਗ ਪੰਜਾਬ ਵਲੋਂ ਜ਼ਿਲ੍ਹਾ ਗੁਰਦਾਸਪੁਰ ਵਿਖੇ ਅਨੁਸੂਚਿਤ ਜਾਤੀਆਂ ਨਾਲ ਸਬੰਧਿਤ ਪਸ਼ੂ ਪਾਲਕਾਂ ਅਤੇ ਬੇਰੋਜ਼ਗਾਰ ਨੌਜਵਾਨਾਂ ਲਈ ਮੁਫ਼ਤ ਡੇਅਰੀ ਸਿਖਲਾਈ ਕੋਰਸ 24 ਜੁਲਾਈ 2023 ਤੋਂ ਸ਼ੁਰੂ ਕੀਤਾ ਜਾ ਰਿਹਾ ਹੈ। ਪੰਜਾਬ ਸਰਕਾਰ ਵੱਲੋਂ ਇਸ ਸਕੀਮ ਅਧੀਨ ਅਨੁਸੂਚਿਤ ਜਾਤੀ ਦੇ ਲਾਭਪਾਤਰੀਆਂ ਨੂੰ ਦੋ ਹਫ਼ਤੇ ਦੀ ਮੁਫ਼ਤ ਡੇਅਰੀ ਸਿਖ਼ਲਾਈ ਦੇ ਨਾਲ-ਨਾਲ ਸਫਲਤਾਪੂਰਵਕ ਟ੍ਰੇਨਿੰਗ ਕਰਨ ਉਪਰੰਤ ਰੁਪਏ 3500 ਵਜ਼ੀਫ਼ਾ ਅਤੇ ਡੇਅਰੀ ਨਾਲ ਸਬੰਧਿਤ ਲਿਟਰੇਚਰ ਵੀ ਦਿੱਤਾ ਜਾਵੇਗਾ। ਡੇਅਰੀ ਵਿਭਾਗ ਦੇ ਡਿਪਟੀ ਡਾਇਰੈਕਟਰ ਵਰਿਆਮ ਸਿੰਘ ਨੇ ਦੱਸਿਆ ਕਿ ਜ਼ਿਲ੍ਹਾ ਗੁਰਦਾਸਪੁਰ ਨਾਲ ਸਬੰਧਿਤ ਲਾਭਪਾਤਰੀਆਂ ਦੀ ਕੌਂਸਲਿੰਗ 17 ਜੁਲਾਈ ਨੂੰ ਦਫ਼ਤਰ ਡਿਪਟੀ ਡਾਇਰੈਕਟਰ ਡੇਅਰੀ ਗੁਰਦਾਸਪੁਰ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਬਲਾਕ-ਬੀ, ਚੌਥੀ ਮੰਜ਼ਿਲ ਕਮਰਾ ਨੰਬਰ-508 ਵਿਖੇ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਚਾਹਵਾਨ ਲੜਕੇ/ਲੜਕੀਆਂ ਦੀ ਉਮਰ 18 ਤੋਂ 50 ਸਾਲ ਦਰਮਿਆਨ ਹੋਵੇ, ਉਹ ਪਿੰਡ ਦਾ ਵਸਨੀਕ ਹੋਵੇ, ਆਪਣੇ ਅਨੁਸੂਚਿਤ ਜਾਤੀ ਨਾਲ ਸਬੰਧਿਤ ਸਰਟੀਫਿਕੇਟ ਸਮੇਤ ਪਾਸਪੋਰਟ ਸਾਈਜ਼ ਫੋਟੋ, ਘੱਟੋ-ਘੱਟ ਪੰਜਵੀਂ ਪਾਸ ਦਾ ਤਸਦੀਕਸ਼ੁਦਾ ਯੋਗਤਾ ਸਰਟੀਫਿਕੇਟ, ਆਧਾਰ ਕਾਰਡ ਨਾਲ ਲੈ ਕੇ ਦਫ਼ਤਰ ਵਿਖੇ ਹਾਜ਼ਰ ਹੋਣ। ਉਨ੍ਹਾਂ ਕਿਹਾ ਕਿ ਚੁਣੇ ਗਏ ਲਾਭਪਾਤਰੀਆਂ ਨੂੰ ਡੇਅਰੀ ਸਿਖ਼ਲਾਈ ਸੈਂਟਰ, ਵੇਰਕਾ (ਅੰਮ੍ਰਿਤਸਰ) ਵਿਖੇ ਸਿਖ਼ਲਾਈ ਦਿੱਤੀ ਜਾਵੇਗੀ। ਇਸ ਉਪਰੰਤ ਉਨ੍ਹਾਂ ਨੂੰ ਪਸ਼ੂਆਂ ਦਾ ਡੇਅਰੀ ਯੂਨਿਟ ਸਥਾਪਿਤ ਕਰਨ ਲਾਭਪਾਤਰੀ ਨੂੰ 33 ਫੀਸਦੀ ਸਬਸਿਡੀ ਦਿੱਤੀ ਜਾਵੇਗੀ।

# ਈ ਟੀ ਓ ਵੱਲੋਂ ਡੀ ਏ ਵੀ ਕਾਲਜ ਦਾ ਦੌਰਾ, ਯਾਦਾਂ ਕੀਤੀਆਂ ਸਾਂਝੀਆਂ




ਅੰਮ੍ਰਿਤਸਰ (ਨਰਿੰਦਰਜੀਤ ਸਿੰਘ)-ਡੀ. ਏ. ਵੀ. ਕਾਲਜ ਅੰਮ੍ਰਿਤਸਰ ਦੇ ਸਾਬਕਾ ਵਿਦਿਆਰਥੀ ਅਤੇ ਪੰਜਾਬ ਦੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ. ਟੀ. ਓ. ਆਪਣੇ ਪੁਰਾਣੇ ਦਿਨਾਂ ਨੂੰ ਯਾਦ ਕਰਦੇ ਹੋਏ ਡੀ. ਏ. ਵੀ. ਕਾਲਜ ਵਿਖੇ ਪੁਜੇ ਜਿਥੇ ਕਾਲਜ ਦੇ ਪ੍ਰਿੰਸੀਪਲ ਡਾ. ਅਮਰਦੀਪ ਗੁਪਤਾ ਨੇ ਫੁੱਲਾਂ ਦਾ ਗੁਲਦਸਤਾ ਭੇਟ ਕਰਕੇ ਉਨ੍ਹਾਂ ਦਾ ਸਵਾਗਤ ਕੀਤਾ।

ਇਸ ਮੌਕੇ ਉਨ੍ਹਾਂ ਦੇ ਨਾਲ ਹਲਕਾ ਕੇਂਦਰੀ ਦੇ ਵਿਧਾਇਕ ਡਾ. ਅਜੇ ਗੁਪਤਾ ਵੀ ਹਾਜ਼ਰ ਸਨ। ਸ: ਈ. ਟੀ. ਓ. ਨੇ ਕਾਲਜ ਦੇ ਅਧਿਆਪਕਾਂ ਨਾਲ ਮੁਲਾਕਾਤ ਕੀਤੀ ਅਤੇ ਇਥੇ ਕਾਲਜ ਸਮੇਂ ਦੀਆਂ ਯਾਦਾਂ ਨੂੰ ਸਾਂਝਾ ਕੀਤਾ। ਈ. ਟੀ. ਓ. ਵਲੋਂ ਕਾਲਜ ਦੀ ਲਾਇਬ੍ਰੇਰੀ ਦਾ ਦੌਰਾ ਕਰਕੇ ਇਥੇ ਬਿਤਾਏ ਗਏ ਪਲ ਵੀ ਸਾਂਝੇ ਕੀਤੇ। ਉਨ੍ਹਾਂ ਕਿਹਾ ਕਿ ਡੀ. ਏ. ਵੀ. ਕਾਲਜ ਦੀ ਸੰਸਥਾ ਵਿਦਿਆਰਥੀਆਂ ਨੂੰ ਆਉਣ ਵਾਲੇ ਸਮੇਂ ਲਈ ਤਿਆਰ ਕਰ ਰਹੀ ਹੈ ਅਤੇ ਨਵੀਂ ਤਕਨੀਕੀ ਜਾਣਕਾਰੀ ਮੁਹੱਈਆ ਕਰਵਾ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਸੰਸਥਾ ਵਲੋਂ ਗਰੀਬ ਵਿਦਿਆਰਥੀਆਂ ਨੂੰ ਸ਼ਕਾਲਰਸ਼ਿਪ ਵੀ ਪ੍ਰਦਾਨ ਕੀਤੀ ਜਾ ਰਹੀ ਹੈ ਅਤੇ ਇਹ ਕਾਲਜ ਸ਼ਹਿਰ ਦਾ ਇਕ ਪ੍ਰਸਿੱਧ ਕਾਲਜ ਹੈ ਅਤੇ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਨਾਲ ਵੀ ਜੋੜਦਾ ਹੈ। ਇਸ ਮੌਕੇ ਕਾਲਜ ਦੇ ਸਟਾਫ ਵਲੋਂ ਉਨ੍ਹਾਂ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਵੀ ਕੀਤਾ ਗਿਆ।

# ਮਹਿੰਗਾਈ ਤੋਂ ਹਰ ਵਰਗ ਦੁਖੀ, ਸਰਕਾਰਾਂ ਜਾਣ ਕੇ ਵੀ ਅਣਜਾਣ : ਅਰੋੜਾ



ਤਰਨ ਤਾਰਨ (ਸਾਗਰਦੀਪ ਸਿੰਘ ਅਰੋੜਾ)-ਮਹਿੰਗਾਈ ਦਾ ਗ੍ਰਾਫ ਦਿਨੋਂ ਦਿਨ ਵਧ ਕੇ ਅਸਮਾਨ ਨੂੰ ਛੂਹ ਰਿਹਾ ਹੈ ਜਿਸ ਤੋਂ ਹਰ ਵਰਗ ਦੁਖੀ ਹੈ। ਵਸਤਾਂ ਦੇ ਰੇਟ ਆਮ ਆਦਮੀ ਦੀ ਪਹੁੰਚ ਤੋਂ ਬਾਹਰ ਹੋ ਰਹੇ ਹਨ। ਹੁਣ ਤੱਕ ਦੀਆਂ ਸਰਕਾਰਾਂ ਸਭ ਜਾਣ ਕੇ ਵੀ ਅਣਜਾਣ ਹਨ। ਇਨ੍ਹਾਂ ਗੱਲਾਂ ਦਾਂ ਜ਼ਿਕਰ ਪੱਤਰਕਾਰਾਂ ਨਾਲ ਕਰਦਿਆਂ ਲੋਕ ਲਹਿਰ ਪਾਰਟੀ ਦੇ ਪ੍ਰਧਾਨ ਗੁਰਜੀਤ ਸਿੰਘ ਅਰੋੜਾ ਨੇ ਕਿਹਾ ਕਿ ਸਰਮਾਏਦਾਰਾਂ ਨਾਲ ਰਲ ਕੇ ਹੁਣ ਤੱਕ ਦੀਆਂ ਸਰਕਾਰਾਂ ਨੇ ਗਰੀਬ ਅਤੇ ਮੱਧ ਵਰਗੀ ਲੋਕਾਂ ਨੂੰ ਲੁੱਟ ਕੇ ਆਪਣੇ ਹੀ ਘਰ ਭਰੇ ਹਨ। ਇਹ ਲੋਕ ਰੱਬ ਆਸਰੇ ਹੀ ਆਪਣਾ ਜੀਵਨ ਬਤੀਤ ਕਰ ਰਹੇ ਹਨ ਪਰ ਅਫਸੋਸ ਇਨ੍ਹਾਂ ਦੀ ਕੋਈ ਫਿਕਰ ਕਰਨ ਵਾਲਾ ਨਹੀਂ ਹੈ। ਹੁਣ ਤੱਕ ਦੀਆਂ ਸਰਕਾਰਾਂ ਦੇ ਲੀਡਰਾਂ ਨੇ ਇਨ੍ਹਾਂ ਦੀ ਉਨਤੀ ਤੇ ਪ੍ਰਗਤੀ ਵਾਸਤੇ ਕੁੱਝ ਨਹੀਂ ਕੀਤਾ।

ਚੋਣਾਂ ਦੇ ਸਮੇਂ ਇਨਾਂ ਦੀ ਗਰੀਬੀ ਅਤੇ ਲਾਚਾਰੀ ਦਾ ਫਾਇਦਾ ਉਠਾ ਕੇ ਇਨਾਂ ਨੂੰ ਪੈਸੇ ਅਤੇ ਸ਼ਰਾਬ ਦਾ ਲਾਲਚ ਦੇ ਕੇ ਇਨ੍ਹਾਂ ਦੀਆਂ ਵੋਟਾਂ ਨਾਲ ਸਰਕਾਰ ਬਣਾ ਕੇ ਮੁੜ ਇਨ੍ਹਾਂ ਨੂੰ ਲੁੱਟਣਾ ਸ਼ੁਰੂ ਕਰ ਦਿੰਦੇ ਹਨ ਜਿਵੇਂ ਕਿ ਪੈਟਰੋਲ, ਡੀਜ਼ਲ, ਗੈਸ ਸਿਲੰਡਰ ਦੇ ਰੇਟਾਂ ਦਾ ਹੱਦ ਨਾਲੋਂ ਜ਼ਿਆਦਾ ਵਧਣਾ। ਰੋਜ਼ਾਨਾ ਦੀਆਂ ਵਰਤੋਂ ਵਾਲੀਆਂ ਚੀਜ਼ਾਂ ਦੇ ਭਾਅ ਅਸਮਾਨੀ ਚੜ੍ਹਨੇ ਆਦਿ ਤੋਂ ਇਲਾਵਾ ਬੱਚਿਆਂ ਦੀ ਪੜ੍ਹਾਈ ਅਤੇ ਮੈਡੀਕਲ ਇਲਾਜ ਦਾ ਆਮ ਲੋਕਾਂ ਦੇ ਵਸੋਂ ਬਾਹਰ ਹੋਣਾ, ਨੌਕਰੀਆਂ ਨਾ ਮਿਲਣ ਕਰਕੇ ਬੇਰੋਜ਼ਗਾਰੀ ਦਾ ਵਧਣਾ ਹੀ ਹੁਣ ਤੱਕ ਦੀਆਂ ਸਰਕਾਰਾਂ ਦੀ ਪ੍ਰਾਪਤੀ ਹੈ। ਫੋਕੀ ਇਸ਼ਤਿਹਾਰਬਾਜ਼ੀ ਕਰਕੇ ਲੋਕਾਂ ਨੂੰ ਮੂਰਖ ਬਣਾ ਰਹੇ ਹਨ ਇਹ ਲੋਕ। ਪਰ ਆਉਂਦੀਆਂ ਚੋਣਾਂ ਵਿੱਚ ਲੋਕ ਆਪਣੇ ਨਾਲ ਕੀਤੇ ਵਾਅਦਿਆਂ ਦਾ ਹਿਸਾਬ ਜ਼ਰੂਰ ਲੈਣਗੇ।

ਇਸ ਮੌਕੇ ਰਿਟਾ. ਲੈਕਚਰਾਰ ਸ਼ਕਤੀ ਸ਼ਰਮਾ, ਸਲਾਹਕਾਰ ਮਲਕੀਅਤ ਸਿੰਘ, ਜਨਰਲ ਸਕੱਤਰ ਅਮਰਜੀਤ ਸਿੰਘ, ਜ਼ਿਲ੍ਹਾ ਪ੍ਰਧਾਨ ਬਲਦੇਵ ਸਿੰਘ, ਸ਼ਹਿਰੀ ਪ੍ਰਧਾਨ ਕੁਲਵਿੰਦਰ ਸਿੰਘ, ਖਜ਼ਾਨਚੀ ਡਾ. ਲਾਲ ਸਿੰਘ, ਕਰਮਨ ਸਿੰਘ, ਸੁਖਜਿੰਦਰ ਸਿੰਘ ਕਾਕਾ, ਵਿਜੇ ਕੁਮਾਰ, ਸਰਬਜੀਤ ਸਿੰਘ, ਮੰਗਲ ਦਾਸ, ਗੌਤਮ ਚੰਦ, ਸਵਿੰਦਰ ਸਿੰਘ ਫੌਜੀ, ਪ੍ਰਧਾਨ ਗੁਲਜਾਰ ਸ਼ਰਮਾ ਅਤੇ ਜਸਵਿੰਦਰ ਸ਼ਰਮਾ ਹਾਜ਼ਰ ਸਨ।

# ਕਿਸਾਨਾਂ ਤੇ ਹੋਰ ਹੜ੍ਹ ਪੀੜਤਾਂ ਦੀ ਮਦਦ ਲਈ ਸਰਕਾਰ ਤੁਰੰਤ ਅੱਗੇ ਆਵੇ: ਡੱਲੇਵਾਲ, ਭੋਜਰਾਜ

ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਸੰਯੁਕਤ ਕਿਸਾਨ ਮੋਰਚਾ (ਗੈਰ-ਰਾਜਨੀਤਕ) ਭਾਰਤ ਵਿੱਚ ਸ਼ਾਮਿਲ ਪੰਜਾਬ ਦੀਆਂ ਕਿਸਾਨ ਜਥੇਬੰਦੀਆਂ ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਦੇ ਪ੍ਰਧਾਨ ਜਗਜੀਤ ਸਿੰਘ ਡੱਲੇਵਾਲ, ਕਿਸਾਨ ਯੂਨੀਅਨ ਸ਼ੇਰ-ਏ-ਪੰਜਾਬ ਪ੍ਰਧਾਨ ਗੁਰਿੰਦਰ ਸਿੰਘ ਭੰਗੂ, ਲੋਕ ਭਲਾਈ ਵੈਲਫੇਅਰ ਸੁਸਾਇਟੀ ਪ੍ਰਧਾਨ ਬਲਦੇਵ ਸਿੰਘ ਸਿਰਸਾ, ਕਿਸਾਨ ਤੇ ਜਵਾਨ ਭਲਾਈ ਯੂਨੀਅਨ ਪੰਜਾਬ ਪ੍ਰਧਾਨ ਸੁਖਦੇਵ ਸਿੰਘ ਭੋਜਰਾਜ, ਪੰਜਾਬ ਕਿਸਾਨ ਮਜ਼ਦੂਰ ਯੂਨੀਅਨ ਪ੍ਰਧਾਨ ਸੁਖਜੀਤ ਸਿੰਘ ਹਰਦੋਝੰਡੇ, ਦਸੂਹਾ ਗੰਨਾ ਸੰਘਰਸ਼ ਕਮੇਟੀ ਪ੍ਰਧਾਨ ਸੁਖਪਾਲ ਸਿੰਘ ਡੱਫਰ, ਪੱਗੜੀ ਸੰਭਾਲ ਲਹਿਰ ਪ੍ਰਧਾਨ ਸਤਨਾਮ ਸਿੰਘ ਬਾਗੜੀਆਂ, ਦੋਆਬਾ ਵੈੱਲਫੇਅਰ ਸੰਘਰਸ਼ ਕਮੇਟੀ ਪ੍ਰਧਾਨ ਹਰਸਲਿੰਦਰ ਸਿੰਘ ਕਿਸ਼ਨਗੜ੍ਹ, ਬੀ. ਕੇ. ਯੂ. ਆਜ਼ਾਦ ਪ੍ਰਧਾਨ ਅਮਰਜੀਤ ਸਿੰਘ ਰੜਾ, ਬਾਰਡਰ ਕਿਸਾਨ ਸੰਘਰਸ਼ ਯੂਨੀਅਨ ਪ੍ਰਧਾਨ ਰਘਬੀਰ ਸਿੰਘ ਭੰਗਾਲਾ, ਕਿਸਾਨ ਮਜ਼ਦੂਰ ਸੰਘਰਸ਼ ਐਸੋਸੀਏਸ਼ਨ ਪ੍ਰਧਾਨ ਰਜਿੰਦਰ ਸਿੰਘ ਬੈਨੀਪਾਲ, ਕਿਸਾਨ ਯੂਥ ਵਿੰਗ ਪੰਜਾਬ, ਪ੍ਰਧਾਨ ਸਮਸ਼ੇਰ ਸਿੰਘ ਸ਼ੇਰਾ ਨੇ ਸਾਂਝੇ ਪ੍ਰੈੱਸ ਬਿਆਨ ਵਿੱਚ ਕਿਹਾ ਕਿ ਅਗਰ ਮੌਨਸੂਨ ਦੀ ਪਹਿਲੀ ਬਰਸਾਤ ਕਾਰਨ ਦੀ ਭਾਖੜਾ ਡੈਮ ਦੇ ਫਲੱਡ ਗੇਟ ਖੋਲ੍ਹਣ ਦੀ ਨੌਬਤ ਆ ਗਈ ਹੈ, ਤਾਂ ਇਹ ਅੱਜ ਤੱਕ ਦੀਆਂ ਸਰਕਾਰਾਂ ਦੀ ਨਾਲਾਇਕੀ ਦਾ ਹੀ ਸਿੱਟਾ ਹੈ ਕਿਉਂਕਿ ਭਾਖੜਾ ਡੈਮ ਅਤੇ ਹੋਰ ਜਿੰਨੇ ਵੀ ਪਾਣੀ ਨੂੰ ਸਟੋਰ ਕਰਨ ਲਈ ਡੈਮ ਬਣੇ ਹਨ, ਉਨਾਂ ਦੀ ਪਾਣੀ ਨੂੰ ਸਟੋਰ ਕਰਨ ਦੀ ਸਮਰੱਥਾ ਸਿਲਟ (ਗਾਰ) ਜੰਮਣ ਕਾਰਨ ਘੱਟ ਚੁੱਕੀ ਹੈ। ਇਸ ਵੱਲ ਨਾ ਪਹਿਲੀਆਂ ਅਤੇ ਨਾ ਹੀ ਹੁਣ ਵਾਲੀ ਸਰਕਾਰ ਦਾ ਕੋਈ ਧਿਆਨ ਹੈ। ਉਨ੍ਹਾਂ ਵੱਲੋਂ ਇੱਕ ਸਾਲ ਤੋਂ ਵਾਰ-ਵਾਰ ਬੇਨਤੀਆਂ ਕੀਤੀਆਂ ਜਾ ਰਹੀਆਂ ਸਨ ਕਿ ਹੜ੍ਹਾਂ ਨੂੰ ਕੰਟਰੋਲ ਕਰਨ ਲਈ ਸਰਕਾਰ ਵੱਲੋਂ ਥਾਂ ਥਾਂ ਵਾਟਰ ਰੀਚਾਰਜ ਸਿਸਟਮ ਲਗਾਏ ਜਾਣ ਪਰ ਇਸ ਨੂੰ ਸਰਕਾਰ ਦੀ ਨਾਕਾਮੀ ਹੀ ਕਹਿ ਸਕਦੇ ਹਾਂ ਕਿ ਸਰਕਾਰ ਨੇ ਵਾਟਰ ਰੀਚਾਰਜ ਪੁਆਇੰਟ ਤਾਂ ਕੀ ਬਣਾਉਣੇ ਸਨ ਉਨ੍ਹਾਂ ਵੱਲੋਂ ਪਹਿਲਾਂ ਤੋਂ ਬਣੇ ਹੋਏ ਸੇਮ ਨਾਲਿਆਂ ਦੀ ਸਫਾਈ ਤੱਕ ਵੀ ਨਹੀਂ ਕਰਵਾਈ ਗਈ। ਪੰਜਾਬ ਅੰਦਰ ਉੱਚੀਆਂ ਉੱਚੀਆਂ ਸੜਕਾਂ ਰੂਪੀ ਬੰਨ ਅਤੇ ਉਨਾਂ ਦੇ ਥੱਲੇ ਦੀ ਪਾਣੀ ਦੀ ਨਿਕਾਸੀ ਲਈ ਸਾਈਫਨ ਨਾ ਰੱਖ ਕੇ ਸਰਕਾਰ ਵੱਲੋ ਲੋਕਾਂ ਲਈ ਹੜ੍ਹਾਂ ਦੀ ਮਾਰ ਹੇਠ ਲਿਆ ਕੇ ਡੋਬਣ ਦਾ ਕੰਮ ਕੀਤਾ ਹੈ। ਅੱਜ ਪੰਜਾਬ ਵਿੱਚ ਹੜ੍ਹਾਂ ਦੇ ਜਿਹੜੇ ਹਲਾਤ ਬਣੇ ਹੋਏ ਨੇ ਇਹ ਪੰਜਾਬ ਸਰਕਾਰ ਦੀ ਨਾਲਾਇਕੀ ਦਾ ਹੀ ਸਿੱਟਾ ਹੈ ਜਿਸ ਉੱਪਰ ਸਰਕਾਰ ਨੂੰ ਤੁਰੰਤ ਵਿਸ਼ੇਸ਼ ਧਿਆਨ ਦੇਣਾ ਚਾਹੀਦਾ ਹੈ। ਉਨ੍ਹਾਂ ਕਿਹਾ ਸਿੱਧੀ ਬਿਜਾਈ (ਡੀਐਸਆਰ) ਵਾਲੇ ਜਿਹੜੇ ਕਿਸਾਨਾਂ ਦਾ ਭਗਵੰਤ ਮਾਨ ਸਰਕਾਰ ਹਜ਼ਾਰਾਂ ਰੁਪਏ ਇਹ ਕਹਿ ਕੇ ਖਰਚਾ ਕਰਵਾ ਚੁੱਕੀ ਹੈ ਕਿ ਉਹਨਾਂ ਨੂੰ ਪੰਦਰਾਂ ਪੰਦਰਾਂ ਸੌ ਰੁਪਏ ਪ੍ਰਤੀ ਏਕੜ ਆਰਥਿਕ ਸਹਾਇਤਾ ਵੱਜੋਂ ਮੁਆਵਜ਼ਾ ਦੇਵਾਂਗੇ। ਸਰਕਾਰ ਉਹਨਾਂ ਕਿਸਾਨਾਂ ਦਾ ਪਹਿਲਾਂ ਡੀਜ਼ਲ ਫੂਕ ਕੇ ਖੇਤ ਤਿਆਰ ਕਰਨ, ਬੀਜਣ, ਖਾਦਾਂ, ਮਹਿੰਗੇ ਭਾਅ ਦੇ ਬੀਜਾਂ, ਸਪਰੇਆਂ ਤੇ ਖਰਚਾ ਕਰਵਾ ਚੁੱਕੀ ਹੈ ਅਤੇ ਉਹ ਝੋਨਾ ਹੁਣ ਡੁੱਬ ਕੇ ਖਤਮ ਹੋ ਚੁੱਕਾ ਹੈ। ਉਨ੍ਹਾਂ ਕਿਸਾਨਾਂ ਨੂੰ ਉਹ ਝੋਨਾ ਹੁਣ ਦੁਬਾਰਾ ਖੇਤ ਵਾਹ ਕੇ ਤੇ ਕੱਦੂ ਕਰਕੇ ਲਗਾਉਣਾ ਪੈਣਾ ਹੈ। ਇਸ ਲਈ ਉਹਨਾਂ ਕਿਸਾਨਾਂ ਦੀ ਸਰਕਾਰ ਤੁਰੰਤ ਬਾਹ ਫੜੇ ਅਤੇ ਉਹਨਾਂ ਕਿਸਾਨਾਂ ਦਾ ਤੁਰੰਤ ਮੁਆਵਜ਼ਾ ਜਾਰੀ ਕਰੇ। ਜਗਜੀਤ ਸਿੰਘ ਡੱਲੇਵਾਲ ਨੇ ਕਿਹਾ ਕਿ ਪੰਜਾਬ ਤੇ ਹਰਿਆਣਾ ਦੀ ਰਾਜਧਾਨੀ ਚੰਡੀਗੜ੍ਹ ਸਮੇਤ ਸੂਬੇ ਦੇ ਬਹੁਤੇ ਸਹਿਰਾਂ ਸਮੇਤ ਸੂਬੇ ਦੇ ਕਾਫੀ ਪਿੰਡਾਂ ਵਿੱਚ ਪਾਣੀ ਭਰ ਚੁੱਕਾ ਹੈ ਅਤੇ ਲੋਕ ਉੱਚੇ ਥਾਂਵਾਂ 'ਤੇ ਆਪਣਾ ਸਾਮਾਨ ਰੱਖ ਕੇ ਖੁੱਲ੍ਹੇ ਅਸਮਾਨ ਹੇਠ ਬੈਠੇ ਹੋਏ ਹਨ ਅਤੇ ਸਰਕਾਰੀ ਇਮਦਾਦ ਦੀ ਉਡੀਕ ਕਰ ਰਹੇ ਹਨ।



ਕਿਸਾਨ ਆਗੂ ਸੁਖਦੇਵ ਸਿੰਘ ਭੋਜਰਾਜ ਨੇ ਕਿਹਾ ਕਿ ਜਿੱਥੇ ਪਹਿਲਾਂ ਸਰਕਾਰ ਸਹਿਰਾਂ ਵਿੱਚ ਸੀਵਰੇਜ ਸਿਸਟਮ ਠੀਕ ਨਾ ਹੋਣ ਕਾਰਨ ਲੋਕ ਪਰੇਸ਼ਾਨੀ ਦਾ ਸਾਹਮਣਾ ਕਰ ਰਹੇ ਹਨ, ਉਥੇ ਪਿੰਡਾਂ ਵਿੱਚ ਸੇਮ ਨਾਲੀਆਂ ਦੀ ਖਲਾਈ-ਸਫਾਈ ਸਮੇਂ ਸਿਰ ਨਾ ਹੋਣ ਕਾਰਨ ਲੋਕਾਂ ਦੀ ਲੱਖਾਂ ਏਕੜ ਫਸਲ ਡੁੱਬ ਕੇ ਬਰਬਾਦ ਹੋ ਚੁੱਕੀ ਹੈ।

ਸਰਕਾਰ ਨੂੰ ਖਰਾਬ ਹੋਈਆਂ ਫਸਲਾਂ ਦਾ ਮੁਆਵਜ਼ਾ ਤੁਰੰਤ ਜਾਰੀ ਕਰਨਾ ਚਾਹੀਦਾ ਹੈ ਅਤੇ ਪਾਣੀ ਵਿੱਚ ਫਸੇ ਲੋਕਾਂ ਨੂੰ ਰੋਜ਼ਾਨਾ ਲੋੜੀਂਦੀਆਂ ਵਸਤੂਆਂ ਪਹਿਲ ਦੇ ਆਧਾਰ ਉਤੇ ਪਹੁੰਚਦੀਆਂ ਕਰਨੀਆਂ ਚਾਹੀਦੀਆਂ ਹਨ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਜਿਨ੍ਹਾਂ ਕਿਸਾਨਾਂ ਦਾ ਝੋਨਾ ਲੱਗ ਚੁੱਕਾ ਹੈ ਅਤੇ ਜਿਨ੍ਹਾਂ ਕੋਲ ਝੋਨੇ ਦੀ ਪੀਆਰ 126 ਜਾਂ ਬਾਸਮਤੀ ਦੀ ਪਨੀਰੀ ਵਾਧੂ ਖੜੀ ਹੈ ਉਹ ਕਿਰਪਾ ਕਰਕੇ ਕਿਸਾਨ ਭਰਾਵਾਂ ਦੀ ਆਪਸ ਵਿੱਚ ਮਦਦ ਕਰੋ ਤਾਂ ਜੋ ਉਨ੍ਹਾਂ ਵੀਰਾਂ ਦਾ ਵੀ ਝੋਨਾ ਲੱਗ ਸਕੇ।

# ਪਾਕਿਸਤਾਨੋਂ ਆਈ ਬੀਬੀ ਹਸਮਤ ਨਾਲ ਕੁਝ ਗੱਲਾਂ





ਮੈਂ 9 ਜੁਲਾਈ ਨੂੰ ਪਾਕਿਸਤਾਨ ਤੋਂ ਆਈ ਬੀਬੀ ਹਸਮਤ ਨਾਲ ਮੁਲਾਕਾਤ ਕਰਨ ਗੁਰੂਆਂ ਦੀ ਧਰਤੀ ਖਡੂਰ ਸਾਹਿਬ ਵਿਖੇ ਗਿਆ। ਖਡੂਰ ਸਾਹਿਬ ਮੋੜ ਤੋਂ ਮੈਨੂੰ ਗਦਰੀ ਬਾਬਾ ਸ਼ੇਰ ਸਿੰਘ ਦੇ ਪਿੰਡ ਦਾ ਕਾਮਰੇਡ ਘੁੱਕ ਸਿੰਘ ਗੁਰਦਿਆਲ ਸਿੰਘ ਦੇ ਘਰ ਲੈ ਕੇ ਗਿਆ। ਜਾਂਦਿਆਂ ਨੂੰ ਸਾਥੀ ਉਡੀਕ ਰਹੇ ਸਨ। ਮੀਂਹ ਬਾਰੇ ਵਿਚਾਰ-ਚਰਚਾ ਕੀਤੀ ਕਿ ਮੀਂਹ ਬਹੁਤ ਪਿਆ ਹੈ ਤੇ ਵਾਹਵਾ ਝੋਨਾ ਪਾਣੀ ਵਿੱਚ ਡੁੱਬ ਗਿਆ ਹੈ, ਇਸ ਲਈ ਰਾਹਤ ਵਾਸਤੇ ਖਬਰ ਲਵਾਈ ਜਾਵੇ। ਗੁਰਦਿਆਲ ਸਿੰਘ ਦੀ ਨਾਲਦੀ ਚਾਹ ਲੈ ਆਈ ਤੇ ਪੀ ਕੇ ਫਿਰ ਸਾਰੇ ਜਾਣੇ ਬੀਬੀ ਹਸਮਤ ਨੂੰ ਮਿਲਣ ਚਲੇ ਗਏ। ਹਸਮਤ ਨੂੰ ਮਿਲ ਕੇ ਦਿਲ ਬਾਗੋਬਾਗ ਹੋ ਗਿਆ। ਬੀਬੀ ਹਸਮਤ ਨੂੰ ਪੁੱਛਿਆ ਕਿ ਤੁਸੀਂ ਪਾਕਿਸਤਾਨ ਕਿਉਂ ਗਏ ਸੀ ਤਾਂ ਉਹ ਅੰਗਰੇਜ਼ਾਂ ਨੂੰ ਗਾਲ੍ਹਾਂ ਕੱਢਣ ਲੱਗ ਪਈ ਕਿ ਉਨ੍ਹਾਂ ਪਾਪੀਆਂ ਨੇ ਚੰਗੇ ਭਲੇ ਵਸਦੇ ਰਸਦੇ ਘਰ ਉਜਾੜ ਦਿੱਤੇ ਸਨ। ਭਰਾ ਹੀ ਭਰਾ ਨੂੰ ਮੌਤ ਦੇ ਘਾਟ ਉਤਾਰਨ ਲੱਗ ਪਿਆ। ਇਨ੍ਹਾਂ ਹਾਲਤਾਂ ਵਿੱਚ ਮੈਂ ਆਪਣੇ ਨਾਨਕਿਆਂ ਨਾਲ ਪਾਕਿਸਤਾਨ ਚਲੀ ਗਈ।

ਇਥੇ ਅੰਗਰੇਜ਼ਾਂ ਦੀ ਬਦਨੀਤ ਦਾ ਜ਼ਿਕਰ ਕਰਨਾ ਜ਼ਰੂਰੀ ਹੈ, ਤਾਂ ਹੀ ਇਹ ਮੁਲਾਕਾਤ ਦਾ ਹਕੀਕੀ ਪਾਠ ਚੰਗਾ ਲੱਗੇਗਾ। ਅੰਗਰੇਜ਼ਾਂ ਨੇ ਭਾਰਤ ਨੂੰ ਆਜ਼ਾਦ ਕਰਨ ਲੱਗਿਆਂ 'ਪਾੜੋ ਤੇ ਰਾਜ ਕਰੋ' ਦੀ ਨੀਤੀ ਦਾ ਸਬੂਤ ਦੇ ਦਿੱਤਾ। ਉਹ ਜਾਂਦੇ-ਜਾਂਦੇ ਹਿੰਦੁਸਤਾਨ ਨੂੰ ਦੋ ਹਿੱਸਿਆਂ ਵਿੱਚ ਵੰਡ ਗਏ। ਉਨ੍ਹਾਂ ਹਿੰਦੁਸਤਾਨ 'ਤੇ ਕਬਜ਼ਾ ਕਰਨ ਲੱਗਿਆਂ ਵੀ 'ਪਾੜੋ ਤੇ ਰਾਜ ਕਰੋ ਵਾਲੀ' ਨੀਤੀ ਵਰਤੀ। ਜਦੋਂ ਪਲਾਸੀ (ਬੰਗਾਲ) ਦੀ ਲੜਾਈ ਜਿੱਤੀ, ਉਦੋਂ ਅੰਗਰੇਜ਼ਾਂ ਨੇ ਮੁਸਲਮਾਨ ਹਾਕਮਾਂ ਨੂੰ ਹੀ ਇੱਕ-ਦੂਜੇ ਵਿਰੁੱਧ ਲੜਾਇਆ ਤੇ ਆਪ ਬੰਗਾਲ 'ਤੇ ਕਾਬਜ਼ ਹੋ ਗਏ। ਬੰਗਾਲ ਤੋਂ ਅੱਗੇ ਵਧਦੇ-ਵਧਦੇ ਦਿੱਲੀ ਪਹੁੰਚ ਗਏ। ਪੰਜਾਬ ਨੂੰ ਛੱਡ ਕੇ ਅੰਗਰੇਜ਼ਾਂ ਨੇ ਹਿੰਦੁਸਤਾਨ 'ਤੇ 200 ਸਾਲ ਰਾਜ ਕੀਤਾ। ਮਹਾਰਾਜਾ ਰਣਜੀਤ ਸਿੰਘ ਨੇ ਅੰਗਰੇਜ਼ਾਂ ਨੂੰ 100 ਸਾਲ ਪੰਜਾਬ ਵਿੱਚ ਵੜਨ ਨਾ ਦਿੱਤਾ ਤੇ ਉਸ ਦੀ ਮੌਤ ਤੋਂ ਬਾਅਦ ਅੰਗਰੇਜ਼ ਪੰਜਾਬ 'ਤੇ ਕਾਬਜ਼ ਹੋਏ। ਹਿੰਦੁਸਤਾਨ ਨੂੰ ਸੋਨੇ ਦੀ ਚਿੜੀ ਦੁਨੀਆ ਵਿੱਚ ਕਿਉਂ ਜਾਣਿਆ ਜਾਂਦਾ ਸੀ, ਇਹ ਇਸ ਕਰਕੇ ਕਿ ਹਿੰਦੁਸਤਾਨ ਕੁਦਰਤੀ ਸਰੋਤਾਂ ਨਾਲ ਮਾਲਾਮਾਲ ਸੀ ਤੇ ਹੈ। ਸਾਡੀ ਧਰਤੀ ਮਾਂ ਸੋਨਾ ਹੈ। ਇਸ ਤਰ੍ਹਾਂ ਦੀ ਉਪਜਾਊ ਧਰਤੀ ਦੁਨੀਆ ਵਿੱਚ ਹੋਰ ਕਿਤੇ ਨਹੀਂ ਹੈ। ਇਸ ਧਰਤੀ ਨੂੰ ਸੋਨਾ ਬਣਾਇਆ ਸਾਡੇ ਕੁਦਰਤੀ ਵਾਤਾਵਰਨ ਨੇ। ਅੰਗਰੇਜ਼ ਜਦੋਂ ਹਿੰਦੁਸਤਾਨ 'ਤੇ 18ਵੀਂ ਸਦੀ ਵਿੱਚ ਕਾਬਜ਼ ਹੋਏ, ਉਦੋਂ ਕੁੱਲ ਦੁਨੀਆ ਦਾ ਸੋਨਾ ਭਾਰਤ ਕੋਲ ਸੀ। ਇਸ ਸੋਨੇ ਨੂੰ ਲੁੱਟਣ ਦੀ ਅੱਖ ਇਕੱਲੇ ਅੰਗਰੇਜ਼ਾਂ ਦੀ ਹੀ ਨਹੀਂ ਸੀ, ਦੂਜੇ ਦੇਸ਼ ਵੀ ਲੁੱਟਣ ਦੀ ਕੋਸ਼ਿਸ਼ ਕਰਦੇ ਰਹੇ, ਪਰ ਮੁਸਲਿਮ ਹਾਕਮਾਂ ਨੇ ਲੁੱਟਣ ਨਾ ਦਿੱਤਾ, ਪਰ ਬਿੱਲੀਆਂ ਅੱਖਾਂ ਵਾਲੇ ਅੰਗਰੇਜ਼ ਲੁੱਟਣ ਵਿੱਚ ਕਾਮਯਾਬ ਹੋ ਗਏ। ਅੰਗਰੇਜ਼ਾਂ ਨੂੰ ਇਹ ਪਤਾ ਲੱਗ ਗਿਆ ਕਿ ਹਿੰਦੁਸਤਾਨੀ ਕੌਮ ਆਹਮੋ-ਸਾਹਮਣੀ ਲੜਾਈ ਵਿੱਚ ਨਹੀਂ ਹਰਾਈ ਜਾ ਸਕਦੀ। ਉਹਨਾਂ ਹਿੰਦੁਸਤਾਨ ਵਿੱਚ 200 ਸਾਲ ਵਿਚਰ ਕੇ ਚੰਗੀ ਤਰ੍ਹਾਂ ਸਮਝ ਲਿਆ ਕਿ ਜੇ ਹਿੰਦੁਸਤਾਨੀ ਕੌਮ ਨੂੰ ਵੰਡਿਆ ਨਾ ਗਿਆ ਤਾਂ ਇਹ ਝੱਪਦੇ ਹੀ ਫਿਰ ਆਪਣਾ ਸੋਨਾ ਖੋਹ ਲੈਣਗੇ। ਫਿਰ ਉਨ੍ਹਾਂ ਹਿੰਦੁਸਤਾਨ ਦੇ ਟੋਟੇ ਕੀਤੇ। ਅੰਗਰੇਜ਼ਾਂ ਦੀ ਇਸ ਪਿੱਛੇ ਨੀਤੀ ਇਹ ਸੀ ਕਿ ਇਹ ਆਪਸ ਵਿੱਚ ਲੜਦੇ ਰਹਿਣਗੇ। ਇਹੋ ਕੁਝ ਹੁਣ ਵਾਪਰ ਰਿਹਾ ਹੈ। ਭਾਜਪਾ ਦੀ ਅਗਵਾਈ ਵਾਲੀ ਮੋਦੀ ਸਰਕਾਰ ਮੁਸਲਮਾਨਾਂ ਨੂੰ ਪਾਕਿਸਤਾਨ ਵੱਲ ਧੱਕਣ ਦੇ ਰਾਹ ਤੁਰੀ ਹੈ।

ਬੀਬੀ ਹਸਮਤ, ਜੋ 76 ਸਾਲ ਬਾਅਦ ਆਪਣੀ ਜਨਮ ਭੂਮੀ 'ਤੇ ਆਈ ਹੈ, ਉਸ ਦੇ ਵਿਚਾਰ ਬੜੇ ਮਹੱਤਵਪੂਰਨ ਹਨ। ਉਹ ਕਹਿੰਦੀ ਹੈ, ਵੇਖਿਓ ਕਿਤੇ ਹੁਣ ਨਾ ਮੁਲਖ ਵੰਡਿਓ। ਵੰਡ-ਪਾਊ ਤਾਕਤਾਂ ਦਾ ਡਟਵਾਂ ਵਿਰੋਧ ਕਰਿਓ। ਜੇ ਵੰਡ-ਪਾਊ ਤਾਕਤਾਂ ਕਾਮਯਾਬ ਹੋ ਗਈਆਂ ਤਾਂ ਚਾਰ-ਚੁਫੇਰੇ ਮੰਦਹਾਲੀ ਛਾ ਜਾਵੇਗੀ। ਜੇ ਹਿੰਦ-ਪਾਕਿ ਤੇ ਬੰਗਲਾਦੇਸ਼ ਇਕੱਠੇ ਹੋ ਜਾਣ ਤਾਂ ਸਾਡੇ ਇਸ ਜਨਮ ਭੂਮੀ 'ਤੇ ਖੁਸ਼ੀਆਂ ਦੇ ਖੇੜੇ ਵੱਸਣਗੇ। ਸਾਰੀ ਵਸੋਂ ਅਮੀਰ ਹੋਵੇਗੀ। ਅਸੀਂ ਫਿਰ ਸਾਰੀ ਦੁਨੀਆ ਦੇ ਸੋਨੇ ਦੇ ਮਾਲਕ ਹੋਵਾਂਗੇ। ਬੀਬੀ ਹਸਮਤ ਹੁਣ ਪਾਕਿਸਤਾਨ ਦੇ ਕਸਬੇ ਉਕਾੜੇ ਵਿੱਚ ਰਹਿੰਦੀ ਹੈ। ਜਦੋਂ ਬੀਬੀ ਹਸਮਤ ਖਡੂਰ ਸਾਹਿਬ ਪਹੁੰਚੀ ਤਾਂ ਲੋਕਾਂ ਢੋਲ-ਢਮੱਕੇ ਨਾਲ ਸਵਾਗਤ ਕੀਤਾ। ਬੀਬੀ ਦੇ ਹਾਣ-ਪਰਵਾਣ ਵਾਲਿਆਂ ਨੂੰ ਛੱਡ ਕੇ ਬਾਕੀ ਸਭ ਲੋਕਾਂ ਨੇ ਬੀਬੀ ਹਸਮਤ ਨੂੰ ਭੂਆ ਦਾ ਖਿਤਾਬ ਦਿੱਤਾ। ਮੇਰੇ ਨਾਲਦੇ ਵੀ ਬੀਬੀ ਨੂੰ ਭੂਆ ਜੀ ਆਖਦੇ ਸਨ। ਮੈਂ ਵੀ ਭੂਆ ਜੀ ਕਹਿ ਕੇ ਸਤਿਕਾਰ ਕੀਤਾ ਤੇ ਗੋਡੀਂ ਹੱਥ ਲਾਇਆ। ਭੂਆ ਜੀ ਨੇ ਮੈਨੂੰ ਭਤੀਜੇ ਦੀ ਤਰ੍ਹਾਂ ਗਲ ਨਾਲ ਲਾਇਆ। ਜਦੋਂ ਮੈਂ ਉਨ੍ਹਾ ਦੀ ਸ਼ਕਲ ਵੇਖੀ, ਉਹ ਮੈਨੂੰ ਮੇਰੀ ਮਾਤਾ ਵਰਗੇ ਲੱਗੇ। ਗੋਰਾ ਰੰਗ, ਨੈਣ-ਨਕਸ਼ ਤਿੱਖੇ ਤੇ 92 ਸਾਲ ਦੀ ਉਮਰ ਕਰਕੇ ਝੁਰੜੀਆਂ ਪਈਆਂ ਹਨ। ਮੇਰੀ ਮਾਂ ਦੇ ਵੀ ਪਿਛਲੇਰੀ ਉਮਰ ਵਿੱਚ ਇਸੇ ਤਰ੍ਹਾਂ ਸੀ। ਮੈਂ ਕਿਹਾ, ਭੂਆ ਜੀ ਮੈਨੂੰ ਤੇ ਇੰਝ ਲਗਦਾ ਮੇਰੀ ਮਾਂ ਫਿਰ ਜ਼ਿੰਦਾ ਹੋ ਗਈ ਹੈ। ਉਹ ਕਹਿੰਦੇ ਉਹ ਕਿਸ ਤਰ੍ਹਾਂ। ਮੈਂ ਕਿਹਾ, ਮੇਰੀ ਮਾਂ ਦੀ ਸ਼ਕਲ ਤੁਹਾਡੇ ਨਾਲ ਮਿਲਦੀ ਸੀ। ਮੇਰੀ ਮਾਂ ਦਾ ਪਿੰਡ ਵੀ ਪਾਕਿਸਤਾਨ ਵਿੱਚ ਜਾਹਮਣ ਸੀ। ਮੇਰੀ ਮਾਂ ਨੇ ਮੈਨੂੰ ਆਪਣੀ ਜਨਮ ਭੂਮੀ ਵੀ ਵਿਖਾਈ ਸੀ। ਇੱਕ ਵਾਰ ਅਸੀਂ ਮਾਂ-ਪੁੱਤ ਰਾਜੋਕੇ ਜਾ ਰਹੇ ਸਾਂ। ਰਾਜੋਕੇ ਮੇਰੀ ਭੂਆ ਰਹਿੰਦੀ ਸੀ। ਜਾਂਦੇ ਅਸੀਂ ਤੁਰ ਕੇ ਸੀ। ਸ਼ਹੀਦ ਤਾਰਾ ਸਿੰਘ ਵਾਂ ਦੇ ਪਿੰਡ ਦੇ ਨਜ਼ਦੀਕ ਰਸਤਾ ਬਿਲਕੁਲ ਬਾਰਡਰ ਦੇ ਨਾਲ-ਨਾਲ ਸੀ। ਉਦੋਂ ਤਾਰਾਂ ਤੇ ਲੱਗੀਆਂ ਨਹੀਂ ਸਨ ਤੇ ਸਖਤੀ ਵੀ ਨਹੀਂ ਸੀ। ਮੇਰੀ ਮਾਂ ਨੇ ਐਨ ਬਾਰਡਰ 'ਤੇ ਖਲੋ ਕੇ ਵਿਖਾਇਆ ਕਿ ਪਿਰਥਿਆ ਆ ਤੇਰਾ ਨਾਨਕਾ ਪਿੰਡ ਹੈ। ਔਹ ਸਾਡੇ ਖੇਤ ਸਨ। ਇਹ ਕਹਿ ਕੇ ਮਾਂ ਰੋਣ ਲੱਗ ਪਈ ਤੇ ਮੇਰੀਆਂ ਅੱਖਾਂ ਵਿੱਚੋਂ ਵੀ ਨੀਰ ਵਗ ਤੁਰਿਆ। ਕਿੰਨਾ ਚਿਰ ਤੱਕ ਅਸੀਂ ਖਲੋਤੇ ਰਹੇ ਤੇ ਫਿਰ ਤੁਰੇ। ਇਸੇ ਤਰ੍ਹਾਂ ਅਸੀਂ ਰਾਜੋਕੇ ਤੋਂ ਵਾਪਸੀ 'ਤੇ ਕੀਤਾ। ਭੂਆ ਹਸਮਤ ਕਹਿੰਦੀ, ਬੱਚੇ ਕਦੀਂ ਆਪਣੇ ਨਾਨਕੇ ਗਿਆਂ। ਮੈਂ ਕਿਹਾ ਨਹੀਂ। ਕਹਿੰਦੀ ਜ਼ਰੂਰ ਜਾਵੀਂ, ਕੋਈ ਨਾ ਕੋਈ ਨਿਸ਼ਾਨੀ ਜ਼ਰੂਰ ਮਿਲੇਗੀ। ਜਿਸ ਤਰ੍ਹਾਂ ਮੈਨੂੰ ਆਪਣੇ ਨਾਨਕੇ ਉੱਚੇ ਪਿੰਡ ਕਪੂਰਥਲਾ ਤੋਂ ਮਿਲੀ ਹੈ। ਮੈਂ ਇਨ੍ਹਾਂ ਵਹਿਣਾਂ ਵਿੱਚ ਵਹਿੰਦਿਆਂ ਆਪਣੀ ਪਿਆਰੀ ਭੂਆ ਹਸਮਤ ਨਾਲ ਗੱਲਬਾਤ ਤੋਰੀ।

? ਭੂਆ (ਹਸਮਤ) ਜੀ ਤੁਹਾਡਾ ਪੂਰਾ ਨਾਂਅ ਕੀ ਹੈ।

—ਮੇਰਾ ਪੂਰਾ ਨਾਂਅ ਹੀ ਹਸਮਤ ਬੀਬੀ ਹੈ।

? ਤੁਹਾਡੇ ਬਾਪ (ਅੱਬੂ) ਦਾ ਨਾਂਅ

—ਮੇਰੇ ਬਾਪ (ਅੱਬੂ) ਦਾ ਨਾਂਅ ਬੂਟਾ ਸੀ।

? ਤੁਹਾਡੀ ਅੰਮੀ ਜਾਨ (ਮਾਂ) ਦਾ ਨਾਂਅ ਕੀ ਹੈ।

- ਮੇਰੀ ਅੰਮੀ ਜਾਨ (ਮਾਤਾ) ਦਾ ਨਾਂਅ ਰਹਿਮਤ ਬੀਬੀ ਸੀ।

? ਤੁਸੀਂ ਕਿੰਨੇ ਭੈਣ-ਭਰਾ ਜੇ।

—ਅਸੀਂ 8 ਭੈਣ-ਭਰਾ ਹਾਂ, ਫਿਰ ਤਾਂ ਭੂਆ ਜੀ ਗੱਲ ਮਿਲ ਗਈ, ਅਸੀਂ ਵੀ 8 ਭੈਣ-ਭਰਾ ਹਾਂ।

? ਉਨ੍ਹਾਂ ਦੇ ਨਾਂਅ ਦੱਸੋਗੇ।

—ਮੁਲਖ ਮੁਹੰਮਦ, ਸਰਦਾਰ ਮੁਹੰਮਦ, ਸਰਦਾਰ ਬੀਬੀ, ਫੈਜ ਮੁਹੰਮਦ, ਸਰਦਾਰ ਮੁਹੰਮਦ (ਪਹਿਲਾ ਸਰਦਾਰ ਮੁਹੰਮਦ ਮਰ ਗਿਆ ਸੀ ਤੇ ਮੇਰੇ ਮਾਂ-ਪਿਓ ਨੇ ਉਸ ਨੂੰ ਯਾਦ ਰੱਖਣ ਵਾਸਤੇ ਆਪਣੇ ਇਸ ਪੱਤਰ ਦਾ ਨਾਂਅ ਵੀ ਸਰਦਾਰ ਮੁਹੰਮਦ ਰੱਖਿਆ ਸੀ), ਜੀਜਾਂ ਬੀਬੀ, ਮੁਖਤਾਰ ਅਹਿਮਦ ਤੇ ਹਸਮਤ ਬੀਬੀ।

? ਤੁਹਾਡੇ ਨਾਨਕੇ ਕਿਥੇ ਸਨ।

—ਮੇਰੇ ਨਾਨਕੇ ਪਿੰਡ ਉੱਚਾ ਜ਼ਿਲ੍ਹਾ ਕਪੂਰਥਲਾ ਵਿੱਚ ਹਨ। (ਭੂਆ ਜੀ, ਉੱਚੇ ਪਿੰਡ ਵਿੱਚ ਸਾਡੇ ਬਹੁਤ ਹੀ ਸਤਿਕਾਰਤ ਸਾਥੀ ਕਾਮਰੇਡ ਨਿਰੰਜਣ ਸਿੰਘ ਉੱਚਾ ਸਨ। ਉਹ ਪਿੰਡ ਦੇ ਸਰਪੰਚ ਵੀ ਰਹੇ। ਇੱਕ ਵਾਰ ਤੁਹਾਡੇ ਨਾਨਕੇ ਮੈਂ ਸਰਬ ਭਾਰਤ ਨੌਜਵਾਨ ਸਭਾ ਦੀ ਅੱਤਵਾਦ ਦੇ ਦੌਰ ਵਿੱਚ ਮੀਟਿੰਗ ਕਰਾਉਣ ਗਿਆ। ਮੀਟਿੰਗ ਨਿਰੰਜਣ ਸਿੰਘ ਦੇ ਘਰ ਸੀ। ਮੀਟਿੰਗ ਸ਼ਾਮ ਨੂੰ ਲੇਟ ਖਤਮ ਹੋਈ। ਮੈਂ ਤੇ ਉੱਚਾ ਜੀ ਰੋਟੀ ਖਾ ਰਹੇ ਸੀ ਤੇ ਸਕਿਉਰਟੀ ਗਾਰਡ ਨੇ ਗੋਲੀ ਚਲਾ ਦਿੱਤੀ। ਅਸੀਂ ਰੋਟੀ ਵਿਚਾਲੇ ਛੱਡ ਕੇ ਦਵਾਦਵ ਹਥਿਆਰ ਲੈ ਕੇ ਉਪਰ ਚੁਬਾਰੇ ਵਿੱਚ ਗਏ ਤੇ ਗਾਰਡ ਨੇ ਦੱਸਿਆ ਕਿ ਅੱਤਵਾਦੀ ਆ ਗਏ ਸਨ ਤੇ ਘਰ ਨੂੰ ਘੇਰਨ ਦੀ ਸਕੀਮ ਬਣਾ ਰਹੇ ਸੀ ਮੇਰੇ ਨਜ਼ਰੀਂ ਪੈ ਗਏ। ਮੈਂ ਉਨ੍ਹਾਂ 'ਤੇ ਗੋਲੀ ਚਲਾ ਦਿੱਤੀ, ਉਹ ਦੌੜ ਗਏ।)

? ਤੁਹਾਡੇ ਨਾਨੇ ਦਾ ਨਾਂਅ ਕੀ ਸੀ।

—ਮੇਰੇ ਨਾਨਾ ਜੀ ਦਾ ਨਾਂਅ ਮੀਰਬਖਸ਼ ਸੀ।

? ਤੁਹਾਡੀ ਨਾਨੀ ਜੀ ਦਾ ਨਾਂਅ ਕੀ ਸੀ।

—ਮੇਰੀ ਨਾਨੀ ਜੀ ਦਾ ਨਾਂਅ ਭਾਗੋ ਸੀ। (ਮੈਂ ਕਿਹਾ, ਭੂਆ ਜੀ ਫਿਰ ਗੱਲ ਬਣ ਗਈ, ਮੇਰੀ ਵੱਡੀ ਭੈਣ ਦਾ ਨਾਂਅ ਵੀ ਭਾਗੋ ਹੈ। ਹੁਣ ਤੁਸੀਂ ਮੈਨੂੰ ਆਪਣਾ ਭਤੀਜਾ ਮੰਨ ਹੀ ਲਵੋਗੇ। ਮੇਰੀ ਪਿਆਰੀ ਭੂਆ ਖੁਸ਼ ਹੋ ਗਈ)

? ਤੁਹਾਡੇ ਮਾਮਿਆਂ ਦੇ ਕੀ ਨਾਂਅ ਸਨ।

—ਉਨ੍ਹਾਂ ਦੇ ਨਾਂਅ ਸਨ ਮੁਹੰਮਦ ਅਲੀ, ਫਤੇਹ ਮੁਹੰਮਦ, ਸਿਕੰਦਰ ਤੇ ਸੁਲਤਾਨ ਅਹਿਮਦ।

? ਤੁਹਾਡੀ ਮਾਸੀ ਦਾ ਕੀ ਨਾਂਅ ਸੀ।

—ਮੇਰੀ ਮਾਸੀ ਦਾ ਨਾਂਅ ਉਮਰ ਬੀਬੀ ਸੀ।

? ਤੁਹਾਡਾ ਪਰਵਾਰ ਖਡੂਰ ਸਾਹਿਬ ਖੇਤੀਬਾੜੀ ਦਾ ਕੰਮ ਕਰਦਾ ਸੀ।

—ਮੇਰੇ ਹੁੰਦਿਆਂ ਵੀ ਕਰਦਾ ਸੀ ਤੇ ਹੁਣ ਵੀ ਕਰਦਾ ਹੈ। ਉਨ੍ਹਾ ਦਾ ਭਤੀਜਾ ਕਹਿੰਦਾ , ਬਾਵਿਆਂ ਵਾਲੀ ਜ਼ਮੀਨ ਸਾਡੀ ਹੁੰਦੀ ਸੀ।

? ਹਿੰਦ-ਪਾਕਿ ਦੀ ਵੰਡ ਵੇਲੇ ਤੁਸੀਂ ਪਾਕਿਸਤਾਨ ਚਲੇ ਗਏ ਤੇ ਪਰਵਾਰ ਤੁਹਾਡਾ ਹਿੰਦੁਸਤਾਨ ਵਿੱਚ ਰਿਹਾ, ਇਸ ਦਾ ਕੀ ਕਾਰਨ।

—ਜਦੋਂ ਹਿੰਦੁਸਤਾਨ ਤੇ ਪਾਕਿਸਤਾਨ ਬਣਨ ਦਾ ਐਲਾਨ ਹੋਇਆ ਸੀ, ਮੈਂ ਉਸ ਵਕਤ ਪਿੰਡ ਉੱਚੇ ਆਪਣੇ ਨਾਨਕਿਆਂ ਕੋਲ ਸਾਂ। ਹੋਇਆ ਇੰਝ ਕਿ ਅਸੀਂ ਸਾਰਾ ਪਰਵਾਰ ਵਿਆਹ ਗਏ ਸੀ ਤੇ ਬਾਕੀ ਪਰਵਾਰ ਆ ਗਿਆ ਤੇ ਮੈਂ ਨਾਨਕੇ ਕੁਝ ਦਿਨ ਰਹਿਣ ਲਈ ਰੁਕ ਗਈ। ਉਧਰੋਂ ਐਲਾਨ ਹੋ ਗਿਆ ਹਿੰਦੁਸਤਾਨ ਤੇ ਪਾਕਿਸਤਾਨ ਦੋ ਦੇਸ਼ ਬਣ ਗਏ ਹਨ। ਐਲਾਨ ਹੁੰਦਿਆਂ ਸਾਰ ਹੀ ਦੋਹੀਂ ਪਾਸੀਂ ਲੁੱਟਮਾਰ ਤੇ ਕਤਲੇਆਮ ਸ਼ੁਰੂ ਹੋ ਗਿਆ। ਮੈਂ ਆਪਣੇ ਨਾਨਕਿਆਂ ਨਾਲ ਪਾਕਿਸਤਾਨ ਚਲੀ ਗਈ। ਅਸੀਂ ਲੰਘੇ ਵੀ ਖਡੂਰ ਸਾਹਿਬ ਦੇ ਲਾਗੋਂ ਦੀ ਸਾਂ, ਪਰ ਮਜਬੂਰ ਸਾਂ, ਮੈਂ ਇਕੱਲੀ ਆਪਣੇ ਪਿੰਡ ਨਹੀਂ ਸੀ ਜਾ ਸਕਦੀ।

? ਫਿਰ ਤਾਂ ਤੁਸੀਂ ਕੱਟ-ਵੱਢ ਵੇਖੀ ਹੋਵੇਗੀ।

—ਅਸੀਂ ਔਰਤਾਂ ਸਾਂ, ਘਰੋਂ ਸਾਡੇ ਆਦਮੀ ਸਾਨੂੰ ਬਾਹਰ ਨਹੀਂ ਸੀ ਨਿਕਲਣ ਦਿੰਦੇ। ਸਾਨੂੰ ਤਾਂ ਇਹ ਹਦਾਇਤ ਸੀ ਕਿ ਕਿਸੇ ਪਰਾਏ ਮਨੁੱਖ ਦੇ ਹੱਥ ਨਹੀਂ ਲੱਗਣ ਦੇਣੇ, ਜਾਨ ਦੇ ਦੇਣੀ ਹੈ। (ਮੈਂ ਕਿਹਾ, ਇਹ ਭੂਆ ਜੀ ਠੀਕ ਹੈ, ਸਾਡੀ ਮਾਂ ਸਾਨੂੰ ਦੱਸਦੀ ਹੁੰਦੀ ਸੀ ਕਿ ਤੁਹਾਡੇ ਦਾਦੇ ਨੇ ਤੁਹਾਡੀਆਂ ਭੂਆਂ ਨੂੰ ਮਾਰਨ ਵਾਲੀਆਂ ਗੋਲੀਆਂ ਲਿਆ ਕੇ ਦਿੱਤੀਆਂ ਹੋਈਆਂ ਸਨ ਕਿ ਮੁਸਲਮਾਨਾਂ ਦੇ ਹੱਥ ਨਹੀਂ ਆਉਣਾ, ਮਰ ਜਾਣਾ ਹੈ। ਜਦੋਂ ਖਤਰਾ ਜਾਪੇ ਉਸ ਵੇਲੇ ਗੋਲੀ ਖਾ ਲੈਣੀ ਹੈ। ਸਾਡੇ ਖਤਰਾ ਇਸ ਕਰਕੇ ਸੀ ਕਿ ਪੱਟੀ ਤਹਿਸੀਲ ਦਾ ਰੌਲਾ ਪੈ ਰਿਹਾ ਸੀ ਕਿ ਇਹ ਲਾਹੌਰ ਨਾਲ ਹੀ ਰਹੇਗੀ, ਕਿਉਂਕਿ ਇਹ ਲਾਹੌਰ ਦੀ ਤਹਿਸੀਲ ਸੀ। ਇਸ ਪ੍ਰਸਥਿਤੀ ਵਿੱਚ ਲੋਕਾਂ ਨੂੰ ਡਰ ਰਹਿੰਦਾ ਸੀ।)

? ਭੂਆ ਜੀ ਉੱਚਾ ਪਿੰਡ ਮੁਸਲਮਾਨਾਂ ਦਾ ਸੀ।

—ਹਾਂ ਉੱਚੇ ਪਿੰਡ ਵਿੱਚ ਮੁਸਲਮਾਨ ਬਹੁਤ ਸਨ, ਦੂਜੇ ਧਰਮ ਵਾਲਿਆਂ ਦੇ ਦੋ-ਤਿੰਨ ਹੀ ਘਰ ਸਨ।

? ਕੀ ਤੁਸੀਂ ਪਾਕਿਸਤਾਨ ਜਾਣ ਲੱਗਿਆਂ ਆਪਣੇ-ਮਾਂ ਬਾਪ ਨੂੰ ਦੱਸ ਦਿੱਤਾ ਸੀ।

—ਦੱਸ ਕਿਸ ਤਰ੍ਹਾਂ ਸਕਦੀ ਸਾਂ, ਉਦੋਂ ਕੋਈ ਟੈਲੀਫੋਨ ਤੇ ਹੁੰਦੇ ਨਹੀਂ ਸਨ, ਡਾਕ ਸੀ, ਡਾਕ ਵੀ ਮਿਲਣ ਲੱਗਿਆਂ ਦਿਨ ਲੱਗਦੇ ਸਨ।

? ਜਦੋਂ ਤੁਸੀਂ ਆਪਣੀ ਜਨਮ ਭੂਮੀ ਦੇ ਲਾਗਿਉਂ ਲੰਘੇ ਤਾਂ ਕੀ ਬੀਤੀ।

—ਇਹ ਤਾਂ ਮੇਰਾ ਮਨ ਹੀ ਜਾਣਦਾ ਸੀ। ਮੈਂ ਰੋ-ਰੋ ਕੇ ਫਕੀਰਨੀ ਹੋ ਗਈ ਸਾਂ। ਸੱਚ ਪੁੱਛੋ ਤਾਂ ਬਿਆਨ ਨਹੀਂ ਹੁੰਦਾ। ਮੈਂ ਪਾਕਿਸਤਾਨ ਜਾ ਕੇ ਕਿੰਨੀ ਰੋਈ ਸਾਂ। ਉਕਾੜੇ ਵੀ ਲੰਮਾਂ ਸਮਾਂ ਵਿਲ੍ਹਕਦੀ ਰਹੀ, ਪਰ ਕਰ ਕੀ ਸਕਦੀ ਸਾਂ, ਅਖੀਰ ਧਰਵਾਸ ਕਰਨਾ ਪਿਆ।

? ਪਾਕਿਸਤਾਨ ਵਿੱਚ ਤੁਸੀਂ ਕਿਥੇ ਗਏ ਸੀ।

—ਅਸੀਂ ਪਹਿਲਾਂ ਲਾਹੌਰ ਕੈਂਪ ਵਿੱਚ ਰਹੇ ਤੇ ਫਿਰ ਜ਼ਮੀਨ ਅਲਾਟ ਹੋਣ 'ਤੇ ਉਕਾੜੇ ਚਲੇ ਗਏ ਸਾਂ।

? ਤੁਹਾਡਾ ਮਾਂ-ਬਾਪ ਪਾਕਿਸਤਾਨ ਕਿਉਂ ਨਹੀਂ ਗਿਆ।

—ਮੇਰੇ ਪਰਵਾਰ ਦਾ ਖਡੂਰ ਸਾਹਿਬ ਵਿੱਚ ਬੜਾ ਮਿਲਵਰਤਣ ਸੀ ਤੇ ਲੋਕਾਂ ਨੇ ਜਾਣ ਨਹੀਂ ਦਿੱਤਾ ਤੇ ਉਹ ਖਡੂਰ ਸਾਹਿਬ ਹੀ ਵਸੇ ਰਹੇ।

? ਖਡੂਰ ਸਾਹਿਬ ਦੇ ਕੋਈ ਖਾਸ ਵਿਅਕਤੀ, ਜਿਨ੍ਹਾਂ ਤੁਹਾਡੇ ਪਰਵਾਰ ਨੂੰ ਜਾਣ ਨਾ ਦਿੱਤਾ।

—ਉਨ੍ਹਾਂ ਵਿੱਚ ਸੀ ਕਾਕੂ ਪਹਿਲਵਾਨ ਤੇ ਛੱਜੂ ਸਨਿਆਰਾ।

? ਤੁਹਾਡੇ ਪਰਵਾਰ ਨੂੰ ਉਸ ਸਮੇਂ ਡਰ ਨਾ ਆਇਆ।

—ਸਾਡੇ ਪਰਵਾਰ ਨੂੰ ਛੱਜੂ ਸਨਿਆਰੇ ਨੇ ਆਪਣੇ ਚੁਬਾਰੇ ਵਿੱਚ ਦੋ ਸਾਲ ਰੱਖਿਆ ਸੀ ਕਿ ਇਨ੍ਹਾਂ ਨੂੰ ਕੋਈ ਛੇੜ ਵੀ ਨਾ ਸਕੇ।

? ਪਾਕਿਸਤਾਨ ਜਾਣ ਤੋਂ ਬਾਅਦ ਤੁਹਾਡੇ ਪਰਵਾਰ ਦਾ ਜੀਅ ਤੁਹਾਨੂੰ ਕੋਈ ਮਿਲਣ ਆਇਆ।

—ਮੇਰੀ ਮਾਂ ਚਾਰ ਸਾਲ ਬਾਅਦ ਆਈ ਤੇ ਮੇਰਾ ਵਿਆਹ ਕਰ ਕੇ ਗਈ ਸੀ।

? ਤੁਹਾਡਾ ਵਿਆਹ ਕਿਥੇ ਹੋਇਆ।

—ਵਿਆਹ ਮੇਰਾ ਉਕਾੜੇ ਹੀ ਮੇਰੀ ਰਿਸ਼ਤੇਦਾਰੀ ਵਿੱਚ ਹੋਇਆ ਸੀ। (ਮੁਸਲਮਾਨ ਬਰਾਦਰੀ ਵਿਆਹ ਰਿਸ਼ਤੇਦਾਰੀ ਵਿੱਚ ਕਰ ਸਕਦੀ ਹੈ।)

? ਫਿਰ ਮੇਰੇ ਫੁੱਫੜ ਭਾਵ ਤੁਹਾਡੇ ਪਤੀ ਦਾ ਨਾਂਅ ਕੀ ਹੈ।

—ਮੇਰੇ ਪਤੀ ਦਾ ਨਾਂਅ ਰਹਿਮਤ ਅਲੀ ਹੈ।

? ਤੁਹਾਡੇ ਬੱਚੇ ਕਿੰਨੇ ਹਨ।

—ਸਾਡੇ ਤਿੰਨ ਬੱਚੇ ਹਨ।

? ਉਨ੍ਹਾਂ ਦੇ ਨਾਂਅ ਦੱਸੋ।

—ਸਰੀਆ ਬਾਨੋ, ਫਜ਼ਲ ਬੀਬੀ ਤੇ ਫਜਲ ਅਹਿਮਦ ਹਨ।

? ਤੁਹਾਡਾ ਪੁੱਤਰ ਕੀ ਕਰਦਾ।

—ਉਹ ਖੇਤੀਬਾੜੀ ਦਾ ਕੰਮ ਕਰਦਾ ਹੈ।

? ਤੁਹਾਡੀ ਨੂੰਹ ਰਾਣੀ ਦਾ ਨਾਂਅ ਕੀ ਹੈ।

— ਮੇਰੀ ਨੂੰਹ ਰਾਣੀ ਨਿਸਾਰਾ ਬੀਬੀ ਹੈ।

? ਉਨ੍ਹਾਂ ਦੇ ਬੱਚੇ ਕਿੰਨੇ ਹਨ।

—ਉਨ੍ਹਾਂ ਦੇ ਚਾਰ ਬੱਚੇ ਹਨ।

? ਉਨ੍ਹਾਂ ਦੇ ਨਾਂਅ ਦੱਸੋ।

—ਨਿੱਤਰਾਂ ਬੀਬੀ, ਸਦਨਾ ਬੀਬੀ, ਜਵਾਹਰ ਅਹਿਮਦ ਤੇ ਅਫਜਾਲ ਅਹਿਮਦ।

? ਤੁਹਾਨੂੰ ਹੁਣ ਵੀ ਧਰਤੀ ਮਾਂ ਦੇ ਵਿਛੋੜੇ ਦਾ ਸਦਮਾ ਹੈ।

—ਬਿਲਕੁਲ, ਮੈਂ ਹੁਣ ਤੱਕ ਯਾਦਾਂ ਵਿੱਚ ਡੁੱਬ ਜਾਂਦੀ ਹਾਂ ਤੇ ਕਈ ਵਾਰ ਰੋ ਪੈਂਦੀ ਹਾਂ। ਜੇ ਮੈਂ ਹਿੰਦੁਸਤਾਨ ਰਹਿੰਦੀ ਤਾਂ ਆਪਣੇ ਮਾਂ-ਬਾਪ ਕੋਲ ਰਹਿੰਦੀ, ਪਰ ਅੰਗਰੇਜ਼ ਹਾਕਮਾਂ ਨੇ ਮੈਨੂੰ ਸਜ਼ਾ ਦਿੱਤੀ ਤੇ ਜੋ ਮੈਂ ਹੰਢਾਈ ਹੈ। ਠੀਕ ਹੈ ਮੈਂ ਆਪਣੇ ਪਰਵਾਰ ਨਾਲ ਤਾਂ ਹੱਸਦੀ-ਖੇਡਦੀ ਹਾਂ, ਪਰ ਮੇਰਾ ਮਨ ਖਡੂਰ ਸਾਹਿਬ ਹੀ ਰਹਿੰਦਾ ਹੈ। ਧੀਆਂ ਤਾਂ ਮਾਪਿਆਂ ਦੀਆਂ ਜਾਈਆਂ ਹੁੰਦੀਆਂ ਹਨ। ਭਰਾ ਜਿੰਨੀਆਂ ਮਰਜ਼ੀ ਗਲਤੀਆਂ ਕਰ ਲੈਣ, ਪਰ ਭੈਣਾਂ ਆਪਣੇ ਭਰਾਵਾਂ ਨੂੰ ਕਦੀ ਗਲਤ ਨਹੀਂ ਮੰਨਦੀਆਂ। ਉਹ ਹਮੇਸ਼ਾ ਭਰਾਵਾਂ ਦੀ ਸੁੱਖ ਹੀ ਮੰਗਦੀਆਂ ਹਨ। ਮੈਂ ਅਭਾਗਣ ਤਾਂ ਭਰਾਵਾਂ ਦੀ ਮੌਤ 'ਤੇ ਵੀ ਨਹੀਂ ਆ ਸਕੀ। ਜਦੋਂ ਭਰਾਵਾਂ ਦੀ ਮੌਤ ਦਾ ਪਤਾ ਲੱਗਾ ਤਾਂ ਮਨ ਹੀ ਜਾਣਦਾ ਮੇਰੇ ਨਾਲ ਕੀ ਬੀਤੀ।

? ਹੁਣ ਤੁਸੀਂ ਕਿਸ ਤਰ੍ਹਾਂ ਆਏ ਹੋ।

—ਮੇਰੇ ਭਤੀਜਿਆਂ ਨੇ ਮੈਨੂੰ ਸੱਦਾ ਪੱਤਰ ਭੇਜਿਆ, ਫਿਰ ਮੈਂ ਆਈ ਹਾਂ।

? ਮੇਰੇ ਤੋਂ ਬਗੈਰ ਤੁਹਾਡੇ ਕਿਹੜੇ ਭਤੀਜੇ ਹਨ।

—ਉਨ੍ਹਾਂ ਦੇ ਨਾਂਅ ਕਰਮਦੀਨ, ਸਵਰਨਦੀਨ ਤੇ ਖੁਸ਼ੀ ਮੁਹੰਮਦ ਹਨ। ਇਨ੍ਹਾਂ ਵਿੱਚੋਂ ਕਰਮਦੀਨ ਰੋਪੜ ਰਹਿੰਦਾ ਹੈ ਤੇ ਉਹ ਪੀ ਡਬਲਿਊ ਡੀ ਵਿੱਚ ਅਫਸਰ ਹੈ।

? ਤੁਹਾਡੇ ਭਤੀਜਿਓਂ ਨੂੰਹਾਂ ਦੇ ਨਾਂਅ ਕੀ ਹਨ।

—ਉਨ੍ਹਾਂ ਦੇ ਨਾਂਅ ਮੁਖਤਾਰਾਂ ਬੀਬੀ, ਵਜੀਦਾ ਬੇਗਮ ਤੇ ਸ਼ਬਨਮ ਬੇਗਮ ਹਨ।

ਉਕਤ ਜਾਣਕਾਰੀ ਲੈਣ ਤੋਂ ਬਾਅਦ ਮੈਂ ਭੂਆ ਹਸਮਤ ਨੂੰ ਦੱਸਿਆ ਕਿ ਹੁਣ ਮੈਂ ਆਪਣੇ ਘਰ ਜਾ ਕੇ ਆਪਣੀ ਦੋਹਤੀ ਨਾਜ ਤੇ ਦੋਹਤੇ ਨੂਰ ਨਾਲ ਜਾ ਕੇ ਖੇਡਣਾ ਹੈ। ਭੂਆ ਕਹਿੰਦੀ, ਤੁਸੀਂ ਆਪਣੇ ਬੱਚਿਆਂ ਦੇ ਨਾਂਅ ਮੁਸਲਮਾਨਾਂ ਵਾਲੇ ਰੱਖੇ ਹਨ। ਮੈਂ ਕਿਹਾ ਹਾਂ, ਭੂਆ ਬਹੁਤ ਖੁਸ਼ ਹੋਈ। ਭੂਆ ਪੁੱਛਦੀ ਮੇਰੀ ਨੂੰਹ ਰਾਣੀ ਦਾ ਨਾਂਅ ਕੀ ਹੈ। ਮੈਂ ਕਿਹਾ, ਰੁਪਿੰਦਰ ਕੌਰ ਮਾੜੀਮੇਘਾ। ਉਹ ਇਸਤਰੀ ਸਭਾ ਦੀ ਲੀਡਰ ਹੈ। ਮੇਰੇ ਤਿੰਨ ਬੱਚੇ ਹਨ। ਬੇਟੀਆਂ ਪੂਨਮ, ਕੋਮਲ ਤੇ ਲੜਕਾ ਲਵਪ੍ਰੀਤ ਹੈ। ਉਹ ਏ ਆਈ ਐੱਸ ਐੱਫ ਦਾ ਸੂਬਾ ਪ੍ਰਧਾਨ ਹੈ। ਭੂਆ ਨੇ ਕਿਹਾ ਕਿ ਮੇਰੇ ਵੱਲੋਂ ਸਾਰਿਆਂ ਨੂੰ ਪਿਆਰ ਦੇਵੀਂ। ਮੈਂ ਦਰਬਾਰ ਸਾਹਿਬ ਮੱਥਾ ਟੇਕਣ ਆਉਣਾ ਹੈ, ਜੇ ਵਕਤ ਮਿਲਿਆ ਤਾਂ ਮੈਂ ਜ਼ਰੂਰ ਘਰ ਆਵਾਂਗੀ। ਮੈਂ ਆਪਣੀ ਪਿਆਰੀ ਭੂਆ ਹਸਮਤ ਤੋਂ ਮੁਆਫੀ ਮੰਗੀ, ਗੋਡੀਂ ਹੱਥ ਲਾਇਆ ਤੇ ਪਿਆਰ ਲਿਆ ਤੇ ਸਾਰਿਆਂ ਨਾਲ ਫੋਟੋ ਲੈ ਕੇ ਨਿੰਮੋਝੂਣਾ ਜਿਹਾ ਹੋ ਕੇ ਆ ਗਿਆ।

**—ਪ੍ਰਿਥੀਪਾਲ ਸਿੰਘ ਮਾੜੀਮੇਘਾ**

## ਮੋਦੀ ਜੇ ਹੋਰ ਸਮਾਂ ਗੱਦੀ 'ਤੇ ਰਿਹਾ ਤਾਂ ਲੋਕਤੰਤਰ ਦਾ ਖਾਤਮਾ ਹੋ ਜਾਵੇਗਾ : ਸੇਖੋਂ





**ਬਹਿਰਾਮ (ਅਵਤਾਰ ਕਲੇਰ)** ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਸ਼ਹੀਦੇ ਆਜ਼ਮ ਭਗਤ ਸਿੰਘ ਦੇ ਯੁੱਧ ਸਾਥੀ ਪੰਡਤ ਕਿਸ਼ੋਰੀ ਲਾਲ ਦੀ ਬਰਸੀ ਮੌਕੇ ਸੀ ਪੀ ਆਈ (ਐਮ) ਦੇ ਸੂਬਾ ਸਕੱਤਰ ਅਤੇ ਕੇਂਦਰੀ ਕਮੇਟੀ ਮੈਂਬਰ ਕਾਮਰੇਡ ਸੁਖਵਿੰਦਰ ਸਿੰਘ ਸੇਖੋਂ ਨੇ ਕਿਹਾ ਕਿ ਸੱਜ ਪਿਛਾਖੜੀ, ਫਾਸ਼ੀਵਾਦੀ, ਕਾਰਪੋਰੇਟ ਘਰਾਣਿਆਂ ਨਾਲ ਸਾਂਝ ਰੱਖਣ ਵਾਲੀ ਪਾਰਟੀ ਦੇ ਲੰਬਾ ਸਮਾਂ ਭਾਰਤ ਦੀ ਰਾਜਸੱਤਾ ਤੇ ਕਾਬਜ ਰਹੀ ਤਾਂ ਜਲਦੀ ਹੀ ਲੋਕਤੰਤਰ ਦਾ ਖਾਤਮਾ ਕਰ ਦੇਵੇਗੀ। ਸਾਥੀ ਸੇਖੋਂ ਨੇ ਕਿਹਾ ਕਿ ਪਿਛਲੇ ਨੌਂ ਸਾਲਾਂ ਵਿੱਚ ਨਰਿੰਦਰ ਮੋਦੀ ਵਲੋਂ ਭਾਰਤੀ ਸੰਵਿਧਾਨਕ ਅਦਾਰਿਆਂ 'ਤੇ ਕਬਜੇ ਕਰਕੇ ਆਪਣੇ ਵਿਰੋਧੀਆਂ ਨੂੰ ਤਾਨਾਸਾਹਾਂ ਵਾਂਗ ਦਬਾਉਣਾ,ਜੋ ਭਾਰਤੀ ਸੰਵਿਧਾਨ, ਸਭਿਅਤਾ ਦੇ ਅਨੁਕੂਲ ਨਹੀਂ ਹੈ। ਸਾਡਾ ਦੇਸ਼ ਬਹੁ ਧਰਮਾਂ, ਬੋਲੀਆਂ ਤੇ ਇਲਾਕਿਆਂ ਵਿੱਚ ਵੰਡਿਆ ਹੋਇਆ ਹੈ ਫਿਰ ਵੀ ਦੁਨੀਆਂ ਭਰ ਵਿੱਚ ਏਕਤਾ ਦਾ ਸਬੂਤ ਦਿੰਦਾ ਹੈ।। ਇਸ ਲਈ 2824 ਦੀਆਂ ਚੋਣਾਂ ਵਿੱਚ ਧਰਮਨਿਰਪੱਖ ਧਿਰਾਂ ਨੂੰ ਦੇਸ਼ ਦੀ ਰਾਜਸੱਤਾ ਤੇ ਲਿਆਉਣ ਦੀ ਲੋੜ ਹੈ। ਉਨ੍ਹਾਂ ਨੇ ਪੰਡਤ ਕਿਸ਼ੋਰੀ ਲਾਲ ਦੇ ਅਧੂਰੇ ਕਾਰਜਾਂ ਨੂੰ ਪੂਰਾ ਕਰਨ ਦਾ ਪ੍ਰਣ ਕੀਤਾ। ਜਨਰਲ ਸਕੱਤਰ ਸਾਥੀ ਪਿਰਥੀਪਾਲ ਸਿੰਘ ਮਾੜੀਮੇਘਾ ਨੇ ਕਿਹਾ ਕਿ ਪੰਡਿਤ ਕਿਸ਼ੋਰੀ ਲਾਲ ਵਰਗੇ ਯੋਧਿਆਂ ਦੀ ਕੁਰਬਾਨੀ ਅੱਗੇ ਸਿਰ ਝੁਕਦਾ ਹੈ। ਉਨ੍ਹਾਂ ਨੇ ਕਿਹਾ ਕਿ ਪੰਡਿਤ ਜੀ ਵਰਗੇ ਇਨਸਾਨ ਸਾਲਾਂ ਬੱਧੀ ਅੰਗਰੇਜ ਹਕੂਮਤ ਦੀਆਂ ਕਾਲ ਕੋਠੜੀਆਂ ਵਿੱਚ ਰਹੇ ਅਤੇ ਆਖਰੀ ਦਮ ਤੱਕ ਗਰੀਬ ਦੀ ਕੁੱਲੀ ਤੱਕ ਆਜਾਦੀ ਦੀ ਰੌਸ਼ਨੀ ਪਹੁੰਚਾਉਣ ਲਈ ਸੰਘਰਸ਼ੀਲ ਰਹੇ। ਇਸ ਇਕੱਠ ਦੀ ਪ੍ਰਧਾਨਗੀ ਦੇਸ਼ ਭਗਤ ਯਾਦਗਾਰ ਕਮੇਟੀ ਦੇ ਖਜਾਨਚੀ ਸੀਤਲ ਸਿੰਘ ਸੰਘਾ ਨੇ ਕੀਤੀ। ਇਸ ਇਕੱਠ ਨੂੰ ਹੋਰਨਾਂ ਤੋਂ ਇਲਾਵਾ ਸੀ ਪੀ ਆਈ ਐਮ ਦੇ ਸੂਬਾ ਸਕੱਤਰੇਤ ਮੈਂਬਰ ਕਾਮਰੇਡ ਰਾਮ ਸਿੰਘ ਨੂਰਪੁਰੀ, ਸੁੱਚਾ ਸਿੰਘ ਅਜਨਾਲਾ, ਸੁਖਪ੍ਰੀਤ ਸਿੰਘ ਜੌਹਲ ਇਸਤਰੀ ਆਗੂ ਕ੍ਰਿਸ਼ਨਾ ਕੁਮਾਰੀ ਨੇ ਸੰਬੋਧਨ ਕੀਤਾ। ਸਟੇਜ ਸਕੱਤਰ ਦੀ ਭੂਮਿਕਾ ਪਰਸ਼ੋਤਮ ਲਾਲ ਬਿਲਗਾ ਨੇ ਬਾਖੂਬੀ ਨਿਭਾਈ।

## ਬਰਸਾਤ ਕਾਰਨ ਜ਼ਿਲ੍ਹੇ 'ਚ ਪੈਦਾ ਹੋਏ ਹਾਲਾਤ ਹੁਣ ਬਿਹਤਰ: ਕੋਮਲ ਮਿੱਤਲ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)-** ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਕਿਹਾ ਕਿ ਲਗਾਤਾਰ ਹੋਈ ਬਰਸਾਤ ਕਾਰਨ ਜ਼ਿਲ੍ਹੇ ਵਿਚ ਪੈਦਾ ਹੋਏ ਹਾਲਾਤ ਪਹਿਲਾਂ ਨਾਲੋਂ ਹੋਰ ਵੀ ਬਿਹਤਰ ਹਨ। ਉਨ੍ਹਾਂ ਕਿਹਾ ਕਿ ਗੜ੍ਹਸ਼ੰਕਰ ਉਪ ਮੰਡਲ ਵਿਚ ਬਰਸਾਤ ਕਾਰਨ ਕਾਫ਼ੀ ਥਾਵਾਂ 'ਤੇ ਪਾਣੀ ਖੜ੍ਹਾ ਹੋ ਗਿਆ ਸੀ ਅਤੇ ਹੁਣ ਪਾਣੀ ਦਾ ਪੱਧਰ ਲਗਭਗ ਜ਼ੀਰੋ ਹੋ ਗਿਆ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਨੇ ਐਸ.ਐਸ.ਪੀ ਸਰਤਾਜ ਸਿੰਘ ਚਾਹਲ ਅਤੇ ਹੋਰ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਬੀਤੇ ਦਿਨ ਗੜ੍ਹਸ਼ੰਕਰ ਦੇ ਪਾਣੀ ਤੋਂ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕੀਤਾ। ਉਨ੍ਹਾਂ ਦੱਸਿਆ ਕਿ ਜਿਥੇ ਪਾਣੀ ਖੜ੍ਹਾ ਹੋਣ ਕਾਰਨ ਬੰਦ ਹੋਏ ਪਾਵਰ ਸਟੇਸ਼ਨ ਦੀਆਂ ਸੇਵਾਵਾਂ ਬਹਾਲ ਕਰ ਦਿੱਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਹੁਣ ਗੜ੍ਹਸ਼ੰਕਰ ਉਪ ਮੰਡਲ ਵਿਚ ਸਥਿਤੀ ਬਿਲਕੁਲ ਆਮ ਵਾਂਗ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਬਿਸਤ ਦੁਆਬ ਨਹਿਰ ਤੇ ਬੇਈਂ ਦਾ ਪੱਧਰ ਕਾਫ਼ੀ ਥੱਲੇ ਚਲਾ ਗਿਆ ਹੈ ਅਤੇ ਗੜ੍ਹਸ਼ੰਕਰ ਦੇ ਸ਼ਹਿਰੀ ਅਤੇ ਪੇਂਡੂ ਖੇਤਰਾਂ ਵਿਚ ਵੀ ਪਾਣੀ ਦਾ ਪੱਧਰ ਥੱਲੇ ਜਾਣਾ ਸ਼ੁਰੂ ਹੋ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸੇ ਤਰ੍ਹਾਂ ਬਿਆਸ ਦਰਿਆ ਵਿਚ ਪਾਣੀ ਦਾ ਪੱਧਰ ਥੱਲੇ ਜਾ ਚੁੱਕਾ ਹੈ ਅਤੇ ਪੌਂਗ ਡੈਮ ਸਮੇਤ ਹੁਸ਼ਿਆਰਪੁਰ ਦੇ ਹੋਰ ਛੋਟੇ ਡੈਮਾਂ ਵਿਚ ਵੀ ਸਥਿਤੀ ਕਾਬੂ ਹੇਠ ਹੈ, ਕਿਉਂਕਿ ਇਨ੍ਹਾਂ ਡੈਮਾਂ ਵਿਚ ਪਾਣੀ ਦਾ ਪੱਧਰ ਹੁਣ ਖਤਰੇ ਦੇ ਨਿਸ਼ਾਨ ਤੋਂ ਥੱਲੇ ਹੈ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਡੈਮ ਤੋਂ ਪਾਣੀ ਛੱਡਣ ਦੀ ਲੋੜ ਵੀ ਪਈ, ਤਾਂ ਉਸ ਸਬੰਧ ਵਿਚ ਜ਼ਿਲ੍ਹਾ ਵਾਸੀਆਂ ਨੂੰ ਪਹਿਲਾਂ ਸੂਚਿਤ ਕਰ ਦਿੱਤਾ ਜਾਵੇਗਾ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਡੈਮਾਂ, ਦਰਿਆਵਾਂ, ਨਹਿਰਾਂ, ਖੱਡਾਂ, ਚੋਆਂ ਅਤੇ ਨੀਵੇਂ ਇਲਾਕਿਆਂ ਤੋਂ ਦੂਰ ਰਹਿਣ ਕਿਉਂਕਿ ਆਉਣ ਦਿਨਾਂ ਵਿਚ ਜੇਕਰ ਹਿਮਾਚਲ ਪ੍ਰਦੇਸ਼ ਸੂਬੇ ਵਿਚ ਬਾਰਿਸ਼ ਹੁੰਦੀ ਹੈ, ਤਾਂ ਡੈਮਾਂ ਤੋਂ ਪਾਣੀ ਛੱਡਣਾ ਪੈ ਸਕਦਾ ਹੈ ਅਤੇ ਸਾਡੀਆਂ ਖੱਡਾਂ ਅਤੇ ਚੋਆਂ ਵਿਚ ਬਰਸਾਤੀ ਪਾਣੀ ਆ ਸਕਦਾ ਹੈ। ਕੋਮਲ ਮਿੱਤਲ ਨੇ ਇਸ ਦੌਰਾਨ ਜ਼ਿਲ੍ਹਾ ਵਾਸੀਆਂ ਨੂੰ ਅਫਵਾਹਾਂ ਤੋਂ ਸਾਵਧਾਨ ਰਹਿਣ ਦੀ ਅਪੀਲ ਕਰਦੇ ਹੋਏ ਕਿਹਾ ਕਿ ਜ਼ਿਲ੍ਹੇ ਦੇ ਸਾਰੇ ਡੈਮ ਸੁਰੱਖਿਅਤ ਹਨ ਅਤੇ ਲੋਕਾਂ ਨੂੰ ਘਬਰਾਉਣ ਦੀ ਕੋਈ ਜ਼ਰੂਰਤ ਨਹੀਂ ਹੈ। ਉਨ੍ਹਾਂ ਕਿਹਾ ਕਿ ਸੰਭਾਵੀਂ ਹੜ੍ਹਾਂ ਸਬੰਧੀ ਕਿਸੇ ਵੀ ਤਰ੍ਹਾਂ ਦੀ ਕੋਈ ਜਾਣਕਾਰੀ ਲੈਣ ਅਤੇ ਜਾਣਕਾਰੀ ਦੇਣ ਲਈ ਜ਼ਿਲ੍ਹਾ ਤੇ ਤਹਿਸੀਲ ਪੱਧਰ 'ਤੇ ਖੋਲ੍ਹੇ ਗਏ ਹੜ੍ਹ ਕੰਟਰੋਲ ਰੂਮ ਦੇ ਨੰਬਰਾਂ 'ਤੇ ਸੰਪਰਕ ਕੀਤਾ ਜਾਵੇ।

ਉਨ੍ਹਾਂ ਕਿਹਾ ਕਿ ਬਰਸਾਤ ਦੌਰਾਨ ਜੋ ਫਲੱਡ ਪ੍ਰੋਟੈਕਸ਼ਨ ਵਰਕ ਅਤੇ ਹੋਰ ਨੁਕਸਾਨ ਹੋਏ ਹਨ, ਉਸ ਸਬੰਧੀ ਬਚਾਅ ਕਾਰਜ ਚੱਲ ਰਹੇ ਹਨ। ਗੜ੍ਹਸ਼ੰਕਰ ਵਿਚ ਲੋਕ ਨਿਰਮਾਣ ਵਿਭਾਗ, ਮਾਲ ਵਿਭਾਗ ਅਤੇ ਪੇਂਡੂ ਵਿਕਾਸ ਵਿਭਾਗ ਇਸ ਸਬੰਧੀ ਕੰਮ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਠੱਪ ਹੋਈਆਂ ਐਮਰਜੈਂਸੀ ਸੇਵਾਵਾਂ ਬਹਾਰ ਕਰ ਦਿੱਤੀਆਂ ਗਈਆਂ ਹਨ।

## ਬ੍ਰਿਟਿਸ਼ ਡਿਪਟੀ ਹਾਈ ਕਮਿਸ਼ਨਰ ਵੱਲੋਂ ਯੂ ਕੇ ਦੇ ਵਿਦਿਆਰਥੀਆਂ ਲਈ ਐੱਲ ਪੀ ਯੂ ਦੇ ਸੱਭਿਆਚਾਰਕ ਵਟਾਂਦਰੇ ਪ੍ਰੋਗਰਾਮਾਂ ਦੀ ਸ਼ਲਾਘਾ



**ਜਲੰਧਰ-( ਸ਼ੈਲੀ ਐਲਬਰਟ) :** ਯੂ ਕੇ ਦੀ ਗ੍ਰੀਨਵਿਚ ਯੂਨੀਵਰਸਿਟੀ ਦੇ 15 ਵਿਦਿਆਰਥੀਆਂ ਨੇ ਹਾਲ 'ਚ ਭਾਰਤ ਦੀ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐਲਪੀਯੂ) ਵਿਖੇ ਇੱਕ ਮਹੀਨੇ ਦੇ ਵਿਦਿਆਰਥੀ ਐਕਸਚੇਂਜ ਪ੍ਰੋਗਰਾਮ ਚ ਹਿੱਸਾ ਲਿਆ। ਪ੍ਰੋਗਰਾਮ ਦੇ ਹਿੱਸੇ ਵਜੋਂ, ਐਲਪੀਯੂ ਦੇ ਡਿਵੀਜ਼ਨ ਆਫ਼ ਇੰਟਰਨੈਸ਼ਨਲ ਅਫੇਅਰਜ਼ ਨੇ ਇੱਕ ਫੈਸ਼ਨ ਸ਼ੋਅ ਦਾ ਆਯੋਜਨ ਕੀਤਾ। ਜਿੱਥੇ ਯੂਕੇ ਦੇ ਵਿਦਿਆਰਥੀਆਂ ਨੇ ਐਲਪੀਯੂ ਦੇ ਸਕੂਲ ਆਫ਼ ਫੈਸ਼ਨ ਡਿਜ਼ਾਈਨ ਦੇ ਵਿਦਿਆਰਥੀਆਂ ਅਤੇ ਫੈਕਲਟੀ ਮੈਂਬਰਾਂ ਦੁਆਰਾ ਡਿਜ਼ਾਈਨ ਕੀਤੇ ਗਏ ਰਵਾਇਤੀ ਭਾਰਤੀ ਪਹਿਰਾਵੇ ਦੀ ਇੱਕ ਰੇਂਜ ਦਾ ਪ੍ਰਦਰਸ਼ਨ ਕੀਤਾ। ਫੈਸ਼ਨ ਪਰੇਡ ਦੌਰਾਨ, ਯੂਕੇ ਦੇ ਵਿਦਿਆਰਥੀਆਂ ਨੂੰ ਪੰਜਾਬੀ, ਦੱਖਣੀ ਭਾਰਤੀ, ਰਾਜਸਥਾਨੀ, ਹਰਿਆਣਵੀ ਅਤੇ ਹੋਰ ਸਬੰਧਤ ਪਹਿਰਾਵੇ ਵਿੱਚ ਦੇਖਿਆ ਗਿਆ, ਜੋ ਭਾਰਤ ਦੇ ਵੱਖ-ਵੱਖ ਹਿੱਸਿਆਂ ਵਿੱਚ ਵੱਖ-ਵੱਖ ਰਸਮੀ ਮੌਕਿਆਂ ਦੀ ਨੁਮਾਇੰਦਗੀ ਕਰਦੇ ਹਨ। ਇਸ ਸਮਾਗਮ ਦੀ ਪ੍ਰਧਾਨਗੀ ਭਾਰਤ ਵਿੱਚ ਬ੍ਰਿਟਿਸ਼ ਡਿਪਟੀ ਹਾਈ ਕਮਿਸ਼ਨਰ, ਸ਼੍ਰੀਮਤੀ ਕੈਰੋਲੀਨ ਰੋਵੇਟ ਨੇ ਕੀਤੀ, ਜਿਨ੍ਹਾਂ ਨੇ ਐਲਪੀਯੂ ਕੈਂਪਸ ਵਿੱਚ ਅਧਿਐਨ ਵਾਤਾਵਰਨ ਅਤੇ ਬੁਨਿਆਦੀ ਢਾਂਚੇ ਦੀ ਸ਼ਲਾਘਾ ਕੀਤੀ। ਉਨਾਂ ਕਿਹਾ, ਯੂਕੇ ਦੇ ਵਿਦਿਆਰਥੀਆਂ ਨੂੰ ਭਾਰਤੀ ਪਹਿਰਾਵੇ ਅਤੇ ਇੰਡੀਆ ਦੀ ਅਮੀਰ ਟੈਕਸਟਾਈਲ ਵਿਰਾਸਤ ਨੂੰ ਪ੍ਰਦਰਸ਼ਿਤ ਕਰਦੇ ਹੋਏ ਦੇਖਣਾ ਬਹੁਤ ਵਧੀਆ ਲੱਗਿਆ। ਐਲਪੀਯੂ ਦੀ ਪ੍ਰੋ-ਚਾਂਸਲਰ ਸ਼੍ਰੀਮਤੀ ਰਸ਼ਮੀ ਮਿੱਤਲ ਨੇ ਭਵਿੱਖ ਵਿੱਚ ਯੂਕੇ ਵਰਗੇ ਵਿਕਸਤ ਦੇਸ਼ਾਂ ਦੇ ਹੋਰ ਵਿਦਿਆਰਥੀਆਂ ਨੂੰ ਐਲਪੀਯੂ ਵਿੱਚ ਆਉਣ ਦੀ ਉਮੀਦ ਪ੍ਰਗਟਾਈ। ਉਨਾਂ ਕਿਹਾ ਕਿ ਐਲਪੀਯੂ ਦੇ ਫੈਕਲਟੀ ਮੈਂਬਰ ਯੂਕੇ ਦੇ ਨੌਜਵਾਨ ਵਿਦਿਆਰਥੀਆਂ ਨੂੰ ਭਾਰਤ ਦੀ ਸਰਵੋਤਮ ਜਾਣਕਾਰੀ ਦੇਣ ਲਈ ਦ੍ਰਿੜ ਹਨ। ਫੈਸ਼ਨ ਸ਼ੋਅ ਤੋਂ ਇਲਾਵਾ, ਯੂਕੇ ਦੇ ਵਿਦਿਆਰਥੀਆਂ ਨੂੰ ਐਲਪੀਯੂ ਦੁਆਰਾ ਆਯੋਜਿਤ ਵੱਖ-ਵੱਖ ਇੰਟਰਐਕਟਿਵ ਗਤੀਵਿਧੀਆਂ ਅਤੇ ਸਿੱਖਿਆਵਾਂ ਵਿੱਚ ਹਿੱਸਾ ਲੈਣ ਦਾ ਮੌਕਾ ਮਿਲਿਆ। ਉਹਨਾਂ ਨੇ ਹਿੰਦੀ ਭਾਸ਼ਾ, ਭਾਰਤੀ ਖਾਣਾ ਪਕਾਉਣ, ਨਾਚ, ਫੈਸ਼ਨ, ਸ਼ਿਲਪਕਾਰੀ, ਰਾਜਨੀਤੀ, ਸਮਾਜ ਸ਼ਾਸਤਰ ਅਤੇ ਯੋਗਾ ਦੀਆਂ ਕਲਾਸਾਂ ਵਿੱਚ ਭਾਗ ਲਿਆ, ਅਤੇ ਕੋਇਲ-ਪੋਟਰੀ, ਫੈਬਰਿਕ ਦੀ ਪਛਾਣ, ਰੰਗ ਅਤੇ ਰੰਗਾਈ, ਅਤੇ ਅਭਿਆਸਾਂ, ਕੋਰੀਓਗ੍ਰਾਫੀ ਦੇ ਨਾਲ ਇੱਕ ਫੈਸ਼ਨ ਵੀਕ ਸ਼ੋਅ ਵਿੱਚ ਵੀ ਭਾਗ ਲਿਆ।

## ਗਿੱਦੜਪਿੰਡੀ ਨੇੜੇ ਟੁੱਟਿਆ ਸਤਲੁਜ ਦਾ ਬੰਨ੍ਹ, ਹੜ੍ਹ ਦੇ ਪਾਣੀ 'ਚ ਰੁੜ੍ਹਿਆ ਨੌਜਵਾਨ



**ਲੋਹੀਆਂ ਖਾਸ, (ਰੀਨਾ ਸ਼ਰਮਾ, ਯੋਗੇਸ਼ਵਰ)** : ਸ਼ਾਹਕੋਟ ਦੇ ਇਲਾਕੇ ਵਿਚ ਪਿੰਡ ਮੁੰਡੀ ਚੋਲਿਆਂ ਦਾ ਨੌਜਵਾਨ ਪਾਣੀ ਵਿਚ ਰੁੜ ਗਿਆ ਹੈ। ਮ੍ਰਿਤਕ ਦੀ ਪਛਾਣ ਅਰਸ਼ਦੀਪ ਵਜੋਂ ਹੋਈ ਹੈ। ਮੌਕੇ 'ਤੇ ਮੌਜੂਦ ਲੋਕਾਂ ਅਨੁਸਾਰ ਉਕਤ ਨੌਜਵਾਨ ਆਪਣੇ ਮੋਟਰਸਾਈਕਲ ਨੂੰ ਰੁੜ੍ਹਣ ਤੋਂ ਬਚਾ ਰਿਹਾ ਸੀ ਪਰ ਖ਼ੁਦ ਵੀ ਨਾਲ ਰੁੜ੍ਹ ਗਿਆ। ਮੋਟਰਸਾਈਕਲ ਤਾਂ ਕੱਢ ਲਿਆ ਗਿਆ ਪਰ ਅਰਸ਼ਦੀਪ ਦਾ ਕੋਈ ਪਤਾ ਨਹੀਂ ਲੱਗ ਸਕਿਆ। ਸਤਲੁਜ ਦਰਿਆ 'ਚ ਆਏ ਸਮਰੱਥਾ ਤੋਂ ਵੱਧ ਪਾਣੀ ਨੇ 2 ਥਾਵਾਂ ਤੋਂ ਧੁੱਸੀ ਬੰਨ੍ਹ ਤੋੜ ਦਿੱਤਾ ਹੈ। ਬੰਨ੍ਹ 'ਚ ਇਕ ਪਾੜ ਰਾਤ ਦੇ 12.40 ਦੇ ਕਰੀਬ ਅਤੇ ਦੂਜਾ ਪਾੜ ਤੜਕੇ 2 ਵਜੇ ਲੱਖੂ ਦੀਆਂ ਛੰਨਾਂ ਅਤੇ ਨਸੀਰਪੁਰ ਤੋਂ ਪਿਆ ਹੈ। ਚਸ਼ਮਦੀਦਾਂ ਮੁਤਾਬਕ ਪਹਿਲਾਂ ਬੰਨ੍ਹ 'ਚ ਘਰਲ ਪਿਆ, ਜੋ ਜੱਦੋ-ਜਹਿਦ ਦੇ ਬਾਵਜੂਦ ਪੂਰ ਨਹੀਂ ਹੋਈ ਅਤੇ ਕੁਝ ਸਮੇਂ ਦਰਮਿਆਨ ਵੇਖਦੇ ਹੀ ਵੇਖਦੇ ਪਾੜ ਪੈ ਗਿਆ, ਜਿਸ ਕਾਰਨ ਬੰਨ੍ਹ ਟੁੱਟ ਗਿਆ। ਇਸ ਨਾਲ ਗਿੱਦੜਪਿੰਡੀ ਸਣੇ ਆਸ-ਪਾਸ ਦੇ ਪਿੰਡਾਂ 'ਚ ਪਾਣੀ ਭਰ ਗਿਆ ਹੈ। ਐੱਨ.ਡੀ.ਆਰ.ਐੱਫ. ਨੇ ਰੈਸਕਿਊ ਆਪਰੇਸ਼ਨ ਚਲਾਇਆ। ਇਸ ਦੇ ਨਾਲ ਹੀ ਭਾਖੜਾ ਬੰਨ੍ਹ 'ਚ 20 ਫੁੱਟ ਤੱਕ ਹੋਰ ਪਾਣੀ ਸਟੋਰ ਕਰਨ ਦੀ ਸਮਰੱਥ ਬਚੀ ਹੈ। ਇਸ ਤੋਂ ਬਾਅਦ ਹੈੱਡ ਖੋਲ੍ਹ ਦਿੱਤੇ ਜਾਣਗੇ।

## ਐਨ ਡੀ ਆਰ ਐਫ ਤੇ ਪੁਲਸ ਨੇ ਗਰਭਵਤੀ ਤੇ ਬੱਚੇ ਨੂੰ ਬਚਾਇਆ



**ਸੁਲਤਾਨਪੁਰ ਲੋਧੀ , (ਬਲਵਿੰਦਰ ਸਿੰਘ ਧਾਲੀਵਾਲ ਰਾਜਵੀਰ ਸਿੰਘ)**-ਕਪੂਰਥਲਾ ਜ਼ਿਲ੍ਹੇ ਵਿੱਚ ਹੜ੍ਹ ਤੋਂ ਪ੍ਰਭਾਵਿਤ ਪਿੰਡਾਂ ਅੰਦਰ ਲੋਕਾਂ ਨੂੰ ਸੁਰੱਖਿਅਤ ਬਾਹਰ ਕੱਢਣ ਲਈ ਐਨ ਡੀ ਆਰ ਐਫ , ਸਿਵਲ ਤੇ ਪੁਲਸ ਪ੍ਰਸ਼ਾਸਨ ਵਲੋਂ ਜੰਗੀ ਪੱਧਰ ਤੇ ਕੰਮ ਕੀਤਾ ਜਾ ਰਿਹਾ ਹੈ। ਐਨ ਡੀ ਆਰ ਐਫ ਦੀ ਟੀਮ ਵੱਲੋਂ ਹੜ੍ਹ ਪ੍ਰਭਾਵਿਤ ਤਕੀਆ ਪਿੰਡ ਤੋਂ ਇੱਕ ਗਰਭਵਤੀ ਮਹਿਲਾ ਤੇ ਬੱਚੇ ਨੂੰ ਸੁਰੱਖਿਅਤ ਬਾਹਰ ਕੱਢਿਆ ਗਿਆ ਜੋ ਕਿ ਪਾਣੀ ਵਿੱਚ ਘਿਰ ਗਏ ਸਨ । ਬਾਹਰ ਕੱਢਣ ਪਿੱਛੋਂ ਡਾਕਟਰਾਂ ਦੀ ਟੀਮ ਵੱਲੋਂ ਮਹਿਲਾ ਦੀ ਸਿਹਤ ਦੀ ਜਾਂਚ ਵੀ ਕੀਤੀ ਗਈ ਤੇ ਲੋੜ ਅਨੁਸਾਰ ਮੈਡੀਕਲ ਸਹਾਇਤਾ ਵੀ ਦਿੱਤੀ ਗਈ । ਡਿਪਟੀ ਕਮਿਸ਼ਨਰ ਕਪੂਰਥਲਾ ਕੈਪਟਨ ਕਰਨੈਲ ਸਿੰਘ ਨੇ ਦੱਸਿਆ ਕਿ ਲੋਕਾਂ ਦੀ ਜਾਨ ਦੀ ਰਾਖੀ ਜ਼ਿਲ੍ਹਾ ਪ੍ਰਸ਼ਾਸਨ ਦੀ ਪਹਿਲ ਹੈ ਜਿਸ ਲਈ ਐਨ ਡੀ ਆਰ ਐਫ ਦੀਆਂ ਦੇ 18 ਜਵਾਨਾਂ ਦੀ ਸਹਾਇਤਾ ਲਈ ਜਾ ਰਹੀ ਹੈ । ਇਸੇ ਤਰ੍ਹਾਂ ਐਸ ਐਸ ਪੀ ਕਪੂਰਥਲਾ ਰਾਜਪਾਲ ਸਿੰਘ ਸੰਧੂ ਨੇ ਦੱਸਿਆ ਕਿ ਪੁਲਸ ਵੱਲੋਂ ਵੀ 18 ਜਵਾਨਾਂ ਦੀਆਂ 2 ਟੀਮਾਂ ਤਾਇਨਾਤ ਕੀਤੀਆਂ ਗਈਆਂ ਹਨ ਜੋ ਕਿ ਲੋਕਾਂ ਨੂੰ ਹੜ੍ਹ ਦੇ ਪਾਣੀ ਤੋਂ ਬਾਹਰ ਕੱਢ ਰਹੀਆਂ ਹਨ । ਦੱਸਣਯੋਗ ਹੈ ਕਿ ਹੜ੍ਹ ਤੋਂ ਪ੍ਰਭਾਵਿਤ ਲੋਕਾਂ ਲਈ 8 ਰਾਹਤ ਕੇਂਦਰ ਬਣਾਏ ਗਏ ਹਨ ਜਿੱਥੇ ਰਾਸ਼ਨ , ਪੀਣ ਵਾਲੇ ਪਾਣੀ , ਦਵਾਈਆਂ ਤੇ ਮੈਡੀਕਲ ਸਹਾਇਤਾ ਲਈ ਡਾਕਟਰਾਂ ਦੀਆਂ ਟੀਮਾਂ ਤਾਇਨਾਤ ਹਨ ।

## ਐੱਮ ਜੀ ਐੱਸ ਐੱਮ ਜਨਤਾ ਕਾਲਜ ਦਾ ਨਤੀਜਾ ਰਿਹਾ ਸ਼ਾਨਦਾਰ





**ਕਰਤਾਰਪੁਰ (ਹਰਮੇਸ ਦੱਤ )** ਮਾਸਟਰ ਗੁਰਬੰਤਾ ਸਿੰਘ ਮੈਮੋਰੀਅਲ ਜਨਤਾ ਕਾਲਜ ਕਰਤਾਰਪੁਰ ਦੇ ਆਰਟਸ, ਕੰਪਿਊਟਰ ਅਤੇ ਕਾਮਰਸ ਵਿਭਾਗਾਂ( ਸਮੈਸਟਰ ਛੇਵਾਂ ) ਦਾ ਨਤੀਜਾ ਸ਼ਾਨਦਾਰ ਰਿਹਾ। ਨਤੀਜੇ ਦੀ ਖਾਸੀਅਤ ਇਹ ਰਹੀ ਕਿ ਸਧਾਰਨ ਪਿੰਡਾਂ ਵਿੱਚੋਂ ਆ ਕੇ ਆਪਣੀ ਮਿਹਨਤ ਦੇ ਜਰੀਏ ਵਿਦਿਆਰਥੀਆਂ ਨੇ ਆਪਣੇ ਮਾਪਿਆਂ ਤੇ ਅਧਿਆਪਕਾਂ ਦਾ ਨਾਂਅ ਰੌਸ਼ਨ ਕੀਤਾ । ਬੀ.ਏ ( ਸਮੈਸਟਰ ਛੇਵਾਂ ) ਦੀ ਸੰਗੀਤਾ ਦੇਵੀ ਨੇ 73% ਨੇ ਪਹਿਲਾ ਸਥਾਨ, ਪ੍ਰਿਆ ਨੇ 69% ਅੰਕਾਂ ਦੂਜਾ ਸਥਾਨ ਤੇ ਸੀਮਾ ਨੇ 64% ਅੰਕਾਂ ਨਾਲ ਤੀਜਾ ਸਥਾਨ ਪ੍ਰਾਪਤ ਕੀਤਾ ।

ਕੰਪਿਊਟਰ ਵਿਭਾਗ ਦੀ ਬੀ.ਸੀ. ਏ ਸਮੈਸਟਰ ਛੇਵਾਂ ਦੀ ਵਿਦਿਆਰਥਣ ਨਵਰੂਪ ਕੌਰ 78% ਅੰਕਾਂ ਨਾਲ ਪਹਿਲੇ ਸਥਾਨ 'ਤੇ ਰਹੀ, ਪ੍ਰਕਿਾ ਨੇ 71% ਅੰਕਾਂ ਨਾਲ ਦੂਜਾ ਤੇ ਮਨਪ੍ਰੀਤ ਕੌਰ ਨੇ 63% ਅੰਕਾਂ ਨਾਲ ਤੀਜਾ ਸਥਾਨ ਹਾਸਿਲ ਕੀਤਾ । ਬੀ.ਕਾਮ ਸਮੈਸਟਰ ਛੇਵਾਂ ਵਿਦਿਆਰਥਣ ਪਿੰਕੀ ਕੁਮਾਰੀ ਯਾਦਵ ਨੇ 76% ਅੰਕ ਨੇ ਪਹਿਲਾ, ਨਿਸ਼ਿਤਾ ਨੇ 71% ਅੰਕਾਂ ਨਾਲ ਦੂਜਾ ਤੇ ਸੋਨੀਆ ਨੇ 65% ਅੰਕਾਂ ਤੀਜਾ ਸਥਾਨ ਹਾਸਲ ਕੀਤਾ। ਪ੍ਰਿੰਸੀਪਲ ਡਾ.ਪ੍ਰੈਟੀ ਸੋਢੀ ਨੇ ਵਿਦਿਆਰਥੀਆਂ ਤੇ ਮਾਪਿਆਂ ਨਾਲ ਨਾਲ ਕਾਲਜ ਦੇ ਸਾਰੇ ਪ੍ਰੋਫੈਸਰਾਂ ਨੂੰ ਵਧਾਈ ਦਿੱਤੀ ।

## ਪ੍ਰਕਾਸ਼ ਪੁਰਬ ਸ਼ਰਧਾ-ਪੂਰਵਕ ਮਨਾਇਆ



**ਐੱਸ ਏ ਐੱਸ ਨਗਰ (ਗੁਰਜੀਤ ਬਿੱਲਾ)** : ਇੱਥੋਂ ਨੇੜਲੇ ਪਿੰਡ ਸੋਹਾਣਾ ਦੇ ਇਤਿਹਾਸਕ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਅੱਠਵੇਂ ਪਾਤਿਸ਼ਾਹ ਧੰਨ ਧੰਨ ਸ੍ਰੀ ਗੁਰੂ ਹਰਿ ਕ੍ਰਿਸ਼ਨ ਸਾਹਿਬ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾ ਭਾਵਨਾ ਨਾਲ ਉਤਸ਼ਾਹ ਪੂਰਵਕ ਮਨਾਇਆ ਗਿਆ। ਪ੍ਰਕਾਸ਼ ਪੁਰਬ ਦੀ ਖ਼ੁਸ਼ੀ ਵਿੱਚ ਸਵੇਰੇ 9:00 ਵਜੇ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ । ਇਸ ਉਪਰੰਤ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਗਿਆ । ਇਸ ਧਾਰਮਿਕ ਸਮਾਗਮ ਵਿੱਚ ਭਾਈ ਮਹਿਤਾਬ ਸਿੰਘ ਪਰਵਾਨਾ ਦੇ ਇੰਟਰਨੈਸ਼ਲ ਪੰਥਕ ਢਾਡੀ ਜੱਥੇ ਨੇ ਪਾਤਿਸ਼ਾਹ ਜੀ ਦਾ ਜੀਵਨ ਬ੍ਰਿਤਾਂਤ ਸੰਗਤਾਂ ਨੂੰ ਢਾਡੀ ਵਾਰਾਂ ਵਿੱਚ ਵਿਸਥਾਰ ਸਹਿਤ ਸੁਣਾਇਆ। ਭਾਈ ਅਜ਼ਮੇਰ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਜੀ ਅੰਮ੍ਰਿਤਸਰ ਵਾਲਿਆਂ ਨੇ ਆਪਣੇ ਰਸ ਭਿੰਨੇ ਕੀਰਤਨ ਰਾਹੀਂ ਸੰਗਤਾਂ ਨੂੰ ਇਲਾਹੀ ਬਾਣੀ ਨਾਲ ਗਵਾ ਕੇ ਗੁਰੂ ਨਾਲ ਜੋੜਨ ਦਾ ਉਪਰਾਲਾ ਕੀਤਾ । ਸ਼੍ਰੋਮਣੀ ਪ੍ਰਚਾਰਕ ਭਾਈ ਸਤਨਾਮ ਸਿੰਘ ਜੀ ਗੁਰਦੁਆਰਾ ਸ੍ਰੀ ਪੰਜੋਖਰਾ ਸਾਹਿਬ ਵਾਲਿਆਂ ਨੇ ਪੰਡਿਤ ਦਾ ਹੰਕਾਰ ਤੋੜਨ ਲਈ ਪੰਡਿਤ ਦੇ ਕਹਿਣ ਤੇ ਬਾਲਾ ਪ੍ਰੀਤਮ ੀ ਦੁਆਰਾ (ਗੂੰਗੇ ਅਤੇ ਬੋਰੇ) ਗੰਗੂ ਛੀਵਰ ਤੋਂ ਸਿਰ 'ਤੇ ਛੜੀ ਰੱਖ ਕੇ ਗੀਤਾ ਦੇ ਅਰਥ ਕਰਵਾਉਣ ਦਾ ਪੂਰੇ ਪ੍ਰਸੰਗ ਬਾਰੇ ਸੰਗਤਾਂ ਨੂੰ ਜਾਣੂ ਕਰਵਾਇਆ । ਇਸ ਤੋਂ ਇਲਾਵਾ ਭਾਈ ਜਸਵੰਤ ਸਿੰਘ ਰਤਵਾੜਾ ਸਾਹਿਬ ਭਾਈ ਸੰਤੋਖ ਸਿੰਘ ਭਾਈ ਅਰਵਿੰਦਰ ਸਿੰਘ, ਭਾਈ ਦੀਪ ਸਿੰਘ ਸ਼ੋਮਣੀ ਪ੍ਰਚਾਰਕ ਸ੍ਰੀ ਅਨੰਦਪੁਰ ਸਾਹਿਬ ਵਾਲੇ, ਭਾਈ ਗੁਰਵਿੰਦਰ ਸਿੰਘ, ਭਾਈ ਸੁਰਜੀਤ ਸਿੰਘ , ਭਾਈ ਸ਼ੁਮਿੰਦਰ ਸਿੰਘ, ਭਾਈ ਆਇਆ ਸਿੰਘ, ਭਾਈ ਦਿਲਬਾਗ ਸਿੰਘ ਦੇ ਜੱਥਿਆਂ ਤੋਂ ਇਲਾਵਾ ਗੁਰਦੁਆਰਾ ਸਿੰਘ ਸ਼ਹੀਦਾਂ ਦੇ ਹਜ਼ੂਰੀ ਜੱਥੇ ਭਾਈ ਇੰਦਰਜੀਤ ਸਿੰਘ, ਭਾਈ ਜਸਵੰਤ ਸਿੰਘ, ਭਾਈ ਗੁਰਮੀਤ ਸਿੰਘ, ਭਾਈ ਹਰਬਖਸ਼ ਸਿੰਘ ਅਤੇ ਭਾਈ ਜਸਵਿੰਦਰ ਸਿੰਘ ਨੇ ਕਥਾ, ਕੀਰਤਨ, ਕਵੀਸ਼ਰੀ ਅਤੇ ਗੁਰਮਤਿ ਵਿਚਾਰਾਂ ਰਾਹੀਂ ਸੰਗਤਾਂ ਨੂੰ ਸਾਰਾ ਦਿਨ ਹਰਿ ਜਸ ਸੁਣਾ ਕੇ ਨਿਹਾਲ ਕੀਤਾ । ਇਥੇ 16 ਜੁਲਾਈ ਨੂੰ ਭਾਈ ਤਾਰੂ ਸਿੰਘ ਜੀ ਦਾ ਸ਼ਹੀਦੀ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਜਾਵੇਗਾ।

## ਡੀ ਸੀ ਤੇ ਐੱਸ ਐੱਸ ਪੀ ਨੇ ਅਧਿਕਾਰੀਆਂ ਨਾਲ ਗੜ੍ਹਸ਼ੰਕਰ ਦੇ ਪ੍ਰਭਾਵਿਤ ਇਲਾਕਿਆਂ ਦਾ ਕੀਤਾ ਦੌਰਾ



**ਹੁਸ਼ਿਆਰਪੁਰ, (ਓ ਪੀ ਰਾਣਾ)**-ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਕਿਹਾ ਕਿ ਲਗਾਤਾਰ ਹੋਈ ਬਰਸਾਤ ਕਾਰਨ ਜ਼ਿਲ੍ਹੇ ਵਿਚ ਪੈਦਾ ਹੋਏ ਹਾਲਾਤ ਪਹਿਲਾਂ ਨਾਲੋਂ ਬਿਹਤਰ ਹਨ। ਉਨ੍ਹਾ ਕਿਹਾ ਕਿ ਗੜ੍ਹਸ਼ੰਕਰ ਉਪ ਮੰਡਲ ਵਿਚ ਬਰਸਾਤ ਕਾਰਨ ਕਾਫ਼ੀ ਥਾਵਾਂ 'ਤੇ ਪਾਣੀ ਖੜ੍ਹਾ ਹੋ ਗਿਆ ਸੀ ਅਤੇ ਹੁਣ ਪਾਣੀ ਦਾ ਪੱਧਰ ਲਗਭਗ ਜ਼ੀਰੋ ਹੋ ਗਿਆ ਹੈ। ਉਨ੍ਹਾ ਕਿਹਾ ਕਿ ਉਨ੍ਹਾ ਨੇ ਐਸ.ਐਸ.ਪੀ ਸਰਤਾਜ ਸਿੰਘ ਚਾਹਲ ਅਤੇ ਹੋਰ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਬੀਤੇ ਦਿਨ ਗੜ੍ਹਸ਼ੰਕਰ ਦੇ ਪਾਣੀ ਤੋਂ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕੀਤਾ। ਉਨ੍ਹਾ ਦੱਸਿਆ ਕਿ ਜਿਥੇ ਪਾਣੀ ਖੜ੍ਹਾ ਹੋਣ ਕਾਰਨ ਬੰਦ ਹੋਏ ਪਾਵਰ ਸਟੇਸ਼ਨ ਦੀਆਂ ਸੇਵਾਵਾਂ ਬਹਾਲ ਕਰ ਦਿੱਤੀਆਂ ਗਈਆਂ ਹਨ। ਉਨ੍ਹਾ ਕਿਹਾ ਕਿ ਹੁਣ ਗੜ੍ਹਸ਼ੰਕਰ ਉਪ ਮੰਡਲ ਵਿਚ ਸਥਿਤੀ ਬਿਲਕੁਲ ਆਮ ਵਾਂਗ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਬਿਸਤ ਦੁਆਬ ਨਹਿਰ ਤੇ ਬੇਈਂ ਦਾ ਪੱਧਰ ਕਾਫ਼ੀ ਥੱਲੇ ਚਲਾ ਗਿਆ ਹੈ ਅਤੇ ਗੜ੍ਹਸ਼ੰਕਰ ਦੇ ਸ਼ਹਿਰੀ ਅਤੇ ਪੇਂਡੂ ਖੇਤਰਾਂ ਵਿਚ ਵੀ ਪਾਣੀ ਦਾ ਪੱਧਰ ਥੱਲੇ ਜਾਣਾ ਸ਼ੁਰੂ ਹੋ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸੇ ਤਰ੍ਹਾਂ ਬਿਆਸ ਦਰਿਆ ਵਿਚ ਪਾਣੀ ਦਾ ਪੱਧਰ ਥੱਲੇ ਜਾ ਚੁੱਕਾ ਹੈ ਅਤੇ ਪੌਂਗ ਡੈਮ ਸਮੇਤ ਹੁਸ਼ਿਆਰਪੁਰ ਦੇ ਹੋਰ ਛੋਟੇ ਡੈਮਾਂ ਵਿਚ ਵੀ ਸਥਿਤੀ ਕਾਬੂ ਹੇਠ ਹੈ, ਕਿਉਂਕਿ ਇਨ੍ਹਾਂ ਡੈਮਾਂ ਵਿਚ ਪਾਣੀ ਦਾ ਪੱਧਰ ਹੁਣ ਖਤਰੇ ਦੇ ਨਿਸ਼ਾਨ ਤੋਂ ਥੱਲੇ ਹੈ। ਉਨ੍ਹਾ ਕਿਹਾ ਕਿ ਜੇਕਰ ਕਿਸੇ ਡੈਮ ਤੋਂ ਪਾਣੀ ਛੱਡਣ ਦੀ ਲੋੜ ਵੀ ਪਈ, ਤਾਂ ਉਸ ਸੰਬੰਧ ਵਿਚ ਜ਼ਿਲ੍ਹਾ ਵਾਸੀਆਂ ਨੂੰ ਪਹਿਲਾਂ ਸੂਚਿਤ ਕਰ ਦਿੱਤਾ ਜਾਵੇਗਾ। ਉਨ੍ਹਾ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਡੈਮਾਂ, ਦਰਿਆਵਾਂ, ਨਹਿਰਾਂ, ਖੱਡਾਂ, ਚੋਆਂ ਅਤੇ ਨੀਵੇਂ ਇਲਾਕਿਆਂ ਤੋਂ ਦੂਰ ਰਹਿਣ ਕਿਉਂਕਿ ਆਉਣ ਦਿਨਾਂ ਵਿਚ ਜੇਕਰ ਹਿਮਾਚਲ ਪ੍ਰਦੇਸ਼ ਸੂਬੇ ਵਿਚ ਬਾਰਿਸ਼ ਹੁੰਦੀ ਹੈ, ਤਾਂ ਡੈਮਾਂ ਤੋਂ ਪਾਣੀ ਛੱਡਣਾ ਪੈ ਸਕਦਾ ਹੈ ਅਤੇ ਸਾਡੀਆਂ ਖੱਡਾਂ ਅਤੇ ਚੋਆਂ ਵਿਚ ਬਰਸਾਤੀ ਪਾਣੀ ਆ ਸਕਦਾ ਹੈ। ਕੋਮਲ ਮਿੱਤਲ ਨੇ ਇਸ ਦੌਰਾਨ ਜ਼ਿਲ੍ਹਾ ਵਾਸੀਆਂ ਨੂੰ ਅਫਵਾਹਾਂ ਤੋਂ ਸਾਵਧਾਨ ਰਹਿਣ ਦੀ ਅਪੀਲ ਕਰਦੇ ਹੋਏ ਕਿਹਾ ਕਿ ਜ਼ਿਲ੍ਹੇ ਦੇ ਸਾਰੇ ਡੈਮ ਸੁਰੱਖਿਅਤ ਹਨ ਅਤੇ ਲੋਕਾਂ ਨੂੰ ਘਬਰਾਉਣ ਦੀ ਕੋਈ ਜ਼ਰੂਰਤ ਨਹੀਂ। ਉਨ੍ਹਾ ਕਿਹਾ ਕਿ ਸੰਭਾਵੀ ਹੜ੍ਹਾਂ ਸੰਬੰਧੀ ਕਿਸੇ ਵੀ ਤਰ੍ਹਾਂ ਦੀ ਕੋਈ ਜਾਣਕਾਰੀ ਲੈਣ ਅਤੇ ਜਾਣਕਾਰੀ ਦੇਣ ਲਈ ਜ਼ਿਲ੍ਹਾ ਤੇ ਤਹਿਸੀਲ ਪੱਧਰ 'ਤੇ ਖੋਲ੍ਹੇ ਗਏ ਹੜ੍ਹ ਕੰਟਰੋਲ ਰੂਮ ਦੇ ਨੰਬਰਾਂ 'ਤੇ ਸੰਪਰਕ ਕੀਤਾ ਜਾਵੇ। ਉਨ੍ਹਾ ਕਿਹਾ ਕਿ ਬਰਸਾਤ ਦੌਰਾਨ ਜੋ ਫਲੱਡ ਪ੍ਰੋਟੈਕਸ਼ਨ ਵਰਕ ਅਤੇ ਹੋਰ ਨੁਕਸਾਨ ਹੋਏ ਹਨ, ਉਸ ਸੰਬੰਧੀ ਬਚਾਅ ਕਾਰਜ ਚੱਲ ਰਹੇ ਹਨ। ਗੜ੍ਹਸ਼ੰਕਰ ਵਿਚ ਲੋਕ ਨਿਰਮਾਣ ਵਿਭਾਗ, ਮਾਲ ਵਿਭਾਗ ਅਤੇ ਪੇਂਡੂ ਵਿਕਾਸ ਵਿਭਾਗ ਇਸ ਸੰਬੰਧੀ ਕੰਮ ਕਰ ਰਹੇ ਹਨ। ਉਨ੍ਹਾ ਕਿਹਾ ਕਿ ਠੱਪ ਹੋਈਆਂ ਐਮਰਜੈਂਸੀ ਸੇਵਾਵਾਂ ਬਹਾਰ ਕਰ ਦਿੱਤੀਆਂ ਗਈਆਂ ਹਨ।

## ਵਿਦੇਸ਼ ਭੇਜਣ ਦੇ ਝਾਂਸੇ 'ਚ ਏਜੰਟਾਂ ਵੱਲੋਂ ਕੀਤਾ ਗਿਆ ਨੌਜਵਾਨ ਦਾ ਕਤਲ



**ਕਾਲਾ ਸੰਘਿਆਂ (ਮਨਜੀਤ ਮਾਨ )** ਪਿੰਡ ਸਿਧਵਾਂ ਮੁਸਤੈਦੀ ਦੇ ਇਕ ਨੌਜਵਾਨ ਨਾਲ ਏਜੰਟਾਂ ਵੱਲੋਂ ਵਿਦੇਸ਼ ਭੇਜਣ ਦਾ ਝਾਂਸਾ ਦੇ ਕੇ ਲੱਖਾਂ ਰੁਪਏ ਦੀ ਠੱਗੀ ਮਾਰ ਕੇ ਨੌਜਵਾਨ ਦਾ ਕਤਲ ਕਰ ਦਿੱਤਾ ਗਿਆ। ਮ੍ਰਿਤਕ ਰਮਨ ਕੁਮਾਰ ਦੀ ਭੈਣ ਰੇਨੂੰ ਨੇ ਦੱਸਿਆ ਕਿ ਮੇਰੇ ਭਰਾ ਨੂੰ ਅੱਜ ਤੋਂ ਕੁਝ ਦਿਨ ਪਹਿਲਾਂ ਹੁਸ਼ਿਆਰਪੁਰ ਦੇ ਏਜੰਟਾਂ ਵੱਲੋਂ 14 ਲੱਖ ਰੁਪਏ ਲੈ ਕੇ ਭੇਜਣ ਦੀ ਗੱਲ ਤੈਅ ਕੀਤੀ ਗਈ ਸੀ ਜਿਸ ਦੌਰਾਨ ਉਨ੍ਹਾਂ ਨੇ ਪਹਿਲਾਂ ਤਾਂ ਮੇਰੇ ਭਰਾ ਨੂੰ ਕਈ ਜਗ੍ਹਾ ਤੇ ਘੁਮਾਇਆ ਅਤੇ ਫਿਰ ਹੋਟਲ ਦੇ ਰੂਮ ਵਿੱਚ ਤੇਜ਼ਾਬ ਪਾ ਕੇ ਸਾੜ ਕੇ ਮਾਰ ਦਿੱਤਾ। ਜਿਸ ਦੀ ਕੰਪਲੇਂਟ ਅਸੀਂ ਥਾਣਾ ਨੂਰਮਹਿਲ ਵਿਖੇ ਦਿੱਤੀ ਸੀ। ਪਰ ਨੂਰਮਹਿਲ ਦੇ ਥਾਣੇ ਵੱਲੋਂ ਕੋਈ ਵੀ ਦੋਸ਼ੀ ਏਜੰਟਾਂ ਦੇ ਖਿਲਾਫ ਕੋਈ ਵੀ ਕਾਰਵਾਈ ਨਹੀਂ ਕੀਤੀ ਗਈ।

ਆਮ ਆਦਮੀ ਦੇ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਅਤੇ ਹਲਕਾ ਨਕੋਦਰ ਦੇ ਵਿਧਾਇਕਾ ਮੈਡਮ ਇੰਦਰਜੀਤ ਕੌਰ ਮਾਨ ਨੇ ਵੀ ਪੀੜ੍ਹਤ ਪਰਵਾਰ ਨਾਲ ਦੁੱਖ ਸਾਂਝਾ ਕਰਦਿਆਂ ਦੋਸ਼ੀਆਂ ਦੇ ਖਿਲਾਫ ਸੱਤ ਦਿਨਾਂ ਦੇ ਅੰਦਰ ਅੰਦਰ ਦੋਸ਼ੀ ਪਾਏ ਜਾਣ ਵਾਲੇ ਏਜੰਟਾਂ ਖਿਲਾਫ ਕਾਰਵਾਈ ਕਰਨ ਦਾ ਭਰੋਸਾ ਦਿਵਾਇਆ ਸੀ। ਅੱਜ 15 ਦਿਨ ਬੀਤ ਜਾਣ ਤੋਂ ਬਾਅਦ ਵੀ ਦੋਸੀ ਏਜੰਟਾਂ ਦੇ ਖਿਲਾਫ ਅਜੇ ਤੱਕ ਕੋਈ ਵੀ ਕਾਨੂੰਨੀ ਕਾਰਵਾਈ ਨਹੀਂ ਕੀਤੀ ਗਈ। ਪੀੜ੍ਹਤ ਪਰਵਾਰ ਨੇ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਸੀ ਐਮ ਭਗਵੰਤ ਸਿੰਘ ਮਾਨ ਅਤੇ ਪ੍ਰਸ਼ਾਸਨ ਦੇ ਉੱਚ ਅਧਿਕਾਰੀਆਂ ਤੋਂ ਇਨਸਾਫ ਦੀ ਗੁਹਾਰ ਲਗਾਈ ਹੈ।

## ਸੀਚੇਵਾਲ ਵੱਲੋਂ ਸਤਲੁਜ 'ਚ ਪਏ ਪਾੜ ਨੂੰ ਬੰਨ੍ਹਣ ਦਾ ਕਾਰਜ ਸ਼ੁਰੂ



**ਸੁਲਤਾਨਪੁਰ ਲੋਧੀ, (ਬਲਵਿੰਦਰ ਸਿੰਘ ਧਾਲੀਵਾਲ ਰਾਜਵੀਰ ਸਿੰਘ)**-ਸਤਲੁਜ ਦਰਿਆ ਦੇ ਧੁੱਸੀ ਬੰਨ੍ਹ ਵਿੱਚ ਦੇਰ ਰਾਤ ਦੋ ਥਾਵਾਂ ਤੋਂ ਪਾੜ ਪੈ ਗਿਆ ਸੀ, ਇਕ ਪਾੜ ਲੱਖੂ ਦੀਆਂ ਛੰਨਾਂ/ਮੰਡਾਲਾ ਛੰਨਾ ਅਤੇ ਦੂਜਾ ਪਾੜ ਗੱਟਾ ਮੁੰਡੀ ਕਾਸੂ ਨੇੜੇ ਤੋਂ ਟੁੱਟ ਗਿਆ ਸੀ। ਦੋਵਾਂ ਥਾਵਾਂ ਤੋਂ ਪਏ ਪਾੜ ਕਾਰਨ ਤਿੰਨ ਦਰਜਨ ਦੇ ਕਰੀਬ ਪਿੰਡਾਂ ਵਿੱਚ ਪਾਣੀ ਵੜ ਗਿਆ ਹੈ ਤੇ ਹਜ਼ਾਰਾਂ ਏਕੜ ਝੋਨੇ ਦੀ ਫਸਲ ਤਬਾਹ ਹੋ ਗਈ ਹੈ। ਦੇਰ ਸ਼ਾਮ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਮੰਡਾਲਾ ਛੰਨਾਂ ਦੇ ਪਏ ਪਾੜ ਨੂੰ ਪੂਰਨ ਦਾ ਕੰਮ ਆਰੰਭ ਕਰ ਦਿੱਤਾ। ਸੰਤ ਸੀਚੇਵਾਲ ਸਵੇਰੇ 7 ਵਜੇ ਤੋਂ ਹੀ ਆਲੇ ਦੁਆਲੇ ਦੇ ਪ੍ਰਭਾਵਿਤ ਪਿੰਡਾਂ ਦੇ ਲੋਕਾਂ ਨੂੰ ਬਚਾਉਣ ਵਿੱਚ ਜਿੱਥੇ ਰੁੱਝੇ ਰਹੇ ਉੱਥੇ ਹੀ ਕਾਰਸੇਵਕਾਂ ਰਾਹੀ ਮਿੱਟੀ ਦੇ ਬੋਰੇ ਭਰਨ ਦਾ ਕੰਮ ਸ਼ੁਰੂ ਕਰ ਦਿੱਤਾ ਸੀ। ਸ਼ਾਮ ਤੱਕ ਉਹਨਾਂ ਵੱਲੋਂ ਬੰਨ੍ਹ ਦੀ ਮਜ਼ਬੂਤੀ ਦੇ ਨਾਲ-ਨਾਲ ਉਸਨੂੰ ਬੰਨਣ ਲਈ ਬੋਰਿਆਂ ਦੇ ਕਰੇਟ ਬਣਾ ਕੇ ਪਾਣੀ ਵਿੱਚ ਰਿੰਗ ਬੰਨ੍ਹ ਬਣਾਉਣ ਦਾ ਕੰਮ ਸ਼ੁਰੂ ਕਰ ਦਿੱਤਾ ਗਿਆ। ਸੰਤ ਸੀਚੇਵਾਲ ਨੇ ਕਿਹਾ ਕਿ ਪ੍ਰਭਾਵਿਤ ਇਲਾਕਿਆਂ ਦੇ ਲੋਕਾਂ ਤੱਕ ਸਹਾਇਤਾ ਪਹੁੰਚਾਉਣ ਵਿੱਚ ਕੋਈ ਕਸਰ ਨਾ ਛੱਡੀ ਜਾਵੇਗੀ। ਉਹਨਾਂ ਵੱਲੋਂ ਸੇਵਾਦਾਰਾਂ ਦੀ ਟੀਮਾਂ ਬਣਾ ਕੇ ਪਿੰਡਾਂ ਵਿਚ ਪਾਣੀ ਦੀ ਮਾਰ ਹੇਠ ਆਏ ਲੋਕਾਂ ਨੂੰ ਵੀ ਬੋਟ ਰਾਹੀ ਸੁੱਰਖਿਅਤ ਬਾਹਰ ਕੱਢਿਆ ਗਿਆ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੰਤ ਸੀਚੇਵਾਲ ਜੀ ਦੀਆਂ ਅੱਖਾਂ ਵਿੱਚ 2019 ਦੇ ਵਰਗੇ ਫੇਰ ਤੋਂ ਬਣੇ ਮੰਜ਼ਰ ਨੂੰ ਦੇਖਦਿਆਂ ਲੋਕਾਂ ਦਾ ਦਰਦ ਸਾਫ ਝਲਕ ਰਿਹਾ ਸੀ। ਉਹਨਾਂ ਕਿਹਾ ਕਿ ਪਿੰਡ ਵਾਸੀਆਂ ਨਾਲ ਮਿਲਕੇ ਉਹਨਾਂ ਵੱਲੋਂ ਕੋਸ਼ਿਸ਼ਾਂ ਤਾਂ ਬਹੁਤ ਕੀਤੀਆਂ ਗਈਆਂ ਪਰ ਕੁਦਰਤ ਅੱਗੇ ਕੋਈ ਵੀ ਨਹੀ ਟਿਕ ਸਕਦਾ। ਇਸ ਤੋਂ ਪਹਿਲਾਂ ਸੰਤ ਬਲਬੀਰ ਸਿੰਘ ਸੀਚੇਵਾਲ ਤੇ ਪੰਜਾਬ ਦੇ ਸਥਾਨਕ ਸਰਕਾਰਾਂ ਮੰਤਰੀ ਬਲਕਾਰ ਸਿੰਘ ਨੇ ਇਲਾਕੇ ਦਾ ਦੌਰਾ ਕੀਤਾ। ਉਹਨਾਂ ਲੋਕਾਂ ਨੂੰ ਨੀਂਵੇ ਇਲਾਕਿਆਂ ਵਿੱਚ ਜਾਣ ਤੋਂ ਗੁਰੇਜ਼ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਹੈ ਅਤੇ ਉਨ੍ਹਾਂ ਦੀ ਜਾਨ-ਮਾਲ ਦੀ ਰਾਖੀ ਲਈ ਸੂਬਾ ਸਰਕਾਰ ਵੱਲੋਂ ਕੋਈ ਕਸਰ ਨਹੀਂ ਛੱਡੀ ਜਾਵੇਗੀ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਮੁੱਚੀ ਸਥਿਤੀ 'ਤੇ 24 ਘੰਟੇ ਨਜ਼ਰ ਰੱਖੀ ਜਾ ਰਹੀ ਹੈ ਅਤੇ ਅਧਿਕਾਰੀਆਂ ਦੀਆਂ ਟੀਮਾਂ ਦਿਨ-ਰਾਤ ਸੁਰੱਖਿਆ ਕਾਰਜਾਂ ਵਿੱਚ ਜੁਟੀਆਂ ਹੋਈਆਂ ਹਨ। ਇਸ ਮੁਸ਼ਕਲ ਘੜੀ ਵਿੱਚ ਉਨ੍ਹਾਂ ਲੋਕਾਂ ਨੂੰ ਪ੍ਰਸ਼ਾਸਨ ਦਾ ਸਾਥ ਦੇਣ ਦੀ ਅਪੀਲ ਵੀ ਕੀਤੀ। ਉਨ੍ਹਾਂ ਕਿਹਾ ਕਿ ਜੇਕਰ ਉਨ੍ਹਾਂ ਨੂੰ ਕਿਸੇ ਅਣਸੁਖਾਵੀਂ ਘਟਨਾ ਬਾਰੇ ਪਤਾ ਲੱਗਦਾ ਹੈ ਜਾਂ ਕਿਸੇ ਦੇ ਫਸੇ ਹੋਣ ਬਾਰੇ ਜਾਣਕਾਰੀ ਮਿਲਦੀ ਹੈ ਤਾਂ ਪ੍ਰਸ਼ਾਸਨ ਵੱਲੋਂ ਸਥਾਪਤ ਹੜ੍ਹ ਕੰਟਰੋਲ ਰੂਮ ਦੇ ਨੰਬਰ 0181-2224417 ਜਾਂ ਐਮਰਜੈਂਸੀ ਨੰਬਰ 112 'ਤੇ ਸੂਚਿਤ ਕੀਤਾ ਜਾਵੇ ਤਾਂ ਜੋ ਲੋੜੀਂਦੀ ਕਾਰਵਾਈ ਕੀਤੀ ਜਾ ਸਕੇ।